ਚੜ੍ਹਦੀਕਲਾ ਪੜ੍ਹੋ ! ਚੜ੍ਹਦੀਕਲਾ 'ਚ ਰਹੋ !!

ਚੜ੍ਹਦੀਕਲਾ

ਬੀਤੀ ਅੱਧੀ ਸਦੀ ਤੋਂ ਧਰੂ ਤਾਰੇ ਵਾਂਗ ਚਮਕ ਰਿਹਾ ਰੋਜ਼ਾਨਾ 'ਚੜ੍ਹਦੀਕਲਾ' ਅਖ਼ਬਾਰ

- ਦੇਸ਼ ਦੇ ਸਭ ਤੋਂ ਸੀਨੀਅਰ ਪੱਤਰਕਾਰਾਂ ਵਿਚੋਂ ਇਕ ਸ੍ਰ. ਜਗਜੀਤ ਸਿੰਘ ਦਰਦੀ ਦੀ ਯੋਗ ਰਹਿਨੁਮਾਈ
- ਬਿਨਾਂ ਕਿਸੇ ਸਿਆਸੀ ਦਬਾਅ ਜਾਂ ਲਾਲਚ ਤੋਂ ਨਿਰਪੱਖਤਾ ਅਤੇ ਨਿਡਰਤਾ ਨਾਲ ਲੋਕ ਮੁੱਦਿਆਂ ਨੂੰ ਪੇਸ਼ ਕਰਨਾ
- ਧਾਰਮਿਕ ਕੱਟੜਤਾ ਅਤੇ ਵਪਾਰਕ ਲਾਭਾਂ ਜਿਹੀ ਸੌੜੀ ਸੋਚ ਤੋਂ ਕੋਹਾਂ ਦੂਰ, ਕੌਮੀ ਹਿੱਤਾਂ ਨੂੰ ਸਮਰਪਿਤ ਸੋਚ
- ਪੇਸ਼ੇ ਪ੍ਰਤੀ ਇਮਾਨਦਾਰ, ਸਮਰਪਿਤ ਅਤੇ ਸੰਵੇਦਨਸ਼ੀਲ ਪੱਤਰਕਾਰ ਅਤੇ ਸੰਪਾਦਕ ਸਟਾਫ
- ਹਰ ਵਰਗ ਦੇ ਪਾਠਕਾਂ ਲਈ ਉਸਾਰੂ ਸਮੱਗਰੀ ਦੀ ਭਰਮਾਰ

ਰਾਜਨੀਤਿਕ, ਸਮਾਜਿਕ, ਆਰਥਿਕ ਅਤੇ ਹਰ ਤਰ੍ਹਾਂ ਦੀਆਂ ਤਾਜ਼ਾ ਖ਼ਬਰਾਂ

ਪੰਜਾਬ ਦੇ ਹਰ ਪਿੰਡ ਹਰ ਸ਼ਹਿਰ 'ਚ ਮਿਲਦਾ ਹੈ

ਵੱਖ-ਵੱਖ ਵਿਸ਼ਿਆਂ ਅਤੇ ਚਾਲੂ ਮਾਮਲਿਆਂ ਬਾਰੇ ਜਾਣਕਾਰੀ
ਭਰਪੂਰ ਸੰਪਾਦਕੀ ਲੇਖ, ਫੀਚਰ ਅਤੇ ਪੜ੍ਹਨਯੋਗ ਸਮੱਗਰੀ
ਆਪਣੇ ਅਖ਼ਬਾਰਾਂ ਏਜੰਟ ਤੋਂ 'ਚੜ੍ਹਦੀਕਲਾ' ਦੀ ਮੰਗ ਕਰੋ



ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬੱਤ ਦਾ ਭਲਾ

PRGI (RNI) Regd. No. 22972/1972

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ:) ਗਿ: ਹਰਨਾਮ ਸਿੰਘ ਜੀ

ਮੁੱਖ ਸੰਪਾਦਕ: ਡਾ. ਜਗਜੀਤ ਸਿੰਘ 'ਦਰਦੀ'  ਸੰਪਾਦਕ : ਹਰਪ੍ਰੀਤ ਸਿੰਘ 'ਦਰਦੀ'  (ਕੁੱਲ ਸਫ਼ੇ 12 Pages 12)

(Friday, 13 June, 2025) ਪਟਿਆਲਾ ਸ਼ੁੱਕਰਵਾਰ, 13 ਜੂਨ, 2025, 31 ਜੇਠ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26, ਸਾਲ (Year) 57  ਅੰਕ ਨੰਬਰ (Volume No.) 162  ਮੁੱਲ : 2.00 ਰੁਪਏ  ਫ਼ੋਨ: +91- 92168-07500 Posted at RMS Patiala  www.charhdikala.com  E-mail: news@charhdikala.com


## ਦਿੱਲੀ 'ਚ ਰੇਲ ਦਾ ਡੱਬਾ ਪੱਟੜੀ ਤੋਂ ਉੱਤਰਿਆ, ਜਾਨੀ ਨੁਕਸਾਨ ਤੋਂ ਬਚਾਅ

ਨਵੀਂ ਦਿੱਲੀ, 12 ਜੂਨ (ਚੜ੍ਹਦੀਕਲਾ ਬਿਊਰੋ) : ਗੁਜਰਾਤ ਵਿੱਚ ਜਹਾਜ਼ ਹਾਦਸੇ ਦੇ ਵੱਡੇ ਦੁਖਾਂਤ ਦੇ ਵਿਚਕਾਰ, ਦਿੱਲੀ ਤੋਂ ਇੱਕ ਰੇਲ ਹਾਦਸੇ ਦੀ ਖ਼ਬਰ ਆਈ ਹੈ। ਵੀਰਵਾਰ ਸ਼ਾਮ 4:10 ਵਜੇ ਦਿੱਲੀ ਵਿੱਚ ਇੱਕ ਰੇਲ ਹਾਦਸਾਗ੍ਰਸਤ ਹੋ ਗਈ। ਉੱਤਰੀ ਰੇਲਵੇ ਦੇ ਅਨੁਸਾਰ, ਟ੍ਰੇਨ ਨੰਬਰ- 64419 (ਨਿਜ਼ਾਮੁਦੀਨ-ਗਾਜ਼ੀਆਬਾਦ ਈ.ਐਮ.ਯੂ.) ਦਾ ਇੱਕ ਡੱਬਾ ਡਾਊਨ ਮੇਨ ਲਾਈਨ 'ਤੇ ਸ਼ਿਵਾਜੀ ਪੁਲ ਦੇ ਨੇੜੇ ਪਟੜੀ ਤੋਂ ਉਤਰ ਗਿਆ। ਇਹ ਟ੍ਰੇਨ ਹਜ਼ਰਤ ਨਿਜ਼ਾਮੂਦੀਨ ਤੋਂ ਗਾਜ਼ੀਆਬਾਦ ਜਾ (ਬਾਕੀ ਸਫਾ 2 'ਤੇ)

# ਏਅਰ ਇੰਡੀਆ ਦਾ ਜਹਾਜ਼ ਹਾਦਸੇ ਦਾ ਸ਼ਿਕਾਰ, 241 ਮੌਤਾਂ

## ➤ ਅਹਿਮਦਾਬਾਦ ਹਾਦਸੇ 'ਚ ਬਚਿਆ ਇੱਕ ਯਾਤਰੀ ➤ ਮਰਨ ਵਾਲਿਆਂ 'ਚ ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਸਮੇਤ 169 ਭਾਰਤੀ, 52 ਬ੍ਰਿਟਿਸ਼, ਇੱਕ ਕੈਨੇਡੀਅਨ ਅਤੇ 7 ਪੁਰਤਗਾਲੀ ਨਾਗਰਿਕ ਸ਼ਾਮਲ

ਚੜ੍ਹਦੀਕਲਾ ਬਿਊਰੋ

================

ਅਹਿਮਦਾਬਾਦ, 12 ਜੂਨ : ਏਅਰ ਇੰਡੀਆ ਦਾ ਬੋਇੰਗ 787 ਡ੍ਰੀਮਲਾਈਨਰ ਜਹਾਜ਼ ਵੀਰਵਾਰ ਨੂੰ ਅਹਿਮਦਾਬਾਦ ਵਿੱਚ ਹਾਦਸਾਗ੍ਰਸਤ ਹੋ ਗਿਆ। ਇਸ ਹਾਦਸੇ ਵਿੱਚ ਜਹਾਜ਼ ਵਿੱਚ ਸਵਾਰ ਸਾਰੇ 241 ਲੋਕਾਂ ਦੀ ਮੌਤ ਹੋ ਗਈ। ਜਦੋਂਕਿ ਇਕ ਯਾਤਰੀ ਦੀ ਚਮਤਕਾਰੀ ਢੰਗ ਨਾਲ ਬਚਣ ਦੀ ਖ਼ਬਰ ਹੈ। ਫਿਲਹਾਲ ਉਸ ਦਾ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ। ਉਸ ਦਾ ਨਾਂ ਰਮੇਸ਼ ਵਿਸ਼ਵਾਸ ਕੁਮਾਰ ਦੱਸਿਆ ਜਾ ਰਿਹਾ ਹੈ। ਉਹ 11ਏ ਸੀਟ 'ਤੇ ਸਫ਼ਰ ਕਰ ਰਿਹਾ ਸੀ। ਇਹ ਜਾਣਕਾਰੀ ਅਹਿਮਦਾਬਾਦ ਦੇ ਪੁਲਿਸ ਕਮਿਸ਼ਨਰ ਜੀਐੱਸ ਮਲਿਕ ਨੇ ਦਿੱਤੀ।

**ਡੀਐਨਏ ਟੈਸਟ ਤੋਂ ਬਾਅਦ ਹੋਵੇਗੀ ਪਛਾਣ**

ਇਸ ਜਹਾਜ਼ ਵਿੱਚ ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਵਿਜੇ ਰੂਪਾਨੀ ਵੀ ਸਵਾਰ ਸਨ। ਜਹਾਜ਼ ਵਿੱਚ 242 ਯਾਤਰੀ ਸਵਾਰ ਸਨ। ਇਨ੍ਹਾਂ ਵਿੱਚ 53 ਬ੍ਰਿਟਿਸ਼, 7 ਪੁਰਤਗਾਲੀ ਅਤੇ ਇੱਕ ਕੈਨੇਡੀਅਨ ਨਾਗਰਿਕ ਸ਼ਾਮਲ ਸੀ। ਹੁਣ ਤੱਕ ਹਾਦਸੇ ਵਾਲੀ ਥਾਂ ਤੋਂ 100 ਲਾਸ਼ਾਂ ਮਿਲੀਆਂ ਹਨ। ਜ਼ਿਆਦਾਤਰ ਲਾਸ਼ਾਂ ਇੰਨੀਆਂ ਬੁਰੀ ਤਰ੍ਹਾਂ ਸੜੀਆਂ ਹੋਈਆਂ ਹਨ ਕਿ ਉਨ੍ਹਾਂ ਦੀ ਪਛਾਣ ਕਰਨਾ ਬਹੁਤ ਮੁਸ਼ਕਿਲ ਹੈ। ਡੀਐਨਏ ਟੈਸਟ ਤੋਂ ਬਾਅਦ ਹੀ ਉਨ੍ਹਾਂ ਦੀ ਪਛਾਣ ਸੰਭਵ ਹੋਵੇਗੀ।

**ਡੀਐਨਏ ਨਮੂਨੇ ਦੇਣ ਦਾ ਪ੍ਰਬੰਧ**

ਸਿਹਤ ਪ੍ਰਮੁੱਖ ਸਕੱਤਰ ਧਨੰਜੈ ਦਿਵੇਦੀ ਦੇ ਅਨੁਸਾਰ, ਅਹਿਮਦਾਬਾਦ ਸਿਵਲ ਹਸਪਤਾਲ ਨੇ ਅਹਿਮਦਾਬਾਦ ਜਹਾਜ਼ ਹਾਦਸੇ ਵਿੱਚ ਮ੍ਰਿਤਕਾਂ ਦੇ ਰਿਸ਼ਤੇਦਾਰਾਂ ਦੀ ਪਛਾਣ ਲਈ ਉਨ੍ਹਾਂ ਦੇ ਡੀਐਨਏ ਨਮੂਨੇ ਇਕੱਠੇ ਕਰਨ ਦਾ ਪ੍ਰਬੰਧ ਕੀਤਾ ਹੈ। ਅਹਿਮਦਾਬਾਦ ਸਿਵਲ ਹਸਪਤਾਲ ਦੇ ਕਸੋਟੀ ਭਵਨ ਵਿੱਚ ਡੀਐਨਏ ਨਮੂਨੇ ਦੇਣ ਦਾ ਪ੍ਰਬੰਧ ਕੀਤਾ ਗਿਆ ਹੈ।

**ਤੁਸੀਂ ਇੱਥੇ ਨਮੂਨੇ ਪ੍ਰਦਾਨ ਕਰ ਸਕਦੇ ਹੋ**

ਮ੍ਰਿਤਕ ਦੇ ਨਜ਼ਦੀਕੀ ਰਿਸ਼ਤੇਦਾਰ (ਮਾਤਾ-ਪਿਤਾ ਜਾਂ ਬੱਚੇ) ਡੀਐਨਏ ਨਮੂਨੇ ਦੇ ਸਕਣਗੇ। ਅਹਿਮਦਾਬਾਦ ਸਿਵਲ ਹਸਪਤਾਲ ਦੇ ਕਸੋਟੀ ਭਵਨ ਵਿਖੇ ਡੀਐਨਏ ਨਮੂਨੇ ਇਕੱਠੇ ਕਰਨ ਦਾ ਪ੍ਰਬੰਧ ਕੀਤਾ ਗਿਆ ਹੈ। ਇਹ ਕਸੋਟੀ ਭਵਨ ਬੀ.ਜੇ. (ਬਾਕੀ ਸਫਾ 2 'ਤੇ)





## ਹਾਦਸੇ 'ਚ 625 ਫ਼ੁੱਟ ਤੋਂ ਡਿੱਗ ਕੇ ਚਮਤਕਾਰੀ ਢੰਗ ਨਾਲ ਜਿਊਂਦਾ ਬਚਿਆ ਯਾਤਰੀ

ਚੜ੍ਹਦੀਕਲਾ ਬਿਊਰੋ

================



ਅਹਿਮਦਾਬਾਦ, 12 ਜੂਨ : ਇਸ ਹਾਦਸੇ ਵਿੱਚ ਇੱਕ ਵਿਅਕਤੀ ਬਚ ਵੀ ਗਿਆ ਹੈ। ਜਹਾਜ਼ ਹਾਦਸੇ ਦੌਰਾਨ 625 ਫ਼ੁੱਟ ਤੋਂ ਡਿੱਗਣ ਦੇ ਬਾਵਜੂਦ ਉਸਦੀ ਜਾਨ ਬਚ ਗਈ। ਇਹ ਵਿਅਕਤੀ ਹਾਦਸੇ ਵਾਲੀ ਥਾਂ ਤੋਂ ਲਾਸ਼ਾਂ ਵਿੱਚੋਂ ਲੰਘ ਕੇ ਹਸਪਤਾਲ ਪਹੁੰਚਿਆ।ਅਹਿਮਦਾਬਾਦ ਪੁਲਿਸ ਕਮਿਸ਼ਨਰ ਜੀ.ਐਸ. ਮਲਿਕ ਨੇ ਕਿਹਾ ਹੈ, ਪੁਲਿਸ ਨੂੰ ਸੀਟ 11ਏ 'ਤੇ ਇੱਕ ਬੰਦਾ ਬਚਿਆ ਹੋਇਆ ਮਿਲਿਆ ਹੈ। ਵਿਅਕਤੀ ਹਸਪਤਾਲ ਵਿੱਚ ਮਿਲਿਆ ਹੈ ਅਤੇ ਉਸਦਾ ਇਲਾਜ ਚੱਲ ਰਿਹਾ ਹੈ। ਹੁਣ ਤੱਕ ਮੌਤਾਂ ਦੀ ਗਿਣਤੀ ਬਾਰੇ ਕੁਝ ਨਹੀਂ ਕਿਹਾ ਜਾ ਸਕਦਾ। ਦੱਸ ਦੇਈਏ ਕਿ ਜਹਾਜ਼ ਰਿਹਾਇਸ਼ੀ ਖੇਤਰ ਵਿੱਚ ਹਾਦਸਾਗ੍ਰਸਤ ਹੋਣ ਕਾਰਨ ਮੌਤਾਂ ਦੀ ਗਿਣਤੀ (ਬਾਕੀ ਸਫਾ 2 'ਤੇ)

## ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਵੱਲੋਂ ਹਾਦਸੇ ਵਾਲੀ ਥਾਂ ਦਾ ਕੀਤਾ ਦੌਰਾ

ਅਹਿਮਦਾਬਾਦ, 12 ਜੂਨ (ਚੜ੍ਹਦੀਕਲਾ ਬਿਊਰੋ) : ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਰਾਮ ਮੋਹਨ ਨਾਇਡੂ ਕਿੰਜਾਰਾਪੂ ਨੇ ਅਹਿਮਦਾਬਾਦ 'ਚ ਹਾਦਸੇ ਵਾਲੀ ਥਾਂ ਦਾ ਦੌਰਾ ਕੀਤਾ, ਕਿਹਾ ਕਿ ਜੋ ਮੈਂ ਦੇਖਿਆ ਉਹ ਬਹੁਤ ਦੁਖਦਾਈ ਸੀ। ਮੈਂ ਜ਼ਮੀਨ 'ਤੇ ਹਾਂ, ਬਚਾਅ ਅਤੇ ਰਾਹਤ ਕਾਰਜਾਂ ਦੀ ਨੇੜਿਓਂ ਸਮੀਖਿਆ ਕਰ ਰਿਹਾ ਹਾਂ।'' ਡੀ.ਜੀ.ਸੀ.ਏ., ਏ.ਏ.ਆਈ., ਏਅਰ ਇੰਡੀਆ, ਐਨ.ਡੀ.ਆਰ.ਐਫ. ਅਤੇ ਸਥਾਨਕ ਪ੍ਰਸ਼ਾਸਨ ਦੀਆਂ ਟੀਮਾਂ ਦਿਨ-ਰਾਤ ਕੰਮ ਕਰ ਰਹੀਆਂ ਹਨ। ਅਸੀਂ ਇਸ ਦੁਖਦਾਈ ਘੜੀ ਵਿੱਚ ਪੀੜਤਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਸਹਾਇਤਾ ਲਈ ਹਰ ਸੰਭਵ ਕੋਸ਼ਿਸ਼ ਕਰ ਰਹੇ ਹਾਂ।

## ਅਹਿਮਦਾਬਾਦ ਤੇ ਨਵੀਂ ਦਿੱਲੀ 'ਚ ਕੰਟਰੋਲ ਰੂਮ ਕਾਇਮ

ਨਵੀਂ ਦਿੱਲੀ, 12 ਜੂਨ (ਚੜ੍ਹਦੀਕਲਾ ਬਿਊਰੋ) : ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੇ ਵੀਰਵਾਰ ਨੂੰ ਅਹਿਮਦਾਬਾਦ ਵਿੱਚ ਏਅਰ ਇੰਡੀਆ ਜਹਾਜ਼ ਹਾਦਸੇ ਦੇ ਮੱਦੇਨਜ਼ਰ ਸਾਰੇ ਜ਼ਰੂਰੀ ਪ੍ਰਤੀਕਿਰਿਆ ਉਪਾਵਾਂ ਦੀ ਨਿਗਰਾਨੀ ਅਤੇ ਤਾਲਮੇਲ ਲਈ ਇੱਕ ਕੰਟਰੋਲ ਰੂਮ ਸਥਾਪਤ ਕੀਤਾ। ਇਸ ਸਬੰਧੀ ਵੇਰਵਿਆਂ ਲਈ ਲੋਕ 011-24610843, 9650391859 'ਤੇ ਕਾਲ ਕਰ ਸਕਦੇ ਹਨ। ਅਹਿਮਦਾਬਾਦ ਵਿੱਚ ਵੀ ਇੱਕ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ ਅਤੇ ਇਸ ਦੇ ਨੰਬਰ 9978405304/ 079-23251900 ਹਨ। ਅਹਿਮਦਾਬਾਦ ਹਵਾਈ ਅੱਡੇ 'ਤੇ ਇੱਕ ਹੈਲਪਲਾਈਨ ਵੀ ਸਰਗਰਮ ਕੀਤੀ ਗਈ ਹੈ ਅਤੇ ਇਸ ਦਾ ਨੰਬਰ 9974111327 ਹੈ। ਇਸ ਤੋਂ ਇਲਾਵਾ, ਏਅਰ ਇੰਡੀਆ ਦਾ ਸਮਰਪਿਤ ਯਾਤਰੀ ਹੌਟਲਾਈਨ ਨੰਬਰ 1800 5691 444 ਹੈ। ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ, "ਉਡਾਣ ਨੰਬਰ ਏਆਈ 171 ਦੇ ਹਾਦਸੇ ਦੇ ਮੱਦੇਨਜ਼ਰ, ਸ਼ਹਿਰੀ ਹਵਾਬਾਜ਼ੀ ਮੰਤਰਾਲੇ ਵਿੱਚ ਇੱਕ ਸੰਚਾਲਨ ਕੰਟਰੋਲ ਰੂਮ ਨੂੰ ਤਾਲਮੇਲ (ਬਾਕੀ ਸਫਾ 2 'ਤੇ)

## ਏ.ਏ.ਆਈ.ਬੀ. ਕਰੇਗਾ ਜਹਾਜ਼ ਹਾਦਸੇ ਦੀ ਜਾਂਚ

ਨਵੀਂ ਦਿੱਲੀ, 12 ਜੂਨ (ਚੜ੍ਹਦੀਕਲਾ ਬਿਊਰੋ) : ਏਅਰਕ੍ਰਾਫਟ ਐਕਸੀਡੈਂਟ ਇਨਵੈਸਟੀਗੇਸ਼ਨ ਬਿਊਰੋ (ਏ.ਏ.ਆਈ.ਬੀ.) ਵੀਰਵਾਰ ਨੂੰ ਅਹਿਮਦਾਬਾਦ ਹਵਾਈ ਅੱਡੇ ਤੋਂ ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ ਏਅਰ ਇੰਡੀਆ ਦੇ ਜਹਾਜ਼ ਹਾਦਸੇ ਦੀ ਜਾਂਚ ਕਰੇਗਾ। ਇਸ ਮਾਮਲੇ ਦੀ ਜਾਣਕਾਰੀ ਇਕ ਅਧਿਕਾਰੀ ਵਲੋਂ ਦਿੱਤੀ ਗਈ।

ਸ਼ਹਿਰੀ ਹਵਾਬਾਜ਼ੀ ਮੰਤਰਾਲੇ ਦੇ ਅਧੀਨ, ਏ.ਏ.ਆਈ.ਬੀ. ਭਾਰਤੀ ਹਵਾਈ ਖੇਤਰ ਵਿੱਚ ਚੱਲ ਰਹੇ ਜਹਾਜ਼ਾਂ ਦੀ ਸੁਰੱਖਿਆ ਨਾਲ ਜੁੜੀਆਂ ਘਟਨਾਵਾਂ ਨੂੰ ਹਾਦਸਿਆਂ ਅਤੇ ਗੰਭੀਰ ਘਟਨਾਵਾਂ ਵਿੱਚ ਸ਼੍ਰੇਣੀਬੱਧ ਕਰਨ ਲਈ ਜ਼ਿੰਮੇਵਾਰ ਹੈ। ਇਹ ਹਾਦਸਿਆਂ ਦੀ ਵਿਸਤ੍ਰਿਤ ਜਾਂਚ ਕਰਦਾ ਹੈ ਅਤੇ ਸੁਰੱਖਿਆ ਨੂੰ ਬਿਹਤਰ ਬਣਾਉਣ ਲਈ ਕਈ ਉਪਾਅ ਵੀ ਸੁਝਾਉਂਦਾ ਹੈ। ਬੋਇੰਗ ਨੇ ਇੱਕ ਬਿਆਨ ਵਿੱਚ ਕਿਹਾ, 'ਅਸੀਂ ਸ਼ੁਰੂਆਤੀ ਰਿਪੋਰਟਾਂ ਤੋਂ ਜਾਣੂ ਹਾਂ ਅਤੇ ਹੋਰ ਜਾਣਕਾਰੀ ਇਕੱਠੀ ਕਰਨ ਲਈ ਕੰਮ ਕਰ ਰਹੇ ਹਾਂ।'

## ਜਹਾਜ਼ ਹਾਦਸੇ ਦੇ ਪੀੜਤਾਂ ਦੇ ਪਰਿਵਾਰਾਂ ਪ੍ਰਤੀ ਮੋਦੀ ਸਮੇਤ ਕਈ ਆਗੂਆਂ ਨੇ ਹਮਦਰਦੀ ਪ੍ਰਗਟਾਈ

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 12 ਜੂਨ :ਇਸ ਹਾਦਸੇ 'ਤੇ ਦੁੱਖ ਪ੍ਰਗਟਾਉਂਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਟਵੀਟ ਕੀਤਾ, ਅਹਿਮਦਾਬਾਦ ਵਿੱਚ ਵਾਪਰੇ ਇਸ ਦੁਖਾਂਤ ਨੇ ਸਾਨੂੰ ਹੈਰਾਨ ਅਤੇ ਦੁਖੀ ਕੀਤਾ ਹੈ। ਇਹ ਸ਼ਬਦਾਂ ਤੋਂ ਪਰੇ ਦਿਲ ਝੰਜੋੜਨ ਵਾਲਾ ਹੈ। ਦੁੱਖ ਦੀ ਇਸ ਘੜੀ ਵਿੱਚ, ਮੇਰੀ ਹਮਦਰਦੀ ਸਾਰੇ ਪ੍ਰਭਾਵਿਤ ਲੋਕਾਂ ਨਾਲ ਹਨ। ਮੈਂ ਉਨ੍ਹਾਂ ਮੰਤਰੀਆਂ ਅਤੇ ਅਧਿਕਾਰੀਆਂ ਦੇ ਸੰਪਰਕ ਵਿੱਚ ਹਾਂ ਜੋ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਕੰਮ ਕਰ ਰਹੇ ਹਨ। ਪ੍ਰਧਾਨ ਮੰਤਰੀ ਨੇ ਸ਼ਹਿਰੀ ਹਵਾਬਾਜ਼ੀ ਮੰਤਰੀ ਰਾਮ ਮੋਹਨ ਨਾਇਡੂ ਨਾਲ ਗੱਲ ਕੀਤੀ। ਉਨ੍ਹਾਂ ਨੇ ਜਹਾਜ਼ ਹਾਦਸੇ ਦਾ ਜਾਇਜ਼ਾ ਲਿਆ। ਮੰਤਰੀ ਨੇ ਪ੍ਰਧਾਨ ਮੰਤਰੀ ਨੂੰ ਦੱਸਿਆ ਕਿ ਉਹ ਬਚਾਅ ਅਤੇ ਰਾਹਤ ਕਾਰਜਾਂ ਦੀ ਨਿਗਰਾਨੀ ਕਰਨ ਲਈ ਅਹਿਮਦਾਬਾਦ ਜਾ ਰਹੇ ਹਨ। ਮੋਦੀ ਨੇ ਮੰਤਰੀ ਨੂੰ ਤੁਰੰਤ ਸਾਰੀ ਲੋੜੀਂਦੀ ਸਹਾਇਤਾ ਪ੍ਰਦਾਨ ਕਰਨ ਅਤੇ ਸਥਿਤੀ ਬਾਰੇ ਨਿਯਮਿਤ ਤੌਰ 'ਤੇ ਅਪਡੇਟ ਕਰਦੇ



ਰਹਿਣ ਲਈ ਕਿਹਾ ਹੈ। ਸਾਰੀਆਂ ਸਬੰਧਤ ਏਜੰਸੀਆਂ ਹਾਈ ਅਲਰਟ 'ਤੇ ਹਨ ਅਤੇ ਤਾਲਮੇਲ ਵਾਲੇ ਯਤਨ ਜਾਰੀ ਹਨ। ਏਅਰ ਇੰਡੀਆ ਦੇ ਚੇਅਰਮੈਨ ਐਨ. ਚੰਦਰਸ਼ੇਖਰਨ ਨੇ ਵੀ ਜਹਾਜ਼ ਹਾਦਸੇ 'ਤੇ ਦੁੱਖ ਪ੍ਰਗਟ ਕੀਤਾ ਹੈ। ਉਨ੍ਹਾਂ ਇਸ ਹਾਦਸੇ ਤੋਂ ਪ੍ਰਭਾਵਿਤ ਸਾਰੇ ਲੋਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਪ੍ਰਤੀ ਸਾਡੀ ਡੂੰਘੀ ਸੰਵੇਦਨਾ ਹੈ। ਉਨ੍ਹਾਂ ਕਿਹਾ ਕਿ ਇਸ ਸਮੇਂ ਸਾਡਾ ਧਿਆਨ ਇਸ ਹਾਦਸੇ ਵਿੱਚ ਪ੍ਰਭਾਵਿਤ ਹੋਏ ਸਾਰੇ ਲੋਕਾਂ ਦੀ ਮਦਦ ਕਰਨ 'ਤੇ ਹੈ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਹਰ ਸੰਭਵ ਮਦਦ ਪ੍ਰਦਾਨ ਕਰਨ ਦੀ ਕੋਸ਼ਿਸ਼ (ਬਾਕੀ ਸਫਾ 2 'ਤੇ)

## ਰਾਸ਼ਟਰਪਤੀ ਮੁਰਮੂ ਸਮੇਤ ਦੇਸ਼-ਵਿਦੇਸ਼ ਦੀਆਂ ਉੱਘੀਆਂ ਹਸਤੀਆਂ ਵੱਲੋਂ ਦੁੱਖ ਪ੍ਰਗਟ

ਨਵੀਂ ਦਿੱਲੀ, 12 ਜੂਨ (ਚੜ੍ਹਦੀਕਲਾ ਬਿਊਰੋ) : ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅਹਿਮਦਾਬਾਦ ਜਹਾਜ਼ ਹਾਦਸੇ ਨੂੰ ਦਿਲ ਦਹਿਲਾ ਦੇਣ ਵਾਲੀ ਆਫ਼ਤ ਦੱਸਦਿਆਂ ਵੀਰਵਾਰ ਨੂੰ ਕਿਹਾ ਕਿ ਇਸ ਅਕਹਿ ਦੁੱਖ ਦੀ ਘੜੀ ਵਿੱਚ ਦੇਸ਼ ਪ੍ਰਭਾਵਿਤ ਲੋਕਾਂ ਦੇ ਨਾਲ ਖੜ੍ਹਾ ਹੈ। ਰਾਸ਼ਟਰਪਤੀ ਮੁਰਮੂ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਇੱਕ ਪੋਸਟ ਵਿੱਚ ਕਿਹਾ ਕਿ ਉਹ ਇਸ ਦੁਖਦਾਈ ਜਹਾਜ਼ ਹਾਦਸੇ ਬਾਰੇ ਜਾਣ ਕੇ ਬਹੁਤ ਦੁਖੀ (ਬਾਕੀ ਸਫਾ 2 'ਤੇ)

## ਹੋਸਟਲ ਦੇ 6 ਡਾਕਟਰਾਂ ਦੀ ਮੌਤ

ਨਵੀਂ ਦਿੱਲੀ, 12 ਜੂਨ (ਚੜ੍ਹਦੀਕਲਾ ਬਿਊਰੋ) : ਗੁਜਰਾਤ ਦੇ ਅਹਿਮਦਾਬਾਦ 'ਚ ਵੀਰਵਾਰ ਦੇ ਦਿਨ ਇਕ ਦਰਦਨਾਕ ਹਾਦਸਾ ਵਾਪਰ ਗਿਆ। ਦਰਅਸਲ ਏਅਰ ਇੰਡੀਆ ਦੀ ਫਲਾਈਟ ਏ.ਆਈ. 171 ਟੇਕ ਆਫ ਦੇ ਤੁਰੰਤ ਬਾਅਦ ਕ੍ਰੈਸ਼ ਹੋ ਗਈ। ਇਹ ਜਹਾਜ਼ ਅਹਿਮਦਾਬਾਦ ਤੋਂ ਲੰਡਨ ਲਈ ਰਵਾਨਾ ਹੋਇਆ ਸੀ। ਜਹਾਜ਼ ਵਿਚ ਕੁੱਲ 242 ਯਾਤਰੀ ਸਵਾਰ ਸਨ। ਹਾਦਸਾ ਹਵਾਈ ਅੱਡੇ ਦੇ ਰਨਵੇਅ ਤੋਂ ਉਡਾਣ ਭਰਨ ਦੇ ਕੁਝ ਪਲਾਂ ਬਾਅਦ ਵਾਪਰਿਆ। ਜਹਾਜ਼ ਟੇਕ ਆਫ਼ ਮਗਰੋਂ ਥੋੜ੍ਹੀ ਹੀ ਦੂਰੀ 'ਤੇ ਮੈਡੀਕਲ ਕਾਲਜ ਦੀ ਇਮਾਰਤ ਨਾਲ ਟਕਰਾਇਆ ਅਤੇ ਹਾਦਸੇ ਦਾ ਸ਼ਿਕਾਰ ਹੋ ਗਿਆ। ਹਾਦਸੇ ਤੋਂ ਤੁਰੰਤ ਬਾਅਦ ਘਟਨਾ ਵਾਲੀ ਥਾਂ 'ਤੇ ਚੀਕ-ਚਿਹਾੜਾ ਪੈ ਗਿਆ। ਜਿਸ 'ਚ ਮੈਡੀਕਲ ਕਾਲਜ ਦੇ 6 ਡਾਕਟਰਾਂ ਦੀ ਮੌਤ ਹੋ ਗਈ। ਸੂਤਰਾਂ ਮੁਤਾਬਕ ਮੌਤਾਂ ਦੀ ਗਿਣਤੀ 'ਚ ਵਾਧਾ ਹੋ ਸਕਦਾ ਹੈ। ਇਸ ਦਰਮਿਆਨ ਰਮੀਲਾ ਨਾਂ ਦੀ ਇਕ ਔਰਤ ਦਾ ਬਿਆਨ ਸਾਹਮਣੇ ਆਇਆ ਹੈ, ਜਿਸ ਦਾ ਪੁੱਤਰ ਉਸੇ ਹੋਸਟਲ ਵਿਚ (ਬਾਕੀ ਸਫਾ 2 'ਤੇ)

**ਟਿੱਪਰ-ਇਨੋਵਾ ਹਾਦਸਾ ਮਾਮਲਾ**

## ਟਿੱਪਰ ਮਾਲਕ ਦੇ ਰਿਮਾਂਡ 'ਚ ਤਿੰਨ ਦਿਨ ਦਾ ਨਵਾਂ ਵਾਧਾ

ਸਮਾਣਾ, 12 ਜੂਨ (ਵਿਜੇ ਕੁਮਾਰ) : ਟਿੱਪਰ-ਇਨੋਵਾ ਹਾਦਸੇ 'ਚ ਚਾਲਕ ਅਤੇ ਸੱਤ ਸਕੂਲੀ ਬੱਚਿਆਂ ਦੇ ਮਾਰੇ ਜਾਣ ਦੀ ਘਟਨਾ ਦੇ ਮਾਮਲੇ 'ਚ ਇੱਕ ਮਹੀਨੇ ਦੀ ਜਦੋ-ਜਾਹਿਦ ਉਪਰੰਤ ਕਾਬੂ ਕੀਤੇ ਗਏ ਟਿੱਪਰ ਮਾਲਕ ਰਣਧੀਰ ਸਿੰਘ ਨਿਵਾਸੀ ਕਕਰਾਲਾ ਤੋਂ ਪੁੱਛਗਿਛ ਲਈ ਸਦਰ ਪੁਲਿਸ ਵੱਲੋਂ ਹਾਸਲ ਕੀਤੇ ਗਏ ਪੁਲਿਸ ਰਿਮਾਂਡ ਦੀ ਮਿਆਦ ਦੋ ਦਿਨ ਪੂਰੀ ਹੋਣ ਉਪਰੰਤ ਮੁਲਜ਼ਮ ਨੂੰ ਮਾਨਯੋਗ ਅਦਾਲਤ 'ਚ ਵੀਰਵਾਰ ਨੂੰ ਪੇਸ਼ ਕੀਤਾ ਗਿਆ। ਜਾਂਚ ਅਧਿਕਾਰੀ ਗੁਰਦੇਵ ਸਿੰਘ ਅਨੁਸਾਰ ਪੁੱਛਗਿੱਛ ਦੌਰਾਨ ਕੋਈ ਤਸੱਲੀ ਬਖਸ਼ ਜਵਾਬ ਨਾ ਮਿਲਣ ਤੇ ਮੁਲਜ਼ਮ ਨੂੰ ਮਾਨਯੋਗ ਅਦਾਲਤ ਨੇ ਹੋਰ ਪੁੱਛਗਿੱਛ ਲਈ ਇੱਕ ਵਾਰ ਫਿਰ ਤਿੰਨ ਦਿਨ ਦੇ ਪੁਲਿਸ ਰਿਮਾਂਡ 'ਤੇ ਭੇਜ ਦਿੱਤਾ।

## ਅੰਤ੍ਰਿੰਗ ਕਮੇਟੀ ਵੱਲੋਂ ਗੁਰੂ ਸਾਹਿਬਾਨ ਨਾਲ ਸਬੰਧਤ ਸ਼ਤਾਬਦੀ ਦਿਹਾੜੇ ਕੌਮੀ ਪੱਧਰ 'ਤੇ ਮਨਾਉਣ ਦਾ ਫ਼ੈਸਲਾ

ਗੁਰਦਿਆਲ ਸਿੰਘ

================

ਅੰਮ੍ਰਿਤਸਰ, 12 ਜੂਨ : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਆ ਰਹੇ ਹੋਰ ਸ਼ਤਾਬਦੀ ਦਿਹਾੜਿਆਂ ਦੇ ਸਬੰਧ ਵਿਚ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਹ ਗੁਰੂ ਸਾਹਿਬਾਨ ਨੂੰ ਸਮਰਪਿਤ ਢੁੱਕਵੀਆਂ ਯਾਦਗਾਰਾਂ ਉਸਾਰਨ ਦੀ ਪਹਿਲਕਦਮੀ ਕਰਨ।

ਅੱਜ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਹੋਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ



ਕਿਹਾ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀਦਾਸ ਜੀ, ਭਾਈ ਸਤੀਦਾਸ ਜੀ ਅਤੇ ਭਾਈ ਦਿਆਲਾ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਤਾਗੱਦੀ ਦਿਵਸ ਦੀ ਸ਼ਤਾਬਦੀ ਨਵੰਬਰ 2025 ਵਿਚ ਕੌਮੀ ਪੱਧਰ 'ਤੇ ਮਨਾਈ ਜਾਵੇਗੀ। ਇਸ ਸਬੰਧੀ ਵਿਸ਼ਾਲ ਪੱਧਰ 'ਤੇ ਗੁਰਮਤਿ ਸਮਾਗਮ, ਨਗਰ ਕੀਰਤਨ, ਸੈਮੀਨਾਰ ਅਤੇ ਇਤਿਹਾਸਕ ਪ੍ਰਕਾਸ਼ਨਾਵਾਂ ਕਰਨ ਦਾ ਸ਼੍ਰੋਮਣੀ ਕਮੇਟੀ ਵੱਲੋਂ ਫੈਸਲਾ ਕੀਤਾ ਗਿਆ ਹੈ। ਇਹ ਸਮਾਗਮ ਸ਼੍ਰੋਮਣੀ ਕਮੇਟੀ ਵੱਲੋਂ ਸੰਗਤ ਅਤੇ ਜਥੇਬੰਦੀਆਂ ਦੇ ਸਹਿਯੋਗ ਨਾਲ ਕੀਤੇ ਜਾਣਗੇ, ਜਦਕਿ ਸਰਕਾਰ ਦਾ ਫ਼ਰਜ਼ ਹੈ ਕਿ ਉਹ ਆਪਣੇ ਅਧਿਕਾਰ ਖੇਤਰ ਵਾਲੀਆਂ ਸੇਵਾਵਾਂ ਨਿਭਾਉਣ। (ਬਾਕੀ ਸਫਾ 2 'ਤੇ)

## ਹਾਈ ਕੋਰਟ ਵੱਲੋਂ ਆਰ.ਸੀ.ਬੀ. ਦੇ ਮਾਰਕੀਟਿੰਗ ਮੁਖੀ ਅਤੇ ਤਿੰਨ ਹੋਰਾਂ ਨੂੰ ਰਿਹਾਅ ਕਰਨ ਦੇ ਹੁਕਮ

ਬੈਂਗਲੁਰੂ, 12 ਜੂਨ (ਚੜ੍ਹਦੀਕਲਾ ਬਿਊਰੋ) : ਕਰਨਾਟਕ ਹਾਈ ਕੋਰਟ ਨੇ ਐਮ. ਚਿੰਨਾਸਵਾਮੀ ਸਟੇਡੀਅਮ ਭਗਦੜ ਮਾਮਲੇ ਵਿਚ ਰਾਇਲ ਚੈਲੇਂਜਰਜ਼ ਬੈਂਗਲੁਰੂ (ਆਰ.ਸੀ.ਬੀ.) ਦੇ ਮਾਰਕੀਟਿੰਗ ਮੁਖੀ ਨਿਖਿਲ ਸੋਸਾਲੇ ਅਤੇ ਤਿੰਨ ਹੋਰਾਂ ਨੂੰ ਜ਼ਮਾਨਤ ਉਤੇ ਰਿਹਾਅ ਕਰਨ ਦਾ ਹੁਕਮ ਦਿੱਤਾ ਹੈ। ਜ਼ਿਕਰਯੋਗ ਹੈ ਕਿ 4 ਜੂਨ ਨੂੰ ਹੋਈ ਭਗਦੜ, ਜਿਸ ਵਿੱਚ 11 ਲੋਕਾਂ ਦੀ ਮੌਤ ਹੋ ਗਈ ਸੀ, ਦੇ ਸਬੰਧ ਵਿੱਚ ਇਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਇਸ ਤੋਂ ਇਲਾਵਾ ਈਵੈਂਟ ਪ੍ਰਬੰਧਕ ਕੰਪਨੀ ਡੀ.ਐਨ.ਏ. ਐਂਟਰਟੇਨਮੈਂਟ ਨੈਟਵਰਕਸ ਪ੍ਰਾਈਵੇਟ ਲਿਮਟਿਡ ਦੇ ਸੁਨੀਲ ਮੈਥਿਊ, ਕਿਰਨ ਕੁਮਾਰ ਐੱਸ ਅਤੇ ਸ਼ਮੰਤ ਐੱਨ.ਪੀ.ਮਾਵੀਨਕੇਰੇ ਨੂੰ ਵੀ ਅਦਾਲਤ ਵੱਲੋਂ ਰਾਹਤ ਦਿੱਤੀ ਗਈ ਹੈ, ਜਿਨ੍ਹਾਂ ਨੂੰ 6 ਜੂਨ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਅਦਾਲਤ ਨੇ ਗ੍ਰਿਫ਼ਤਾਰ ਕੀਤੇ ਗਏ (ਬਾਕੀ ਸਫਾ 2 'ਤੇ)

## ਦੇਸ਼ 'ਚ ਭਿਆਨਕ ਗਰਮੀ ਨੇ ਤੋੜੇ ਸਾਰੇ ਰਿਕਾਰਡ

### ਸ੍ਰੀ ਗੰਗਾਨਗਰ ਰਿਹਾ ਸਭ ਤੋਂ ਗਰਮ ਸਥਾਨ

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 12 ਜੂਨ :ਰਾਜਸਥਾਨ ਦਾ ਸ੍ਰੀ ਗੰਗਾਨਗਰ ਬੁੱਧਵਾਰ ਨੂੰ ਦੇਸ਼ ਦਾ ਸਭ ਤੋਂ ਗਰਮ ਸ਼ਹਿਰ ਰਿਹਾ। ਇੱਥੇ ਸੀਜ਼ਨ ਦਾ ਸਭ ਤੋਂ ਵੱਧ ਤਾਪਮਾਨ 48 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਸੀ। 6 ਸਾਲ ਪਹਿਲਾਂ 2019 ਵਿੱਚ, ਸ਼ਹਿਰ ਦਾ ਤਾਪਮਾਨ 49 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਸੀ। ਮੌਸਮ ਵਿਭਾਗ ਨੇ ਅੱਜ ਰਾਜਸਥਾਨ ਦੇ 13 ਜ਼ਿਲ੍ਹਿਆਂ ਵਿੱਚ ਭਿਆਨਕ ਗਰਮੀ ਦੀ ਚੇਤਾਵਨੀ ਦਿੱਤੀ ਹੈ।

ਬਿਹਾਰ ਦੇ ਸ਼ਿਵਹਰ ਵਿੱਚ ਇੱਕ ਘਰ ਦੀ ਮੁਰੰਮਤ ਕਰ ਰਹੇ ਇੱਕ ਨੌਜਵਾਨ ਦੀ ਬੁੱਧਵਾਰ ਨੂੰ ਹੀਟਸਟ੍ਰੋਕ ਨਾਲ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਰਵੀ ਰਾਮ (30 ਸਾਲ) ਵਜੋਂ ਹੋਈ ਹੈ। ਮੌਸਮ ਵਿਭਾਗ ਨੇ ਅੱਜ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਹੀਟਵੇਵ ਲਈ ਔਰੇਂਜ ਅਲਰਟ ਜਾਰੀ ਕੀਤਾ ਹੈ। ਤਾਪਮਾਨ



ਵਿੱਚ 1-2 ਡਿਗਰੀ ਦਾ ਵਾਧਾ ਵੀ ਹੋ ਸਕਦਾ ਹੈ।

ਮੱਧ ਪ੍ਰਦੇਸ਼ ਵੀਰਵਾਰ ਨੂੰ ਲਗਾਤਾਰ ਛੇਵੇਂ ਦਿਨ ਵੀ ਭਿਆਨਕ ਗਰਮੀ ਤੋਂ ਪ੍ਰਭਾਵਿਤ ਰਿਹਾ। ਗਵਾਲੀਅਰ, ਚੰਬਲ-ਸਾਗਰ ਡਿਵੀਜ਼ਨ ਦੇ 12 ਜ਼ਿਲ੍ਹਿਆਂ ਵਿੱਚ ਗਰਮੀ ਦੀ ਲਹਿਰ ਦੀ ਸੰਭਾਵਨਾ ਹੈ। ਦੂਜੇ ਪਾਸੇ, ਯੂਪੀ ਦੇ ਜ਼ਿਆਦਾਤਰ ਜ਼ਿਲ੍ਹਿਆਂ ਵਿੱਚ ਕੱਲ੍ਹ 40 ਡਿਗਰੀ ਸੈਲਸੀਅਸ ਤੋਂ ਵੱਧ ਤਾਪਮਾਨ ਦਰਜ ਕੀਤਾ ਗਿਆ। ਅੱਜ ਵੀ ਰਾਜ ਦੇ ਕਈ ਜ਼ਿਲ੍ਹਿਆਂ ਵਿੱਚ ਗਰਮੀ ਦੀ ਲਹਿਰ ਦੀ ਚੇਤਾਵਨੀ ਹੈ।

ਇੱਥੇ, ਦਿੱਲੀ ਰੈੱਡ ਅਲਰਟ 'ਚ ਹੈ ਕਿਉਂਕਿ ਪਾਰਾ 45 ਡਿਗਰੀ ਸੈਲਸੀਅਸ ਤੱਕ ਪਹੁੰਚ ਗਿਆ ਹੈ। ਬੁੱਧਵਾਰ ਨੂੰ, ਦਿੱਲੀ ਦਾ ਆਯਾ ਨਗਰ 45.0 ਡਿਗਰੀ ਸੈਲਸੀਅਸ ਨਾਲ ਸਭ ਤੋਂ ਗਰਮ ਰਿਹਾ। ਮੌਸਮ ਵਿਭਾਗ ਨੇ ਜੰਮੂ-ਕਸ਼ਮੀਰ, ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ, ਹਿਮਾਚਲ ਪ੍ਰਦੇਸ਼, ਰਾਜਸਥਾਨ, ਉੱਤਰ ਪ੍ਰਦੇਸ਼ ਵਿੱਚ ਗਰਮੀ ਦੀ ਚੇਤਾਵਨੀ ਜਾਰੀ ਕੀਤੀ ਹੈ।

## ਕਰਨਾਟਕ 'ਚ ਨਵਾਂ ਜਾਤੀ ਸਰਵੇਖਣ ਕਰਵਾਏਗੀ ਸਿੱਧਰਮਈਆ ਸਰਕਾਰ

ਚੜ੍ਹਦੀਕਲਾ ਬਿਊਰੋ

================

ਬੈਂਗਲੁਰੂ, 12 ਜੂਨ : ਕਰਨਾਟਕ ਦੇ ਮੁੱਖ ਮੰਤਰੀ ਸਿੱਧਰਮਈਆ ਨੇ ਕਿਹਾ ਹੈ ਕਿ ਸੂਬਾਈ ਕੈਬਨਿਟ ਨੇ ਵੀਰਵਾਰ ਨੂੰ 'ਸਰਬਸੰਮਤੀ ਨਾਲ' ਰਾਜ ਵਿੱਚ ਨਵਾਂ ਸਮਾਜਿਕ-ਸਿੱਖਿਆ ਸਰਵੇਖਣ (ਜਾਤ ਸਰਵੇਖਣ) ਕਰਵਾਉਣ ਦਾ ਫੈਸਲਾ ਕੀਤਾ ਹੈ, ਜਿਸ ਨੂੰ ਜਾਤੀ ਜਨਗਣਨਾ ਵਜੋਂ ਵੀ ਜਾਣਿਆ ਜਾਂਦਾ ਹੈ।



ਉਨ੍ਹਾਂ ਕਿਹਾ ਕਿ ਕਰਨਾਟਕ ਰਾਜ ਪਛੜੇ ਵਰਗ ਕਮਿਸ਼ਨ ਨੂੰ ਇੱਕ ਨਵਾਂ ਸਰਵੇਖਣ ਕਰਨ ਅਤੇ ਰਿਪੋਰਟ ਪੇਸ਼ ਕਰਨ ਲਈ 90 ਦਿਨਾਂ ਦਾ ਸਮਾਂ ਦਿੱਤਾ ਜਾਵੇਗਾ, ਪਰ ਉਹ ਸਰਵੇਖਣ ਦੀ ਲਾਗਤ 'ਤੇ ਕੋਈ ਟਿੱਪਣੀ ਨਹੀਂ ਕਰਨਾ ਚਾਹੁੰਦੇ ਸਨ। ਸਿੱਧਰਮਈਆ ਨੇ ਇੱਕ ਵਿਸ਼ੇਸ਼ ਕੈਬਨਿਟ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨੂੰ ਕਿਹਾ, 'ਅਸੀਂ ਕੈਬਨਿਟ ਵਿੱਚ ਫੈਸਲਾ ਲਿਆ ਹੈ। ਇਹ ਇੱਕ ਸਰਬਸੰਮਤੀ ਨਾਲ ਲਿਆ ਗਿਆ ਫੈਸਲਾ ਸੀ ਕਿ ਇੱਕ ਨਵਾਂ ਸਰਵੇਖਣ ਕਰਵਾਇਆ ਜਾਵੇ। ਉਨ੍ਹਾਂ ਕਿਹਾ, ਸਰਕਾਰ ਕਰਨਾਟਕ ਰਾਜ ਪਛੜੇ ਵਰਗ ਕਮਿਸ਼ਨ ਨਾਲ ਸਲਾਹ-ਮਸ਼ਵਰਾ ਕਰੇਗੀ, ਅਸੀਂ ਇੱਕ ਨਵਾਂ ਸਰਵੇਖਣ ਕਰਨ ਅਤੇ ਰਿਪੋਰਟ ਦੇਣ ਲਈ 90 ਦਿਨਾਂ ਦਾ ਸਮਾਂ ਦੇਣ ਜਾ ਰਹੇ ਹਾਂ। ਗ਼ੌਰਤਲਬ ਹੈ ਕਿ ਇਹ ਫੈਸਲਾ ਕਾਂਗਰਸ ਦੇ ਸਿਖਰਲੇ ਆਗੂਆਂ ਖ਼ਾਸਕਰ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਅਤੇ ਨੇਤਾ ਰਾਹੁਲ ਗਾਂਧੀ ਵੱਲੋਂ ਮੰਗਲਵਾਰ ਨੂੰ ਰਾਜ ਸਰਕਾਰ ਨੂੰ ਕਰਨਾਟਕ ਵਿੱਚ ਜਾਤੀ ਪੁਨਰਗਠਨ ਕਰਵਾਉਣ ਦੀ ਹਦਾਇਤ ਦਿੱਤੇ ਜਾਣ ਤੋਂ (ਬਾਕੀ ਸਫਾ 2 'ਤੇ)

## ਮਾਨ ਅਤੇ ਕੇਜਰੀਵਾਲ ਨੇ 'ਈਜ਼ੀ ਜਮ੍ਹਾਂਬੰਦੀ' ਪੋਰਟਲ ਰਾਹੀਂ ਮਾਲ ਸੁਧਾਰਾਂ ਲਈ ਇੱਕ ਹੋਰ ਇਨਕਲਾਬੀ ਕਦਮ ਚੁੱਕਿਆ

### ਇੰਤਕਾਲ, ਰਪਟ ਐਂਟਰੀ ਅਤੇ ਫਰਦ ਬਦਰ ਦੀਆਂ ਸੇਵਾਵਾਂ ਵੀ ਹੁਣ ਆਨਲਾਈਨ ਹਾਸਲ ਹੋਣਗੀਆਂ

ਬਬਲੂ ਮਹਾਜਨ

================

ਅੰਮ੍ਰਿਤਸਰ, 12 ਜੂਨ :ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਅੱਜ 'ਈਜ਼ੀ ਜਮ੍ਹਾਂਬੰਦੀ' ਪੋਰਟਲ ਦੀ ਸ਼ੁਰੂਆਤ ਕੀਤੀ ਜਿਸ ਨਾਲ ਪੰਜਾਬ ਨੇ ਆਪਣੇ ਨਾਗਰਿਕਾਂ ਨੂੰ ਭ੍ਰਿਸ਼ਟਾਚਾਰ ਮੁਕਤ, ਸੁਚਾਰੂ, ਪ੍ਰੇਸ਼ਾਨੀ ਰਹਿਤ ਅਤੇ ਪਾਰਦਰਸ਼ੀ ਸੇਵਾਵਾਂ ਦੇਣ ਵਿੱਚ ਸਫਲਤਾ ਦਾ ਨਵਾਂ ਮੁਕਾਮ ਹਾਸਲ ਕੀਤਾ ਹੈ।

ਦੋਵਾਂ ਆਗੂਆਂ ਨੇ ਕਿਹਾ ਕਿ ਇਸ ਸ਼ੁਰੂਆਤ ਨਾਲ ਮਾਲ ਵਿਭਾਗ ਦੀਆਂ ਪ੍ਰਮੁੱਖ ਸੇਵਾਵਾਂ ਪ੍ਰਦਾਨ ਕਰਨ ਦੀ ਪ੍ਰਕਿਰਿਆ ਵਿੱਚੋਂ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਪੁੱਟਣ ਲਈ ਇੱਕ ਹੋਰ ਇਤਿਹਾਸਕ ਕਦਮ ਚੁੱਕਿਆ ਹੈ। ਇਨ੍ਹਾਂ ਸੇਵਾਵਾਂ ਨਾਲ ਹਰੇਕ ਸਾਲ ਲੱਖਾਂ ਲੋਕਾਂ ਦਾ ਸਿੱਧਾ ਵਾਹ ਪੈਂਦਾ ਹੈ। ਉਨ੍ਹਾਂ ਕਿਹਾ ਕਿ ਕੁਝ ਦਿਨ ਪਹਿਲਾਂ ਪੰਜਾਬ ਨੇ 'ਈਜ਼ੀ ਰਜਿਸਟਰੀ' ਦੀ ਸ਼ੁਰੂਆਤ ਕੀਤੀ ਸੀ,



ਜਿਸਦਾ ਉਦੇਸ਼ ਜਾਇਦਾਦ ਦੀ ਰਜਿਸਟਰੀ ਨੂੰ ਸਰਲ ਅਤੇ ਪਾਰਦਰਸ਼ੀ ਬਣਾਉਣਾ ਅਤੇ ਭ੍ਰਿਸ਼ਟਾਚਾਰ ਨੂੰ ਮੁਕੰਮਲ ਤੌਰ 'ਤੇ ਖਤਮ ਕਰਨਾ ਹੈ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਉਨ੍ਹਾਂ ਨੇ ਮੋਹਾਲੀ ਵਿੱਚ 'ਈਜ਼ੀ ਰਜਿਸਟਰੀ' ਦਾ ਉਪਰਾਲਾ ਸ਼ੁਰੂ ਕੀਤਾ ਸੀ ਅਤੇ ਇਹ ਲੋਕਾਂ ਲਈ ਵੱਡੀ ਸਫਲਤਾ ਸਾਬਤ ਹੋਇਆ ਹੈ। ਉਨ੍ਹਾਂ ਕਿਹਾ ਕਿ ਪਿਛਲੇ ਮਹੀਨੇ ਇਸ ਪੂਰੇ ਜ਼ਿਲ੍ਹੇ ਤੋਂ ਭ੍ਰਿਸ਼ਟਾਚਾਰ ਦੀ ਇਕ ਵੀ ਸ਼ਿਕਾਇਤ ਦਰਜ ਨਹੀਂ ਕੀਤੀ ਗਈ ਜੋ ਇਸ ਪਹਿਲਕਦਮੀ ਦੀ 'ਸ਼ਾਨਦਾਰ ਸਫਲਤਾ ਨੂੰ ਦਰਸਾਉਂਦਾ ਹੈ। ਦੋਵਾਂ ਆਗੂਆਂ ਨੇ ਕਿਹਾ ਕਿ ਇਸ 'ਈਜ਼ੀ ਰਜਿਸਟਰੀ' ਨੂੰ 15 ਜੁਲਾਈ ਤੱਕ (ਬਾਕੀ ਸਫਾ 2 'ਤੇ)

## ਦੇਸ਼ ਵਿੱਚ ਕੋਰੋਨਾ ਦੇ ਸਰਗਰਮ ਮਾਮਲੇ 7100 ਤੋਂ ਪਾਰ, 74 ਮੌਤਾਂ



ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 12 ਜੂਨ :ਦੇਸ਼ ਵਿੱਚ ਕੋਰੋਨਾ ਵਾਇਰਸ ਦਾ ਨਵਾਂ ਰੂਪ ਤੇਜ਼ੀ ਨਾਲ ਫੈਲ ਰਿਹਾ ਹੈ। 28 ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਸਰਗਰਮ ਮਾਮਲਿਆਂ ਦੀ ਗਿਣਤੀ 7121 ਤੱਕ ਪਹੁੰਚ ਗਈ ਹੈ। ਇੱਕ ਹਫ਼ਤੇ ਤੋਂ ਹਰ ਰੋਜ਼ ਔਸਤਨ 400 ਨਵੇਂ ਮਾਮਲੇ ਸਾਹਮਣੇ ਆ ਰਹੇ ਹਨ। ਕੇਰਲ ਵਿੱਚ ਸਭ ਤੋਂ ਵੱਧ 2223 ਮਾਮਲੇ ਹਨ। ਸਿਹਤ ਵਿਭਾਗ ਦੇ ਅਨੁਸਾਰ, ਪਿਛਲੇ ਇੱਕ ਹਫ਼ਤੇ ਵਿੱਚ ਕੋਰੋਨਾ ਕਾਰਨ 30 ਲੋਕਾਂ ਦੀ ਮੌਤ ਹੋ ਗਈ ਹੈ। ਹੁਣ ਤੱਕ ਨਵੇਂ ਵੇਰੀਐਂਟ ਕਾਰਨ 74 ਲੋਕਾਂ ਦੀ ਮੌਤ ਹੋ ਚੁੱਕੀ ਹੈ। (ਬਾਕੀ ਸਫਾ 2 'ਤੇ)

# ਜਹਾਜ਼ ਹਾਦਸੇ 'ਚ ਜਾਨਾਂ ਗੁਆਉਣ ਵਾਲਿਆਂ ਦੇ ਹਰੇਕ ਪਰਿਵਾਰ ਨੂੰ ਟਾਟਾ ਗਰੁੱਪ ਦੇਵੇਗਾ 1 ਕਰੋੜ ਰੁ.

ਨਵੀਂ ਦਿੱਲੀ, 12 ਜੂਨ (ਚ.ਨ.ਸ.) : ਵੀਰਵਾਰ ਨੂੰ ਅਹਿਮਦਾਬਾਦ ਵਿੱਚ ਏਅਰ ਇੰਡੀਆ ਦਾ ਇੱਕ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਇਹ ਜਹਾਜ਼ ਲੰਡਨ ਜਾ ਰਿਹਾ ਸੀ। ਜਹਾਜ਼ ਬੋਇੰਗ 787 ਡ੍ਰੀਮਲਾਈਨਰ ਸੀ। ਜਾਂਚ ਜਾਰੀ ਹੈ। ਅਧਿਕਾਰੀ ਨੁਕਸਾਨ ਦਾ ਮੁਲਾਂਕਣ ਕਰ ਰਹੇ ਹਨ। ਟਾਟਾ ਗਰੁੱਪ ਨੇ ਇਸ ਦੁਖਦਾਈ ਘਟਨਾ ਵਿੱਚ ਜਾਨ ਗਵਾਉਣ ਵਾਲਿਆਂ ਦੇ ਪਰਿਵਾਰਾਂ ਨੂੰ 1 ਕਰੋੜ ਰੁਪਏ ਦੇਣ ਦਾ ਫੈਸਲਾ ਕੀਤਾ ਹੈ। ਇਸ ਦੇ ਨਾਲ ਹੀ ਟਾਟਾ ਗਰੁੱਪ ਜ਼ਖਮੀਆਂ ਦੇ ਇਲਾਜ ਦਾ ਖਰਚਾ ਵੀ ਚੁੱਕੇਗਾ। ਇਹ ਗਰੁੱਪ ਬੀਜੇ ਮੈਡੀਕਲ ਦੇ ਹੋਸਟਲ ਨੂੰ ਦੁਬਾਰਾ ਬਣਾਉਣ ਵਿੱਚ ਵੀ ਮਦਦ ਕਰੇਗਾ। ਇਹ ਐਲਾਨ ਟਾਟਾ ਸੰਨਜ਼ ਦੇ ਚੇਅਰਮੈਨ ਐਨ. ਚੰਦਰਸ਼ੇਖਰਨ ਨੇ ਕੀਤਾ ਹੈ। ਅਹਿਮਦਾਬਾਦ ਹਵਾਈ ਅੱਡੇ ਦੇ ਨੇੜੇ ਏਅਰ ਇੰਡੀਆ ਦਾ ਇੱਕ ਜਹਾਜ਼ ਕ੍ਰੈਸ਼ ਹੋ ਗਿਆ। ਲੰਡਨ ਜਾ ਰਹੀ ਫਲਾਈਟ 19171 ਵਿੱਚ ਬੋਇੰਗ 787 ਡ੍ਰੀਮਲਾਈਨਰ ਜਹਾਜ਼ ਸੀ। ਹਾਦਸੇ ਤੋਂ ਬਾਅਦ ਮੁਆਵਜ਼ੇ ਬਾਰੇ ਗੱਲਬਾਤ ਚੱਲ ਰਹੀ ਸੀ। ਇਸ ਦੌਰਾਨ ਟਾਟਾ ਗਰੁੱਪ ਨੇ ਮੁਸ਼ਕਲ ਸਮੇਂ ਵਿੱਚ ਪੀੜਤਾਂ ਦੇ ਨਾਲ ਖੜ੍ਹੇ ਹੋਣ ਦਾ ਐਲਾਨ ਕੀਤਾ। ਕੰਪਨੀ ਹਰ ਸੰਭਵ ਤਰੀਕੇ ਨਾਲ ਮਦਦ ਕਰਨ ਲਈ ਤਿਆਰ ਹੈ। ਐਨ. ਚੰਦਰਸ਼ੇਖਰਨ ਨੇ ਕਿਹਾ, 'ਟਾਟਾ ਗਰੁੱਪ ਇਸ ਦੁਖਾਂਤ ਵਿੱਚ ਜਾਨ ਗੁਆਉਣ ਵਾਲੇ ਹਰੇਕ ਵਿਅਕਤੀ ਦੇ ਪਰਿਵਾਰ ਨੂੰ 1 ਕਰੋੜ ਰੁਪਏ ਦੇਵੇਗਾ। ਅਸੀਂ ਜ਼ਖਮੀਆਂ ਦੇ ਇਲਾਜ ਦਾ ਖਰਚਾ ਵੀ ਉਠਾਵਾਂਗੇ। ਅਸੀਂ ਇਹ ਯਕੀਨੀ ਬਣਾਵਾਂਗੇ ਕਿ ਉਨ੍ਹਾਂ ਨੂੰ ਸਾਰੀ ਲੋੜੀਂਦੀ ਦੇਖਭਾਲ ਅਤੇ ਸਹਾਇਤਾ ਮਿਲੇ। ਇਸ ਤੋਂ ਇਲਾਵਾ, ਅਸੀਂ ਬੀ.ਜੇ. ਮੈਡੀਕਲ ਦੇ ਹੋਸਟਲ ਦੇ ਨਿਰਮਾਣ ਵਿੱਚ ਵੀ ਸਹਾਇਤਾ ਪ੍ਰਦਾਨ ਕਰਾਂਗੇ।' ਅੰਤਰਰਾਸ਼ਟਰੀ ਉਡਾਨਾਂ ਦੇ ਮਾਮਲੇ ਵਿੱਚ ਮੌਤ ਜਾਂ ਸਰੀਰਕ ਸੱਟ ਲੱਗਣ ਦੀ ਸਥਿਤੀ ਵਿੱਚ ਮੁਆਵਜ਼ਾ ਪ੍ਰਦਾਨ ਕਰਨ ਦੇ ਨਿਯਮ ਹਨ। ਭਾਰਤ ਮਾਂਟਰੀਅਲ ਕਨਵੈਨਸ਼ਨ, 1999 ਦੇ ਤਹਿਤ ਬੰਨ੍ਹਿਆ ਹੋਇਆ ਹੈ। ਇਹ ਇੱਕ ਅੰਤਰਰਾਸ਼ਟਰੀ ਸੰਧੀ ਹੈ। ਇਸ ਕਨਵੈਨਸ਼ਨ ਦੇ ਮੁਤਾਬਕ ਮੁਆਵਜ਼ੇ ਵਿੱਚ ਸ਼ਾਮਲ ਹਨ: ਏ.ਬੀ.ਐਚ.,ਐਚ.ਬੀ.ਆਈ ਸਪੈਸ਼ਲ ਡਰਾਇੰਗ ਰਾਈਟਸ (ਐਸ.ਡੀ.ਆਰਜ਼) ਤੱਕ, ਜੋ ਕਿ ਪ੍ਰਤੀ ਯਾਤਰੀ ਲਗਭਗ 1.4 ਕਰੋੜ ਰੁਪਏ ਹੈ। ਏਅਰਲਾਈਨ ਦੀ ਗਲਤੀ ਤੋਂ ਬਿਨਾਂ ਵੀ ਇਹ ਮੁਆਵਜ਼ਾ ਪ੍ਰਾਪਤ ਕਰਨ ਦਾ ਪ੍ਰਬੰਧ ਹੈ। ਜੇਕਰ ਇਹ ਸਾਬਤ ਹੋ ਜਾਂਦਾ ਹੈ ਕਿ ਏਅਰਲਾਈਨ ਲਾਪ੍ਰਵਾਹੀ ਕਰ ਰਹੀ ਸੀ, ਤਾਂ ਹੋਰ ਵੀ ਮੁਆਵਜ਼ਾ ਦਿੱਤਾ ਜਾ ਸਕਦਾ ਹੈ। ਇਹ ਨਿਯਮ ਅੰਤਰਰਾਸ਼ਟਰੀ ਉਡਾਨਾਂ 'ਤੇ ਲਾਗੂ ਹੁੰਦਾ ਹੈ। ਪਰ, ਹਵਾਬਾਜ਼ੀ ਰੈਗੂਲੇਟਰ 4731 ਮੁਤਾਬਕ ਭਾਰਤੀ ਏਅਰਲਾਈਨਾਂ ਅਕਸਰ ਘਰੇਲੂ ਉਡਾਨਾਂ ਲਈ ਵੀ ਇਸੇ ਤਰ੍ਹਾਂ ਦੀ ਕਵਰੇਜ ਪ੍ਰਦਾਨ ਕਰਦੀਆਂ ਹਨ।

# ਹੋਮਸਟੇਅ 'ਚੋਂ ਮਿਲੇ ਮੰਗਲਸੂਤਰ ਨਾਲ ਸੁਲਝੀ ਹਨੀਮੂਨ ਕਤਲ ਦੀ ਗੁੱਥੀ!

ਸ਼ਿਲੌਂਗ, 12 ਜੂਨ (ਚ.ਨ.ਸ.) : : ਮੇਘਾਲਿਆ ਦੀ ਡੀਜੀਪੀ ਆਈ.ਨੋਨਰਾਂਗ ਨੇ ਕਿਹਾ ਕਿ ਹਨੀਮੂਨ ਮਨਾਉਣ ਲਈ ਆਏ ਰਾਜਾ ਰਘੂਵੰਸ਼ੀ ਤੇ ਉਸ ਦੀ ਪਤਨੀ ਸੋਨਮ ਲਾਪਤਾ ਹੋਣ ਤੋਂ ਪਹਿਲਾਂ ਆਪਣਾ ਸੂਟਕੇਸ ਸੋਹਰਾ ਵਿਚ ਹੋਮਸਟੇਅ 'ਚ ਹੀ ਛੱਡ ਗਏ ਸਨ। ਡੀਜੀਪੀ ਨੇ ਦਾਅਵਾ ਕੀਤਾ ਕਿ ਸੂਟਕੇਸ ਵਿਚੋਂ ਮਿਲੇ 'ਮੰਗਲਸੂਤਰ' ਤੇ 'ਅੰਗੂਠੀ' ਨਾਲ ਤਫ਼ਤੀਸ਼ਕਾਰਾਂ ਨੂੰ ਹਨੀਮੂਨ ਕਤਲ ਮਾਮਲੇ ਦੀ ਗੁੱਥੀ ਸੁਲਝਾਉਣ ਵਿਚ ਮਦਦ ਮਿਲੀ।

ਸੋਨਮ (25) ਅਤੇ ਰਾਜਾ (29) ਦਾ ਵਿਆਹ 11 ਮਈ ਨੂੰ ਇੰਦੌਰ ਵਿੱਚ ਹੋਇਆ ਸੀ ਅਤੇ ਉਹ 20 ਮਈ ਨੂੰ ਆਪਣੇ ਹਨੀਮੂਨ ਲਈ ਅਸਾਮ ਦੇ ਗੁਹਾਟੀ ਰਾਹੀਂ ਮੇਘਾਲਿਆ ਪਹੁੰਚੇ। ਦੋਵੇਂ 23 ਮਈ ਨੂੰ ਪੂਰਬੀ ਖਾਸੀ ਪਹਾੜੀਆਂ ਜ਼ਿਲ੍ਹੇ ਦੇ ਸੋਹਰਾ ਵਿੱਚ ਨੋਂਗਰਿਆਟ ਪਿੰਡ ਦੇ ਇੱਕ ਹੋਮਸਟੇਅ ਵਿਚੋਂ ਚੈੱਕ ਆਊਟ ਕਰਨ ਤੋਂ ਕੁਝ ਘੰਟੇ ਬਾਅਦ ਲਾਪਤਾ ਹੋ ਗਏ ਸਨ।

ਰਾਜਾ ਦੀ ਲਾਸ਼ 2 ਜੂਨ ਨੂੰ ਵੇਸਾਵਡੋਂਗ ਫਾਲਸ (ਝਰਨੇ) ਨੇੜੇ ਇੱਕ ਖੱਡ ਵਿੱਚੋਂ ਮਿਲੀ ਸੀ। ਸੋਨਮ ਦੀ ਭਾਲ ਜਾਰੀ ਸੀ, ਜੋ 9 ਜੂਨ ਦੀ ਸਵੇਰ ਨੂੰ ਕਰੀਬ 1200 ਕਿਲੋਮੀਟਰ ਦੂਰ ਉੱਤਰ ਪ੍ਰਦੇਸ਼ ਦੇ ਗਾਜ਼ੀਪੁਰ ਵਿੱਚ ਸਾਹਮਣੇ ਆਈ ਸੀ। ਉਸ ਨੇ ਪੁਲਿਸ ਅੱਗੇ ਆਤਮ ਸਮਰਪਣ ਕਰ ਦਿੱਤਾ ਸੀ ਕਿਉਂਕਿ ਪੁਲਿਸ ਨੇ ਉਸ ਦੇ ਪੁਰਸ਼ ਦੋਸਤ ਰਾਜ ਕੁਸ਼ਵਾਹਾ ਅਤੇ ਰਾਜਾ ਦੇ ਕਤਲ ਲਈ ਭਾੜੇ 'ਤੇ ਲਏ ਤਿੰਨ ਕਾਤਲਾਂ ਨੂੰ ਗ੍ਰਿਫਤਾਰ ਕਰ ਲਿਆ ਸੀ।



ਡੀਜੀਪੀ ਨੇ ਇਸ ਖ਼ਬਰ ਏਜੰਸੀ ਨੂੰ ਦੱਸਿਆ, "ਸਾਨੂੰ ਸੋਨਮ ਦਾ 'ਮੰਗਲਸੂਤਰ' ਅਤੇ ਇੱਕ ਅੰਗੂਠੀ ਉਸ ਸੂਟਕੇਸ ਵਿੱਚੋਂ ਮਿਲੀ ਜੋ ਇਸ ਜੋੜੇ ਨੇ ਸੋਹਰਾ ਦੇ ਇੱਕ ਹੋਮਸਟੇਅ ਵਿਚ ਛੱਡ ਦਿੱਤਾ ਸੀ। ਇਕ ਵਿਆਹੁਤਾ ਮਹਿਲਾ ਵੱਲੋਂ ਗਹਿਣੇ ਪਿੱਛੇ ਛੱਡੇ ਜਾਣ ਨੇ ਸਾਨੂੰ ਉਸ ਉੱਤੇ ਸ਼ੱਕ ਕਰਨ ਦਾ ਇਕ ਅਹਿਮ ਸੁਰਾਗ ਦਿੱਤਾ।" ਜਾਂਚ ਵਿਚ ਸ਼ਾਮਲ ਇੱਕ ਹੋਰ ਪੁਲਿਸ ਅਧਿਕਾਰੀ ਨੇ ਖ਼ਬਰ ਏਜੰਸੀ ਨੂੰ ਦੱਸਿਆ ਕਿ ਇਹ ਜੋੜਾ 22 ਮਈ ਨੂੰ ਬਿਨਾਂ ਕਿਸੇ ਅਗਾਊਂ ਬੁਕਿੰਗ ਦੇ ਸੋਹਰਾ ਦੇ ਹੋਮਸਟੇਅ ਵਿੱਚ ਪਹੁੰਚਿਆ ਸੀ।ਅਧਿਕਾਰੀ ਨੇ ਕਿਹਾ ਕਿ ਇਸ ਜੋੜੇ ਨੂੰ ਉਥੇ ਕਮਰਾ ਨਹੀਂ ਮਿਲਿਆ ਤੇ ਉਨ੍ਹਾਂ ਆਪਣੇ ਸੂਟਕੇਸ ਨੂੰ ਉਸੇ ਹੋਮਸਟੇਅ ਵਿਚ ਰੱਖਣ ਦਾ ਫੈਸਲਾ ਕੀਤਾ ਕਿਉਂਕਿ ਜੇ ਅਜਿਹਾ ਨਾ ਕਰਦੇ ਤਾਂ ਡਬਲ ਡੈਕਰ ਰੂਟ ਬ੍ਰਿਜ ਦੇਖਣ ਲਈ ਨੋਂਗਰਿਆਟ ਪਿੰਡ ਵਿਚ ਪੈਦਲ ਤੁਰ ਕੇ ਜਾਣਾ ਮੁਸੀਬਤ ਬਣ ਜਾਂਦਾ। ਇਸ ਜੋੜੇ ਨੇ ਆਪਣਾ ਸੂਟਕੇਸ ਸੋਹਰਾ ਹੋਮਸਟੇਅ ਵਿਚ ਹੀ ਰੱਖਿਆ ਤੇ 23 ਮਈ ਨੂੰ ਵੱਡੇ ਤੜਕੇ ਚੈੱਕਆਊਟ ਕਰਨ ਤੋਂ ਪਹਿਲਾਂ ਨੌਂਗਰੀਆਟ ਵਿਚ ਇਕ ਹੋਮਸਟੇਅ 'ਚ ਰਾਤ ਗੁਜ਼ਾਰੀ। ਉਹ ਸੋਹਰਾ ਤੋਂ ਪੈਦਲ ਵਾਪਸ ਆਏ, ਪਾਰਕਿੰਗ 'ਚੋਂ ਆਪਣਾ ਸਕੂਟਰ ਲਿਆ ਤੇ ਵੇਸਾਵਡੋਂਗ ਫਾਲਸ ਚਲੇ ਗਏ, ਜਿੱਥੇ ਭਾੜੇ ਦੇ ਤਿੰਨ ਕਾਤਲਾਂ ਨੇ ਸੋਨਮ ਰਘੂਵੰਸ਼ੀ ਦੇ ਸਾਹਮਣੇ ਉਸ ਦੇ ਪਤੀ ਰਾਜ ਦਾ ਕਥਿਤ ਕਤਲ ਕਰ ਦਿੱਤਾ।

ਇਸ ਖ਼ਬਰ ਏਜੰਸੀ ਨੇ ਸ਼ਨਿੱਚਰਵਾਰ ਨੂੰ ਰਿਪੋਰਟ ਦਿੱਤੀ ਸੀ ਕਿ ਇੱਕ ਟੂਰ ਗਾਈਡ ਨੇ ਜੋੜੇ ਨੂੰ ਹਿੰਦੀ ਬੋਲਣ ਵਾਲੇ ਤਿੰਨ ਵਿਅਕਤੀਆਂ ਨਾਲ ਦੇਖਿਆ ਸੀ ਜਦੋਂ ਉਹ ਨੋਂਗਰਿਆਟ ਤੋਂ ਸੋਹਰਾ ਵਾਪਸ ਚੜ੍ਹਾਈ ਚੜ੍ਹ ਰਹੇ ਸਨ। ਪੁਲਿਸ ਅਧਿਕਾਰੀ ਨੇ ਕਿਹਾ, "ਦੋਸ਼ੀਆਂ ਨੇ ਅਪਰਾਧ ਕਬੂਲ ਕਰ ਲਿਆ ਹੈ, ਸਾਰੇ ਸਬੂਤਾਂ ਮੌਜੂਦ ਹਨ, ਇਨਕਾਰ ਕਰਨ ਦੀ ਕੋਈ ਗੁੰਜਾਇਸ਼ ਨਹੀਂ ਹੈ।" ਸ਼ਿਲੌਂਗ ਦੀ ਅਦਾਲਤ ਨੇ ਸੋਨਮ, ਉਸ ਦੇ ਬੁਆਇਫਰੈਂਡ ਰਾਜ ਅਤੇ ਤਿੰਨ ਭਾੜੇ ਦੇ ਕਾਤਲਾਂ ਨੂੰ ਅੱਠ ਦਿਨਾਂ ਦੀ ਪੁਲਿਸ ਹਿਰਾਸਤ ਵਿੱਚ ਭੇਜ ਦਿੱਤਾ ਹੈ।

## ਬੰਗਾਲ 'ਚ ਦੋ ਧਿਰਾਂ ਵਿਚਕਾਰ ਹਿੰਸਕ ਝੜਪ, 29 ਗ੍ਰਿਫ਼ਤਾਰ

ਕੋਲਕਾਤਾ, 12 ਜੂਨ (ਚ.ਨ.ਸ.) : ਪੱਛਮੀ ਬੰਗਾਲ ਦੇ ਦੱਖਣੀ 24 ਪਰਗਣਾ ਜ਼ਿਲ੍ਹੇ 'ਚ ਦੋ ਧਿਰਾਂ ਵਿਚਕਾਰ ਹੋਈ ਹਿੰਸਕ ਝੜਪ ਦੇ ਸਬੰਧ 'ਚ 29 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਡਾਇਮੰਡ ਹਾਰਬਰ ਪੁਲਿਸ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਹਾਲਾਤ ਹੁਣ ਕਾਬੂ ਹੇਠ ਹਨ। ਰਵਿੰਦਰਨਗਰ ਪੁਲਿਸ ਸਟੇਸ਼ਨ ਅਧੀਨ ਮਹੇਸ਼ਤਲਾ ਵਿਖੇ ਬੁੱਧਵਾਰ ਨੂੰ ਦੋ ਧਿਰਾਂ ਵਿਚਕਾਰ ਟਕਰਾਅ ਹੋਇਆ ਸੀ। ਪੁਲਿਸ ਨੇ ਹੋਰ ਦੱਸਿਆ ਕਿ ਖੇਤਰ 'ਚ ਸ਼ਾਂਤੀ ਬਣਾਈ ਰੱਖਣ ਲਈ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਲਾਗੂ ਕੀਤੀ ਗਈ ਹੈ। ਇਹ ਝੜਪ ਇੱਕ ਦੁਕਾਨ ਨੂੰ ਲੈ ਕੇ ਹੋਈ ਸੀ ਪਰ ਬਾਅਦ ਵਿੱਚ ਤਣਾਅ ਵਧ ਗਿਆ। ਨਤੀਜੇ ਵਜੋਂ ਕਈ ਪੁਲਿਸ ਕਰਮਚਾਰੀ ਜ਼ਖਮੀ ਹੋ ਗਏ ਅਤੇ ਹਿੰਸਕ ਭੀੜ ਵੱਲੋਂ ਕਈ ਵਾਹਨਾਂ ਦੀ ਭੰਨ-ਤੋੜ ਕੀਤੀ ਗਈ।

# ਸਰਕਾਰ ਜਸਟਿਸ ਵਰਮਾ ਵਿਰੁੱਧ ਜਾਂਚ ਕਰਨ ਵਾਲੀ ਕਮੇਟੀ ਦੀ ਰਿਪੋਰਟ ਸਾਂਝੀ ਕਰੇ: ਕਾਂਗਰਸ



ਨਵੀਂ ਦਿੱਲੀ, 12 ਜੂਨ (ਚ.ਨ.ਸ.) : ਪਾਰਟੀ ਸੂਤਰਾਂ ਨੇ ਵੀਰਵਾਰ ਨੂੰ ਕਿਹਾ ਕਿ ਕਾਂਗਰਸ ਨੇ ਸਰਕਾਰ ਨੂੰ ਜਸਟਿਸ ਯਸ਼ਵੰਤ ਵਰਮਾ ਵਿਰੁੱਧ ਭ੍ਰਿਸ਼ਟਾਚਾਰ ਦੇ ਦੋਸ਼ਾਂ ਦੀ ਜਾਂਚ ਕਰਨ ਵਾਲੀ ਸੁਪਰੀਮ ਕੋਰਟ ਵੱਲੋਂ ਨਿਯੁਕਤ ਕਮੇਟੀ ਦੀ ਰਿਪੋਰਟ ਉਸ ਨਾਲ ਸਾਂਝੀ ਕਰਨ ਲਈ ਕਿਹਾ ਹੈ ਤਾਂ ਜੋ ਉਹ ਸੰਸਦ ਦੇ ਮੌਨਸੂਨ ਸੈਸ਼ਨ ਤੋਂ ਪਹਿਲਾਂ ਉਨ੍ਹਾਂ ਖ਼ਿਲਾਫ਼ ਮਹਾਂਦੋਸ਼ ਦੇ ਮੁੱਦੇ 'ਤੇ ਆਪਣਾ ਸਟੈਂਡ ਮਜ਼ਬੂਤ ਕਰ ਸਕੇ। ਹਾਲਾਂਕਿ, ਸੂਤਰਾਂ ਨੇ ਕਿਹਾ ਕਿ ਸਰਕਾਰ ਨੇ ਅਜੇ ਤੱਕ ਕੋਈ ਜਵਾਬ ਨਹੀਂ ਦਿੱਤਾ ਹੈ।

ਗ਼ੌਰਤਲਬ ਹੈ ਕਿ ਬੀਤੇ ਮਾਰਚ ਵਿੱਚ ਦਿੱਲੀ ਵਿੱਚ ਜਸਟਿਸ ਵਰਮਾ ਦੀ ਰਿਹਾਇਸ਼ 'ਤੇ ਅੱਗ ਲੱਗਣ ਤੋਂ ਬਾਅਦ ਕਥਿਤ ਤੌਰ 'ਤੇ ਨਕਦੀ ਵਾਲੀਆਂ ਕਈ ਸੜੀਆਂ ਹੋਈਆਂ ਬੋਰੀਆਂ ਮਿਲੀਆਂ ਸਨ, ਜਦੋਂ ਉਹ ਦਿੱਲੀ ਹਾਈ ਕੋਰਟ ਦੇ ਜੱਜ ਸਨ। ਹਾਲਾਂਕਿ ਜੱਜ ਨੂੰ ਬਾਅਦ ਵਿੱਚ ਅਲਾਹਾਬਾਦ ਹਾਈ ਕੋਰਟ ਵਿੱਚ ਤਬਦੀਲ ਕਰ ਦਿੱਤਾ ਗਿਆ ਸੀ। ਉਨ੍ਹਾਂ ਨੇ ਨਕਦੀ ਬਾਰੇ ਅਣਜਾਣਤਾ ਦਾ ਦਾਅਵਾ ਕੀਤਾ ਹੈ। ਸੁਪਰੀਮ ਕੋਰਟ ਵੱਲੋਂ ਨਿਯੁਕਤ ਕਮੇਟੀ ਨੇ ਕਈ ਗਵਾਹਾਂ ਨਾਲ ਗੱਲ ਕਰਨ ਅਤੇ ਉਨ੍ਹਾਂ ਦੇ ਬਿਆਨ ਦਰਜ ਕਰਨ ਤੋਂ ਬਾਅਦ ਉਨ੍ਹਾਂ 'ਤੇ ਦੋਸ਼ ਲਗਾਏ ਹਨ। ਕੇਂਦਰੀ ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ ਨੇ 21 ਜੁਲਾਈ ਤੋਂ ਸ਼ੁਰੂ ਹੋ ਰਹੇ ਸੰਸਦ ਦੇ ਮੌਨਸੂਨ ਸੈਸ਼ਨ ਵਿੱਚ ਜਸਟਿਸ ਵਰਮਾ ਵਿਰੁੱਧ ਮਹਾਂਦੋਸ਼ ਮਤਾ ਲਿਆਉਣ ਲਈ ਸਾਰੀਆਂ ਰਾਜਨੀਤਿਕ ਪਾਰਟੀਆਂ ਨਾਲ ਵਿਚਾਰ-ਵਟਾਂਦਰਾ ਸ਼ੁਰੂ ਕਰ ਦਿੱਤਾ ਹੈ।

ਕਾਂਗਰਸ ਸੂਤਰਾਂ ਨੇ ਕਿਹਾ ਕਿ ਪਾਰਟੀ ਨੇ ਰਿਜਿਜੂ ਨੂੰ ਕਮੇਟੀ ਦੀ ਰਿਪੋਰਟ ਸਾਂਝੀ ਕਰਨ ਲਈ ਕਿਹਾ ਹੈ ਤਾਂ ਜੋ ਇਹ ਮਹਾਦੋਸ਼ ਦੇ ਮੁੱਦੇ 'ਤੇ ਆਪਣਾ ਸਟੈਂਡ ਮਜ਼ਬੂਤ ਕਰ ਸਕੇ। ਉਨ੍ਹਾਂ ਕਿਹਾ ਕਿ ਮੰਤਰੀ ਅਜੇ ਕਾਂਗਰਸ ਨੂੰ ਕੋਈ ਜਵਾਬ ਨਹੀਂ ਦਿੱਤਾ।

# ਪਹਿਲੇ ਸਫ਼ੇ ਦੀ ਬਾਕੀ

## ਦਿੱਲੀ 'ਚ ਰੇਲ ਦਾ ਡੱਬਾ ਪੱਟੜੀ ਤੋਂ ਉਤਰਿਆ,

ਰਹੀ ਸੀ। ਇਸ ਦੌਰਾਨ ਸ਼ਿਵਾਜੀ ਪੁਲ ਸਟੇਸ਼ਨ ਦੇ ਨੇੜੇ ਟ੍ਰੇਨ ਦਾ ਇੱਕ ਡੱਬਾ ਪਟੜੀ ਤੋਂ ਉਤਰ ਗਿਆ। ਉੱਤਰੀ ਰੇਲਵੇ ਨੇ ਕਿਹਾ ਕਿ ਇਸ ਘਟਨਾ ਵਿੱਚ ਕੋਈ ਯਾਤਰੀ ਜ਼ਖਮੀ ਨਹੀਂ ਹੋਇਆ ਅਤੇ ਨਾ ਹੀ ਕੋਈ ਜਾਨੀ ਨੁਕਸਾਨ ਹੋਇਆ ਹੈ। ਅਜਿਹੀ ਸਥਿਤੀ ਵਿੱਚ ਇਹ ਰਾਹਤ ਦੀ ਗੱਲ ਹੈ ਕਿ ਇੱਕ ਵੱਡਾ ਹਾਦਸਾ ਟਲ ਗਿਆ। ਇਹ ਟ੍ਰੇਨ ਗਾਜ਼ੀਆਬਾਦ ਅਤੇ ਦਿੱਲੀ ਵਿਚਕਾਰ ਚੱਲਦੀ ਹੈ। ਰੇਲਵੇ ਦੇ ਸੀਨੀਅਰ ਅਧਿਕਾਰੀ ਮੌਕੇ 'ਤੇ ਪਹੁੰਚ ਗਏ ਹਨ।

## ਏਅਰ ਇੰਡੀਆ ਦਾ ਜਹਾਜ਼ ਹਾਦਸੇ

ਮੈਡੀਕਲ ਕਾਲਜ ਦੀ ਜ਼ਮੀਨੀ ਮੰਜ਼ਿਲ 'ਤੇ ਸਥਿਤ ਹੈ।

**ਜਹਾਜ਼ ਦੇ ਪਾਇਲਟ ਨੇ ਹਾਦਸੇ ਤੋਂ ਪਹਿਲਾਂ ਭੇਜਿਆ ਸੀ ਐਮਰਜੈਂਸੀ ਸੁਨੇਹਾ** : ਅਹਿਮਦਾਬਾਦ ਤੋਂ ਬ੍ਰਿਟੇਨ ਦੇ ਗੈਟਵਿਕ ਜਾ ਰਹੇ ਏਅਰ ਇੰਡੀਆ ਦੇ ਜਹਾਜ਼ ਦੇ ਪਾਇਲਟ ਨੇ ਹਾਦਸੇ ਤੋਂ ਠੀਕ ਪਹਿਲਾਂ ਅਹਿਮਦਾਬਾਦ ਏਅਰ ਟ੍ਰੈਫਿਕ ਕੰਟਰੋਲਰ (ਏ.ਟੀ.ਸੀ.) ਨੂੰ ਇੱਕ ਬਹੁਤ ਹੀ ਐਮਰਜੈਂਸੀ ਸੁਨੇਹਾ ਭੇਜਿਆ ਸੀ। ਡਾਇਰੈਕਟੋਰੇਟ ਜਨਰਲ ਆਫ਼ ਸਿਵਲ ਏਵੀਏਸ਼ਨ (ਡੀ.ਜੀ.ਸੀ.ਏ.) ਨੇ ਇਹ ਜਾਣਕਾਰੀ ਦਿੱਤੀ। ਏਵੀਏਸ਼ਨ ਰੈਗੂਲੇਟਰ ਡੀ.ਜੀ.ਸੀ.ਏ. ਨੇ ਇੱਕ ਬਿਆਨ ਵਿੱਚ ਕਿਹਾ ਕਿ ਇਸ ਤੋਂ ਬਾਅਦ ਏ.ਟੀ.ਸੀ. ਵੱਲੋਂ ਕੀਤੀ ਗਈ ਕਾਲ 'ਤੇ ਜਹਾਜ਼ ਦੇ ਪਾਇਲਟ ਵੱਲੋਂ ਕੋਈ ਜਵਾਬ ਨਹੀਂ ਮਿਲਿਆ। ਦੁਪਹਿਰ 2 ਵਜੇ ਦੇ ਕਰੀਬ, 242 ਯਾਤਰੀਆਂ ਅਤੇ ਚਾਲਕ ਦਲ ਦੇ ਮੈਂਬਰਾਂ ਨੂੰ ਲੈ ਕੇ ਲੰਡਨ ਦੇ ਗੈਟਵਿਕ ਜਾ ਰਿਹਾ ਏਅਰ ਇੰਡੀਆ ਦਾ ਜਹਾਜ਼ ਅਹਿਮਦਾਬਾਦ ਹਵਾਈ ਅੱਡੇ ਤੋਂ ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ ਹੀ ਹਾਦਸਾਗ੍ਰਸਤ ਹੋ ਗਿਆ। ਇਸ ਵਿੱਚ ਕਈ ਲੋਕਾਂ ਦੇ ਮਾਰੇ ਜਾਣ ਦਾ ਖਦਸ਼ਾ ਹੈ। ਡੀ.ਜੀ.ਸੀ.ਏ. ਨੇ ਕਿਹਾ ਕਿ ਜਹਾਜ਼ ਦੀ ਕਮਾਂਡ ਕੈਪਟਨ ਸੁਮਿਤ ਸੱਭਰਵਾਲ ਦੇ ਨਾਲ ਫਸਟ ਅਫ਼ਸਰ ਕਲਾਈਵ ਕੁੰਦਰ ਦੇ ਕੋਲ ਸੀ। ਕੈਪਟਨ ਸੁਮਿਤ ਸੱਭਰਵਾਲ ਇੱਕ ਐਲ.ਟੀ.ਸੀ. ਹਨ ਅਤੇ ਉਨ੍ਹਾਂ ਕੋਲ 8200 ਘੰਟਿਆਂ ਦਾ ਤਜਰਬਾ ਹੈ। ਸਹਿ-ਪਾਇਲਟ ਕੋਲ 1100 ਘੰਟੇ ਉਡਾਣ ਦਾ ਤਜਰਬਾ ਹੈ। ਡੀ.ਜੀ.ਸੀ.ਏ. ਨੇ ਇੱਕ ਬਿਆਨ ਵਿੱਚ ਕਿਹਾ ਕਿ ਏ.ਟੀ.ਸੀ. ਦੇ ਅਨੁਸਾਰ, ਜਹਾਜ਼ ਨੇ ਭਾਰਤੀ ਸਮੇਂ ਅਨੁਸਾਰ ਸਵੇਰੇ 1.39 ਵਜੇ ਅਹਿਮਦਾਬਾਦ ਤੋਂ ਰਨਵੇ 23 ਤੋਂ ਉਡਾਣ ਭਰੀ। ਇਸ ਨੇ ਏ.ਟੀ.ਸੀ. ਨੂੰ ਇੱਕ ਬਹੁਤ ਹੀ ਐਮਰਜੈਂਸੀ ਕਾਲ (ਮੇਅਡੇਅ ਕਾਲ) ਕੀਤੀ, ਪਰ ਏ.ਟੀ.ਸੀ. ਦੁਆਰਾ ਬਾਅਦ ਵਿੱਚ ਕੀਤੀਆਂ ਗਈਆਂ ਕਾਲਾਂ ਦਾ ਪਾਇਲਟ ਦੁਆਰਾ ਜਵਾਬ ਨਹੀਂ ਦਿੱਤਾ ਗਿਆ। ਡੀ.ਜੀ.ਸੀ.ਏ. ਅਨੁਸਾਰ, ਜਹਾਜ਼ ਰਨਵੇ 23 ਤੋਂ ਉਡਾਣ ਭਰਨ ਤੋਂ ਤੁਰੰਤ ਬਾਅਦ ਹਵਾਈ ਅੱਡੇ ਦੇ ਘੇਰੇ ਤੋਂ ਬਾਹਰ ਜ਼ਮੀਨ 'ਤੇ ਡਿੱਗ ਗਿਆ। ਉਨ੍ਹਾਂ ਕਿਹਾ ਕਿ ਹਾਦਸੇ ਵਾਲੀ ਥਾਂ ਤੋਂ ਭਾਰੀ ਕਾਲਾ ਧੂੰਆਂ ਨਿਕਲਦਾ ਦੇਖਿਆ ਗਿਆ। ਬੋਇੰਗ ਜਹਾਜ਼, ਜਿਸ ਨੂੰ ਤੇਜ਼ੀ ਨਾਲ ਹੇਠਾਂ ਆਉਂਦੇ ਦੇਖਿਆ ਜਾ ਸਕਦਾ ਸੀ, ਹਵਾਈ ਅੱਡੇ ਦੇ ਨੇੜੇ ਮੇਘਾਨੀਨਗਰ ਖੇਤਰ ਵਿੱਚ ਹਾਦਸਾਗ੍ਰਸਤ ਹੋ ਗਿਆ। ਡੀ.ਜੀ.ਸੀ.ਏ. ਨੇ ਇੱਕ ਬਿਆਨ ਵਿੱਚ ਕਿਹਾ,'12 ਜੂਨ, 2025 ਨੂੰ, ਏਅਰ ਇੰਡੀਆ ਦਾ ਬੀ.ਜੀ.ਐਚ.ਬੀ. ਜਹਾਜ਼ ਜੋ ਵੀ.ਟੀ.ਐਨ.ਬੀ. (ਅਹਿਮਦਾਬਾਦ ਤੋਂ ਗੈਟਵਿਕ ਜਾ ਰਿਹਾ ਸੀ) ਫਲਾਈਟ ਨੰਬਰ ਏ.ਆਈ.-171 ਕਰੈਸ਼ ਹੋ ਗਿਆ ਸੀ। ਜਹਾਜ਼ ਵਿੱਚ 242 ਲੋਕ ਸਵਾਰ ਸਨ, ਜਿਨ੍ਹਾਂ ਵਿੱਚ ਦੋ ਪਾਇਲਟ ਅਤੇ 10 ਹੋਰ ਚਾਲਕ ਦਲ ਦੇ ਮੈਂਬਰ ਸ਼ਾਮਲ ਸਨ।

ਮੇਅਡੇਅ ਕਾਲ ਕੀ ਹੈ?

ਮੇਅਡੇਅ ਕਾਲ' ਕਿਸੇ ਵੀ ਉਡਾਣ ਵਿੱਚ ਇੱਕ ਐਮਰਜੈਂਸੀ ਸੁਨੇਹਾ ਹੈ, ਜੋ ਪਾਇਲਟ ਉਦੋਂ ਦਿੰਦਾ ਹੈ ਜਦੋਂ ਜਹਾਜ਼ ਗੰਭੀਰ ਮੁਸ਼ਕਲ ਵਿੱਚ ਹੁੰਦਾ ਹੈ ਅਤੇ ਯਾਤਰੀਆਂ ਜਾਂ ਚਾਲਕ ਦਲ ਦੀ ਜਾਨ ਖ਼ਤਰੇ ਵਿੱਚ ਹੁੰਦੀ ਹੈ। ਜਿਵੇਂ ਕਿ ਜਹਾਜ਼ ਦਾ ਇੰਜਣ ਫੇਲ੍ਹ ਹੋਣਾ, ਜਹਾਜ਼ ਵਿੱਚ ਅੱਗ ਲੱਗਣਾ, ਹਵਾ ਵਿੱਚ ਟਕਰਾਉਣ ਦਾ ਖ਼ਤਰਾ, ਜਾਂ ਹਾਈਜੈਕਿੰਗ ਵਰਗੀ ਸਥਿਤੀ। ਇਸ ਕਾਲ ਰਾਹੀਂ, ਕੋਈ ਵੀ ਪਾਇਲਟ ਏਅਰ ਟ੍ਰੈਫਿਕ ਕੰਟਰੋਲ (ਏ.ਟੀ.ਸੀ.) ਅਤੇ ਨੇੜਲੇ ਜਹਾਜ਼ਾਂ ਨੂੰ ਸੂਚਿਤ ਕਰਦਾ ਹੈ ਕਿ ਜਹਾਜ਼ ਨੂੰ ਤੁਰੰਤ ਮਦਦ ਦੀ ਲੋੜ ਹੈ। ਜਹਾਜ਼ ਦੇ ਰੇਡੀਓ 'ਤੇ ਤਿੰਨ ਵਾਰ ਕਿਹਾ ਜਾਂਦਾ ਹੈ—÷ਮੇਅਡੇਅ,ਮੇਅਡੇਅ,ਮੇਅਡੇਅ ਤਾਂ ਜੋ ਇਹ ਸਪੱਸ਼ਟ ਹੋ ਜਾਵੇ ਕਿ ਇਹ ਕੋਈ ਮਜ਼ਾਕ ਨਹੀਂ ਸਗੋਂ ਇੱਕ ਅਸਲੀ ਸੰਕਟ ਹੈ। ਜਾਣਕਾਰੀ ਅਨੁਸਾਰ, ਜਿਵੇਂ ਹੀ ਮੇਅਡੇਅ ਕਾਲ ਦਿੱਤੀ ਜਾਂਦੀ ਹੈ, ਕੰਟਰੋਲ ਰੂਮ ਉਸ ਜਹਾਜ਼ ਨੂੰ ਤਰਜੀਹ ਦਿੰਦਾ ਹੈ ਅਤੇ ਇਸ ਦੀ ਮਦਦ ਲਈ ਸਾਰੇ ਸਰੋਤ ਲਗਾ ਦਿੰਦਾ ਹੈ, ਜਿਵੇਂ ਕਿ ਐਮਰਜੈਂਸੀ ਲੈਂਡਿੰਗ ਦੀ ਇਜਾਜ਼ਤ, ਰਨਵੇਅ ਸਾਫ਼ ਕਰਨਾ, ਐਂਬੂਲੈਂਸ ਅਤੇ ਫਾਇਰ ਬ੍ਰਿਗੇਡ ਨੂੰ ਤਿਆਰ ਰੱਖਣਾ। 'ਮੇਅਡੇਅ' ਸ਼ਬਦ ਫਰਾਂਸੀਸੀ ਸ਼ਬਦ ਤੋਂ ਆਇਆ ਹੈ, ਜਿਸ ਦਾ ਅਰਥ ਹੈ ਮੇਰੀ ਮਦਦ ਕਰੋ। ਇਹ ਧਿਆਨ ਦੇਣ ਯੋਗ ਹੈ ਕਿ ਜੇਕਰ ਸਥਿਤੀ ਬਹੁਤ ਗੰਭੀਰ ਨਹੀਂ ਹੈ ਪਰ ਚਿੰਤਾ ਦਾ ਵਿਸ਼ਾ ਹੈ, ਤਾਂ ਪਾਇਲਟ ਪੈਨ-ਪੈਨ ਕਹਿੰਦਾ ਹੈ, ਜਿਸ ਨੂੰ 'ਮੇਅਡੇਅ' ਨਾਲੋਂ ਘੱਟ ਗੰਭੀਰ ਮੰਨਿਆ ਜਾਂਦਾ ਹੈ।

**ਬਾਲੀਵੁੱਡ ਅਦਾਕਾਰਾਂ ਵੱਲੋਂ ਜਹਾਜ਼ ਹਾਦਸੇ 'ਤੇ ਦੁੱਖ ਜ਼ਾਹਰ** : ਅਹਿਮਦਾਬਾਦ ਵਿਚ ਜਹਾਜ਼ ਹਾਦਸਾ ਦੀ ਘਟਨਾ ਨੂੰ ਲੈ ਕੇ ਵੱਖ-ਵੱਖ ਬਾਲੀਵੁੱਡ ਅਦਾਕਾਰਾਂ ਵੱਲੋਂ ਦੁੱਖ ਪ੍ਰਗਟਾਇਆ ਜਾ ਰਿਹਾ ਹੈ। ਅਕਸ਼ੇ ਕੁਮਾਰ, ਸੰਨੀ ਦਿਓਲ, ਰਿਤੇਸ਼ ਦੇਸ਼ਮੁੱਖ ਸਮੇਤ ਵੱਖ-ਵੱਖ ਅਦਾਕਾਰਾਂ ਨੇ ਇਸ ਘਟਨਾ 'ਤੇ ਦੁੱਖ ਪ੍ਰਗਟ ਕੀਤਾ ਅਤੇ ਜਹਾਜ਼ ਵਿਚ ਸਵਾਰ ਲੋਕਾਂ ਦੀ ਸੁਰੱਖਿਆ ਦੀ ਕਾਮਨਾ ਕੀਤੀ। ਅਕਸ਼ੇ ਕੁਮਾਰ ਨੇ ਸੋਸ਼ਲ ਮੀਡੀਆ 'ਤੇ ਪੋਸਟ ਸਾਂਝੀ ਕਰਦਿਆਂ ਲਿਖਿਆ ਕਿ ਏਅਰ ਇੰਡੀਆ ਜਹਾਜ਼ ਹਾਦਸੇ ਨੂੰ ਲੈ ਕੇ ਹੈਰਾਨ ਅਤੇ ਦੁੱਖ 'ਚ ਹਾਂ। ਇਸ ਸਮੇਂ ਸਿਰਫ਼ ਪ੍ਰਾਰਥਨਾ। ਸੰਨੀ ਦਿਓਲ ਨੇ ਲਿਖਿਆ ਕਿ ਇਸ ਘਟਨਾ ਨੂੰ ਲੈ ਕੇ ਦੁੱਖ 'ਚ ਹਾਂ। ਸਾਰਿਆਂ ਦੀ ਸੁਰੱਖਿਆ ਲਈ ਦਿਲੋਂ ਅਰਦਾਸ ਕਰ ਰਿਹਾ ਹਾਂ। ਜੋ ਉਨ੍ਹਾਂ ਨੂੰ ਸਹਾਇਤਾ ਦੀ ਲੋੜ ਹੈ, ਉਹ ਜ਼ਰੂਰ ਮਿਲੇ। ਜੋ ਸਾਥੋਂ ਵਿਛੜ ਗਏ ਹਨ, ਰੱਬ ਉਨ੍ਹਾਂ ਦੀ ਆਤਮਾ ਨੂੰ ਸ਼ਾਂਤੀ ਦੇਣ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਇਸ ਔਖੇ ਸਮੇਂ ਤਾਕਤ ਮਿਲੇ। ਰਿਤੇਸ਼ ਨੇ ਲਿਖਿਆ ਕਿ ਇਸ ਦੁਖਦਾਈ ਘਟਨਾ ਨੂੰ ਲੈ ਕੇ ਉਹ ਸਦਮੇ ਵਿਚ ਹਨ। ਸਾਰੇ ਯਾਤਰੀਆਂ, ਉਨ੍ਹਾਂ ਦੇ ਪਰਿਵਾਰਾਂ ਅਤੇ ਜੋ ਵੀ ਇਸ ਘਟਨਾ ਨਾਲ ਪ੍ਰਭਾਵਿਤ ਹੋਇਆ ਹੈ, ਉਹ ਸਾਰਿਆਂ ਨਾਲ ਖੜ੍ਹੇ ਹਨ। ਇਸ ਔਖੇ ਸਮੇਂ ਮੇਰੇ ਵਿਚਾਰ ਅਤੇ ਅਰਦਾਸ ਪੀੜਤਾਂ ਨਾਲ ਹਨ। ਪਰੀਨੀਤੀ ਚੋਪੜਾ ਨੇ ਲਿਖਿਆ ਕਿ ਉਹ ਉਨ੍ਹਾਂ ਪਰਿਵਾਰਾਂ ਦੇ ਦਰਦ ਦੀ ਕਲਪਨਾ ਵੀ ਨਹੀਂ ਕਰ ਸਕਦੇ ਜੋ ਅੱਜ ਏਅਰ ਇੰਡੀਆ ਜਹਾਜ਼ ਨਾਲ ਵਾਪਰੇ ਹਾਦਸੇ ਵਿਚ ਪ੍ਰਭਾਵਿਤ ਹੋਏ ਹਨ। ਅਦਾਕਾਰ ਰਣਦੀਪ ਹੁੱਡਾ, ਕੰਗਣਾ ਰਣੌਤ ਅਤੇ ਸੋਨੂੰ ਸੂਦ ਨੇ ਵੀ ਇਸ ਘਟਨਾ 'ਤੇ ਦੁੱਖ ਪ੍ਰਗਟ ਕੀਤਾ।

## ਹਾਦਸੇ 'ਚ 625 ਫੁੱਟ ਤੋਂ ਡਿੱਗ ਕੇ ਚਮਤਕਾਰੀ

ਵੱਧ ਸਕਦੀ ਹੈ। ਬਚੇ ਵਿਅਕਤੀ ਦਾ ਨਾਮ ਰਮੇਸ਼ ਵਿਸ਼ਵਾਸ ਕੁਮਾਰ ਦੱਸਿਆ ਜਾ ਰਿਹਾ ਹੈ। ਵਿਸ਼ਵਾਸ ਦਾ ਇਲਾਜ ਅਹਿਮਦਾਬਾਦ ਸਿਵਲ ਹਸਪਤਾਲ ਵਿੱਚ ਕੀਤਾ ਜਾ ਰਿਹਾ ਹੈ। ਰਮੇਸ਼ ਵਿਸ਼ਵਾਸ ਨੇ ਦੱਸਿਆ ਕਿ ਉਡਾਣ ਭਰਨ ਤੋਂ 30 ਸਕਿੰਟਾਂ ਬਾਅਦ ਜਹਾਜ਼ ਕਰੈਸ਼ ਹੋ ਗਿਆ। ਜਦੋਂ ਮੈਨੂੰ ਹੋਸ਼ ਆਇਆ ਤਾਂ ਮੇਰੇ ਆਲੇ-ਦੁਆਲੇ ਲਾਸ਼ਾਂ ਸਨ, ਕਿਸੇ ਨੇ ਮੈਨੂੰ ਚੁੱਕਿਆ ਅਤੇ ਐਂਬੂਲੈਂਸ ਵਿੱਚ ਪਾ ਦਿੱਤਾ। ਮੈਨੂੰ ਵਿਸ਼ਵਾਸ ਨਹੀਂ ਹੋ ਰਿਹਾ ਕਿ ਮੈਂ ਜਿਉਂਦਾ ਹਾਂ। ਇਹ ਕਿਸੇ ਚਮਤਕਾਰ ਤੋਂ ਘੱਟ ਨਹੀਂ। ਉਸ ਨੇ ਕਿਹਾ ਕਿ ਮੇਰਾ ਭਰਾ ਵੀ ਮੇਰੇ ਨਾਲ ਜਹਾਜ਼ ਵਿੱਚ ਸਫ਼ਰ ਕਰ ਰਿਹਾ ਸੀ, ਕਿਰਪਾ ਕਰਕੇ ਉਸਨੂੰ ਲੱਭਣ ਵਿੱਚ ਮੇਰੀ ਮਦਦ ਕਰੋ।

## ਅਹਿਮਦਾਬਾਦ ਤੇ ਨਵੀਂ ਦਿੱਲੀ 'ਚ

ਲਈ ਸਰਗਰਮ ਕਰ ਦਿੱਤਾ ਗਿਆ ਹੈ ਅਸੀਂ ਪ੍ਰਭਾਵਿਤ ਸਾਰੇ ਲੋਕਾਂ ਨੂੰ ਤੇਜ਼ ਪ੍ਰਤੀਕਿਰਿਆ ਅਤੇ ਪੂਰੀ ਸਹਾਇਤਾ ਲਈ ਵਚਨਬੱਧ ਹਾਂ। ਐਕਸ 'ਤੇ ਇੱਕ ਪੋਸਟ ਵਿੱਚ ਏਅਰ ਇੰਡੀਆ ਨੇ ਕਿਹਾ ਕਿ ਉਸਨੇ ਵਧੇਰੇ ਜਾਣਕਾਰੀ ਪ੍ਰਦਾਨ ਕਰਨ ਲਈ ਇੱਕ ਸਮਰਪਿਤ ਯਾਤਰੀ ਹੌਟਲਾਈਨ ਨੰਬਰ 1800 5691 444 ਸਥਾਪਤ ਕੀਤਾ ਹੈ। ਸਾਰੇ ਜ਼ਰੂਰੀ ਪ੍ਰਤੀਕਿਰਿਆ ਉਪਾਵਾਂ ਦੀ ਨਿਗਰਾਨੀ ਅਤੇ ਤਾਲਮੇਲ ਲਈ ਮੰਤਰਾਲੇ ਵਿੱਚ ਇੱਕ ਸੰਚਾਲਨ ਕੰਟਰੋਲ ਰੂਮ ਨੂੰ ਸਰਗਰਮ ਕਰ ਦਿੱਤਾ ਗਿਆ ਹੈ। ਏਅਰਪੋਰਟ ਅਥਾਰਟੀ ਆਫ਼ ਇੰਡੀਆ (ਏ.ਏ.ਆਈ.) ਨੇ ਐਕਸ 'ਤੇ ਇੱਕ ਪੋਸਟ ਵਿੱਚ ਕਿਹਾ, ਸਹਾਇਤਾ ਜਾਂ ਜਾਣਕਾਰੀ ਲਈ, ਕਿਰਪਾ ਕਰਕੇ ਸੰਪਰਕ ਕਰੋ: (ਦਿੱਲੀ ਕੰਟਰੋਲ ਰੂਮ) 011-24610843/ 9650391859 ਆਪ੍ਰੇਸ਼ਨ ਕੰਟਰੋਲ ਰੂਮ (ਅਹਿਮਦਾਬਾਦ) 9978405304/ 079-23251900।

## ਜਹਾਜ਼ ਹਾਦਸੇ ਦੇ ਪੀੜਤਾਂ ਦੇ ਪਰਿਵਾਰਾਂ ਪ੍ਰਤੀ ਮੋਦੀ

ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਾਡੀ ਐਮਰਜੈਂਸੀ ਟੀਮ ਮੌਕੇ 'ਤੇ ਮੌਜੂਦ ਹੈ। ਲੋੜਵੰਦ ਲੋਕਾਂ ਨੂੰ ਪੂਰੀ ਮਦਦ ਦਿੱਤੀ ਜਾ ਰਹੀ ਹੈ। ਜਿਵੇਂ ਹੀ ਸਾਨੂੰ ਹੋਰ ਸਹੀ ਜਾਣਕਾਰੀ ਮਿਲੇਗੀ, ਅਸੀਂ ਹੋਰ ਅਪਡੇਟ ਦਿੰਦੇ ਰਹਾਂਗੇ। ਉਨ੍ਹਾਂ ਕਿਹਾ ਕਿ ਅਸੀਂ ਇੱਕ ਐਮਰਜੈਂਸੀ ਸਹਾਇਤਾ ਕੇਂਦਰ ਸ਼ੁਰੂ ਕੀਤਾ ਹੈ ਤਾਂ ਜੋ ਜਿਨ੍ਹਾਂ ਪਰਿਵਾਰਾਂ ਨੂੰ ਜਾਣਕਾਰੀ ਦੀ ਲੋੜ ਹੈ, ਉਨ੍ਹਾਂ ਨੂੰ ਮਦਦ ਮਿਲ ਸਕੇ। ਜਹਾਜ਼ ਹਾਦਸੇ ਦੀ ਖ਼ਬਰ ਮਿਲਦੇ ਹੀ ਸਿਵਲ ਹਵਾਬਾਜ਼ੀ ਮੰਤਰੀ ਰਾਮ ਮੋਹਨ ਨਾਇਡੂ ਵਿਜੇਵਾੜਾ ਤੋਂ ਅਹਿਮਦਾਬਾਦ ਪਹੁੰਚੇ। ਉਹ ਤੁਰੰਤ, ਤਾਲਮੇਲ ਵਾਲੇ ਜਵਾਬ ਅਤੇ ਸਹਾਇਤਾ ਨੂੰ ਯਕੀਨੀ ਬਣਾਉਣ ਲਈ ਡੀ.ਜੀ.ਸੀ.ਏ., ਐਨ.ਡੀ.ਆਰ.ਐਫ. ਅਤੇ ਗੁਜਰਾਤ ਰਾਜ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਨਾਲ ਲਗਾਤਾਰ ਸੰਪਰਕ ਵਿੱਚ ਹਨ। ਬਚਾਅ ਅਤੇ ਮੈਡੀਕਲ ਟੀਮਾਂ ਮੌਕੇ 'ਤੇ ਮੌਜੂਦ ਹਨ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਇਸ ਹਾਦਸੇ 'ਤੇ ਦੁੱਖ ਪ੍ਰਗਟਾਉਂਦਿਆਂ ਕਿਹਾ ਕਿ ਅਹਿਮਦਾਬਾਦ ਵਿੱਚ ਹੋਏ ਦੁਖਦਾਈ ਜਹਾਜ਼ ਹਾਦਸੇ 'ਤੇ ਮੈਨੂੰ ਜੋ ਦੁੱਖ ਹੋਇਆ, ਮੈਂ ਉਸ ਨੂੰ ਸ਼ਬਦਾਂ ਵਿੱਚ ਬਿਆਨ ਨਹੀਂ ਕਰ ਸਕਦਾ। ਆਫ਼ਤ ਪ੍ਰਤੀਕਿਰਿਆ ਬਲਾਂ ਨੂੰ ਤੁਰੰਤ ਹਾਦਸੇ ਵਾਲੀ ਥਾਂ 'ਤੇ ਭੇਜਿਆ ਗਿਆ ਹੈ। ਸਥਿਤੀ ਦਾ ਜਾਇਜ਼ਾ ਲੈਣ ਲਈ ਗੁਜਰਾਤ ਦੇ ਮੁੱਖ ਮੰਤਰੀ ਸ਼੍ਰੀ ਭੂਪੇਂਦਰ ਪਟੇਲ, ਗ੍ਰਹਿ ਮੰਤਰੀ ਸ਼੍ਰੀ ਹਰਸ਼ ਸੰਘਵੀ ਅਤੇ ਅਹਿਮਦਾਬਾਦ ਪੁਲਿਸ ਕਮਿਸ਼ਨਰ ਨਾਲ ਗੱਲ ਕੀਤੀ। ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਇਸ ਹਾਦਸੇ ਨੂੰ ਦਿਲ ਦਹਿਲਾਉਣ ਵਾਲਾ ਦੱਸਿਆ। ਉਨ੍ਹਾਂ ਕਿਹਾ ਕਿ ਇੱਕ ਯਾਤਰੀ ਉਡਾਣ ਦੌਰਾਨ ਰਿਹਾਇਸ਼ੀ ਖੇਤਰ ਦੇ ਨੇੜੇ ਹਾਦਸਾਗ੍ਰਸਤ ਹੋ ਗਿਆ ਹੈ। ਧੂੰਏਂ ਅਤੇ ਤਬਾਹੀ ਦੀਆਂ ਤਸਵੀਰਾਂ ਬੇਹੱਦ ਪ੍ਰੇਸ਼ਾਨ ਕਰਨ ਵਾਲੀਆਂ ਹਨ। ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਾਂ।

## ਰਾਸ਼ਟਰਪਤੀ ਮੁਰਮੂ

## ਸਮੇਤ ਦੇਸ਼-ਵਿਦੇਸ਼

ਹਨ। ਉਨ੍ਹਾਂ ਕਿਹਾ,'ਇਹ ਦਿਲ ਨੂੰ ਦਹਿਲਾ ਦੇਣ ਵਾਲਾ ਦੁਖਾਂਤ ਹੈ। ਮੇਰੇ ਵਿਚਾਰ ਅਤੇ ਪ੍ਰਾਰਥਨਾਵਾਂ ਪ੍ਰਭਾਵਿਤ ਲੋਕਾਂ ਦੇ ਨਾਲ ਹਨ। ਇਸ ਅਦੁੱਤੀ ਦੁੱਖ ਦੀ ਘੜੀ ਵਿੱਚ ਦੇਸ਼ ਉਨ੍ਹਾਂ ਦੇ ਨਾਲ ਖੜ੍ਹਾ ਹੈ।

ਨਵੀਂ ਦਿੱਲੀ: ਕਾਂਗਰਸ ਸੰਸਦੀ ਪਾਰਟੀ ਦੀ ਨੇਤਾ ਸੋਨੀਆ ਗਾਂਧੀ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਅਤੇ ਪਾਰਟੀ ਦੀ ਜਨਰਲ ਸਕੱਤਰ ਪ੍ਰਿਯੰਕਾ ਗਾਂਧੀ ਵਾਡਰਾ ਨੇ ਅਹਿਮਦਾਬਾਦ ਜਹਾਜ਼ ਹਾਦਸੇ 'ਤੇ ਡੂੰਘਾ ਦੁੱਖ ਪ੍ਰਗਟ ਕਰਦੇ ਹੋਏ ਪੀੜਤਾਂ ਦੇ ਪਰਿਵਾਰਾਂ ਪ੍ਰਤੀ ਡੂੰਘੀ ਸੰਵੇਦਨਾ ਪ੍ਰਗਟ ਕੀਤੀ ਹੈ। ਵੀਰਵਾਰ ਨੂੰ ਆਪਣੇ ਸ਼ੋਕ ਸੰਦੇਸ਼ ਵਿੱਚ ਸ਼੍ਰੀਮਤੀ ਸੋਨੀਆ ਗਾਂਧੀ ਨੇ ਕਿਹਾ,'ਅਹਿਮਦਾਬਾਦ ਵਿੱਚ ਹੋਏ ਦੁਖਦਾਈ ਜਹਾਜ਼ ਹਾਦਸੇ ਤੋਂ ਮੈਂ ਬਹੁਤ ਹੈਰਾਨ ਅਤੇ ਦੁਖੀ ਹਾਂ। ਮੇਰੀਆਂ ਸੰਵੇਦਨਾਵਾਂ ਯਾਤਰੀਆਂ ਅਤੇ ਚਾਲਕ ਦਲ ਦੇ ਪਰਿਵਾਰਾਂ ਨਾਲ ਹਨ। ਜੋ ਦ੍ਰਿਸ਼ ਸਾਹਮਣੇ ਆਏ ਹਨ, ਉਹ ਬਹੁਤ ਦਰਦਨਾਕ ਹਨ। ਪੂਰਾ ਦੇਸ਼ ਸੋਗ ਵਿੱਚ ਹੈ ਅਤੇ ਪ੍ਰਾਰਥਨਾ ਕਰ ਰਿਹਾ ਹੈ।' ਇਸ ਮੌਕੇ ਰਾਹੁਲ ਗਾਂਧੀ ਨੇ ਕਿਹਾ ਕਿ ਅਹਿਮਦਾਬਾਦ ਏਅਰ ਇੰਡੀਆ ਹਾਦਸਾ ਦਿਲ ਨੂੰ ਤੋੜਨ ਵਾਲਾ ਹੈ। ਯਾਤਰੀਆਂ ਅਤੇ ਚਾਲਕ ਦਲ ਦੇ ਮੈਂਬਰਾਂ ਦੇ ਪਰਿਵਾਰ ਜਿਸ ਦਰਦ ਵਿੱਚੋਂ ਗੁਜ਼ਰ ਰਹੇ ਹਨ, ਉਹ ਕਲਪਨਾਯੋਗ ਨਹੀਂ ਹੈ। ਇਸ ਬਹੁਤ ਔਖੇ ਸਮੇਂ ਵਿੱਚ ਮੇਰੀਆਂ ਸੰਵੇਦਨਾਵਾਂ ਉਨ੍ਹਾਂ ਸਾਰਿਆਂ ਨਾਲ ਹਨ। ਪ੍ਰਸ਼ਾਸਨ ਵੱਲੋਂ ਤੁਰੰਤ ਬਚਾਅ ਅਤੇ ਰਾਹਤ ਕਾਰਜ ਬਹੁਤ ਜ਼ਰੂਰੀ ਹਨ-ਹਰ ਜੀਵਨ ਮਾਇਨੇ ਰੱਖਦਾ ਹੈ, ਹਰ ਸਕਿੰਟ ਮਾਇਨੇ ਰੱਖਦਾ ਹੈ। ਕਾਂਗਰਸ ਵਰਕਰਾਂ ਨੂੰ ਜ਼ਮੀਨੀ ਪੱਧਰ 'ਤੇ ਮਦਦ ਕਰਨ ਲਈ ਹਰ ਸੰਭਵ ਕੋਸ਼ਿਸ਼ ਕਰਨੀ ਚਾਹੀਦੀ ਹੈ। ਵਾਡਰਾ ਨੇ ਕਿਹਾ,'ਏਅਰ ਇੰਡੀਆ ਦੇ ਜਹਾਜ਼ ਵਿੱਚ ਸਵਾਰ ਯਾਤਰੀਆਂ ਅਤੇ ਚਾਲਕ ਦਲ ਦੇ ਮੈਂਬਰਾਂ ਦੇ ਪਰਿਵਾਰਾਂ ਪ੍ਰਤੀ ਮੇਰੀ ਡੂੰਘੀ ਸੰਵੇਦਨਾ ਹੈ।'

ਚੰਡੀਗੜ੍ਹ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ 'ਆਪ' ਸੁਪਰੀਮੋ ਵੱਲੋਂ ਵੀ ਇਸ ਘਟਨਾ 'ਤੇ ਦੁੱਖ ਪ੍ਰਗਟ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਦਿਲ-ਕੰਬਾਊ ਹਾਦਸੇ ਦੇ ਦ੍ਰਿਸ਼ ਦੇਖ ਕੇ ਉਨ੍ਹਾਂ ਨੂੰ ਕਾਫੀ ਦੁੱਖ ਹੋਇਆ ਹੈ। ਇਸ ਤੋਂ ਇਲਾਵਾ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਵੀ ਇਸ ਘਟਨਾ 'ਤੇ ਦੁੱਖ ਪ੍ਰਗਟ ਕੀਤਾ ਹੈ। ਸਾਬਕਾ ਮੁੱਖ ਮੰਤਰੀ ਤੇ ਭਾਜਪਾ ਆਗੂ ਕੈਪਟਨ ਅਮਰਿੰਦਰ ਸਿੰਘ ਨੇ ਵੀ ਹਾਦਸੇ 'ਤੇ ਦੁੱਖ ਜ਼ਾਹਰ ਕੀਤਾ ਹੈ।

ਜ਼ਿਕਰਯੋਗ ਹੈ ਕਿ ਬੋਇੰਗ 787-8 ਡਰੀਮਲਾਈਨਰ ਜੋ ਉਡਾਣ ਭਰਨ ਤੋਂ ਬਾਅਦ ਹੀ ਅਹਿਮਦਾਬਾਦ ਏਅਰਪੋਰਟ ਨੇੜੇ ਹਾਦਸੇ ਦੀ ਲਪੇਟ ਵਿਚ ਆ ਗਿਆ, ਉਸ ਵਿਚ 169 ਭਾਰਤੀ, 53 ਬ੍ਰਿਟਿਸ਼, ਇਕ ਕੈਨੇਡੀਅਨ ਅਤੇ 7 ਪੁਰਤਗਾਲ ਦੇ ਨਾਗਰਿਕ ਸਨ।

## ਹੋਸਟਲ ਦੇ 6 ਡਾਕਟਰਾਂ

ਰਹਿੰਦਾ ਸੀ, ਜਿੱਥੇ ਜਹਾਜ਼ ਕ੍ਰੈਸ਼ ਹੋਇਆ। ਰਮੀਲਾ ਨੇ ਕਿਹਾ ਕਿ ਮੇਰਾ ਪੁੱਤਰ ਲੰਚ ਬਰੇਕ ਲਈ ਹੋਸਟਲ ਗਿਆ ਸੀ ਅਤੇ ਉੱਥੇ ਪਲੇਨ ਆ ਡਿੱਗਿਆ। ਮੈਨੂੰ ਲੱਗਾ ਸਭ ਕੁਝ ਖ਼ਤਮ ਹੋ ਗਿਆ ਪਰ ਪਰਮਾਤਮਾ ਦਾ ਸ਼ੁੱਕਰ ਹੈ ਮੇਰਾ ਪੁੱਤਰ ਬਚ ਗਿਆ। ਰਮੀਲਾ ਨੇ ਅੱਗੇ ਦੱਸਿਆ ਕਿ ਹਾਦਸੇ ਦੇ ਸਮੇਂ ਉਨ੍ਹਾਂ ਦੇ ਪੁੱਤਰ ਨੇ ਜਾਨ ਬਚਾਉਣ ਲਈ ਦੂਜੀ ਮੰਜ਼ਿਲ ਤੋਂ ਛਾਲ ਮਾਰ ਦਿੱਤੀ, ਜਿਸ ਕਾਰਨ ਉਸ ਨੂੰ ਕੁਝ ਸੱਟਾਂ ਵੀ ਲੱਗੀਆਂ ਹਨ।

## ਹਾਈ ਕੋਰਟ ਵੱਲੋਂ ਆਰ.ਸੀ.ਬੀ. ਦੇ ਮਾਰਕੀਟਿੰਗ ਮੁਖੀ

ਵਿਅਕਤੀਆਂ ਨੂੰ ਆਪਣੇ ਪਾਸਪੋਰਟ ਸਪੁਰਦ ਕਰਨ ਲਈ ਕਿਹਾ ਹੈ। ਇਹ ਮਾਮਲਾ ਜਸਟਿਸ ਐਸ.ਆਰ. ਕ੍ਰਿਸ਼ਨਾ ਕੁਮਾਰ ਦੀ ਅਦਾਲਤ ਵਿੱਚ ਸੁਣਵਾਈ ਲਈ ਆਇਆ, ਜਿਨ੍ਹਾਂ ਨੇ 11 ਜੂਨ ਨੂੰ ਦਲੀਲਾਂ ਸੁਣਨ ਤੋਂ ਬਾਅਦ ਸੋਸਾਲੇ ਦੀ ਅੰਤਰਿਮ ਅਰਜ਼ੀ 'ਤੇ ਫੈਸਲਾ ਰਾਖਵਾਂ ਰੱਖ ਲਿਆ ਸੀ।

## ਦੇਸ਼ ਵਿੱਚ ਕੋਰੋਨਾ ਦੇ ਸਰਗਰਮ

ਮੰਗਲਵਾਰ ਨੂੰ 6 ਲੋਕਾਂ ਨੇ ਆਪਣੀਆਂ ਜਾਨਾਂ ਗੁਆ ਦਿੱਤੀਆਂ। ਕੇਰਲ ਅਤੇ ਮਹਾਰਾਸ਼ਟਰ ਵਿੱਚ ਸਭ ਤੋਂ ਵੱਧ 19-19 ਮੌਤਾਂ ਹੋਈਆਂ ਹਨ। ਸਿਹਤ ਵਿਭਾਗ ਦੇ ਅਨੁਸਾਰ, ਪਿਛਲੇ ਇੱਕ ਹਫ਼ਤੇ ਵਿੱਚ ਕੋਰੋਨਾ ਕਾਰਨ 30 ਲੋਕਾਂ ਦੀ ਮੌਤ ਹੋ ਗਈ ਹੈ। ਹੁਣ ਤੱਕ ਨਵੇਂ ਵੇਰੀਐਂਟ ਕਾਰਨ 74 ਲੋਕਾਂ ਦੀ ਮੌਤ ਹੋ ਚੁੱਕੀ ਹੈ। ਮੰਗਲਵਾਰ ਨੂੰ 6 ਲੋਕਾਂ ਨੇ ਆਪਣੀਆਂ ਜਾਨਾਂ ਗੁਆ ਦਿੱਤੀਆਂ। ਕੇਰਲ ਅਤੇ ਮਹਾਰਾਸ਼ਟਰ ਵਿੱਚ ਸਭ ਤੋਂ ਵੱਧ 19-19 ਮੌਤਾਂ ਹੋਈਆਂ ਹਨ।. ਦੇਸ਼ ਵਿੱਚ ਕੋਰੋਨਾਵਾਇਰਸ ਦੇ ਮਾਮਲਿਆਂ ਅਤੇ ਮੌਤਾਂ ਦੀ ਗਿਣਤੀ ਤੇਜ਼ੀ ਨਾਲ ਵੱਧ ਰਹੀ ਹੈ। ਇਸ ਦੇ ਮੱਦੇਨਜ਼ਰ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਮਿਲਣ ਵਾਲੇ ਸਾਰੇ ਮੰਤਰੀਆਂ ਲਈ ਆਰਟੀ-ਪੀਸੀਆਰ ਟੈਸਟ ਕਰਵਾਉਣਾ ਲਾਜ਼ਮੀ ਕਰ ਦਿੱਤਾ ਗਿਆ ਹੈ। ਇਹ ਜਾਣਕਾਰੀ ਸਰਕਾਰੀ ਸੂਤਰਾਂ ਦੇ ਹਵਾਲੇ ਨਾਲ ਮੀਡੀਆ ਰਿਪੋਰਟਾਂ ਵਿੱਚ ਸਾਹਮਣੇ ਆਈ ਹੈ।

## ਕਰਨਾਟਕ 'ਚ ਨਵਾਂ ਜਾਤੀ ਸਰਵੇਖਣ

ਬਾਅਦ ਆਇਆ ਹੈ। ਇਹ ਫ਼ੈਸਲਾ ਇਸ ਕਾਰਨ ਲਿਆ ਗਿਆ ਹੈ ਤਾਂ ਕਿ ਕੁਝ ਭਾਈਚਾਰਿਆਂ ਦੀਆਂ ਚਿੰਤਾਵਾਂ ਨੂੰ ਦੂਰ ਕੀਤਾ ਜਾ ਸਕੇ, ਜਿਨ੍ਹਾਂ ਨੇ 10 ਸਾਲ ਪਹਿਲਾਂ ਕੀਤੇ ਗਏ ਸਰਵੇਖਣ ਤੋਂ ਬਾਹਰ ਰਹਿਣ ਦੀ ਸ਼ਿਕਾਇਤ ਕੀਤੀ ਸੀ। ਮੁੱਖ ਮੰਤਰੀ ਨੇ ਕਿਹਾ ਕਿ ਕਰਨਾਟਕ ਰਾਜ ਪੱਛੜੇ ਵਰਗ ਕਮਿਸ਼ਨ ਐਕਟ ਦੀ ਧਾਰਾ 11(1) ਦੇ ਅਨੁਸਾਰ ਵੀ, ਰਾਜ ਸਰਕਾਰ ਨੂੰ ਇੱਕ ਸਰਵੇਖਣ ਕਰਵਾਉਣਾ ਚਾਹੀਦਾ ਹੈ, ਕਿਉਂਕਿ ਆਖਰੀ ਸਰਵੇਖਣ ਨੂੰ ਦਸ ਸਾਲ ਹੋ ਗਏ ਹਨ।

## ਅੰਤ੍ਰਿੰਗ ਕਮੇਟੀ ਵੱਲੋਂ ਗੁਰੂ ਸਾਹਿਬਾਨ ਨਾਲ ਸਬੰਧਤ

ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਤਾਬਦੀਆਂ ਸਬੰਧੀ ਸੰਗਤ ਪਾਸੋਂ ਸੁਝਾਅ ਮੰਗੇ ਗਏ ਹਨ, ਲੇਕਿਨ ਇਹ ਕਾਰਜ ਕਰਨਾ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਦੀ ਜ਼ੁੰਮੇਵਾਰੀ ਹੈ, ਨਾ ਕਿ ਸਰਕਾਰ ਦੀ। ਸਰਕਾਰਾਂ ਦਾ ਕੰਮ ਸ਼ਤਾਬਦੀਆਂ ਮੌਕੇ ਢੁੱਕਵੀਆਂ ਯਾਦਗਾਰਾਂ ਬਣਾਉਣਾ ਅਤੇ ਗੁਰੂ ਸਾਹਿਬਾਨ ਨਾਲ ਸਬੰਧਤ ਨਗਰਾਂ ਅਤੇ ਅਸਥਾਨਾਂ ਵਿਖੇ ਵਿਕਾਸ ਦੇ ਕਾਰਜ ਕਰਨਾ ਹੈ।

ਐਡਵੋਕੇਟ ਧਾਮੀ ਨੇ ਕੇਂਦਰ ਸਰਕਾਰ ਨੂੰ ਵਿਸ਼ੇਸ਼ ਤੌਰ 'ਤੇ ਅਪੀਲ ਕੀਤੀ ਕਿ ਉਹ ਨੌਵੇਂ ਪਾਤਸ਼ਾਹ ਜੀ ਦੇ ਇਸ ਇਤਿਹਾਸਕ ਦਿਹਾੜੇ ਮੌਕੇ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕਰੇ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਦੇ ਨਾਲ-ਨਾਲ ਉਸ ਸਮੇਂ ਹਿੰਦੂ ਧਰਮ ਨੂੰ ਬਚਾਉਣ ਲਈ ਆਪਣੀ ਸ਼ਹਾਦਤ ਦਿੱਤੀ ਸੀ, ਜੋ ਦੁਨੀਆਂ ਦੇ ਧਰਮ ਇਤਿਹਾਸ ਅੰਦਰ ਇਕ ਮਿਸਾਲ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦਾ ਫ਼ਰਜ਼ ਬਣਦਾ ਹੈ ਕਿ ਉਹ ਗੁਰੂ ਸਾਹਿਬ ਦੀ ਇਸ ਮਹਾਨ ਸ਼ਹਾਦਤ ਨੂੰ ਸਤਿਕਾਰ ਦਿੰਦਿਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕਰੇ।

ਇਕੱਤਰਤਾ ਦੇ ਹੋਰ ਫੈਸਲਿਆਂ ਸਬੰਧੀ ਜਾਣਕਾਰੀ ਦਿੰਦਿਆਂ ਐਡਵੋਕੇਟ ਧਾਮੀ ਨੇ ਕਿਹਾ ਕਿ ਜਥੇਦਾਰ ਸਾਹਿਬਾਨ ਦੀ ਨਿਯੁਕਤੀ ਤੇ ਸੇਵਾਮੁਕਤੀ ਬਾਰੇ ਨਿਯਮਾਵਲੀ ਬਣਾਉਣ ਲਈ ਪੁੱਜੇ ਸੁਝਾਵਾਂ ਦੀ ਨਜ਼ਰਸਾਨੀ ਵਾਸਤੇ ਉੱਚ ਪੱਧਰੀ ਕਮੇਟੀ ਗਠਿਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਲੰਘੇ ਬਜਟ ਇਜਲਾਸ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਨਿਯੁਕਤੀ, ਜ਼ੁੰਮੇਵਾਰੀਆਂ ਤੇ ਸੇਵਾਮੁਕਤੀ ਸਬੰਧੀ ਨਿਯਮ ਬਣਾਉਣ ਲਈ ਇਕ ਮਤਾ ਪਾਸ ਕਰਕੇ ਸਿਧਾਂਤਕ ਪ੍ਰਵਾਨਗੀ ਦਿੱਤੀ ਗਈ ਸੀ, ਜਿਸ ਤਹਿਤ ਮੰਗੇ ਸੁਝਾਵਾਂ ਨੂੰ ਵਾਚ ਕੇ ਵਿਧੀ ਵਿਧਾਨ ਬਣਾਇਆ ਜਾਣਾ ਹੈ। ਇਸ ਸਬੰਧ ਵਿਚ ਅੰਤ੍ਰਿੰਗ ਕਮੇਟੀ ਵਿਚ ਵਿਚਾਰ ਕੀਤਾ ਗਿਆ ਹੈ, ਜਿਸ ਅਨੁਸਾਰ ਸਿੱਖ ਸੰਪ੍ਰਦਾਵਾਂ ਦੇ ਨੁਮਾਇੰਦਿਆਂ ਅਤੇ ਸਿੱਖ ਵਿਦਵਾਨਾਂ ਦੀ ਕਮੇਟੀ ਗਠਤ ਕਰਕੇ ਆਏ ਸੁਝਾਵਾਂ ਦੀ ਪੜਚੋਲ ਕੀਤੀ ਜਾਵੇਗੀ।

ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪੂਰੇ ਭਾਰਤ ਅੰਦਰ ਸਿੱਖ ਮਿਸ਼ਨ ਅਤੇ ਵਿਦਿਅਕ ਸੰਸਥਾਵਾਂ ਖੋਲ੍ਹ ਕੇ ਸਿੱਖੀ ਪ੍ਰਚਾਰ ਤੇ ਵਿਦਿਅਕ ਪ੍ਰਸਾਰ ਲਈ ਮੋਹਰੀ ਹੋ ਕੇ ਕਾਰਜ ਕਰ ਰਹੀ ਹੈ। ਪ੍ਰੰਤੂ ਦੁੱਖ ਦੀ ਗੱਲ ਹੈ ਕਿ ਸਰਕਾਰਾਂ ਦੀ ਸ਼ਹਿ 'ਤੇ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼ਾਹਬਾਦ ਮਾਰਕੰਡਾ ਵਿਖੇ ਚੱਲ ਰਹੇ ਮੀਰੀ ਪੀਰੀ ਮੈਡੀਕਲ ਕਾਲਜ ਨੂੰ ਗੈਰ-ਕਾਨੂੰਨੀ ਢੰਗ ਨਾਲ ਹਥਿਆਉਣਾ ਚਾਹੁੰਦੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਮੈਡੀਕਲ ਕਾਲਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਦੇ ਨਾਂ 'ਤੇ ਜ਼ਮੀਨ ਪੁਰ ਸਥਾਪਤ ਕੀਤਾ ਗਿਆ ਹੈ, ਨਾ ਕਿ ਕਿਸੇ ਹਰਿਆਣਾ ਸੂਬੇ ਅੰਦਰ ਸਥਿਤ ਗੁਰਦੁਆਰਾ ਸਾਹਿਬ ਦੀ ਜ਼ਮੀਨ ਪੁਰ। ਉਨ੍ਹਾਂ ਹਰਿਆਣਾ ਕਮੇਟੀ ਨੂੰ ਕਿਹਾ ਕਿ ਉਹ ਸਿਆਸੀ ਪਹੁੰਚ ਨਾ ਅਪਣਾਏ ਅਤੇ ਸ਼੍ਰੋਮਣੀ ਕਮੇਟੀ ਦੁਆਰਾ ਮੈਡੀਕਲ ਖੇਤਰ ਵਿਚ ਕੀਤੀਆਂ ਜਾ ਰਹੀਆਂ ਸੇਵਾਵਾਂ ਵਿਚ ਅੜਿਕਾ ਨਾ ਬਣੇ।

ਅੰਤ੍ਰਿੰਗ ਕਮੇਟੀ ਨੇ ਬੀਤੇ ਦਿਨ ਬਠਿੰਡੇ ਜ਼ਿਲ੍ਹੇ ਦੇ ਰਾਮਪੁਰ ਫੂਲ ਵਿਚ ਇਕ ਗੁਰਸਿੱਖ ਬਜ਼ੁਰਗ ਅਤੇ ਸ੍ਰੀ ਮੁਕਤਸਰ ਸਾਹਿਬ ਵਿਚ ਇਕ ਸਿੱਖ ਨੌਜੁਆਨ ਦੀ ਕੁਟਮਾਰ ਕਰਨ ਅਤੇ ਕਕਾਰਾਂ ਦੀ ਬੇਅਦਬੀ ਕਰਨ ਦੀ ਕਰੜੀ ਨਿੰਦਾ ਕੀਤੀ ਹੈ। ਇਸ ਬਾਰੇ ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ 'ਚ ਸਿੱਖ ਬਹੁਗਿਣਤੀ ਹੋਣ ਦੇ ਬਾਵਜੂਦ ਵੀ ਅਜਿਹਾ ਵਰਤਾਰਾ ਵੱਡੀ ਚਿੰਤਾ ਵਾਲਾ ਹੈ। ਪੰਜਾਬ ਵਿਚ ਵੀ ਅਜਿਹੀ ਫਿਰਕਾਪ੍ਰਸਤੀ ਨੂੰ ਉਤਸ਼ਾਹਤ ਕਰਨ ਵਾਲਿਆਂ ਦੇ ਹੌਂਸਲੇ ਵੱਧ ਰਹੇ ਹਨ, ਪਰ ਸਰਕਾਰ ਮੂਕ ਦਰਸ਼ਕ ਬਣ ਕੇ ਤਮਾਸ਼ਾ ਵੇਖ ਰਹੀ ਹੈ। ਅੰਤ੍ਰਿੰਗ ਕਮੇਟੀ ਨੇ ਸਰਕਾਰ ਨੂੰ ਦੋਸ਼ੀਆਂ ਖਿਲਾਫ਼ ਸਖ਼ਤ ਕਰਵਾਈ ਕਰਨ ਅਤੇ ਅਜਿਹੇ ਲੋਕਾਂ ਨੂੰ ਨੱਥ ਪਾਉਣ ਲਈ ਆਖਿਆ।

ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਾਬਕਾ ਕੇਂਦਰੀ ਮੰਤਰੀ ਸ. ਸੁਖਦੇਵ ਸਿੰਘ ਢੀਂਡਸਾ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਇੰਦਰਜੀਤ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਮੈਂਬਰ ਸ. ਹਰਦਿਆਲ ਸਿੰਘ ਸੁਰਸਿੰਘ ਨਮਿਤ ਮੂਲਮੰਤਰ ਤੇ ਗੁਰਮੰਤਰ ਦਾ ਜਾਪ ਕਰਕੇ ਵਿਛੜੀ ਰੂਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਕਮੇਟੀ ਮੈਂਬਰ ਸ. ਅਮਰੀਕ ਸਿੰਘ ਵਿਛੋਆ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਪਰਮਜੀਤ ਸਿੰਘ ਖ਼ਾਲਸਾ, ਸ. ਸੁਰਜੀਤ ਸਿੰਘ ਗੜ੍ਹੀ, ਸ. ਬਲਦੇਵ ਸਿੰਘ ਕਾਇਮਪੁਰ, ਸ. ਦਲਜੀਤ ਸਿੰਘ ਭਿੰਡਰ, ਸ. ਸੁਖਹਰਪ੍ਰੀਤ ਸਿੰਘ ਰੋਡੇ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਜਸਵੰਤ ਸਿੰਘ ਪੁੜੈਣ ਤੇ ਸ. ਪਰਮਜੀਤ ਸਿੰਘ ਰਾਏਪੁਰ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਪ੍ਰਤਾਪ ਸਿੰਘ, ਇੰਜੀ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਤੇਜਿੰਦਰ ਸਿੰਘ ਪੱਡਾ, ਸ. ਪ੍ਰੀਤਪਾਲ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਸ. ਜਸਵਿੰਦਰ ਸਿੰਘ ਜੱਸੀ, ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਹਰਭਜਨ ਸਿੰਘ ਵਕਤਾ, ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਸੀ ਤੇ ਹੋਰ ਮੌਜੂਦ ਸਨ।

## ਮਾਨ ਅਤੇ ਕੇਜਰੀਵਾਲ ਨੇ 'ਈਜ਼ੀ ਜਮ੍ਹਾਂਬੰਦੀ'

ਪੂਰੇ ਪੰਜਾਬ ਵਿੱਚ ਲਾਗੂ ਕਰ ਦਿੱਤਾ ਜਾਵੇਗਾ।

ਦੋਵਾਂ ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਦੇ ਲੋਕਾਂ ਨਾਲ ਭ੍ਰਿਸਟਾਚਾਰ ਮੁਕਤ ਸਾਸਨ ਦਾ ਵਾਅਦਾ ਕੀਤਾ ਸੀ ਅਤੇ ਅੱਜ ਇੱਥੋਂ ਸ਼ੁਰੂ ਹੋਈ 'ਈਜ਼ੀ ਜਮ੍ਹਾਂਬੰਦੀ' ਪੋਰਟਲ ਦੀ ਇਨਕਲਾਬੀ ਪਹਿਲ ਸਾਡੀ ਸਰਕਾਰ ਦੀ ਇਮਾਨਦਾਰੀ, ਨੇਕ ਨੀਅਤ, ਪਾਰਦਰਸਤਾ ਅਤੇ ਲੋਕ-ਪੱਖੀ ਉਪਰਾਲਿਆਂ ਨੂੰ ਦਰਸਾਉਂਦੀ ਹੈ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਹ ਪੋਰਟਲ ਲੋਕਾਂ ਨੂੰ ਪੰਜ ਮੁੱਖ ਸੇਵਾਵਾਂ ਪ੍ਰਦਾਨ ਕਰੇਗਾ ਜਿਨ੍ਹਾਂ ਵਿੱਚ ਵਟਸਐਪ 'ਤੇ ਜਮ੍ਹਾਂਬੰਦੀ ਪ੍ਰਾਪਤ ਕਰਨਾ, ਇੰਤਕਾਲ ਕਰਵਾਉਣ, ਰਪਟ ਐਂਟਰੀ ਅਤੇ ਫਰਦ ਬਦਰ (ਜਮੀਨ ਰਿਕਾਰਡਾਂ ਵਿੱਚ ਸੁਧਾਰ) ਲਈ ਆਨਲਾਈਨ ਸੇਵਾਵਾਂ ਹਾਸਲ ਹੋਣਗੀਆਂ। ਇਸ ਦਾ ਵਿਸਥਾਰ ਵਿੱਚ ਪ੍ਰਗਟਾਵਾ ਕਰਦਿਆਂ ਉਨ੍ਹਾਂ ਕਿਹਾ ਕਿ ਵਟਸਐਪ ਰਾਹੀਂ ਜਮ੍ਹਾਂਬੰਦੀ ਪ੍ਰਾਪਤ ਕਰਨ ਦਾ ਫੈਸਲਾ ਲੋਕਾਂ ਨੂੰ ਵੱਡੇ ਪੱਧਰ 'ਤੇ ਸਹੂਲਤ ਪ੍ਰਦਾਨ ਕਰੇਗਾ ਕਿਉਂਕਿ ਹਰ ਸਾਲ 40 ਲੱਖ ਲੋਕਾਂ ਨੂੰ ਜ਼ਮੀਨੀ ਰਿਕਾਰਡ ਦੀਆਂ ਫਰਦਾਂ (ਜਮ੍ਹਾਂਬੰਦੀ) ਪ੍ਰਾਪਤ ਕਰਨ ਲਈ ਜਾਂ ਤਾਂ ਆਪਣੇ ਪਟਵਾਰੀ ਕੋਲ ਗੇੜੇ ਕੱਢਣੇ ਪੈਂਦੇ ਸਨ ਜਾਂ ਫਰਦ ਕੇਂਦਰਾਂ 'ਤੇ ਜਾਣਾ ਪੈਂਦਾ ਸੀ। ਹਾਲਾਂਕਿ, ਦੋਵਾਂ ਆਗੂਆਂ ਨੇ ਕਿਹਾ ਕਿ ਹੁਣ ਜਮੀਨੀ ਰਿਕਾਰਡ ਲਈ ਪਟਵਾਰੀ ਕੋਲ ਜਾਣ, ਕਤਾਰਾਂ ਵਿੱਚ ਖੜ੍ਹੇ ਹੋਣ ਜਾਂ ਰਿਸਵਤ ਦੇਣ ਦੀ ਕੋਈ ਲੋੜ ਨਹੀਂ ਹੈ ਕਿਉਂਕਿ ਲੋਕਾਂ ਨੂੰ ਸਿਰਫ 'ਈਜ਼ੀ ਵੈੱਬਸਾਈਟ' 'ਤੇ ਜਾ ਕੇ ਆਪਣੇ ਵੇਰਵੇ ਦਰਜ ਕਰਨੇ ਹਨ ਅਤੇ ਉਨ੍ਹਾਂ ਨੂੰ ਜਮ੍ਹਾਂਬੰਦੀ ਦੀ ਕਾਪੀ ਮੁਫਤ ਵਿੱਚ ਮਿਲ ਜਾਵੇਗੀ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਸ ਜਮ੍ਹਾਂਬੰਦੀ ਉਪਰ ਡਿਜੀਟਲ ਤੌਰ 'ਤੇ ਦਸਤਖਤ ਹੋਣਗੇ ਅਤੇ ਇਸ ਉਪਰ ਕਿਊ.ਆਰ. ਕੋਡ ਵੀ ਹੋਵੇਗਾ ਜਿਸ ਨਾਲ ਕੋਈ ਵੀ ਜਮੀਨੀ ਰਿਕਾਰਡ ਦੀ ਤਸਦੀਕ ਕਰਨ ਲਈ ਕਿਊ.ਆਰ. ਕੋਰਡ ਨੂੰ ਸਕੈਨ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬ ਦੇ 99 ਫੀਸਦੀ ਪਿੰਡਾਂ ਦਾ ਜਮੀਨੀ ਰਿਕਾਰਡ ਡਿਜੀਟਾਈਜ ਕਰ ਦਿੱਤਾ ਹੈ, ਸਾਰੇ ਜਮੀਨੀ ਰਿਕਾਰਡ ਇਸ ਸੇਵਾ ਰਾਹੀਂ ਪ੍ਰਾਪਤ ਕੀਤੇ ਜਾ ਸਕਦੇ ਹਨ ਅਤੇ ਨਾਲ ਹੀ ਬਾਕੀ ਰਹਿੰਦੇ ਪਿੰਡਾਂ ਨੂੰ ਵੀ ਅਗਲੇ ਦੋ ਮਹੀਨਿਆਂ ਵਿੱਚ ਡਿਜੀਟਾਈਜ ਕਰ ਦਿੱਤਾ ਜਾਵੇਗਾ।

ਆਨਲਾਈਨ ਇੰਤਕਾਲ ਸੇਵਾ ਬਾਰੇ ਵੇਰਵੇ ਦਿੰਦੇ ਹੋਏ ਦੋਵਾਂ ਆਗੂਆਂ ਨੇ ਕਿਹਾ ਕਿ ਹਰ ਸਾਲ ਅੱਠ ਲੱਖ ਇੰਤਕਾਲ ਹੁੰਦੇ ਹਨ ਜਿਨ੍ਹਾਂ ਵਿੱਚ 6 ਲੱਖ ਜ਼ਮੀਨ ਦੀ ਰਜਿਸਟਰੀ ਉਪਰੰਤ ਅਤੇ 2 ਲੱਖ ਵਿਰਾਸਤੀ ਇੰਤਕਾਲ ਸ਼ਾਮਲ ਹਨ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਜਮੀਨ ਖਰੀਦਣ ਜਾਂ ਵਿਰਾਸਤੀ ਜਾਇਦਾਦ ਦੀ ਮਲਕੀਅਤ ਲਈ ਇੰਤਕਾਲ ਵਾਸਤੇ ਮਹੀਨਿਆਂ ਬੱਧੀ ਭੱਜ-ਦੌੜ ਕਰਨੀ ਪੈਂਦੀ ਸੀ ਅਤੇ ਵੱਡੀਆਂ ਰੁਕਾਵਟਾਂ ਖੜ੍ਹੀਆਂ ਹੁੰਦੀਆਂ ਸਨ। ਉਨ੍ਹਾਂ ਕਿਹਾ ਕਿ ਹੁਣ ਪਟਵਾਰੀ ਲੋਕਾਂ ਦੇ ਰਾਹ ਵਿੱਚ ਰੋੜਾ ਨਹੀਂ ਬਣ ਸਕਦੇ ਅਤੇ ਨਾ ਹੀ ਇਸ ਕੰਮ ਲਈ ਕਿਸੇ ਨੂੰ ਰਿਸ਼ਵਤ ਦੇਣ ਦੀ ਲੋੜ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਆਪਣੀ ਜ਼ਮੀਨ ਦੀ ਰਜਿਸਟਰੀ ਕਰਵਾਉਂਦਾ ਹੈ ਤਾਂ ਇਸ ਦਾ ਇੰਤਕਾਲ ਆਪਣੇ ਆਪ 30 ਦਿਨਾਂ ਦੇ ਅੰਦਰ ਹੋ ਜਾਵੇਗਾ। ਵਿਰਾਸਤੀ ਜ਼ਮੀਨ ਦੇ ਮਾਮਲੇ ਵਿੱਚ ਬਿਨੈਕਾਰ 'ਈਜ਼ੀ ਜਮ੍ਹਾਂਬੰਦੀ' ਵੈੱਬਸਾਈਟ 'ਤੇ ਇੰਤਕਾਲ ਲਈ ਆਨਲਾਈਨ ਅਰਜ਼ੀ ਜਮ੍ਹਾਂ ਕਰਵਾ ਸਕਦੇ ਹਨ ਅਤੇ 30 ਦਿਨਾਂ ਦੇ ਨਿਰਧਾਰਤ ਸਮੇਂ ਦੇ ਅੰਦਰ ਇੰਤਕਾਲ ਹੋ ਜਾਵੇਗਾ। ਇਸ ਬਾਰੇ ਉਸ ਨੂੰ ਸਮੁੱਚੀ ਪ੍ਰਕਿਰਿਆ ਦੇ ਹਰ ਕਦਮ ਦਾ ਵਟਸਐਪ ਰਾਹੀਂ ਅਪਡੇਟ ਮਿਲੇਗਾ। ਰਪਟ ਐਂਟਰੀ ਬਾਰੇ ਗੱਲ ਕਰਦਿਆਂ ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਹਰ ਸਾਲ, ਲਗਭਗ 2 ਲੱਖ ਰਪਟ ਐਂਟਰੀਆਂ (ਅਦਾਲਤੀ ਹੁਕਮਾਂ ਜਾਂ ਕਰਜ਼ੇ ਬਾਰੇ ਇੰਦਰਾਜ) ਕੀਤੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਹੁਣ ਦਸਤੀ ਪ੍ਰਕਿਰਿਆ ਜਾਂ ਦਫਤਰਾਂ ਦੇ ਝੰਜਟ ਵਿੱਚ ਪੈਣ ਦੀ ਕੋਈ ਲੋੜ ਨਹੀਂ। ਉਨ੍ਹਾਂ ਕਿਹਾ ਕਿ ਹਰ ਕੇਸ ਦਸਤੀ ਕਾਰਵਾਈ ਜਾਂ ਲਾਲ-ਫੀਤਾਸ਼ਾਹੀ ਤੋਂ ਬਿਨਾਂ ਹੀ ਪਟਵਾਰੀ ਤੋਂ ਸਿੱਧਾ ਡਿਜੀਟਲ ਰੂਪ ਵਿੱਚ ਤਬਦੀਲ ਹੋ ਜਾਵੇਗਾ। ਦੋਵਾਂ ਆਗੂਆਂ ਨੇ ਕਿਹਾ ਕਿ ਅਦਾਲਤੀ ਹੁਕਮਾਂ ਲਈ ਇਕ ਦਿਨ ਦੇ ਅੰਦਰ ਅਤੇ ਕਰਜ਼ਿਆਂ ਲਈ ਸੱਤ ਦਿਨਾਂ ਦੇ ਅੰਦਰ ਰਪਟ ਐਂਟਰੀ ਕੀਤੀ ਜਾਵੇਗੀ।

ਫਰਦ ਬਦਰ (ਜ਼ਮੀਨ ਰਿਕਾਰਡ ਵਿੱਚ ਸੋਧ) ਬਾਰੇ ਜਾਣਕਾਰੀ ਦਿੰਦਿਆਂ ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਹਰ ਸਾਲ ਲਗਭਗ 60,000 ਫਰਦ ਬਦਰ (ਰਿਕਾਰਡ ਵਿੱਚ ਸੋਧ) ਬਾਰੇ ਬੇਨਤੀਆਂ ਪ੍ਰਾਪਤ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਜ਼ਮੀਨੀ ਰਿਕਾਰਡ (ਜਿਵੇਂ ਕਿ ਨਾਮ ਵਿੱਚ ਸੋਧ) ਵਿੱਚ ਗਲਤੀਆਂ ਨੂੰ ਠੀਕ ਕਰਨ ਲਈ ਲੋਕਾਂ ਨੂੰ ਹੁਣ ਸਰਕਾਰੀ ਦਫਤਰਾਂ ਦੇ ਚੱਕਰ ਲਾਉਣ ਜਾਂ ਤਹਿਸੀਲਦਾਰਾਂ ਦੇ ਰਹਿਮੋ-ਕਰਮ 'ਤੇ ਰਹਿਣ ਦੀ ਲੋੜ ਨਹੀਂ ਪਵੇਗੀ। ਦੋਵਾਂ ਆਗੂਆਂ ਨੇ ਕਿਹਾ ਕਿ ਇਸ ਸਬੰਧੀ ਹੁਣ ਲੋੜੀਂਦੇ ਦਸਤਾਵੇਜ਼ਾਂ ਵਾਲਾ ਸਧਾਰਨ ਫਾਰਮ ਆਨਲਾਈਨ ਜਮ੍ਹਾਂ ਕੀਤਾ ਜਾ ਸਕਦਾ ਹੈ ਅਤੇ ਅਰਜੀ ਦੀ ਪ੍ਰਕਿਰਿਆ 15 ਦਿਨਾਂ ਦੀ ਸਮਾਂ ਸੀਮਾ ਅੰਦਰ ਕੀਤੀ ਜਾਵੇਗੀ ਅਤੇ ਨਾਲ ਹੀ ਇਨ੍ਹਾਂ ਸੇਵਾਵਾਂ ਲਈ ਨਾਂਮਾਤਰ ਅਰਜੀ ਫੀਸ ਵੀ ਆਨਲਾਈਨ ਅਦਾ ਕੀਤੀ ਜਾਵੇਗੀ।

ਜਮ੍ਹਾਂਬੰਦੀ ਲਈ ਸਬਸਕ੍ਰਾਈਬ ਕਰੋ (ਆਪਣੇ ਜ਼ਮੀਨੀ ਰਿਕਾਰਡ ਲਈ ਵੇਰਵੇ ਦਰਜ ਕਰੋ) ਬਾਰੇ ਜਾਣਕਾਰੀ ਦਿੰਦਿਆਂ ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਜਮੀਨ ਦੀ ਮਾਲਕੀ ਦੀ ਸੁਰੱਖਿਆ ਲਈ ਖਾਸ ਕਰਕੇ ਐਨ.ਆਰ.ਈ. ਭਾਈਚਾਰੇ ਲਈ ਇਤਿਹਾਸਕ ਕਦਮ ਚੁੱਕਦਿਆਂ ਪੰਜਾਬ ਸਰਕਾਰ ਨੇ "ਆਪਣੇ ਜ਼ਮੀਨੀ ਰਿਕਾਰਡ ਲਈ ਸਬਸਕ੍ਰਾਈਬ ਕਰੋ" ਪੋਰਟਲ ਦੀ ਸ਼ੁਰੂਆਤ ਕੀਤੀ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਬਹੁਤ ਸਾਰੇ ਜ਼ਮੀਨੀ ਰਿਕਾਰਡ ਵਿੱਚ ਮਾਲਕ ਦੀ ਜਾਣਕਾਰੀ ਤੋਂ ਬਿਨਾਂ ਹੀ ਬਦਲਾਅ ਕਰ ਦਿੱਤੇ ਜਾਂਦੇ ਸਨ ਅਤੇ ਅਕਸਰ ਉਨ੍ਹਾਂ ਨੂੰ ਕਈ ਸਾਲਾਂ ਬਾਅਦ ਪਤਾ ਲੱਗਦਾ ਸੀ ਜਿਸ ਉਪਰੰਤ ਉਨ੍ਹਾਂ ਨੂੰ ਇਸ ਰਿਕਾਰਡ ਨੂੰ ਦਰੁਸਤ ਕਰਵਾਉਣ ਲਈ ਅਦਾਲਤਾਂ ਵਿੱਚ ਲੰਬੇ ਕਾਨੂੰਨੀ ਸੰਘਰਸ ਦਾ ਸਾਹਮਣਾ ਕਰਨਾ ਪੈਂਦਾ ਸੀ। ਦੋਵਾਂ ਆਗੂਆਂ ਨੇ ਕਿਹਾ ਕਿ ਜ਼ਮੀਨ ਮਾਲਕ ਹੁਣ ਸਰਕਾਰ ਦੀ ਵੈੱਬਸਾਈਟ 'ਤੇ ਜਾ ਸਕਦੇ ਹਨ ਅਤੇ ਜ਼ਮੀਨ ਮਾਲਕ ਪ੍ਰਤੀ ਖੇਵਟ 500 ਰੁਪਏ ਦੀ ਸਾਲਾਨਾ ਫੀਸ ਦੇ ਕੇ ਆਪਣੇ ਜ਼ਮੀਨੀ ਰਿਕਾਰਡ ਨੂੰ ਸਬਸਕ੍ਰਾਈਬ ਕਰ ਸਕਦੇ ਹਨ।

ਦੋਵਾਂ ਆਗੂਆਂ ਨੇ ਕਿਹਾ ਕਿ ਇਸ ਕਦਮ ਨਾਲ ਉਹ ਦੁਨੀਆ ਦੇ ਕਿਸੇ ਵੀ ਕੋਨੇ ਵਿੱਚ ਬੈਠ ਕੇ ਡਿਜੀਟਲ ਰੂਪ ਵਿੱਚ ਆਪਣੀ ਜ਼ਮੀਨ ਨੂੰ ਸੁਰੱਖਿਅਤ ਕਰਨ ਦੇ ਯੋਗ ਹੋ ਜਾਣਗੇ। ਇਸ ਦੀ ਮਿਸਾਲ ਦਿੰਦਿਆਂ ਉਨ੍ਹਾਂ ਕਿਹਾ ਕਿ ਜੇਕਰ ਸਬਸਕ੍ਰਾਈਬ ਕੀਤੇ ਰਿਕਾਰਡ ਨਾਲ ਛੇੜਛਾੜ ਕਰਨ ਦੀ ਕੋਈ ਵੀ ਕੋਸ਼ਿਸ ਕੀਤੀ ਜਾਂਦੀ ਹੈ ਤਾਂ ਜ਼ਮੀਨ ਮਾਲਕ ਨੂੰ ਵਟਸਐਪ ਜਾਂ ਈਮੇਲ ਰਾਹੀਂ ਤੁਰੰਤ ਅਲਰਟ ਮਿਲ ਜਾਵੇਗਾ ਜਿਸ ਤੋਂ ਬਾਅਦ ਉਹ ਉਸੇ ਵੇਲੇ ਆਨਲਾਈਨ ਇਤਰਾਜ ਉਠਾ ਸਕਦੇ ਹਨ ਅਤੇ ਇਹ ਇਤਰਾਜ਼ ਸਿੱਧੇ ਤੌਰ 'ਤੇ ਸਬੰਧਤ ਮਾਲ ਅਧਿਕਾਰੀ ਨੂੰ ਚਲਾ ਜਾਵੇਗਾ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਹ ਕਦਮ ਦੁਨੀਆ ਭਰ ਦੇ ਪ੍ਰਵਾਸੀ ਭਾਰਤੀਆਂ ਲਈ ਉਨ੍ਹਾਂ ਦੀ ਜ਼ਮੀਨ ਦੀ ਸੁਰੱਖਿਆ ਨੂੰ ਯਕੀਨੀ ਬਣਾਉਂਦਾ ਹੈ।

ਦੋਵਾਂ ਆਗੂਆਂ ਨੇ ਕਿਹਾ ਕਿ ਜਮ੍ਹਾਂਬੰਦੀ (ਜ਼ਮੀਨ ਰਿਕਾਰਡ ਦੀ ਕਾਪੀ), ਇੰਤਕਾਲ, ਅਤੇ ਫਰਦ ਬਦਰ (ਰਿਕਾਰਡ ਵਿੱਚ ਸੋਧ) ਵਰਗੀਆਂ ਸੇਵਾਵਾਂ ਲਈ ਪਹਿਲਾਂ ਹਰ ਵਿਅਕਤੀ ਨੂੰ ਪਟਵਾਰੀਆਂ ਜਾਂ ਤਹਿਸੀਲਦਾਰਾਂ ਕੋਲ ਖੱਜਲ ਹੋਣਾ ਪੈਂਦਾ ਸੀ। ਉਨ੍ਹਾਂ ਕਿਹਾ ਕਿ ਇਹਨਾਂ ਦਫਤਰਾਂ ਵਿੱਚ ਅਕਸਰ ਭ੍ਰਿਸ਼ਟਾਚਾਰ ਦਾ ਬੋਲਬਾਲਾ ਹੁੰਦਾ ਸੀ ਪਰ ਹੁਣ ਉਨ੍ਹਾਂ ਨੂੰ ਵਾਰ-ਵਾਰ ਪਟਵਾਰੀਆਂ ਜਾਂ ਤਹਿਸੀਲਦਾਰਾਂ ਦੇ ਦਫਤਰਾਂ ਦੇ ਗੇੜੇ ਨਹੀਂ ਲਾਉਣੇ ਪੈਣਗੇ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਹੁਣ ਕੋਈ ਵੀ ਵਿਅਕਤੀ ਆਪਣੇ ਘਰ ਬੈਠ ਕੇ ਮਾਲ ਵਿਭਾਗ ਦੀ ਵੈੱਬਸਾਈਟ easyjamabandi.punjab.gov.in ਰਾਹੀਂ ਸਿਰਫ ਇੱਕ ਕਲਿੱਕ ਨਾਲ ਇਹ ਸੇਵਾਵਾਂ ਪ੍ਰਾਪਤ ਕਰ ਸਕਦਾ ਹੈ। ਇਸ ਦੇ ਨਾਲ ਹੀ 1076 'ਤੇ ਡਾਇਲ ਕਰਕੇ ਜਾਂ ਕਿਸੇ ਵੀ ਸੇਵਾ ਕੇਂਦਰ ਵਿੱਚ ਅਰਜ਼ੀਆਂ ਜਮ੍ਹਾਂ ਕਰਵਾ ਕੇ ਵੀ ਇਹਨਾਂ ਸੇਵਾਵਾਂ ਦਾ ਲਾਭ ਲਿਆ ਜਾ ਸਕਦਾ ਹੈ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi
PRGI (RNI) Regd. No. 22972/1972

# ਸਮਰੱਥਾ ਨੂੰ ਖੰਭ : ਸਰਕਾਰੀ ਸਕੂਲਾਂ ਦੇ 600 ਵਿਦਿਆਰਥੀਆਂ ਦੀ ਰੈਜੀਡੈਂਸ਼ੀਅਲ ਕੋਚਿੰਗ ਕੈਂਪ ਵਿੱਚ ਜੇ.ਈ.ਈ ਅਤੇ ਨੀਟ ਕੋਚਿੰਗ ਲਈ ਚੋਣ

ਚੰਡੀਗੜ੍ਹ, 12 ਜੂਨ, (ਚ.ਨ.ਸ.) : ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਦੱਸਿਆ ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਸਮਰੱਥਾ ਨਿਖਾਰਨ ਅਤੇ ਉਨ੍ਹਾਂ ਵਿੱਚ ਆਤਮਵਿਸ਼ਵਾਸ ਪੈਦਾ ਕਰਨ ਲਈ ਮੁਕੰਮਲ ਪਹੁੰਚ ਅਪਣਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਨੌਜਵਾਨਾਂ ਨੂੰ ਜੇ.ਈ.ਈ ਅਤੇ ਐਨ.ਈ.ਈ.ਟੀ. (ਨੀਟ) ਸਮੇਤ ਹੋਰ ਪ੍ਰਤੀਯੋਗੀ ਪ੍ਰੀਖਿਆਵਾਂ ਲਈ ਤਿਆਰ ਕਰਨ ਵਾਸਤੇ ਐਸ.ਏ.ਐਸ. ਨਗਰ (ਮੋਹਾਲੀ) ਵਿਖੇ ਰੈਜ਼ੀਡੈਂਸ਼ੀਅਲ ਸਮਰ ਕੋਚਿੰਗ ਕੈਂਪ-2025 ਸ਼ੁਰੂ ਕੀਤਾ ਹੈ।

ਦੱਸ ਦੇਈਏ ਕਿ ਪਿਛਲੇ ਅਕਾਦਮਿਕ ਵਰ੍ਹੇ ਦੌਰਾਨ ਸਰਕਾਰੀ ਸਕੂਲਾਂ ਦੇ 265 ਵਿਦਿਆਰਥੀਆਂ ਵੱਲੋਂ ਜੇ.ਈ.ਈ. (ਮੇਨਜ਼) ਅਤੇ 44 ਵਿਦਿਆਰਥੀਆਂ ਵੱਲੋਂ ਜੇ.ਈ.ਈ. (ਐਡਵਾਂਸਡ) ਪ੍ਰੀਖਿਆ ਪਾਸ ਕਰਨ ਦੀ ਸ਼ਾਨਦਾਰ ਸਫਲਤਾ ਉਪਰੰਤ ਇਸ ਪਹਿਲਕਦਮੀ ਦੀ ਸ਼ੁਰੂਆਤ ਕੀਤੀ ਗਈ ਹੈ।

ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਆਪਣੇ ਵੱਕਾਰੀ 'ਸਕੂਲ ਆਫ਼ ਐਮੀਨੈਂਸ ਪ੍ਰੋਗਰਾਮ' ਤਹਿਤ ਰੈਜ਼ੀਡੈਂਸ਼ੀਅਲ ਸਮਰ ਕੋਚਿੰਗ ਕੈਂਪ-2025 ਲਗਾਇਆ ਜਾ ਰਿਹਾ ਹੈ ਤਾਂ ਜੋ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਉੱਚ ਪੱਧਰੀ ਪ੍ਰਤੀਯੋਗੀ ਪ੍ਰੀਖਿਆ ਸਬੰਧੀ ਕੋਚਿੰਗ ਪ੍ਰਦਾਨ ਕੀਤੀ ਜਾ ਸਕੇ।



ਉਨ੍ਹਾਂ ਦੱਸਿਆ ਕਿ ਸਖ਼ਤ ਪ੍ਰਕਿਰਿਆ ਰਾਹੀਂ ਚੁਣੇ ਗਏ 12ਵੀਂ ਜਮਾਤ ਦੇ 600 ਵਿਦਿਆਰਥੀ ਰੈਜ਼ੀਡੈਂਸ਼ੀਅਲ ਸਮਰ ਕੋਚਿੰਗ ਕੈਂਪ ਦੇ 7ਵੇਂ ਐਡੀਸ਼ਨ ਵਿੱਚ ਸ਼ਾਮਲ ਹੋਣਗੇ। ਇਸ ਪ੍ਰੋਗਰਾਮ ਦੀ ਨਿਰੰਤਰ ਸਫਲਤਾ ਨੂੰ ਉਜਾਗਰ ਕਰਦਿਆਂ ਉਨ੍ਹਾਂ ਦੱਸਿਆ ਕਿ 23 ਦਿਨਾਂ ਦੇ ਇਸ ਕੈਂਪ ਵਿੱਚ ਜੇ.ਈ.ਈ. ਦੀ ਤਿਆਰੀ ਕਰਨ ਵਾਲੇ 500 ਵਿਦਿਆਰਥੀ ਅਤੇ ਨੀਟ ਦੀ ਤਿਆਰੀ ਕਰਨ ਵਾਲੇ 100 ਵਿਦਿਆਰਥੀ ਹਿੱਸਾ ਲੈ ਰਹੇ ਹਨ।

ਉਨ੍ਹਾਂ ਜ਼ੋਰ ਦੇ ਕੇ ਕਿਹਾ, 'ਅਸੀਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ ਦੇ ਬਰਾਬਰ ਮੌਕੇ ਪ੍ਰਦਾਨ ਕਰਨ ਲਈ ਵਚਨਬੱਧ ਹਾਂ। ਹਰੇਕ ਵਿਦਿਆਰਥੀ ਨੂੰ ਆਪਣੇ ਸੁਪਨੇ ਸਾਕਾਰ ਕਰਨ ਦਾ ਮੌਕਾ ਮਿਲਣਾ ਚਾਹੀਦਾ ਹੈ, ਭਾਵੇਂ ਉਸ ਦਾ ਪਿਛੋਕੜ ਕੋਈ ਵੀ ਹੋਵੇ। ਉਨ੍ਹਾਂ ਕਿਹਾ ਕਿ ਇਹ ਕੈਂਪ ਸਿਰਫ਼ ਅਕਾਦਮਿਕ ਸਿੱਖਿਆ ਬਾਰੇ ਨਹੀਂ, ਸਗੋਂ ਵਿਦਿਆਰਥੀਆਂ ਦੀ ਸਮਰੱਥਾ ਨੂੰ ਨਿਖਾਰਨ, ਉਨ੍ਹਾਂ ਵਿੱਚ ਆਤਮਵਿਸ਼ਵਾਸ ਪੈਦਾ ਕਰਨ ਅਤੇ ਇਨ੍ਹਾਂ ਨੌਜਵਾਨਾਂ ਲਈ ਉੱਜਲ ਭਵਿੱਖ ਲਈ ਰਾਹ ਪੱਧਰਾ ਕਰਨ ਬਾਰੇ ਹੈ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਰੈਜ਼ੀਡੈਂਸ਼ੀਅਲ ਸਮਰ ਕੋਚਿੰਗ ਕੈਂਪ ਵਿਦਿਆਰਥੀਆਂ ਦੀ ਸਫਲਤਾ ਲਈ ਵਿਆਪਕ ਅਤੇ ਉਸਾਰੂ ਮਾਹੌਲ ਪ੍ਰਦਾਨ ਕਰੇਗਾ, ਜਿਸ ਵਿੱਚ ਮਾਹਿਰ ਟੀਚਰ ਉੱਚ-ਪੱਧਰੀ ਕੋਚਿੰਗ ਰਾਹੀਂ ਵੱਡਮੁੱਲਾ ਮਾਰਗਦਰਸ਼ਨ ਪ੍ਰਦਾਨ ਕਰਨਗੇ ਅਤੇ ਵਿਦਿਆਰਥੀਆਂ ਦੀਆਂ ਖਾਸ ਜ਼ਰੂਰਤਾਂ ਮੁਤਾਬਕ ਉੱਚ-ਗੁਣਵੱਤਾ ਭਰਪੂਰ ਅਕਾਦਮਿਕ ਸਹਾਇਤਾ ਪ੍ਰਦਾਨ ਕਰਨਗੇ। ਉਨ੍ਹਾਂ ਦੱਸਿਆ ਕਿ ਪਾਠਕ੍ਰਮ ਨੂੰ ਵਿਲੱਖਣ ਸਿੱਖਣ ਸ਼ੈਲੀਆਂ ਰਾਹੀਂ ਤਿਆਰ ਕੀਤਾ ਗਿਆ ਹੈ, ਜੋ ਬੁਨਿਆਦੀ ਸੰਕਲਪਾਂ, ਸਮੱਸਿਆ-ਹੱਲ ਕਰਨ ਦੀਆਂ ਰਣਨੀਤੀਆਂ ਅਤੇ ਟੈਸਟ-ਦੇਣ ਸਬੰਧੀ ਤਕਨੀਕਾਂ 'ਤੇ ਕੇਂਦ੍ਰਤ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਰੋਜ਼ਾਨਾ ਸਵਾਲ-ਜਵਾਬ ਸੈਸ਼ਨ ਇੱਕ ਸਹਾਇਕ ਮਾਹੌਲ ਸਿਰਜਣਗੇ, ਜਦੋਂਕਿ ਆਰਾਮਦਾਇਕ ਰਿਹਾਇਸ਼, ਪੌਸ਼ਟਿਕ ਭੋਜਨ ਅਤੇ ਦਿਨ-ਰਾਤ ਨਿਗਰਾਨੀ ਯਕੀਨੀ ਬਣਾਏਗੀ ਕਿ ਵਿਦਿਆਰਥੀ ਆਪਣੀ ਪੜ੍ਹਾਈ 'ਤੇ ਧਿਆਨ ਕੇਂਦਰਿਤ ਕਰ ਸਕਣ।

ਉਨ੍ਹਾਂ ਦੱਸਿਆ ਕਿ ਅਕਾਦਮਿਕ ਸੈਸ਼ਨਾਂ ਤੋਂ ਇਲਾਵਾ ਕੈਂਪ ਵਿੱਚ ਤਣਾਅ ਪ੍ਰਬੰਧਨ, ਭਾਵਨਾਤਮਕ ਤੰਦਰੁਸਤੀ, ਟੀਮ-ਨਿਰਮਾਣ, ਕਰੀਅਰ ਮਾਰਗਦਰਸ਼ਨ ਅਤੇ ਸੱਭਿਆਚਾਰਕ ਪ੍ਰੋਗਰਾਮਾਂ ਬਾਰੇ ਸੈਸ਼ਨ ਸ਼ਾਮਲ ਹਨ ਤਾਂ ਜੋ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਨੂੰ ਉਤਸ਼ਾਹਿਤ ਕੀਤਾ ਜਾ ਸਕੇ ਅਤੇ ਉਨ੍ਹਾਂ ਨੂੰ ਉੱਤਮਤਾ ਪ੍ਰਾਪਤ ਕਰਨ ਲਈ ਸਮਰੱਥ ਬਣਾਇਆ ਜਾ ਸਕੇ।

ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਹ ਮਿਸਾਲੀ ਪਹਿਲਕਦਮੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸਭਨਾਂ ਦੀ ਮਿਆਰੀ ਸਿੱਖਿਆ ਤੱਕ ਪਹੁੰਚ ਯਕੀਨੀ ਬਣਾਉਣ, ਬਰਾਬਰ ਮੌਕਿਆਂ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨਾਂ ਨੂੰ ਸਮਰੱਥ ਬਣਾਉਣ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ ਦੇ ਬਰਾਬਰ ਮੌਕੇ ਪ੍ਰਦਾਨ ਕਰਕੇ ਇਸ ਪਹਿਲਕਦਮੀ ਦਾ ਉਦੇਸ਼ ਅਕਾਦਮਿਕ ਨਤੀਜਿਆਂ ਅਤੇ ਕਰੀਅਰ ਦੀਆਂ ਸੰਭਾਵਨਾਵਾਂ ਨੂੰ ਵਧਾਉਣਾ ਹੈ, ਜੋ ਸਿੱਖਿਆ ਵਿੱਚ ਉੱਤਮਤਾ ਅਤੇ ਸਮੁੱਚਤਾ ਲਿਆਉਣ ਪ੍ਰਤੀ ਸਰਕਾਰ ਦੇ ਦ੍ਰਿਸ਼ਟੀਕੋਣ ਨੂੰ ਉਜਾਗਰ ਕਰਦੀ ਹੈ।

# ਜੇਕਰ ਮੋਦੀ ਸਰਕਾਰ ਨੇ ਚੰਗਾ ਕੰਮ ਕੀਤਾ ਹੁੰਦਾ ਤਾਂ ਮੇਲਾਨੀਆ ਟਰੰਪ ਦਿੱਲੀ ਦੇ ਸਰਕਾਰੀ ਸਕੂਲਾਂ ਨੂੰ ਦੇਖਣ ਨਹੀਂ ਜਾਂਦੀ : ਚੀਮਾ

ਲੁਧਿਆਣਾ, 12 ਜੂਨ, (ਅੰਮ੍ਰਿਤਪਾਲ ਸਿੰਘ) : ਭਾਜਪਾ ਆਗੂ ਅਤੇ ਕੇਂਦਰੀ ਮੰਤਰੀ ਹਰਦੀਪ ਪੁਰੀ ਦੇ ਬਿਆਨ 'ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਪੰਜਾਬ ਸਰਕਾਰ ਵਿੱਚ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪੁਰੀ ਭਾਜਪਾ ਸਰਕਾਰ ਦੀਆਂ 11 ਸਾਲਾਂ ਦੀਆਂ ਪ੍ਰਾਪਤੀਆਂ ਗਿਣ ਰਹੇ ਸਨ, ਪਰ ਉਨ੍ਹਾਂ ਇਹ ਨਹੀਂ ਦੱਸਿਆ ਕਿ ਉਨ੍ਹਾਂ ਦੀ ਕੇਂਦਰ ਸਰਕਾਰ ਨੇ ਦੇਸ਼ ਦੇ ਸੰਵਿਧਾਨ ਦਾ ਮਜ਼ਾਕ ਬਣਾ ਦਿੱਤਾ ਹੈ ਅਤੇ ਸੰਘੀ ਪ੍ਰਣਾਲੀ ਨੂੰ ਬਰਬਾਦ ਕਰ ਦਿੱਤਾ ਹੈ।



ਹਰਪਾਲ ਚੀਮਾ ਨੇ ਕਿਹਾ ਕਿ ਸੰਵਿਧਾਨ ਅਨੁਸਾਰ ਭਾਰਤ ਸੰਘਾਂ ਦਾ ਰਾਜ ਹੈ। ਸੰਵਿਧਾਨ ਵਿੱਚ ਇਹ ਸਪੱਸ਼ਟ ਤੌਰ 'ਤੇ ਲਿਖਿਆ ਹੈ ਕਿ ਰਾਜਾਂ ਦੀਆਂ ਆਪਣੀਆਂ ਸ਼ਕਤੀਆਂ ਹੋਣਗੀਆਂ, ਕੇਂਦਰ ਦੀਆਂ ਆਪਣੀਆਂ ਸ਼ਕਤੀਆਂ ਹੋਣਗੀਆਂ ਅਤੇ ਕੁਝ ਮਾਮਲਿਆਂ ਵਿੱਚ ਦੋਵੇਂ ਮਿਲ ਕੇ ਕਾਨੂੰਨ ਬਣਾਉਣਗੇ। ਪਰ ਪਿਛਲੇ 11 ਸਾਲਾਂ ਵਿੱਚ ਮੋਦੀ ਸਰਕਾਰ ਨੇ ਦੇਸ਼ ਦੀਆਂ ਸਾਰੀਆਂ ਸ਼ਕਤੀਆਂ ਆਪਣੇ ਆਲੇ-ਦੁਆਲੇ ਕੇਂਦਰਿਤ ਕਰ ਦਿੱਤੀਆਂ ਹਨ ਅਤੇ ਜਾਣਬੁੱਝ ਕੇ ਰਾਜਾਂ ਦੇ ਕੰਮ ਵਿੱਚ ਰੁਕਾਵਟਾਂ ਪੈਦਾ ਕਰਨੀਆਂ ਸ਼ੁਰੂ ਕਰ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਜੋ ਵਿਅਕਤੀ ਦੇਸ਼ ਦੇ ਸੰਵਿਧਾਨ ਦਾ ਸਤਿਕਾਰ ਨਹੀਂ ਕਰਦਾ, ਉਹ ਦੇਸ਼ ਦਾ ਵਿਕਾਸ ਕੀ ਕਰੇਗਾ?

ਚੀਮਾ ਨੇ ਕਿਹਾ ਕਿ ਜੇਕਰ ਮੋਦੀ ਸਰਕਾਰ ਨੇ ਚੰਗਾ ਕੰਮ ਕੀਤਾ ਹੁੰਦਾ ਤਾਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਪਤਨੀ ਮੇਲਾਨੀਆ ਟਰੰਪ ਨੂੰ ਉਨ੍ਹਾਂ ਨੂੰ ਦਿੱਲੀ ਦੇ ਸਰਕਾਰੀ ਸਕੂਲ ਦਿਖਾਉਣ ਦੀ ਜ਼ਰੂਰਤ ਨਾ ਪੈਂਦੀ। ਉਸ ਸਮੇਂ ਭਾਜਪਾ ਆਗੂਆਂ ਕੋਲ ਦਿਖਾਉਣ ਲਈ ਆਪਣਾ ਕੋਈ ਸਕੂਲ ਨਹੀਂ ਸੀ। ਇਸ ਲਈ, ਉਨ੍ਹਾਂ ਨੂੰ 'ਆਪ' ਸਰਕਾਰ ਦੁਆਰਾ ਬਣਾਏ ਗਏ ਦਿੱਲੀ ਦੇ ਸਰਕਾਰੀ ਸਕੂਲ ਦਿਖਾਉਣੇ ਪਏ।

ਉਨ੍ਹਾਂ ਕਿਹਾ ਕਿ ਇਹ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਬਣਾਏ ਗਏ ਸਕੂਲਾਂ ਦਾ ਚਮਤਕਾਰ ਸੀ ਕਿ ਆਮ ਪਰਿਵਾਰਾਂ ਦੇ ਬੱਚੇ ਆਈਆਈਟੀ ਅਤੇ ਮੈਡੀਕਲ ਕਾਲਜਾਂ ਵਿੱਚ ਦਾਖਲਾ ਲੈਣ ਲੱਗ ਪਏ। ਜਦੋਂ ਕਿ ਤੁਹਾਡੀ ਸਰਕਾਰ ਨੇ ਇੱਕ ਲੱਖ ਸਰਕਾਰੀ ਸਕੂਲ ਬੰਦ ਕਰ ਦਿੱਤੇ। ਜਦੋਂ 2014 ਵਿੱਚ ਕੇਂਦਰ ਵਿੱਚ ਭਾਜਪਾ ਦੀ ਸਰਕਾਰ ਬਣੀ ਸੀ, ਤਾਂ ਦੇਸ਼ ਵਿੱਚ 11 ਲੱਖ ਸਰਕਾਰੀ ਸਕੂਲ ਸਨ। ਹੁਣ ਸਿਰਫ਼ 10 ਲੱਖ ਹਨ। ਇਹ ਭਾਜਪਾ ਦਾ ਵਿਕਾਸ ਹੈ।

ਇਸ ਤੋਂ ਇਲਾਵਾ, ਤੁਹਾਡੀ ਸਰਕਾਰ ਨੇ ਭਾਰਤ ਨੂੰ ਕਰਜ਼ੇ ਦੇ ਜਾਲ ਵਿੱਚ ਫਸਾ ਦਿੱਤਾ ਹੈ। ਜਦੋਂ 2014 ਵਿੱਚ ਭਾਜਪਾ ਸਰਕਾਰ ਬਣੀ ਸੀ, ਤਾਂ ਭਾਰਤ ਸਰਕਾਰ 'ਤੇ ਲਗਭਗ 55 ਲੱਖ ਕਰੋੜ ਰੁਪਏ ਦਾ ਕਰਜ਼ਾ ਸੀ, ਅੱਜ ਇਹ ਵੱਧ ਕੇ 215 ਲੱਖ ਕਰੋੜ ਰੁਪਏ ਹੋ ਗਿਆ ਹੈ। ਜਦੋਂ ਦਿੱਲੀ ਵਿੱਚ ਪਹਿਲੀ ਵਾਰ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਸੀ, ਤਾਂ ਬਜਟ ਘਾਟੇ ਵਿੱਚ ਸੀ ਅਤੇ ਅਰਵਿੰਦ ਕੇਜਰੀਵਾਲ ਨੇ ਸਭ ਕੁਝ ਮੁਫ਼ਤ ਦੇਣ ਦੇ ਬਾਵਜੂਦ ਬਜਟ ਨੂੰ ਲਾਭ ਵਿੱਚ ਲਿਆਂਦਾ।

ਚੀਮਾ ਨੇ ਪੁਰੀ ਨੂੰ ਪੁੱਛਿਆ ਕਿ ਭਾਰਤ ਦੇ ਹਰ ਨਾਗਰਿਕ ਨੂੰ 15 ਲੱਖ ਰੁਪਏ ਦੇਣ ਦੇ ਵਾਅਦੇ ਦਾ ਕੀ ਹੋਇਆ? ਹਰ ਸਾਲ ਦੋ ਕਰੋੜ ਨੌਕਰੀਆਂ ਦੇਣ ਦਾ ਕੀ ਹੋਇਆ?

# ਚਿੱਟੇ ਦੀ ਥਾਂ ਡੋਡੇ-ਅਫੀਮ ਦੀ ਵਕਾਲਤ ਕਰਕੇ ਰਾਜਾ ਵੜਿੰਗ, ਨਸ਼ੇ ਕਾਰਨ ਉੱਜੜੇ ਪਰਿਵਾਰਾਂ ਦਾ ਕਰ ਰਹੇ ਹਨ ਅਪਮਾਨ : ਬਲਤੇਜ ਪੰਨੂ

ਚੰਡੀਗੜ੍ਹ, 12 ਜੂਨ, (ਅੰਮ੍ਰਿਤਪਾਲ ਸਿੰਘ) : ਆਮ ਆਦਮੀ ਪਾਰਟੀ (ਆਪ) ਦੇ ਆਗੂਆਂ ਨੇ ਕਾਂਗਰਸ ਪਾਰਟੀ ਦੇ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਅਫੀਮ ਅਤੇ ਭੁੱਕੀ ਦੀਆਂ ਦੁਕਾਨਾਂ ਖੋਲ੍ਹਣ ਬਾਰੇ ਬਿਆਨ ਦੀ ਸਖ਼ਤ ਆਲੋਚਨਾ ਕੀਤੀ ਅਤੇ ਕਾਂਗਰਸੀ ਆਗੂਆਂ 'ਤੇ ਨਸ਼ੇ ਦੀ ਲਤ ਨੂੰ ਉਤਸ਼ਾਹਿਤ ਕਰਨ ਦਾ ਦੋਸ਼ ਲਗਾਇਆ।



ਆਪ ਆਗੂ ਬਲਤੇਜ ਪੰਨੂ ਨੇ ਕਿਹਾ ਕਿ ਕਾਂਗਰਸੀ ਆਗੂਆਂ ਦੇ ਬਿਆਨਾਂ ਤੋਂ ਸਾਫ਼ ਪਤਾ ਲੱਗਦਾ ਹੈ ਕਿ ਉਹ ਨਹੀਂ ਚਾਹੁੰਦੇ ਕਿ ਪੰਜਾਬ ਵਿੱਚੋਂ ਨਸ਼ਾ ਖਤਮ ਹੋਵੇ। ਉਹ ਲੋਕ ਇੱਕ ਨਸ਼ਾ ਛੁਡਾ ਕੇ ਦੂਜਾ ਫੜਾਉਣਾ ਚਾਹੁੰਦੇ ਹਨ ਕਿ ਜਦੋਂ ਕਿ ਉਹ ਜਾਣਦੇ ਹਨ ਕਿ ਆਪ ਸਰਕਾਰ ਪਿਛਲੇ ਦੋ ਮਹੀਨਿਆਂ ਤੋਂ ਪੰਜਾਬ ਵਿੱਚੋਂ ਨਸ਼ੇ ਦੀ ਲਤ ਨੂੰ ਜੜ੍ਹੋਂ ਪੁੱਟਣ ਲਈ ਫੈਸਲਾਕੁੰਨ ਲੜਾਈ ਲੜ ਰਹੀ ਹੈ।

ਪੰਨੂ ਨੇ ਸਵਾਲ ਕੀਤਾ ਕਿ ਇਹ ਸਮਝ ਤੋਂ ਪਰੇ ਹੈ, ਕਿ ਕਾਂਗਰਸੀ ਆਗੂ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਕਮਜ਼ੋਰ ਕਿਉਂ ਕਰਨਾ ਚਾਹੁੰਦੇ ਹਨ? ਉਨ੍ਹਾਂ ਕਿਹਾ ਕਿ ਨਸ਼ਿਆਂ ਦਾ ਕੋਈ ਵਿਕਲਪ ਨਹੀਂ ਹੋ ਸਕਦਾ। ਸ਼ਾਇਦ ਰਾਜਾ ਵੜਿੰਗ ਦਾ ਨਸ਼ਿਆਂ ਨਾਲ ਸਬੰਧਤ ਕੋਈ ਨਿੱਜੀ ਤਜਰਬਾ ਹੈ, ਇਸੇ ਲਈ ਉਹ ਪੰਜਾਬ ਵਿੱਚ ਵੱਖ-ਵੱਖ ਥਾਵਾਂ 'ਤੇ ਅਫੀਮ ਦੇ ਠੇਕੇ ਖੋਲ੍ਹਣਾ ਚਾਹੁੰਦੇ ਹਨ।

ਬਲਤੇਜ ਪੰਨੂ ਨੇ ਵੜਿੰਗ ਨੂੰ ਪੁੱਛਿਆ ਕਿ ਕੀ ਉਹ ਅਫੀਮ ਅਤੇ ਭੁੱਕੀ ਨੂੰ ਕਾਨੂੰਨੀ ਮਾਨਤਾ ਦੇਣਾ ਚਾਹੁੰਦੇ ਹਨ ਜਾਂ ਪੰਜਾਬ ਵਿੱਚ ਨਸ਼ਿਆਂ ਦੇ ਦਰਿਆ ਨੂੰ ਵਗਦੇ ਰੱਖਣਾ ਚਾਹੁੰਦੇ ਹਨ। ਕੀ ਤੁਸੀਂ ਦੁਨੀਆਂ ਨੂੰ ਸਾਬਤ ਕਰਨਾ ਚਾਹੁੰਦੇ ਹੋ ਕਿ ਪੰਜਾਬੀ ਨਸ਼ੇੜੀ ਹਨ? ਠੇਕੇ ਖੋਲ੍ਹਣ ਦਾ ਮਕਸਦ ਇਹ ਸਾਬਤ ਕਰਨਾ ਹੈ ਕਿ ਪੰਜਾਬ ਦੇ ਲੋਕ ਨਸ਼ਿਆਂ ਤੋਂ ਬਿਨਾਂ ਨਹੀਂ ਰਹਿ ਸਕਦੇ। ਇਸ ਲਈ, ਕਾਂਗਰਸ ਪਾਰਟੀ ਨੂੰ ਆਪਣੇ ਆਗੂਆਂ ਦੇ ਬਿਆਨਾਂ 'ਤੇ ਲਗਾਮ ਲਗਾਉਣੀ ਚਾਹੀਦੀ ਹੈ ਅਤੇ ਉਨ੍ਹਾਂ ਨੂੰ ਨਸ਼ਿਆਂ ਨੂੰ ਉਤਸ਼ਾਹਿਤ ਕਰਨ ਵਾਲੇ ਬਿਆਨ ਦੇਣਾ ਬੰਦ ਕਰ ਦੇਣਾ ਚਾਹੀਦਾ ਹੈ।

# ਫਿਰੋਜ਼ਪੁਰ ਕੈਂਟ ਜੰਕਸ਼ਨ - ਹਜ਼ੂਰ ਸਾਹਿਬ ਨਾਂਦੇੜ ਨਵੀਂ ਹਫ਼ਤਾਵਾਰੀ ਰੇਲ ਸੇਵਾ ਅੱਜ ਤੋਂ ਸ਼ੁਰੂ

ਨਵੀਂ ਦਿੱਲੀ, 12 ਜੂਨ, (ਅੰਮ੍ਰਿਤਪਾਲ ਸਿੰਘ) : ਫਿਰੋਜ਼ਪੁਰ ਕੈਂਟ ਜੰਕਸ਼ਨ ਤੋਂ ਨਾਂਦੇੜ ਨਵੀਂ ਸਪਤਾਹਿਕ ਰੇਲ ਸੇਵਾ ਨੂੰ 13 ਜੂਨ ਨੂੰ ਫਿਰੋਜ਼ਪੁਰ ਕੈਂਟ ਜੰਕਸ਼ਨ ਤੋਂ ਰਵਾਨਾ ਕੀਤਾ ਜਾਵੇਗਾ। ਇਹ ਨਵੀਂ ਸਪਤਾਹਿਕ ਰੇਲ ਸੇਵਾ ਨਾਂਦੇੜ ਇਸ ਪ੍ਰਮੁੱਖ ਸਿੱਖ ਤੀਰਥ ਸਥਲ (ਹਜ਼ੂਰ ਸਾਹਿਬ ਗੁਰਦੁਆਰਾ) ਨੂੰ ਜੋੜਦੀ ਹੈ। ਫਿਰੋਜ਼ਪੁਰ ਕੈਂਟ-ਨਾਂਦੇੜ ਦੇ ਵਿਚ ਇਹ ਨਵੀਂ ਸਪਤਾਹਿਕ ਟ੍ਰੇਨ ਪੰਜਾਬ ਤੋਂ ਹਜ਼ੂਰ ਸਾਹਿਬ ਨਾਂਦੇੜ ਜਾਣ ਵਾਲੇ ਯਾਤਰੀਆਂ ਦੇ ਲਈ ਯਾਤਰਾ ਦਾ ਅਨੁਭਵ ਨੂੰ ਵਧੀਆ ਬਣਾਏਗੀ, ਯਾਤਰਾ ਦਾ ਸਮਾਂ ਨੂੰ ਘੱਟ ਕਰੇਗੀ ਅਤੇ ਪੰਜਾਬ ਖੇਤਰ ਵਿਚ ਵਪਾਰ ਨੂੰ ਵਧਾਵਾ ਦੇਵੇਗੀ ਕਿਉਂਕਿ ਮਾਲ ਦੀ ਆਵਾਜਾਈ ਸੌਖੀ ਹੋਵੇਗੀ।

ਨਵੀਂ ਟ੍ਰੇਨ ਸ਼ੁਰੂ ਹੋਣ ਨਾਲ ਆਮ ਜਨਤਾ, ਵਿਦਿਆਰਥੀਆਂ, ਮਜਦੂਰਾਂ ਅਤੇ ਸੀਨੀਅਰ ਸਿਟੀਜਨ ਨੂੰ ਸਸਤੇ ਕਿਰਾਏ ਤੇ ਲੰਬੀ ਦੂਰੀ ਦੀ ਯਾਤਰਾ ਦਾ ਵਿਕਲਪ ਮਿਲੇਗਾ। ਨਾਲ ਹੀ, ਪੰਜਾਬ, ਹਰਿਆਣਾ, ਰਾਜਸਥਾਨ, ਮੱਧ ਪ੍ਰਦੇਸ਼ ਅਤੇ ਮਹਾਂਰਾਸ਼ਟਰ ਦੇ ਲਈ ਰੇਲ ਸੰਪਰਕ ਮਜਬੂਤ ਹੋਵੇਗਾ। ਪਹਿਲੇ ਯਾਤਰੀਆਂ ਨੂੰ ਟ੍ਰੇਨ ਬਦਲਣੀ ਪੈਂਦੀ ਸੀ, ਲੇਕਿਨ ਹੁਣ ਇਹ ਸਿਧੀ ਟ੍ਰੇਨ ਸੇਵਾ ਯਾਤਰਾ ਨੂੰ ਸੌਖਾ ਬਣਾ ਦੇਵੇਗੀ।

ਫਿਰੋਜ਼ਪੁਰ ਕੈਂਟ ਤੋਂ ਨਾਂਦੇੜ ਸਾਹਿਬ ਦੇ ਲਈ ਨਵੀਂ ਸਪਤਾਹਿਕ ਰੇਲ ਸ਼ੁਕਰਵਾਰ ਨੂੰ ਦੁਪਹਿਰ 1:25 ਵਜੇ ਫਿਰੋਜ਼ਪੁਰ ਤੋਂ ਚਲੇਗੀ ਅਤੇ ਐਤਵਾਰ ਨੂੰ ਸਵੇਰੇ 3 ਵਜੇ ਨਾਂਦੇੜ ਸਾਹਿਬ ਪਹੁੰਚੇਗੀ। ਵਾਪਸੀ ਵਿਚ ਟ੍ਰੇਨ ਐਤਵਾਰ ਨੂੰ ਨਾਂਦੇੜ ਸਾਹਿਬ ਤੋਂ ਸਵੇਰੇ 11:50 ਵਜੇ ਚਲੇਗੀ। ਟ੍ਰੇਨ ਮੰਗਲਵਾਰ ਨੂੰ ਸਵੇਰੇ 4.30 ਵਜੇ ਫਿਰੋਜ਼ਪੁਰ ਕੈਂਟ ਪਹੁੰਚੇਗੀ। ਇਹ ਟ੍ਰੇਨ 2020 ਕਿਲੋਮੀਟਰ ਦੀ ਦੂਰੀ ਤੈਅ ਕਰੇਗੀ ਅਤੇ ਬਠਿੰਡਾ, ਰੋਹਤਕ, ਦਿੱਲੀ ਸਫਦਰਜੰਗ, ਮਥੁਰਾ, ਆਗਰਾ, ਭੋਪਾਲ, ਭੁਸਾਵਲ ਆਦਿ ਸਮੇਤ ਕਈ ਮਹੱਤਵਪੂਰਨ ਸਟੇਸ਼ਨਾਂ 'ਤੇ ਰੁਕੇਗੀ। ਨਵੀਂ ਟ੍ਰੇਨ ਸੰਖਿਆ 14622/14621 ਹੈ।

# ਦਿੱਲੀ ਗੁਰਦੁਆਰਾ ਕਮੇਟੀ ਨੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ

## 13 ਜੂਨ ਨੂੰ ਸ਼ੁਰੂ ਹੋਵੇਗਾ ਬਾਲਾ ਸਾਹਿਬ ਹਸਪਤਾਲ

ਨਵੀਂ ਦਿੱਲੀ, 12 ਜੂਨ, (ਅੰਮ੍ਰਿਤਪਾਲ ਸਿੰਘ) : ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਪੂਰਨ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕਮੇਟੀ ਅਧੀਨ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਚ ਗੁਰਮਤਿ ਸਮਾਗਮ ਹੋਏ, ਜਿਹਨਾਂ ਵਿੱਚ ਰਾਗੀ ਸਿੰਘਾਂ ਨੇ ਗੁਰੂ ਕੀ ਇਲਾਹੀ ਬਾਣੀ ਦੇ ਕੀਰਤਨ ਨਾਲ ਸੰਗਤਾਂ ਨੂੰ ਗੁਰੂ ਨਾਲ ਜੋੜਿਆ। ਮੁੱਖ ਸਮਾਗਮ ਗੁਰਦੁਆਰਾ ਮਜਨੂੰ ਕਾ ਟਿੱਲਾ ਵਿਖੇ ਹੋਇਆ।



ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਸਮੂਹ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਦੀ ਲੱਖ-ਲੱਖ ਵਧਾਈ ਅਤੇ ਸੰਗਤਾਂ ਨੂੰ ਗੁਰਸਿੱਖੀ ਜੀਵਨ ਜਾਚ ਨਾਲ ਜੁੜਨ ਲਈ ਪ੍ਰੇਰਿਆ। ਉਹਨਾਂ ਕਿਹਾ ਕਿ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਸਾਨੂੰ ਸਰਵਉਚ ਤਖ਼ਤ ਸ੍ਰੀ ਅਕਾਲ ਤਖ਼ਤ ਸਾਹਿਬ ਦਿੱਤਾ ਤੇ ਸਾਨੂੰ ਮੀਰੀ-ਪੀਰੀ ਦੇ ਸਿਧਾਂਤ ਨਾਲ ਜੋੜਿਆ। ਉਹਨਾਂ ਕਿਹਾ ਕਿ 400 ਸਾਲਾਂ ਤੋਂ ਇਸ ਤਖ਼ਤ ਨੇ ਹੀ ਸਿੱਖ ਕੌਮ ਦੀ ਅਗਵਾਈ ਕੀਤੀ ਤੇ ਸਮੇਂ-ਸਮੇਂ 'ਤੇ ਆਏ ਸੰਕਟਾਂ ਤੇ ਮਸਲਿਆਂ ਦੇ ਮਾਮਲੇ ਵਿੱਚ ਸਾਡਾ ਮਾਰਗ ਦਰਸ਼ਨ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਕੀਤਾ। ਉਹਨਾਂ ਕਿਹਾ ਕਿ ਇੰਨਾ ਹੀ ਨਹੀਂ ਗੁਰੂ ਸਾਹਿਬ ਨੇ ਗਵਾਲੀਅਰ ਦੇ ਕਿਲ੍ਹੇ ਤੋਂ 52 ਰਾਜਿਆਂ ਨੂੰ ਆਪਣੇ ਨਾਲ ਛੁਡਵਾਇਆ, ਜਿਸਨੂੰ ਸਾਰੀ ਸਿੱਖ ਕੌਮ ਬੰਦੀ ਛੋੜ ਦਿਵਸ ਵਜੋਂ ਮਨਾਉਂਦੀ ਹੈ।

ਉਹਨਾਂ ਕਿਹਾ ਕਿ ਅੱਜ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਸਿੱਖਾਂ ਦੇ ਪੰਜ ਤਖ਼ਤਾਂ ਵਿੱਚ ਦੁਬਿਧਾ ਵਾਲੀ ਸਥਿਤੀ ਤੇ ਟਕਰਾਅ ਵਾਲੀ ਸਥਿਤੀ ਬਣੀ ਹੋਈ ਹੈ ਤੇ ਸਿੱਖਾਂ ਦੀ ਸਰਵਉੱਚ ਸੰਸਥਾ ਸ਼੍ਰੋਮਣੀ ਕਮੇਟੀ ਇਹਨਾਂ ਹਾਲਾਤਾਂ ਨਾਲ ਨਜਿੱਠਣ 'ਤੇ ਸਮੁੱਚੀ ਕੌਮ ਨੂੰ ਇਕਜੁੱਟ ਕਰਨ ਵਿਚ ਨਾਕਾਮ ਸਾਬਤ ਹੋਈ ਹੈ। ਉਹਨਾਂ ਕਿਹਾ ਕਿ ਬਤੌਰ ਪ੍ਰਬੰਧਕ ਅਸੀਂ ਵੱਡੀ ਦੁਬਿਧਾ ਵਿਚ ਹਾਂ ਕਿ ਕਿਸ ਤਖ਼ਤ ਦਾ ਹੁਕਮ ਮਨਾਏ ਤੇ ਕਿਸਦਾ ਨਾ ਮੰਨੀਏ। ਜੇਕਰ ਦਾ ਹੁਕਮ ਮੰਨਦੇ ਹਾਂ ਤਾਂ ਦੂਜਾ ਤਖ਼ਤ ਨਾਰਾਜ਼ ਹੋ ਜਾਂਦਾ ਹੈ। ਉਹਨਾਂ ਕਿਹਾ ਕਿ ਅਸੀਂ ਅਕਾਲ ਪੁਰਖ ਅੱਗੇ ਅਰਦਾਸ ਕਰਦੇ ਹਾਂ ਕਿ ਇਹ ਹਾਲਾਤ ਜਲਦੀ ਤੋਂ ਜਲਦੀ ਖ਼ਤਮ ਹੋਣ 'ਤੇ ਪੂਰੀ ਕੌਮ ਵਿਚ ਇਕਜੁੱਟਤਾ ਬਣੇ।

ਬਾਲਾ ਸਾਹਿਬ ਹਸਪਤਾਲ ਦੀ ਗੱਲ ਕਰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਕਮੇਟੀ ਦੀ ਮੌਜੂਦਾ ਟੀਮ ਨੇ ਕੋਰੋਨਾ ਕਾਲ ਵਿਚ ਬਾਲਾ ਜੀ ਹਸਪਤਾਲ ਦਾ ਪਹਿਲਾ ਫੇਜ਼ ਸ਼ੁਰੂ ਕੀਤਾ ਸੀ ਜਦੋਂ ਮੁਫਤ ਡਾਇਲਸਿਸ ਦੀ ਸਹੂਲਤ ਦਿੱਤੀ ਗਈ ਸੀ। ਉਹਨਾਂ ਕਿਹਾ ਕਿ ਅੱਜ ਤੱਕ ਲੱਖਾਂ ਲੋਕ ਇਸ ਸਹੂਲਤ ਦਾ ਲਾਭ ਲੈ ਚੁੱਕੇ ਹਨ।

# ਹਰਜੋਤ ਬੈਂਸ ਵੱਲੋਂ 14 ਕਰੋੜ ਦੀ ਲਾਗਤ ਵਾਲੇ ਹੜ੍ਹ ਸੁਰੱਖਿਆ ਪ੍ਰੋਜੈਕਟਾਂ ਨੂੰ ਜੂਨ ਦੇ ਅੰਤ ਤੱਕ ਮੁਕੰਮਲ ਕਰਨ ਦੇ ਆਦੇਸ਼

ਚੰਡੀਗੜ੍ਹ, 12 ਜੂਨ, (ਚ.ਨ.ਸ.) : ਪੰਜਾਬ ਦੇ ਸਿੱਖਿਆ ਮੰਤਰੀ ਅਤੇ ਸ੍ਰੀ ਅਨੰਦਪੁਰ ਸਾਹਿਬ ਤੋਂ ਵਿਧਾਇਕ ਹਰਜੋਤ ਸਿੰਘ ਬੈਂਸ ਨੇ ਅੱਜ ਅਨੰਦਪੁਰ ਸਾਹਿਬ ਹਲਕੇ ਵਿੱਚ ਚੱਲ ਰਹੇ ਹੜ੍ਹ ਸੁਰੱਖਿਆ ਪ੍ਰੋਜੈਕਟਾਂ ਵਿੱਚ ਤੇਜ਼ੀ ਲਿਆਉਣ ਦੇ ਆਦੇਸ਼ ਦਿੰਦਿਆਂ ਸਬੰਧਤ ਅਧਿਕਾਰੀਆਂ ਨੂੰ ਜੂਨ 2025 ਦੇ ਅੰਤ ਤੱਕ ਇਨ੍ਹਾਂ ਕਾਰਜਾਂ ਨੂੰ ਮੁਕੰਮਲ ਕਰਨ ਦਾ ਟੀਚਾ ਦਿੱਤਾ ਹੈ।

ਅੱਜ ਇੱਥੇ ਆਪਣੇ ਦਫ਼ਤਰ ਵਿਖੇ ਜਲ ਸਰੋਤ, ਲੋਕ ਨਿਰਮਾਣ ਵਿਭਾਗ ਅਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਹਰਜੋਤ ਸਿੰਘ ਬੈਂਸ ਨੇ ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਚੱਲ ਰਹੇ ਹੜ੍ਹ ਸੁਰੱਖਿਆ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ।



ਉਨ੍ਹਾਂ ਦੱਸਿਆ ਕਿ ਹਲਕੇ ਵਿੱਚ ਮੌਜੂਦਾ ਸਮੇਂ 14 ਕਰੋੜ ਰੁਪਏ ਦੀ ਲਾਗਤ ਵਾਲੇ ਕੁੱਲ 112 ਹੜ੍ਹ ਸੁਰੱਖਿਆ ਪ੍ਰੋਜੈਕਟ ਚੱਲ ਰਹੇ ਹਨ। ਇਨ੍ਹਾਂ ਪ੍ਰੋਜੈਕਟਾਂ ਵਿੱਚ ਨਾਲਿਆਂ ਅਤੇ ਚੋਆਂ ਦੀ ਸਫਾਈ, ਸਟੱਡਜ਼ ਤੇ ਰੇਵੈਟਮੈਂਟਜ਼ (ਡੰਗਿਆਂ) ਦੀ ਉਸਾਰੀ, ਚੈੱਕ ਡੈਮ ਤੇ ਸੋਕ ਪਿੱਟਸ ਦਾ ਨਿਰਮਾਣ ਸ਼ਾਮਲ ਹੈ।

ਬਰਸਾਤ ਦੇ ਮੌਸਮ ਦੌਰਾਨ ਇਸ ਖੇਤਰ ਨੂੰ ਹੜ੍ਹਾਂ ਦੇ ਖ਼ਤਰਿਆਂ ਤੋਂ ਸੁਰੱਖਿਅਤ ਰੱਖਣ ਸਬੰਧੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਸ ਇਲਾਕੇ ਵਿੱਚ ਜਲ ਸਰੋਤਾਂ ਦੇ ਪ੍ਰਭਾਵਸ਼ਾਲੀ ਪ੍ਰਬੰਧਨ ਨੂੰ ਯਕੀਨੀ ਬਣਾਉਣ ਲਈ ਸਮੁੱਚੇ ਬੁਨਿਆਦੀ ਢਾਂਚੇ ਦਾ ਵਿਸਥਾਰ ਅਤੇ ਮਜ਼ਬੂਤੀਕਰਨ ਕੀਤਾ ਜਾ ਰਿਹਾ ਹੈ।

ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਹਨਾਂ ਚੱਲ ਰਹੇ ਹੜ੍ਹ ਸੁਰੱਖਿਆ ਕਾਰਜਾਂ ਦਾ ਲਾਭ ਪਿੰਡ ਨੱਕੀਆਂ, ਮਹਿੰਦਲੀ ਖੁਰਦ, ਬਹਿਰਾਮਪੁਰ, ਰਾਏਪੁਰ ਸਾਹਨੀ, ਚਾਂਦਪੁਰ, ਮਿੰਢਵਾਂ, ਨਿੱਕੂ ਨੰਗਲ, ਜਿੰਦਵੜੀ, ਤਾਰਾਪੁਰ, ਭੱਲੜੀ, ਰਾਮਗੜ੍ਹ ਬੇਲਾ, ਪਹਾੜਪੁਰ ਅਤੇ ਸੱਧੇਵਾਲ ਦੇ ਵਸਨੀਕਾਂ ਨੂੰ ਮਿਲੇਗਾ, ਬਰਸਾਤ ਦੌਰਾਨ ਆਉਣ ਵਾਲੇ ਹੜ੍ਹਾਂ ਤੋਂ ਰਾਹਤ ਮਿਲੇਗੀ ਅਤੇ ਬਿਹਤਰ ਸਿੰਜਾਈ ਸਹੂਲਤਾਂ ਮਿਲਣਗੀਆਂ।

ਸਿੱਖਿਆ ਮੰਤਰੀ ਨੇ ਕਿਹਾ ਕਿ ਬਰਸਾਤਾਂ ਦੇ ਮੌਸਮ ਵਿੱਚ ਅਚਾਨਕ ਹੜ੍ਹਾਂ ਕਾਰਨ ਹੁੰਦੀ ਤਬਾਹੀ ਨੂੰ ਵੇਖਦਿਆਂ ਸੂਬਾ ਸਰਕਾਰ ਨੇ ਇਸ ਖੇਤਰ ਵਿੱਚ ਹੜ੍ਹ ਸੁਰੱਖਿਆ ਉਪਾਵਾਂ ਨੂੰ ਤਰਜ਼ੀਹ ਦਿੱਤੀ ਗਈ ਹੈ।

# ਵੜਿੰਗ ਨੇ ਬੱਦੋਵਾਲ ਰੇਲਵੇ ਕ੍ਰਾਸਿੰਗ ਨੂੰ ਮੁੜ ਤੋਂ ਖੋਲ੍ਹਣ ਦੀ ਮੰਗ ਕੀਤੀ; ਮੰਤਰੀ ਨੂੰ ਲਿਖਿਆ ਪੱਤਰ

ਲੁਧਿਆਣਾ, 12 ਜੂਨ, (ਅੰਮ੍ਰਿਤਪਾਲ ਸਿੰਘ) : ਪੰਜਾਬ ਕਾਂਗਰਸ ਦੇ ਪ੍ਰਧਾਨ ਅਤੇ ਲੁਧਿਆਣਾ ਤੋਂ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਬੱਦੋਵਾਲ ਰੇਲਵੇ ਕਰਾਸਿੰਗ ਨੂੰ ਮੁੜ ਤੋਂ ਖੋਲ੍ਹਣ ਦੀ ਮੰਗ ਕੀਤੀ ਹੈ, ਜਿਸਨੂੰ ਕੁਝ ਸਮਾਂ ਪਹਿਲਾਂ ਰੇਲਵੇ ਨੇ ਕੁਝ ਅਣਜਾਣ ਕਾਰਨਾਂ ਕਰਕੇ ਬੰਦ ਕਰ ਦਿੱਤਾ ਗਿਆ ਸੀ।

ਇਸ ਲੜੀ ਹੇਠ, ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੂੰ ਲਿਖੇ ਇੱਕ ਪੱਤਰ ਵਿੱਚ ਵੜਿੰਗ ਨੇ ਕਿਹਾ ਹੈ ਕਿ ਰੇਲਵੇ ਵੱਲੋਂ ਕਾਫੀ ਲੰਬੇ ਸਮੇਂ ਤੋਂ ਬੰਦ ਰੱਖੀ ਗਈ, ਇਸ ਕ੍ਰਾਸਿੰਗ ਕਾਰਨ ਰੇਲਵੇ ਲਾਈਨ ਦੇ ਦੋਵੇਂ ਪਾਸੇ ਰਹਿਣ ਵਾਲੇ ਲੋਕਾਂ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਉਨ੍ਹਾਂ ਪੱਤਰ ਵਿੱਚ ਲਿਖਿਆ ਹੈ ਕਿ ਪਿੰਡ ਦਾ ਸ਼ਮਸ਼ਾਨ ਘਾਟ ਅਤੇ ਇੱਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੇਲਵੇ ਲਾਈਨ ਦੇ ਦੂਜੇ ਪਾਸੇ ਸਥਿਤ ਹਨ। ਜਿਸ ਕਾਰਨ ਵਿਦਿਆਰਥੀਆਂ ਅਤੇ ਵਸਨੀਕਾਂ ਨੂੰ ਅਸੁਰੱਖਿਅਤ ਢੰਗ ਨਾਲ ਪਟੜੀ ਪਾਰ ਕਰਨ ਲਈ ਮਜਬੂਰ ਹੋਣਾ ਪੈਂਦਾ ਹੈ ਅਤੇ ਦੁਖਦਾਈ ਘਟਨਾਵਾਂ ਵਾਪਰ ਸਕਦੀਆਂ ਹਨ।

ਇਸ ਤੋਂ ਇਲਾਵਾ, ਵੜਿੰਗ ਨੇ ਲਿਖਿਆ ਹੈ ਕਿ ਪਿੰਡ ਦੀ ਟੈਲੀਫੋਨ ਐਕਸਚੇਂਜ ਅਤੇ ਮੁੱਖ ਬੱਸ ਅੱਡਾ ਵੀ ਰੇਲਵੇ ਲਾਈਨ ਦੇ ਦੂਜੇ ਪਾਸੇ ਸਥਿਤ ਹਨ, ਜਿਸ ਕਾਰਨ ਪਿੰਡ ਵਾਸੀਆਂ ਨੂੰ ਰੋਜ਼ਾਨਾ ਦਰਪੇਸ਼ ਮੁਸ਼ਕਲਾਂ ਹੋਰ ਵੱਧ ਜਾਂਦੀਆਂ ਹਨ।

ਲੁਧਿਆਣਾ ਤੋਂ ਸੰਸਦ ਮੈਂਬਰ ਨੇ ਕਿਹਾ ਕਿ ਪਿੰਡ ਬੱਦੋਵਾਲ ਦੀ ਪੰਚਾਇਤ ਨੇ ਸਰਬਸੰਮਤੀ ਨਾਲ ਮਤੇ ਰਾਹੀਂ ਰੇਲਵੇ ਅਧਿਕਾਰੀਆਂ ਨੂੰ ਜ਼ੋਰਦਾਰ ਅਪੀਲ ਕੀਤੀ ਹੈ ਕਿ ਉਹ ਜਨਤਾ ਦੀ ਸੁਰੱਖਿਆ ਅਤੇ ਸਹੂਲਤ ਨੂੰ ਯਕੀਨੀ ਬਣਾਉਣ ਲਈ ਰੇਲਵੇ ਕਰਾਸਿੰਗ ਨੂੰ ਪੱਕੇ ਤੌਰ 'ਤੇ ਦੁਬਾਰਾ ਖੋਲ੍ਹਣ। ਵੜਿੰਗ ਨੇ ਮੰਤਰੀ ਨੂੰ ਇਸ ਮਾਮਲੇ ਨੂੰ ਗੰਭੀਰਤਾ ਨਾਲ ਵਿਚਾਰਨ ਅਤੇ ਉਕਤ ਰੇਲਵੇ ਕ੍ਰਾਸਿੰਗ ਨੂੰ ਪੱਕੇ ਤੌਰ 'ਤੇ ਜਲਦੀ ਤੋਂ ਜਲਦੀ ਖੋਲ੍ਹਣ ਹਿੱਤ ਢੁਕਵੀਂ ਕਾਰਵਾਈ ਕਰਨ ਦੀ ਅਪੀਲ ਕੀਤੀ ਹੈ।

# 'ਯੁੱਧ ਨਸ਼ਿਆਂ ਵਿਰੁੱਧ' ਦਾ 103ਵਾਂ ਦਿਨ: 1.7 ਕਿਲੋਗ੍ਰਾਮ ਹੈਰੋਇਨ, 14 ਕਿਲੋਗ੍ਰਾਮ ਅਫ਼ੀਮ ਸਮੇਤ 119 ਨਸ਼ਾ ਤਸਕਰ ਕਾਬੂ

ਚੰਡੀਗੜ੍ਹ, 12 ਜੂਨ, (ਚ.ਨ.ਸ.) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਚਲਾਈ ਗਈ ਜੰਗ 'ਯੁੱਧ ਨਸ਼ਿਆਂ ਵਿਰੁੱਧ' ਨੂੰ 103ਵੇਂ ਦਿਨ ਵੀ ਜਾਰੀ ਰੱਖਦਿਆਂ ਪੰਜਾਬ ਪੁਲਿਸ ਨੇ ਅੱਜ 119 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1.7 ਕਿਲੋ ਹੈਰੋਇਨ, 14.6 ਕਿਲੋ ਅਫੀਮ ਅਤੇ 57480 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ। ਇਸ ਦੇ ਨਾਲ, 103 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਕੁੱਲ ਗਿਣਤੀ 17,137 ਹੋ ਗਈ ਹੈ।

ਇਹ ਆਪਰੇਸ਼ਨ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਚਲਾਇਆ ਗਿਆ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਿਹਾ ਗਿਆ ਹੈ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ ਕਮੇਟੀ ਦਾ ਵੀ ਗਠਨ ਕੀਤਾ ਹੈ।

ਸਪੈਸ਼ਲ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ 89 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1300 ਤੋਂ ਵੱਧ ਪੁਲਿਸ ਮੁਲਾਜ਼ਮਾਂ ਵਾਲੀਆਂ 200 ਤੋਂ ਵੱਧ ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚ 465 ਥਾਵਾਂ 'ਤੇ ਛਾਪੇਮਾਰੀ ਕੀਤੀ ਹੈ, ਜਿਸ ਦੇ ਚੱਲਦਿਆਂ ਸੂਬੇ ਭਰ ਵਿੱਚ 93 ਐਫਆਈਆਰਜ਼ ਦਰਜ ਕੀਤੀਆਂ ਗਈਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 489 ਸ਼ੱਕੀ ਵਿਅਕਤੀਆਂ ਦੀ ਵੀ ਜਾਂਚ ਕੀਤੀ ਹੈ।

ਸਪੈਸ਼ਲ ਡੀਜੀਪੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਨਸ਼ਨ (ਈਡੀਪੀ) - ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਨੇ 'ਡੀ-ਅਡਿਕਸ਼ਨ' ਹਿੱਸੇ ਵਜੋਂ ਅੱਜ 38 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਪ੍ਰੇਰਿਤ ਕੀਤਾ ਹੈ।

# ਸਹਾਇਕ ਸਬ ਇੰਸਪੈਕਟਰ 2,000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ



ਚੰਡੀਗੜ੍ਹ, 12 ਜੂਨ, (ਚ.ਨ.ਸ.) : ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਜ਼ਿਲ੍ਹਾ ਕਪੂਰਥਲਾ ਦੇ ਥਾਣਾ ਸੁਲਤਾਨਪੁਰ ਲੋਧੀ ਵਿਖੇ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏਐਸਆਈ) ਬਲਦੇਵ ਸਿੰਘ ਨੂੰ 2,000 ਰੁਪਏ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ।

ਅੱਜ ਇੱਥੇ ਇਹ ਖੁਲਾਸਾ ਕਰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਕਿਹਾ ਕਿ ਇਹ ਗ੍ਰਿਫ਼ਤਾਰੀ ਕਪੂਰਥਲਾ ਦੇ ਇੱਕ ਵਸਨੀਕ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਦਰਜ ਕਰਵਾਈ ਗਈ ਸ਼ਿਕਾਇਤ ਦੀ ਪੜਤਾਲ ਤੋਂ ਬਾਅਦ ਕੀਤੀ ਗਈ ਹੈ।

ਉਨ੍ਹਾਂ ਅੱਗੇ ਕਿਹਾ ਕਿ ਸ਼ਿਕਾਇਤ ਅਨੁਸਾਰ ਅਦਾਲਤ ਤੋਂ ਅਗਾਊਂ ਜ਼ਮਾਨਤ ਕਰਵਾਉਣ ਤੋਂ ਬਾਅਦ ਸ਼ਿਕਾਇਤਕਰਤਾ ਨੂੰ ਪੁਲਿਸ ਤਫ਼ਤੀਸ਼ ਵਿੱਚ ਸ਼ਾਮਲ ਹੋਣ ਦੀ ਇਜਾਜ਼ਤ ਦੇਣ ਲਈ ਮੁਲਜ਼ਮ ਏਐਸਆਈ ਨੇ 10,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ। ਬਾਅਦ ਵਿੱਚ ਇਸ ਪੁਲਿਸ ਮੁਲਾਜ਼ਮ ਨੇ ਉਕਤ ਮਕਸਦ ਲਈ 5000 ਰੁਪਏ ਦੇਣ ਦੀ ਮੰਗ ਕੀਤੀ, ਪਰ ਸ਼ਿਕਾਇਤਕਰਤਾ ਵੱਲੋਂ ਲਗਾਤਾਰ ਮਿੰਨਤਾਂ ਕਰਨ ਪਿੱਛੋਂ ਉਸਨੇ 2000 ਰੁਪਏ ਰਿਸ਼ਵਤ ਸਵੀਕਾਰ ਕਰ ਲਈ।

ਬੁਲਾਰੇ ਨੇ ਅੱਗੇ ਦੱਸਿਆ ਕਿ ਪੜਤਾਲ ਦੌਰਾਨ ਸ਼ਿਕਾਇਤ ਵਿੱਚ ਲਗਾਏ ਗਏ ਦੋਸ਼ ਸੱਚ ਪਾਏ ਗਏ, ਜਿਸ ਤੋਂ ਬਾਅਦ ਉਪਰੋਕਤ ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰਕੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।


ਪਾਠਕ ਆਪਣੇ ਹਾਕਰ ਤੋਂ ਚੜ੍ਹਦੀਕਲਾ ਦੀ ਮੰਗ ਕਰਨ

ਚੜ੍ਹਦੀਕਲਾ ਪੜ੍ਹੋ ! ਚੜ੍ਹਦੀਕਲਾ ਵਿੱਚ ਰਹੋ ! !


# ਪੰਜਾਬ ਸਰਕਾਰ ਨੇ ਘਟੀਆ ਦਰਜੇ ਦੀ ਨਾਰਮਲ ਸਲਾਈਨ ਸਪਲਾਈ ਕਰਨ ਦੇ ਦੋਸ਼ ਹੇਠ ਕੈਪਟੈਬ ਬਾਇਓਟੈਕ ਕੰਪਨੀ 'ਤੇ 3 ਸਾਲਾਂ ਲਈ ਲਗਾਈ ਰੋਕ

ਚੰਡੀਗੜ੍ਹ, 12 ਜੂਨ, (ਚ.ਨ.ਸ.) : ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਫਾਰਮਾ ਕੰਪਨੀ ਮੈਸਰਜ਼ ਕੈਪਟੈਬ ਬਾਇਓਟੈਕ, ਸੋਲਨ ਵੱਲੋਂ ਘਟੀਆ ਦਰਜੇ ਦੀ ਆਈਵੀ ਫਲਿਊਡ ਜਾਂ ਨਾਰਮਲ ਸਲਾਈਨ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ (ਪੀਐਚਐਸਸੀ) ਨੂੰ ਸਪਲਾਈ ਕਰਨ ਦੇ ਦੋਸ਼ ਹੇਠ ਉਕਤ ਕੰਪਨੀ ਵਿਰੁੱਧ ਸਖ਼ਤ ਕਾਰਵਾਈ ਦਾ ਐਲਾਨ ਕੀਤਾ ਹੈ।

ਅੱਜ ਇੱਥੇ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਿਹਤ ਮੰਤਰੀ ਨੇ ਦੱਸਿਆ ਕਿ ਕੰਪਨੀ 'ਤੇ ਪੰਜਾਬ ਸਰਕਾਰ ਦੇ ਕਿਸੇ ਵੀ ਟੈਂਡਰ ਵਿੱਚ ਹਿੱਸਾ ਲੈਣ ਤੋਂ ਤਿੰਨ ਸਾਲਾਂ ਲਈ ਰੋਕ ਲਗਾ ਦਿੱਤੀ ਗਈ ਹੈ। ਇਸ ਤੋਂ ਇਲਾਵਾ ਪੀਐਚਐਸਸੀ ਨੂੰ ਸਪਲਾਈ ਕੀਤੀਆਂ ਜਾ ਰਹੀਆਂ 11 ਵਸਤੂਆਂ ਦੀ ਕੀਮਤ ਸਬੰਧੀ ਸਾਰੇ ਕੰਟਰੈਕਟ ਵੀ ਤੁਰੰਤ ਪ੍ਰਭਾਵ ਨਾਲ ਰੱਦ ਕਰ ਦਿੱਤੇ ਗਏ ਹਨ।

ਡਾ. ਬਲਬੀਰ ਸਿੰਘ ਨੇ ਕਿਹਾ, ਕੰਪਨੀ ਦੀ 3,30,000 ਰੁਪਏ ਦੀ ਕਾਰਗੁਜ਼ਾਰੀ ਸਕਿਊਰਿਟੀ ਰਕਮ ਜ਼ਬਤ ਕਰ ਲਈ ਹੈ ਅਤੇ ਬਕਾਇਆ ਭੁਗਤਾਨ ਰੋਕ ਦਿੱਤੇ ਗਏ ਹਨ।

ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਡਰੱਗ ਐਂਡ ਕਾਸਮੈਟਿਕਸ ਐਕਟ ਦੀਆਂ ਧਾਰਾਵਾਂ ਤਹਿਤ ਕਾਰਵਾਈ ਕਰਨ ਲਈ ਸੈਂਟਰਲ ਡਰੱਗਜ਼ ਸਟੈਂਡਰਡ ਕੰਟਰੋਲ ਆਰਗੇਨਾਈਜ਼ੇਸ਼ਨ (ਸੀਡੀਐਸਸੀਓ) ਕੋਲ ਇਹ ਮਾਮਲਾ ਉਠਾਉਣ ਉਪਰੰਤ, ਅਥਾਰਟੀ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਕੰਪਨੀ ਦੇ ਸਾਰੇ ਨਿਰਮਾਣ/ਉਤਪਾਦਨ ਨੂੰ ਤੁਰੰਤ ਪ੍ਰਭਾਵ ਨਾਲ ਬੰਦ ਕਰ ਦਿੱਤਾ ਗਿਆ ਹੈ।



ਇਹ ਕਾਰਵਾਈ ਅੰਮ੍ਰਿਤਸਰ ਅਤੇ ਸੰਗਰੂਰ ਦੇ ਸਰਕਾਰੀ ਹਸਪਤਾਲਾਂ ਵਿੱਚ ਕੁਝ ਮਰੀਜ਼ਾਂ ਨੂੰ ਮੈਸਰਜ਼ ਕੈਪਟੈਬ ਬਾਇਓਟੈਕ ਵੱਲੋਂ ਤਿਆਰ ਕੀਤੀ ਨਾਰਮਲ ਸਲਾਈਨ ਦੀ ਵਰਤੋਂ ਕਾਰਨ ਹੋਏ ਐਡਵਰਸ ਡਰੱਗ ਰਿਐਕਸ਼ਨ (ਏਡੀਆਰ) ਤੋਂ ਬਾਅਦ ਅਮਲ ਵਿੱਚ ਲਿਆਂਦੀ ਗਈ ਹੈ। ਤੁਰੰਤ ਕਾਰਵਾਈ ਕਰਦਿਆਂ, ਡੀਐਚਐਸ ਪੰਜਾਬ ਨੇ ਸੂਬੇ ਦੇ ਲੋਕਾਂ ਦੀ ਸਿਹਤ ਨੂੰ ਮੁੱਖ ਰੱਖਦਿਆਂ ਉਕਤ ਨਾਰਮਲ ਸਲਾਈਨ ਦੇ ਪੂਰੇ ਸਟਾਕ ਨੂੰ ਫਰੀਜ਼ ਕਰ ਦਿੱਤਾ ਸੀ ਅਤੇ ਪੀਐਚਐਸਸੀ ਨੇ ਕੰਪਨੀ ਵੱਲੋਂ ਸਪਲਾਈ ਕੀਤੇ ਗਏ ਸਾਰੇ ਸਟਾਕ ਨੂੰ ਵਾਪਸ ਮੰਗਵਾ ਲਿਆ ਸੀ।

ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਐਫਡੀਏ ਪੰਜਾਬ ਅਤੇ ਸੀਡੀਐਸਸੀਓ, ਨਵੀਂ ਦਿੱਲੀ ਦੀ ਸਾਂਝੀ ਟੀਮ ਵੱਲੋਂ ਉਕਤ ਨਾਰਮਲ ਸਲਾਈਨ ਦੇ ਨਮੂਨੇ ਲਏ ਗਏ ਹਨ। ਉਨ੍ਹਾਂ ਅੱਗੇ ਦੱਸਿਆ ਕਿ ਪੀਐਚਐਸਸੀ ਵੱਲੋਂ ਸੂਬੇ ਭਰ ਦੀਆਂ ਸਾਰੀਆਂ ਸਿਹਤ ਸੰਸਥਾਵਾਂ ਤੋਂ ਨਾਰਮਲ ਸਲਾਈਨ ਦਾ ਸਾਰਾ ਸਟਾਕ ਕੰਪਨੀ ਵੱਲੋਂ ਆਪਣੇ ਖਰਚੇ 'ਤੇ ਵਾਪਸ ਮੰਗਵਾਉਣ ਦੇ ਨਿਰਦੇਸ਼ ਦਿੱਤੇ ਜਾਣ ਉਪਰੰਤ ਉਕਤ ਕੰਪਨੀ ਨੇ ਸਾਰਾ ਬਚਿਆ ਹੋਇਆ ਸਟਾਕ ਵਾਪਸ ਮੰਗਵਾ ਲਿਆ ਸੀ।

ਉਹਨਾਂ ਅੱਗੇ ਦੱਸਿਆ ਕਿ ਵਿਭਾਗ ਵੱਲੋਂ ਤਿੰਨ ਲੈਬਾਂ, ਜਿਨ੍ਹਾਂ ਨੇ ਪਹਿਲਾਂ ਇਸ ਕੰਪਨੀ ਦੇ ਨਮੂਨਿਆਂ ਨੂੰ ਪਾਸ ਕੀਤਾ ਸੀ ਅਤੇ ਬਾਅਦ ਵਿੱਚ ਜਿਹਨਾਂ ਨੂੰ 'ਗੈਰ-ਮਿਆਰੀ' ਘੋਸ਼ਿਤ ਕਰ ਦਿੱਤਾ ਗਿਆ ਹੈ, ਦੀ ਭੂਮਿਕਾ ਦੀ ਜਾਂਚ ਕੀਤੀ ਜਾ ਰਹੀ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸਿੱਧੀ ਧੁੱਪ ਵਿੱਚ ਕੰਮ ਕਰਨ ਵਾਲੇ ਮਜ਼ਦੂਰ, ਉਸਾਰੀ ਕਾਮੇ ਅਤੇ ਗਲੀਆਂ 'ਚ ਫੇਰੀ ਵਾਲੇ ਵਿਅਕਤੀਆਂ ਨੂੰ ਖਾਸ ਤੌਰ 'ਤੇ ਗਰਮੀ ਤੋਂ ਖ਼ਤਰਾ ਹੁੰਦਾ ਹੈ ਅਤੇ ਉਨ੍ਹਾਂ ਨੂੰ ਛਾਂਦਾਰ ਖੇਤਰਾਂ ਵਿੱਚ ਆਰਾਮ ਕਰਨਾ ਚਾਹੀਦਾ ਹੈ ਅਤੇ ਗਰਮੀ ਦੇ ਸਿਖਰ ਸਮੇਂ ਨਿਯਮਿਤ ਤੌਰ 'ਤੇ ਪਾਣੀ ਪੀਣਾ ਚਾਹੀਦਾ ਹੈ।

ਸਿਹਤ ਮੰਤਰੀ ਨੇ ਸੂਬਾ ਵਾਸੀਆਂ ਨੂੰ ਦੁਪਹਿਰ 12 ਵਜੇ ਤੋਂ 3 ਵਜੇ ਤੱਕ ਬਾਹਰੀ ਗਤੀਵਿਧੀਆਂ ਤੋਂ ਬਚਣ, ਹਲਕੇ, ਢਿੱਲੇ ਸੂਤੀ ਕੱਪੜੇ ਪਹਿਨਣ ਅਤੇ ਬਾਹਰ ਨਿਕਲਦੇ ਸਮੇਂ ਟੋਪੀਆਂ, ਪੱਗਾਂ ਜਾਂ ਦੁਪੱਟੇ ਨਾਲ ਆਪਣੇ ਸਿਰ ਢੱਕਣ ਦੀ ਸਲਾਹ ਦਿੱਤੀ। ਉਨ੍ਹਾਂ ਨੇ ਹਾਈਡਰੇਟ ਰਹਿਣ ਲਈ ਮੌਸਮੀ ਫਲਾਂ ਦੇ ਸੇਵਨ ਅਤੇ ਘਰੇਲੂ ਪੀਣ ਵਾਲੇ ਪਦਾਰਥਾਂ ਜਿਵੇਂ ਨਿੰਬੂ ਪਾਣੀ, ਲੱਸੀ ਤੇ ਨਾਰੀਅਲ ਪਾਣੀ ਆਦਿ ਲਈ ਉਤਸ਼ਾਹਿਤ ਕੀਤਾ ਅਤੇ ਸ਼ਰਾਬ, ਕੈਫੀਨ ਯੁਕਤ ਪੀਣ ਵਾਲੇ ਪਦਾਰਥ, ਤਲੇ ਜਾਂ ਬਾਸੀ ਭੋਜਨ ਤੋਂ ਪਰਹੇਜ਼ ਕਰਨ ਲਈ ਕਿਹਾ। ਉਹਨਾਂ ਕਿਹਾ ਕਿ ਜੇਕਰ ਕਿਸੇ ਨੂੰ ਗਰਮੀ ਨਾਲ ਸਬੰਧਤ ਲੱਛਣ ਜਿਵੇਂ ਕਿ ਸਰੀਰ ਦਾ ਤਾਪਮਾਨ ਵਧਣਾ, ਪਸੀਨਾ ਨਾ ਆਉਣਾ, ਸੁੱਕੀ ਲਾਲ ਚਮੜੀ, ਚੱਕਰ ਆਉਣੇ, ਉਲਟੀਆਂ, ਉਲਝਣ ਜਾਂ ਬੇਹੋਸ਼ੀ ਦੇ ਲੱਛਣ ਮਹਿਸੂਸ ਹੁੰਦੇ ਹਨ, ਤਾਂ ਉਨ੍ਹਾਂ ਨੂੰ 104 ਹੈਲਪਲਾਈਨ 'ਤੇ ਕਾਲ ਕਰਕੇ ਤੁਰੰਤ ਡਾਕਟਰੀ ਸਹਾਇਤਾ ਲੈਣੀ ਚਾਹੀਦੀ ਹੈ।

# ਅਕਾਲੀ ਦਲ ਦੇ ਵੇਲੇ ਕਰਜ਼ਾ ਚੜ੍ਹਨਾ ਸ਼ੁਰੂ ਹੋਇਆ, ਪੰਜਾਬ ਉੱਤੇ ਕਰਜ਼ਾ ਚੜ੍ਹਾ ਕੇ ਬਾਦਲਾਂ ਨੇ ਖੜ੍ਹੇ ਕੀਤੇ ਆਪਣੇ ਕਾਰੋਬਾਰ : ਮੀਤ ਹੇਅਰ

ਚੰਡੀਗੜ੍ਹ, 12 ਜੂਨ, (ਅੰਮ੍ਰਿਤਪਾਲ ਸਿੰਘ) : ਆਮ ਆਦਮੀ ਪਾਰਟੀ (ਆਪ) ਦੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਸ਼੍ਰੋਮਣੀ ਅਕਾਲੀ ਦਲ ਦੀ ਆਗੂ ਹਰਸਿਮਰਤ ਕੌਰ ਬਾਦਲ 'ਤੇ ਤਿੱਖਾ ਹਮਲਾ ਕੀਤਾ ਅਤੇ ਉਨ੍ਹਾਂ ਦੇ ਬਿਆਨ ਦਾ ਜਵਾਬ ਦਿੰਦਿਆਂ ਪੰਜਾਬ ਵਿੱਚ 'ਆਪ' ਦੀਆਂ ਪ੍ਰਾਪਤੀਆਂ ਦਾ ਵਿਸਥਾਰਪੂਰਵਕ ਵੇਰਵਾ ਦਿੱਤਾ। ਮੀਤ ਹੇਅਰ ਨੇ ਅਕਾਲੀ ਦਲ ਸਰਕਾਰ 'ਤੇ ਦੋਸ਼ ਲਗਾਇਆ ਕਿ ਉਸਨੇ ਆਪਣੇ ਕਾਰਜਕਾਲ ਦੌਰਾਨ ਪੰਜਾਬ ਨੂੰ ਕਰਜ਼ੇ ਦੇ ਸੰਕਟ ਵਿੱਚ ਧੱਕ ਦਿੱਤਾ ਜਦੋਂ ਕਿ ਸੂਬੇ ਦੇ ਲੋਕਾਂ ਲਈ ਕੋਈ ਠੋਸ ਵਿਕਾਸ ਨਹੀਂ ਕੀਤਾ।



ਮੀਤ ਹੇਅਰ ਨੇ ਕਿਹਾ ਪੰਜਾਬ ਕਰਜ਼ੇ ਦਾ ਬੋਝ ਦੀ ਸ਼ੁਰੂਆਤ ਅਕਾਲੀ ਦਲ ਸਰਕਾਰ ਦੇ ਅਧੀਨ ਸ਼ੁਰੂ ਹੋਈ, ਅਤੇ ਵੱਡੇ ਕਰਜ਼ੇ ਲੈਣ ਦੇ ਬਾਵਜੂਦ ਵੀ ਜ਼ਮੀਨੀ ਪਧਰ 'ਤੇ ਵਿਕਾਸ ਦੇਖਣ ਨੂੰ ਨਹੀਂ ਮਿਲਿਆ। ਇਸ ਕਰਜ਼ੇ ਦੀ ਵਰਤੋਂ ਉਨ੍ਹਾਂ ਦੇ ਆਪਣੇ ਕਾਰੋਬਾਰਾਂ ਨੂੰ ਲਾਭ ਪਹੁੰਚਾਉਣ ਲਈ ਕੀਤੀ। ਇਸ ਦੇ ਉਲਟ, 'ਆਪ' ਸਰਕਾਰ ਨੇ ਸਿਰਫ਼ ਤਿੰਨ ਸਾਲਾਂ ਵਿੱਚ, ਕਈ ਖੇਤਰਾਂ ਵਿੱਚ ਬੇਮਿਸਾਲ ਤਰੱਕੀ ਦਾ ਪ੍ਰਦਰਸ਼ਨ ਕੀਤਾ ਹੈ।

'ਆਪ' ਸੰਸਦ ਮੈਂਬਰ ਨੇ ਪਾਰਟੀ ਦੇ ਸ਼ਾਸਨ ਦੇ ਪਰਿਵਰਤਨਸ਼ੀਲ ਪ੍ਰਭਾਵ 'ਤੇ ਜ਼ੋਰ ਦਿੱਤਾ, ਕਿਸਾਨਾਂ ਲਈ ਨਿਰਵਿਘਨ 12-13 ਘੰਟੇ ਬਿਜਲੀ ਸਪਲਾਈ ਵਰਗੀਆਂ ਮਹੱਤਵਪੂਰਨ ਪ੍ਰਾਪਤੀਆਂ ਨੂੰ ਉਜਾਗਰ ਕੀਤਾ, ਜੋ ਕਿ ਅਕਾਲੀ ਦਲ ਦੇ ਸ਼ਾਸਨ ਦੌਰਾਨ ਅਨਿਯਮਿਤ ਸੇਵਾਵਾਂ ਦੇ ਬਿਲਕੁਲ ਉਲਟ ਹੈ। ਉਨ੍ਹਾਂ ਕਿਹਾ ਕਿ ਹਜ਼ਾਰਾਂ ਪਿੰਡਾਂ ਨੂੰ ਹੁਣ ਸਿੰਚਾਈ ਲਈ ਨਹਿਰੀ ਪਾਣੀ ਮਿਲਦਾ ਹੈ, ਇੱਕ ਸਹੂਲਤ ਜੋ ਪਿਛਲੀਆਂ ਸਰਕਾਰਾਂ ਦੌਰਾਨ ਨਹੀਂ ਦਿੱਤੀ ਗਈ ਸੀ।

ਮੀਤ ਹੇਅਰ ਨੇ ਸਿੱਖਿਆ ਵਿੱਚ 'ਆਪ' ਦੇ ਨਿਵੇਸ਼, ਖੰਡਰ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਨ ਅਤੇ ਉਨ੍ਹਾਂ ਦੇ ਸੁਧਾਰ ਲਈ ਕਰੋੜਾਂ ਰੁਪਏ ਅਲਾਟ ਕਰਨ ਦੀ ਸ਼ਲਾਘਾ ਕੀਤੀ। ਪਿਛਲੇ ਤਿੰਨ ਸਾਲਾਂ ਵਿੱਚ 50,000 ਤੋਂ ਵੱਧ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ, ਜਦੋਂ ਕਿ ਅਕਾਲੀ ਦਲ ਨੇ ਆਪਣੇ ਦਹਾਕੇ ਲੰਬੇ ਸ਼ਾਸਨ ਦੌਰਾਨ ਬਹੁਤ ਘੱਟ ਯਤਨ ਕੀਤੇ, ਜਿਸਨੂੰ ਉਨ੍ਹਾਂ ਨੇ ਮਹਿਜ ਚੋਣਾਂ ਦੌਰਾਨ ਦਿਖਾਵਾ ਦੱਸਿਆ। ਇਸ ਤੋਂ ਇਲਾਵਾ, 'ਆਪ' ਸਰਕਾਰ ਨੇ ਛੱਪੜਾਂ ਦੀ ਸਫਾਈ, ਖੇਡ ਦੇ ਮੈਦਾਨ ਬਣਾਉਣ ਅਤੇ ਸਮੁੱਚੇ ਪੇਂਡੂ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਹਜ਼ਾਰਾਂ ਕਰੋੜ ਰੁਪਏ ਦੇ ਪ੍ਰੋਜੈਕਟ ਸ਼ੁਰੂ ਕੀਤੇ ਹਨ, ਜਿਸ ਨਾਲ ਪੰਜਾਬ ਦੇ ਲੋਕਾਂ ਨੂੰ ਲਾਭ ਮਿਲ ਰਹੇ ਹਨ।

ਮੀਤ ਹੇਅਰ ਨੇ ਟੋਲ ਪਲਾਜ਼ਾ ਅਤੇ ਜਨਤਕ ਬੁਨਿਆਦੀ ਢਾਂਚੇ ਵਰਗੇ ਮੁੱਖ ਮੁੱਦਿਆਂ 'ਤੇ ਸਾਰਥਕ ਕਦਮ ਚੁੱਕਣ ਵਿੱਚ ਅਸਫਲ ਰਹਿਣ ਲਈ ਅਕਾਲੀ ਦਲ ਦੀ ਨਿੰਦਾ ਕੀਤੀ। ਉਨ੍ਹਾਂ ਕਿਹਾ 'ਆਪ' ਸਰਕਾਰ ਨੇਲੋਕਾਂ ਦਾ ਸ਼ੋਸ਼ਣ ਵਾਲੇ ਟੋਲ ਪਲਾਜ਼ਾ ਬੰਦ ਕਰ ਦਿੱਤੇ। ਅਕਾਲੀਆਂ ਨੇ ਆਪਣੇ ਕਾਰਜਕਾਲ ਦੌਰਾਨ ਇੱਕ ਵੀ ਟੋਲ ਪਲਾਜ਼ਾ ਬੰਦ ਕਿਉਂ ਨਹੀਂ ਹੋਇਆ? ਜਵਾਬ ਸਾਫ਼ ਹੈ, ਉਨ੍ਹਾਂ ਨੂੰ ਆਮ ਲੋਕਾਂ ਦੀ ਪਰਵਾਹ ਨਹੀਂ ਸੀ।

ਪੰਜਾਬ ਦੇ ਆਰਥਿਕ ਸੁਧਾਰ ਨੂੰ ਉਜਾਗਰ ਕਰਦੇ ਹੋਏ ਮੀਤ ਹੇਅਰ ਨੇ ਅਕਾਲੀ ਦਲ ਨੂੰ ਚੁਣੌਤੀ ਦਿੱਤੀ ਕਿ ਉਹ ਆਪਣੇ ਕਾਰਜਕਾਲ ਦੌਰਾਨ ਸੂਬੇ ਦੇ ਮਾਲੀਆ ਵਾਧੇ ਦੀ ਤੁਲਨਾ 'ਆਪ' ਸਰਕਾਰ ਨਾਲ ਕਰੇ। ਉਨ੍ਹਾਂ ਕਿਹਾ 'ਆਪ' ਦੇ ਅਧੀਨ ਸੂਬੇ ਦੀ ਆਮਦਨ ਵਿੱਚ ਕਾਫ਼ੀ ਵਾਧਾ ਹੋਇਆ ਹੈ। ਇਹ ਸ਼ਾਸਨ ਦਾ ਅਸਲ ਮਾਪਦੰਡ ਹੈ, ਜਿਸਨੂੰ ਨਾ ਤਾਂ ਅਕਾਲੀ ਅਤੇ ਨਾ ਹੀ ਕਾਂਗਰਸ ਪ੍ਰਾਪਤ ਕਰ ਸਕੀ।

ਮੀਤ ਹੇਅਰ ਨੇ ਵਿਰੋਧੀ ਆਗੂਆਂ ਨੂੰ ਪਿੰਡਾਂ ਦਾ ਦੌਰਾ ਕਰਨ ਅਤੇ ਆਪ ਸਰਕਾਰ ਦੁਆਰਾ ਲਿਆਂਦੀ ਗਈ ਤਬਦੀਲੀ ਨੂੰ ਦੇਖਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਸਿੱਖਿਆ ਅਤੇ ਰੁਜ਼ਗਾਰ ਤੋਂ ਲੈ ਕੇ ਬਿਜਲੀ ਅਤੇ ਪਾਣੀ ਤੱਕ, ਅੰਤਰ ਸਪੱਸ਼ਟ ਹੈ। ਅਸੀਂ ਸਿਰਫ਼ ਗੱਲਾਂ ਨਹੀਂ ਕਰਦੇ, ਅਸੀਂ ਕੰਮ ਕਰ ਕੇ ਦਿਖਾਉਂਦੇ ਹਾਂ।

## ਸੰਪਾਦਕੀ

# ਦਰਦਨਾਕ ਜਹਾਜ਼ ਹਾਦਸਾ

ਅੱਜ ਦੁਪਹਿਰ ਕਰੀਬ 1.38 ਵਜੇ ਗੁਜਰਾਤ ਦੇ ਅਹਿਮਦਾਬਾਦ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਉਡਾਣ ਭਰਨ ਵਾਲੀ ਬਦਕਿਸਮਤ ਉਡਾਨ ਏ.ਆਈ. 171 ਕੁੱਝ ਹੀ ਮਿੰਟਾਂ ਬਾਅਦ ਹਾਦਸਾਗ੍ਰਸਤ ਹੋ ਗਈ ਅਤੇ ਨੇੜਲੇ ਮੇਘਾਨੀ ਨਗਰ ਦੇ ਸੰਘਣੀ ਵਸੋਂ ਵਾਲੇ ਖੇਤਰ ਵਿਚ ਜਾ ਡਿੱਗੀ। ਹਾਦਸਾ ਜਹਾਜ਼ ਦੇ ਉਡਾਣ ਭਰਨ ਮੌਕੇ ਬਾਊਂਡਰੀ ਵਾਲ ਨਾਲ ਟਕਰਾਉਣਾ ਕਾਰਨ ਦੱਸਿਆ ਜਾਂਦਾ ਹੈ। ਹਾਦਸੇ ਦੌਰਾਨ ਜਹਾਜ਼ ਨੂੰ ਅੱਗ ਲੱਗ ਗਈ ਅਤੇ ਚੀਫ ਪਾਇਲਟ ਸੁਮਿਤ ਸਭਰਵਾਲ ਨੇ ਕੰਟਰੋਲ ਰੂਮ ਨਾਲ ਰਾਬਤਾ ਬਣਾਇਆ ਪਰ ਬਾਅਦ ਵਿਚ ਉਨ੍ਹਾਂ ਕੰਟਰੋਲ ਰੂਮ ਵੱਲੋਂ ਕਾਲ ਕਰਨ 'ਤੇ ਉਨ੍ਹਾਂ ਕਿਸੇ ਕਾਲ ਦਾ ਜਵਾਬ ਨਹੀਂ ਦਿੱਤਾ। ਸੁਮਿਤ ਸਭਰਵਾਲ ਜਿਸਦੀ ਕਿ ਹਾਦਸੇ ਦੌਰਾਨ ਮੌਤ ਹੋ ਗਈ, ਕੋਲ 8200 ਘੰਟੇ ਉਡਾਣ ਭਰਨ ਦਾ ਤਜ਼ਰਬਾ ਸੀ। ਪਰ ਹਾਦਸੇ ਸਮੇਂ ਸਹਾਇਕ ਪਾਇਲਟ ਕਲਾਈਵ ਕੁੰਦਰ ਜਹਾਜ਼ ਨੂੰ ਚਲਾ ਰਿਹਾ ਸੀ ਉਸ ਕੋਲ ਵੀ 1100 ਘੰਟੇ ਉਡਾਣ ਭਰਨ ਦਾ ਤਜ਼ਰਬਾ ਸੀ। ਇਹ ਵੀ ਪਤਾ ਲੱਗਾ ਹੈ ਕਿ ਜਹਾਜ਼ ਡਾਕਟਰਾਂ ਦੇ ਹੋਸਟਲ ਦੀ ਇਮਾਰਤ ਉਪਰ ਡਿੱਗਾ ਤੇ ਉਸਨੂੰ ਅੱਗ ਲੱਗ ਗਈ। ਜਾਣਕਾਰੀ ਮੁਤਾਬਕ ਬਦਕਿਸਮਤ ਉਡਾਣ ਵਿਚ ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਅਤੇ ਪੰਜਾਬ ਰਾਜਸੀ ਮਾਮਲਿਆਂ ਦੇ ਇੰਚਾਰਜ ਵਿਜੇ ਰੁਪਾਨੀ ਵੀ ਸਵਾਰ ਸਨ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਗੁਜਰਾਤ ਦੇ ਮੁੱਖ ਮੰਤਰੀ ਭੁਪਿੰਦਰ ਪਟੇਲ ਨਾਲ ਫੋਨ 'ਤੇ ਹਾਦਸੇ ਦੀ ਸਮੀਖਿਆ ਕੀਤੀ ਅਤੇ ਫੌਰੀ ਰਾਹਤ ਕਾਰਜਾਂ ਨੂੰ ਅੰਜਾਮ ਦੇਣ ਲਈ ਕਿਹਾ। ਇਹ ਵੀ ਦੱਸਣਯੋਗ ਹੈ ਕਿ ਇਸਤੋਂ ਪਹਿਲਾਂ ਅਹਿਮਦਾਬਾਦ ਤੋਂ ਗੈਟਵਿਕ ਜਾ ਰਹੀ ਏਅਰ ਇੰਡੀਆ ਦੀ ਉਡਾਣ ਬੀ-787 ਵੀ ਹਾਦਸਾਗ੍ਰਸਤ ਹੋ ਗਈ ਸੀ। ਤਾਜ਼ਾ ਰਿਪੋਰਟਾਂ ਮੁਤਾਬਕ ਪਾਇਲਟ ਅਤੇ ਹੋਰ ਜਹਾਜ਼ ਅਮਲੇ ਦੇ ਮੈਂਬਰਾਂ ਸਣੇ 242 ਯਾਤਰੀ ਸਵਾਰ ਸਨ। ਜਿਨ੍ਹਾਂ ਵਿਚ 169 ਭਾਰਤੀ, 53 ਬ੍ਰਿਟਿਸ਼, ਇੱਕ ਕੈਨੇਡੀਅਨ ਅਤੇ 7 ਪੁਰਤਗਾਲੀ ਯਾਤਰੀ ਸ਼ਾਮਲ ਸਨ। ਇਨ੍ਹਾਂ ਵਿਚ 217 ਬਾਲਗ ਅਤੇ 11 ਬੱਚੇ ਸ਼ਾਮਲ ਸਨ। ਭਾਵੇਂ ਇਸ ਹਾਦਸੇ ਦੇ ਮੁੱਢਲੇ ਕਾਰਨਾਂ ਦੀ ਹਾਲੇ ਕੋਈ ਪੱਕੀ ਜਾਣਕਾਰੀ ਪ੍ਰਾਪਤ ਨਹੀਂ ਹੋਈ ਪਰ ਮੁੱਢਲੀਆਂ ਰਿਪੋਰਟਾਂ ਮੁਤਾਬਕ ਜਹਾਜ਼ ਦਾ ਉਡਾਣ ਭਰਨ ਮੌਕੇ ਬਾਊਂਡਰੀ ਵਾਲ ਨਾਲ ਟਕਰਾਉਣਾ ਹੀ ਮੁੱਖ ਕਾਰਨ ਸਮਝਿਆ ਜਾ ਰਿਹਾ ਹੈ। ਇਹ ਵੀ ਜਾਣਕਾਰੀ ਪ੍ਰਾਪਤ ਹੋਈ ਹੈ ਕਿ ਹਾਦਸਾਗ੍ਰਸਤ ਉਡਾਣ ਵਿਚ ਸਵਾਰ ਯਾਤਰੀਆਂ ਵਿਚੋਂ ਕੋਈ ਵੀ ਜ਼ਿੰਦਾ ਨਹੀਂ ਬਚਿਆ। ਹਾਦਸੇ ਦਾ ਪਤਾ ਲੱਗਦਿਆਂ ਹੀ ਕੇਂਦਰੀ ਗ੍ਰਹਿ ਮੰਤਰੀ ਅਹਿਮਦਾਬਾਦ ਰਵਾਨਾ ਹੋ ਗਏ ਹਨ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਨੂੰ ਤੁਰੰਤ ਅਹਿਮਦਾਬਾਦ ਪੁੱਜਣ ਦੇ ਨਿਰਦੇਸ਼ ਦਿੱਤੇ ਹਨ। ਹਾਦਸੇ ਅਤੇ ਮ੍ਰਿਤਕਾਂ ਦੀ ਜਾਣਕਾਰੀ ਹਾਸਲ ਕਰਨ ਲਈ ਹੈਂਟਲਾਈਨ ਨੰਬਰ 1800 5691 444 ਜਾਰੀ ਕੀਤਾ ਹੈ। ਇੱਥੇ ਇਹ ਗੱਲ ਦੱਸਣਯੋਗ ਹੈ ਹਾਦਸੇ ਵਾਪਰਨ ਦੇ ਕੁਝ ਦਿਨ ਤਕ ਇਸ ਬਾਰੇ ਖਬਰਾਂ ਅਤੇ ਜਾਂਚ ਦੀਆਂ ਗੱਲਾਂ ਚਲਦੀਆਂ ਰਹਿੰਦੀਆਂ ਹਨ। ਪਰ ਅਜਿਹੇ ਦਰਦਨਾਕ ਹਾਦਸੇ ਆਖਰ ਕਿਉਂ ਵਾਪਰਦੇ ਹਨ, ਮਾਮਲੇ ਠੰਢੇ ਬਸਤੇ ਵਿਚ ਜਾ ਪਹੁੰਚਦੇ ਹਨ। ਇੱਕ ਇਹ ਗੱਲ ਵੀ ਦੇਖਣ ਵਿਚ ਆਉਂਦੀ ਹੈ ਕਿ ਹਾਦਸਿਆਂ ਵਿਚ ਭਾਰਤ ਦੇ ਲੜਾਕੂ ਮਿੱਗ-21 ਅਤੇ ਇੰਡੀਅਨ ਏਅਰਲਾਈਨਜ਼ ਦੀਆਂ ਉਡਾਣਾਂ ਜ਼ਿਆਦਾ ਹਾਦਸਿਆਂ ਦਾ ਸ਼ਿਕਾਰ ਹੁੰਦੀਆਂ ਹਨ। ਜੇਕਰ ਮਿੱਗ-21 ਲੜਾਕੂ ਜਹਾਜ਼ਾਂ ਦੀ ਗੱਲ ਕਰੀਏ ਤਾਂ ਇਹ ਸਾਹਮਣੇ ਆਉਂਦਾ ਹੈ ਕਿ ਇਹ ਦਹਾਕਿਆਂ ਪੁਰਾਣੀ ਤਕਨੀਕ ਦੇ ਜਹਾਜ਼ ਹਨ, ਜੋ ਹੁਣ ਬਹੁਤੇ ਭਰੋਸੇਯੋਗ ਨਹੀਂ ਰਹੇ ਹਨ। ਜਿੱਥੋਂ ਤਕ ਇੰਡੀਅਨ ਏਅਰਲਾਈਨਜ਼ ਦਾ ਸਵਾਲ ਹੈ ਇਹ ਬੇਹੱਦ ਆਲ੍ਹਾ ਤਰੀਕੇ ਦੇ ਜਹਾਜ਼ ਹਨ, ਜਿਨ੍ਹਾਂ ਨੂੰ ਤਕਨੀਕੀ ਤੌਰ 'ਤੇ ਕਿਸੇ ਵੀ ਤਰ੍ਹਾਂ ਦੇ ਸ਼ੱਕ ਨਾਲ ਨਹੀਂ ਦੇਖਿਆ ਜਾ ਸਕਦਾ। ਪਰ ਅਜਿਹੇ ਹਾਦਸੇ ਜ਼ਰੂਰੀ ਨਹੀਂ ਹੈ ਕਿ ਕਿਸੇ ਲਾਪ੍ਰਵਾਹੀ ਨਾਲ ਹੀ ਹੋਣ। ਇਨ੍ਹਾਂ ਪਿੱਛੇ ਤਕਨੀਕੀ ਨੁਕਸ ਜਾਂ ਫਿਰ ਹੋਰ ਤਕਨੀਕੀ ਕਾਰਣ ਅਤੇ ਖਰਾਬ ਮੌਸਮ ਵੀ ਜ਼ਿੰਮੇਵਾਰ ਹੋ ਸਕਦੇ ਹਨ। ਅਸੀਂ ਇਸ ਦਰਦਨਾਕ ਹਾਦਸੇ ਦੇ ਮ੍ਰਿਤਕਾਂ ਦੇ ਰੂਹ ਦੀ ਸ਼ਾਂਤੀ ਲਈ ਅਰਦਾਸ ਕਰਦੇ ਹਾਂ ਅਤੇ ਭਵਿੱਖ ਵਿਚ ਅਜਿਹੀ ਅਣਹੋਣੀ ਨਾ ਹੋਣ ਦੀ ਪ੍ਰਮਾਤਮਾ ਅੱਗੇ ਅਰਜ਼ੋਈ ਕਰਦੇ ਹਾਂ।

**-ਜਗਜੀਤ ਸਿੰਘ ਦਰਦੀ**

# ਪੰਜਾਬ ਸਰਕਾਰ ਦੇ ਹਾਲਾਤ ਮਾੜੇ ਹੋਏ

ਕਮਲਜੀਤ ਸਿੰਘ ਬਨਵੈਤ
98147 34035



- ਪੰਜਾਬ ਸਰਕਾਰ ਨੇ ਹੁਣੇ-ਹੁਣੇ ਲਿਆ 1000 ਕਰੋੜ ਦਾ ਕਰਜ਼ਾ ਪਰ ਫਿਰ ਵੀ ਨਹੀਂ ਪੈ ਰਹੀ ਪੂਰੀ
- ਚੰਡੀਗੜ੍ਹ ਦੇ ਸੈਕਟਰ 39 ਵਿਚਲੀਆਂ ਮੰਤਰੀਆਂ ਦੀਆਂ ਕਈ ਕੋਠੀਆਂ ਦੇ ਨਹੀਂ ਭਰੇ ਗਏ ਬਿਜਲੀ ਦੇ ਬਿੱਲ
- ਪੰਜਾਬ ਸਰਕਾਰ ਦੇ ਦਫਤਰਾਂ ਵੱਲ ਬਿਜਲੀ ਵਿਭਾਗ ਦੀ ਖੜ੍ਹੀ 2764 ਕਰੋੜ ਰੁਪਏ ਦੀ ਦੇਣਦਾਰੀ
- ਸਭ ਤੋਂ ਵੱਧ ਜਲ ਸਪਲਾਈ ਵਿਭਾਗ ਵੱਲ ਖੜ੍ਹਾ 1079 ਕਰੋੜ ਦਾ ਬਿਜਲੀ ਬਿੱਲ
- ਸਥਾਨਕ ਸਰਕਾਰ ਦਾ ਬਿਜਲੀ ਬਿੱਲ 991 ਕਰੋੜ ਨੂੰ ਪੁੱਜਿਆ
- ਪੰਜਾਬ ਸਰਕਾਰ ਨੇ ਐਚਡੀਐਫਸੀ ਤੇ ਇੰਡਸਿੰਡ ਬੈਂਕ ਨਾਲੋਂ ਨਾਤਾ ਤੋੜਿਆ
- ਸਰਕਾਰ ਵੱਲੋਂ 12 ਵਿਭਾਗਾਂ ਤੋਂ ਵਾਪਸ ਮੰਗਵਾਏ ਪੈਸੇ ਭੇਜਣ 'ਚ ਟਾਲ-ਮਟੋਲ ਕਰਨ ਦਾ ਦੋਸ਼

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਇੱਕ ਸਿਫ਼ਤ ਹੈ ਕਿ ਉਹ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਸੂਬੇ ਦਾ ਖਜ਼ਾਨਾ ਖ਼ਾਲੀ ਹੋਣ ਦਾ ਢੰਡੋਰਾ ਨਹੀਂ ਪਿੱਟ ਰਹੇ ਹਨ, ਹਾਲਾਂਕਿ ਵਿੱਤੀ ਪੱਖੋਂ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਹਾਲਾਤ ਮਾੜੇ ਚੱਲ ਰਹੇ ਹਨ। ਚੰਡੀਗੜ੍ਹ ਦੇ ਸੈਕਟਰ 39 ਵਿਚਲੀਆਂ ਮੰਤਰੀਆਂ ਦੀਆਂ ਕਈ ਕੋਠੀਆਂ ਦੇ ਬਿਜਲੀ ਦੇ ਬਿੱਲ ਭਰੇ ਨਹੀਂ ਜਾ ਰਹੇ ਹਨ ਜਿਸ ਦੇ ਚਲਦਿਆਂ ਵਿਭਾਗ ਦੀ ਟੀਮ ਬੀਤੇ ਕੱਲ ਹੱਥ ਵਿੱਚ ਪਲਾਸ ਫੜ ਕੇ ਕੁਨੈਕਸ਼ਨ ਕੱਟਣ ਲਈ ਪੁੱਜ ਗਈ ਸੀ। ਸਰਕਾਰ ਦੇ ਵੱਖ-ਵੱਖ ਦਫ਼ਤਰਾਂ ਸਿਰ ਵੀ ਬਿਜਲੀ ਦੇ ਬਿੱਲਾਂ ਦੀ 2764 ਕਰੋੜ ਰੁਪਏ ਦੀ ਦੇਣਦਾਰੀ ਖੜ੍ਹੀ ਹੈ। ਬਿਜਲੀ ਦੇ ਗ਼ੈਰ ਸਰਕਾਰੀ 1815 ਕਰੋੜ ਰੁਪਏ ਦੇ ਬਿੱਲ ਵੱਖਰੇ ਭਰਨ ਖੁਣੋ ਪਏ ਹਨ। ਡਿਫਾਲਟਰ ਰਕਮ 4247 ਕਰੋੜ ਨੂੰ ਪਾਰ ਕਰ ਗਈ ਹੈ। ਪੰਜਾਬ ਸਰਕਾਰ ਦੀ ਪਤਲੀ ਪੈ ਚੁੱਕੀ ਵਿੱਤੀ ਹਾਲਤ ਦੇ ਚਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੋ ਬੈਂਕਾਂ ਐਚਡੀਐਫਸੀ ਅਤੇ ਇੰਡਸਿੰਡ ਨਾਲੋਂ ਨਾਤਾ ਤੋੜ ਲਿਆ ਹੈ। ਇਹਨਾਂ ਵਿਭਾਗਾਂ ਉੱਤੇ ਕਰੋੜਾਂ ਦੀ ਜਮਾ ਰਾਸ਼ੀ ਵਾਪਸ ਸਰਕਾਰੀ ਖਜ਼ਾਨੇ ਵਿੱਚ ਭੇਜਣ ਤੋਂ ਟਾਲ-ਮਟੋਲ ਕਰਨ ਦਾ ਦੋਸ਼ ਹੈ।

ਇੱਕ ਜਾਣਕਾਰੀ ਅਨੁਸਾਰ ਸੈਕਟਰ 39 ਜਿੱਥੇ ਮੰਤਰੀਆਂ ਨੂੰ ਸਰਕਾਰੀ ਕੋਠੀਆਂ ਅਲਾਟ ਕੀਤੀਆਂ ਗਈਆਂ, ਉਹਨਾਂ ਵਿੱਚੋਂ ਕੋਠੀ ਨੰਬਰ 922 ਦਾ ਇਕ ਲੱਖ 60 ਹਜ਼ਾਰ ਦਾ ਬਿੱਲ ਭਰਨ ਨੂੰ ਪਿਆ ਹੈ। ਕੋਠੀ ਨੰਬਰ 923 ਵੱਲ ਇਕ ਲੱਖ 17 ਹਜ਼ਾਰ ਦੀ ਰਕਮ ਖੜੀ ਹੈ। ਜਦ ਕਿ 926 ਦਾ ਬਿੱਲ ਡੇਢ ਲੱਖ ਨੂੰ ਪਾਰ ਕਰ ਗਿਆ ਹੈ। 964 ਨੰਬਰ ਕੋਠੀ ਦਾ ਬਿੱਲ ਵੀ ਇਕ ਲੱਖ ਤੋਂ ਵੱਧ ਦੱਸਿਆ ਜਾਂਦਾ ਹੈ। ਇਹ ਰਕਮ 30 ਅਪ੍ਰੈਲ ਤੱਕ ਪੰਜਾਬ ਸਰਕਾਰ ਵੱਲ ਖੜ੍ਹੀ ਸੀ। ਉਸ ਤੋਂ ਬਾਅਦ ਮਈ ਅਤੇ ਜੂਨ ਦਾ ਬਿੱਲ ਹੋਰ ਜੁੜ ਜਾਵੇਗਾ।

ਪੰਜਾਬ ਸਰਕਾਰ ਦੇ ਆਪਣੇ ਵਿਭਾਗਾਂ ਦੀ ਗੱਲ ਕਰੀਏ ਤਾਂ ਜਲ ਸਪਲਾਈ ਵਿਭਾਗ ਵੱਲ 1079 ਕਰੋੜ ਅਤੇ ਸਥਾਨਕ ਸਰਕਾਰ ਵਿਭਾਗ ਵੱਲ 991 ਕਰੋੜ ਰੁਪਏ ਦਾ ਬਿਜਲੀ ਦਾ ਬਿੱਲ ਬਕਾਇਆ ਖੜ੍ਹਾ ਹੈ। ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਸਿਰ ਬਿਜਲੀ ਵਿਭਾਗ ਦੀ 334 ਕਰੋੜ ਅਤੇ ਸਿਹਤ ਵਿਭਾਗ ਸਿਰ 148 ਕਰੋੜ ਦੀ ਦੇਣਦਾਰੀ ਖੜ੍ਹੀ ਹੈ। ਸਰਕਾਰੀ ਵਿਭਾਗਾਂ ਵੱਲ ਖੜ੍ਹੇ ਬਿਜਲੀ ਦੇ ਬਿੱਲਾਂ ਦਾ ਇਹ 92 ਫ਼ੀਸਦੀ ਹਿੱਸਾ ਬਣਦਾ ਹੈ। ਇਸੇ ਤਰ੍ਹਾਂ ਪੰਜਾਬ ਸੀਵਰੇਜ ਵਿਭਾਗ ਵੱਲ 78 ਕਰੋੜ, ਜੇਲ੍ਹ ਵਿਭਾਗ ਵੱਲ 23 ਕਰੋੜ ਅਤੇ ਲੋਕ ਨਿਰਮਾਣ ਵਿਭਾਗ ਵੱਲ 21 ਕਰੋੜ ਰੁਪਏ ਦੇ ਬਿੱਲ ਲਟਕਦੇ ਆ ਰਹੇ ਹਨ। ਇਹ ਅੰਕੜੇ 31 ਮਾਰਚ 2025 ਤੱਕ ਦੇ ਹਨ, ਉਸ ਤੋਂ ਬਾਅਦ ਇਸ ਵਿੱਚ ਕਰੋੜਾਂ ਰੁਪਏ ਹੋਰ ਜੁੜ ਗਏ ਹੋਣਗੇ। ਹੋਰ ਤਾਂ ਹੋਰ ਪੰਜਾਬ ਸਰਕਾਰ ਵੱਲ ਪੀਜੀਆਈ ਦੀ ਵੀ 13 ਕਰੋੜ ਦੀ ਦੇਣਦਾਰੀ ਖੜ੍ਹੀ ਹੈ। ਇਹ ਪੈਸੇ ਸਰਕਾਰ ਦੇ ਮੰਤਰੀਆਂ ਤੇ ਵਿਧਾਇਕਾਂ ਸਮੇਤ ਮੁਲਾਜ਼ਮਾਂ ਦੇ ਇਲਾਜ ਦੇ ਸਮੇਂ ਸਿਰ ਅਦਾ ਨਹੀਂ ਕੀਤੇ ਗਏ ਹਨ। ਪੀਜੀਆਈ ਵੱਲੋਂ ਪੰਜਾਬ ਦੇ ਚੰਡੀਗੜ੍ਹ ਦੇ ਦਫਤਰਾਂ ਵਿੱਚ ਕੰਮ ਕਰਦੇ ਮੁਲਾਜ਼ਮਾਂ ਦਾ ਇਲਾਜ ਬੰਦ ਕਰਨ ਦੀ ਧਮਕੀ ਵੀ ਦਿੱਤੀ ਜਾ ਚੁੱਕੀ ਹੈ।

ਪੰਜਾਬ ਸਰਕਾਰ ਨੇ ਆਪਣੇ ਖਰਚੇ ਪੂਰੇ ਕਰਨ ਲਈ ਹਾਲੇ ਕੁਝ ਦਿਨ ਪਹਿਲਾਂ ਹੀ 1000 ਕਰੋੜ ਦਾ ਨਵਾਂ ਕਰਜ਼ਾ ਚੁੱਕਿਆ ਹੈ ਜਿਹੜਾ ਕਿ ਅਗਲੇ 21 ਸਾਲਾਂ ਦੌਰਾਨ ਵਾਪਸ ਕਰਨਾ ਹੋਵੇਗਾ। ਇਸ ਦਾ ਮਤਲਬ ਇਹ ਹੋਇਆ ਕਿ 2027 ਤੋਂ ਬਾਅਦ ਬਣਨ ਵਾਲੀਆਂ ਚਾਰ ਸਰਕਾਰਾਂ ਨੂੰ ਇਹ ਕਰਜ਼ਾ ਚੁਕਾਉਣਾ ਪਵੇਗਾ। ਸੂਤਰਾਂ ਅਨੁਸਾਰ ਪੰਜਾਬ 4 ਲੱਖ ਕਰੋੜ ਤੋਂ ਵੱਧ ਦਾ ਕਰਜ਼ਾਈ ਹੈ। ਸਰਕਾਰ ਸਿਰ ਕਰਜ਼ੇ ਦੀ ਪੰਡ ਇਵੇਂ ਹੀ ਭਾਰੀ ਹੁੰਦੀ ਰਹੀ ਤਾਂ 31 ਮਾਰਚ 2027 ਤੱਕ ਕਰਜ਼ੇ ਦੀ ਰਕਮ 5 ਲੱਖ 17 ਹਜ਼ਾਰ ਕਰੋੜ ਰੁਪਏ ਨੂੰ ਪੁੱਜ ਜਾਵੇਗੀ।

ਪੰਜਾਬ ਸਰਕਾਰ ਦੇ ਬੈਂਕਾਂ ਨੂੰ ਲੈ ਕੇ ਲਏ ਤਾਜ਼ਾ ਫੈਸਲੇ ਦੀ ਗੱਲ ਕਰੀਏ ਤਾਂ ਸਰਕਾਰੀ ਵਿਭਾਗਾਂ ਦੀ ਕਰੋੜਾਂ ਰੁਪਏ ਦੀ ਜਿਨਾਂ ਰਾਸ਼ੀ 'ਤੇ ਕਾਬਜ਼ ਹੋ ਕੇ ਬੈਠਣ ਵਾਲੇ ਪ੍ਰਾਈਵੇਟ ਬੈਂਕਾਂ ਖ਼ਿਲਾਫ਼ ਸਖ਼ਤ ਫੈਸਲਾ ਲਿਆ ਹੈ। ਪੰਜਾਬ ਸਰਕਾਰ ਵੱਲੋਂ 12 ਵਿਭਾਗਾਂ ਤੋਂ ਪੈਸੇ ਵਾਪਸ ਮੰਗਵਾ ਲਏ ਸਨ। ਇਹਨਾਂ ਦੋ ਬੈਂਕਾਂ ਨੇ ਪੈਸੇ ਵਾਪਸ ਕਰਨ ਵਿੱਚ ਦੇਰੀ ਕਰ ਦਿੱਤੀ ਸੀ, ਜਿਸ ਦੇ ਚਲਦਿਆਂ ਸਰਕਾਰ ਨੇ ਐਚਡੀਐਫਸੀ ਬੈਂਕ ਅਤੇ ਇੰਡਸਿੰਡ ਬੈਂਕ ਨਾਲ ਨਾਤਾ ਤੋੜ ਲਿਆ ਹੈ। ਦੂਜੇ ਸ਼ਬਦਾਂ ਵਿੱਚ ਸਰਕਾਰ ਹੁਣ ਇਹਨਾਂ ਦੋਵੇਂ ਬੈਂਕਾਂ ਨਾਲ ਕੋਈ ਕਾਰੋਬਾਰੀ ਲੈਣ ਦੇਣ ਨਹੀਂ ਕਰੇਗੀ। ਅਧਿਕਾਰਤ ਤੌਰ 'ਤੇ ਮਿਲੀ ਸੂਚਨਾ ਅਨੁਸਾਰ ਐਚਡੀਐਫਸੀ ਬੈਂਕ ਨੇ ਤਿੰਨ ਚਾਰ ਸਰਕਾਰੀ ਵਿਭਾਗਾਂ ਅਤੇ ਇੰਡਸਿੰਡ ਬੈਂਕ ਨੇ ਇੱਕ ਵਿਭਾਗ ਦੀ ਕਰੋੜਾਂ ਰੁਪਏ ਦੀ ਜਮਾ ਰਾਸ਼ੀ ਨੂੰ ਸਰਕਾਰੀ ਖਜ਼ਾਨੇ ਵਿੱਚ ਵਾਪਸ ਦੇਣ ਤੋਂ ਟਾਲਮਟੋਲ ਕਰ ਦਿੱਤਾ ਸੀ। ਇੰਡਸਿੰਡ ਬੈਂਕ ਕੋਲ ਟੈਕਨੀਕਲ ਐਜੂਕੇਸ਼ਨ ਬੋਰਡ ਦੇ 50 ਕਰੋੜ ਰੁਪਏ ਜਮ੍ਹਾਂ ਪਏ ਹਨ। ਤਕਨੀਕੀ ਸਿੱਖਿਆ ਬੋਰਡ ਨੇ ਵਿੱਤ ਵਿਭਾਗ ਨੂੰ ਸੂਚਿਤ ਕੀਤਾ ਸੀ ਕਿ ਇਹ ਬੈਂਕ ਸਮਾਂ ਵੱਧ ਟਰਾਂਜੈਕਸ਼ਨ ਕਰਨ ਵਿੱਚ ਪੇਸ਼ੇਵਰ ਵਿਹਾਰ ਨਹੀਂ ਕਰ ਰਿਹਾ, ਇਸੇ ਆਧਾਰ 'ਤੇ ਵਿੱਤ ਵਿਭਾਗ ਨੇ ਇੰਡਸਿੰਡ ਬੈਂਕ ਨਾਲੋਂ ਸਬੰਧ ਤੋੜ ਲਿਆ ਹੈ।

ਦੂਜੇ ਬੰਨੇ ਵਿੱਤ ਵਿਭਾਗ ਦੇ ਜਦੋਂ ਧਿਆਨ ਵਿੱਚ ਆਇਆ ਕਿ ਸਰਕਾਰੀ ਖਜ਼ਾਨੇ ਦੀ ਕੀਮਤ 'ਤੇ ਐਚਡੀਐਫਸੀ ਬੈਂਕ ਅਤੇ ਇੰਡਸਿੰਡ ਬੈਂਕ ਸਰਕਾਰੀ ਪੈਸੇ ਨੂੰ ਆਪਣੇ ਕੋਲ ਰੱਖੀ ਬੈਠੇ ਹਨ। ਤਾਂ ਪੰਜਾਬ ਸਰਕਾਰ ਨੇ ਪ੍ਰਾਈਵੇਟ ਸੈਕਟਰ ਦੇ ਇਹਨਾਂ ਬੈਂਕਾਂ ਨਾਲੋਂ ਸਬੰਧ ਖਤਮ ਕਰ ਲਾਏ ਹਨ। ਵਿੱਤ ਵਿਭਾਗ ਨੇ ਪਹਿਲੇ ਪੜਾਅ ਵਿੱਚ ਐਚਡੀਐਫਸੀ ਬੈਂਕ ਨੂੰ ਆਪਣੀ ਕਾਰੋਬਾਰੀ ਸੂਚੀ 'ਚੋਂ ਬਾਹਰ ਕਰ ਦਿੱਤਾ ਅਤੇ ਬਾਅਦ ਵਿੱਚ ਇਹੋ ਫੈਸਲਾ ਇੰਡਸਿੰਡ ਬੈਂਕ ਉੱਤੇ ਲਾਗੂ ਕਰ ਦਿੱਤਾ ਗਿਆ ਹੈ। ਪੰਜਾਬ ਸਰਕਾਰ ਦੀ ਸੂਚੀ ਵਿੱਚ ਹੁਣ 22 ਬੈਂਕ ਰਹਿ ਗਏ ਹਨ।

ਵਿੱਤ ਵਿਭਾਗ ਨੇ ਪਹਿਲੀ ਤਿਮਾਹੀ ਦੇ ਫੰਡਾਂ ਵਿੱਚੋਂ ਅਣ ਖਰਚੇ ਫੰਡ ਵਾਪਸ ਮੰਗੇ ਸਨ ਪਰ ਜਦੋਂ ਕੁਝ ਵਿਭਾਗਾਂ ਦੀ ਜਮਾ ਰਾਸ਼ੀ ਪ੍ਰਾਈਵੇਟ ਬੈਂਕਾਂ ਨੇ ਵਾਪਸ ਖਜ਼ਾਨੇ ਵਿੱਚ ਭੇਜਣ ਤੋਂ ਆਨਾ-ਕਾਨੀ ਕੀਤੀ ਤਾਂ ਸਰਕਾਰ ਨੇ ਸਖ਼ਤ ਐਕਸ਼ਨ ਲੈ ਲਿਆ। ਜਾਣਕਾਰੀ ਮਿਲੀ ਹੈ ਕਿ ਐਚਡੀਐਫਸੀ ਬੈਂਕ ਨੇ ਕਰ ਵਿਭਾਗ ਦੀ ਕਰੀਬ 150 ਕਰੋੜ ਦੀ ਰਾਸ਼ੀ ਸਮੇਂ ਸਿਰ ਵਾਪਸ ਖਜ਼ਾਨੇ ਵਿੱਚ ਨਹੀਂ ਭੇਜੀ ਸੀ। ਸਰਕਾਰ ਦੇ ਧਿਆਨ ਵਿੱਚ ਪਨਸਪ ਦਾ ਇੱਕ ਮਾਮਲਾ ਆਇਆ ਹੈ। ਬਾਰਦਾਨਾ ਖਰੀਦਣ ਲਈ ਰੱਖਿਆ ਪੈਸਾ ਐਚਡੀਐਫਸੀ ਬੈਂਕ ਸਰਕਾਰੀ ਖਜ਼ਾਨੇ 'ਚ ਵਾਪਸ ਕਰਨ ਵਿੱਚ ਦੇਰੀ ਕਰ ਰਿਹਾ ਸੀ, ਜਿਸ ਕਰਕੇ ਇਸ ਬੈਂਕ ਖ਼ਿਲਾਫ਼ ਵੀ ਸਖਤ ਕਾਰਵਾਈ ਕਰਨੀ ਪਈ ਹੈ।

ਇੱਕ ਪਾਸੇ ਪੰਜਾਬ ਸਰਕਾਰ ਨੂੰ ਅਸਲੀਅਤ ਵਿੱਚ ਵਿੱਤੀ ਸੰਕਟ ਵਿੱਚ ਉਦੋਂ ਲੰਘਣਾ ਪੈ ਰਿਹਾ ਹੈ, ਦੂਜੇ ਪਾਸੇ ਖ਼ਰਚੇ ਘੱਟ ਨਹੀਂ ਕੀਤੇ ਜਾ ਰਹੇ ਹਨ। ਟੀਵੀ ਅਤੇ ਅਖਬਾਰਾਂ ਵਿੱਚ ਸਰਕਾਰੀ ਇਸ਼ਤਿਹਾਰਬਾਜ਼ੀ ਉੱਤੇ ਕਰੋੜਾਂ ਰੁਪਏ ਖ਼ਰਚ ਕੀਤੇ ਜਾ ਰਹੇ ਹਨ। ਦੂਜੇ ਬੰਨੇ ਚੰਡੀਗੜ੍ਹ ਸਮੇਤ ਪੰਜਾਬ ਦੀਆਂ ਸੜਕਾਂ ਉੱਤੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਤੇ ਭਗਵੰਤ ਸਿੰਘ ਮਾਨ ਦੇ ਲਗਾਏ ਜਾ ਰਹੇ ਹੋਰਡਿੰਗਜ਼ ਦੀ ਗਿਣਤੀ ਲਗਾਤਾਰ ਵੱਧ ਰਹੀ ਹੈ। ਵਿੱਤ ਵਿਭਾਗ ਨੇ ਦਿੱਲੀ ਤੋਂ ਦੋ ਸਲਾਹਕਾਰ ਨਿਯੁਕਤ ਕਰਕੇ ਆਪਣੇ ਸਿਰ ਨਵਾਂ ਆਰਥਿਕ ਭਾਰ ਵਧਾ ਲਿਆ ਸੀ। ਆਮ ਆਦਮੀ ਪਾਰਟੀ ਦੇ ਕੋਆਰਡੀਨੇਟਰ ਮਨੀਸ਼ ਸਿਸੋਦੀਆ ਤੇ ਕੋਆਰਡੀਨੇਟਰ ਸਤੇਂਦਰ ਜੈਨ ਦਾ ਖ਼ਰਚਾ ਪਾਰਟੀ ਨਹੀਂ ਸਗੋਂ ਪੰਜਾਬ ਸਰਕਾਰ ਢੋਅ ਰਹੀ ਹੈ। ਮੰਤਰੀਆਂ ਅਤੇ ਵਿਭਾਗ ਮੁਖੀਆਂ ਦੇ ਸਿਰ ਉੱਤੇ ਦਿੱਲੀ ਤੋਂ ਲਿਆ ਕੇ ਬਿਠਾਏ ਮਾਹਿਰਾਂ ਦਾ ਵਿੱਤੀ ਬੋਝ ਚੁੱਕਣ ਲਈ ਪੰਜਾਬ ਸਰਕਾਰ ਵੱਖਰੇ ਤੌਰ 'ਤੇ ਮਜਬੂਰ ਹੋ ਰਹੀ ਹੈ।

ਪੰਜਾਬ ਦੇ ਦੁੱਖਾਂ ਦੀ ਕਹਾਣੀ ਇੱਥੇ ਹੀ ਖ਼ਤਮ ਨਹੀਂ ਹੋ ਜਾਂਦੀ ਹੈ। ਪਤਾ ਲੱਗਾ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਉਹਨਾਂ ਦੇ ਹੋਰ ਪਰਿਵਾਰਿਕ ਮੈਂਬਰਾਂ ਦੇ ਸੋਸ਼ਲ ਮੀਡੀਆ ਚਲਾਉਣ ਵਾਲੀ ਟੀਮ ਦੇ ਅੱਠ ਮੈਂਬਰਾਂ ਨੂੰ ਘਰੀਂ ਤੋਰ ਦਿੱਤਾ ਗਿਆ। ਸੂਤਰ ਤਾਂ ਇਹ ਵੀ ਦਾਅਵਾ ਕਰਦੇ ਹਨ ਕਿ ਮੁੱਖ ਮੰਤਰੀ ਨੂੰ ਇਸ ਦੀ ਜਾਣਕਾਰੀ ਨਹੀਂ ਹੈ। ਉਹ ਇਹ ਵੀ ਹੋ ਸਕਦਾ ਹੈ ਕਿ ਜਾਣਕਾਰੀ ਹੋਣ ਦੇ ਬਾਵਜੂਦ ਉਹ ਕਈ ਦੂਜੇ ਸਿਆਸੀ ਲੀਡਰਾਂ ਦੀ ਤਰ੍ਹਾਂ ਜਾਣਕਾਰੀ ਦੇਣ ਤੋਂ ਟਾਲਾ ਵੱਟ ਗਏ ਹੋਣ। ਪਰ ਪੰਜਾਬ ਦੇ ਪੈਸੇ ਉੱਤੇ ਦਿੱਲੀ ਵਾਲਿਆਂ ਨੂੰ ਮੌਜ ਲੁੱਟਣ ਦੀ ਖੁੱਲ੍ਹ ਦੇਣੀ ਸਰਕਾਰ ਨੂੰ ਮਹਿੰਗੀ ਪੈ ਸਕਦੀ ਹੈ। ਦੂਜੇ ਬੰਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਇਕ ਪ੍ਰੈਸ ਕਾਨਫਰੰਸ ਦੌਰਾਨ ਇਥੋਂ ਤੱਕ ਕਹਿ ਦਿੰਦੇ ਹਨ ਕਿ ਜੇ ਕੋਈ ਲਿਆਕਤ ਦੇ ਸਿਰ 'ਤੇ ਬਾਹਰ ਵਾਲਾ ਪੰਜਾਬ ਵਿੱਚ ਨੌਕਰੀ ਲੈ ਜਾਵੇ ਤਾਂ ਕੀ ਹਰਜ਼ ਹੈ। ਪੰਜਾਬੀ ਵੀ ਤਾਂ ਵਿਦੇਸ਼ਾਂ ਦੀਆਂ ਸਰਕਾਰਾਂ ਅਤੇ ਸਿਆਸੀ ਪਾਰਟੀਆਂ ਵਿੱਚ ਹਿੱਸੇਦਾਰੀ ਪਾਈ ਬੈਠੇ ਹਨ।

ਲੋੜ ਤਾਂ ਵਿੱਤੀ ਖਜ਼ਾਨੇ ਨੂੰ ਦੇਖਦਿਆਂ ਸੰਕੋਚ ਨਾਲ ਚੱਲਣ ਦੀ ਸੀ ਪਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਖ਼ਰਚੇ ਤਤਕਾਲੀ ਸਰਕਾਰਾਂ ਨਾਲੋਂ ਵੀ ਵਧਾ ਲਏ ਹਨ। ਪੰਜਾਬ ਵਿੱਚ ਹਰ ਬੱਚਾ ਆਪਣੇ ਸਿਰ ਸਵਾ ਲੱਖ ਦਾ ਕਰਜ਼ਾ ਲੈ ਕੇ ਜਨਮ ਲੈ ਰਿਹਾ ਹੈ। ਸਰਕਾਰਾਂ ਨੇ ਹਾਲੇ ਵੀ ਸੰਜਮ ਨਾ ਵਰਤਿਆ ਤਾਂ ਇਸ ਦੇ ਗੰਭੀਰ ਸਿੱਟੇ ਨਿਕਲਣਗੇ। ਇਸ ਦਾ ਖ਼ਮਿਆਜ਼ਾ ਸਿਰਫ਼ ਸਰਕਾਰਾਂ ਨੂੰ ਨਹੀਂ ਪੰਜਾਬੀਆਂ ਨੂੰ ਭੁਗਤਣਾ ਪਵੇਗਾ।

# ਅਹਿਮਦਾਬਾਦ ਏਅਰ ਇੰਡੀਆ ਹਵਾਈ ਹਾਦਸਾ: ਮੌਤ ਦਾ ਸ਼ਬਦਾਂ ਵਿੱਚ ਬਿਆਨ ਮੁਸ਼ਕਲ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅਹਿਮਦਾਬਾਦ ਏਅਰਪੋਰਟ ਤੋਂ ਲੰਡਨ ਜਾ ਰਹੀ ਏਅਰ ਇੰਡੀਆ ਦੀ ਫ਼ਲਾਈਟ ਕ੍ਰੈਸ਼ ਤੇ ਦੁਖਦਾਈ ਘਟਨਾ 'ਚ ਸ਼ਬਦਾਂ ਵਿੱਚ ਵਰਣਨ ਕਰਨਾ ਬੇਹੱਦ ਮੁਸ਼ਕਲ ਹੈ। ਇਹ ਮੌਤ ਦਾ ਇੱਕ ਅਜਿਹਾ ਦ੍ਰਿਸ਼ ਜੋ ਬੇਹੱਦ ਯਾਤਨਾ ਭਰਿਆ ਦ੍ਰਿਸ਼ ਹੈ ਕਿ ਸ਼ਬਦ ਨਹੀਂ ਹਨ ਕਿ ਇੰਨੀਆਂ ਇਕੱਠੀਆਂ ਮੌਤਾਂ ਤੇ ਇਸ ਭਿਆਨਕ ਮੰਜ਼ਰ ਨੂੰ ਸ਼ਬਦਾਂ ਵਿੱਚ ਬਿਆਨ ਕੀਤਾ ਜਾ ਸਕੇ। 12 ਜੂਨ 2025 ਨੂੰ ਅਹਿਮਦਾਬਾਦ ਦੇ ਸਰਦਾਰ ਵੱਲਭਭਾਈ ਪਟੇਲ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਨੇੜੇ ਵਾਪਰਿਆ ਏਅਰ ਇੰਡੀਆ ਦਾ ਜਹਾਜ਼ ਹਾਦਸਾ ਇੱਕ ਅਜਿਹੀ ਦੁਖਦ ਘਟਨਾ ਹੈ, ਜਿਸ ਨੇ ਨਾ ਸਿਰਫ਼ ਭਾਰਤੀ ਸਮਾਜ ਨੂੰ, ਸਗੋਂ ਵਿਸ਼ਵ ਭਰ ਦੇ ਲੋਕਾਂ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਏਅਰ ਇੰਡੀਆ ਦੀ ਫਲਾਈਟ 19171, ਜੋ ਅਹਿਮਦਾਬਾਦ ਤੋਂ ਲੰਡਨ ਗੈਟਵਿਕ ਜਾ ਰਹੀ ਸੀ, ਟੇਕਆਫ ਦੌਰਾਨ ਹਾਦਸਾਗ੍ਰਸਤ ਹੋ ਗਈ।

ਇਸ ਬੋਇੰਗ 787-8 ਜਹਾਜ਼ ਵਿੱਚ 242 ਯਾਤਰੀ ਅਤੇ ਚਾਲਕ ਦਲ ਦੇ ਮੈਂਬਰ ਸਵਾਰ ਸਨ। ਸ਼ੁਰੂਆਤੀ ਰਿਪੋਰਟਾਂ ਅਨੁਸਾਰ, ਇਹ ਹਾਦਸਾ ਜਹਾਜ਼ ਦੇ ਇੰਜਣ ਵਿੱਚ ਤਕਨੀਕੀ ਖਰਾਬੀ ਕਾਰਨ ਵਾਪਰਿਆ। ਇਸ ਘਟਨਾ ਨੇ 242 ਤੋਂ ਵੱਧ ਜੀਵਨ ਖੋਹ ਲਏ, ਜਿਸ ਨੇ ਸਮਾਜ ਨੂੰ ਮੌਤ, ਦੁੱਖ ਅਤੇ ਜੀਵਨ ਦੀ ਨਾਜ਼ੁਕਤਾ ਬਾਰੇ ਡੂੰਘੇ ਵਿਚਾਰ ਕਰਨ ਲਈ ਮਜਬੂਰ ਕੀਤਾ।

ਇਥੇ, ਅਸੀਂ ਇਸ ਹਾਦਸੇ ਦੀ ਪੂਰੀ ਜਾਣਕਾਰੀ ਦੇ ਨਾਲ-ਨਾਲ ਮੌਤ ਦੇ ਮਨੋਵਿਗਿਆਨਿਕ ਅਤੇ ਦਾਰਸ਼ਨਿਕ ਅਨੁਭਵਾਂ ਦੀ ਪੜਚੋਲ ਕਰਾਂਗੇ ਅਤੇ ਅੱਜ ਦੇ ਸਮਾਜ ਵਿੱਚ ਅਜਿਹੀਆਂ ਘਟਨਾਵਾਂ ਦੇ ਪ੍ਰਭਾਵ ਨੂੰ ਸਮਝਣ ਦੀ ਕੋਸ਼ਿਸ਼ ਕਰਾਂਗੇ।

ਹਾਦਸੇ ਦੀ ਵਿਸਤ੍ਰਿਤ ਜਾਣਕਾਰੀ ਅਨੁਸਾਰ ਅਹਿਮਦਾਬਾਦ ਏਅਰ ਇੰਡੀਆ ਹਵਾਈ ਹਾਦਸਾ ਸਿਰਫ਼ ਇੱਕ ਤਕਨੀਕੀ ਅਸਫਲਤਾ ਨਹੀਂ ਸੀ, ਸਗੋਂ ਇੱਕ ਅਜਿਹੀ ਘਟਨਾ ਸੀ ਜਿਸ ਨੇ ਮਨੁੱਖੀ ਜੀਵਨ ਦੀ ਨਾਜ਼ੁਕਤਾ, ਸਮਾਜਿਕ ਸੰਵੇਦਨਸ਼ੀਲਤਾ ਅਤੇ ਮੌਤ ਦੇ ਮਨੋਵਿਗਿਆਨਿਕ ਅਤੇ ਦਾਰਸ਼ਨਿਕ ਪਹਿਲੂਆਂ ਨੂੰ ਸਾਹਮਣੇ ਲਿਆਂਦਾ।

ਇਹ ਘਟਨਾ ਸਾਨੂੰ ਸਿਖਾਉਂਦੀ ਹੈ ਕਿ ਜੀਵਨ ਅਣਕਿਆਸਿਆ ਹੈ ਅਤੇ ਸਾਨੂੰ ਹਰ ਪਲ ਨੂੰ ਮੁੱਲ ਦੇਣਾ ਚਾਹੀਦਾ ਹੈ। ਇਸ ਦੇ ਨਾਲ ਹੀ ਇਹ ਸਮਾਜ ਅਤੇ ਸਰਕਾਰ ਨੂੰ ਸੁਰੱਖਿਆ ਮਾਪਦੰਡਾਂ ਨੂੰ ਮਜ਼ਬੂਤ ਕਰਨ ਅਤੇ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਗੰਭੀਰ ਕਦਮ ਚੁੱਕਣ ਦੀ ਜ਼ਰੂਰਤ ਨੂੰ ਰੇਖਾਂਕਿਤ ਕਰਦੀ ਹੈ।

ਏਅਰ ਇੰਡੀਆ ਦੀ ਫਲਾਈਟ 19171 ਨੇ 12 ਜੂਨ 2025 ਨੂੰ ਦੁਪਹਿਰ 1:38 ਵਜੇ ਅਹਿਮਦਾਬਾਦ ਤੋਂ ਲੰਡਨ ਲਈ ਉਡਾਣ ਭਰੀ। ਇਹ ਜਹਾਜ਼ ਬੋਇੰਗ 787-8 ਡ੍ਰੀਮਲਾਈਨਰ ਸੀ, ਜੋ ਆਧੁਨਿਕ ਤਕਨਾਲੋਜੀ ਨਾਲ ਲੈਸ ਸੀ ਅਤੇ ਆਮ ਤੌਰ 'ਤੇ ਸੁਰੱਖਿਅਤ ਮੰਨਿਆ ਜਾਂਦਾ ਹੈ। ਪਰ, ਟੇਕਆਫ ਦੇ ਤੁਰੰਤ ਬਾਅਦ, ਜਹਾਜ਼ ਵਿੱਚ ਤਕਨੀਕੀ ਸਮੱਸਿਆ ਪੈਦਾ ਹੋਈ, ਜਿਸ ਦੀ ਵਜ੍ਹਾ ਨਾਲ ਇਹ ਹਵਾਈ ਅੱਡੇ ਦੇ ਨੇੜੇ ਹੀ ਕਰੈਸ਼ ਹੋ ਗਿਆ।

ਸ਼ੁਰੂਆਤੀ ਰਿਪੋਰਟਾਂ ਵਿੱਚ ਜਹਾਜ਼ ਦੇ ਇੰਜਣ ਵਿੱਚ ਖਰਾਬੀ ਨੂੰ ਜ਼ਿੰਮੇਵਾਰ ਠਹਿਰਾਇਆ ਗਿਆ, ਹਾਲਾਂਕਿ ਮੁਕੰਮਲ ਜਾਂਚ ਅਜੇ ਜਾਰੀ ਹੈ। ਇਸ ਹਾਦਸੇ ਵਿੱਚ 242 ਤੋਂ ਵੱਧ ਲੋਕਾਂ ਦੀ ਮੌਤ ਦੀ ਖਬਰ ਸਾਹਮਣੇ ਆਈ ਤੇ ਮੌਤਾਂ ਦੀ ਪੁਸ਼ਟੀ ਕੀਤੀ ਹੈ।

ਇਸ ਘਟਨਾ ਨੇ ਨਾ ਸਿਰਫ਼ ਪੀੜਤ ਪਰਿਵਾਰਾਂ ਨੂੰ ਸਦਮੇ ਵਿੱਚ ਪਾਇਆ, ਸਗੋਂ ਸਮੁੱਚੇ ਭਾਰਤੀ ਸਮਾਜ ਅਤੇ ਅੰਤਰਰਾਸ਼ਟਰੀ ਭਾਈਚਾਰੇ ਨੂੰ ਵੀ ਇਸ ਦੁਖਦਾਈ ਘਟਨਾ ਨਾਲ ਜੋੜਿਆ ਹੈ। ਏਅਰ ਇੰਡੀਆ ਨੇ ਆਪਣੇ ਅਧਿਕਾਰਤ ਬਿਆਨ ਵਿੱਚ ਹਾਦਸੇ ਦੀ ਪੁਸ਼ਟੀ ਕੀਤੀ





ਅਤੇ ਪੀੜਤਾਂ ਦੇ ਪਰਿਵਾਰਾਂ ਨਾਲ ਹਮਦਰਦੀ ਜਤਾਈ ਹੈ।

ਸਮਾਜਿਕ ਮੀਡੀਆ, ਖਾਸਕਰ ਐਕਸ 'ਤੇ ਇਸ ਹਾਦਸੇ ਨੂੰ ਲੈ ਕੇ ਤਿੱਖੀ ਪ੍ਰਤੀਕਿਰਿਆਵਾਂ ਸਾਹਮਣੇ ਆਈਆਂ। ਕਈ ਸਿਆਸੀ ਅਤੇ ਸਮਾਜਿਕ ਨੇਤਾਵਾਂ ਨੇ ਇਸ ਘਟਨਾ 'ਤੇ ਦੁੱਖ ਜਤਾਇਆ ਅਤੇ ਹਵਾਈ ਸੁਰੱਖਿਆ ਨੂੰ ਲੈ ਕੇ ਸਖਤ ਕਦਮ ਚੁੱਕਣ ਦੀ ਮੰਗ ਕੀਤੀ ਹੈ।

ਇਹਨਾਂ ਮੌਤ ਦਾ ਮਨੋਵਿਗਿਆਨਿਕ ਅਨੁਭਵ, ਮੌਤ, ਖਾਸਕਰ ਅਚਾਨਕ ਅਤੇ ਅਣਕਿਆਸੀ ਮੌਤ, ਮਨੁੱਖੀ ਮਨ 'ਤੇ ਡੂੰਘਾ ਅਸਰ ਪਾਉਂਦੀ ਹੈ। ਅਹਿਮਦਾਬਾਦ ਹਵਾਈ ਹਾਦਸੇ ਵਰਗੀਆਂ ਘਟਨਾਵਾਂ ਨਾ ਸਿਰਫ਼ ਪੀੜਤ ਪਰਿਵਾਰਾਂ ਨੂੰ ਸਦਮੇ ਵਿੱਚ ਪਾਉਂਦੀਆਂ ਹਨ, ਸਗੋਂ ਸਮੁੱਚੇ ਸਮਾਜ ਵਿੱਚ ਅਸੁਰੱਖਿਆ ਅਤੇ ਡਰ ਦਾ ਮਾਹੌਲ ਪੈਦਾ ਕਰਦੀਆਂ ਹਨ। ਮਨੋਵਿਗਿਆਨ ਦੇ ਨਜ਼ਰੀਏ ਤੋਂ ਅਜਿਹੀਆਂ ਘਟਨਾਵਾਂ ਮਨੁੱਖ ਨੂੰ ਜੀਵਨ ਦੀ ਅਸਥਿਰਤਾ ਅਤੇ ਨਾਜ਼ੁਕਤਾ ਨਾਲ ਰੂ-ਬ-ਰੂ ਕਰਵਾਉਂਦੀਆਂ ਹਨ। ਇਸ ਮੌਕੇ 'ਤੇ ਸਦਮੇ ਅਤੇ ਦੁੱਖ ਦੀਆਂ ਅਵਸਥਾਵਾਂ, ਅਸੁਰੱਖਿਆ ਦੀ ਭਾਵਨਾ: ਹਵਾਈ ਸਫਰ ਨੂੰ ਅਕਸਰ ਸੁਰੱਖਿਅਤ ਮੰਨਿਆ ਜਾਂਦਾ ਹੈ, ਪਰ ਅਜਿਹੀਆਂ ਘਟਨਾਵਾਂ ਲੋਕਾਂ ਦੇ ਮਨ ਵਿੱਚ ਅਸੁਰੱਖਿਆ ਦੀ ਭਾਵਨਾ ਪੈਦਾ ਕਰਦੀਆਂ ਹਨ। ਇਹ ਭਾਵਨਾ ਮਨੁੱਖੀ ਮਨ ਨੂੰ ਚਿੰਤਾ ਅਤੇ ਤਣਾਅ ਦੀ ਸਥਿਤੀ ਵਿੱਚ ਲੈ ਜਾਂਦੀ ਹੈ, ਜਿਸ ਨੂੰ ਮਨੋਵਿਗਿਆਨ ਵਿੱਚ Existential Anxiety ਕਿਹਾ ਜਾਂਦਾ ਹੈ। ਜੀਵਨ ਦੀ ਨਾਜ਼ੁਕਤਾ ਅਤੇ ਦਰਸ਼ਨ ਵਿੱਚ, ਜੀਵਨ ਨੂੰ ਅਕਸਰ ਇੱਕ ਸੁਪਨਾ ਜਾਂ ਛਿਣਭੰਗੁਰ ਮੰਨਿਆ ਜਾਂਦਾ ਹੈ। ਗੁਰੂ ਨਾਨਕ ਦੇਵ ਜੀ ਦੀਆਂ ਬਾਣੀਆਂ ਵਿੱਚ ਵੀ ਜੀਵਨ ਦੀ ਅਸਥਿਰਤਾ ਨੂੰ ਦਰਸਾਇਆ ਗਿਆ ਹੈ: 'ਜਿਉ ਸੁਪਨਾ ਅਰੁ ਪੇਖਨਾ, ਐਸੇ ਜਗ ਕਉ ਜਾਨਿ'। ਅਜਿਹੀਆਂ ਘਟਨਾਵਾਂ ਸਾਨੂੰ ਯਾਦ ਦਿਵਾਉਂਦੀਆਂ ਹਨ ਕਿ ਜੀਵਨ ਅਣਕਿਆਸੀ ਹੈ ਅਤੇ ਹਰ ਪਲ ਨੂੰ ਮੁੱਲ ਦੇਣਾ ਚਾਹੀਦਾ ਹੈ।

ਅਹਿਮਦਾਬਾਦ ਹਾਦਸੇ ਵਰਗੀਆਂ ਘਟਨਾਵਾਂ ਸਾਨੂੰ ਸੋਚਣ ਲਈ ਮਜਬੂਰ ਕਰਦੀਆਂ ਹਨ: ਕੀ ਜੀਵਨ ਦਾ ਕੋਈ ਅਰਥ ਹੈ ਜਦੋਂ ਮੌਤ ਅਚਾਨਕ ਆ ਸਕਦੀ ਹੈ? ਇਹ ਸਵਾਲ ਮਨੁੱਖ ਨੂੰ ਆਪਣੇ ਜੀਵਨ ਦੇ ਮਕਸਦ ਅਤੇ ਮੁੱਲਾਂ 'ਤੇ ਵਿਚਾਰ ਕਰਨ ਲਈ ਪ੍ਰੇਰਿਤ ਕਰਦੇ ਹਨ।

ਅਹਿਮਦਾਬਾਦ ਹਵਾਈ ਹਾਦਸੇ ਨੇ ਸਮਾਜ ਵਿੱਚ ਕਈ ਮੁੱਦਿਆਂ ਨੂੰ ਉਜਾਗਰ ਕੀਤਾ। ਐਕਸ 'ਤੇ ਪੋਸਟਾਂ ਅਤੇ ਖਬਰਾਂ ਅਨੁਸਾਰ, ਇਸ ਘਟਨਾ ਨੇ ਹਵਾਈ ਸੁਰੱਖਿਆ, ਸਰਕਾਰੀ ਜਵਾਬਦੇਹੀ, ਅਤੇ ਸਮਾਜਿਕ ਸੰਵੇਦਨਸ਼ੀਲਤਾ 'ਤੇ ਚਰਚਾ ਛੇੜ ਦਿੱਤੀ ਹੈ।

**ਹਵਾਈ ਸੁਰੱਖਿਆ 'ਤੇ ਸਵਾਲ:** ਅਜਿਹੀਆਂ ਘਟਨਾਵਾਂ ਸੁਰੱਖਿਆ ਪ੍ਰੋਟੋਕੋਲ ਅਤੇ ਜਹਾਜ਼ਾਂ ਦੀ ਨਿਯਮਤ ਜਾਂਚ ਦੀ ਮਹੱਤਤਾ ਨੂੰ ਉਜਾਗਰ ਕਰਦੀਆਂ ਹਨ। ਸਮਾਜ ਵਿੱਚ ਹੁਣ ਸਵਾਲ ਉਠ ਰਹੇ ਹਨ ਕਿ ਕੀ ਏਅਰ ਇੰਡੀਆ ਅਤੇ ਹੋਰ ਏਅਰਲਾਈਨਜ਼ ਸੁਰੱਖਿਆ ਮਾਪਦੰਡਾਂ ਨੂੰ ਪੂਰੀ ਤਰ੍ਹਾਂ ਨਿਭਾਅ ਰਹੀਆਂ ਹਨ।

ਇਸ ਹਾਦਸੇ ਨੇ ਸਮਾਜ ਵਿੱਚ ਸਾਂਝੀ ਸੰਵੇਦਨਸ਼ੀਲਤਾ ਨੂੰ ਵੀ ਵਧਾਇਆ। ਐਕਸ 'ਤੇ ਪੋਸਟਾਂ ਵਿੱਚ ਲੋਕਾਂ ਨੇ ਪੀੜਤ ਪਰਿਵਾਰਾਂ ਲਈ ਅਰਦਾਸਾਂ ਅਤੇ ਸਹਾਨੂਭੂਤੀ ਜਤਾਈ। ਇਹ ਸਮਾਜ ਦੀ ਸੰਵੇਦਨਸ਼ੀਲਤਾ ਅਤੇ ਸਾਂਝੇ ਦੁੱਖ ਨੂੰ ਸਾਂਝਾ ਕਰਨ ਦੀ ਭਾਵਨਾ ਨੂੰ ਦਰਸਾਉਂਦਾ ਹੈ।

ਅਹਿਮਦਾਬਾਦ ਏਅਰ ਇੰਡੀਆ ਹਵਾਈ ਹਾਦਸਾ ਸਿਰਫ਼ ਇੱਕ ਤਕਨੀਕੀ ਅਸਫਲਤਾ ਨਹੀਂ ਸੀ, ਸਗੋਂ ਇੱਕ ਅਜਿਹੀ ਘਟਨਾ ਸੀ, ਜਿਸ ਨੇ ਮਨੁੱਖੀ ਜੀਵਨ ਦੀ ਨਾਜ਼ੁਕਤਾ, ਸਮਾਜਿਕ ਸੰਵੇਦਨਸ਼ੀਲਤਾ ਅਤੇ ਮੌਤ ਦੇ ਮਨੋਵਿਗਿਆਨਿਕ ਅਤੇ ਦਾਰਸ਼ਨਿਕ ਪਹਿਲੂਆਂ ਨੂੰ ਸਾਹਮਣੇ ਲਿਆਂਦਾ। ਇਹ ਘਟਨਾ ਸਾਨੂੰ ਸਿਖਾਉਂਦੀ ਹੈ ਕਿ ਜੀਵਨ ਅਣਕਿਆਸਾ ਹੈ ਅਤੇ ਸਾਨੂੰ ਹਰ ਪਲ ਨੂੰ ਮੁੱਲ ਦੇਣਾ ਚਾਹੀਦਾ ਹੈ। ਨਾਲ ਹੀ, ਇਹ ਸਮਾਜ ਅਤੇ ਸਰਕਾਰ ਨੂੰ ਸੁਰੱਖਿਆ ਮਾਪਦੰਡਾਂ ਨੂੰ ਮਜ਼ਬੂਤ ਕਰਨ ਅਤੇ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਗੰਭੀਰ ਕਦਮ ਚੁੱਕਣ ਦੀ ਜ਼ਰੂਰਤ ਨੂੰ ਰੇਖਾਂਕਿਤ ਕਰਦੀ ਹੈ। ਏਅਰ ਇੰਡੀਆ ਦੀ ਇਸ ਦੁਖਦਾਈ ਘਟਨਾ ਨੇ ਸਾਨੂੰ ਇਹ ਵੀ ਸਿਖਾਇਆ ਕਿ ਸਮਾਜ ਵਿੱਚ ਸਾਂਝੀ ਸੰਵੇਦਨਸ਼ੀਲਤਾ ਅਤੇ ਹਮਦਰਦੀ ਦੀ ਕਿੰਨੀ ਮਹੱਤਤਾ ਹੈ। ਪੀੜਤ ਪਰਿਵਾਰਾਂ ਨਾਲ ਸਹਾਨੂਭੂਤੀ ਅਤੇ ਸਹਿਯੋਗ ਦੇਣਾ ਸਮਾਜ ਦੀ ਸਮੂਹਿਕ ਜ਼ਿੰਮੇਵਾਰੀ ਹੈ। ਅੰਤ ਵਿੱਚ, ਅਸੀਂ ਸਾਰੇ ਪੀੜਤਾਂ ਦੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਕਰਦੇ ਹਾਂ ਅਤੇ ਉਮੀਦ ਕਰਦੇ ਹਾਂ ਕਿ ਅਜਿਹੀਆਂ ਘਟਨਾਵਾਂ ਭਵਿੱਖ ਵਿੱਚ ਨਾ ਵਾਪਰਨ।

# ਭਾਰਤ ਅੱਤਵਾਦੀ ਪ੍ਰਚਾਰ ਵਿਰੁੱਧ ਕਿਵੇਂ ਪਿੱਛੇ ਹੱਟ ਰਿਹੈ

ਵਿਕਰਮਜੀਤ ਸਿੰਘ ਸਾਹਨੀ
ਸੰਸਦ ਮੈਂਬਰ, ਰਾਜ ਸਭਾ

ਹਾਲ ਹੀ ਦੇ ਹਫ਼ਤਿਆਂ ਵਿੱਚ, ਪਾਕਿਸਤਾਨ ਵੱਲੋਂ ਸੰਯੁਕਤ ਰਾਸ਼ਟਰ ਦੇ ਅੱਤਵਾਦ ਵਿਰੋਧੀ ਕਮੇਟੀਆਂ ਦੀ ਪ੍ਰਧਾਨਗੀ ਕਰਨ ਦੀ ਵਿਡੰਬਨਾ ਭਾਰਤੀ ਜਨਤਾ ਜਾਂ ਇਸਦੀ ਲੀਡਰਸ਼ਿਪ ਤੋਂ ਦੂਰ ਨਹੀਂ ਹੋਈ ਹੈ। ਪਰ ਵਿਡੰਬਨਾ ਕਾਫ਼ੀ ਨਹੀਂ ਹੈ। ਭਾਰਤ ਨੂੰ ਸਿਰਫ਼ ਵਿਰੋਧ ਵਿੱਚ ਹੀ ਨਹੀਂ, ਸਗੋਂ ਉਦੇਸ਼ ਵਿੱਚ ਵੀ ਉੱਠਣਾ ਚਾਹੀਦਾ ਹੈ। ਜਿਵੇਂ ਕਿ ਅੱਤਵਾਦ ਦੱਖਣੀ ਏਸ਼ੀਆ 'ਤੇ ਲੰਮਾ ਪਰਛਾਵਾਂ ਪਾਉਂਦਾ ਰਹਿੰਦਾ ਹੈ, ਸਾਡੀ ਪ੍ਰਤੀਕਿਰਿਆ ਸਪੱਸ਼ਟਤਾ, ਦ੍ਰਿਸ਼ਟੀ ਅਤੇ ਰਚਨਾਤਮਕ ਸ਼ਮੂਲੀਅਤ ਵਿੱਚ ਟਿਕੀ ਹੋਣੀ ਚਾਹੀਦੀ ਹੈ। ਅੱਗੇ ਦਾ ਕੰਮ ਸਿਰਫ਼ ਦੋਹਰੇਪਣ ਦਾ ਪਰਦਾਫਾਸ਼ ਕਰਨ ਵਿੱਚ ਹੀ ਨਹੀਂ ਹੈ, ਸਗੋਂ ਅਜਿਹੇ ਹੱਲਾਂ ਨੂੰ ਆਕਾਰ ਦੇਣ ਵਿੱਚ ਵੀ ਹੈ, ਜੋ ਸੱਚਾਈ ਨੂੰ ਬਰਕਰਾਰ ਰੱਖਦੇ ਹਨ, ਕੂਟਨੀਤੀ ਨੂੰ ਮਜ਼ਬੂਤ ਕਰਦੇ ਹਨ ਅਤੇ ਖੇਤਰੀ ਸਥਿਰਤਾ: ਗਲੋਬਲ ਆਊਟ ਰੀਚ ਪ੍ਰੋਗਰਾਮ ਦੇ ਹਿੱਸੇ ਵਜੋਂ, ਦੁਨੀਆ ਭਰ ਦੇ ਦੇਸ਼ਾਂ ਨਾਲ ਜੁੜਨ ਲਈ ਸੱਤ ਪ੍ਰਤੀਨਿਧੀ ਮੰਡਲ ਭੇਜੇ ਗਏ ਸਨ। ਮੈਨੂੰ ਕਤਰ, ਦੱਖਣੀ ਅਫਰੀਕਾ, ਇਥੋਪੀਆ ਅਤੇ ਮਿਸਰ ਦਾ ਦੌਰਾ ਕਰਨ ਵਾਲੇ ਵਫ਼ਦ ਵਿੱਚ ਸ਼ਾਮਲ ਹੋਣ ਦਾ ਸਨਮਾਨ ਮਿਲਿਆ ਸਾਡਾ ਮਿਸ਼ਨ ਸਪੱਸ਼ਟ ਸੀ: ਭਾਰਤ ਦੇ ਦ੍ਰਿਸ਼ਟੀਕੋਣ ਨੂੰ ਦ੍ਰਿੜਤਾ ਨਾਲ ਪੇਸ਼ ਕਰਨਾ ਅਤੇ ਗਲਤ ਗਠਨ ਦਾ ਵਿਰੋਧ ਕਰਨਾ। ਅਸੀਂ ਸਰਹੱਦ ਪਾਰ ਅੱਤਵਾਦ ਦੇ ਖ਼ਤਰੇ ਅਤੇ ਪਹਿਲਗਾਮ ਹਮਲੇ ਪ੍ਰਤੀ ਭਾਰਤ ਦੇ ਮਾਪੇ ਗਏ ਜਵਾਬ ਨੂੰ ਉਜਾਗਰ ਕੀਤਾ, ਜਿਸ ਵਿੱਚ ਅੱਤਵਾਦੀ ਬੁਨਿਆਦੀ ਢਾਂਚੇ ਨੂੰ ਤਬਾਹ ਕਰਨ ਲਈ ਨਿਸ਼ਾਨਾ ਬਣਾਇਆ ਗਿਆ ਸੀ, ਨਾ ਕਿ ਟਕਰਾਅ ਨੂੰ ਵਧਾਉਣ ਲਈ।

ਭਾਰਤ ਗਲੋਬਲ ਗਲਤ ਜਾਣਕਾਰੀ ਦਾ ਮੁਕਾਬਲਾ ਸ਼ਬਦਾਂ ਨਾਲ ਨਹੀਂ, ਕਾਰਵਾਈ ਨਾਲ ਕਰਦਾ ਹੈ। 1971 ਤੋਂ ਬਾਅਦ, ਅਸੀਂ ਰਾਜਸੀ ਚਾਲ ਰਾਹੀਂ 13,000 ਵਰਗ ਕਿਲੋਮੀਟਰ ਵਾਪਸ ਕੀਤਾ ਅਤੇ 93,000 ਜੰਗੀ ਕੈਦੀਆਂ ਦੀ ਤਾਕਤ ਛੱਡ ਦਿੱਤੀ। ਮੈਂ ਪ੍ਰਧਾਨ ਮੰਤਰੀ ਵਾਜਪਾਈ ਦੇ 1999 ਦੇ ਲਾਹੌਰ ਬੱਸ ਡਿਪਲੋਮੈਟ ਦਾ ਹਿੱਸਾ ਸੀ। ਸ਼ਾਂਤੀ ਦਾ ਇਹ ਕੰਮ ਕਾਰਗਿਲ ਵਿੱਚ ਵਿਸ਼ਵਾਸਘਾਤ ਅਤੇ ਮੁੰਬਈ ਤੇ 26/11 ਦੇ ਹਮਲੇ ਨਾਲ ਮਿਲਿਆ। ਫਿਰ ਵੀ, ਭਾਰਤ ਨੇ ਕਦੇ ਵੀ ਗੱਲਬਾਤ ਦਾ ਦਰਵਾਜ਼ਾ ਬੰਦ ਨਹੀਂ ਕੀਤਾ। ਸਾਡਾ ਸਟੈਂਡ: ਝੂਠ ਦਾ ਜਵਾਬ ਤੱਥਾਂ ਨਾਲ, ਵਿਸ਼ਵਾਸਘਾਤ ਦ੍ਰਿੜਤਾ ਨਾਲ ਅਤੇ ਹਮੇਸ਼ਾ ਤਾਕਤ ਨਾਲ ਸ਼ਾਂਤੀ ਦੀ ਭਾਲ ਕਰੋ ਸਮੱਸਿਆ, ਜਿਵੇਂ ਕਿ ਅਸੀਂ ਸਥਾਪਿਤ ਕੀਤਾ ਹੈ, ਐਪੀਸੋਡਿਕ ਨਹੀਂ ਹੈ। ਇਹ ਢਾਂਚਾਗਤ ਹੈ। ਪਾਕਿਸਤਾਨ ਇੱਕ ਦੋਹਰੇ ਰਾਜ ਵਜੋਂ ਕੰਮ ਕਰਦਾ ਹੈ: ਇੱਕ ਹਿੱਲਣ ਵਾਲੀ ਸਿਵਲੀਅਨ ਸਰਕਾਰ ਇੱਕ ਡੂੰਘੀ ਰਾਜ-ਫੌਜੀ ਖੁਫੀਆ ਹੈਕਸ ਦੁਆਰਾ ਛਾਇਆ ਹੋਇਆ ਹੈ ਜੋ ਇੱਕ ਠੱਗ ਸ਼ਕਤੀ ਵਜੋਂ ਕੰਮ ਕਰਦੀ ਹੈ। 1947 ਤੋਂ ਬਾਅਦ, ਪਾਕਿਸਤਾਨ ਵਿੱਚ ਕਿਸੇ ਵੀ ਸਿਵਲੀਅਨ ਸਰਕਾਰ ਨੇ ਆਪਣਾ ਪੂਰਾ ਕਾਰਜਕਾਲ ਪੂਰਾ ਨਹੀਂ ਕੀਤਾ ਹੈ। ਜਨਰਲਾਂ ਅਤੇ ਏਜੰਸੀਆਂ ਦੁਆਰਾ ਚਲਾਕੀ ਨਾਲ ਚਲਾਏ ਜਾ ਰਹੇ, ਡੈਰਨੋਸਟਿਕ ਸੰਸਥਾਵਾਂ ਖੋਖਲੀਆਂ ਰਹਿੰਦੀਆਂ ਹਨ ਅਤੇ ਫਿਰ ਸੱਚਾਈ ਦਾ ਪਲ ਆਇਆ। ਪਾਕਿਸਤਾਨ ਦੇ ਆਪਣੇ ਵਿਦੇਸ਼ ਮੰਤਰੀ ਨੇ ਬੀਬੀਸੀ 'ਤੇ ਮੰਨਿਆ: ਹਾਂ, ਅਸੀਂ ਇਹ ਗੰਦਾ ਕੰਮ 40 ਸਾਲਾਂ ਤੋਂ ਪੱਛਮ ਦੇ ਇਸ਼ਾਰੇ 'ਤੇ ਕਰ ਰਹੇ ਹਾਂ-ਅਰਥਾਤ ਅਮਰੀਕਾ ਅਤੇ ਯੂਕੇ ਇਸ ਸਵੀਕਾਰ ਨੇ ਵਿਸ਼ਵ ਜ਼ਮੀਰ ਨੂੰ ਝੰਜੋੜ ਦੇਣਾ ਚਾਹੀਦਾ ਸੀ, ਇਸ ਦੀ ਬਜਾਏ, ਇਸਦਾ ਸਾਹਮਣਾ ਚੁੱਪੀ ਨਾਲ ਕੀਤਾ ਗਿਆ, ਅਸਲ ਰਾਜਨੀਤਿਕ ਦੱਬੇ ਹੋਏ ਜਵਾਬਦੇਹੀ ਇੱਕ ਵਾਰ ਫਿਰ ਤੋਂ ਸ਼ੁਰੂ ਹੋ ਰਹੀ ਹੈ। ਨਤੀਜੇ ਸਪੱਸ਼ਟ ਹਨ। ਅੱਜ, 52 ਪਾਕਿਸਤਾਨੀ ਵਿਅਕਤੀਆਂ ਅਤੇ ਸੰਸਥਾਵਾਂ ਨੂੰ ਅੱਤਵਾਦ ਲਈ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦੀਆਂ ਪਾਬੰਦੀਆਂ ਵਿੱਚ ਸੂਚੀਬੱਧ ਕੀਤਾ ਗਿਆ ਹੈ। ਇਹ ਦਾਅਵੇ ਨਹੀਂ ਹਨ, ਇਹ ਅਧਿਕਾਰਤ ਅੰਤਰਰਾਸ਼ਟਰੀ ਅਹੁਦਾ ਹਨ। ਕੂਟਨੀਤੀ ਨੂੰ ਵੀ ਢਾਲਣਾ ਪਵੇਗਾ। ਅੱਜ ਦੀ ਦੁਨੀਆ ਵਿੱਚ, ਸੋਸ਼ਲ ਮੀਡੀਆ ਇੱਕ ਜੰਗ ਦੇ ਮੈਦਾਨ ਵਿੱਚ ਹੈ। ਕਸ਼ਮੀਰ, ਭਾਰਤ ਦੇ ਲੋਕਤੰਤਰ ਅਤੇ ਇਸ ਦੀਆਂ ਘੱਟ ਗਿਣਤੀਆਂ ਬਾਰੇ ਝੂਠੇ ਬਿਰਤਾਂਤਾਂ ਨੂੰ ਸਾਨੂੰ ਅਸਥਿਰ ਕਰਨ ਦੀ ਕੋਸ਼ਿਸ਼ ਕਰਨ ਵਾਲੇ ਨੈੱਟਵਰਕਾਂ ਦੁਆਰਾ ਵਧਾਇਆ ਜਾਂਦਾ ਹੈ। ਸਾਨੂੰ ਇੱਕ ਸਰਗਰਮ, ਬਹੁ-ਭਾਸ਼ਾਈ ਅਤੇ ਡਿਜੀਟਲ ਤੌਰ 'ਤੇ ਚੁਸਤ ਰਣਨੀਤੀ ਦੀ ਲੋੜ ਹੈ: ਸਰਕਾਰ ਨੂੰ ਸਿਵਲ ਸਮਾਜ, ਤਕਨੀਕੀ ਫਰਮਾਂ ਅਤੇ ਪ੍ਰਭਾਵਕਾਂ ਨਾਲ ਮਿਲ ਕੇ ਅਸਲ ਸਮੇਂ ਵਿੱਚ ਪ੍ਰਚਾਰ ਨੂੰ ਨਕਾਰਨਾ ਚਾਹੀਦਾ ਹੈ। ਇੱਕ ਸਮੇਂ ਸਿਰ ਤੱਥ ਹਜ਼ਾਰਾਂ ਝੂਠਾਂ ਨੂੰ ਚੁੱਪ ਕਰਵਾ ਸਕਦਾ ਹੈ। ਥਿੰਕ ਟੈਂਕਾਂ ਅਤੇ ਜਨਤਕ ਬੁੱਧੀ ਦੀ ਭੂਮਿਕਾ ਵੀ ਓਨੀ ਹੀ ਮਹੱਤਵਪੂਰਨ ਹੈ। ਭਾਰਤ ਨੂੰ ਉਨ੍ਹਾਂ ਲੋਕਾਂ ਦਾ ਸਮਰਥਨ ਕਰਨ ਵਾਲੀ ਕਹਾਣੀ ਸ਼ਕਤੀ ਵਿੱਚ ਨਿਵੇਸ਼ ਕਰਨਾ ਚਾਹੀਦਾ ਹੈ ਜੋ ਭਾਰਤ ਦਬਦਬਾ ਨਹੀਂ ਚਾਹੁੰਦਾ; ਇਹ ਜ਼ਿੰਮੇਵਾਰ ਲੀਡਰਸ਼ਿਪ ਦੀ ਮੰਗ ਕਰਦਾ ਹੈ। ਸਾਡਾ ਦ੍ਰਿਸ਼ਟੀਕੋਣ ਸੜਕਾਂ, ਰੇਲਵੇ ਅਤੇ ਮੌਕਿਆਂ ਦਾ ਹੈ, ਰਾਕੇਟ ਅਤੇ ਕੱਟੜਪੰਥੀ ਨਹੀਂ, ਗਲੋਬਲ ਮੀਡੀਆ, ਅਕਾਦਮਿਕ ਅਤੇ ਬਹੁਪੱਖੀ ਮੰਚ ਅਤੇ ਪ੍ਰਮਾਣਿਤ ਡੇਟਾ ਅਤੇ ਨਿਯਮਤ ਬ੍ਰੀਫਿੰਗਾਂ ਨਾਲ ਸਸ਼ਕਤ ਇੱਕ ਚੰਗੀ ਤਰ੍ਹਾਂ ਜਾਣੂ ਡਾਇਸਪੋਰਾ, ਸਾਨੂੰ ਦੱਖਣੀ ਏਸ਼ੀਆ ਤੇ ਗੱਲਬਾਤ ਨੂੰ ਏਜੰਡਾ-ਸੰਚਾਲਿਤ ਆਵਾਜ਼ਾਂ ਦੁਆਰਾ ਹਾਈਜੈਕ ਨਹੀਂ ਹੋਣ ਦੇਣਾ ਚਾਹੀਦਾ। ਸਾਨੂੰ ਤੱਥਾਂ, ਪਾਰਦਰਸ਼ਤਾ ਅਤੇ ਨੈਤਿਕ ਸਪੱਸ਼ਟਤਾ ਨਾਲ ਗਲੋਬਲ ਭਾਸ਼ਣ ਨੂੰ ਆਕਾਰ ਦੇਣਾ ਚਾਹੀਦਾ ਹੈ ਇਸਦੇ ਉਲਟ ਭਾਰਤ ਨੇ ਬਹੁਤ ਧੀਰਜ ਦਿਖਾਇਆ। ਇਸਨੇ ਵਪਾਰ ਵਿੱਚ ਪਾਕਿਸਤਾਨ ਨੂੰ ਸਭ ਤੋਂ ਵੱਧ ਪਸੰਦੀਦਾ ਰਾਸ਼ਟਰ ਦਾ ਦਰਜਾ ਦਿੱਤਾ। ਇਸਨੇ ਲੋਕਾਂ ਦੇ ਸੰਪਰਕ ਨੂੰ ਉਤਸ਼ਾਹਿਤ ਕਰਨ ਲਈ ਵਾਹਗਾ ਵਿਖੇ ਏਕੀਕ੍ਰਿਤ ਚੈੱਕ ਪੋਸਟ ਖੋਲ੍ਹੀ। ਪਰ ਸਾਡੇ ਵਿਰੁੱਧ ਸਦਭਾਵਨਾ ਦਾ ਇਸ਼ਾਰਾ ਕੀਤਾ ਗਿਆ। 2019 ਦੇ ਪੁਲਵਰਨਾ ਹਮਲੇ ਤੋਂ ਬਾਅਦ, ਜਿਸ ਵਿੱਚ 40 ਭਾਰਤੀ ਅਰਧ ਸੈਨਿਕ ਜਵਾਨ ਸ਼ਹੀਦ ਹੋ ਗਏ ਸਨ, ਭਾਰਤ ਨੇ ਪਾਕਿਸਤਾਨ ਦਾ MFN ਦਰਜਾ ਰੱਦ ਕਰ ਦਿੱਤਾ। ਵਿਸ਼ਵਾਸ ਸੁੱਕ ਗਿਆ ਸੀ। ਜੇਕਰ ਅੰਤਰਰਾਸ਼ਟਰੀ ਮੀਡੀਆ ਸੱਚਮੁੱਚ ਕਸ਼ਮੀਰ ਨੂੰ ਸਮਝਣਾ ਚਾਹੁੰਦਾ ਹੈ, ਤਾਂ ਉਹਨਾਂ ਨੂੰ ਬਾਰਾਮੂਲਾ ਵਿੱਚ ਬੱਚਿਆਂ ਦੇ ਮੁਸਕਰਾਉਂਦੇ ਚਿਹਰੇ, ਗੁਲਮਰਗ ਦੇ ਭੀੜ-ਭੜੱਕੇ ਵਾਲੇ ਹੋਟਲ ਅਤੇ ਕਾਰਪ ਵਿੱਚ ਖੁੱਲ੍ਹ ਕੇ ਪੜ੍ਹ ਰਹੀਆਂ ਕੁੜੀਆਂ ਨੂੰ ਦੇਖਣਾ ਚਾਹੀਦਾ ਹੈ ਪਰ ਸਿਰਫ਼ ਤਾਂ ਹੀ ਜੇਕਰ ਤੁਸੀਂ ਰਾਵਲਪਿੰਡੀ ਵਿੱਚ ਘੁੰਮਦੇ ਬਿਰਤਾਂਤ ਤੋਂ ਪਰੇ ਦੇਖਣ ਦੀ ਹਿੰਮਤ ਕਰਦੇ ਹੋ। ਧਾਰਾ 370 ਨੂੰ ਰੱਦ ਕਰਨ ਤੋਂ ਬਾਅਦ, ਬੁਨਿਆਦੀ ਢਾਂਚੇ ਵਿੱਚ 5 ਬਿਲੀਅਨ ਡਾਲਰ ਤੋਂ ਵੱਧ ਦੀ ਨਿਵੇਸ਼ ਕੀਤਾ ਗਿਆ ਹੈ, ਸੈਰ-ਸਪਾਟਾ ਸਭ ਤੋਂ ਵੱਧ ਉੱਚੇ ਪੱਧਰ 'ਤੇ ਹੈ, ਅਤੇ ਕਸ਼ਮੀਰ ਵਿੱਚ ਹਜ਼ਾਰਾਂ ਨੌਜਵਾਨ ਹੁਣ ਸਟਾਰਟਅੱਪ, ਸੈਰ-ਸਪਾਟਾ ਅਤੇ ਰਵਾਇਤੀ ਸ਼ਿਲਪਕਾਰੀ ਵਿੱਚ ਰੁਜ਼ਗਾਰ ਪ੍ਰਾਪਤ ਕਰ ਰਹੇ ਹਨ। ਇਸ ਸਭ ਦੇ ਵਿਚਕਾਰ, ਭਾਰਤ ਪ੍ਰਮਾਣੂ ਸਿਧਾਂਤ ਵਿੱਚ ਪਹਿਲਾਂ ਵਰਤੋਂ ਨਾ ਕਰਨ (NFU) ਪ੍ਰਤੀ ਵਚਨਬੱਧ ਰਿਹਾ ਹੈ। ਇਹ ਡਰਪੋਕਤਾ ਦਾ ਸਿਧਾਂਤ ਨਹੀਂ ਸਗੋਂ ਤਾਕਤ ਦਾ ਸਿਧਾਂਤ ਹੈ। ਕਾਰਗਿਲ ਤੋਂ ਪੁਲਵਾਮਾ ਤੋਂ ਪਹਿਲਗਾਮ ਤੱਕ ਲਗਾਤਾਰ ਭੜਕਾਹਟ ਦੇ ਮੱਦੇਨਜ਼ਰ- ਭਾਰਤ ਨੇ ਸੰਜਮ, ਲੀਡਰਸ਼ਿਪ ਦਾ ਇੱਕ ਕਾਰਜ ਚੁਣਿਆ ਹੈ। ਭਾਰਤ ਨੂੰ ਸੱਚਾਈ ਅਤੇ ਸ਼ਮੂਲੀਅਤ ਲਈ ਬਹੁਪੱਖੀ ਪਲੇਟਫਾਰਮ ਫਾਰਮ ਬਣਾਉਣ ਵਿੱਚ ਵੀ ਅਗਵਾਈ ਕਰਨੀ ਚਾਹੀਦੀ ਹੈ। ਭਾਰਤ ਨੂੰ ਇੱਕ ਦੱਖਣੀ ਏਸ਼ੀਆ ਸ਼ਾਂਤੀ ਅਤੇ ਵਿਕਾਸ ਫੋਰਮ ਦਾ ਪ੍ਰਸਤਾਵ ਰੱਖਣਾ ਚਾਹੀਦਾ ਹੈ ਜੋ ਰਾਜਨੀਤਿਕ ਨੇਤਾਵਾਂ, ਡਿਪਲੋਮੈਟਾਂ, ਵਿਦਵਾਨਾਂ, ਬਿਊਰੋ ਕਰੈਟਾਂ ਅਤੇ ਵਪਾਰਕ ਆਵਾਜ਼ਾਂ ਨੂੰ ਇਕੱਠਾ ਕਰਦਾ ਹੈ। ਇਹ ਫੋਰਮ ਅੱਤਵਾਦ ਵਿਰੋਧੀ ਗੱਲਬਾਤ ਨੂੰ ਅੱਗੇ ਵਧਾਉਂਦੇ ਹੋਏ ਗਲਤ ਜਾਣਕਾਰੀ ਦੇ ਜਵਾਬ ਵਜੋਂ ਕੰਮ ਕਰ ਸਕਦਾ ਹੈ। ਸਾਰਕ ਅਲੋਪ ਹੋ ਰਿਹਾ ਹੋ ਸਕਦਾ ਹੈ, ਪਰ ਭਾਰਤ ਕੋਲ BIMSTEC ਵਰਗੇ ਮਜ਼ਬੂਤ ਅਤੇ ਗਤੀਸ਼ੀਲ ਵਿਕਲਪ ਹੋਣੇ ਚਾਹੀਦੇ ਹਨ ਵਿਸ਼ਵ ਕਾਰਜਕਾਰੀ ਪੱਧਰ 'ਤੇ, ਭਾਰਤ ਨੂੰ ਯੂਰਪੀ ਸੰਘ, ਅਮਰੀਕਾ, ਦੱਖਣੀ ਅਫਰੀਕਾ, ਮਿਸਰ ਅਤੇ ਹੋਰਾਂ ਵਰਗੇ ਲੋਕਤੰਤਰਾਂ ਨਾਲ ਸਾਂਝੇ ਟਾਸਕ ਫੋਰਸਾਂ ਨੂੰ ਸੰਸਥਾਗਤ ਬਣਾਉਣਾ ਚਾਹੀਦਾ ਹੈ। ਇਹਨਾਂ ਗੱਠਜੋੜਾਂ ਨੂੰ ਪੋਸਟਾਰੀਆ ਡੁਪਲੀਸੀਟੀ ਦੇ ਨਾਲ ਕੱਟੜਪੰਥੀ ਵਿਰੋਧੀ, ਸਾਈਬਰ ਸੁਰੱਖਿਆ ਅਤੇ ਖੁਫੀਆ ਜਾਣਕਾਰੀ ਸਾਂਝੀ ਕਰਨ ਵਰਗੇ ਨਾਜ਼ੁਕ ਮੁੱਦਿਆਂ ਨੂੰ ਤਰਜੀਹ ਦੇਣੀ ਚਾਹੀਦੀ ਹੈ। ਭਾਰਤ ਕੋਲ ਬੇਮਿਸਾਲ ਸਬੂਤਾਂ ਰਾਹੀਂ ਤੱਥ ਹਨ।

ਇਸ ਦੇ ਨਾਲ ਹੀ, ਇਸ ਝੂਠੇ ਬਿਰਤਾਂਤ ਨੂੰ ਸੰਬੋਧਤ ਕਰਦੇ ਹੋਏ ਕਿ ਭਾਰਤ ਫਲਸਤੀਨ ਦੀ ਕੀਮਤ 'ਤੇ ਇਜ਼ਰਾਈਲ ਨਾਲ ਬਹੁਤ ਜ਼ਿਆਦਾ ਜੁੜਿਆ ਹੋਇਆ ਹੈ, ਭਾਰਤ ਨੇ ਆਪਣੇ ਸਿਧਾਂਤਕ ਰੁਖ਼ ਦੀ ਪੁਸ਼ਟੀ ਕੀਤੀ। ਓਸਲੋ ਸਮਝੌਤੇ ਲਈ ਭਾਰਤ ਦਾ ਸਮਰਥਨ, ਇਸਦਾ 40 ਮਿਲੀਅਨ ਡਾਲਰ ਦਾ ਮਾਨਵਤਾਵਾਦੀ ਸਹਾਇਤਾ ਯੋਗਦਾਨ, ਅਤੇ 13 ਵਿੱਚੋਂ 10 ਸੰਯੁਕਤ ਰਾਸ਼ਟਰ ਦੇ ਮਤਿਆਂ ਦੇ ਹੱਕ ਵਿੱਚ ਵੋਟ-ਜਿਸ ਵਿੱਚ ICJ ਅਤੇ ਵਪਾਰ ਨਾਲ ਸਬੰਧਤ ਮਤਿਆਂ 'ਤੇ ਪਰਹੇਜ਼ ਕਰਨਾ ਸ਼ਾਮਲ ਹੈ-ਸਪੱਸ਼ਟ ਤੌਰ 'ਤੇ ਇੱਕ ਸੰਤੁਲਿਤ ਪਹੁੰਚ ਪ੍ਰਤੀ ਆਪਣੀ ਵਚਨਬੱਧਤਾ ਨੂੰ ਉਜਾਗਰ ਕਰਦਾ ਹੈ। ਭਾਰਤ ਦਬਦਬਾ ਨਹੀਂ ਚਾਹੁੰਦਾ; ਇਹ ਜ਼ਿੰਮੇਵਾਰ ਲੀਡਰਸ਼ਿਪ ਦੀ ਮੰਗ ਕਰਦਾ ਹੈ। ਸਾਡਾ ਦ੍ਰਿਸ਼ਟੀਕੋਣ ਸੜਕਾਂ, ਰੇਲਵੇ ਅਤੇ ਮੌਕਿਆਂ ਦਾ ਹੈ, ਰਾਕੇਟ ਅਤੇ ਕੱਟੜਪੰਥੀ ਨਹੀਂ। ਅਫਰੀਕੀ ਯੂਨੀਅਨ ਕੋਲ ਅੱਤਵਾਦ, ਅੰਤਰਰਾਸ਼ਟਰੀ ਸੰਗਠਿਤ ਅਪਰਾਧ, ਗੈਰ-ਕਾਨੂੰਨੀ ਵਿੱਤੀ ਪ੍ਰਵਾਹ ਅਤੇ ਸੈਟੇਲਾਈਟ ਅਤੇ ਡਰੋਨ ਵਰਗੀਆਂ ਉੱਨਤ ਤਕਨਾਲੋਜੀਆਂ ਦੀ ਵਰਤੋਂ ਵਿਚਕਾਰ ਵੱਧ ਰਹੇ ਗਠਜੋੜ ਨੂੰ ਸੰਬੋਧਤ ਕਰਦੇ ਹੋਏ, ਅੱਤਵਾਦ ਵਿਰੁੱਧ ਸਖ਼ਤ ਉਪਾਅ ਹਨ। ਏਯੂ ਦੀ ਸ਼ਾਂਤੀ ਅਤੇ ਸੁਰੱਖਿਆ ਪ੍ਰੀਸ਼ਦ ਦੀ ਧਾਰਾ 72 ਵਿੱਚ ਕਿਹਾ ਗਿਆ ਹੈ ਕਿ ਜੇਕਰ ਕੋਈ ਮੈਂਬਰ ਰਾਜ ਆਪਣੀ ਜ਼ੀਰੋ-ਸਹਿਣਸ਼ੀਲਤਾ ਅੱਤਵਾਦ ਨੀਤੀ ਦੀ ਪਾਲਣਾ ਕਰਨ ਵਿੱਚ ਅਸਫਲ ਰਹਿੰਦਾ ਹੈ ਤਾਂ ਅਫਰੀਕੀ ਯੂਨੀਅਨ ਦੀਆਂ ਫੌਜਾਂ ਦਖਲ ਦੇਣ ਲਈ ਅਧਿਕਾਰਤ ਹਨ। ਮੈਂ ਚਾਹੁੰਦਾ ਹਾਂ ਕਿ ਸਾਰਕ ਕੋਲ ਅਜਿਹੇ ਮਜ਼ਬੂਤ ਪ੍ਰਬੰਧ ਹੋਣ। ਭਾਰਤ ਗਲੋਬਲ ਦੱਖਣ ਵਿੱਚ ਸ਼ਾਂਤੀ ਲਈ ਇੱਕ ਮਜ਼ਬੂਤ ਆਵਾਜ਼ ਵਜੋਂ ਉਭਰ ਸਕਦਾ ਹੈ। ਦੁਨੀਆ ਨੂੰ ਦੱਸੋ ਕਿ ਭਾਰਤ ਚੁੱਪ ਨਹੀਂ ਬੈਠਦਾ, ਇਸਨੂੰ ਯਾਦ ਰੱਖਦਾ ਹੈ। ਇਹ ਮੁੜ ਨਿਰਮਾਣ ਕਰਦਾ ਹੈ ਅਤੇ ਇਹ ਜਵਾਬ ਦਿੰਦਾ ਹੈ।

# ਮਾਝਾ-ਦੁਆਬਾ
ਆਸ ਪਾਸ

## ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਸੰਗਤਾਂ ਦੀ ਸਹੂਲਤ ਲਈ ਸ਼ੈੱਡ ਬਣਾਉਣ ਦਾ ਕਾਰਜ ਆਰੰਭ



ਅੰਮ੍ਰਿਤਸਰ, 12 ਜੂਨ, (ਗੁਰਦਿਆਲ ਸਿੰਘ/ਬਬਲੂ ਮਹਾਜਨ) : ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਚਾਟੀ ਵਿੰਡ ਗੇਟ ਵਿਖੇ ਨਵੇਂ ਬਣੇ ਸ਼ੈੱਡ ਦੀ ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਵੱਲੋਂ ਸ਼ੈੱਡ ਦੀ ਸੰਪੂਰਨਤਾ ਹੋਣ 'ਤੇ ਸ਼ੁਕਰਾਨੇ ਦੀ ਅਰਦਾਸ ਕੀਤੀ ਗਈ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਭਾਈ ਗੁਰਇਕਬਾਲ ਸਿੰਘ ਨੂੰ ਅਗਲੀਆਂ ਸੇਵਾਵਾਂ ਸ਼ਹੀਦਾਂ ਸਾਹਿਬ ਦੇ ਗੇਟ ਨੰਬਰ ਇਕ ਦੇ ਜੋੜੇ ਘਰ ਵਿਖੇ ਸੰਗਤਾਂ ਦੀ ਸਹੂਲਤ ਲਈ ਨਵੇਂ ਸ਼ੈੱਡ ਦੀ ਸੇਵਾ ਪ੍ਰਧਾਨ ਧਾਮੀ ਵੱਲੋਂ ਨੂੰ ਜੈਕਾਰਿਆਂ ਦੀ ਗੂੰਜ ਨਾਲ ਸੌਂਪੀ ਗਈ। ਇਸ ਮੌਕੇ ਪ੍ਰਧਾਨ ਧਾਮੀ ਵੱਲੋਂ ਗੁਰਦੁਆਰਾ ਸ਼ਹੀਦਾਂ ਸਾਹਿਬ ਦੇ ਬਣੇ ਨਵੇਂ ਸ਼ੈੱਡ ਨੂੰ ਵੇਖ ਕੇ ਕਿਹਾ ਕਿ ਭਾਈ ਗੁਰਇਕਬਾਲ ਸਿੰਘ ਜੀ, ਬਾਬਾ ਦੀਪ ਸਿੰਘ ਜੀ ਦੇ ਘਰ ਦੀਆਂ ਸੇਵਾਵਾਂ ਤਨ ਮਨ ਧਨ ਨਾਲ ਕਰ ਰਹੇ ਹਨ। ਇਹਨਾਂ ਦੀਆਂ ਸੇਵਾਵਾਂ ਨੂੰ ਦੇਖਦੇ ਹੋਏ ਅਗਲੀਆਂ ਸੇਵਾਵਾਂ, ਗੁ: ਸ਼ਹੀਦਾਂ ਸਾਹਿਬ ਦੇ ਗੇਟ ਨੰਬਰ ਇੱਕ ਵਿਖੇ ਸੰਗਤਾਂ ਦੀ ਸਹੂਲਤ ਲਈ ਨਵੇਂ ਸ਼ੈੱਡ ਦੀ ਸੇਵਾ ਸੰਗਤਾਂ ਦੀ ਹਜ਼ੂਰੀ ਵਿੱਚ ਭਾਈ ਗੁਰਇਕਬਾਲ ਸਿੰਘ ਜੀ ਦੀ ਝੋਲੀ ਵਿੱਚ ਪਾਈ ਗਈ ਹੈ। ਸੰਗਤਾਂ ਦੀ ਸਹੂਲਤ ਲਈ ਭਾਈ ਸਾਹਿਬ ਬਹੁਤ ਜਲਦੀ ਸ਼ੈੱਡ ਤਿਆਰ ਕਰਕੇ ਸੰਗਤਾਂ ਨੂੰ ਸਮਰਪਿਤ ਕਰਨਗੇ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਪ੍ਰਤਾਪ ਸਿੰਘ ਸਕੱਤਰ, ਮੈਨੇਜਰ ਭਗਵੰਤ ਸਿੰਘ ਧੰਗੇੜਾ ਸ੍ਰੀ ਦਰਬਾਰ ਸਾਹਿਬ, ਬਾਵਾ ਸਿੰਘ ਗੁਮਾਨਪੁਰਾ ਸਿੰਘ, ਸ਼ਹੀਦਾਂ ਸਾਹਿਬ ਦੇ ਮੈਨੇਜਰ ਜਤਿੰਦਰਪਾਲ ਸਿੰਘ, ਮੀਤ ਮੈਨੇਜਰ ਜਸਬੀਰ ਸਿੰਘ, ਤਰਵਿੰਦਰ ਸਿੰਘ ਮੋਨੂੰ, ਇੰਚਾਰਜ ਬਲਦੇਵ ਸਿੰਘ ਧੁਨ, ਕੁਲਵੰਤ ਸਿੰਘ, ਸੁਪਰਵਾਈਜ਼ਰ ਸੁਰਤਿ ਸਿੰਘ ਸੁਪਰਵਾਈਜ਼ਰ ਜਗਜੀਤ, ਇੰਚਾਰਜ ਅੰਮ੍ਰਿਤਪਾਲ ਸਿੰਘ ਇੰਜੀਨੀਅਰ ਸੁਖਦੇਵ ਸਿੰਘ, ਜਸਬੀਰ ਸਿੰਘ ਦਿੱਲੀ ਵਾਲੇ, ਸਤਨਾਮ ਸਿੰਘ ਸੱਤਾ, ਮਨਦੀਪ ਸਿੰਘ ਭੋਲੂ , ਤਰਵਿੰਦਰ ਸਿੰਘ ਨਿੱਕੂ, ਪਿਆਰ ਭਰੀਆਂ ਹਾਜ਼ਰੀਆਂ ਭਰੀਆਂ।

## ਬਲਵਿੰਦਰ ਸਿੰਘ ਭੂੰਦੜ ਨੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਨਾਲ ਕੀਤੀ ਮੁਲਾਕਾਤ



ਅੰਮ੍ਰਿਤਸਰ, 12 ਜੂਨ, (ਬਬਲੂ ਮਹਾਜਨ) : ਸੀਨੀਅਰ ਅਕਾਲੀ ਆਗੂ ਬਲਵਿੰਦਰ ਸਿੰਘ ਭੂੰਦੜ ਨੇ ਕਿਹਾ ਅਸੀਂ ਇਸ ਦੇਸ਼ ਵਿੱਚ ਘੱਟ ਗਿਣਤੀ ਹਾਂ, ਤੇ ਸਾਡੇ ਉੱਪਰ ਤਰ੍ਹਾਂ ਤਰ੍ਹਾਂ ਦੀਆਂ ਤਕਲੀਫਾਂ ਆ ਰਹੀਆਂ ਹਨ। ਇਨ੍ਹਾਂ ਤਕਲੀਫਾਂ ਦਾ ਹੱਲ ਕੇਵਲ ਤੇ ਕੇਵਲ ਪੰਥਕ ਏਕਤਾ ਹੈ।ਸ੍ਰੀ ਦਰਬਾਰ ਸਾਹਿਬ ਪਹੁੰਚੇ ਭੂੰਦੜ ਨੇ ਕਿਹਾ ਕਿ ਬੀਤੇ ਕੱਲ੍ਹ ਇਕ ਨੌਜਵਾਨ ਦੀ ਮਾਰਕੁਟਾਈ ਕਰਨਾ ਤੇ ਦਸਤਾਰ ਦੀ ਬੇਅਦਬੀ ਹੋਣੀ ਕੀ ਇਹ ਆਜ਼ਾਦੀ ਦੀ ਦੇਣ ਹੈ। ਮੈਂ ਭਾਰਤ ਸਰਕਾਰ ਨੂੰ ਕਹਿਣਾ ਚਾਹੁੰਦਾ ਹਾਂ ਕਿ ਬੀਤੇ ਦਿਨੀਂ ਲੱਥੀ ਦਸਤਾਰ ਤੇ ਮਾਰਕੁਟਾਈ ਪੂਰੀ ਕੌਮ ਦੀ ਗੈਰਤ 'ਤੇ ਹਮਲਾ ਹੈ।ਪੰਜਾਬ ਦੀ ਧਰਤੀ 'ਤੇ ਦਸਤਾਰਾਂ ਦੀ ਬੇਅਦਬੀ ਬੇਹੱਦ ਮੰਦਭਾਗੀ ਹੈ। ਪੰਥਕ ਏਕਤਾ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ ਭੂੰਦੜ ਨੇ ਕਿਹਾ ਕਿ ਸੁਖਦੇਵ ਸਿੰਘ ਢੀਂਡਸਾ ਦੀ ਬਰਸੀ 'ਤੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਵੀ ਪੰਥਕ ਏਕਤਾ ਦੀ ਗੱਲ ਕੀਤੀ ਹੈ।ਉਨ੍ਹਾਂ ਕਿਹਾ ਕਿ ਸਾਰੀ ਕੌਮ ਨੂੰ ਏਕਤਾ ਲਈ ਹੰਭਲਾ ਮਾਰਨਾ ਚਾਹੀਦਾ ਹੈ ਤਾਂ ਕਿ ਪੰਥਕ ਸ਼ਕਤਪ ਮਜਬੂਤ ਹੋਵੇ। ਅਕਾਲੀ ਦਲ ਪੰਜਾਬ ਦੀ ਇਕੋ ਇਕ ਖੇਤਰੀ ਰਾਜਨੀਤੀਕ ਪਾਰਟੀ ਹੈ। ਲੁਧਿਆਣਾ ਜ਼ਿਮਨੀ ਚੋਣ ਬਾਰੇ ਗੱਲ ਕਰਦਿਆਂ ਭੂੰਦੜ ਨੇ ਕਿਹਾ ਕਿ ਇਹ ਚੋਣ ਅਕਾਲੀ ਦਲ ਸ਼ਾਨ ਨਾਲ ਜਿੱਤੇਗਾ। ਲੋਕਾਂ ਨੇ ਕਾਂਗਰਸ ਤੇ ਆਮ ਆਦਮੀ ਪਾਰਟੀ ਦੀ ਕਾਰਗੁਜਾਰੀ ਦੇਖ ਲਈ ਹੈ ਤੇ ਹਣ ਲੋਕ ਮੁੜ ਤੋਂ ਅਕਾਲੀ ਦਲ ਨੂੰ ਮੌਕਾ ਦੇਣ ਲਈ ਕਾਹਲੇ ਹਨ। ਇਸ ਤੋਂ ਪਹਿਲਾਂ ਭੂੰਦੜ ਨੇ ਸ੍ਰੀ ਦਰਬਾਰ ਸਾਹਿਬ ਵਿਖੇ ਮੱਥਾ ਟੇਕਿਆ ਤੇ ਉਨ੍ਹਾਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਮੁਲਾਕਾਤ ਵੀ ਕੀਤੀ।

## ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਗੁਰਮਤਿ ਸਮਾਗਮ



ਅੰਮ੍ਰਿਤਸਰ, 12 ਜੂਨ, (ਗੁਰਦਿਆਲ ਸਿੰਘ/ਬਬਲੂ ਮਹਾਜਨ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਹੈੱਡ ਗ੍ਰੰਥੀ ਗਿਆਨੀ ਮਲਕੀਤ ਸਿੰਘ ਤੇ ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਭਗਵੰਤ ਸਿੰਘ ਧੰਗੇੜਾ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਪ੍ਰਕਾਸ਼ ਗੁਰਪੁਰਬ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ।

ਇਸ ਮੌਕੇ ਸੰਬੋਧਨ ਹੁੰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੰਗਤ ਨੂੰ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਅਤੇ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਬਾਰੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਇਤਿਹਾਸ ਅੰਦਰ ਅਨੇਕਾਂ ਮਿਸਾਲਾਂ ਮਿਲਦੀਆਂ ਹਨ, ਜਦੋਂ ਸਿੱਖਾਂ ਨੇ ਸਿਦਕ ਨਾਲ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਉਨ੍ਹਾਂ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ 'ਤੇ ਪੂਰਨ ਭਰੋਸਾ ਰੱਖਣ ਦੀ ਅਪੀਲ ਕੀਤੀ। ਗਿਆਨੀ ਗੜਗੱਜ ਨੇ ਪ੍ਰੇਰਣਾ ਕੀਤੀ ਕਿ ਸਿੱਖ ਕੌਮ ਸਿੱਖੀ ਦੇ ਮਹੱਤਵਪੂਰਨ ਸਿਧਾਂਤਾਂ 'ਤੇ ਪਹਿਰਾ ਦਿੰਦਿਆਂ ਸਿੱਖੀ ਦੀ ਚੜ੍ਹਦੀਕਲਾ ਲਈ ਇੱਕਜੁੱਟ ਹੋਵੇ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਗੁਰਮੀਤ ਸਿੰਘ ਬੂਹ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਭਗਵੰਤ ਸਿੰਘ ਧੰਗੇੜਾ, ਮੈਨੇਜਰ ਨਰਿੰਦਰ ਸਿੰਘ, ਰਾਜਿੰਦਰ ਸਿੰਘ ਰੂਬੀ, ਮੀਤ ਮੈਨੇਜਰ ਗੁਰਿੰਦਰਪਾਲ ਸਿੰਘ ਕਾਦੀਆਂ ਆਦਿ ਹਾਜ਼ਰ ਸਨ।

## ਸ੍ਰੀ ਦਰਬਾਰ ਸਾਹਿਬ ਲਈ ਪੰਜਾਬ ਨੈਸ਼ਨਲ ਬੈਂਕ ਵੱਲੋਂ ਬੱਸ ਭੇਟ ਐਡਵੋਕੇਟ ਧਾਮੀ ਨੇ ਪੁੱਜੇ ਬੈਂਕ ਅਧਿਕਾਰੀਆਂ ਨੂੰ ਕੀਤਾ ਸਨਮਾਨਿਤ



ਅੰਮ੍ਰਿਤਸਰ, 12 ਜੂਨ, (ਗੁਰਦਿਆਲ ਸਿੰਘ) : ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੁੱਜਦੀ ਸੰਗਤ ਦੀ ਸਹੂਲਤ ਲਈ ਪੰਜਾਬ ਨੈਸ਼ਨਲ ਬੈਂਕ ਵੱਲੋਂ ਅੱਜ ਇੱਕ ਬੱਸ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸੌਂਪੀ ਗਈ। ਇਸ ਮੌਕੇ ਪੰਜਾਬ ਨੈਸ਼ਨਲ ਬੈਂਕ ਦੇ ਜ਼ੋਨਲ ਮੈਨੇਜਰ ਅਮੀਤਾਭ ਆਨੰਦ ਤੇ ਡਿਪਟੀ ਜ਼ੋਨਲ ਮੈਨੇਜਰ ਬੱਬੀ ਤਨਵਰ ਤੇ ਹੋਰ ਅਧਿਕਾਰੀਆਂ ਨੇ ਬੱਸ ਦੀਆਂ ਚਾਬੀਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸੌਂਪੀਆਂ ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਗੱਲ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਗੁਰਦੁਆਰਾ ਸਾਹਿਬਾਨ ਦੇ ਸੁਚਾਰੂ ਪ੍ਰਬੰਧਾਂ ਦੇ ਨਾਲ-ਨਾਲ ਵਿੱਦਿਆ ਅਤੇ ਸਿਹਤ ਦੇ ਖੇਤਰ ਵਿਚ ਵੱਡੀਆਂ ਸੇਵਾਵਾਂ ਕਰ ਰਹੀ ਹੈ। ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾਂਦੇ ਕਾਰਜਾਂ ਵਿਚ ਸੰਗਤਾਂ ਅਤੇ ਵੱਖ-ਵੱਖ ਅਦਾਰਿਆਂ ਵੱਲੋਂ ਵੀ ਵੱਡਾ ਯੋਗਦਾਨ ਪਾਇਆ ਜਾਂਦਾ ਹੈ। ਇਸੇ ਤਰ੍ਹਾਂ ਅੱਜ ਪੰਜਾਬ ਨੈਸ਼ਨਲ ਬੈਂਕ ਵੱਲੋਂ ਸੰਗਤਾਂ ਦੀ ਸਹੂਲਤ ਲਈ ਬੱਸ ਭੇਟ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੈਸ਼ਨਲ ਬੈਂਕ ਵੱਲੋਂ ਪਹਿਲਾਂ ਵੀ ਵੱਖ-ਵੱਖ ਸੇਵਾਵਾਂ ਵਿੱਚ ਹਿੱਸਾ ਪਾਇਆ ਗਿਆ ਹੈ। ਐਡਵੋਕੇਟ ਧਾਮੀ ਨੇ ਬੈਂਕ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਬੈਂਕ ਵੱਲੋਂ ਅੱਗੇ ਵੀ ਸ਼੍ਰੋਮਣੀ ਕਮੇਟੀ ਦੇ ਕਾਰਜਾਂ ਵਿਚ ਸਹਿਯੋਗ ਕਰਨ ਦੀ ਆਸ ਪ੍ਰਗਟਾਈ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਪੰਜਾਬ ਨੈਸ਼ਨਲ ਬੈਂਕ ਅਧਿਕਾਰੀਆਂ ਨੂੰ ਸਿਰੋਪਾਓ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ 'ਤੇ ਲੋਈ ਦੇ ਕੇ ਸਨਮਾਨਿਤ ਵੀ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਜਸਮੇਰ ਸਿੰਘ ਲਾਛੜੂ, ਜਥੇਦਾਰ ਕੌਰ ਸਿੰਘ, ਓਐਸਡੀ ਸਤਬੀਰ ਸਿੰਘ ਧਾਮੀ, ਸਕੱਤਰ ਪ੍ਰਤਾਪ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਹਰਭਜਨ ਸਿੰਘ ਵਕਤਾ, ਪੰਜਾਬ ਨੈਸ਼ਨਲ ਬੈਂਕ ਦੇ ਕਪਿਲ ਕੁਮਾਰ ਗਾਂਧੀ ਡਿਪਟੀ ਸਰਕਲ ਹੈੱਡ, ਹੇਮੰਤ ਸਿੰਘ ਸ਼ੰਗਾਰਾ ਡਿਪਟੀ ਸਰਕਲ ਹੈੱਡ, ਗੌਤਮ ਸ਼ਰਮਾ, ਹਰਪ੍ਰੀਤ ਸਿੰਘ ਬ੍ਰਾਂਚ ਹੈੱਡ ਸ੍ਰੀ ਦਰਬਾਰ ਸਾਹਿਬ, ਫ਼ਤਿਹ ਸਿੰਘ, ਰਵਿੰਦਰ ਕੁਮਾਰ, ਅਰਪਨਾ ਸ਼ਰਮਾ, ਸੰਦੀਪ ਸਹੋਤਾ, ਕਨਵਲਦੀਪ ਸਿੰਘ ਖਹਿਰਾ ਤੇ ਸ. ਪ੍ਰਭਜੋਤ ਸਿੰਘ ਵੀ ਮੌਜੂਦ ਸਨ।

## ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਨੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

ਅੰਮ੍ਰਿਤਸਰ, 12 ਜੂਨ, (ਬਬਲੂ ਮਹਾਜਨ) : ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਵੱਲੋਂ ਮੀਰੀ-ਪੀਰੀ ਦੇ ਮਾਲਕ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਕੈਂਪਸ ਸਥਿਤ ਗੁਰਦੁਆਰਾ ਸਾਹਿਬ ਵਿਖੇ ਬੜੀ ਸ਼ਰਧਾ ਭਾਵਨਾ ਤੇ ਉਤਸ਼ਾਹ ਸਹਿਤ ਮਨਾਇਆ ਗਿਆ। ਇਸ ਮੌਕੇ ਗੁਰੂ ਚਰਨਾਂ 'ਚ ਹਾਜ਼ਰੀ ਲਗਾਉਣ ਪਹੁੰਚੇ ਕੌਂਸਲ ਦੇ ਆਨਰੇਰੀ ਸਕੱਤਰ ਰਜਿੰਦਰ ਮੋਹਨ ਸਿੰਘ ਛੀਨਾ ਨੇ ਸਮੂਹ ਸੰਗਤ ਤੇ ਦੇਸ਼-ਵਿਦੇਸ਼ 'ਚ ਵੱਸਦੇ ਲੋਕਾਂ ਨੂੰ ਪਵਿੱਤਰ ਦਿਹਾੜੇ 'ਤੇ ਵਧਾਈ ਦਿੰਦਿਆਂ ਕਿਹਾ ਕਿ ਗੁਰੂ ਮਹਾਰਾਜ ਜੀ ਨੇ ਧਾਰਮਿਕ, ਰਾਜਨੀਤਿਕ ਅਤੇ ਸੱਭਿਆਚਾਰਕ ਚੇਤਨਾ ਲੋਕਾਂ ਨੂੰ ਮੁਹੱਈਆ ਕਰਨ ਦੇ ਲਈ ਤਾਕਤਵਰ ਧਾਰਮਿਕ ਵਿਚਾਰਧਾਰਾ ਨੂੰ ਜਨਮ ਦਿੱਤਾ ਤਾਂ ਕਿ ਉਹ ਸਵਾਭਿਮਾਨੀ ਜ਼ਿੰਦਗੀ ਬਤੀਤ ਕਰਨ ਦੇ ਕਾਬਲ ਹੋਵੇ।

ਇਸ ਮੌਕੇ ਖ਼ਾਲਸਾ ਯੂਨੀਵਰਸਿਟੀ ਦੇ ਅਕਾਦਮਿਕ ਡੀਨ ਡਾ. ਸੁਰਿੰਦਰ ਕੌਰ, ਐਗਜ਼ੀਕਿਊਟਿਵ ਕੰਟਰੋਲਰ ਡਾ. ਕੰਵਲਜੀਤ ਸਿੰਘ, ਕੌਂਸਲ ਦੇ ਜੁਆਇੰਟ ਸਕੱਤਰ ਅਜਮੇਰ ਸਿੰਘ ਹੇਰ, ਲਖਵਿੰਦਰ ਸਿੰਘ ਢਿੱਲੋਂ, ਗੁਰਪ੍ਰੀਤ ਸਿੰਘ ਗਿੱਲ, ਮੈਂਬਰ ਸ੍ਰੀਮਤੀ ਰਮਿੰਦਰ ਕੌਰ, ਸਰਬਜੀਤ ਸਿੰਘ ਹੁਸ਼ਿਆਰ ਨਗਰ, ਖ਼ਾਲਸਾ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ, ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਰਣਜੀਤ ਐਵੀਨਿਊ ਪ੍ਰਿੰਸੀਪਲ ਡਾ. ਮਨਦੀਪ ਕੌਰ, ਖ਼ਾਲਸਾ ਕਾਲਜ ਆਫ਼ ਲਾਅ ਪ੍ਰਿੰਸੀਪਲ ਡਾ. ਜਸਪਾਲ ਸਿੰਘ, ਖ਼ਾਲਸਾ ਕਾਲਜ ਆਫ਼ ਵੈਟਰਨਰੀ ਐਂਡ ਐਨੀਮਲ ਸਾਇੰਸਸ ਪ੍ਰਿੰਸੀਪਲ ਡਾ. ਹਰੀਸ਼ ਕੁਮਾਰ ਵਰਮਾ, ਖ਼ਾਲਸਾ ਕਾਲਜ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਰਣਜੀਤ ਐਵੀਨਿਊ ਡਾਇਰੈਕਟਰ ਡਾ. ਮੰਜੂ ਬਾਲਾ, ਗੈਰ ਅਧਿਆਪਨ ਸਟਾਫ਼ ਮੈਂਬਰ ਅਤੇ ਕਾਲਜ ਵਿਦਿਆਰਥੀ ਹਾਜ਼ਰ ਸਨ।

## ਚੀਫ਼ ਖ਼ਾਲਸਾ ਦੀਵਾਨ ਦੇ ਅਹੁਦੇਦਾਰ ਅਤੇ ਮੈਂਬਰ ਸਾਹਿਬਾਨ ਨੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਹੋਏ ਨਤਮਸਤਕ



ਅੰਮ੍ਰਿਤਸਰ, 12 ਜੂਨ, (ਬਬਲੂ ਮਹਾਜਨ) : ਸਿੱਖ ਕੌਮ ਨੂੰ ਭਗਤੀ ਤੇ ਸ਼ਕਤੀ ਨਾਲ ਨਿਵਾਜਣ ਵਾਲੀ ਛੇਵੀਂ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪਾਵਨ ਪ੍ਰਕਾਸ਼ ਪੁਰਬ ਮੌਕੇ ਅੱਜ ਚੀਫ਼ ਖ਼ਾਲਸਾ ਦੀਵਾਨ ਅਹੁਦੇਦਾਰਾਂ ਅਤੇ ਮੈਂਬਰ ਸਾਹਿਬਾਨ ਵੱਲੋਂ ਦੀਵਾਨ ਗੁਰਦੁਆਰਾ ਸਾਹਿਬ ਕਲਗੀਧਰ ਸਾਹਿਬ ਵਿਖੇ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਨਮੁੱਖ ਸ਼ਰਧਾ ਅਤੇ ਸਤਿਕਾਰ ਨਾਲ ਨਤਮਸਤਕ ਹੁੰਦਿਆਂ ਅਰਦਾਸ ਕੀਤੀ ਗਈ ਅਤੇ ਅਕਾਲ ਪੁਰਖ ਅੱਗੇ ਦੀਵਾਨ ਦੀ ਚੜ੍ਹਦੀਕਲਾ ਅਤੇ ਨਵੀਂ ਪ੍ਰਬੰਧਕੀ ਟੀਮ ਨੂੰ ਬਲ ਬੁੱਧੀ ਬਖਸ਼ਣ ਦੀ ਬੇਨਤੀ-ਜੋਦੜੀ ਕੀਤੀ ਗਈ। ਇਸ ਪਵਿੱਤਰ ਦਿਹਾੜੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਅਤੇ ਆਨਰੇਰੀ ਸਕੱਤਰ ਰਮਨੀਕ ਸਿੰਘ ਨੇ ਸਮੂਹ ਸੰਗਤਾਂ ਨੂੰ ਗੁਰਪੁਰਬ ਦੀ ਵਧਾਈ ਦਿੱਤੀ।

ਇਸ ਮੌਕੇ ਐਡੀ.ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਐਡੀ.ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਸ੍ਰ.ਹਰਵਿੰਦਰ ਪਾਲ ਸਿੰਘ ਚੁੱਘ ਨੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਜੀਵਨੀ ਅਤੇ ਬਖਸ਼ਿਸ਼ ਕੀਤੇ ਮੀਰੀ-ਪੀਰੀ ਦੇ ਅਦੁੱਤੀ ਸਿਧਾਂਤ ਨੂੰ ਯਾਦ ਕਰਦਿਆਂ ਸਿੱਖ ਕੌਮ ਨੂੰ ਧਾਰਮਿਕ ਅਤੇ ਸਮਾਜਿਕ ਪੱਖੋਂ ਮਜ਼ਬੂਤ ਹੋਣ ਦੀ ਲੋੜ 'ਤੇ ਜ਼ੋਰ ਦਿੱਤਾ। ਉਹਨਾਂ ਅਜੋਕੇ ਸਮੇਂ ਵਿਚ ਮੀਰੀ-ਪੀਰੀ ਸਿਧਾਂਤ ਦੀ ਸਾਰਥਿਕਤਾ 'ਤੇ ਰੋਸ਼ਨੀ ਪਾਉਂਦਿਆਂ ਕਿਹਾ ਕਿ ਗੁਰੂ ਸਾਹਿਬ ਵੱਲੋਂ ਬਖਸ਼ਿਆ ਇਹ ਸਿਧਾਂਤ ਨਵੀਂ ਪੀੜ੍ਹੀ ਲਈ ਅਜਿਹਾ ਰਸਤਾ ਹੈ, ਜੋ ਉਹਨਾਂ ਨੂੰ ਰੂਹ ਦੀ ਪਵਿੱਤਰਤਾ ਕਾਇਮ ਰੱਖਦਿਆਂ ਇਕ ਸੰਤੁਲਿਤ, ਜਿੰਮੇਵਾਰ ਅਤੇ ਸੁਰੱਖਿਅਤ ਜੀਵਨ-ਜੀਉਣ ਦੀ ਪ੍ਰੇਰਨਾ ਦਿੰਦਾ ਹੈ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਐਡੀ.ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਐਡੀ.ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਹਰਵਿੰਦਰ ਪਾਲ ਸਿੰਘ ਚੁੱਘ, ਮੈਂਬਰ ਇੰਚਾਰਜ ਸਕੱਤਰ ਇੰਜੀ.ਜਸਪਾਲ ਸਿੰਘ, ਡਾ.ਆਤਮਜੀਤ ਸਿੰਘ ਬਸਰਾ, ਏ.ਪੀ.ਐਸ.ਮਾਨ, ਪ੍ਰੋ.ਭੁਪਿੰਦਰ ਸਿੰਘ ਸੇਠੀ, ਹਰਮਨਜੀਤ ਸਿੰਘ, ਗੁਰਭੇਜ ਸਿੰਘ, ਮਹਿੰਦਰ ਸਿੰਘ, ਤਰਲੋਚਨ ਸਿੰਘ, ਅੰਡਰ ਸੈਕਟਰੀ ਕੰਵਰ ਸੁਖਜਿੰਦਰ ਸਿੰਘ ਛੱਤਵਾਲ, ਡਾ.ਜਸਵਿੰਦਰ ਕੌਰ ਮਾਹਲ, ਪੀ.ਆਰ.ਓ ਮਨਜੀਤ ਕੌਰ, ਹਰਭਜਨ ਸਿੰਘ, ਅੰਡਰ ਸੈਕਟਰੀ ਐਜੂਕੇਸ਼ਨਲ ਕਮੇਟੀ ਅਮਰਜੀਤ ਸਿੰਘ ਚੁੱਘ ਅਤੇ ਸਟਾਫ ਮੌਜੂਦ ਸੀ।

## ਹੁਣ ਇੰਤਕਾਲ ਵਿੱਚ ਪਟਵਾਰੀ ਅੜਿੱਕੇ ਖੜ੍ਹੇ ਨਹੀਂ ਕਰ ਸਕਣਗੇ ਅਤੇ ਨਾ ਹੀ ਦੇਣੀ ਪਵੇਗੀ ਰਿਸ਼ਵਤ : ਅਮਨ ਅਰੋੜਾ

ਅੰਮ੍ਰਿਤਸਰ, 12 ਜੂਨ, (ਬਬਲੂ ਮਹਾਜਨ) : ਪ੍ਰਸ਼ਾਸਨਿਕ ਸੁਧਾਰਾਂ ਬਾਰੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਅੱਜ ਪੰਜਾਬ ਸਰਕਾਰ ਵੱਲੋਂ ਲਾਂਚ ਕੀਤੀਆਂ ਗਈਆਂ ਮਾਲ ਵਿਭਾਗ ਦੀਆਂ ਸੇਵਾਵਾਂ ਦੀ ਪੰਜਾਬ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਰਾਜ ਵਿੱਚੋਂ ਭ੍ਰਸ਼ਿਟਾਚਾਰ ਦੇ ਖਾਤਮੇ ਲਈ ਇਹ ਕ੍ਰਾਂਤੀਕਾਰੀ ਕਦਮ ਸਿੱਧ ਹੋਵੇਗਾ। ਇੱਥੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਉਹਨਾਂ ਦੱਸਿਆ ਕਿ ਹੁਣ ਜ਼ਮੀਨ ਜਾਇਦਾਦ ਦੀ ਜਮ੍ਹਾਂਬੰਦੀ, ਇੰਤਕਾਲ, ਫਰਦ ਬਦਰ ਆਦਿ ਲਈ ਲੋਕਾਂ ਨੂੰ ਦਫਤਰਾਂ ਦੇ ਗੇੜੇ ਨਹੀਂ ਲਾਉਣੇ ਪੈਣਗੇ, ਸਗੋਂ ਉਹ ਇੱਕ ਕਲਿੱਕ ਉੱਤੇ ਹੀ ਇਹ ਕੰਮ ਆਪਣੇ ਮੋਬਾਈਲ ਤੋਂ ਕਰ ਸਕਣਗੇ। ਉਹਨਾਂ ਕਿਹਾ ਕਿ ਅੱਜ ਆਮ ਲੋਕਾਂ ਨਾਲ ਜੁੜੀਆਂ ਸੇਵਾਵਾਂ ਨੂੰ ਆਨਲਾਈਨ ਕੀਤਾ ਗਿਆ ਹੈ ਅਤੇ



ਇਹ ਸਾਰੀਆਂ ਸੇਵਾਵਾਂ ਇਜ਼ੀ ਜਮ੍ਹਾਂਬੰਦੀ ਦੀ ਵੈਬਸਾਈਟ ਤੋਂ ਪ੍ਰਾਪਤ ਕੀਤੀਆਂ ਜਾ ਸਕਣਗੀਆਂ ਜਾਂ 1076 ਫੋਨ ਨੰਬਰ ਡਾਇਲ ਕਰਕੇ ਤੁਸੀਂ ਘਰ ਬੈਠੇ ਇਹ ਸੇਵਾ ਪ੍ਰਾਪਤ ਕਰ ਸਕਦੇ ਹੋ।

ਉਹਨਾਂ ਕਿਹਾ ਕਿ ਇਸ ਵੇਲੇ ਪੰਜਾਬ ਵਿੱਚ ਤਕਰੀਬਨ 40 ਲੱਖ ਲੋਕ ਫਰਦ ਦੀ ਕਾਪੀ ਲੈਣ ਲਈ ਫਰਦ ਕੇਂਦਰਾਂ ਵਿੱਚ ਜਾਂਦੇ ਹਨ ਅਤੇ ਇਸ ਲਈ 45 ਕਰੋੜ ਰੁਪਏ ਫੀਸ ਵਜੋਂ ਦਿੰਦੇ ਹਨ, ਜਦ ਕਿ ਹੁਣ ਇਹ ਕੰਮ ਮੋਬਾਇਲ ਫੋਨ ਰਾਹੀਂ ਹੋ ਸਕੇਗਾ ਅਤੇ ਇਸ ਨਾਲ ਪੰਜਾਬੀਆਂ ਦੇ ਲੱਗਭੱਗ 22 ਕਰੋੜ ਤੋਂ ਵੱਧ ਦੇ ਪੈਸੇ ਬਚਣਗੇ। ਇਸ ਤੋਂ ਇਲਾਵਾ ਨਾ ਪਟਵਾਰੀ ਕੋਲ ਜਾਣ ਦੀ ਲੋੜ ਪਵੇਗੀ, ਨਾ ਲਾਈਨ ਵਿੱਚ ਲੱਗਣ ਦੀ ਅਤੇ ਨਾ ਹੀ ਰਿਸ਼ਵਤ ਦੇਣ ਦੀ।

ਉਹਨਾਂ ਦੱਸਿਆ ਕਿ ਇਸੇ ਤਰ੍ਹਾਂ ਹਰ ਸਾਲ ਪੰਜਾਬ ਵਿੱਚ 8 ਲੱਖ ਦੇ ਕਰੀਬ ਇੰਤਕਾਲ ਹੁੰਦੇ ਹਨ, ਜਿਨ੍ਹਾਂ ਵਿੱਚੋਂ 6 ਲੱਖ ਇੰਤਕਾਲ ਰਜਿਸਟਰੀਆਂ ਦੇ ਅਤੇ 2 ਲੱਖ ਵਿਰਾਸਤੀ ਇੰਤਕਾਲ ਹੋ ਜਾਂਦੇ ਹਨ। ਇਹ ਇੰਤਕਾਲ ਕਰਵਾਉਣ ਲਈ ਅਕਸਰ ਲੋਕ ਕਈ ਮਹੀਨੇ ਧੱਕੇ ਖਾਂਦੇ ਸਨ, ਪਰ ਹੁਣ ਨਾ ਇੰਤਕਾਲ ਵਿੱਚ ਪਟਵਾਰੀ ਅੜਿੱਕਾ ਖੜ੍ਹਾ ਕਰ ਸਕੇਗਾ ਅਤੇ ਨਾ ਹੀ ਰਿਸ਼ਵਤ ਦੇਣੀ ਪਵੇਗੀ। ਇੰਤਕਾਲ ਦਾ ਸਾਰਾ ਕੰਮ ਪਾਰਦਰਸ਼ੀ ਹੋਵੇਗਾ ਅਤੇ ਇਸ ਨੂੰ 30 ਦਿਨਾਂ ਵਿੱਚ ਪੂਰਾ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਇਸ ਤੋਂ ਇਲਾਵਾ ਰਪਟ ਐਂਟਰੀ ਲਈ ਹੁਣ ਕੋਈ ਕਾਗਜ਼ੀ ਕਾਰਵਾਈ ਕਰਨ ਜਾਂ ਦਫਤਰਾਂ ਦੇ ਧੱਕੇ ਖਾਣ ਦੀ ਲੋੜ ਨਹੀ। ਤੁਹਾਡਾ ਕੇਸ ਡਿਜੀਟਲ ਤੌਰ 'ਤੇ ਪਟਵਾਰੀ ਤੋਂ ਲੈ ਕੇ ਤਹਿਸੀਲਦਾਰ ਕੋਲ ਜਾਵੇਗਾ ਅਤੇ ਤੁਹਾਨੂੰ ਵਟਸਐਪ ਉੱਤੇ ਪਲ ਪਲ ਦੀ ਜਾਣਕਾਰੀ ਮਿਲੇਗੀ। ਇਸੇ ਤਰ੍ਹਾਂ ਫਰਦ ਬਦਰ ਦੀ ਸੇਵਾ ਆਨਲਾਈਨ ਕਰ ਦਿੱਤੀ ਗਈ ਹੈ ਅਤੇ ਮਾਲ ਰਿਕਾਰਡ ਵਿੱਚ ਤਰੁਟੀਆਂ ਆਸਾਨੀ ਨਾਲ ਦੂਰ ਹੋਣਗੀਆਂ। ਉਹਨਾਂ ਦੱਸਿਆ ਕਿ ਇਸ ਤੋਂ ਇਲਾਵਾ ਕੋਈ ਵੀ ਨਾਗਰਿਕ ਸਾਲ ਦੇ 500 ਰੁਪਏ ਫੀਸ ਦੇ ਕੇ ਆਪਣੀ ਖੇਵਟ ਦੀ ਰਿਕਾਰਡ ਲਈ ਸਬਸਕ੍ਰਿਪਸ਼ਨ ਲੈ ਸਕਦਾ ਹੈ ਅਤੇ ਉਹ ਦੁਨੀਆਂ ਦੇ ਕਿਸੇ ਵੀ ਕੋਨੇ ਵਿੱਚ ਹੋਵੇ, ਜਦੋਂ ਵੀ ਉਸਦੀ ਖੇਵਟ ਨਾਲ ਕੋਈ ਛੇੜ ਛਾੜ ਕਰਨ ਦੀ ਕੋਸ਼ਿਸ਼ ਕਰੇਗਾ ਤਾਂ ਉਸਨੂੰ ਵਟਸਐਪ ਨੰਬਰ ਜਾਂ ਈਮੇਲ ਉੱਤੇ ਅਲਰਟ ਜਾਵੇਗਾ।

ਇਸ ਮੌਕੇ ਮਾਲ ਵਿਭਾਗ ਦੇ ਮੰਤਰੀ ਹਰਦੀਪ ਸਿੰਘ ਮੁੰਡੀਆ ਨੇ ਇਨਾਂ ਕਦਮਾਂ ਨੂੰ ਆਮ ਆਦਮੀ ਪਾਰਟੀ ਦੀ ਭ੍ਰਿਸ਼ਟਾਚਾਰ ਵਿਰੋਧੀ ਅਤੇ ਲੋਕ ਪੱਖੀ ਸੋਚ ਦਾ ਨਤੀਜਾ ਦੱਸਦੇ ਇਸ ਇਤਿਹਾਸਿਕ ਮੌਕੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਵਿਸ਼ੇਸ਼ ਧੰਨਵਾਦ ਕੀਤਾ। ਇਸ ਮੌਕੇ ਉਹਨਾਂ ਨਾਲ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ, ਵਧੀਕ ਮੁੱਖ ਸਕੱਤਰ ਅਨੁਰਾਗ ਵਰਮਾ, ਸਕੱਤਰ ਮਾਲ ਵਿਭਾਗ ਸੋਨਾਲੀ ਗਿਰੀ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

## ਜਹਾਜ਼ ਹਾਦਸਾ ਬੇਹੱਦ ਦੁਖਦਾਈ : ਜਥੇਦਾਰ ਗੜਗੱਜ

ਅੰਮ੍ਰਿਤਸਰ, 12 ਜੂਨ, (ਬਬਲੂ ਮਹਾਜਨ) : ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਗੁਜਰਾਤ ਦੇ ਅਹਿਮਦਾਬਾਦ ਵਿੱਚ ਵਾਪਰੇ ਏਅਰ ਇੰਡੀਆ ਦੇ ਜਹਾਜ਼ ਹਾਦਸੇ ਨੂੰ ਬੇਹੱਦ ਦੁਖਦਾਈ, ਦਰਦਨਾਕ ਤੇ ਚਿੰਤਾਜਨਕ ਕਰਾਰ ਦਿੱਤਾ ਹੈ। ਉਨ੍ਹਾਂ ਕਰਤਾ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਇਸ ਘਟਨਾ ਵਿੱਚ ਜਾਨਾਂ ਗੁਆਉਣ ਵਾਲੇ ਲੋਕਾਂ ਨੂੰ ਆਤਮਿਕ ਸ਼ਾਂਤੀ ਦੇਣ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ। ਉਨ੍ਹਾਂ ਫੱਟੜ ਹੋਏ ਲੋਕਾਂ ਦੀ ਸਿਹਤਯਾਬੀ ਲਈ ਵੀ ਅਰਦਾਸ ਕੀਤੀ।

## ਸਿੱਖਾਂ ਨੂੰ ਰਾਜਸੀ ਸ਼ਕਤੀ ਹਾਸਲ ਕਰਨ ਲਈ ਪੰਥਕ ਏਕਤਾ ਜ਼ਰੂਰੀ : ਬਾਬਾ ਬਲਬੀਰ ਸਿੰਘ



ਅੰਮ੍ਰਿਤਸਰ, 12 ਜੂਨ, (ਗੁਰਦਿਆਲ ਸਿੰਘ) : ਨਿਹੰਗ ਸਿੰਘਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਮੌਜੂਦਾ ਪੰਥਕ ਹਲਾਤਾਂ ਸਬੰਧੀ ਬੋਲਦਿਆਂ ਕਿਹਾ ਕਿ ਗੁਰੂ ਦਾ ਹਰ ਸੁਹਿਰਦ ਸਿੱਖ ਚਾਹੁੰਦਾ ਹੈ ਕਿ ਪੰਥਕ ਏਕਤਾ ਜ਼ਰੂਰ ਹੋਣੀ ਚਾਹੀਦੀ ਹੈ ਸਭ ਧਿਰਾਂ ਇੱਕ ਪਲੇਟ ਫਾਰਮ 'ਤੇ ਇਕੱਤਰ ਹੋਣ।ਉਨ੍ਹਾਂ ਕਿਹਾ ਸਾਡੀ ਕਿਸੇ ਨਾਲ ਕੋਈ ਨਿੱਜੀ ਨਰਾਜ਼ਗੀ ਨਹੀਂ ਹੈ। ਸਿਧਾਂਤਕ ਤੌਰ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਹੁਕਮਨਾਮੇ ਦੀ ਉਲੰਘਣਾ ਕਰਨੀ, ਗੁਰੂ ਨੂੰ ਸਮਰਪਿਤ ਸਿੱਖ ਕਦੀ ਸੋਚ ਵੀ ਨਹੀਂ ਸਕਦਾ।

ਉਨ੍ਹਾਂ ਕਿਹਾ ਮੀਰੀ ਪੀਰੀ ਦਾ ਸਿਧਾਂਤ ਸਿੱਖਾਂ ਲਈ ਲਾਜ਼ਮੀ ਹੈ, ਪਰ ਧਰਮ ਨੂੰ ਪੈਰਾਂ ਹੇਠ ਮਧੋਲ ਕੇ ਰਾਜਸੀ ਸ਼ਕਤੀ ਪ੍ਰਾਪਤ ਨਹੀਂ ਕੀਤੀ ਜਾ ਸਕਦੀ। ਇਤਿਹਾਸ ਗਵਾਹ ਹੈ ਕਿ ਸਿਧਾਂਤ ਤੇ ਮਰਯਾਦਾ ਤੋਂ ਹਟਵੀ ਏਕਤਾ ਸਦੀਵੀਂ ਤੇ ਮਹੱਤਤਾ ਵਾਲੀ ਨਹੀਂ ਹੁੰਦੀ। ਜਿਹੜੀਆਂ ਵੀ ਸਰਕਾਰਾਂ ਧਰਮ ਤੋਂ ਅੱਖ ਫੇਰਦੀਆਂ ਹਨ, ਉਹ ਜਾਲਮ ਤੇ ਜੁਲਮੀ ਹੋ ਕੇ ਨਸ਼ਟ ਹੋ ਜਾਂਦੀਆਂ ਹਨ। ਉਨ੍ਹਾਂ ਕਿਹਾ ਨਿਹੰਗ ਸਿੰਘਾਂ ਦੇ ਦਲ ਪੰਥ ਹਮੇਸ਼ਾਂ ਸਿੱਖ ਕੌਮ ਦੀ ਚੜ੍ਹਦੀਕਲਾ ਲਈ ਜੂਝਦੇ ਰਹੇ ਹਨ। ਖਾਲਸਾ ਰਾਜ ਦੀ ਪ੍ਰਾਪਤੀ ਲਈ ਸਮੁਚੀ ਸਿੱਖ ਕੌਮ ਨੂੰ ਇਕਜੁੱਟ ਹੋਣਾ ਚਾਹੀਦਾ ਹੈ। ਖਾਲਸਾ ਰਾਜ ਸਬੰਧੀ ਗੁਰੂ ਦੇ ਬਚਨ ਜ਼ਰੂਰ ਪੂਰੇ ਹੋਣਗੇ। ਉਨ੍ਹਾਂ ਕਿਹਾ ਸ੍ਰੀ ਅਕਾਲ ਤਖ਼ਤ ਨੂੰ ਸਮਰਪਿਤ ਅਤੇ ਸਿੱਖੀ ਭਾਵਨਾ ਅਤੇ ਮਰਯਾਦਾ 'ਤੇ ਪਹਿਰਾ ਦੇਣ ਵਾਲੇ ਰਾਜਸੀ ਲੋਕਾਂ ਦੀ ਮੱਦਦ ਕਰਨੀ ਚਾਹੀਦੀ ਹੈ। ਉਨ੍ਹਾਂ ਬਹੁਤ ਹੀ ਅਫਸੋਸ ਨਾਲ ਕਿਹਾ ਕਿ ਕੌਮ ਮੌਜੂਦਾ ਸਮੇਂ ਬੁਰੀ ਤਰ੍ਹਾਂ ਵੰਡੀ ਪਈ ਹੈ। ਆਮ ਸਧਾਰਨ ਸਿੱਖ ਦੁਬਿਧਾ ਵਿੱਚ ਹੈ ਕਿ ਉਹ ਕੀ ਕਰੇ। ਏਕਤਾ ਬਿਨ੍ਹਾਂ ਅਕਾਲੀ ਦਲ ਜਾਂ ਕੋਈ ਵੀ ਪੰਥਕ ਪਾਰਟੀ ਜਨਮ ਧਾਰਨ ਵਿੱਚ ਸ਼ਕਤੀਸ਼ਾਲੀ ਨਹੀਂ ਹੋ ਸਕਦੀ। ਰਾਜਸੀ ਸ਼ਕਤੀ ਹੀਣ ਪਾਰਟੀ ਲੋਕਾਂ ਦਾ ਕੁੱਝ ਨਹੀਂ ਸੁਆਰ ਸਕਦੀ। ਉਨ੍ਹਾਂ ਕਿਹਾ ਅਸੀਂ ਦੁਬਿਧਾ ਵਾਲੇ ਈਰਾਖਾਲੂ ਬਿਆਨਬਾਜ਼ੀ ਕਰਕੇ ਹਰ ਸਿੱਖ ਨੂੰ ਪੀੜਾ, ਦੁਖੀ ਤੇ ਨਿਰਾਸ਼ਾ ਵੱਲ ਧਕੇਲਣ ਵਾਲੇ ਯਤਨ ਕਰਦੇ ਹਾਂ। ਉਨ੍ਹਾਂ ਕਿਹਾ ਇਸ ਦੇ ਇਹ ਅਰਥ ਨਾ ਕੱਢੇ ਜਾਣ ਕੇ ਅਸੀਂ ਪੰਥਕ ਏਕਤਾ ਨਹੀਂ ਚਾਹੁੰਦੇ, ਅਸੀਂ ਇਸ ਕਾਰਜ ਲਈ ਸਭ ਤੋਂ ਮੂਹਰੇ ਖੜ੍ਹੇ ਹਾਂ, ਪਰ ਪੰਥਕ ਏਕਤਾ ਨੂੰ ਤਾਰਪੀਡੋ ਕਰਨ ਵਾਲੇ ਲੋਕਾਂ ਤੋਂ ਸੁਚੇਤ ਹੋਣਾ ਚਾਹੀਦਾ ਹੈ।

## ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਵੱਲੋਂ "ਕੁਦਰਤੀ ਆਫ਼ਤਾਂ ਪ੍ਰਬੰਧਨ ਅਤੇ ਪੰਜਾਬੀਆਂ ਦੀ ਭੂਮਿਕਾ" ਕਿਤਾਬ ਰਿਲੀਜ਼



ਅੰਮ੍ਰਿਤਸਰ, 12 ਜੂਨ, (ਗੁਰਦਿਆਲ ਸਿੰਘ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਵੱਲੋਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਕੁਦਰਤੀ ਆਫ਼ਤਾਂ ਪ੍ਰਬੰਧਨ ਅਤੇ ਪੰਜਾਬੀਆਂ ਦੀ ਭੂਮਿਕਾ ਵਿਸ਼ੇ 'ਤੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਬਹਾਦੁਰਗੜ੍ਹ, ਪਟਿਆਲਾ ਵਿਖੇ ਕਰਵਾਏ ਗਏ ਅੰਤਰਰਾਸ਼ਟਰੀ ਸੈਮੀਨਾਰ 'ਚ ਪੜ੍ਹੇ ਗਏ ਖੋਜ ਪੱਤਰਾਂ ਨੂੰ ਕਿਤਾਬ ਰੂਪ ਵਿਚ ਤਿਆਰ ਕੀਤਾ ਗਿਆ ਹੈ, ਜਿਸ ਨੂੰ ਅੱਜ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਜਾਰੀ ਕੀਤਾ ਗਿਆ ਹੈ। ਇਸ ਦੇ ਨਾਲ ਹੀ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਵੱਲੋਂ ਤਿਆਰ ਕੀਤੀਆਂ ਸਰਗਰਮੀਆਂ ਨੂੰ ਵੀ ਰਿਲੀਜ਼ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ (ਵਿਦਿਆ) ਇੰਜੀ: ਸੁਖਮਿੰਦਰ ਸਿੰਘ ਨੇ ਦੱਸਿਆ ਕਿ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਵੱਲੋਂ ਕਰਵਾਏ ਗਏ ਸੈਮੀਨਾਰ ਦੌਰਾਨ ਕੁਦਰਤੀ ਆਫਤਾਂ ਦੇ ਸੰਦਰਭ ਵਿੱਚ ਪੰਜਾਬੀਆਂ ਦੀ ਭੂਮਿਕਾ 'ਤੇ ਸਕਾਰਾਤਮਕ ਚਰਚਾ ਕੀਤੀ ਗਈ ਸੀ। ਵਿਦਵਾਨਾਂ ਵੱਲੋ ਪੜ੍ਹੇ ਗਏ ਖੋਜ ਪੱਤਰਾਂ ਨੂੰ ਕਿਤਾਬੀ ਰੂਪ ਦਿੱਤਾ ਗਿਆ ਹੈ।

ਇਸ ਦੇ ਨਾਲ ਹੀ ਸ਼੍ਰੋਮਣੀ ਕਮੇਟੀ ਵੱਲੋਂ ਸਿੱਖਿਆ ਦੇ ਖੇਤਰ ਵਿਚ ਕੀਤੀਆਂ ਜਾ ਰਹੀਆਂ ਪ੍ਰਾਪਤੀਆਂ ਨੂੰ ਦਰਸਾਉਂਦਾ ਸਰਗਰਮੀਆਂ ਰੂਪੀ ਕਿਤਾਬਚਾ ਵੀ ਜਾਰੀ ਕੀਤਾ ਗਿਆ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਮੁੱਖ ਜੂਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਲਿਆਣ, ਸਕੱਤਰ, ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸੁਰਜੀਤ ਸਿੰਘ ਤੁਗਲਵਾਲ, ਸ. ਸੁਖਹਰਪ੍ਰੀਤ ਸਿੰਘ ਰੋਡੇ, ਪਰਮਜੀਤ ਸਿੰਘ ਖਾਲਸਾ, ਮੈਂਬਰ ਇੰਚਾਰਜ ਵਿਦਿਆ ਗੁਰਮੀਤ ਸਿੰਘ ਬੂਹ, ਮੈਂਬਰ ਜਥੇਦਾਰ ਕੌਰ ਸਿੰਘ, ਸਕੱਤਰ ਇੰਜੀ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਪ੍ਰਿਤਪਾਲ ਸਿੰਘ ਮੀਤ ਸਕੱਤਰ ਜਸਵਿੰਦਰ ਸਿੰਘ ਜੱਸੀ, ਪ੍ਰਿੰਸੀਪਲ ਡਾ. ਰਜਿੰਦਰ ਕੌਰ, ਡਾ. ਅਮਨਦੀਪ ਹੀਰਾ, ਡਾ. ਸਰਬਜੀਤ ਕੌਰ, ਡਾ. ਕੁਲਵਿੰਦਰ ਸਿੰਘ, ਡਾ. ਰੁਪਿੰਦਰ ਸਿੰਘ, ਡਾ. ਗੁਰਜੀਤ ਸਿੰਘ, ਡਾ. ਹਰਮਨਦੀਪ ਸਿੰਘ, ਪ੍ਰੋ. ਮਲਵਿੰਦਰ ਸਿੰਘ, ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਲੀ ਆਦਿ ਹਾਜ਼ਰ ਸਨ।

## ਪਿਛਲੇ 11 ਸਾਲਾਂ ਵਿੱਚ ਦੇਸ਼ ਨੇ ਬੇਮਿਸਾਲ ਵਿਕਾਸ ਦੇਖਿਆ : ਸਿਰਸਾ

ਅੰਮ੍ਰਿਤਸਰ, 12 ਜੂਨ, (ਬਬਲੂ ਮਹਾਜਨ) : ਭ੍ਰਿਸ਼ਟ ਲੁਟੇਰਾ ਅਰਵਿੰਦ ਕੇਜਰੀਵਾਲ ਅਤੇ ਉਸਦੇ ਹੋਰ ਮੰਤਰੀ, ਜਿਨ੍ਹਾਂ ਨੂੰ ਦਿੱਲੀ ਦੇ ਲੋਕਾਂ ਨੇ ਨਕਾਰ ਦਿੱਤਾ ਸੀ ਅਤੇ ਸੱਤਾ ਤੋਂ ਹਟਾ ਦਿੱਤਾ ਸੀ, ਹੁਣ ਪੰਜਾਬ ਨੂੰ ਲੁੱਟਣ ਲਈ ਆ ਗਏ ਹਨ। ਦਿੱਲੀ ਦੀ ਰੇਖਾ ਗੁਪਤਾ ਸਰਕਾਰ ਦੇ ਕੈਬਨਿਟ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਅੰਮ੍ਰਿਤਸਰ ਦੇ ਇੱਕ ਸਥਾਨਕ ਹੋਟਲ ਵਿੱਚ ਆਯੋਜਿਤ ਪ੍ਰੈਸ ਕਾਨਫਰੰਸ ਦੌਰਾਨ ਮੀਡੀਆ ਨਾਲ ਗੱਲਬਾਤ ਕਰਦਿਆਂ ਪੰਜਾਬ ਦੀ ਭਗਵੰਤ ਮਾਨ ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ ਪੰਜਾਬ ਹੁਣ ਮੁੱਖ ਮੰਤਰੀ ਭਗਵੰਤ ਮਾਨ ਨਹੀਂ ਸਗੋਂ ਦਿੱਲੀ ਤੋਂ ਭੱਜੇ ਅਰਵਿੰਦ ਕੇਜਰੀਵਾਲ ਚਲਾ ਰਹੇ ਹਨ। ਇਸ ਮੌਕੇ ਮਨਜਿੰਦਰ ਸਿੰਘ ਸਿਰਸਾ ਨੇ ਮੋਦੀ ਸਰਕਾਰ ਦੇ 11 ਸਾਲਾਂ ਦੇ ਕਾਰਜਕਾਲ ਨਾਲ ਸਬੰਧਤ ਇੱਕ ਕਿਤਾਬ ਵੀ ਰਿਲੀਜ਼ ਕੀਤੀ। ਇਸ ਮੌਕੇ 'ਤੇ ਸਾਬਕਾ ਸੰਸਦ ਮੈਂਬਰ ਅਤੇ ਸਾਬਕਾ ਸੂਬਾ ਪ੍ਰਧਾਨ ਸ਼ਵੇਤ ਮਲਿਕ, ਭਾਜਪਾ ਸੂਬਾ ਸਕੱਤਰ ਸੂਰਜ ਭਾਰਦਵਾਜ, ਮਨਜੀਤ ਸਿੰਘ ਰਾਏ, ਜ਼ਿਲ੍ਹਾ ਜਨਰਲ ਸਕੱਤਰ ਸਲਿਲ ਕਪੂਰ, ਅਲਕਾ ਸ਼ਰਮਾ ਮਨਜਿੰਦਰ ਸਿੰਘ ਸਿਰਸਾ ਨਾਲ ਸਟੇਜ 'ਤੇ ਮੌਜੂਦ ਸਨ।



ਮਨਜਿੰਦਰ ਸਿੰਘ ਸਿਰਸਾ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਪੰਜਾਬ ਵਿੱਚ ਨਿਡਰਤਾ ਨਾਲ ਇਕੱਲੇ ਮੈਦਾਨ ਵਿੱਚ ਉਤਰੀ ਹੈ ਅਤੇ ਹੁਣ ਕਿਸੇ ਨਾਲ ਕੋਈ ਸਮਝੌਤਾ ਨਹੀਂ ਹੋਵੇਗਾ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦਾ ਸਮਰਥਨ ਆਧਾਰ ਖਤਮ ਹੋ ਗਿਆ ਹੈ ਅਤੇ ਸਾਰਿਆਂ ਨੇ ਵਿਧਾਨ ਸਭਾ ਚੋਣਾਂ ਵਿੱਚ ਇਸਦਾ ਸਬੂਤ ਦੇਖ ਲਿਆ ਹੈ। ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ, ਪਿਛਲੇ 11 ਸਾਲਾਂ ਵਿੱਚ 'ਸੇਵਾ, ਸੁਸ਼ਾਸਨ ਅਤੇ ਗਰੀਬ ਭਲਾਈ' ਦੇ ਮੰਤਰ ਨਾਲ ਵਿਸ਼ਵ ਪੱਧਰ 'ਤੇ ਭਾਰਤ ਦਾ ਸਤਿਕਾਰ ਵਧਿਆ ਹੈ। ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ, ਭਾਰਤ ਤੇਜ਼ੀ ਨਾਲ ਵਿਕਾਸ ਦੇ ਰਾਹ 'ਤੇ ਅੱਗੇ ਵਧ ਰਿਹਾ ਹੈ ਅਤੇ ਇੱਕ ਮਜ਼ਬੂਤ ਅਤੇ ਸਵੈ-ਨਿਰਭਰ ਰਾਸ਼ਟਰ ਵਜੋਂ ਉਭਰਿਆ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ, ਕੇਂਦਰ ਦੀ ਭਾਜਪਾ ਸਰਕਾਰ ਨੇ ਪਿਛਲੇ 11 ਸਾਲਾਂ ਵਿੱਚ ਲੋਕਾਂ ਨਾਲ ਕੀਤੇ ਗਏ ਸੇਵਾ, ਸੁਸ਼ਾਸਨ ਅਤੇ ਗਰੀਬ ਭਲਾਈ ਦੇ ਆਪਣੇ ਵਾਅਦੇ ਪੂਰੇ ਕੀਤੇ ਹਨ, ਜਿਸ ਕਾਰਨ ਅੱਜ ਦੇਸ਼ ਦੇ ਲੱਗਭੱਗ 23 ਰਾਜਾਂ ਵਿੱਚ ਭਾਜਪਾ ਦੀਆਂ ਸਰਕਾਰਾਂ ਹਨ। ਮੋਦੀ ਸਰਕਾਰ ਦੇ 11 ਸਾਲਾਂ ਦੇ ਕਾਰਜਕਾਲ ਵਿੱਚ, ਦੇਸ਼ ਦੇ 140 ਕਰੋੜ ਲੋਕਾਂ ਨੇ ਸਮੂਹਿਕ ਭਾਗੀਦਾਰੀ ਨਾਲ ਚੰਗੇ ਸ਼ਾਸਨ ਦੇ ਬਲ 'ਤੇ ਵੱਖ-ਵੱਖ ਖੇਤਰਾਂ ਵਿੱਚ ਤੇਜ਼ੀ ਨਾਲ ਬਦਲਾਅ ਦੇਖੇ ਹਨ। ਦੇਸ਼ ਵਾਸੀਆਂ ਦਾ ਜੀਵਨ ਆਸਾਨ ਹੋਇਆ ਹੈ ਅਤੇ ਤਰੱਕੀ ਬਹੁਤ ਤੇਜ਼ੀ ਨਾਲ ਹੋਈ ਹੈ। ਦੇਸ਼ ਵਿੱਚ ਮੱਧ ਵਰਗ ਨੂੰ ਆਰਥਿਕ ਤੌਰ 'ਤੇ ਸਸ਼ਕਤ ਕਰਦੇ ਹੋਏ, 12 ਲੱਖ ਤੱਕ ਦੀ ਆਮਦਨ 'ਤੇ ਟੈਕਸ ਛੋਟ ਦਿੱਤੀ ਗਈ ਹੈ। ਸਰਕਾਰ ਨੇ ਮਹਿਲਾ ਸਸ਼ਕਤੀਕਰਨ ਨੂੰ ਵੀ ਤਰਜ਼ੀਹ ਦਿੱਤੀ ਹੈ। ਬੇਟੀ ਬਚਾਓ, ਬੇਟੀ ਪੜ੍ਹਾਓ, ਮਹਿਲਾ ਸੁਰੱਖਿਆ ਕਾਨੂੰਨ ਅਤੇ ਹਾਲ ਹੀ ਵਿੱਚ ਮਹਿਲਾ ਰਾਖਵਾਂਕਰਨ ਕਾਨੂੰਨ ਵਰਗੇ ਕਦਮ ਔਰਤਾਂ ਨੂੰ ਮੁੱਖ ਧਾਰਾ ਵਿੱਚ ਲਿਆਉਣ ਵਿੱਚ ਮੀਲ ਪੱਥਰ ਬਣੇ ਹਨ। ਸਿਰਸਾ ਨੇ ਕਿਹਾ ਕਿ ਹੁਣ ਪੰਜਾਬ ਦੀ ਵਾਰੀ ਹੈ ਅਤੇ ਹੁਣ ਜਨਤਾ ਵੀ ਪੰਜਾਬ ਵਿੱਚ ਬਦਲਾਅ ਚਾਹੁੰਦੀ ਹੈ, ਕਿਉਂਕਿ ਜਨਤਾ ਨੇ ਪੰਜਾਬ ਵਿੱਚ ਬਦਲਾਅ ਦੇ ਧੋਖੇ ਦਾ ਨਤੀਜਾ ਦੇਖ ਲਿਆ ਹੈ। ਪੰਜਾਬ ਦੇ ਲੋਕ ਹੁਣ 2027 'ਚ ਪੰਜਾਬ ਦੀ ਸੱਤਾ ਦੀ ਕਮਾਨ ਭਾਜਪਾ ਨੂੰ ਸੌਂਪ ਕੇ ਪੰਜਾਬ ਨੂੰ ਵਿਕਾਸ ਅਤੇ ਸਸ਼ਕਤੀਕਰਨ ਦੇ ਰਾਹ 'ਤੇ ਲੈ ਕੇ ਜਾਣਗੇ।ਇਸ ਮੌਕੇ ਰਾਕੇਸ਼ ਗਿੱਲ, ਰਜਿੰਦਰ ਮੋਹਨ ਸਿੰਘ ਛੀਨਾ, ਬਖਸ਼ੀ ਰਾਮ ਅਰੋੜਾ, ਗੀਨਾ ਜੇਤਲੀ, ਸੁਖਮਿੰਦਰ ਸਿੰਘ ਪਿੰਟੂ, ਡਾ: ਰਾਮ ਚਾਵਲਾ, ਹਰਜਿੰਦਰ ਸਿੰਘ ਠੇਕੇਦਾਰ, ਗੁਰਪ੍ਰਤਾਪ ਸਿੰਘ ਸ਼ਰਮਾ ਟਿੱਕਾ, ਸੰਜੇ ਕਾਕਾ, ਆਰ. ਮੀਨੂੰ ਸਹਿਗਲ, ਸਤਪਾਲ ਡੋਗਰਾ, ਪਰਮਜੀਤ ਸਿੰਘ ਬੱਤਰਾ, ਮੋਹਿਤ ਮਹਾਜਨ, ਜਸਪਾਲ ਸਿੰਘ ਸ਼ੰਟੂ, ਕੌਂਸਲਰ ਅਮਨ ਐਰੀ, ਕੌਂਸਲਰ ਗੌਰਵ ਗਿੱਲ, ਕੌਂਸਲਰ ਸ਼੍ਰੀਮਤੀ ਕ੍ਰਿਤੀ ਅਰੋੜਾ, ਮਨਜੀਤ ਕੌਰ ਥਿੰਦ, ਸਵਿਤਾ ਮਹਾਜਨ, ਰਾਜੇਸ਼ ਕੁਮਾਰ ਟੋਨੀ, ਵਿੱਕੀ ਕਪੂਰ, ਮੰਡਲ ਪ੍ਰਧਾਨ ਅਮਿਤ ਅਬਰੋਲ, ਸੁਧੀਰ ਪ੍ਰਿਥਨਾ ਮੋਨ, ਐਚ.ਐਸ ਨਵੀਸ ਅਰੋੜਾ, ਡਾ. ਮਹਾਜਨ, ਵਿਕਰਮ ਡੰਡੋਨਾ, ਰਾਜੀਵ ਅਰੋੜਾ ਆਦਿ ਅਤੇ ਦਰਜਨਾਂ ਵਰਕਰ ਵੀ ਹਾਜ਼ਰ ਸਨ।

## ਸਤਿਗੁਰੂ ਕਬੀਰ ਪੰਥ ਸੇਵਾ ਸੁਸਾਇਟੀ ਨੇ ਮਨਾਇਆ ਪ੍ਰਕਾਸ਼ ਉਤਸਵ



ਦੀਨਾਨਗਰ, 12 ਜੂਨ, (ਡਾ.ਰਮੇਸ਼ ਸਰੰਗਲ) : ਸਤਿਗੁਰੂ ਕਬੀਰ ਪੰਥ ਸੇਵਾ ਸੋਸਾਇਟੀ ਪੰਜਾਬ ਵੱਲੋਂ ਧੰਨ ਧੰਨ ਸਤਿਗੁਰੂ ਕਬੀਰ ਸਾਹਿਬ ਜੀ ਦਾ 627ਵਾਂ ਪ੍ਰਕਾਸ਼ ਉਤਸਵ ਅੱਜ ਦੀਨਾਨਗਰ ਵਿਖੇ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਇਸ ਸਬੰਧ ਵਿੱਚ ਸ਼ਹਿਰ ਦੇ ਲੇਬਰ ਚੌਕ ਨੇੜੇ ਠੰਢੇ ਮਿੱਠੇ ਪਾਣੀ ਦੀ ਛਬੀਲ ਲਗਾਈ ਗਈ ਅਤੇ ਫਿਰ ਦੇਰ ਸ਼ਾਮ ਤੱਕ ਅਤੁੱਟ ਲੰਗਰ ਵਰਤਾਇਆ ਗਿਆ। ਇਹ ਪ੍ਰੋਗਰਾਮ ਸਤਿਗੁਰੂ ਕਬੀਰ ਪੰਥ ਸੇਵਾ ਸੋਸਾਇਟੀ ਪੰਜਾਬ ਦੇ ਪ੍ਰਧਾਨ ਰਾਜਿੰਦਰ ਭਗਤ ਦੀ ਅਗਵਾਈ ਵਿੱਚ ਹੋਇਆ। ਜਿਸ ਵਿੱਚ ਭਗਤ ਸਮਾਜ ਦੇ ਹੋਰਨਾਂ ਲੋਕਾਂ ਵੱਲੋਂ ਵੀ ਸਹਿਯੋਗ ਕੀਤਾ ਗਿਆ।

ਇਸ ਮੌਕੇ ਰਾਜਿੰਦਰ ਭਗਤ ਨੇ ਸਾਰਿਆਂ ਨੂੰ ਸਤਿਗੁਰੂ ਕਬੀਰ ਜੀ ਦੇ ਪ੍ਰਕਾਸ਼ ਉਤਸਵ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਸਤਿਗੁਰੂ ਮਹਾਰਾਜ ਦੇ ਦੱਸੇ ਹੱਕ ਤੇ ਸੱਚ ਦੇ ਰਾਹ 'ਤੇ ਚੱਲਣ ਦੀ ਅਪੀਲ ਕੀਤੀ।

ਉਨ੍ਹਾਂ ਇਹ ਵੀ ਕਿਹਾ ਕਿ ਲੇਬਰ ਚੌਕ ਵਿਖੇ ਵੱਡੀ ਗਿਣਤੀ ਮਜ਼ਦੂਰ ਵਰਗ ਦੀ ਹੈ ਅਤੇ ਇਸੇ ਕਰਕੇ ਉਨ੍ਹਾਂ ਦੀ ਸੰਸਥਾ ਨੇ ਇੱਥੇ ਛਬੀਲ ਅਤੇ ਲੰਗਰ ਲਗਾਇਆ ਹੈ ਅਤੇ ਉਹ ਅਗਾਂਹ ਵੀ ਗੁਰੂ ਸਾਹਿਬ ਦਾ ਪ੍ਰਕਾਸ਼ ਉਤਸਵ ਇਸੇ ਤਰ੍ਹਾਂ ਮਨਾਉਂਦੇ ਰਹਿਣਗੇ। ਇਸ ਮੌਕੇ ਬਲਾਕ ਪ੍ਰਧਾਨ ਓਮ ਪ੍ਰਕਾਸ਼ ਭਗਤ, ਮਾਸਟਰ ਮਨੋਹਰ ਲਾਲ, ਸਰਪੰਚ ਮਦਨ ਲਾਲ, ਸੂਬੇਦਾਰ ਅਸ਼ੋਕ ਰਾਜਨ, ਮੋਹਨ ਲਾਲ, ਮਾਸਟਰ ਤਰੁਣ ਲਹੋਤਰਾ, ਪ੍ਰਵੇਸ਼ ਕੁਮਾਰ, ਕਾਮਰੇਡ ਸੁਭਾਸ਼ ਕੈਰੇ, ਸੰਗਰਾਮ, ਸੋਮ ਰਾਜ, ਅਭੀ, ਦੀਪੂ, ਅਨਮੋਲ, ਜੋਤੂ, ਗੁਰਜੀਤ ਸਿੰਘ ਡੋਡੀ, ਜੀਤ ਰਾਜ ਜੀਤਾ, ਲੱਕੀ, ਦੀਵਾਨ ਚੰਦ, ਸੁਖਵਿੰਦਰ ਸਿੰਘ ਪਾਹੜਾ, ਬਚਨ ਲਾਲ, ਰਾਕੇਸ਼ ਕੁਮਾਰ ਸੋਨੂੰ, ਅਰਸ਼ ਕੁਮਾਰ, ਮੁਕਲ ਅਤੇ ਬਿੱਟੂ ਮਗਰਾਲਾ ਹਾਜ਼ਰ ਸਨ।

## ਜਿੱਤ ਤੋਂ ਬਾਅਦ ਅਰੋੜਾ ਮੰਤਰੀ ਬਣਨਗੇ : ਵਿਧਾਇਕ ਬਲਜਿੰਦਰ ਕੌਰ



ਲੁਧਿਆਣਾ, 12 ਜੂਨ (ਵਿਸ਼ਾਲ ਸ਼ਰਮਾ) : ਤਲਵੰਡੀ ਸਾਬੋ ਤੋਂ ਵਿਧਾਇਕ ਬਲਜਿੰਦਰ ਕੌਰ ਨੇ ਵੀਰਵਾਰ ਨੂੰ ਰਾਜ ਸਭਾ ਮੈਂਬਰ ਅਤੇ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰ ਸੰਜੀਵ ਅਰੋੜਾ ਜੋ ਕਿ ਲੁਧਿਆਣਾ (ਪੱਛਮੀ) ਵਿਧਾਨ ਸਭਾ ਉਪ ਚੋਣ ਲੜ ਰਹੇ ਹਨ ਦੇ ਸਮਰਥਨ ਵਿੱਚ ਇੱਕ ਚੋਣ ਮੀਟਿੰਗ ਨੂੰ ਸੰਬੋਧਨ ਕੀਤਾ। ਆਪਣੇ ਭਾਸ਼ਣ ਵਿੱਚ ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰ ਰਹੀ ਹੈ ਅਤੇ ਸਰਕਾਰ ਦੀਆਂ ਨੀਤੀਆਂ ਨੂੰ ਲੋਕ ਪੱਖੀ ਅਤੇ ਉਦਯੋਗ ਪੱਖੀ ਦੱਸਿਆ। ਉਨ੍ਹਾਂ ਜ਼ਿਕਰ ਕੀਤਾ ਕਿ ਉਹ ਪਿਛਲੇ ਦਸ ਦਿਨਾਂ ਤੋਂ ਲੁਧਿਆਣਾ (ਪੱਛਮੀ) ਵਿੱਚ ਚੋਣ ਪ੍ਰਚਾਰ ਕਰ ਰਹੇ ਹਨ ਅਤੇ ਉਨ੍ਹਾਂ ਨੂੰ ਬਹੁਤ ਸਕਾਰਾਤਮਕ ਫੀਡਬੈਕ ਮਿਲਿਆ ਹੈ। ਇੱਥੇ ਲੋਕ ਕਹਿੰਦੇ ਹਨ ਕਿ ਅਰੋੜਾ ਇੱਕ ਜ਼ਮੀਨੀ ਪੱਧਰ ਦੇ ਇਮਾਨਦਾਰ ਅਤੇ ਸਮਰਪਿਤ ਨੇਤਾ ਹਨ। ਉਹ ਸਭ ਤੋਂ ਯੋਗ ਉਮੀਦਵਾਰ ਹਨ। ਉਨ੍ਹਾਂ ਕਿਹਾ। ਸਵਰਗੀ ਵਿਧਾਇਕ ਗੁਰਪ੍ਰੀਤ ਬੱਸੀ ਗੋਗੀ ਦੇ ਯੋਗਦਾਨ ਨੂੰ ਯਾਦ ਕਰਦਿਆਂ ਉਨ੍ਹਾਂ ਕਿਹਾ ਕਿ ਇਲਾਕੇ ਦੇ ਲੋਕਾਂ ਨੇ ਉਨ੍ਹਾਂ ਦਾ ਦਿਲੋਂ ਸਮਰਥਨ ਕੀਤਾ ਸੀ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਬੇਵਕਤੀ ਦੇਹਾਂਤ ਤੋਂ ਬਾਅਦ 'ਆਪ' ਦੀ ਸੀਨੀਅਰ ਲੀਡਰਸ਼ਿਪ ਨੇ ਅਰੋੜਾ ਨੂੰ ਪਾਰਟੀ ਦਾ ਉਮੀਦਵਾਰ ਚੁਣਿਆ। ਮੈਨੂੰ ਵਿਸ਼ਵਾਸ ਹੈ ਕਿ ਵੋਟਰ ਅਰੋੜਾ ਨੂੰ ਵੀ ਉਹੀ ਸਮਰਥਨ ਦੇਣਗੇ, ਜਿਨ੍ਹਾਂ ਨੇ ਪਿਛਲੇ ਤਿੰਨ ਸਾਲਾਂ ਵਿੱਚ ਵਿਕਾਸ ਪ੍ਰਤੀ ਆਪਣੀ ਵਚਨਬੱਧਤਾ ਸਾਬਤ ਕੀਤੀ ਹੈ ਉਨ੍ਹਾਂ ਕਿਹਾ। ਉਨ੍ਹਾਂ ਇਹ ਵੀ ਕਿਹਾ ਕਿ ਅਰੋੜਾ ਨੂੰ ਉਨ੍ਹਾਂ ਦੀ ਉਮੀਦ ਕੀਤੀ ਗਈ ਭਾਰੀ ਜਿੱਤ ਤੋਂ ਬਾਅਦ ਪੰਜਾਬ ਕੈਬਨਿਟ ਵਿੱਚ ਮੰਤਰੀ ਵਜੋਂ ਸ਼ਾਮਲ ਕੀਤਾ ਜਾਵੇਗਾ। ਵੋਟਰਾਂ ਨੂੰ ਅਪੀਲ ਕਰਦੇ ਹੋਏ ਉਨ੍ਹਾਂ ਨੇ ਹਲਕੇ ਦੇ ਨਿਰੰਤਰ ਵਿਕਾਸ ਨੂੰ ਯਕੀਨੀ ਬਣਾਉਣ ਲਈ ਅਰੋੜਾ ਨੂੰ ਵੱਡੀ ਗਿਣਤੀ ਵਿੱਚ ਸਮਰਥਨ ਦੇਣ ਦੀ ਅਪੀਲ ਕੀਤੀ। ਆਪਣੇ ਸੰਬੋਧਨ ਵਿੱਚ ਸੰਜੀਵ ਅਰੋੜਾ ਨੇ ਆਪਣਾ ਤਿੰਨ ਸਾਲਾਂ ਦਾ ਰਿਪੋਰਟ ਕਾਰਡ ਪੇਸ਼ ਕੀਤਾ ਅਤੇ ਲੁਧਿਆਣਾ ਵਿੱਚ ਉਨ੍ਹਾਂ ਵੱਲੋਂ ਕੀਤੇ ਗਏ ਵੱਖ-ਵੱਖ ਨਾਗਰਿਕ ਕੰਮਾਂ ਨੂੰ ਸੂਚੀਬੱਧ ਕੀਤਾ।

## ਟਰਾਂਸਪੋਰਟ ਮਹਿਕਮੇ ਦੇ ਤੁਗਲਕੀ ਫਰਮਾਨਾਂ ਨੂੰ ਲੈ ਕੇ ਕਾਰ ਬਾਜ਼ਾਰ ਐਸੋਸੀਏਸ਼ਨ ਵੱਲੋਂ ਹੰਗਾਮੀ ਮੀਟਿੰਗ



ਲੁਧਿਆਣਾ, 12 ਜੂਨ (ਵਿਸ਼ਾਲ ਸ਼ਰਮਾ) : ਅੱਜ ਲੁਧਿਆਣਾ ਦੇ ਕਾਰ ਸਟਰੀਟ ਵਿਖੇ ਕਾਰ ਬਾਜ਼ਾਰ ਐਸੋਸੀਏਸ਼ਨ (ਕਾਰ ਸਟਰੀਟ) ਵੱਲੋਂ ਇੱਕ ਹੰਗਾਮੀ ਮੀਟਿੰਗ ਸੱਦੀ ਗਈ। ਜਿਸ ਦੀ ਪ੍ਰਧਾਨਗੀ ਕਰਦੇ ਹੋਏ ਪ੍ਰਧਾਨ ਪੀਟਰ ਬੇਦੀ ਨੇ ਟਰਾਂਸਪੋਰਟ ਮਹਿਕਮੇ ਵੱਲੋਂ ਆਏ ਦਿਨ ਨਵੇਂ ਨਵੇਂ ਤੁਗਲਕੀ ਫੁਰਮਾਨਾਂ ਉੱਤੇ ਚਰਚਾ ਕੀਤੀ। ਪ੍ਰਧਾਨ ਪੀਟਰ ਬੇਦੀ ਦਾ ਕਹਿਣਾ ਸੀ, ਕਿ ਕਾਰ ਬਾਜ਼ਾਰ ਦਾ ਕੰਮ ਪਹਿਲਾਂ ਹੀ ਮੰਦੀ ਦੇ ਦੌਰ 'ਚੋਂ ਗੁਜ਼ਰ ਰਿਹਾ ਹੈ। ਉੱਪਰੋਂ ਟਰਾਂਸਪੋਰਟ ਮਹਿਕਮਾ ਆਏ ਦਿਨ ਕੋਈ ਨਾ ਕੋਈ ਤਬਦੀਲੀ ਕਰਦਾ ਰਹਿੰਦਾ ਹੈ, ਜਿਸ ਕਾਰਨ ਉਹਨਾਂ ਦੇ ਕੰਮ ਨੂੰ ਭਾਰੀ ਨੁਕਸਾਨ ਹੋ ਰਿਹਾ ਹੈ। ਉਹਨਾਂ ਅੱਗੇ ਕਿਹਾ ਕਿ ਪਹਿਲਾਂ ਆਰ ਸੀ ਪ੍ਰਿੰਟਿੰਗ ਦਾ ਕੰਮ ਦਸੰਬਰ ਮਹੀਨੇ ਤੋਂ ਤਕਰੀਬਨ ਬੰਦ ਹੈ। ਜਿਸ ਕਰਕੇ ਉਹਨਾਂ ਨੂੰ ਆਪਣੇ ਗਾਹਕਾਂ ਨੂੰ ਜਵਾਬ ਦੇਣਾ ਬਹੁਤ ਮੁਸ਼ਕਿਲ ਹੋ ਗਿਆ ਹੈ। ਹੁਣ ਸਰਕਾਰ ਨੇ ਨੰਬਰ ਅਪਡੇਟ ਦੇ ਕੰਮ ਨੂੰ ਬਹੁਤ ਮੁਸ਼ਕਿਲ ਕਰ ਦਿੱਤਾ ਹੈ। ਪ੍ਰਧਾਨ ਬੇਦੀ ਦਾ ਕਹਿਣਾ ਸੀ ਕਿ ਕਾਰ ਵੇਚਣ ਵਾਲਾ ਗਾਹਕ ਨੰਬਰ ਅਪਡੇਟ ਕਰਾਉਣ ਲਈ ਕਦੇ ਵੀ ਸੁਵਿਧਾ ਸੈਂਟਰ ਨਹੀਂ ਜਾਵੇਗਾ। ਜਿਸ ਕਾਰਨ ਕਾਰ ਬਾਜ਼ਾਰ ਦਾ ਕੰਮ ਬੰਦ ਹੋਣ ਦੀ ਕਗਾਰ 'ਤੇ ਆ ਜਾਵੇਗਾ। ਉਹਨਾਂ ਅੱਗੇ ਕਿਹਾ ਜ਼ਰੂਰਤ ਪੈਣ 'ਤੇ ਐਮ.ਪੀ ਅਰੋੜਾ ਨੂੰ ਐਸੋਸੀਏਸ਼ਨ ਵੱਲੋਂ ਮੰਗ ਪੱਤਰ ਦਿੱਤਾ ਜਾਵੇਗਾ। ਪ੍ਰਧਾਨ ਬੇਦੀ ਨੇ ਟਰਾਂਸਪੋਰਟ ਮੰਤਰੀ ਲਾਲਜੀਤ ਭੁੱਲਰ ਨੂੰ ਅਪੀਲ ਕੀਤੀ ਕਿ ਜਿਸ ਤਰ੍ਹਾਂ ਪਹਿਲਾਂ ਅਵੇਦਕ ਆਪਣਾ ਨੰਬਰ ਖੁਦ ਹੀ ਅੱਪਡੇਟ ਕਰ ਲੈਂਦਾ ਸੀ, ਉਸੇ ਤਰ੍ਹਾਂ ਇਸ ਨੂੰ ਦੁਬਾਰਾ ਸ਼ੁਰੂ ਕੀਤਾ ਜਾਏ ਅਤੇ ਆਰਸੀਆਂ ਦੀ ਪ੍ਰਿੰਟਿੰਗ ਦੇ ਕੰਮ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਿਆ ਜਾਵੇ। ਇਸ ਮੌਕੇ ਐਸੋਸੀਏਸ਼ਨ ਦੇ ਮੈਂਬਰ ਸਰਬਜੀਤ ਸਿੰਘ, ਤਰਲੋਚਨ ਸਿੰਘ ਸਹਿਗਲ, ਰਜੀਵ ਸ਼ਰਮਾ, ਸੁਮੇਧ ਸ਼ਰਮਾ, ਗੌਤਮ ਗਰੋਵਰ, ਅਮਿਤ ਸ਼ਰਮਾ, ਰੋਹਿਤ ਸ਼ਰਮਾ, ਰਕੇਸ਼ ਸ਼ਰਮਾ, ਬੱਬੀ ਸਹਿਗਲ, ਕੁਨਾਲ ਵਿੱਜ, ਰੋਹਨ ਮੱਕੜ, ਪ੍ਰਿੰਸ, ਰੁਬਲ ਬਿੰਦਰਾ, ਕਮਲ ਸੂਦ, ਮਨੋਜ ਮੱਕੜ ਅਤੇ ਨਿਖਲ ਵਰਮਾ ਸ਼ਾਮਿਲ ਸਨ। ਇੱਥੇ ਇਹ ਜ਼ਿਕਰਯੋਗ ਹੈ ਕਿ ਬਹੁਤ ਸਾਰੀ ਜਨਤਾ ਆਰ.ਸੀ ਨਾ ਮਿਲਨ ਕਰਕੇ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰ ਰਹੀ ਹੈ।

## ਲਾਇਨਜ਼ ਕਲੱਬ ਵਿਖੇ ਇਕੱਠੇ ਹੋਏ ਲੋਕਾਂ ਨੇ ਕਿਹਾ ਪੰਜਾਬ ਦਾ ਵਿਕਾਸ ਕਾਂਗਰਸ ਤੋਂ ਬਿਨਾਂ ਸੰਭਵ ਨਹੀਂ




ਲੁਧਿਆਣਾ, 12 ਜੂਨ (ਰਵਿੰਦਰ ਸਿੰਘ ਨਿੱਝਰ) : ਸਥਾਨਕ ਲਾਇਨਜ਼ ਕਲੱਬ ਵਿਖੇ ਹੋਈ ਇੱਕ ਮੀਟਿੰਗ ਦੌਰਾਨ ਸੀਏ ਪਰਿਵਾਰ ਸਮੇਤ ਅਨੇਕਾਂ ਪਰਿਵਾਰਾਂ ਨੇ ਕਾਂਗਰਸ ਉਮੀਦਵਾਰ ਭਾਰਤ ਭੂਸ਼ਣ ਆਸ਼ੂ ਨੂੰ ਸਮਰਥਨ ਦਿੱਤਾ। ਭਾਰਤ ਭੂਸ਼ਣ ਆਸ਼ੂ ਦੇ ਵਿਧਾਇਕ ਅਤੇ ਮੰਤਰੀ ਦੇ ਕਾਰਜਕਾਲ ਦੌਰਾਨ ਹੋਏ ਵਿਕਾਸ ਤੋਂ ਪ੍ਰਭਾਵਿਤ ਹੋ ਕੇ ਸੀਏ ਪਰਿਵਾਰ ਨਾਲ ਸਬੰਧਤ ਦਿਨੇਸ਼ ਸ਼ਰਮਾ ਅਤੇ ਸਮੀਰ ਗੁਪਤਾ ਨੇ ਉਪ ਚੋਣ ਵਿੱਚ ਕਾਂਗਰਸ ਦਾ ਸਮਰਥਨ ਕਰਨ ਦਾ ਐਲਾਨ ਕੀਤਾ। ਭਾਰਤ ਭੂਸ਼ਣ ਆਸ਼ੂ ਨੇ ਸੀਏ ਪਰਿਵਾਰ ਦੇ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਵਿਧਾਨ ਸਭਾ ਪੱਛਮੀ ਦਾ ਵਿਕਾਸ ਹੀ ਉਨ੍ਹਾਂ ਦੇ ਜੀਵਨ ਦਾ ਉਦੇਸ਼ ਹੈ। ਕੌਂਸਲ ਦੇ ਅਹੁਦੇ ਤੋਂ ਲੈ ਕੇ ਮੰਤਰੀ ਤੱਕ ਦੇ ਕਾਰਜਕਾਲ ਦੌਰਾਨ ਉਨ੍ਹਾਂ ਨੇ ਹਰ ਰਾਜਨੀਤੀ ਤੋਂ ਉੱਪਰ ਉੱਠ ਕੇ ਲੋਕਾਂ ਦੀ ਸੇਵਾ ਕਰਨ ਨੂੰ ਤਰਜੀਹ ਦਿੱਤੀ ਹੈ। ਚੋਣਾਂ ਵਿੱਚ ਮਿਲ ਰਿਹਾ ਭਾਰੀ ਸਮਰਥਨ ਇਸਦਾ ਗਵਾਹ ਹੈ। ਸੀ.ਏ ਦਿਨੇਸ਼ ਸ਼ਰਮਾ ਅਤੇ ਸੀਏ ਸਮੀਰ ਗੁਪਤਾ ਵੱਲੋਂ ਆਸ਼ੂ ਦੇ ਹੱਕ ਵਿੱਚ ਵੋਟ ਪਾਉਣ ਦੀ ਅਪੀਲ 'ਤੇ ਸੀਏ ਪਰਿਵਾਰ ਨੇ ਆਪਣੇ ਹੱਥ ਖੜ੍ਹੇ ਕੀਤੇ ਅਤੇ ਕਾਂਗਰਸ ਉਮੀਦਵਾਰ ਭਾਰਤ ਭੂਸ਼ਣ ਆਸ਼ੂ ਨੂੰ ਇੱਕ ਸੁਰ ਵਿੱਚ ਭਰੋਸਾ ਦਿੱਤਾ ਕਿ ਉਹ ਆਪਣੇ ਪਰਿਵਾਰਾਂ ਸਮੇਤ ਆਸ਼ੂ ਦੇ ਹੱਕ ਵਿੱਚ ਵੋਟ ਪਾਉਣਗੇ। ਕਾਂਗਰਸ ਸਰਕਾਰ ਦੌਰਾਨ ਹੋਏ ਵਿਕਾਸ ਅਤੇ ਸ਼ੁਰੂ ਹੋਏ ਪ੍ਰੋਜੈਕਟਾਂ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਆਸ਼ੂ ਖੁਦ ਹੀ ਆਪਣੇ ਆਪ ਵਿੱਚ ਵਿਕਾਸ ਦੀ ਗਾਰੰਟੀ ਹੈ। ਸੀਏ ਪਰਿਵਾਰ ਦੇ ਆਗੂਆ ਦਿਨੇਸ਼ ਸ਼ਰਮਾ, ਜਸਮਿੰਦਰ ਸਿੰਘ, ਸਮੀਰ ਗੁਪਤਾ, ਰਾਜੀਵ ਸ਼ਰਮਾ, ਮੋਹਿਤ ਵਾਸਨ, ਵਿਕਾਸ ਗੋਇਲ, ਰਾਕੇਸ਼ ਗਰੋਵਰ, ਮੋਹਿਤ ਗੁਪਤਾ, ਸੁਰੇਸ਼ ਗੋਇਲ, ਸੰਜੀਵ ਭੰਡਾਰੀ, ਸੁਮੇਸ਼ ਵੋਹਰਾ, ਪਵਨ ਕਟਾਰੀਆ, ਦੀਪਕ ਜੈਨ, ਕੇਸ਼ਵ ਗੁਪਤਾ, ਰਜਨੀਸ਼ ਗੁਪਤਾ, ਸੰਦੀਪ ਗੁਪਤਾ, ਰਾਜੇਸ਼ ਮਹਾਜਨ, ਰਾਜੇਸ਼ ਗਰਗ, ਅਵਨੀਤ ਸਿੰਘ, ਆਰ ਡੀ ਖੰਨਾ, ਅਮਿਤਜੀਤ ਕੱਕੜ, ਸੁਸ਼ੀਲ ਭੰਗੂ ਨੇ ਕਿਹਾ ਕਿ ਪੰਜਾਬ ਦਾ ਵਿਕਾਸ ਕਾਂਗਰਸ ਤੋਂ ਬਿਨਾਂ ਸੰਭਵ ਨਹੀਂ ਹੈ।

## ਲੁਧਿਆਣੇ ਦੇ ਸਨਅਤਕਾਰ ਆਸ਼ੂ ਦੇ ਨਾਲ : ਭੁਪਿੰਦਰ ਕ੍ਰਿਸਟਲ



ਲੁਧਿਆਣਾ, 12 ਜੂਨ (ਰਵਿੰਦਰ ਸਿੰਘ ਨਿੱਝਰ) : ਉੱਘੇ ਸਨਅਤਕਾਰ ਤੇ ਸੀਨੀਅਰ ਕਾਂਗਰਸੀ ਨੇਤਾ ਭੁਪਿੰਦਰ ਸਿੰਘ ਕ੍ਰਿਸਟਲ ਨੇ ਆਖਿਆ, ਕਿ ਲੁਧਿਆਣੇ ਦੇ ਸਾਰੇ ਸਨਅਤਕਾਰ ਕਾਂਗਰਸ ਦੀ ਪਿੱਠ 'ਤੇ ਖੜ੍ਹੇ ਹਨ ਅਤੇ ਉਹ 19 ਜੂਨ ਨੂੰ ਹੋਣ ਵਾਲੀਆਂ ਲੁਧਿਆਣਾ ਪੱਛਮੀ ਵਿਧਾਨ ਸਭਾ ਹਲਕੇ ਦੀਆਂ ਚੋਣਾਂ ਵਿੱਚ ਆਸ਼ੂ ਨੂੰ ਭਾਰੀ ਗਿਣਤੀ ਨਾਲ ਵੋਟਾਂ ਪਾ ਕੇ ਜਿਤਾਉਣਗੇ। ਕ੍ਰਿਸਟਲ ਨੇ ਆਖਿਆ ਕਿ ਅਕਾਲੀ ਭਾਜਪਾ ਅਤੇ ਆਮ ਆਦਮੀ ਪਾਰਟੀ ਦੀ ਜਾਂ ਸਰਕਾਰਾਂ ਨੇ ਕਦੇ ਵੀ ਸਨਅਤਕਾਰਾਂ ਦੀ ਬਾਂਹ ਨਹੀਂ ਫੜੀ ਅਤੇ ਹਮੇਸ਼ਾ ਉਹਨਾਂ ਨੂੰ ਪ੍ਰੇਸ਼ਾਨ ਕਰੀ ਰੱਖਿਆ ਹੈ। ਇਸੇ ਕਰਕੇ ਇਹਨਾਂ ਪਾਰਟੀਆਂ ਤੋਂ ਅੱਕੇ ਹੋਏ ਸਨਅਤਕਾਰ ਹੁਣ ਆਸ਼ੂ ਦੀ ਮੱਦਦ ਕਰਨ ਬਾਰੇ ਮਨ ਬਣਾਈ ਬੈਠੇ ਹਨ। ਇਸ ਦਾ ਪ੍ਰਗਟਾਵਾ ਉਹ ਵੋਟਾਂ ਵਾਲੇ ਦਿਨ ਕਰਨਗੇ। ਉਨ੍ਹਾਂ ਕਿਹਾ ਕਿ ਆਪ, ਅਕਾਲੀ ਅਤੇ ਭਾਜਪਾ ਕਦੇ ਵੀ ਸਨਅਤਕਾਰਾਂ ਦੇ ਹਮਾਇਤੀ ਨਹੀਂ ਰਹੇ ਜਿਸ ਕਰਕੇ ਸਨਅਤਕਾਰਾਂ ਦੀ ਸੁਰੱਖਿਆ ਨੂੰ ਡੁੱਬਣ ਵਿੱਚ ਇਹਨਾਂ ਪਾਰਟੀਆਂ ਦਾ ਹੀ ਹੱਥ ਆਖਿਆ ਜਾ ਸਕਦਾ ਹੈ।

## ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ : ਬੈਨੀਪਾਲ



ਲੁਧਿਆਣਾ, 12 ਜੂਨ (ਕਰਨੈਲ ਸਿੰਘ ਐੱਮ.ਏ.) : ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਅਰਬਨ ਅਸਟੇਟ, ਫੇਸ-1, ਦੁੱਗਰੀ ਵਿੱਚ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਅਤੇ ਭਾਵਨਾ ਨਾਲ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਨਿੱਘੇ ਸਹਿਯੋਗ ਸਦਕਾ ਬੜੀ ਸ਼ਰਧਾ ਪੂਰਵਕ ਕਰਵਾਏ ਗਏ। ਜਿਨ੍ਹਾਂ ਵਿੱਚ ਸਵੇਰੇ ਅੰਮ੍ਰਿਤ ਵੇਲੇ ਤੋਂ ਗੁਰਬਾਣੀ ਦਾ ਪ੍ਰਵਾਹ ਆਰੰਭ ਹੋਇਆ। ਰੋਜ਼ਾਨਾ ਦੀ ਤਰ੍ਹਾਂ ਪਹਿਲਾਂ ਨਿੱਤਨੇਮ ਅਤੇ ਸੁਖਮਨੀ ਸਾਹਿਬ ਜੀ ਦੇ ਪਾਠ ਸੰਗਤੀ ਰੂਪ ਵਿੱਚ ਕਰਵਾਏ ਗਏ। ਗੁਰੂ ਘਰ ਦੇ ਹਜ਼ੂਰੀ ਰਾਗੀ ਭਾਈ ਜਸਵੰਤ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਿਆ। ਗਿਆਨੀ ਹਰਪ੍ਰੀਤ ਸਿੰਘ ਲੁਧਿਆਣੇ ਵਾਲਿਆਂ ਨੇ ਸੰਗਤਾਂ ਨਾਲ ਗੁਰਬਾਣੀ ਅਤੇ ਇਤਿਹਾਸਕ ਵਿਚਾਰਾਂ ਦੀ ਸਾਂਝ ਪਾਈ। ਗੁਰਦੁਆਰਾ ਸਾਹਿਬ ਦੀ ਇਸਤ੍ਰੀ ਸਤਿਸੰਗ ਸਭਾ ਦੀਆਂ ਬੀਬੀਆਂ ਵੱਲੋਂ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ 'ਤੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਤਾਬਿਆ ਦੀ ਸੇਵਾ ਗਿਆਨੀ ਦਵਿੰਦਰ ਸਿੰਘ ਮੀਤ ਗ੍ਰੰਥੀ ਗੁਰਦੁਆਰਾ ਸਾਹਿਬ ਨੇ ਕੀਤੀ। ਬਾਅਦ ਵਿੱਚ ਭਾਈ ਹਰਵਿੰਦਰਪਾਲ ਸਿੰਘ (ਲਿਟਲ ਵੀਰਜੀ) ਅੰਮ੍ਰਿਤਸਰ ਸਾਹਿਬ ਵਾਲਿਆਂ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਿਆ। ਭਾਰੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰ ਕੇ ਆਪਣਾ ਜੀਵਨ ਸਫਲਾ ਕੀਤਾ। ਮਾਤਾ ਵਿਧਨਪਰੀਤ ਕੌਰ ਜੀ ਅਤੇ ਮਨਿੰਦਰ ਸਿੰਘ ਆਹੂਜਾ ਜੀ ਨੇ ਵੀ ਸੰਗਤਾਂ 'ਤੇ ਹਾਜ਼ਰੀ ਲਵਾਈ। ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਪਰਮਿੰਦਰ ਸਿੰਘ ਅਤੇ ਤਰਲੋਕ ਸਿੰਘ ਸੱਚਦੇਵਾ ਨੇ ਕੀਰਤਨੀ ਜੱਥੇ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਨਾਲ ਸਨਮਾਨਿਤ ਕੀਤਾ। ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ ਨੇ ਆਈਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਗਤਾਂ ਸ੍ਰੀ ਸਿਰ ਗੁਰੂ ਘਰ ਆ ਕੇ ਕਥਾ ਅਤੇ ਕੀਰਤਨ ਦਾ ਆਨੰਦ ਮਾਣਿਆ ਕਰਨ ਅਤੇ ਆਪਣਾ ਜੀਵਨ ਸਫਲਾ ਕਰਨ। ਅਰਦਾਸ, ਹੁਕਮਨਾਮੇ ਤੋਂ ਬਾਅਦ ਗੁਰੂ ਕਾ ਲੰਗਰ ਅਟੁੱਟ ਵਰਤਾਏ ਗਏ।

## ਜ਼ਿਲ੍ਹਾ ਚੋਣ ਅਫ਼ਸਰ ਹਿਮਾਂਸ਼ੂ ਜੈਨ ਨੇ ਏਕੀਕ੍ਰਿਤ ਚੋਣ ਕੰਟਰੋਲ ਕੇਂਦਰ ਅਤੇ ਸ਼ਿਕਾਇਤ ਸੈੱਲ ਦਾ ਨਿਰੀਖਣ ਕੀਤਾ



ਲੁਧਿਆਣਾ, 12 ਜੂਨ (ਵਿਸ਼ਾਲ ਸ਼ਰਮਾ) : ਜ਼ਿਲ੍ਹਾ ਚੋਣ ਅਫਸਰ ਹਿਮਾਂਸ਼ੂ ਜੈਨ ਨੇ ਵੀਰਵਾਰ ਨੂੰ ਏਕੀਕ੍ਰਿਤ ਚੋਣ ਕੰਟਰੋਲ ਕੇਂਦਰ ਦਾ ਨਿਰੀਖਣ ਕੀਤਾ, ਤਾਂ ਜੋ 19 ਜੂਨ ਨੂੰ ਲੁਧਿਆਣਾ ਪੱਛਮੀ ਜ਼ਿਮਨੀ ਚੋਣ ਲਈ ਵੋਟਿੰਗ ਹੋਣ 'ਤੇ ਸਾਰੇ ਪੋਲਿੰਗ ਬੂਥਾਂ 'ਤੇ ਪੋਲਿੰਗ ਅਭਿਆਸ ਦੀ ਬਾਰੀਕੀ ਨਾਲ ਨਿਗਰਾਨੀ ਕੀਤੀ ਜਾ ਸਕੇ। ਹਰੇਕ ਪੋਲਿੰਗ ਬੂਥ ਤੋਂ ਵੈੱਬਕਾਸਟਿੰਗ, ਸੀ-ਵਿਜਿਲ 'ਤੇ ਸ਼ਿਕਾਇਤਾਂ ਆਨਲਾਈਨ ਅਤੇ ਟੈਲੀਫੋਨ ਸ਼ਿਕਾਇਤਾਂ, ਈ.ਵੀ.ਐਮ,ਪੋਲਿੰਗ ਪਾਰਟੀਆਂ ਨੂੰ ਲੈ ਕੇ ਜਾਣ ਵਾਲੇ ਵਾਹਨਾਂ ਦੀ ਜੀ.ਪੀ.ਐਸ ਨਿਗਰਾਨੀ, ਹੈਲਪਲਾਈਨ 1950,ਪੁਲਿਸ ਅਤੇ ਸੀ.ਪੀ.ਐਫ ਦੁਆਰਾ ਵਿਸ਼ੇਸ਼ ਨਾਕੇ,ਐਫ.ਐਸ.ਟੀ ਅਤੇ ਐਸ.ਐਸ.ਟੀ ਦੁਆਰਾ ਨਿਰੰਤਰ ਨਿਗਰਾਨੀ ਚੋਣ ਕੰਟਰੋਲ ਕੇਂਦਰ 'ਤੇ ਕੀਤੀ ਜਾਵੇਗੀ। ਸ਼ਿਕਾਇਤ ਜਾਂ ਕਿਸੇ ਹੋਰ ਮੁੱਦੇ ਦੀ ਸੂਰਤ ਵਿੱਚ ਤੁਰੰਤ ਜਵਾਬ ਦੇਣ ਵਾਲੀਆਂ ਟੀਮਾਂ ਭੇਜੀਆਂ ਜਾਣਗੀਆਂ। ਜ਼ਿਲ੍ਹਾ ਚੋਣ ਅਫਸਰ ਨੇ ਕਿਹਾ ਕਿ ਪੋਲਿੰਗ ਸਟੇਸ਼ਨਾਂ 'ਤੇ ਲਾਈਵ ਸਟਰੀਮਿੰਗ ਹੋਵੇਗੀ, ਜਿਸ ਰਾਹੀਂ ਪ੍ਰਸ਼ਾਸਨ ਕਤਾਰਾਂ ਵਿੱਚ ਖੜ੍ਹੇ ਵੋਟਰਾਂ ਦੀ ਗਿਣਤੀ ਅਸਲ ਸਮੇਂ ਵਿੱਚ ਪੋਲਿੰਗ ਪ੍ਰਕਿਰਿਆ ਅਤੇ ਕੰਟਰੋਲ ਰੂਮਾਂ ਰਾਹੀਂ ਪੂਰੀ ਪੋਲਿੰਗ ਪ੍ਰਕਿਰਿਆ ਦੀ ਨਿਗਰਾਨੀ ਕਰੇਗਾ। ਉਨ੍ਹਾਂ ਕਿਹਾ ਕਿ ਸਾਰੇ ਪੋਲਿੰਗ ਸਟੇਸ਼ਨਾਂ ਤੋਂ ਵਿਜ਼ੂਅਲ ਦੇ ਨਿਰੰਤਰ ਪ੍ਰਸਾਰਣ ਨੂੰ ਯਕੀਨੀ ਬਣਾਉਣ ਲਈ ਹਾਈ-ਰੈਜ਼ੋਲਿਊਸ਼ਨ ਵੈਬਕੈਮ ਹਾਈ-ਸਪੀਡ ਇੰਟਰਨੈੱਟ ਨਾਲ ਜੁੜੇ ਹੋਣਗੇ। ਜ਼ਿਲ੍ਹਾ ਚੋਣ ਅਫਸਰ ਨੇ ਸੀ-ਵਿਜੀਲ ਅਤੇ ਸ਼ਿਕਾਇਤ ਅਤੇ ਨਿਗਰਾਨੀ ਸੈੱਲਾਂ ਦਾ ਵੀ ਦੌਰਾ ਕੀਤਾ ਅਤੇ ਹੁਣ ਤੱਕ ਪ੍ਰਾਪਤ ਹੋਈਆਂ ਸ਼ਿਕਾਇਤਾਂ ਦਾ ਜਾਇਜ਼ਾ ਲਿਆ। ਉਨ੍ਹਾਂ ਸਬੰਧਤ ਸਟਾਫ ਤੋਂ ਸੈੱਲਾਂ ਦੇ ਕੰਮਕਾਜ ਬਾਰੇ ਵੀ ਪੁੱਛਗਿੱਛ ਕੀਤੀ। ਹਿਮਾਂਸ਼ੂ ਜੈਨ ਨੇ ਪਾਰਦਰਸ਼ੀ ਜ਼ਿਮਨੀ ਚੋਣ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ ਅਤੇ ਕਿਹਾ ਕਿ ਪ੍ਰਸ਼ਾਸਨ ਲੋਕਤੰਤਰ ਦੇ ਤਿਉਹਾਰ ਦੇ ਸਫਲ ਆਯੋਜਨ ਲਈ ਕੋਈ ਕਸਰ ਬਾਕੀ ਨਹੀਂ ਛੱਡੇਗਾ।

## ਅਹਿਮਦਾਬਾਦ ਵਿਖੇ ਹੋਏ ਹਵਾਈ ਹਾਦਸੇ ਦੀ ਜ਼ਿੰਮੇਵਾਰੀ ਲੈਂਦਿਆਂ ਹਵਾਬਾਜ਼ੀ ਮੰਤਰੀ ਅਸਤੀਫ਼ਾ ਦੇਵੇ : ਸੀ.ਪੀ.ਆਈ.

ਲੁਧਿਆਣਾ, 12 ਜੂਨ (ਰਵਿੰਦਰ ਸਿੰਘ ਨਿੱਝਰ) : ਭਾਰਤੀ ਕਮਿਊਨਿਸਟ ਪਾਰਟੀ(ਸੀਪੀਆਈ) ਜ਼ਿਲ੍ਹਾ ਲੁਧਿਆਣਾ ਵੱਲੋਂ ਅਹਿਮਦਾਬਾਦ ਤੋ ਉਡਾਨ ਭਰਨ ਤੋਂ ਬਾਅਦ ਹੋਏ ਹਵਾਈ ਹਾਦਸੇ ਜਿਸ ਵਿੱਚ ਅਨੇਕਾਂ ਦੇਸਾਂ ਦੇ ਵੱਡੀ ਗਿਣਤੀ ਵਿੱਚ ਲੋਕ ਸਵਾਰ ਸਨ ਅਤੇ ਜਿਸ ਬਿਲਡਿੰਗ ਦੇ ਉੱਤੇ ਇਹ ਜਹਾਜ ਡਿੱਗਿਆ ਹੈ ਉਹ ਮੈਡੀਕਲ ਦੇ ਵਿਦਿਆਰਥੀਆਂ ਦਾ ਹੋਸਟਲ ਦੱਸਿਆ ਜਾਂਦਾ ਹੈ ਅਤੇ ਉਸ ਵੇਲੇ ਵਿਦਿਆਰਥੀ ਖਾਣਾ ਖਾ ਰਹੇ ਸਨ, ਤੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ । ਆਗੂਆਂ ਨੇ ਕਿਹਾ ਕਿ ਉਹ ਇਸ ਦੁੱਖ ਦੀ ਘੜੀ ਵਿੱਚ ਪੀੜਤ ਪਰਿਵਾਰਾਂ ਦੇ ਨਾਲ ਹਨ। ਜ਼ਿਲ੍ਹਾ ਸਹਾਇਕ ਸਕੱਤਰ ਡਾਕਟਰ ਅਰੁਣ ਮਿਤਰਾ, ਚਮਕੌਰ ਸਿੰਘ ਅਤੇ ਸ਼ਹਿਰੀ ਸਕੱਤਰ ਐਮ ਐਸ ਭਾਟੀਆ ਨੇ ਮੰਗ ਕੀਤੀ ਹੈ, ਕਿ ਇਸ ਮੰਦਭਾਗੇ ਹਾਦਸੇ ਦੀ ਉੱਚ ਪੱਧਰੀ ਜਾਂਚ ਹੋਣੀ ਚਾਹੀਦੀ ਹੈ। ਹਵਾਬਾਜੀ ਮੰਤਰੀ ਨੂੰ ਇਸ ਦੀ ਜ਼ਿੰਮੇਵਾਰੀ ਲੈਂਦੇ ਹੋਏ ਇਖਲਾਕੀ ਤੌਰ 'ਤੇ ਅਸਤੀਫਾ ਦੇਣਾ ਚਾਹੀਦਾ ਹੈ।

## ਪੋਲਿੰਗ ਸਟਾਫ਼ ਦੀ ਦੂਜੀ ਸਿਖਲਾਈ ਕਰਵਾਈ ਪੀ.ਆਰ.ਓ ਅਤੇ ਏ.ਪੀ.ਆਰ.ਓ. ਨੇ ਸਿਖਲਾਈ ਦਿੱਤੀ



ਲੁਧਿਆਣਾ, 12 ਜੂਨ (ਵਿਸ਼ਾਲ ਸ਼ਰਮਾ) : ਪ੍ਰੀਜ਼ਾਈਡਿੰਗ ਅਫਸਰਾਂ (ਪੀ.ਆਰ.ਓ), ਸਹਾਇਕ ਪ੍ਰੀਜ਼ਾਈਡਿੰਗ ਅਫਸਰਾਂ (ਏ.ਪੀ.ਆਰ.ਓ) ਅਤੇ ਪੋਲਿੰਗ ਅਫਸਰ (ਪੀ.ਓ) ਲਈ ਦੂਜਾ ਸਿਖਲਾਈ ਸੈਸ਼ਨ ਵੀਰਵਾਰ ਨੂੰ ਸਿਵਲ ਲਾਈਨਜ਼ ਦੇ ਖਾਲਸਾ ਕਾਲਜ (ਲੜਕੀਆਂ) ਵਿੱਚ ਆਯੋਜਿਤ ਕੀਤਾ ਗਿਆ। ਜਨਰਲ ਆਬਜ਼ਰਵਰ ਰਾਜੀਵ ਕੁਮਾਰ ਆਈ.ਏ.ਐਸ ਇਸ ਮੌਕੇ 'ਤੇ ਮੌਜੂਦ ਸਨ ਅਤੇ ਉਨ੍ਹਾਂ ਨੇ ਭਾਗੀਦਾਰਾਂ ਨੂੰ ਸੰਬੋਧਨ ਵੀ ਕੀਤਾ। ਸਿਖਲਾਈ ਪ੍ਰੋਗਰਾਮ ਵਿੱਚ ਭਾਰਤ ਦੇ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਈ.ਵੀ.ਐਮ ਦੀ ਵਰਤੋਂ ਬਾਰੇ ਉਨ੍ਹਾਂ ਦੀ ਭੂਮਿਕਾ, ਕਰਤੱਵਾਂ ਨਾਲ ਸਬੰਧਤ ਸਿਖਲਾਈ ਦਿੱਤੀ ਗਈ। ਉਨ੍ਹਾਂ ਨੂੰ ਨਿਰਧਾਰਤ ਫਾਰਮਾਂ ਰਾਹੀਂ ਸਹੀ ਅਤੇ ਢੁਕਵੀਂ ਰਿਪੋਰਟਿੰਗ ਬਾਰੇ ਵੀ ਮਾਰਗਦਰਸ਼ਨ ਕੀਤਾ ਗਿਆ। ਈ.ਵੀ.ਐਮ 'ਤੇ ਮੌਕ ਡਰਿੱਲ ਦੌਰਾਨ ਵਿਅਕਤੀਗਤ ਅਧਿਕਾਰੀਆਂ ਨੇ ਡਮੀ ਉਮੀਦਵਾਰਾਂ ਲਈ ਈ.ਵੀ.ਐਮ ਵਿੱਚ ਬੇਤਰਤੀਬ ਆਧਾਰ 'ਤੇ ਵੋਟਾਂ ਪਾਈਆਂ। ਮੌਕ ਵੋਟਿੰਗ ਪੂਰੀ ਹੋਣ ਤੋਂ ਬਾਅਦ ਪ੍ਰੀਜ਼ਾਈਡਿੰਗ ਅਫ਼ਸਰਾਂ ਨੇ ਨਿੱਜੀ ਤੌਰ 'ਤੇ ਪਾਈਆਂ ਗਈਆਂ ਵੋਟਾਂ ਦੇ ਦਸਤੀ ਰਿਕਾਰਡ ਨੂੰ ਕੰਟਰੋਲ ਯੂਨਿਟ ਦੇ ਇਲੈਕਟ੍ਰਾਨਿਕ ਨਤੀਜੇ ਨਾਲ ਜੋੜਿਆ ਅਤੇ ਇਸ ਤੋਂ ਬਾਅਦ ਕੰਟਰੋਲ ਯੂਨਿਟ ਤੋਂ ਇਲੈਕਟ੍ਰਾਨਿਕ ਨਤੀਜਾ ਸਬੰਧਤ ਵੀ.ਵੀ ਪੈਟ ਸਲਿੱਪਾਂ ਦੀ ਗਿਣਤੀ ਨਾਲ ਜੋੜਿਆ ਗਿਆ। ਪ੍ਰੀਜ਼ਾਈਡਿੰਗ, ਸਹਾਇਕ ਪ੍ਰੀਜ਼ਾਈਡਿੰਗ ਅਫ਼ਸਰਾਂ ਅਤੇ ਪੋਲਿੰਗ ਅਫ਼ਸਰਾਂ ਨੇ ਇਸ ਵਿਹਾਰਕ ਸਿਖਲਾਈ ਲਈ ਚੋਣ ਕਮਿਸ਼ਨ ਦਾ ਧੰਨਵਾਦ ਕੀਤਾ ਅਤੇ ਈ.ਵੀ.ਐਮ ਮਸ਼ੀਨਾਂ ਦੇ ਕੰਮਕਾਜ ਵਿੱਚ ਪੂਰਾ ਵਿਸ਼ਵਾਸ ਦਿਖਾਇਆ।

## ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਗੁਰਪੁਰਬ ਮਨਾਇਆ



ਲੁਧਿਆਣਾ, 12 ਜੂਨ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਸਤਿਸੰਗ ਸਭਾ ਹਾਉਸਿੰਗ ਬੋਰਡ ਕਲੋਨੀ ਭਾਈ ਰਣਧੀਰ ਸਿੰਘ ਨਗਰ ਲੁਧਿਆਣਾ ਵਿਖੇ ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਗੁਰਪੁਰਬ ਬੜੀ ਹੀ ਸ਼ਰਧਾ ਸਤਿਕਾਰ ਸਹਿਤ ਮਨਾਇਆ ਗਿਆ। ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਜੀ ਭੋਗ ਉਪਰੰਤ ਰਾਗੀ ਸਿੰਘ ਭਾਈ ਰਮੇਸ ਸਿੰਘ ਬੱਗਾ ਕਥਾ ਕਵਿਤਾ ਰਾਹੀਂ ਸਿੱਖ ਇਤਿਹਾਸ 'ਤੇ ਚਾਨਣਾ ਪਾਇਆ। ਇਸ ਸਮੇਂ ਗੁਰੂ ਕੇ ਲੰਗਰ 'ਚ ਮਿੱਸੇ ਪ੍ਰਸਾਦੇ , ਪਿਆਜ ਅਚਾਰ ਅਤੇ ਲੱਸੀ ਦੇ ਲੰਗਰ ਅਤੁੱਟ ਵਰਤੇ ਸੰਗਤਾਂ ਗੁਰੂ ਘਰ ਵੱਡੀ ਗਿਣਤੀ 'ਚ ਹਾਜਰੀ ਭਰੀ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਥੇਦਾਰ ਨਛੱਤਰ ਸਿੰਘ ਸਿੱਧੂ ਅਤੇ ਜਨਰਲ ਸਕੱਤਰ ਗੁਰਦੀਪ ਸਿੰਘ ਲੀਲ ਨੇ ਸੰਗਤਾਂ ਨੂੰ ਜੀ ਆਇਆਂ ਕਿਹਾ ਤੇ ਪ੍ਰਕਾਸ਼ ਗੁਰਪੁਰਬ ਦੀ ਵਧਾਈ ਦਿੱਤੀ। ਇਸ ਸਮੇਂ ਜਥੇਦਾਰ ਨਛੱਤਰ ਸਿੰਘ ਸਿੱਧੂ, ਗੁਰਦੀਪ ਸਿੰਘ ਲੀਲ , ਗੁਰਮੀਤ ਸਿੰਘ ਕੋਚਰ , ਡਾਕਟਰ ਮਹਿੰਦਰ ਸਿੰਘ, ਜਥੇਦਾਰ ਚਰਨ ਸਿੰਘ, ਮਾਸਟਰ ਬਲਰਾਜ ਸਿੰਘ, ਗੁਰਦੀਪ ਸਿੰਘ ਘੁਮਾਣ, ਜਗਦੀਪ ਸਿੰਘ ਭੱਠਲ , ਅਵਤਾਰ ਸਿੰਘ ਨਿਰਬਾਣ, ਕੁਲਵੰਤ ਸਿੰਘ ਕਨੇਡਾ, ਹਰਮਿੰਦਰ ਸਿੰਘ ਸੇਠੀ ,ਕਮਲਜੀਤ ਸਿੰਘ ਕੋਚਰ , ਡਾਕਟਰ ਗੁਰਦੀਪ ਸਿੰਘ ਧਵਨ,ਬੂਟਾ ਸਿੰਘ , ਕੁਲਦੀਪ ਸਿੰਘ ਖਾਲਸਾ, ਸਰਦੂਲ ਸਿੰਘ, ਜਗਦੀਸ ਸਿੰਘ ਬਿੱਟੂ , ਭਗਤ ਸਿੰਘ , ਜਥੇਦਾਰ ਜੋਰਾ ਸਿੰਘ , ਡਾਕਟਰ ਮੰਗਲ ਸਿੰਘ, ਸਤਿੰਦਰਪਾਲ ਸਿੰਘ ਪੱਪੂ , ਮਨਪ੍ਰੀਤ ਸਿੰਘ ਮੋਨੂੰ ਵੜੈਚ , ਸੰਦੀਪ ਸਿੰਘ , ਸੁਰਜੀਤ ਸਿੰਘ ਬਰਨਾਲਾ, ਰਾਮ ਸਰਨ ਸਿੰਘ , ਨਾਹਰ ਸਿੰਘ ,ਗੁਰਬਖਸ ਸਿੰਘ ਰਾਜਾ, ਦਵਿੰਦਰ ਸਿੰਘ, ਤਰਨਜੋਤ ਸਿੰਘ , ਰਜਿੰਦਰ ਸਿੰਘ, ਪਰਮਿੰਦਰ ਸਿੰਘ ਖਾਲਸਾ, ਜਸਵਿੰਦਰ ਸਿੰਘ ਖੱਟੜ ਤੋਂ ਇਲਾਵਾ ਸੰਗਤਾਂ ਨੇ ਵੱਡੀ ਗਿਣਤੀ ਗੁਰੂ ਘਰ ਹਾਜ਼ਰੀ ਭਰੀ।

## ਮੀਰੀ-ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਸਹਿਤ ਮਨਾਇਆ



ਲੁਧਿਆਣਾ, 12 ਜੂਨ (ਕਰਨੈਲ ਸਿੰਘ ਐੱਮ.ਏ.) : ਮੀਰੀ-ਪੀਰੀ ਦੇ ਮਾਲਕ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ ਦਾ ਆਯੋਜਨ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ, ਸਿਟੀ ਇਨਕਲੇਵ, ਦੁੱਗਰੀ, ਧਾਂਦਰਾ ਰੋਡ ਵਿਖੇ ਸੰਗਤਾਂ ਦੇ ਪੂਰਨ ਸਹਿਯੋਗ ਨਾਲ ਸ਼ਰਧਾ ਭਾਵਨਾ ਅਤੇ ਸਤਿਕਾਰ ਨਾਲ ਮਨਾਇਆ ਗਿਆ । ਜਿਸ ਵਿੱਚ ਸੰਗਤਾਂ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਈਆਂ। ਇਸ ਮੌਕੇ ਭਾਈ ਓਮਪ੍ਰੀਤ ਸਿੰਘ (ਲੁਧਿਆਣਾ ਵਾਲੇ) ਅਤੇ ਇਲਾਕਾ ਨਿਵਾਸੀਆਂ ਦੀਆਂ ਇਸਤਰੀ ਸਤਿਸੰਗ ਜੱਥੇ ਨੇ ਰਸਭਿੰਨਾਂ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਅਤੇ ਮੀਰੀ-ਪੀਰੀ ਦੇ ਮਾਲਕ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਜੀਵਨ ਸੰਬੰਧੀ ਚਾਨਣਾ ਪਾਉਂਦਿਆਂ ਹੋਇਆਂ ਕਿਹਾ ਕਿ ਗੁਰੂ ਸਾਹਿਬ ਨੇ ਸਿੱਖਾਂ ਨੂੰ ਮੀਰੀ ਅਤੇ ਪੀਰੀ ਦੋ ਕਿਰਪਾਨਾਂ ਦੇ ਧਾਰਨੀ ਬਣਾ ਕੇ ਬਹਾਦਰ ਤੇ ਨਿਡਰ ਕੌਮ ਦੀ ਸਿਰਜਣਾ ਕੀਤੀ । ਸਮੂਹ ਸਿੱਖਾਂ ਨੂੰ ਜ਼ੁਲਮ ਤੇ ਜਬਰ ਨਾਲ ਟੱਕਰ ਲੈਣ ਦੀ ਤਾਕਤ ਬਖਸ਼ਿਸ਼ ਕਰਕੇ ਸੱਚ, ਪਿਆਰ ਤੇ ਸਾਂਝੀਵਾਲਤਾ ਦੀ ਭਾਵਨਾ ਵਾਲਾ ਜੀਵਨ ਬਤੀਤ ਕਰਨ ਦੀ ਸੋਝੀ ਬਖਸ਼ੀ ।ਆਓ ਗੁਰੂ ਮਹਾਰਾਜ ਜੀ ਦੇ ਦਰਸਾਏ ਮਾਰਗ 'ਤੇ ਚੱਲਦੇ ਹੋਏ ਬਾਣੀ-ਬਾਣੇ ਦੇ ਧਾਰਨੀ ਹੋਈਏ ਤੇ ਜ਼ਬਰ ਜ਼ੁਲਮ ਦੇ ਖਿਲਾਫ਼ ਡਟ ਕੇ ਪਹਿਰਾ ਦੇਈਏ ।ਇਸ ਧਾਰਮਿਕ ਸਮਾਗਮ ਵਿੱਚ ਵਿਧਾਇਕ ਰਾਣਾ ਗੁਰਜੀਤ ਸਿੰਘ ਜੀ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ ਅਤੇ ਮੁੱਖ ਸੇਵਾਦਾਰ ਭਗਵਿੰਦਰਪਾਲ ਸਿੰਘ ਗੋਲਡੀ ਵੱਲੋਂ ਵਿਸ਼ੇਸ਼ ਤੌਰ 'ਤੇ ਉਹਨਾਂ ਨੂੰ ਸਨਮਾਨਿਤ ਕੀਤਾ ਗਿਆ। ਮੁਹੱਲਾ ਨਿਵਾਸੀਆਂ ਅਤੇ ਆਈਆਂ ਪ੍ਰਮੁੱਖ ਸ਼ਖਸੀਅਤਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

ਇਸ ਮੌਕੇ 'ਤੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਘਰ ਨਤਮਸਤਕ ਹੋਣ ਆਈਆਂ ਸੰਗਤਾਂ ਲਈ ਮਿੱਸੇ ਪ੍ਰਸ਼ਾਦਿਆਂ ਦਾ ਲੰਗਰ ਅਤੇ ਲੱਸੀ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਇਸ ਮੌਕੇ 'ਤੇ ਭਾਈ ਕਰਮਜੀਤ ਸਿੰਘ, ਬਲਬੀਰ ਸਿੰਘ ਮੱਲ, ਪਰਮਜੀਤ ਸਿੰਘ ਬੇਦੀ, ਮਹਿੰਦਰ ਸਿੰਘ, ਮਨਪ੍ਰੀਤ ਸਿੰਘ, ਦਲਜੀਤ ਸਿੰਘ, ਅਮਰਜੀਤ ਸਿੰਘ ਸੂਰੀ, ਸੰਦੀਪ ਆਹੂਜਾ ਆਦਿ ਸ਼ਾਮਲ ਸਨ।

## ਆਸ਼ੂ ਦਾ ਮਤਲਬ ਹੈ ਡਰ, ਧਮਕੀ ਅਤੇ ਹੰਕਾਰ, ਸੰਜੀਵ ਅਰੋੜਾ ਸੇਵਾ, ਨਿਮਰਤਾ ਅਤੇ ਵਿਸ਼ਵਾਸ ਦੇ ਪ੍ਰਤੀਕ




ਲੁਧਿਆਣਾ, 12 ਜੂਨ (ਵਿਸ਼ਾਲ ਸ਼ਰਮਾ) : ਲੁਧਿਆਣਾ ਆਮ ਆਦਮੀ ਪਾਰਟੀ (ਆਪ) ਨੇ ਕਾਂਗਰਸੀ ਆਗੂ ਭਾਰਤ ਭੂਸ਼ਣ ਆਸ਼ੂ 'ਤੇ ਤਿੱਖਾ ਹਮਲਾ ਕਰਦਿਆਂ ਲੁਧਿਆਣਾ ਪੱਛਮੀ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਉਨ੍ਹਾਂ ਦੇ ਹੰਕਾਰ ਨੂੰ ਰੱਦ ਕਰਨ ਅਤੇ 'ਆਪ' ਉਮੀਦਵਾਰ ਸੰਜੀਵ ਅਰੋੜਾ ਦੀ ਨਿਮਰਤਾ ਅਤੇ ਸੇਵਾ-ਅਧਾਰਤ ਪਹੁੰਚ ਨੂੰ ਅਪਨਾਉਣ। ਸੰਸਦ ਮੈਂਬਰ ਮਲਵਿੰਦਰ ਕੰਗ ਨੇ ਆਸ਼ੂ 'ਤੇ ਵਿਧਾਇਕ ਅਤੇ ਮੰਤਰੀ ਵਜੋਂ ਉਨ੍ਹਾਂ ਦੇ ਕਾਰਜਕਾਲ ਦੌਰਾਨ ਡਰ ਦਾ ਮਾਹੌਲ ਪੈਦਾ ਕਰਨ ਦਾ ਦੋਸ਼ ਲਗਾਇਆ। ਇਸ ਦੌਰਾਨ ਮਲਵਿੰਦਰ ਕੰਗ ਦੇ ਨਾਲ ਆਪ ਬੁਲਾਰਾ ਨੀਲ ਗਰਗ ਵੀ ਮੌਜੂਦ ਸਨ। ਕੰਗ ਨੇ ਕਿਹਾ ਕਿ ਆਸ਼ੂ ਦੇ ਵਿਵਹਾਰ ਨੇ ਉਨ੍ਹਾਂ ਨੂੰ ਹੰਕਾਰ ਅਤੇ ਸ਼ਕਤੀ ਦੀ ਦੁਰਵਰਤੋਂ ਦਾ ਪ੍ਰਤੀਕ ਬਣਾ ਦਿੱਤਾ ਹੈ। ਉਨ੍ਹਾਂ ਕਿਹਾ ਆਸ਼ੂ ਦੀ ਭਾਸ਼ਾ ਜਿਵੇਂ ਕਿ ਅਧਿਕਾਰੀਆਂ ਨੂੰ 'ਕੁਚਲਣ' ਦੀ ਧਮਕੀ ਅਤੇ ਸਕੂਲੀ ਬੱਚਿਆਂ ਅਤੇ ਅਧਿਆਪਕਾਂ ਦੇ ਸਾਹਮਣੇ ਇੱਕ ਮਹਿਲਾ ਜ਼ਿਲ੍ਹਾ ਸਿੱਖਿਆ ਅਧਿਕਾਰੀ ਦਾ ਜਨਤਕ ਅਪਮਾਨ ਕਾਰਨ ਲੁਧਿਆਣਾ ਦੇ ਲੋਕਾਂ ਵਿੱਚ ਉਨ੍ਹਾਂ ਦੇ ਸੱਤਾ ਵਿੱਚ ਵਾਪਸੀ ਦਾ ਖ਼ੌਫ਼ ਹੈ। ਆਸ਼ੂ ਦੇ ਰਿਕਾਰਡ ਦੀ ਤੁਲਨਾ ਸੰਜੀਵ ਅਰੋੜਾ ਨਾਲ ਕਰਦੇ ਹੋਏ ਕੰਗ ਨੇ ਕਿਹਾ ਇੱਕ ਪਾਸੇ ਤੁਹਾਡੇ ਕੋਲ ਇੱਕ ਅਜਿਹਾ ਵਿਅਕਤੀ ਹੈ, ਜਿਸਦੇ ਹੰਕਾਰ ਨੇ ਨਾ ਸਿਰਫ਼ ਜਨਤਾ ਨੂੰ ਸਗੋਂ ਉਸਦੀ ਆਪਣੀ ਪਾਰਟੀ ਦੇ ਵਰਕਰਾਂ ਨੂੰ ਵੀ ਦੂਰ ਕਰ ਦਿੱਤਾ ਹੈ, ਜਦੋਂ ਕਿ ਦੂਜੇ ਪਾਸੇ ਸੰਜੀਵ ਅਰੋੜਾ ਹੈ। ਜਿਨ੍ਹਾਂ ਦੀ ਨਿਮਰਤਾ ਸੇਵਾ ਕਰਨ ਦੀ ਸੱਚੀ ਇੱਛਾ ਨੂੰ ਦਰਸਾਉਂਦਾ ਹੈ। ਅਰੋੜਾ ਇੱਕ ਸਧਾਰਨ ਪਿਛੋਕੜ ਦੇ ਇੱਕ ਕਾਰੋਬਾਰੀ ਹਨ, ਜੋ ਲੁਧਿਆਣਾ ਦੀ ਬਿਹਤਰੀ ਲਈ ਕੰਮ ਕਰਨ ਲਈ ਰਾਜਨੀਤੀ ਵਿੱਚ ਆਏ ਹਨ। ਕੰਗ ਨੇ ਆਸ਼ੂ ਵਿਰੁੱਧ ਭ੍ਰਿਸ਼ਟਾਚਾਰ ਅਤੇ ਸੱਤਾ ਦੀ ਦੁਰਵਰਤੋਂ ਦੇ ਦੋਸ਼ਾਂ ਵੱਲ ਇਸ਼ਾਰਾ ਕਰਦੇ ਹੋਏ ਕਿਹਾ ਇਹ ਕੋਈ ਰਾਏ ਨਹੀਂ ਹੈ ਇਹ ਜਨਤਕ ਰਿਕਾਰਡ ਦਾ ਮਾਮਲਾ ਹੈ। ਮੀਡੀਆ ਨੇ ਆਸ਼ੂ ਵੱਲੋਂ ਪੁਲਿਸ ਅਧਿਕਾਰੀਆਂ ਸਰਕਾਰੀ ਅਧਿਕਾਰੀਆਂ ਅਤੇ ਇੱਥੋਂ ਤੱਕ ਕਿ ਕਾਂਗਰਸੀ ਵਰਕਰਾਂ ਨੂੰ ਧਮਕਾਉਣ ਦੀ ਵਿਆਪਕ ਤੌਰ 'ਤੇ ਰਿਪੋਰਟ ਕੀਤੀ ਹੈ। ਉਨ੍ਹਾਂ ਦਾ ਕਿਰਦਾਰ ਇੱਕ ਧੱਕੇਸ਼ਾਹੀ ਵਾਲਾ ਹੈ, ਜੋ ਲੁਧਿਆਣਾ ਪੱਛਮੀ ਦੇ ਲੋਕਾਂ ਦੀ ਨੁਮਾਇੰਦਗੀ ਕਰਨ ਦੇ ਯੋਗ ਨਹੀਂ ਹੈ। ਆਪ ਨੇਤਾ ਨੇ ਲੁਧਿਆਣਾ ਪੱਛਮੀ ਦੇ ਵੋਟਰਾਂ ਨੂੰ ਆਉਣ ਵਾਲੀਆਂ ਜ਼ਿਮਨੀ ਚੋਣਾਂ ਵਿੱਚ ਸਮਝਦਾਰੀ ਨਾਲ ਚੋਣ ਕਰਨ ਦੀ ਅਪੀਲ ਕਰਦੇ ਹੋਏ ਕਿਹਾ ਆਪ ਇੱਕ ਸਾਫ਼ ਇਮਾਨਦਾਰ ਅਤੇ ਜਵਾਬਦੇਹ ਸਰਕਾਰ ਹੈ।

## ਟ੍ਰੈਫ਼ਿਕ ਪੁਲਿਸ ਅਤੇ ਐਸ.ਐਸ.ਪੀ. ਦੀ ਪਾਇਲਟ ਸਿਕਓਰਿਟੀ ਵੱਲੋਂ ਕੜਾਕੇ ਦੀ ਧੁੱਪ 'ਚ ਸਪੈਸ਼ਲ ਨਾਕਾਬੰਦੀ




ਜਗਰਾਓਂ, 12 ਜੂਨ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਪੁਲਿਸ ਜ਼ਿਲ੍ਹਾ ਲੁਧਿਆਣਾ ਦਿਹਾਤੀ ਦੇ ਐਸਐਸਪੀ ਡਾਕਟਰ ਅੰਕੁਰ ਗੁਪਤਾ ਵੱਲੋਂ ਸਮਾਜ ਵਿਰੋਧੀ ਅਨਸਰਾਂ ਦੇ ਖਿਲਾਫ ਚਲਾਈ ਗਈ ਮੁਹਿੰਮ ਦੇ ਤਹਿਤ ਅੱਜ ਜਗਰਾਓਂ ਸ਼ਹਿਰ ਅੰਦਰ ਪੁੱਲ ਉੱਪਰ ਕੜਾਕੇ ਦੀ ਧੁੱਪ ਵਿੱਚ ਟਰੈਫਿਕ ਪੁਲਿਸ ਅਤੇ ਉਨ੍ਹਾਂ ਦੀ ਸਪੈਸ਼ਲ ਸਿਕਿਉਰਟੀ ਵੱਲੋਂ ਨਾਕਾਬੰਦੀ ਕੀਤੀ ਗਈ। ਆਸਮਾਨ ਤੋਂ ਅੱਗ ਵਾਂਗ ਪੈ ਰਹੀ ਗਰਮੀ ਵਿੱਚ ਜਗਰਾਓਂ ਪੁਲਿਸ ਤਨਦੇਹੀ ਨਾਲ ਡਿਊਟੀ ਕਰਦੀ ਨਜ਼ਰ ਆਈ। ਗੱਲਬਾਤ ਦੌਰਾਨ ਟਰੈਫਿਕ ਇੰਚਾਰਜ ਕੁਮਾਰ ਸਿੰਘ ਨੇ ਕਿਹਾ ਕਿ ਇਸ ਸਪੈਸ਼ਲ ਨਾਕਾਬੰਦੀ ਦਾ ਮੁੱਖ ਮਕਸਦ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨਾ ਹੈ, ਉਹਨਾਂ ਕਿਹਾ ਕਿ ਮੂੰਹ ਢੱਕ ਕੇ ਵਹੀਕਲ ਚਲਾਉਣ 'ਤੇ ਪੂਰਨ ਤੌਰ 'ਤੇ ਪਾਬੰਦੀ ਹੈ। ਉਹਨਾਂ ਕਿਹਾ ਕਈ ਵਾਰ ਸਮਾਜ ਵਿਰੋਧੀ ਅਨਸਰ ਮੂੰਹ ਢੱਕ ਕੇ ਕਾਨੂੰਨ ਨੂੰ ਚਕਮਾ ਦੇ ਜਾਂਦੇ ਹਨ। ਉਹਨਾਂ ਕਿਹਾ ਕਿ ਜੇਕਰ ਕੋਈ ਵੀ ਆਪਣਾ ਮੂੰਹ ਢੱਕ ਕੇ ਵਹੀਕਲ ਚਲਾਉਂਦਾ ਨਜ਼ਰ ਆਇਆ ਉਸ ਦਾ ਚਲਾਨ ਕੀਤਾ ਜਾਵੇਗਾ। ਇਸ ਮੌਕੇ ਟਰੈਫਿਕ ਪੁਲਿਸ ਦੇ ਨਾਲ ਐਸਐਸਪੀ ਦੀ ਪਰਸਨਲ ਸਿਕਿਉਰਟੀ ਗਾਰਡ ਵੀ ਮੌਜੂਦ ਸਨ। ਇੱਥੇ ਇਹ ਗੱਲ ਦੱਸਣ ਯੋਗ ਹੈ ਕਿ ਪਾਇਲਟ ਜਿਪਸੀ ਰਾਹੀਂ ਅਕਸਰ ਹੀ ਸਿਕਿਉਰਟੀ ਗਾਰਡ ਗਸ਼ਤ ਕਰਦੇ ਰਹਿੰਦੇ ਹਨ ਅਤੇ ਕੋਈ ਸ਼ੱਕੀ ਵਿਅਕਤੀ ਨਜ਼ਰ ਆਉਂਦਾ ਹੈ ਤਾਂ ਉਸਦੀ ਚੈਕਿੰਗ ਕੀਤੀ ਜਾਂਦੀ ਹੈ।

### ਮੂੰਹ ਢੱਕ ਕੇ ਵਹੀਕਲ ਚਲਾਉਣ 'ਤੇ ਪੂਰਨ ਪਾਬੰਦੀ : ਟ੍ਰੈਫ਼ਿਕ ਇੰਚਾਰਜ

ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਟਰੈਫਿਕ ਇੰਚਾਰਜ ਕੁਮਾਰ ਸਿੰਘ ਨੇ ਕਿਹਾ ਕਿ ਕਈ ਸਮਾਜ ਵਿਰੋਧੀ ਅਨਸਰ ਆਪਣਾ ਮੂੰਹ ਢੱਕ ਕੇ ਕਾਨੂੰਨ ਨੂੰ ਚਕਮਾ ਦੇ ਕੇ ਨਿਕਲ ਜਾਂਦੇ ਹਨ, ਜਿਸ ਕਾਰਨ ਮੂੰਹ ਢੱਕ ਕੇ ਵਹੀਕਲ ਚਲਾਉਣ 'ਤੇ ਪੂਰਨ ਪਾਬੰਦੀ ਲਗਾਈ ਗਈ ਹੈ ।ਉਹਨਾਂ ਕਿਹਾ ਕਿ ਸਾਡੇ ਵੱਲੋਂ ਸ਼ੱਕੀ ਪੁਰਸ਼ਾਂ ਅਤੇ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੀਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਟਰਿਪਲ ਸਵਾਰੀ, ਹੈਲਮੇਟ, ਨੰਬਰ ਪਲੇਟ, ਘੱਟ ਉਮਰ ਦੇ ਬੱਚਿਆਂ ਦਾ ਵਹੀਕਲ ਚਲਾਉਣਾ ਆਦਿ ਦੇ ਚਲਾਨ ਕੀਤੇ ਗਏ। ਉਹਨਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਇਸੇ ਤਰ੍ਹਾਂ ਨਾਕਾਬੰਦੀ ਜਾਰੀ ਰਹੇਗੀ ।

## ਸ੍ਰੀ ਗੁਰੂ ਅਰਜਨ ਦੇਵ ਜੀ ਤੇ '84 ਦੇ ਸ਼ਹੀਦਾਂ ਦੀ ਯਾਦ 'ਚ ਲੰਗਰ ਲਗਾਏ



ਲੁਧਿਆਣਾ, 12 ਜੂਨ (ਰਵਿੰਦਰ ਸਿੰਘ ਨਿੱਝਰ) : ਪੰਜਵੇਂ ਪਾਤਸਾਹ ਸ਼੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਦੇ ਸ਼ਹੀਦੀ ਪੁਰਬ ਅਤੇ 1984 ਵਿੱਚ ਸਿੱਖ ਕੌਮ ਲਈ ਸ਼ਹੀਦ ਹੋਏ ਸਮੂਹ ਸ਼ਹੀਦਾਂ ਦੀ ਯਾਦ ਸਿੰਘਾਂ ਦੀ ਯਾਦ ਦਬੁਰਜੀ ਵਿਖੇ ਸੂਏ ਦੇ ਪੁਲ 'ਤੇ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਛੋਲਿਆਂ ਦੇ ਲੰਗਰ ਲਾਏ ਗਏ। ਇਸ ਮੌਕੇ ਸੂਬੇਦਾਰ ਗੁਰੂ ਅੰਗਦ ਸਿੰਘ, ਭਾਈ ਤਾਰਾ ਸਿੰਘ, ਹੈੱਡ ਗ੍ਰੰਥੀ ਬਾਬਾ ਗੁਰਮੀਤ ਸਿੰਘ ਸੋਮਾਸਰ ਟਿੱਬੇ ਵਾਲੇ, ਡਾ ਅਵਤਾਰ ਸਿੰਘ, ਸ਼ਿੰਗਾਰਾ ਸਿੰਘ, ਭਾਈ ਪ੍ਰਿਤਪਾਲ ਸਿੰਘ ਤੇ ਹੋਰ ਅਨੇਕਾਂ ਹੀ ਨੌਜਵਾਨਾਂ ਨੇ ਤਨ ਮਨ ਧਨ ਦੇ ਨਾਲ ਸੇਵਾ ਕੀਤੀ।

## ਵਿਧਾਨ ਸਭਾ ਪੱਛਮੀ ਦੇ ਸੈਂਕੜੇ ਵਸਨੀਕਾਂ ਨੇ ਭਾਰਤ ਭੂਸ਼ਣ ਆਸ਼ੂ ਦੇ ਹੱਕ 'ਚ ਵੋਟਾਂ ਪਾਉਣ ਦਾ ਲਿਆ ਅਹਿਦ



ਲੁਧਿਆਣਾ, 12 ਜੂਨ (ਰਵਿੰਦਰ ਸਿੰਘ ਨਿੱਝਰ) : ਕਾਂਗਰਸ ਉਮੀਦਵਾਰ ਭਾਰਤ ਭੂਸ਼ਨ ਆਸ਼ੂ ਦੇ ਹੱਕ ਵਿੱਚ ਪੱਛਮੀ ਵਿਧਾਨ ਸਭਾ ਹਲਕੇ ਦੇ ਦੋ ਦਰਜਨ ਤੋਂ ਵੱਧ ਇਲਾਕਿਆਂ ਦੇ ਇੱਕਤਰ ਲੋਕਾਂ ਨੇ 'ਆਪ ਨੂੰ ਰਿਟਰਨ ਗਿਫ਼ਟ ਦੇ ਰੂਪ ਵਿੱਚ ਹਾਰ ਦੀ ਗਾਰੰਟੀ ਦਿੱਤੀ ਹੈ । ਸਥਾਨਕ ਸਾਊਥ ਸਿਟੀ ਵਿਖੇ ਵਿਨਿਤ ਉਮਤ , ਪੁਨੀਤ ਉਮਤ, ਰਜਤ ਗੋਇਲ, ਰਾਘਵ ਗੋਇਲ ਦੀ ਅਗਵਾਈ ਹੇਠ ਆਯੋਜਿਤ ਮੀਟਿੰਗ ਵਿੱਚ ਰਿਸ਼ੀ ਨਗਰ, ਕਬੀਰ ਪਾਰਕ, ਸ਼ਹੀਦ ਭਗਤ ਸਿੰਘ ਨਗਰ, ਕਿਚਲੂ ਨਗਰ, ਸਰਾਭਾ ਨਗਰ , ਘੁਮਾਰ ਮੰਡੀ, ਟੈਗੋਰ ਨਗਰ, ਗ੍ਰੀਨ ਪਾਰਕ, ਸੂਰਿਆ ਵਿਹਾਰ ਦੇ ਨਿਵਾਸੀ ਸ਼ਾਮਿਲ ਹੋਏ। ਇਸ ਮੌਕੇ ਕੌਂਸਲਰ ਸੰਨੀ ਭੱਲਾ ਅਤੇ ਸਾਬਕਾ ਕੌਂਸਲਰ ਦੀਪਿਕਾ ਭੱਲਾ ਵੀ ਮੌਜੂਦ ਰਹੇ। ਸਥਾਨਕ ਲੋਕਾਂ ਨੇ ਸੱਤਿਆਮੇਵ ਜਯਤੇ ਦੀਆਂ ਟੀ-ਸ਼ਰਟਾਂ ਪਾ ਕੇ ਵਿਰੋਧੀ ਧਿਰ ਨੂੰ ਆਸ਼ੂ ਦੇ ਹੱਕ ਵਿੱਚ ਇਕਤਰਫਾ ਵੋਟ ਪਾਉਣ ਦਾ ਸੰਦੇਸ਼ ਦਿੱਤਾ। ਸਥਾਨਕ ਲੋਕਾਂ ਨੇ ਕਿਹਾ ਕਿ ਇਸ ਵਾਰ ਉਹ ਝੂਠ ਦੀ ਰਾਜਨੀਤੀ ਕਰਨ ਵਾਲਿਆਂ ਤੋਂ ਸਾਵਧਾਨ ਰਹਿਣਗੇ ਅਤੇ ਹਮੇਸ਼ਾ ਸੱਚ 'ਤੇ ਡਟੇ ਰਹਿਣ ਵਾਲੇ ਕਾਂਗਰਸੀ ਉਮੀਦਵਾਰ ਆਸ਼ੂ ਨੂੰ ਵਿਧਾਨ ਸਭਾ ਵਿੱਚ ਭੇਜਣਗੇ। ਭਾਰਤ ਭੂਸ਼ਣ ਆਸ਼ੂ ਨੇ ਸੱਤਿਆਮੇਵ ਜਯਤੇ ਦੇ ਨਾਅਰੇ 'ਤੇ ਚੋਣ ਮੈਦਾਨ ਵਿੱਚ ਉਤਰਨ ਬਾਰੇ ਚਰਚਾ ਕਰਦੇ ਹੋਏ ਕਿਹਾ ਕਿ ਝੂਠ ਦੀ ਰਾਜਨੀਤੀ ਕਰਕੇ, ਵੋਟਰਾਂ ਨੂੰ ਕੁਝ ਸਮੇਂ ਲਈ ਭਰਮਾ ਕੇ ਕਰਕੇ ਵੋਟਾਂ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ। ਹੁਣ ਲੋਕਾਂ ਨੇ "ਆਪ ਸਰਕਾਰ " ਨੂੰ ਰਿਟਰਨ ਗਿਫਟ ਦੇ ਤੌਰ 'ਤੇ ਵਿਧਾਨ ਸਭਾ ਪੱਛਮੀ ਵਿੱਚ ਹਾਰ ਦੀ ਗਾਰੰਟੀ ਦੇਣ ਦੀ ਤਿਆਰੀ ਕਰ ਲਈ ਹੈ। ਇਸ ਮੌਕੇ ਕਮਲ ਸੇਤਿਆ, ਅਨਿਲ ਧਵਨ (ਵਿਸਕੀ) ਜਤਿੰਦਰ ਕਪੂਰ, ਮਨੋਜ ਪੋਪਲੀ, ਰਾਹੁਲ ਖੰਨਾ, ਦਲੀਪ ਚੋਪੜਾ, ਮੋਂਟੂ ਸਾਲੂ, ਤੁਸ਼ਾਰ ਕਾਲੜਾ, ਸਚਿਨ ਗੋਇਨਕਾ, ਕੰਨਵ ਜੈਨ ਸਮੇਤ ਸੈਂਕੜੇ ਲੋਕ ਇਸ ਮੀਟਿੰਗ ਵਿੱਚ ਸ਼ਾਮਿਲ ਹੋਏ। ਜਿਹਨਾਂ ਨੇ ਆਸ਼ੂ ਨੂੰ ਵੱਡੀ ਜਿੱਤ ਨਾਲ ਕਾਮਯਾਬ ਕਰਨ ਦਾ ਅਹਿਦ ਲਿਆ।

## ਬਾਲ ਸਿਰਜਣਾਤਮਕ ਕੈਂਪ ਦੇ ਚੌਥੇ ਦਿਨ ਬੱਚਿਆਂ ਨੂੰ ਹਨੇਰੇ ਤੇ ਭੂਤਾਂ ਪ੍ਰੇਤਾਂ ਤੋਂ ਨਾ ਡਰਨ ਦੀ ਸਿੱਖਿਆ ਦਿੱਤੀ



ਲੁਧਿਆਣਾ, 12 ਜੂਨ (ਰਵਿੰਦਰ ਸਿੰਘ ਨਿੱਝਰ) : ਗਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ ਵੱਲੋਂ ਸ਼ਹੀਦ ਬਾਬਾ ਭਾਨ ਸਿੰਘ ਗਦਰ ਮੈਮੋਰੀਅਲ ਟ੍ਰਸਟ ਦੇ ਬਾਨੀ ਪ੍ਰਧਾਨ ਮਰਹੂਮ ਲੈਫ ਕਰਨਲ ਜਗਦੀਸ ਸਿੰਘ ਬਰਾੜ ਨੂੰ ਸਮਰਪਿਤ ਬਾਲ ਸਿਰਜਣਾਤਮਕ ਕੈਂਪ ਬਾਬਾ ਭਾਨ ਸਿੰਘ ਯਾਦਗਾਰ ਸੁਨੇਤ, ਭਾਈ ਰਣਧੀਰ ਸਿੰਘ ਨਗਰ ਲੁਧਿਆਣਾ ਵਿਖੇ ਅੱਜ ਚੌਥੇ ਦਿਨ ਵਿੱਚ ਦਾਖਲ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ ਦੇ ਪ੍ਰਧਾਨ ਐਡਵੋਕੇਟ ਹਰਪ੍ਰੀਤ ਜੀਰਖ ਅਤੇ ਜਨਰਲ ਸਕੱਤਰ ਰਾਕੇਸ਼ ਆਜਾਦ ਨੇ ਦੱਸਿਆ ਕਿ ਇਸ ਕੈਂਪ ਨੂੰ ਬੱਚਿਆਂ ਦੇ ਸਰਵਪੱਖੀ ਵਿਕਾਸ ਨੂੰ ਧਿਆਨ ਵਿੱਚ ਰੱਖਦਿਆਂ ਲਗਾਇਆ ਗਿਆ ਹੈ।

ਬੱਚੇ ਹਰ ਵੰਨਗੀ ਵਿੱਚ ਵੱਧ ਚੜ੍ਹ ਕੇ ਹਿੱਸਾ ਲੈ ਰਹੇ ਹਨ। ਅੱਜ ਦੇ ਦਿਨ ਦੀ ਸ਼ੁਰੂਆਤ ਵਿੱਚ ਤਰਕਸੀਲ ਆਗੂ ਰਜਿੰਦਰ ਜੰਡਿਆਲੀ ਨੇ ਬੱਚਿਆਂ ਨੂੰ ਹਨੇਰੇ, ਭੂਤਾਂ-ਪ੍ਰੇਤਾਂ ਤੋਂ ਨਾ ਡਰਨ ਅਤੇ ਜਾਦੂ ਮੰਤਰ ਪਿੱਛੇ ਕੰਮ ਕਰ ਰਹੇ ਵਿਗਿਆਨ ਬਾਰੇ ਸਮਝਾਉਂਦਿਆਂ ਸਹੀ ਕਾਰਨਾ ਨੂੰ ਸਮਝਣ ਬਾਰੇ ਜਾਣਕਾਰੀ ਦਿੱਤੀ।

ਇਸ ਮੌਕੇ ਅਧਿਆਪਕ ਗੁਰਇਕਬਾਲ ਸਿੰਘ ਨੇ ਬੱਚਿਆਂ ਨੂੰ ਮਿੱਟੀ ਦੇ ਖਿਡੌਣੇ ਬਣਾਉਣ ਦੀ ਸਿਖਲਾਈ ਦਿੱਤੀ ਅਤੇ ਰਾਹੁਲ ਨੇ ਬੱਚਿਆਂ ਨੂੰ ਚਿੱਤਰਕਾਰੀ ਦੇ ਗੁਣ ਵੰਡੇ। ਰਿਟਾਇਰਡ ਅਧਿਆਪਕ ਰਾਜ ਕੁਮਾਰ ਨੇ ਸੰਗੀਤ ਦੀ ਸਿੱਖਿਆ ਦਿੱਤੀ ਅਤੇ ਮੈਡਮ ਜਸਲੀਨ ਨੇ ਸੋਹਣੀ ਲਿਖਾਈ ਲਈ ਅੱਖਰਾਂ ਦੀ ਬਨਾਵਟ ਬਾਰੇ ਬੱਚਿਆਂ ਨੂੰ ਜਾਣੂ ਕਰਵਾਇਆ। ਸਮਸੇਰ ਨੂਰਪੁਰੀ ਅਤੇ ਜਗਜੀਤ ਸਿੰਘ ਨੇ ਬੱਚਿਆਂ ਨੂੰ ਨਾਟਕ ਦੀ ਰਿਹਰਸਲ ਕਰਵਾਈ। ਪੰਜਾਬ ਲੋਕ ਸੱਭਿਆਚਾਰਕ ਮੰਚ ਦੇ ਆਗੂ ਕਸਤੂਰੀ ਲਾਲ ਨੇ ਵੀ ਬੱਚਿਆਂ ਉਨ੍ਹਾਂ ਦੀ ਕਲਾ ਦੇ ਨਿਖਾਰ ਸਬੰਧੀ ਗੱਲਬਾਤ ਕੀਤੀ ਇਸ ਤੋਂ ਇਲਾਵਾ ਮੀਨੂੰ ਸਰਮਾ, ਕੁਲਵਿੰਦਰ ਸਿੰਘ, ਮਹੇਸ ਕੁਮਾਰ, ਗੁਰਨੀਤ, ਨੀਲ, ਮਾਨ ਸਿੰਘ, ਸੰਦੀਪ ਕੌਰ ਆਦਿ ਹਾਜਰ ਰਹਿ ਕੇ ਵਲੰਟੀਅਰ ਡਿਊਟੀਆਂ ਨਿਭਾਈਆਂ।

## ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ



ਲੁਧਿਆਣਾ, 12 ਜੂਨ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਹਰਨਾਮ ਨਗਰ ਟਾਊਨ ਲੁਧਿਆਣਾ ਦੀ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਅੱਜ ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਅੰਦਰ ਇਲਾਕੇ ਦੀਆਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਆਪਣੀਆਂ ਹਾਜ਼ਰੀਆਂ ਭਰ ਕੇ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਆਪਣਾ ਸਿੱਜਦਾ ਤੇ ਸਤਿਕਾਰ ਅਰਪਿਤ ਕੀਤਾ। ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਯੋਜਿਤ ਕੀਤੇ ਗਏ ਮਹਾਨ ਗੁਰਮਤਿ ਸਮਾਗਮ ਅੰਦਰ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਬਖਸ਼ੀਸ਼ ਸਿੰਘ ਜੀ ਹਜ਼ੂਰੀ ਰਾਗੀ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ,ਸਮੇਤ ਪੰਥ ਦੇ ਕਈ ਪ੍ਰਮੁੱਖ ਕੀਰਤਨੀ ਜੱਥਿਆਂ ਅਤੇ ਇਸਤਰੀ ਸਤਿਸੰਗ ਸਭਾ ਦੀਆਂ ਬੀਬੀਆਂ ਦੇ ਕੀਰਤਨੀ ਜੱਥੇ ਨੇ ਵਿਸ਼ੇਸ਼ ਤੌਰ 'ਤੇ ਆਪਣੀਆਂ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ।

ਇਸ ਦੌਰਾਨ ਗੁਰਮਤਿ ਸਮਾਗਮ ਵਿੱਚ ਉਚੇਚੇ ਤੌਰ 'ਤੇ ਪੁੱਜੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਸੰਗਤਾਂ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ । ਗੁਰਦੁਆਰਾ ਸਾਹਿਬ ਦੇ ਪ੍ਰਧਾਨ ਗੁਰਮੀਤ ਸਿੰਘ ਸਲੂਜਾ ਤੇ ਗੁਰਦੁਆਰਾ ਸਾਹਿਬ ਦੇ ਚੇਅਰਮੈਨ ਬਲਦੇਵ ਸਿੰਘ, ਗੁਰਚਰਨ ਸਿੰਘ ਚੰਨ ਸੀਨੀਅਰ ਮੀਤ ਪ੍ਰਧਾਨ, ਅਮਰਜੀਤ ਸਿੰਘ ਟੋਨੀ ਮੱਕੜ,ਕੁਲਵਿੰਦਰ ਸਿੰਘ ਲਾਡੀ ਦਿਲਜੰਗ ਸਿੰਘ, ਅਮਰਜੀਤ ਸਿੰਘ ਪਰੂਥੀ, ਜਗਤਾਰ ਸਿੰਘ ਸੋਨੀ, ਮਹਿੰਦਰਪਾਲ ਸਿੰਘ ਗਲਹੋਤਰਾ, ਕੁਲਦੀਪ ਸਿੰਘ ਦੀਪਾ, ਭੁਪਿੰਦਰ ਸਿੰਘ ਸਲੂਜਾ ਅਤੇ ਰਜਿੰਦਰ ਸਿੰਘ ਸਲੂਜਾ ਨੇ ਜੈਕਾਰਿਆਂ ਦੀ ਗੂੰਜ ਵਿੱਚ ਪਰਮਜੀਤ ਸਿੰਘ ਸਰਨਾ ਅਤੇ ਉਨ੍ਹਾਂ ਦੇ ਨਾਲ ਵਿਸ਼ੇਸ਼ ਤੌਰ 'ਤੇ ਨਾਲ ਆਈਆਂ ਪ੍ਰਮੁੱਖ ਸ਼ਖਸ਼ੀਅਤਾਂ ਜਿਨ੍ਹਾਂ ਵਿੱਚ ਸੀਨੀਅਰ ਅਕਾਲੀ ਆਗੂ ਬਾਬਾ ਅਜੀਤ ਸਿੰਘ, ਭਾਈ ਅਮਰਜੀਤ ਸਿੰਘ ਚਾਵਲਾ ਮੈਂਬਰ ਸ਼੍ਰੋਮਣੀ ਕਮੇਟੀ, ਜੱਥੇਦਾਰ ਤਰਨਜੀਤ ਸਿੰਘ ਨਿਮਾਣਾ, ਨੂਰਜੋਤ ਸਿੰਘ ਮਕੱੜ ਨੂੰ ਸਿਰਪਾਉ ਤੇ ਦੁਸ਼ਾਲੇ ਭੇਟ ਕਰਕੇ ਸਨਮਾਨਿਤ ਕੀਤਾ। ਇਸ ਸਮੇਂ ਉਨ੍ਹਾਂ ਦੇ ਨਾਲ ਸੁਰਿੰਦਰਪਾਲ ਸਿੰਘ ਜਸਬੀਰ ਸਿੰਘ ਜੇ ਸੰਨਜ਼, ਹਰਕ੍ਰਿਸ਼ਨ ਸਿੰਘ ਮਕੱੜ,ਹਰਮਨਦੀਪ ਸਿੰਘ, ਭੁਪਿੰਦਰ ਸਿੰਘ ਛਾਬੜਾ ਅਤੇ ਕੰਵਲਜੀਤ ਸਿੰਘ ਛਾਬੜਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਖ਼ਰਚ ਨਿਗਰਾਨ ਨੇ ਜਨਤਕ ਜਾਇਦਾਦਾਂ ਤੋਂ ਅਣ-ਅਧਿਕਾਰਤ ਰਾਜਨੀਤਿਕ ਇਸ਼ਤਿਹਾਰਾਂ ਨੂੰ ਤੁਰੰਤ ਹਟਾਉਣ ਦੇ ਹੁਕਮ ਦਿੱਤੇ



ਲੁਧਿਆਣਾ, 12 ਜੂਨ (ਵਿਸ਼ਾਲ ਸ਼ਰਮਾ) : ਖਰਚ ਨਿਗਰਾਨ ਇੰਦਾਨਾ ਅਸ਼ੋਕ ਕੁਮਾਰ ਨੇ ਵੀਰਵਾਰ ਨੂੰ ਲੁਧਿਆਣਾ ਪੱਛਮੀ ਜ਼ਿਮਨੀ ਚੋਣ ਲੜ ਰਹੀਆਂ ਸਾਰੀਆਂ ਰਾਜਨੀਤਿਕ ਪਾਰਟੀਆਂ ਅਤੇ ਉਮੀਦਵਾਰਾਂ ਨੂੰ ਦਿਨ ਦੇ ਅੰਤ ਤੱਕ ਜਨਤਕ ਜਾਇਦਾਦਾਂ ਤੋਂ ਸਾਰੇ ਅਣਅਧਿਕਾਰਤ ਰਾਜਨੀਤਿਕ ਇਸ਼ਤਿਹਾਰਾਂ ਜਿਨ੍ਹਾਂ ਵਿੱਚ ਬੈਨਰ, ਪੋਸਟਰ, ਕੰਧ ਲਿਖਤਾਂ, ਹੋਰਡਿੰਗ, ਬਿਲਬੋਰਡ, ਸਟਿੱਕਰ ਅਤੇ ਝੰਡੇ ਸ਼ਾਮਲ ਹਨ ਨੂੰ ਤੁਰੰਤ ਹਟਾਉਣ ਦੇ ਨਿਰਦੇਸ਼ ਦਿੱਤੇ। ਖਰਚਾ ਨਿਰੀਖਕ ਨੇ ਅੱਗੇ ਹਦਾਇਤ ਕੀਤੀ ਕਿ ਨਿੱਜੀ ਜਾਇਦਾਦਾਂ 'ਤੇ ਇਸ਼ਤਿਹਾਰਾਂ ਲਈ ਜਾਇਦਾਦ ਮਾਲਕਾਂ ਦੀ ਪਹਿਲਾਂ ਸਹਿਮਤੀ ਦੀ ਲੋੜ ਹੁੰਦੀ ਹੈ। ਪਾਲਣਾ ਨਾ ਕਰਨ 'ਤੇ ਢੁਕਵੀਂ ਕਾਰਵਾਈ ਕੀਤੀ ਜਾਵੇਗੀ। ਸਾਰੀਆਂ ਛਪੀਆਂ ਸਮੱਗਰੀਆਂ ਜਿਵੇਂ ਕਿ ਪੈਂਫਲੇਟ,ਪੋਸਟਰ ਅਤੇ ਹੈਂਡਬਿੱਲਾਂ ਵਿੱਚ ਪ੍ਰਕਾਸ਼ਕ ਅਤੇ ਪ੍ਰਿੰਟਰ ਦੇ ਨਾਮ ਛਾਪੀਆਂ ਗਈਆਂ ਕਾਪੀਆਂ ਦੀ ਗਿਣਤੀ ਅਤੇ ਪ੍ਰਕਾਸ਼ਕ ਵੱਲੋਂ ਇੱਕ ਘੋਸ਼ਣਾ ਸ਼ਾਮਲ ਹੋਣੀ ਚਾਹੀਦੀ ਹੈ, ਜਿਸ ਵਿੱਚ ਸਾਰੇ ਵੇਰਵੇ ਅਧਿਕਾਰੀਆਂ ਨੂੰ ਜਮ੍ਹਾਂ ਕਰਵਾਏ ਗਏ ਹਨ। ਆਦਰਸ਼ ਚੋਣ ਜ਼ਾਬਤਾ ਲਾਗੂ ਹੋਣ ਤੋਂ ਬਾਅਦ ਲਾਗੂ ਕਰਨ ਵਾਲੀਆਂ ਟੀਮਾਂ ਨੇ ਜਨਤਕ ਜਾਇਦਾਦਾਂ ਤੋਂ ਕੁੱਲ 10,530 ਅਣਅਧਿਕਾਰਤ ਰਾਜਨੀਤਿਕ ਇਸ਼ਤਿਹਾਰ ਹਟਾਏ ਹਨ, ਜਿਸ ਵਿੱਚ 92 ਕੰਧ ਲਿਖਤ 6,707 ਪੋਸਟਰ 801 ਬੈਨਰ ਅਤੇ 2,930 ਹੋਰ ਸਮੱਗਰੀ ਸ਼ਾਮਲ ਹੈ। ਨਿੱਜੀ ਜਾਇਦਾਦਾਂ ਤੋਂ ਵੀ 293 ਅਣਅਧਿਕਾਰਤ ਰਾਜਨੀਤਿਕ ਇਸ਼ਤਿਹਾਰ ਹਟਾਏ ਗਏ ਹਨ, ਜਿਸ ਵਿੱਚ 1 ਕੰਧ ਲਿਖਤ 249 ਪੋਸਟਰ 34 ਬੈਨਰ ਅਤੇ 9 ਹੋਰ ਚੀਜ਼ਾਂ ਸ਼ਾਮਲ ਹਨ। ਉਨ੍ਹਾਂ ਨੇ ਸਾਰੇ ਹਿੱਸੇਦਾਰਾਂ ਨੂੰ ਜ਼ਿਮਨੀ ਚੋਣ ਦੀ ਇਮਾਨਦਾਰੀ ਨੂੰ ਬਣਾਈ ਰੱਖਣ ਲਈ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ।

ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਦੀ ਰਿਪੋਰਟ ਕਰਨ ਲਈ ਨਿਵਾਸੀ ਅਤੇ ਹਿੱਸੇਦਾਰ ਖਰਚਾ ਨਿਰੀਖਕ ਇੰਦਾਨਾ ਅਸ਼ੋਕ ਕੁਮਾਰ ਨਾਲ 62831-99460 'ਤੇ ਜਾਂ ashok.indana @gov.in 'ਤੇ ਈਮੇਲ ਰਾਹੀਂ ਸੰਪਰਕ ਕਰ ਸਕਦੇ ਹਨ। ਸ਼ਿਕਾਇਤਾਂ ਸੀ-ਵਿਜਿਲ ਮੋਬਾਈਲ ਐਪਲੀਕੇਸ਼ਨ ਰਾਹੀਂ ਜਾਂ 0161-2920012 ਜਾਂ 1950 'ਤੇ ਕਾਲ ਕਰਕੇ ਵੀ ਜਮ੍ਹਾਂ ਕਰਵਾਈਆਂ ਜਾ ਸਕਦੀਆਂ ਹਨ।

# ਹਰਿਆਣਾ ਦਾ ਸਾਬਕਾ ਵਿਧਾਇਕ ਮਨੀ ਲਾਂਡਰਿੰਗ ਮਾਮਲੇ 'ਚ ਗ੍ਰਿਫ਼ਤਾਰ

ਨਵੀਂ ਦਿੱਲੀ, 12 ਜੂਨ (ਚ.ਨ.ਸ.): ਐਨਫੋਰਸਮੈਂਟ ਡਾਇਰੈਕਟੋਰੇਟ ਨੇ ਹਰਿਆਣਾ ਰਾਮ ਨਿਵਾਸ ਦੇ ਇੱਕ ਸਾਬਕਾ ਵਿਧਾਇਕ ਅਤੇ ਹਰਿਆਣਾ ਸ਼ਹਿਰੀ ਵਿਕਾਸ ਅਥਾਰਿਟੀ (ਐਚਐਸਵੀਪੀ) ਦੇ ਇੱਕ ਸਾਬਕਾ ਅਧਿਕਾਰੀ ਨੂੰ ਰਾਜ ਸਰਕਾਰੀ ਸੰਸਥਾ ਵਿੱਚ ਫੰਡਾਂ ਦੀ ਕਥਿਤ ਦੁਰਵਰਤੋਂ ਨਾਲ ਜੁੜੇ ਇੱਕ ਮਾਮਲੇ ਵਿੱਚ ਮਨੀ ਲਾਂਡਰਿੰਗ ਵਿਰੋਧੀ ਕਾਨੂੰਨ ਦੇ ਤਹਿਤ ਗ੍ਰਿਫ਼ਤਾਰ ਕੀਤਾ ਹੈ। ਨਿਵਾਸ ਅਤੇ ਸੁਨੀਲ ਕੁਮਾਰ ਬਾਂਸਲ ਨੂੰ 9 ਜੂਨ ਨੂੰ ਚੰਡੀਗੜ੍ਹ ਵਿਖੇ ਹਿਰਾਸਤ ਵਿੱਚ ਲਿਆ ਗਿਆ ਸੀ। ਈਡੀ ਨੇ ਇੱਕ ਬਿਆਨ ਵਿੱਚ ਕਿਹਾ ਕਿ ਨਿਵਾਸ 2019-2024 ਦੌਰਾਨ ਵਿਧਾਇਕ ਸਨ। ਉਹ ਬਾਂਸਲ ਵਾਂਗ ਐੱਚਐੱਸਵੀਪੀ (ਪਹਿਲਾਂ ਹਰਿਆਣਾ ਸ਼ਹਿਰੀ ਵਿਕਾਸ ਅਥਾਰਿਟੀ ਵਜੋਂ ਜਾਣੇ ਜਾਂਦੇ) ਦੇ ਸਾਬਕਾ ਅਧਿਕਾਰੀ ਵੀ ਸਨ। ਅਧਿਕਾਰੀਆਂ ਨੇ ਕਿਹਾ ਕਿ ਨਿਵਾਸ ਨੇ ਜਨਨਾਇਕ ਜਨਤਾ ਪਾਰਟੀ (ਜੇਜੇਪੀ) ਦੀ ਟਿਕਟ 'ਤੇ ਚੋਣਾਂ ਜਿੱਤਣ ਤੋਂ ਬਾਅਦ ਨਰਵਾਣਾ ਵਿਧਾਨ ਸਭਾ ਸੀਟ ਦੀ ਨੁਮਾਇੰਦਗੀ ਕੀਤੀ। ਮਨੀ ਲਾਂਡਰਿੰਗ ਦਾ ਮਾਮਲਾ ਹਰਿਆਣਾ ਪੁਲਿਸ ਵੱਲੋਂ ਪੰਚਕੂਲਾ ਦੇ ਸੈਕਟਰ-7 ਪੁਲਿਸ ਸਟੇਸ਼ਨ ਵਿੱਚ ਅਣਪਛਾਤੇ ਵਿਅਕਤੀਆਂ ਵਿਰੁੱਧ ਦਰਜ ਕੀਤੀ ਗਈ ਐੱਫਆਈਆਰ ਤੋਂ ਬਾਅਦ ਨਿਕਲਕੇ ਸਾਹਮਣੇ ਆਇਆ ਹੈ। ਇਹ ਮਾਮਲਾ ਡੀਡੀਓ ਵੱਲੋਂ ਦਾਇਰ ਕੀਤੀ ਗਈ ਸ਼ਿਕਾਇਤ ਦੇ ਆਧਾਰ 'ਤੇ ਦਰਜ ਕੀਤਾ ਗਿਆ ਸੀ। 70 ਕਰੋੜ ਰੁਪਏ ਦੇ ਲੈਣ-ਦੇਣ ਨਾਲ ਸਬੰਧਤ ਮਾਮਲਾ 54 ਨੇ ਪੁਲਿਸ ਸ਼ਿਕਾਇਤ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਇਹ ਦੋਸ਼ ਲਗਾਇਆ ਗਿਆ ਸੀ ਕਿ 2015-2019 ਦੇ ਵਿਚਕਾਰ ਦੇ ਚੰਡੀਗੜ੍ਹ ਵਿੱਚ ਪੰਜਾਬ ਨੈਸ਼ਨਲ ਬੈਂਕ ਖਾਤੇ ਵਿੱਚੋਂ ਬਿਨਾਂ ਕਿਸੇ ਸਪੱਸ਼ਟ ਕਾਰਨ ਦੇ ਲਗਭਗ 70 ਕਰੋੜ ਰੁਪਏ ਦੇ ਡੈਬਿਟ ਲੈਣ-ਦੇਣ ਵਾਰ-ਵਾਰ ਕੁਝ ਖਾਸ ਧਿਰਾਂ ਦੇ ਹੱਕ ਵਿੱਚ ਜਾਰੀ ਕੀਤੇ ਗਏ ਸਨ, ਜਿਸ ਨਾਲ 70 ਕਰੋੜ ਰੁਪਏ ਦਾ ਨੁਕਸਾਨ ਹੋਇਆ। ਐੱਚਐੱਸਵੀਪੀ ਵੱਲੋਂ ਕੀਤੀ ਗਈ ਇੱਕ ਅੰਦਰੂਨੀ ਜਾਂਚ ਵਿੱਚ ਪਾਇਆ ਗਿਆ ਕਿ ਕੈਸ਼ ਬ੍ਰਾਂਚ ਜਾਂ ਆਈਟੀ ਵਿੱਚ ਅਜਿਹਾ ਕੋਈ ਬੈਂਕ ਖਾਤਾ ਨਹੀਂ ਦਿਖਾਇਆ ਗਿਆ, ਜਿਸਦਾ ਮਤਲਬ ਹੈ ਕਿ ਐੱਚਐੱਸਵੀਪੀ ਨੂੰ ਬੰਸਲ ਅਤੇ ਰਾਮ ਨਿਵਾਸ ਨੇ ਗੁਪਤ ਤਰੀਕੇ ਨਾਲ "ਧੋਖਾਧੜੀ" ਕੀਤੀ ਸੀ, ਈਡੀ ਨੇ ਦਾਅਵਾ ਕੀਤਾ ਕਿ "ਧੋਖਾਧੜੀ" ਇੱਕ ਬੈਂਕ ਖਾਤੇ ਜਾਂ ਸਿਰਫ਼ 70 ਕਰੋੜ ਰੁਪਏ ਤੱਕ ਸੀਮਤ ਨਹੀਂ ਸੀ, ਸਗੋਂ ਬਹੁਤ ਵੱਡੀ ਸੀ।

# ਹੋਟਲ 'ਚ ਚੱਲ ਰਹੇ ਜੂਏ ਦੇ ਰੈਕਟ ਦਾ ਪਰਦਾਫਾਸ਼

ਮੋਹਾਲੀ, 12 ਜੂਨ (ਚ.ਨ.ਸ.): ਇੱਥੇ ਐੱਸ. ਏ. ਐੱਸ. ਨਗਰ ਪੁਲਿਸ



ਵੱਲੋਂ ਖ਼ੁਫ਼ੀਆ ਸੂਚਨਾ ਦੇ ਆਧਾਰ 'ਤੇ ਹੋਟਲ 'ਚ ਚੱਲ ਰਹੇ ਜੂਏ ਦੇ ਰੈਕਟ ਦਾ ਪਰਦਾਫਾਸ਼ ਕੀਤਾ ਹੈ। ਜਾਣਕਾਰੀ ਮੁਤਾਬਕ ਪੁਲਿਸ ਨੇ ਖ਼ੁਫ਼ੀਆ ਸੂਚਨਾ 'ਤੇ ਤੁਰੰਤ ਕਾਰਵਾਈ ਕਰਦਿਆਂ ਜ਼ੀਰਕਪੁਰ ਦੇ ਕੇ. ਸੀ. ਰੋਇਲ ਹੋਟਲ 'ਚ ਚੱਲ ਰਹੇ ਇਕ ਜੂਏ ਦੇ ਰੈਕਟ ਦਾ ਪਰਦਾਫਾਸ਼ ਕੀਤਾ ਹੈ। ਪੁਲਿਸ ਦੀ ਛਾਪੇਮਾਰੀ ਦੌਰਾਨ ਹੋਟਲ ਦੇ ਸਟਾਫ਼ ਸਮੇਤ 16 ਵਿਅਕਤੀਆਂ ਨੂੰ ਜੂਆ ਖੇਡਦੇ ਹੋਏ ਫੜ੍ਹਿਆ ਗਿਆ ਹੈ। ਪੁਲਿਸ ਦੀ ਟੀਮ ਨੇ ਮੌਕੇ 'ਤੇ 25.30 ਲੱਖ ਰੁਪਏ ਨਕਦੀ, 13 ਮੋਬਾਇਲ ਫੋਨ ਅਤੇ 6 ਕਾਰਾਂ ਬਰਾਮਦ ਕੀਤੀਆਂ ਹਨ। ਫਿਲਹਾਲ ਪੁਲਿਸ ਥਾਣਾ ਜ਼ੀਰਕਪੁਰ ਵਿਖੇ ਜੂਆ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

# ਸਪਾਅ ਸੈਂਟਰ ਦੀ ਆੜ ਹੇਠ ਚੱਲ ਰਿਹਾ ਸੀ ਦੇਹ ਵਪਾਰ ਦਾ ਧੰਦਾ

## ☛ਮਾਲਕ ਖ਼ਿਲਾਫ਼ ਕੇਸ ਦਰਜ, ਪੁਲਿਸ ਨੇ ਔਰਤਾਂ ਨੂੰ ਪਰਿਵਾਰਾਂ ਕੋਲ ਭੇਜਿਆ

ਸੰਗਰੂਰ, 12 ਜੂਨ (ਚ.ਨ.ਸ.): ਸੰਗਰੂਰ ਪੁਲਿਸ ਨੇ ਸ਼ਹਿਰ ਵਿੱਚ ਸਪਾਅ ਸੈਂਟਰ ਦੀ ਆੜ ਹੇਠ ਕਥਿਤ ਰੂਪ ਵਿਚ ਚੱਲਦੇ ਦੇਹ ਵਪਾਰ ਦੇ ਧੰਦੇ ਦਾ ਪਰਦਾਫਾਸ਼ ਕਰਦਿਆਂ ਸੈਂਟਰ ਦੇ ਮੈਨੇਜਰ ਨੂੰ ਗ੍ਰਿਫ਼ਤਾਰ ਕੀਤਾ ਹੈ। ਸੈਂਟਰ ਦੇ ਮਾਲਕ ਅਤੇ ਮੈਨੇਜਰ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕਰ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਥਾਣਾ ਸਿਟੀ ਪੁਲਿਸ ਦੇ ਇੰਚਾਰਜ ਮਨਪ੍ਰੀਤ ਸਿੰਘ ਨੇ ਦੱਸਿਆ ਕਿ ਮੁਖ਼ਬਰ ਖਾਸ ਵਲੋਂ ਇਤਲਾਹ ਦਿੱਤੀ ਗਈ ਸੀ ਕਿ ਹਰਿਆਣਾ ਨਾਲ ਸਬੰਧਤ ਦੋ ਵਿਅਕਤੀਆਂ ਨੇ ਨਾਨਕਿਆਣਾ ਰੋਡ 'ਤੇ ਐੱਚਆਰਡੀ ਕੰਪਲੈਕਸ ਦੀ ਤੀਜੀ ਮੰਜ਼ਲ 'ਤੇ ਸਪਾਅ ਸੈਂਟਰ ਖੋਲ੍ਹਿਆ ਹੋਇਆ ਹੈ ਜਿਥੇ ਉਹ ਲੋੜਵੰਦ ਔਰਤਾਂ ਨੂੰ ਦਫ਼ਤਰ ਵਿਚ ਬੁਲਾਉਂਦੇ ਹਨ ਅਤੇ ਇਨ੍ਹਾਂ ਕੋਲੋਂ ਦੇਹ ਵਪਾਰ ਦਾ ਧੰਦਾ ਕਰਵਾਉਂਦੇ ਹਨ। ਇਹ ਧੰਦੇ 'ਚੋਂ ਕਮਾਈ ਦਾ ਮੋਟਾ ਹਿੱਸਾ ਖੁਦ ਰੱਖ ਲੈਂਦੇ ਹਨ ਅਤੇ ਇਨ੍ਹਾਂ ਨੂੰ ਔਰਤਾਂ ਨੂੰ ਸਿਰਫ਼ ਨਾਮਾਤਰ ਦਿੰਦੇ ਹਨ। ਇਤਲਾਹ ਮਿਲਣ 'ਤੇ ਪੁਲਿਸ ਵਲੋਂ ਸਪਾਅ ਸੈਂਟਰ 'ਤੇ ਛਾਪਾ ਮਾਰਿਆ ਗਿਆ ਅਤੇ ਸੈਂਟਰ ਦੇ ਮੈਨੇਜਰ ਨੂੰ ਗ੍ਰਿਫ਼ਤਾਰ ਕਰ ਲਿਆ। ਥਾਣਾ ਸਿਟੀ ਇੰਚਾਰਜ ਮਨਪ੍ਰੀਤ ਸਿੰਘ ਨੇ ਦੱਸਿਆ ਕਿ ਛਾਪੇਮਾਰੀ ਦੌਰਾਨ ਮਿਲੀਆਂ ਲੜਕੀਆਂ/ਔਰਤਾਂ ਦੇ ਬਿਆਨ ਦਰਜ ਕਰਕੇ ਉਨ੍ਹਾਂ ਨੂੰ ਪਰਿਵਾਰਾਂ ਕੋਲ ਭੇਜ ਦਿੱਤਾ ਹੈ ਅਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸਪਾਅ ਸੈਂਟਰ ਦੇ ਮਾਲਕ ਅਮਿਤ ਕੁਮਾਰ ਵਾਸੀ ਪਾਣੀਪਤ ਹਰਿਆਣਾ ਅਤੇ ਮੈਨੇਜਰ ਦੀਪ ਵਾਸੀ ਹਰਿਆਣਾ ਦੇ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ। ਮੈਨੇਜਰ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਜਦੋਂ ਕਿ ਮਾਲਕ ਦੀ ਗ੍ਰਿਫ਼ਤਾਰੀ ਬਾਕੀ ਹੈ, ਜਿਸ ਨੂੰ ਜਲਦ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

# ਵਿਆਹ 'ਚ ਮਿਲੇ ਧੋਖੇ ਨੇ ਲਈ ਕੁੜੀ ਦੀ ਜਾਨ

ਮੋਹਾਲੀ, 12 ਜੂਨ (ਚ.ਨ.ਸ.): ਪ੍ਰੇਮੀ ਨਾਲ ਵਿਆਹ ਦੇ ਸੁਫ਼ਨੇ ਚਕਨਾਚੂਰ ਹੋਣ 'ਤੇ ਕੁੜੀ ਨੇ ਖ਼ੁਦਕੁਸ਼ੀ ਕਰ ਲਈ। ਬਾਬਾ ਬਕਾਲਾ ਦੀ ਵਸਨੀਕ 25 ਸਾਲਾ ਪ੍ਰਵੀਨ ਕੌਰ ਮੋਹਾਲੀ ਦੇ ਪਿੰਡ ਕੁੰਭੜਾ ਵਿਖੇ ਪੀ. ਜੀ.'ਚ ਰਹਿ ਰਹੀ ਸੀ, ਜਿੱਥੇ ਉਸ ਨੇ ਫ਼ਾਹਾ ਲੈ ਲਿਆ। ਮ੍ਰਿਤਕਾ ਦੇ ਚਾਚੇ ਸਰਵਣ ਸਿੰਘ ਦੀ ਸ਼ਿਕਾਇਤ ਦੇ ਆਧਾਰ 'ਤੇ ਪੁਲਿਸ ਨੇ ਮੁੰਡੇ ਖ਼ਿਲਾਫ਼ ਮਾਮਲਾ ਦਰਜ ਕਰ ਕੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਹੈ, ਜਿਸ ਦੀ ਪਛਾਣ ਸੁੱਖੀ ਵਜੋਂ ਹੋਈ ਹੈ। ਪ੍ਰਵੀਨ ਮੋਹਾਲੀ 'ਚ ਨੌਕਰੀ ਕਰਦੀ ਸੀ ਤੇ ਪਿਛਲੇ ਕੁੱਝ ਸਮੇਂ ਤੋਂ ਪਿੰਡ ਕੁੰਭੜਾ ਵਿਖੇ ਰਹਿ ਰਹੀ ਸੀ। ਉਸ ਦੀ ਦੋਸਤੀ ਨੌਜਵਾਨ ਸੁੱਖੀ ਨਾਲ ਸੀ, ਜੋ ਉਸ ਨਾਲ ਵਿਆਹ ਦੇ ਵਾਅਦੇ ਕਰਦਾ ਆ ਰਿਹਾ ਸੀ ਪਰ ਕੁੱਝ ਦਿਨ ਪਹਿਲਾਂ ਪ੍ਰਵੀਨ ਨੇ ਆਪਣੀ ਮਾਂ ਨੂੰ ਫੋਨ ਕਰ ਕੇ ਰੌਂਦਿਆਂ ਦੱਸਿਆ ਕਿ ਸੁੱਖੀ ਨੇ ਉਸ ਨੂੰ ਧੋਖਾ ਦਿੱਤਾ ਹੈ ਕਿਉਂਕਿ ਉਹ ਪਹਿਲਾਂ ਤੋਂ ਹੀ ਵਿਆਹ ਕਰ ਚੁੱਕਿਆ ਹੈ ਅਤੇ ਹੁਣ ਉਸ ਨਾਲ ਵਿਆਹ ਤੋਂ ਇਨਕਾਰ ਕਰ ਰਿਹਾ ਹੈ। ਪਰਿਵਾਰਕ ਮੈਂਬਰਾਂ ਨੇ ਪ੍ਰਵੀਨ ਨੂੰ ਘਰ ਵਾਪਸ ਆਉਣ ਲਈ ਕਿਹਾ ਪਰ ਉਹ ਹੌਸਲਾ ਹਾਰ ਚੁੱਕੀ ਸੀ। ਉਸ ਦੇ ਆਖ਼ਰੀ ਸ਼ਬਦ ਸਨ ਕਿ ਮੈਂ ਕਿਹੜੇ ਮੂੰਹ ਨਾਲ ਘਰ ਆਵਾਂ? ਕੁੱਝ ਘੰਟਿਆਂ ਬਾਅਦ ਰਾਤ 8 ਵਜੇ ਤੋਂ ਪਰਿਵਾਰ ਨੂੰ ਸੂਚਨਾ ਮਿਲੀ ਕਿ ਉਸ ਨੇ ਖ਼ੁਦਕੁਸ਼ੀ ਕਰ ਲਈ।

**ਕੁੜੀ ਦਾ ਮੋਬਾਈਲ ਫੋਰੈਂਸਿਕ ਜਾਂਚ ਲਈ ਭੇਜਿਆ : ਐਸ.ਐਚ.ਓ.**

ਐਸ. ਐਚ. ਓ. ਸਤਨਾਮ ਸਿੰਘ ਨੇ ਦੱਸਿਆ ਕਿ ਕੁੜੀ ਦੇ ਚਾਚੇ ਦੇ ਬਿਆਨਾਂ ਦੇ ਆਧਾਰ 'ਤੇ ਸੁੱਖੀ ਖ਼ਿਲਾਫ਼ ਧਾਰਾ 306 (ਮਰਨ ਲਈ ਮਜਬੂਰ ਕਰਨ) ਤਹਿਤ ਪਰਚਾ ਦਰਜ ਕਰ ਲਿਆ ਗਿਆ ਹੈ। ਲਾਸ਼ ਪੋਸਟਮਾਰਟਮ ਕਰਵਾਉਣ ਤੋਂ ਬਾਅਦ ਵਾਰਸਾਂ ਹਵਾਲੇ ਕਰ ਦਿੱਤੀ ਹੈ। ਪੁਲਿਸ ਸੁੱਖੀ ਦੀ ਭਾਲ ਕਰ ਰਹੀ ਹੈ ਤੇ ਪ੍ਰਵੀਨ ਦਾ ਮੋਬਾਇਲ ਫੋਰੈਂਸਿਕ ਜਾਂਚ ਲਈ ਭੇਜਿਆ ਗਿਆ ਹੈ, ਜਿਸ ਤੋਂ ਸਬੂਤ ਮਿਲਣ ਦੀ ਉਮੀਦ ਹੈ।

# ਸਿੱਖ ਪੰਥ ਦੇ ਮਹਾਨ ਵਿਦਵਾਨ ਤੇ ਪ੍ਰਸਿੱਧ ਪੰਜਾਬੀ ਸਾਹਿਤਕਾਰ ਭਾਈ ਵੀਰ ਸਿੰਘ ਦੀ 68ਵੀਂ ਬਰਸੀ ਮਨਾਈ

## ☛ਸੰਧਵਾਂ ਵੱਲੋਂ ਗੁਰੂਘਰ ਦੀ ਪ੍ਰਸਿੱਧ ਸ਼ਖ਼ਸੀਅਤ ਭਾਈ ਰੂਪ ਚੰਦ ਦੇ ਵਾਰਸਾਂ ਭਾਈ ਬੂਟਾ ਸਿੰਘ ਦੇ ਪਰਿਵਾਰ ਕੋਲ ਪਈਆਂ ਗੁਰੂ ਨਿਸ਼ਾਨੀਆਂ ਦੀ ਨੁਮਾਇਸ਼ ਦਾ ਉਦਘਾਟਨ

ਨਵੀਂ ਦਿੱਲੀ, 12 ਜੂਨ (ਚ.ਨ.ਸ.): ਸਿੱਖ ਪੰਥ ਦੇ ਮਹਾਨ ਵਿਦਵਾਨ ਤੇ ਪ੍ਰਸਿੱਧ ਪੰਜਾਬੀ ਸਾਹਿਤਕਾਰ ਭਾਈ ਵੀਰ ਸਿੰਘ ਦੀ 68ਵੀਂ ਬਰਸੀ ਮਨਾਉਂਦੇ ਹੋਏ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਭਾਈ ਵੀਰ ਸਿੰਘ ਦੀ ਘਾਲਣਾ ਨੂੰ ਯਾਦ ਕਰਦਿਆਂ ਕਿਹਾ ਕਿ ਅੰਗਰੇਜ਼ਾਂ ਹੱਥੋਂ ਸਿੱਖ ਰਾਜ ਖੁੱਸਣ ਜਾਣ ਪਿੱਛੋਂ ਆਪਣੀਆਂ ਲਿਖਤਾਂ, ਸਮਾਜਿਕ ਉੱਦਮਾਂ ਅਤੇ ਸਿੱਖ ਅਦਾਰੇ ਕਾਇਮ ਕਰਕੇ ਭਾਈ ਵੀਰ ਸਿੰਘ ਨੇ ਸਿੱਖ ਕੌਮ ਅੰਦਰ ਨਵੀਂ ਰੂਹ ਫੂਕ ਕੇ ਲਾਸਾਨੀ ਕਾਰਜ ਕੀਤਾ ਸੀ। ਇੱਥੋਂ ਦੇ ਭਾਈ ਵੀਰ ਸਿੰਘ ਸਾਹਿਤ ਸਦਨ, ਨੇੜੇ ਗੋਲ ਮਾਰਕਿਟ ਵਿਖੇ ਕਰਵਾਏ ਗਏ ਸਮਾਗਮ ਵਿੱਚ ਸ਼ਾਮਿਲ ਹੋਏ ਸੰਧਵਾਂ ਨੇ ਮਰਹੂਮ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੀ ਜੀਵਨ ਸਾਥਣ ਗੁਰਸ਼ਰਨ ਕੌਰ



ਨਾਲ ਮਿਲ ਕੇ ਭਾਈ ਵੀਰ ਸਿੰਘ ਦੀਆਂ ਕਿਤਾਬਾਂ ਵੀ ਜਾਰੀ ਕੀਤੀਆਂ। ਸਦਨ ਦੇ ਡਾਇਰੈਕਟਰ ਡਾ. ਮਹਿੰਦਰ ਸਿੰਘ ਨੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੀ ਸਦਨ ਨੂੰ ਦੇਣ ਦਾ ਜ਼ਿਕਰ ਕੀਤਾ। ਇਸ ਮੌਕੇ ਗੁਰਸ਼ਰਨ ਕੌਰ ਅਤੇ ਕੁਲਤਾਰ ਸਿੰਘ ਸੰਧਵਾਂ ਨੇ ਗੁਰੂ ਘਰ ਦੀ ਪ੍ਰਸਿੱਧ ਸ਼ਖ਼ਸੀਅਤ ਭਾਈ ਰੂਪ ਚੰਦ ਦੇ ਵਾਰਸਾਂ ਭਾਈ ਬੂਟਾ ਸਿੰਘ ਦੇ ਪਰਿਵਾਰ ਕੋਲ ਪਈਆਂ ਗੁਰੂ ਨਿਸ਼ਾਨੀਆਂ ਦੀ ਨੁਮਾਇਸ਼ ਦਾ ਉਦਘਾਟਨ ਕੀਤਾ ਗਿਆ। ਸ਼ੁਰੂਆਤ 'ਚ ਗੁਰੂ ਗ੍ਰੰਥ ਸਾਹਿਬ ਵਿਦਿਆ ਕੇਂਦਰ, ਮਹਿਰੌਲੀ ਦੇ ਵਿਦਿਆਰਥੀਆਂ ਅਤੇ ਦਰਬਾਰ ਸਾਹਿਬ ਦੇ ਕੀਰਤਨੀਏ ਭਾਈ ਸੰਦੀਪ ਸਿੰਘ ਦੇ ਜੱਥੇ ਨੇ ਗੁਰਬਾਣੀ ਦੇ ਰਸਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਜੋੜਿਆ। ਡਾ. ਦਵਿੰਦਰ ਸਿੰਘ ਸੈਂਡੀ, ਤਰਨਜੀਤ ਕੌਰ ਅਤੇ ਤਮਨਜੀਤ ਕੌਰ ਨੇ ਭਾਈ ਵੀਰ ਸਿੰਘ ਦੀਆਂ ਕਵਿਤਾਵਾਂ ਦੀ ਪੇਸ਼ਕਾਰੀ ਕੀਤੀ। ਭਾਈ ਵੀਰ ਸਿੰਘ ਦੇ ਖ਼ਾਨਦਾਨ 'ਚੋਂ ਡਾ. ਪੁਨੀਤਾ ਕੌਰ ਅਤੇ ਬੀਬੀ ਕੰਚਨ ਵੀ ਸ਼ਾਮਿਲ ਹੋਈਆਂ।

# 'ਆਪ' ਮਹਿਲਾ ਵਿੰਗ ਦੀ ਸਾਬਕਾ ਪ੍ਰਧਾਨ ਪ੍ਰੀਤੀ ਮਲਹੋਤਰਾ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ

## ☛ਸੁਖਬੀਰ ਸਿੰਘ ਬਾਦਲ ਨੇ ਆਪਣਿਆਂ ਤੇ ਬੇਗਾਨਿਆਂ ਨੂੰ ਮਨਾਉਣ ਦੀ ਮੁਹਿੰਮ ਕੀਤੀ ਸ਼ੁਰੂ

ਚੰਡੀਗੜ੍ਹ, 12 ਜੂਨ (ਚ.ਨ.ਸ.): ਹਾਲਾਂਕਿ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਅਜੇ ਦੂਰ ਹਨ, ਪਰ ਸਿਆਸੀ ਪਾਰਟੀਆਂ ਨੇ 2027 'ਤੇ ਕੇਂਦਰਿਤ ਹੁੰਦਿਆਂ ਅੰਦਰੋਂ-ਅੰਦਰੀ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਇਸ ਸਮੇਂ ਜਦੋਂ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਵਿਚ ਗੁੱਟਬਾਜ਼ੀ ਸਿਖ਼ਰ 'ਤੇ ਹੈ ਅਤੇ ਪਾਰਟੀ ਦੇ ਇਕ ਧੜੇ ਨੇ ਅਲੱਗ ਤੋਂ ਆਪਣੀ ਮੈਂਬਰਸ਼ਿਪ ਮੁਹਿੰਮ ਸ਼ੁਰੂ ਕੀਤੀ ਹੋਈ ਹੈ, ਤਾਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਰੁੱਸਿਆਂ ਨੂੰ ਮਨਾਉਣ ਅਤੇ ਦੂਜੀਆਂ ਪਾਰਟੀਆਂ ਦੇ ਆਗੂਆਂ ਨੂੰ ਅਕਾਲੀ ਦਲ ਵਿਚ ਸ਼ਾਮਲ ਕਰਨ ਦੀ ਮੁਹਿੰਮ ਆਰੰਭ ਕਰ ਦਿੱਤੀ ਹੈ। ਪਿਛਲੇ ਦਿਨ ਪਾਰਟੀ ਦੇ ਸੀਨੀਅਰ ਆਗੂ ਤੇ ਸਾਬਕਾ ਮੰਤਰੀ ਸੋਹਣ ਸਿੰਘ ਠੰਡਲ ਅਤੇ ਅਨਿਲ ਜੋਸ਼ੀ ਦੀ ਘਰ ਵਾਪਸੀ ਕਰਵਾਈ ਹੈ, ਉਥੇ ਬੁੱਧਵਾਰ ਨੂੰ



ਆਮ ਆਦਮੀ ਪਾਰਟੀ ਦੀ ਮਹਿਲਾ ਵਿੰਗ ਦੀ ਸਾਬਕਾ ਪ੍ਰਧਾਨ ਪ੍ਰੀਤੀ ਮਲਹੋਤਰਾ ਤੇ ਹੋਰਾਂ ਨੂੰ ਅਕਾਲੀ ਦਲ ਵਿਚ ਸ਼ਾਮਲ ਕਰ ਲਿਆ ਹੈ। ਪ੍ਰੀਤੀ ਮਲਹੋਤਰਾ ਦਾ ਅਕਾਲੀ ਦਲ ਵਿਚ ਸ਼ਾਮਲ ਹੋਣਾ ਹੁਕਮਰਾਨ ਧਿਰ ਆਪ ਲਈ ਵੱਡੇ ਝਟਕੇ ਤੋਂ ਘੱਟ ਨਹੀਂ ਹੈ। ਸੁਖਬੀਰ ਨੇ ਬੀਤੇ ਦਿਨ ਸਾਬਕਾ ਮੰਤਰੀ ਤੇ ਪਾਰਟੀ ਦੇ ਸਰਪ੍ਰਸਤ ਰਹੇ ਸੁਖਦੇਵ ਸਿੰਘ ਢੀਂਡਸਾ ਦੀ ਅੰਤਿਮ ਅਰਦਾਸ ਮੌਕੇ ਵੀ ਪੰਥਕ ਆਗੂਆਂ ਨੂੰ ਇਕੱਠੇ ਹੋਣ 'ਤੇ ਇੱਕ ਮੰਚ 'ਤੇ ਆਉਣ ਦੀ ਅਪੀਲ ਕੀਤੀ ਸੀ। ਆਮ ਤੌਰ 'ਤੇ ਹੁਕਮਰਾਨ ਧਿਰ ਤੋਂ ਸਿਆਸੀ ਆਗੂ ਘੱਟ ਹੀ ਮੂੰਹ ਮੋੜਦੇ ਹੁੰਦੇ ਹਨ। ਜਦੋਂ ਅਜੇ ਆਪ ਸਰਕਾਰ ਦਾ ਕਰੀਬ ਦੋ ਸਾਲ ਦਾ ਸਮਾਂ ਪਿਆ ਹੈ ਤਾਂ ਪਾਰਟੀ ਦੀ ਮਹਿਲਾ ਵਿੰਗ ਦੀ ਪ੍ਰਧਾਨ ਪ੍ਰੀਤੀ ਮਲਹੋਤਰਾ ਦਾ ਪਾਰਟੀ ਨੂੰ ਅਲਵਿਦਾ ਕਹਿਣਾ ਵੱਡਾ ਝਟਕਾ ਹੈ। ਕੁੱਝ ਦਿਨ ਪਹਿਲਾਂ ਲੁਧਿਆਣਾ ਦੇ ਨੇਤਾ ਕਮਲਜੀਤ ਸਿੰਘ ਕੜਵਲ ਵੀ ਆਪ ਛੱਡ ਕੇ ਕਾਂਗਰਸ ਵਿਚ ਸ਼ਾਮਲ ਹੋ ਗਏ ਸਨ। ਪ੍ਰੀਤੀ ਮਲਹੋਤਰਾ ਅਤੇ ਪਾਰਟੀ ਦੇ ਸਾਬਕਾ ਬੁਲਾਰੇ ਇਕਬਾਲ ਸਿੰਘ ਨੇ ਤਾਂ ਆਪ ਹਾਈਕਮਾਨ ਖ਼ਿਲਾਫ਼ ਮੋਰਚਾ ਖੋਲ੍ਹਿਆ ਹੋਇਆ ਹੀ ਹੈ। ਉਹ ਲਗਾਤਾਰ ਪਾਰਟੀਆਂ ਦੀਆਂ ਨੀਤੀਆਂ 'ਤੇ ਅਤੇ ਮੁੱਖ ਮੰਤਰੀ ਨੂੰ ਸਵਾਲ ਖੜ੍ਹੇ ਕਰ ਰਹੇ ਹਨ।

# ਅਨਾਜ ਮੰਡੀ ਸਰਹਿੰਦ 'ਚ ਮੱਕੀ ਦੀ ਫਸਲ ਦੀ ਖਰੀਦ ਸ਼ੁਰੂ: ਚੇਅਰਮੈਨ ਢਿੱਲੋਂ

ਫਤਹਿਗੜ੍ਹ ਸਾਹਿਬ, 12 ਜੂਨ (ਹਰਪ੍ਰੀਤ ਕੌਰ ਟਿਵਾਣਾ): ਸਰਹਿੰਦ ਅਨਾਜ ਮੰਡੀ ਵਿੱਚ ਮੱਕੀ ਦੀ ਫਸਲ ਦੀ ਖਰੀਦ ਵੇਚ ਦਾ ਜਾਇਜ਼ਾ ਲੈਣ ਲਈ ਮਾਰਕੀਟ ਕਮੇਟੀ ਸਰਹਿੰਦ ਫਤਿਹਗੜ੍ਹ ਸਾਹਿਬ ਦੇ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ ਨੇ ਕਿਹਾ ਕਿ ਮੰਡੀ ਵਿੱਚ ਸਰਕਾਰ ਵੱਲੋਂ ਮੱਕੀ ਦੀ ਫਸਲ ਬਹੁਤ ਬੇਹਤਰੀਨ ਢੰਗ ਨਾਲ ਹੋ ਰਹੀ ਹੈ। ਇਸ ਸੀਜ਼ਨ ਦੌਰਾਨ ਹੁਣ ਤੱਕ ਲੱਗਭੱਗ 3 ਹਜ਼ਾਰ ਕੁਇੰਟਲ ਮੱਕੀ ਫ਼ਸਲ ਵਿਕਣ ਲਈ ਆ ਚੁੱਕੀ ਹੈ। ਅੱਜ 800 ਕੁਇੰਟਲ ਫ਼ਸਲ ਵਿਕਣ ਲਈ ਆਈ ਹੈ ਜੋ ਸਾਰੀ ਫ਼ਸਲ ਵਿਉਪਾਰੀਆਂ ਵੱਲੋਂ 21-22 ਸੌ ਰੁਪਏ ਪ੍ਰਤੀ ਕੁਇੰਟਲ ਦੇ ਖ਼ਰੀਦ ਕੀਤੀ ਗਈ ਹੈ। ਇਸ ਮੌਕੇ ਬੋਲਦਿਆਂ ਚੇਅਰਮੈਨ



ਗੁਰਵਿੰਦਰ ਸਿੰਘ ਢਿੱਲੋਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਇਹ ਤੀਜੀ ਫ਼ਸਲ ਵੱਜੋਂ ਸਾਰੇ ਕਿਸਾਨ ਭਰਾਵਾਂ ਨੂੰ ਬੀਜ ਕੇ ਵਧੀਆ ਲਾਹੇਵੰਦਾ ਖੇਤੀ ਲਾਭ ਕਮਾਇਆ ਜਾ ਸਕਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਆੜ੍ਹਤੀਆਂ ਦੇ ਜ਼ਿਲ੍ਹਾ ਪ੍ਰਧਾਨ ਸਾਧੂ ਰਾਮ, ਸਰਹਿੰਦ ਮੰਡੀ ਪ੍ਰਧਾਨ ਤਰਸੇਮ ਉੱਪਲ, ਜ਼ਿੰਮੀਂਦਾਰ ਮਨਿੰਦਰ ਸਿੰਘ, ਮੰਡੀ ਸੁਪਰਵਾਈਜ਼ਰ ਦਿਨੇਸ਼ ਗੋਇਲ, ਮੰਡੀ ਕਲਰਕ ਗੁਰਵਿੰਦਰ ਸਿੰਘ ਗੁਰੀ, ਕਿਸਾਨ ਤਰਨਪਾਲ ਸਿੰਘ ਵੀ ਹਾਜ਼ਰ ਸਨ।

# 43 ਡਿਗਰੀ ਤਾਪਮਾਨ, ਸੜਕਾਂ ਤੇ ਬਜ਼ਾਰ ਦੇਖੇ ਸੁੰਨੇ

ਭੋਗਪੁਰ, 12 ਜੂਨ (ਅਮਰਜੀਤ ਸਿੰਘ ਸੈਣੀ): ਤਾਪਮਾਨ ਵਿੱਚ ਲਗਾਤਾਰ ਵਾਧਾ ਹੋਣ ਲੱਗਾ, ਗਰਮੀ ਦਾ ਕਹਿਰ ਜ਼ੋਰਾਂ 'ਤੇ ਚੱਲ ਰਿਹਾ। ਭੋਗਪੁਰ ਬਜ਼ਾਰਾਂ ਵਿੱਚ ਸੁੰਨਮ ਸਾਨ ਰਹੀ, ਕਹਿਰ ਦੀ ਗਰਮੀ ਕਰਕੇ ਲੋਕ ਬਾਹਰ ਨਿਕਲਣ ਤੋਂ ਡਰਨ ਲੱਗੇ। ਸੜਕਾਂ ਸੁੰਨੀਆਂ ਦੇਖੀਆਂ ਗਈਆਂ ਜਲੰਧਰ ਤੋਂ ਆਏ ਮੋਟਰਸਾਈਕਲ ਸਵਾਰ ਬਿੱਟੂ ਨੇ ਦੱਸਿਆ ਕਿ ਉਹ ਜਲੰਧਰ ਤੋਂ ਆਪਣੀ ਮੋਟਰਸਾਈਕਲ 'ਤੇ ਆ ਰਹੇ ਸਨ ਤਾਂ ਅੱਗ ਵਾਂਗ ਧੁੱਪ ਪੈਣ ਕਰਕੇ ਉਹ ਰਸਤੇ ਵਿੱਚ ਬੇਹੋਸ਼ ਹੋ ਗਏ ਸਨ। ਆਸ ਪਾਸ ਲੋਕਾਂ ਨੇ ਉਸ ਦੇ ਸਿਰ ਵਿੱਚ ਪਾਣੀ ਪਾਇਆ ਤਾਂ ਉਸ ਨੂੰ ਹੋਸ਼ ਆਇਆ। ਉਹ ਹੌਲੀ ਹੌਲੀ ਭੋਗਪੁਰ ਪਹੁੰਚੇ । ਅੱਜ ਦਾ ਤਾਪਮਾਨ ਭੋਗਪੁਰ ਇਲਾਕੇ ਵਿੱਚ ਤਕਰੀਬਨ 43 ਡਿਗਰੀ ਰਿਹਾ। ਦੁਕਾਨਾਂ ਦੇ ਕੰਮ ਕਾਜ ਵੀ ਠੱਪ ਹੋਏ । ਲੋਕਾਂ ਦਾ ਘਰਾਂ ਵਿੱਚੋਂ ਨਿਕਲਣਾ ਮੁਸ਼ਕਲ ਹੋ ਗਿਆ।

# ਯੁੱਧ ਨਸ਼ਿਆਂ ਵਿਰੁੱਧ: ਘੁੱਲੂਮਾਜਰਾ 'ਚ ਨਸ਼ਾ ਤਸਕਰ ਵੱਲੋਂ ਕੀਤੀ ਨਾਜਾਇਜ਼ ਉਸਾਰੀ ਢਾਹੀ



ਫ਼ਤਹਿਗੜ੍ਹ ਸਾਹਿਬ, 12 ਜੂਨ (ਨਰਿੰਦਰ ਸਿੰਘ): ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ ਮੁਹਿੰਮ' ਤਹਿਤ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਨਸ਼ਾ ਤਸਕਰਾਂ ਵਿਰੁੱਧ ਜ਼ਿਲ੍ਹਾ ਪੁਲਿਸ ਤੇ ਪ੍ਰਸ਼ਾਸਨ ਵੱਲੋਂ ਜੰਗੀ ਪੱਧਰ 'ਤੇ ਕਾਰਵਾਈ ਜਾਰੀ ਹੈ। ਇਸੇ ਲੜੀ ਤਹਿਤ ਅੱਜ ਜ਼ਿਲ੍ਹਾ ਪੁਲਿਸ ਤੇ ਪ੍ਰਸ਼ਾਸਨ ਵੱਲੋਂ ਐਸ.ਐਸ.ਪੀ ਸ਼ੁਭਮ ਅਗਰਵਾਲ ਦੀ ਮੌਜੂਦਗੀ ਵਿੱਚ ਅਮਲੋਹ ਦੇ ਪਿੰਡ ਘੁੱਲੂਮਾਜਰਾ ਵਿਖੇ ਨਸ਼ਾ ਤਸਕਰ ਦੁਆਰਾ ਕੀਤੀ ਗਈ ਨਜਾਇਜ਼ ਉਸਾਰੀ ਨੂੰ ਢਾਹੁਣ ਦੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਇਸ ਮੌਕੇ ਐਸ.ਐਸ.ਪੀ ਸ਼ੁਭਮ ਅਗਰਵਾਲ ਨੇ ਦੱਸਿਆ ਕਿ ਸਲਾਮਦੀਨ ਨਾਮ ਦੇ ਨਸ਼ਾ ਤਸਕਰ ਨੇ ਆਪਣੀ ਕਾਲੀ ਕਮਾਈ ਨਾਲ ਘੁੱਲੂਮਾਜਰਾ ਵਿੱਚ ਨਾਜਾਇਜ਼ ਉਸਾਰੀ ਕੀਤੀ ਹੋਈ ਸੀ ਅਤੇ ਗ੍ਰਾਮ ਪੰਚਾਇਤ ਵੱਲੋਂ ਪ੍ਰਸ਼ਾਸਨ ਦੇ ਧਿਆਨ ਵਿੱਚ ਇਹ ਮਾਮਲਾ ਲਿਆਂਦਾ ਗਿਆ ਅਤੇ ਇਸ ਸਬੰਧੀ ਪੂਰੀ ਪ੍ਰਕਿਰਿਆ ਨੂੰ ਅਪਣਾਉਂਦੇ ਹੋਏ ਅੱਜ ਇਹ ਕਾਰਵਾਈ ਕਰਕੇ ਮਾੜੇ ਅਨਸਰਾਂ ਨੂੰ ਸਖਤ ਸੁਨੇਹਾ ਦਿੱਤਾ ਗਿਆ ਹੈ ਕਿ ਉਹ ਨਸ਼ਿਆਂ ਦਾ ਕਾਰੋਬਾਰ ਮੁਕੰਮਲ ਤੌਰ ਉੱਤੇ ਛੱਡ ਦੇਣ ਅਤੇ ਭਵਿੱਖ ਵਿੱਚ ਜੇਕਰ ਕੋਈ ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਦਾ ਪਾਇਆ ਗਿਆ ਤਾਂ ਉਸ ਨੂੰ ਬਖਸ਼ਿਆ ਨਹੀਂ ਜਾਵੇਗਾ। ਸ਼੍ਰੀ ਅਗਰਵਾਲ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਡੀ. ਜੀ.ਪੀ ਗੌਰਵ ਯਾਦਵ ਦੇ ਦਿਸ਼ਾ ਨਿਰਦੇਸ਼ਾਂ ਹੇਠ ਇਸ ਤੋਂ ਪਹਿਲਾਂ ਵੀ ਵਿਧਾਨ ਸਭਾ ਹਲਕਾ ਅਮਲੋਹ ਅੰਦਰ ਤਿੰਨ ਵਾਰ ਅਤੇ ਹਲਕਾ ਬਸੀ ਪਠਾਣਾ ਵਿਚ ਇਕ ਵਾਰ ਨਸ਼ਾ ਤਸਕਰਾਂ ਦੀਆਂ ਕਾਲੀ ਕਮਾਈ ਨਾਲ ਬਣਾਈਆਂ ਜਾਇਦਾਦਾਂ ਨੂੰ ਢਹਿ ਢੇਰੀ ਕੀਤਾ ਜਾ ਚੁੱਕਾ ਹੈ। ਐਸ.ਐਸ.ਪੀ ਨੇ ਦੱਸਿਆ ਕਿ ਸਲਾਮਦੀਨ ਨਾਂ ਦੇ ਇਸ ਵਿਅਕਤੀ ਖ਼ਿਲਾਫ 3 ਕੇਸ ਦਰਜ ਹਨ ਤੇ ਇਕ ਕੇਸ ਮਈ ਮਹੀਨੇ ਵਿੱਚ ਹੀ ਨਸ਼ਾ ਤਸਕਰੀ ਦਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਜ਼ਮੀਨ ਉਤੇ ਕੀਤੇ ਨਜਾਇਜ਼ ਕਬਜ਼ੇ ਨੂੰ ਤੋੜਨ ਦੀ ਕਾਰਵਾਈ ਦੌਰਾਨ ਪੁਲਿਸ ਵੱਲੋਂ ਅਮਨ ਤੇ ਕਾਨੂੰਨ ਦੀ ਸਥਿਤੀ ਕਾਇਮ ਰੱਖੀ ਗਈ। ਇਸ ਮੌਕੇ ਬੁਲਡੋਜ਼ਰ ਰਾਹੀਂ ਨਜਾਇਜ਼ ਉਸਾਰੀ ਨੂੰ ਢਾਹੁਣ ਦੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਇਸ ਮੌਕੇ ਐਸ.ਪੀ ਹਰਵੰਤ ਕੌਰ, ਡੀਐਸਪੀ ਗੁਰਦੀਪ ਸਿੰਘ, ਮੰਡੀ ਗੋਬਿੰਦਗੜ੍ਹ ਪੁਲਿਸ ਥਾਣਾ ਦੇ ਇੰਚਾਰਜ ਮਨਪ੍ਰੀਤ ਸਿੰਘ ਤੇ ਅਮਲੋਹ ਪੁਲਿਸ ਥਾਣਾ ਦੇ ਮੁਲਾਜ਼ਮ ਵੀ ਵੱਡੀ ਗਿਣਤੀ ਵਿੱਚ ਗਮੌਜੂਦ ਸਨ।

# ਸੰਜੀਵ ਅਰੋੜਾ ਭਾਰੀ ਬਹੁਮਤ ਨਾਲ ਜਿੱਤ ਹਾਸਲ ਕਰਨਗੇ: ਜੀਤ ਲਾਲ ਭੱਟੀ



ਭੋਗਪੁਰ, 12 ਜੂਨ (ਅਮਰਜੀਤ ਸਿੰਘ ਸੈਣੀ): ਲੁਧਿਆਣਾ ਪੱਛਮੀ ਜ਼ਿਮਨੀ ਚੋਣ ਵਾਰਡ ਨੰ.60 ਵਿਖੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਦੇ ਹੱਕ ਵਿੱਚ ਚੋਣ ਪ੍ਰਚਾਰ ਮੌਕੇ ਹਲਕਾ ਆਦਮਪੁਰ ਤੋਂ ਜੀਤ ਲਾਲ ਭੱਟੀ ਹਲਕਾ ਇੰਚਾਰਜ/ਡਾਇਰੈਕਟਰ ਪਨਬਸ ਪੰਜਾਬ, ਬਰਕਤ ਰਾਮ ਚੇਅਰਮੈਨ ਮਾਰਕੀਟ ਕਮੇਟੀ ਭੋਗਪੁਰ ਦੀ ਅਗਵਾਈ ਹੇਠ ਜਥਾ ਰਵਾਨਾ ਹੋਇਆ, ਜੀਤ ਲਾਲ ਭੱਟੀ ਨੇ ਕਿਹਾ ਕਿ ਸੰਜੀਵ ਅਰੋੜਾ ਇਮਾਨਦਾਰ ਅਤੇ ਸੂਝਵਾਨ ਇਨਸਾਨ ਹਨ। ਸੰਜੀਵ ਅਰੋੜਾ ਭਾਰੀ ਬਹੁਮਤ ਨਾਲ ਜਿੱਤ ਹਾਸਲ ਕਰਨਗੇ। ਇਸ ਮੌਕੇ 'ਤੇ ਸੀਨੀਅਰ ਆਗੂ ਐਡਵੋਕੇਟ ਅਮਰੀਕ ਸਿੰਘ ਸੈਣੀ, ਮਦਨ ਸਿੰਘ ਜ਼ਿਲ੍ਹਾ ਦਿਹਾਤੀ ਸੈਕਟਰੀ, ਬਲਾਕ ਪ੍ਰਧਾਨ ਸਤਨਾਮ ਸਿੰਘ ਮਨਕੋਟੀਆ, ਬਲਾਕ ਪ੍ਰਧਾਨ ਬਲਵਿੰਦਰ ਭੰਡਾਰੀ, ਬਲਾਕ ਪ੍ਰਧਾਨ ਪਰਮਜੀਤ ਪੰਮਾ, ਬਲਾਕ ਪ੍ਰਧਾਨ ਪ੍ਰਦੀਪ ਸਿੰਘ, ਬਲਾਕ ਪ੍ਰਧਾਨ ਭੁਪਿੰਦਰ ਦੇਵ ਆਦਿ ਹਾਜ਼ਰ ਸਨ।

# ਦੁਰਗਾ ਕਲੋਨੀ ਦੇ ਵਸਨੀਕਾਂ ਨੂੰ ਲੰਬੀ ਉਡੀਕ ਤੋਂ ਬਾਅਦ ਮਿਲੀ ਰਾਹਤ, ਨਵੀਂ ਪਾਈਪ ਲਾਈਨ ਪ੍ਰੋਜੈਕਟ ਦੀ ਸ਼ੁਰੂਆਤ



ਫਾਜ਼ਿਲਕਾ, 12 ਜੂਨ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਵਾਰਡ ਨੰਬਰ 21 ਦੇ ਇੰਚਾਰਜ ਅਜੈ ਸਚਦੇਵਾ ਨੇ ਦੁਰਗਾ ਕਲੋਨੀ ਦੇ ਨਿਵਾਸੀਆਂ ਨੂੰ ਲੰਬੇ ਸਮੇਂ ਤੋਂ ਚੱਲ ਰਹੀ ਪਾਣੀ ਅਤੇ ਸੀਵਰੇਜ ਦੀ ਸਮੱਸਿਆ ਤੋਂ ਰਾਹਤ ਦਿਵਾਉਣ ਲਈ ਮਹੱਤਵਪੂਰਨ ਕਦਮ ਚੁੱਕਿਆ ਹੈ। ਉਨ੍ਹਾਂ ਦੀ ਅਗਵਾਈ ਵਿੱਚ ਬੀਤੇ ਦਿਨੀਂ ਦੁਰਗਾ ਕਲੋਨੀ ਵਿੱਚ ਪਾਣੀ ਦੀ ਸਪਲਾਈ ਅਤੇ ਸੀਵਰੇਜ ਸਿਸਟਮ ਦੀ ਪਾਈਪ ਲਾਈਨ ਦਾ ਕੰਮ ਸ਼ੁਰੂ ਕਰਵਾਇਆ ਗਿਆ। ਇਹ ਕੰਮ ਵਾਰਡ ਨੰਬਰ 21 ਦੀ ਕੌਂਸਲਰ ਅਤੇ ਆਮ ਆਦਮੀ ਪਾਰਟੀ ਮਹਿਲਾ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਪੂਜਾ ਲੂਥਰਾ ਸਚਦੇਵਾ ਦੀ ਗੈਰਹਾਜ਼ਰੀ ਵਿੱਚ ਸ਼ੁਰੂ ਕੀਤਾ ਗਿਆ, ਜੋ ਵਿਧਾਨ ਸਭਾ ਹਲਕਾ ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣਾਂ ਦੀ ਡਿਊਟੀ ਲਈ ਗਏ ਹੋਏ ਹਨ। ਅਜੈ ਸਚਦੇਵਾ ਨੇ ਦੱਸਿਆ ਕਿ ਦੁਰਗਾ ਕਲੋਨੀ ਦੇ ਨਿਵਾਸੀਆਂ ਨੂੰ ਲੰਬੇ ਸਮੇਂ ਤੋਂ ਪਾਣੀ ਦੀ ਕਮੀ ਅਤੇ ਸੀਵਰੇਜ ਸਿਸਟਮ ਦੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਖਾਸ ਤੌਰ 'ਤੇ ਇਲਾਕੇ ਵਿੱਚ ਪਾਣੀ ਦੀ ਸਪਲਾਈ ਅਤੇ ਸੀਵਰੇਜ ਸਿਸਟਮ ਦੀਆਂ ਸਮੱਸਿਆਵਾਂ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਉਨ੍ਹਾਂ ਨੇ ਕਿਹਾ ਕਿ ਇਸ ਸਮੱਸਿਆ ਨੂੰ ਹੱਲ ਕਰਨ ਲਈ ਪਾਈਪ ਲਾਈਨ ਦਾ ਕੰਮ ਸ਼ੁਰੂ ਕਰਨਾ ਜ਼ਰੂਰੀ ਸੀ, ਜੋ ਹੁਣ ਪੂਰੇ ਜ਼ੋਰ-ਸ਼ੋਰ ਨਾਲ ਚੱਲ ਰਿਹਾ ਹੈ। ਇਹ ਪਹਿਲਕਦਮੀ ਆਮ ਆਦਮੀ ਪਾਰਟੀ ਦੀ ਲੋਕਾਂ ਦੀਆਂ ਮੁਸ਼ਕਲਾਂ ਨੂੰ ਹੱਲ ਕਰਨ ਦੀ ਵਚਨਬੱਧਤਾ ਦਾ ਹਿੱਸਾ ਹੈ। ਅਜੈ ਸਚਦੇਵਾ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਦਾ ਮੁੱਖ ਉਦੇਸ਼ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਹੈ ਅਤੇ ਇਸ ਪ੍ਰੋਜੈਕਟ ਦੇ ਸ਼ੁਰੂ ਹੋਣ ਨਾਲ ਦੁਰਗਾ ਕਲੋਨੀ ਦੇ ਵਸਨੀਕਾਂ ਨੂੰ ਜਲਦੀ ਹੀ ਬਿਹਤਰ ਸਹੂਲਤਾਂ ਮਿਲਣਗੀਆਂ।

# ਭਾਗਵਤ ਸਪਤਾਹ ਕੰਜਕ ਪੂਜਨ ਤੇ ਵਿਸ਼ਾਲ ਭੰਡਾਰੇ ਨਾਲ ਸਮਾਪਤ

## ☛ਸ਼ਹਿਰ ਦੀਆਂ ਧਾਰਮਿਕ ਸੰਸਥਾਵਾਂ ਤੋਂ ਇਲਾਵਾ ਸੰਤ-ਮਹਾਂਪੁਰਸ਼ਾਂ ਤੇ ਸੰਗਤਾਂ ਨੇ ਕੀਤੀ ਸ਼ਿਰਕਤ

ਅਮਲੋਹ, 12 ਜੂਨ (ਜਸਵੰਤ ਸਿੰਘ): ਸ਼੍ਰੀਮਦ ਭਾਗਵਤ ਕਥਾ ਸਿੱਧ ਬਾਬਾ ਰੋੜੀ ਵਾਲੇ ਨਜ਼ਦੀਕ ਬੀਡੀਪੀਓ ਦਫ਼ਤਰ ਚੈਹਿਲਾ ਰੋਡ ਅਮਲੋਹ ਉਪਰ ਸਮਾਪਤ ਹੋਣ ਉਪਰੰਤ ਅਗਲੇ ਦਿਨ ਵਿਸ਼ਾਲ ਭੰਡਾਰਾ ਕੀਤਾ ਗਿਆ। ਇਸ ਮੌਕੇ ਸ਼ਰਧਾਲੂਆਂ ਅਤੇ ਰਾਹਗੀਰਾਂ ਦੀ ਸਹੂਲਤ ਲਈ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ ਅਤੇ ਸ਼ਰਧਾਲੂਆਂ ਲਈ



ਕੜ੍ਹਾਹ, ਪ੍ਰਸ਼ਾਦਾ, ਸਬਜ਼ੀ, ਦਾਲ ਆਦਿ ਦਾ ਅਤੁੱਟ ਲੰਗਰ ਚਲਾਇਆ ਗਿਆ। ਲੰਗਰ ਦੀ ਸ਼ੁਰੂਆਤ ਤੋਂ ਪਹਿਲਾਂ ਗਊ ਸੇਵਾ ਸੰਮਤੀ ਅਮਲੋਹ ਦੇ ਪ੍ਰਧਾਨ, ਸ਼੍ਰੋਮਣੀ ਅਤੇ ਵੈਟਰਨ ਪੱਤਰਕਾਰ ਭੂਸ਼ਨ ਸੂਦ, ਸਰਪਰਸਤ ਪ੍ਰੇਮ ਚੰਦ ਸ਼ਰਮਾ, ਜਨਰਲ ਸਕੱਤਰ ਮਾਸਟਰ ਰਜੇਸ਼ ਕੁਮਾਰ, ਜੁਆਇੰਟ ਸਕੱਤਰ ਸੁੰਦਰ ਝੱਟਾ, ਖਜ਼ਾਨਚੀ ਸ਼ਿਵ ਕੁਮਾਰ ਗੋਇਲ, ਮਾਸਟਰ ਸੁਭਾਸ਼ ਜਿੰਦਲ ਸਮੇਤ ਸ਼ਹਿਰ ਦੀਆਂ ਵੱਖ-ਵੱਖ ਧਾਰਮਿਕ ਸੰਸਥਾਵਾਂ ਦੇ ਕਾਰਕੁੰਨਾਂ ਨੇ ਭਾਗ ਲਿਆ ਤੇ ਕੰਜਕ ਪੂਜਨ ਦੀ ਰਸਮ ਅਦਾ ਕੀਤੀ। ਸਿੱਧ ਬਾਬਾ ਰੋੜੀ ਵਾਲੇ ਸਥਾਨ ਦੇ ਗੱਦੀ ਨਸ਼ੀਨ ਸਵਾਮੀ ਰਜਿੰਦਰ ਪੁਰੀ ਜੂਨਾ ਅਖਾੜਾ ਨੇ ਸਮੂਹ ਸਾਧੂ ਮਹਾਂਪੁਰਸ਼ਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ ਜਦੋਂ ਕਿ ਵੈਦਿਕ ਸਨਾਤਨ ਭਵਨ ਅਮਲੋਹ ਦੇ ਸੰਚਾਲਕ ਸ਼ਾਸਤਰੀ ਗੁਰੂ ਦੱਤ ਸ਼ਰਮਾ ਨੇ ਪੂਜਾ ਦੀ ਰਸਮ ਕਰਵਾਈ। ਉਥੇ ਕਥਾ ਵਾਚਕ ਸਵਾਮੀ ਸ਼੍ਰੀ ਰਾਮਾਨੰਦ ਸਾਰਥੀ ਵਰਿੰਦਾਬਨ ਵਾਲਿਆਂ ਨੇ ਹਨੂੰਮਾਨ ਚਾਲੀਸਾ ਦਾ ਪਾਠ ਕੀਤਾ ਅਤੇ ਭਗਵਾਨ ਸ਼੍ਰੀ ਰਾਮ ਅਤੇ ਹਰੀ ਦੀ ਮਹਿਮਾ ਦਾ ਗੁਣਗਾਣ ਕੀਤਾ। ਸਮਾਗਮ ਵਿਚ ਸਮਾਜ ਸੇਵੀ ਗਿਆਨ ਸਿੰਘ ਲੱਲੋ, ਸ਼੍ਰੀ ਰਾਮ ਕਲਾ ਮੰਚ ਅਮਲੋਹ ਦੇ ਪ੍ਰਧਾਨ ਗੁਲਸ਼ਨ ਤੱਗੜ੍ਹ, ਸ਼੍ਰੀ ਸੀਤਲਾ ਮਾਤਾ ਵੈਲਫ਼ੇਅਰ ਟਰੱਸਟ ਦੇ ਚੇਅਰਮੈਨ ਵਿਨੈ ਪੁਰੀ, ਸ਼੍ਰੀ ਰਾਮ ਮੰਦਰ ਟਰੱਸਟ ਦੇ ਰਾਜਪਾਲ ਗਰਗ, ਬਾਬਾ ਬੰਦਾ ਸਿੰਘ ਬਹਾਦਰ ਕਲੱਬ ਅਮਲੋਹ ਦੇ ਪ੍ਰਧਾਨ ਡਾ. ਜਸਵੰਤ ਸਿੰਘ ਅਲਾਦਾਦਪੁਰਾ, ਕੇਵਲ ਕ੍ਰਿਸ਼ਨ ਕਾਲਾ, ਸਾਬਕਾ ਸਰਪੰਚ ਨਰਿੰਦਰ ਸਿੰਘ ਅਲਾਦਾਦਪੁਰ, ਮਹੰਤ ਓਮ ਗਿਰੀ ਖਨਿਆਣ, ਸਤਵੀਰ ਸਿੰਘ, ਬਲਰਾਮ ਦਾਸ ਅਤੇ ਸਵਰਨਜੀਤ ਸਿੰਘ ਆਦਿ ਹਾਜ਼ਰ ਸਨ।

# ਖ਼ਾਲਸਾ ਕਾਲਜ ਵਿਖੇ ਸਮਾਰਟ ਕਲਾਸ ਰੂਮ ਦਾ ਸ਼੍ਰੋਮਣੀ ਕਮੇਟੀ ਦੇ ਸਕੱਤਰ ਸਿੱਖਿਆ ਇੰਜੀ. ਸੁਖਮਿੰਦਰ ਸਿੰਘ ਨੇ ਕੀਤਾ ਉਦਘਾਟਨ

ਸ੍ਰੀ ਅਨੰਦਪੁਰ ਸਾਹਿਬ, 12 ਜੂਨ (ਤਰਲੋਚਨ ਸਿੰਘ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਅੱਜ ਵਿਦਿਆਰਥੀਆਂ ਲਈ ਬਣਾਏ ਗਏ ਨਵੇਂ ਸਮਾਰਟ ਕਲਾਸ ਰੂਮ ਦਾ ਉਦਘਾਟਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਵਿੱਦਿਆ ਤੇ ਡਾਇਰੈਕਟਰ ਵਿੱਦਿਆ ਇੰਜੀਨੀਅਰ ਸੁਖਮਿੰਦਰ ਸਿੰਘ ਵੱਲੋਂ ਕੀਤਾ ਗਿਆ। ਇਸ ਮੌਕੇ ਉਨ੍ਹਾਂ ਜਾਣਕਾਰੀ ਦਿੰਦਿਆਂ ਕਿਹਾ ਕਿ ਐਚ.ਡੀ.ਐਫ.ਸੀ. ਬੈਂਕ ਦੇ ਸਹਿਯੋਗ ਨਾਲ ਇਹ ਸਮਾਰਟ ਕਲਾਸ ਰੂਮ ਤਿਆਰ ਕੀਤਾ ਗਿਆ ਹੈ ਤੇ ਇਸਨੂੰ ਬਣਾਉਣ 'ਤੇ ਤਕਰੀਬਨ 8 ਲੱਖ ਰੁਪਏ ਦਾ ਖਰਚ ਆਇਆ ਹੈ। ਇੰਜੀਨੀਅਰ ਸੁਖਮਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਪਣੇ ਵਿਦਿਅਕ ਅਦਾਰਿਆਂ ਨੂੰ ਉੱਚਾ ਚੁੱਕਣ ਲਈ ਬੁਨਿਆਦੀ ਢਾਂਚੇ ਨੂੰ ਸਮੇਂ ਦਾ ਹਾਣੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਲੱਖਾਂ ਰੁਪਏ ਖਰਚ ਕਰਕੇ ਅਜਿਹੇ ਸਮਾਰਟ ਕਲਾਸ ਰੂਮ ਸ਼੍ਰੋਮਣੀ ਕਮੇਟੀ ਦੇ ਵੱਖ ਵੱਖ ਸਕੂਲਾਂ ਅਤੇ



ਕਾਲਜਾਂ ਵਿੱਚ ਬਣਾਏ ਗਏ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਵਿਦਿਅਕ ਢਾਂਚੇ ਨੂੰ ਮਜ਼ਬੂਤ ਕਰਨ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਾਲਜ ਦੇ ਸਟਾਫ ਤੇ ਵਿਦਿਆਰਥੀਆਂ ਨੂੰ ਨਵੇਂ ਸਮਾਰਟ ਕਲਾਸ ਰੂਮ ਲਈ ਜਿੱਥੇ ਮੁਬਾਰਕਾਂ ਦਿੱਤੀਆਂ, ਉੱਥੇ ਉਹਨਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਉੱਚ ਪੱਧਰੀ ਤਕਨੀਕ ਨਾਲ ਲੈਸ ਸਮਾਰਟ ਰੂਮ ਤੇ ਲੈਬਾਂ ਬਣਾ ਕੇ ਵਿਦਿਆਰਥੀਆਂ ਨੂੰ ਦਿੱਤੇ ਜਾਣਗੇ। ਇਸ ਤੋਂ ਪਹਿਲਾਂ ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਸਕੱਤਰ ਸਿੱਖਿਆ ਦਾ ਕਾਲਜ ਪੁੱਜਣ 'ਤੇ ਨਿੱਘਾ ਸਵਾਗਤ ਕੀਤਾ। ਉਨ੍ਹਾਂ ਬੀਤੇ ਸਮੇਂ 'ਚ ਕਾਲਜ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੀਆਂ ਗਈਆਂ ਪ੍ਰਾਪਤੀਆਂ ਸਬੰਧੀ ਜਾਣਕਾਰੀ ਵੀ ਦਿੱਤੀ। ਡਾ. ਜਸਵੀਰ ਸਿੰਘ ਨੇ ਨਵੇਂ ਸਮਾਰਟ ਕਲਾਸ ਰੂਮ ਦੀ ਉਸਾਰੀ ਲਈ ਸਕੱਤਰ ਸਿੱਖਿਆ ਦਾ ਵਿਸ਼ੇਸ਼ ਧੰਨਵਾਦ ਕੀਤਾ। ਇਸ ਮੌਕੇ ਕਾਲਜ ਦਾ ਸਮੁੱਚਾ ਸਟਾਫ ਵਿਸ਼ੇਸ਼ ਤੌਰ 'ਤੇ ਮੌਜੂਦ ਰਿਹਾ।

# ਆਰੀਆ ਸਕੂਲ 'ਚ ਮਨਾਇਆ ਵਿਸ਼ਵ ਵਾਤਾਵਰਨ ਦਿਵਸ

ਮੰਡੀ ਗੋਬਿੰਦਗੜ੍ਹ, 12 ਜੂਨ (ਸੂਦ): ਐਸਐਨਏਐਸ ਆਰੀਆ ਸਕੂਲ ਮੰਡੀ ਗੋਬਿੰਦਗੜ੍ਹ ਵਿਖੇ ਵਿਸ਼ਵ ਵਾਤਾਵਰਣ ਦਿਵਸ ਮੌਕੇ 'ਬੀਟ ਪਲਾਸਟਿਕ ਪੋਲਿਊਸ਼ਨ' ਇੱਕ ਵਾਤਾਵਰਣ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ, ਜਿਸਦਾ ਉਦੇਸ਼ ਵਿਦਿਆਰਥੀਆਂ ਨੂੰ ਵਾਤਾਵਰਣ ਸੁਰੱਖਿਆ ਪ੍ਰਤੀ ਜਾਗਰੂਕ ਕਰਨਾ ਅਤੇ ਪਲਾਸਟਿਕ ਪ੍ਰਦੂਸ਼ਣ ਵਿਰੁੱਧ ਸੁਨੇਹਾ ਦੇਣਾ ਸੀ। ਪ੍ਰਿੰਸੀਪਲ ਹਿੰਮਤ ਸਿੰਘ ਹੁੰਦਲ ਨੇ ਦੱਸਿਆ ਕਿ ਵਰਿੰਦਰ ਸਿੰਘ ਅਤੇ ਸੰਜੀਵ ਕੁਮਾਰ ਦੀ ਅਗਵਾਈ ਹੇਠ 'ਬੀਟ ਪਲਾਸਟਿਕ ਪ੍ਰਦੂਸ਼ਣ' ਥੀਮ 'ਤੇ ਅਧਾਰਤ ਇੱਕ ਹਫ਼ਤੇ ਦਾ ਜਾਗਰੂਕਤਾ ਪ੍ਰੋਗਰਾਮ ਕੀਤਾ ਗਿਆ ਜਿਸ ਵਿੱਚ ਵਾਤਾਵਰਣ ਵਿਸ਼ਿਆਂ 'ਤੇ ਪੋਸਟਰ ਮੇਕਿੰਗ, ਲੇਖ ਲਿਖਣ ਮੁਕਾਬਲੇ ਕਰਵਾਏ ਗਏ। ਇਹ ਮੁਹਿੰਮ ਸਕੂਲ ਦੇ ਵਾਤਾਵਰਣ ਕਲੱਬ ਦੁਆਰਾ ਵਾਤਾਵਰਣ ਸੁਰੱਖਿਆ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ, ਕਾਰਵਾਈ ਲਈ ਪ੍ਰੇਰਿਤ ਕਰਨ ਅਤੇ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਨਾਗਰਿਕ ਬਣਾਉਣ ਲਈ ਚਲਾਈ ਗਈ। ਏਐਨਓ ਸੰਜੀਵ ਕੁਮਾਰ



ਨੇ ਕਿਹਾ ਕਿ ਰੁੱਖਾਂ ਦੀ ਅੰਨ੍ਹੇਵਾਹ ਕਟਾਈ ਅਤੇ ਵੱਧ ਰਹੇ ਪ੍ਰਦੂਸ਼ਣ ਕਾਰਨ ਵਾਤਾਵਰਣ ਪ੍ਰਦੂਸ਼ਿਤ ਹੋ ਰਿਹਾ ਹੈ, ਗਲੋਬਲ ਵਾਰਮਿੰਗ ਵੱਧ ਰਹੀ ਹੈ ਤੇ ਖਰਾਬ ਹਵਾ ਲੋਕਾਂ ਦਾ ਦਮ ਘੁੱਟ ਰਹੀ ਹੈ। ਸ਼ਹਿਰਾਂ ਵਿੱਚ ਬਹੁਤ ਸਾਰੇ ਲੋਕ ਖਰਾਬ ਹਵਾ ਕਾਰਨ ਸਾਹ, ਦਿਲ, ਫੇਫੜਿਆਂ ਦੀਆਂ ਬਿਮਾਰੀਆਂ ਤੋਂ ਪੀੜਤ ਹਨ, ਇਸ ਲਈ ਮਨੁੱਖੀ ਸਮਾਜ ਦੀ ਕਲਪਨਾ ਸਿਹਤਮੰਦ ਅਤੇ ਸੁਰੱਖਿਅਤ ਵਾਤਾਵਰਣ ਤੋਂ ਬਿਨਾਂ ਅਧੂਰੀ ਹੈ। ਪਲਾਸਟਿਕ ਪ੍ਰਦੂਸ਼ਣ ਸਾਡੇ ਸਾਹਮਣੇ ਆਉਣ ਵਾਲੇ ਤਿੰਨ ਖਤਰਿਆਂ ਨੂੰ ਹੋਰ ਵੀ ਵੱਡਾ ਬਣਾਉਂਦਾ ਹੈ ਅਤੇ ਹਰ ਸਾਲ 11 ਮਿਲੀਅਨ ਟਨ ਪਲਾਸਟਿਕ ਕੂੜਾ ਪਾਣੀ ਦੇ ਵਾਤਾਵਰਣ ਪ੍ਰਣਾਲੀਆਂ ਨੂੰ ਦੂਸ਼ਿਤ ਕਰਦਾ ਹੈ। ਵਿਦਿਆਰਥੀਆਂ ਨੇ ਹਰਿਆਵਲ ਪੰਜਾਬ ਦੇ ਵਾਤਾਵਰਣ ਮਾਹਿਰਾਂ, ਸੰਭਾਲਵਾਦੀਆਂ ਅਤੇ ਸਥਾਨਕ ਵਾਤਾਵਰਣ ਸੰਗਠਨਾਂ ਦੇ ਪ੍ਰਤੀਨਿਧੀਆਂ ਨਾਲ ਮੁਲਾਕਾਤ ਕੀਤੀ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਡਾ. ਅਮਿਤ ਸੰਦਲ ਅਤੇ ਮਨੋਜ ਕੁਮਾਰ ਸ਼ਾਮਲ ਸਨ, ਜਿਨ੍ਹਾਂ ਵਿਦਿਆਰਥੀਆਂ ਨੂੰ ਰਚਨਾਤਮਕ ਮਾਧਿਅਮਾਂ ਰਾਹੀਂ ਵਾਤਾਵਰਣ ਸੰਬੰਧੀ ਚੁਣੌਤੀਆਂ ਪ੍ਰਤੀ ਆਪਣੇ ਵਿਚਾਰ ਤੇ ਹੱਲ ਪ੍ਰਗਟ ਕਰਨ ਲਈ ਉਤਸ਼ਾਹਿਤ ਕੀਤਾ। ਇਸ ਲੈਕਚਰ ਸੈਸ਼ਨ ਵਿੱਚ 100 ਤੋਂ ਵੱਧ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਮੌਕੇ ਸਕੂਲ ਦੇ ਲੈਕਚਰਾਰ ਵਰਿੰਦਰ ਸਿੰਘ ਤੇ ਸੰਜੀਵ ਕੁਮਾਰ ਆਦਿ ਹਾਜ਼ਰ ਸਨ।

# ਸੰਤ ਜਗਦੀਸ਼ ਮੁਨੀ ਜੀ ਮਹਾਰਾਜ ਵੱਲੋਂ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨਾਲ ਮੁਲਾਕਾਤ

ਫਾਜ਼ਿਲਕਾ, 12 ਜੂਨ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਪਿਛਲੇ ਤਿੰਨ ਦਹਾਕਿਆਂ ਤੋਂ ਦੇਸ਼ ਭਰ ਵਿੱਚ ਕੁਦਰਤੀ ਚਕਿਤਸਾ ਰਾਹੀਂ ਲੋਕਾਂ ਦੀਆਂ ਬਿਮਾਰੀਆਂ ਦਾ ਇਲਾਜ ਕਰ ਰਹੇ ਸੰਤ ਜਗਦੀਸ਼ ਮੁਨੀ ਜੀ ਨੇ ਹਾਲ ਹੀ ਵਿੱਚ ਭਾਰਤ ਸਰਕਾਰ ਦੇ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨਾਲ ਮੁਲਾਕਾਤ ਕੀਤੀ। ਮੁਲਾਕਾਤ ਦੌਰਾਨ ਸੰਤ ਜੀ ਨੇ ਇਲਾਕਾ ਵਾਸੀਆਂ ਦੀਆਂ ਮੁੱਖ ਰੇਲ ਸਬੰਧੀ ਮੰਗਾਂ ਮੰਤਰੀ ਸਾਹਿਬ ਦੇ ਸਾਹਮਣੇ ਰੱਖੀਆਂ, ਜਿਸ ਵਿੱਚ ਫਾਜ਼ਿਲਕਾ-ਅਬੋਹਰ ਰੇਲ ਮਾਰਗ ਨੂੰ 24 ਘੰਟੇ ਰੇਲਾਂ ਚਲਾਉਣ ਦੀ ਮੰਗ, ਫਾਜ਼ਿਲਕਾ ਤੋਂ ਚੰਡੀਗੜ੍ਹ, ਦਿੱਲੀ ਤੇ ਹਰਿਦੁਆਰ ਸਮੇਤ ਮਹਾਂਨਗਰਾਂ ਲਈ ਨਵੀਆਂ ਰੇਲ ਗੱਡੀਆਂ ਚਲਾਉਣ ਦੀ ਮੰਗ ਸ਼ਾਮਲ ਸੀ। ਇਸ ਤੋਂ ਇਲਾਵਾ ਫਾਜ਼ਿਲਕਾ-ਫਿਰੋਜ਼ਪੁਰ ਲਈ ਨਵੀਆਂ ਰੇਲ ਗੱਡੀਆਂ ਸ਼ੁਰੂ ਕਰਨ ਦੀ ਮੰਗ ਕੀਤੀ ਗਈ, ਜਿਸ 'ਤੇ ਰੇਲ ਰਾਜ ਮੰਤਰੀ ਨੇ ਸਕਾਰਾਤਮਕ ਰੁਖ਼ ਅਪਣਾਇਆ। ਇਸ ਮੌਕੇ ਮੰਤਰੀ ਰਵਨੀਤ ਬਿੱਟੂ ਨੇ ਸੰਤ ਜਗਦੀਸ਼ ਮੁਨੀ ਜੀ ਵੱਲੋਂ ਸਿਹਤ ਖੇਤਰ ਵਿੱਚ ਦਿੱਤੀਆਂ ਜਾ ਰਹੀਆਂ ਨਿਰਸਵਾਰਥ ਸੇਵਾਵਾਂ ਦੀ ਦਿਲੋਂ ਪ੍ਰਸ਼ੰਸਾ ਕੀਤੀ। ਉਨ੍ਹਾਂ ਦੱਸਿਆ ਕਿ ਅਜਿਹੇ ਸੰਤ



ਬਹੁਤ ਹੀ ਥੋੜ੍ਹੇ ਹੁੰਦੇ ਹਨ ਜੋ ਆਪਣੀ ਜ਼ਿੰਦਗੀ ਨੂੰ ਸਮਾਜ ਸੇਵਾ ਲਈ ਸਮਰਪਿਤ ਕਰਦੇ ਹਨ। ਉਨ੍ਹਾਂ ਇਹ ਵੀ ਸੰਕੇਤ ਦਿੱਤਾ ਕਿ ਸੰਤ ਜੀ ਨੂੰ ਉਨ੍ਹਾਂ ਦੀਆਂ ਵਿਸ਼ੇਸ਼ ਸੇਵਾਵਾਂ ਲਈ ਵਿਸ਼ੇਸ਼ ਸਨਮਾਨ ਦਿੱਤਾ ਜਾਵੇਗਾ। ਜ਼ਿਕਰਯੋਗ ਹੈ ਕਿ ਸੰਤ ਜਗਦੀਸ਼ ਮੁਨੀ ਜੀ ਹਮੇਸ਼ਾ ਲੋਕ ਭਲਾਈ ਦੇ ਕੰਮਾਂ ਵਿੱਚ ਅੱਗੇ ਰਹੇ ਹਨ, ਚਾਹੇ ਉਹ ਸਿਹਤ ਖੇਤਰ ਹੋਵੇ ਜਾਂ ਕੋਈ ਹੋਰ ਸਮਾਜਿਕ ਕਾਰਜ। ਸੰਤ ਜੀ ਵੱਲੋਂ ਨਵੀਆਂ ਰੇਲਗੱਡੀ ਚਲਾਉਣ ਲਈ ਕੀਤੀ ਜਾ ਰਹੀ ਪਹਿਲਕਦਮੀ ਅਤੇ ਯਤਨ ਫਾਜ਼ਿਲਕਾ ਖੇਤਰ ਦੇ ਲੋਕਾਂ ਲਈ ਲਾਭਦਾਇਕ ਸਾਬਤ ਹੋ ਸਕਦੇ ਹਨ।

# ਗੋਬਿੰਦਗੜ੍ਹ ਪਬਲਿਕ ਸਕੂਲ 'ਚ ਸਮਾਜਿਕ ਅਧਿਐਨ ਕੁਇਜ਼ ਮੁਕਾਬਲਾ ਕਰਵਾਇਆ




ਮੰਡੀ ਗੋਬਿੰਦਗੜ੍ਹ, 12 ਜੂਨ (ਸੂਦ): ਗੋਬਿੰਦਗੜ੍ਹ ਪਬਲਿਕ ਸਕੂਲ ਵਿਖੇ ਸਮਾਜਿਕ ਅਧਿਐਨ ਵਿਸ਼ੇ 'ਤੇ ਇੰਟਰ-ਹਾਊਸ ਕੁਇਜ਼ ਮੁਕਾਬਲਾ ਕਰਵਾਇਆ ਗਿਆ, ਜਿਸ ਵਿਚ ਗਾਂਧੀ ਹਾਊਸ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪਹਿਲਾ, ਪਟੇਲ ਹਾਊਸ ਨੇ ਦੂਜਾ ਅਤੇ ਨਹਿਰੂ ਹਾਊਸ ਨੇ ਤੀਜਾ ਸਥਾਨ ਹਾਸਲ ਕੀਤਾ। ਕੁਇਜ਼ ਦੀ ਤਿਆਰੀ ਸਮਾਜਿਕ ਸਿੱਖਿਆ ਵਿਭਾਗ ਦੇ ਮੁਖੀ ਪੂਜਾ ਤਲਵਾਰ ਦੀ ਰਹਿਨੁਮਾਈ ਹੇਠ ਪ੍ਰਭਜੋਤ ਕੌਰ, ਮਿਸ ਸਾਕਸ਼ੀ ਤੇ ਮਿਸ ਮੋਨਿਕਾ ਕੋਚਰ ਨੇ ਕੀਤੀ। ਮੁਕਾਬਲੇ ਵਿੱਚ ਮੰਨਤ ਕਲਸੀ, ਆਲੀਆ, ਪਰਵਾਨ ਕੌਰ, ਏਕਮਜੋਤ ਕੌਰ, ਮਹਿਕਪ੍ਰੀਤ ਕੌਰ, ਗੁਰਪਤਾਪ ਸਿੰਘ, ਜੈਦਿੱਤਿਆ, ਹਰਲੀਨ ਕੌਰ, ਪੰਸ਼ੁਲਸਦਾਨਾ, ਗੁਰਮੰਨਤ ਕੌਰ, ਸਾਹਿਬਜੋਤ ਕੌਰ, ਕਿਮਜੋਤ ਕੌਰ, ਦੈਵਿਕ ਗੋਇਲ, ਲਕਸ਼ੇ ਛਿੱਬਾ, ਹਰਸ਼ਿਤ ਬੱਤਾ ਤੇ ਕਵਿਸ਼ ਗੋਇਲ ਨੇ ਭਾਗ ਲਿਆ। ਪ੍ਰਿੰਸੀਪਲ ਡਾ. ਨੀਰੂ ਅਰੋੜਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲੇ ਉਨ੍ਹਾਂ ਦੇ ਗਿਆਨ ਵਿਚ ਵਾਧਾ ਕਰਦੇ ਹਨ ਤੇ ਉਨ੍ਹਾਂ ਦੇ ਵਿਅਕਤੀਗਤ ਵਿਕਾਸ ਲਈ ਲਾਭਦਾਇਕ ਸਾਬਤ ਹੁੰਦੇ ਹਨ।

# ਜਥੇਦਾਰ ਗੁਰਚਰਨ ਸਿੰਘ ਟੌਹੜਾ ਦੀ ਸਵੈ-ਜੀਵਨੀ 'ਚ ਪੰਥਕ ਪੱਖ ਉਭਰਦੈ: ਮਾਲਵਿੰਦਰ ਸਿੰਘ

ਚੰਡੀਗੜ੍ਹ, 12 ਜੂਨ (ਚ.ਨ.ਸ.) : ਕੇਂਦਰੀ ਸਿੰਘ ਸਭਾ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਵਿਖੇ ਸਵਰਗੀ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੀ ਜੀਵਨੀ 'ਤੇ



ਕਿਤਾਬ ਲੋਕ ਅਰਪਨ ਕੀਤੀ ਗਈ। ਇਸ 'ਤੇ ਚਰਚਾ ਦੀ ਸ਼ੁਰੂਆਤ ਕਰਦਿਆਂ ਮਾਲਵਿੰਦਰ ਸਿੰਘ ਮਾਲੀ ਨੇ ਕਿਹਾ ਕਿ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੀ ਆਪਣੀ ਜ਼ਿੰਦਗੀ ਦੇ ਸੱਤਰ ਸਾਲਾਂ ਦੀ ਮੂੰਹ ਬੋਲੀ ਜੀਵਨ ਗਾਥਾ ਜਿੱਥੇ ਪੰਥਕ ਸਿਆਸਤ ਦੇ ਪਿਛੋਕੜ ਨੂੰ ਸਹੀ ਸੰਦਰਭ ਵਿੱਚ ਸਮਝਣ ਲਈ ਸਹਾਈ ਹੋਵੇਗੀ, ਉੱਥੇ ਇਹ ਨਵੇਂ ਉਭਰ ਰਹੇ ਮਸਲਿਆਂ ਨੂੰ ਸਮਝਣ ਲਈ ਕੁੰਜੀ ਦਾ ਰੋਲ ਨਿਭਾਉਣ ਦੇ ਸਮਰੱਥ ਵੀ ਸਾਬਤ ਹੋਵੇਗੀ। ਇਸ ਸਵੈ-ਜੀਵਨੀ 'ਚੋਂ ਇਹ ਪੰਥਕ ਪੱਖ ਵੀ ਸਪੱਸ਼ਟ ਉਭਰਦਾ ਹੈ। ਟੌਹੜਾ ਦੀ ਜੀਵਨੀ ਸਬੰਧੀ ਇਸ ਕਿਤਾਬ ਬਾਰੇ ਬੋਲਦਿਆਂ ਸਿੱਖ ਚਿੰਤਕ ਅਜਮੇਰ ਸਿੰਘ ਨੇ ਕਿਹਾ ਕਿ ਉਨ੍ਹਾਂ ਦੇ ਰੋਲ ਤੇ ਸੰਘਰਸ਼ ਬਾਰੇ ਫੈਲਾਈਆਂ ਗ਼ਲਤ ਮਿੱਥਾਂ ਤੇ ਭਰਮ ਭੁਲੇਖੇ ਤੋੜਨ ਦੀ ਨੀਂਹ ਰੱਖੀ ਗਈ ਹੈ। ਉਨ੍ਹਾਂ ਕਿਹਾ ਕਿ ਟੌਹੜਾ ਦੀ ਸ਼ਖ਼ਸੀਅਤ ਦੇ ਅਹਿਮ ਪੱਖ ਨਿਮਰਤਾ, ਤਿਆਗ, ਵਚਨ ਬੱਧਤਾ, ਨਿਰਵੈਰਤਾ ਤੇ ਸਭ ਨੂੰ ਨਾਲ ਲੈ ਕੇ ਚੱਲਣ ਦੀ ਸੋਚ ਉਭਰ ਕੇ ਸਾਹਮਣੇ ਆਉਂਦੀ ਹੈ। ਉਨ੍ਹਾਂ ਕਿਹਾ ਕਿ ਕਿਤਾਬ ਦੇ ਮੁੱਢਲੇ ਸ਼ਬਦਾਂ ਨੇ 1996 ਤੋਂ ਬਾਅਦ ਟੌਹੜਾ ਦੇ ਰੋਲ ਬਾਰੇ ਬਹੁਤ ਪੱਖ ਉਜਾਗਰ ਤੇ ਸਪੱਸ਼ਟ ਕਰਕੇ ਮੂੰਹ ਬੋਲੀ ਜੀਵਨ ਗਾਥਾ ਨੂੰ ਹੋਰ ਅੱਗੇ ਤੋਰ ਦਿੱਤਾ ਹੈ। ਸੀਨੀਅਰ ਪੱਤਰਕਾਰ ਕਰਮਜੀਤ ਸਿੰਘ ਨੇ ਇਸ ਮੌਕੇ ਟੌਹੜਾ ਵੱਲੋਂ ਉਸ ਵੇਲੇ ਦੇ ਜਨਤਾ ਪਾਰਟੀ ਸਰਕਾਰ ਦੇ ਪ੍ਰਧਾਨ ਮੰਤਰੀ ਮੁਰਾਰਜੀ ਦੇਸਾਈ ਨਾਲ ਹੋਏ ਤਕਰਾਰ ਬਾਰੇ ਚਾਨਣਾ ਪਾਉਂਦਿਆਂ ਕਿਹਾ ਕਿ ਜਿੱਥੇ ਪ੍ਰਕਾਸ਼ ਸਿੰਘ ਬਾਦਲ ਵਰਗੇ ਅਕਾਲੀ ਆਗੂ ਦੇਸਾਈ ਤੇ ਹੋਰਨਾਂ ਆਗੂਆਂ ਵੱਲੋਂ ਕੀਤੇ ਸੁਆਲ ਸਬੰਧੀ ਚੁੱਪ ਵੱਟ ਜਾਂਦੇ ਸਨ, ਉਥੇ ਟੌਹੜਾ ਹੀ ਡੱਟ ਕੇ ਪੰਥਕ ਪੱਖ ਦੀ ਵਜਾਰਤ ਕਰਦੇ ਵਿਖਾਈ ਦਿੰਦੇ ਸਨ, ਉਨ੍ਹਾਂ ਇਸ ਸਬੰਧੀ ਨਿਰੰਕਾਰੀ ਗੋਲੀ ਕਾਂਡ ਤੇ ਚਾਂਦਨੀ ਚੌਕ ਵਾਲੀ ਕੋਤਵਾਲੀ ਦਿੱਲੀ ਕਮੇਟੀ ਵੱਲੋਂ ਹਾਸਲ ਕਰਨ ਲਈ ਹੋਈ ਵਾਰਤਾਲਾਪ ਦੇ ਹਵਾਲੇ ਸੁਣਾਏ। ਉਨ੍ਹਾਂ ਕਿਹਾ ਕਿ ਟੌਹੜਾ ਨੇ ਇਤਿਹਾਸਿਕ ਸੋਝੀ ਵੀ ਕਮਾਲ ਦੀ ਸੀ। ਜਥੇਦਾਰ ਟੌਹੜਾ ਦੀ ਬੇਟੀ ਕੁਲਦੀਪ ਕੌਰ ਨੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਤੇ ਆਏ ਸੱਜਣਾਂ ਦਾ ਧੰਨਵਾਦ ਕੀਤਾ। ਸਮਾਗਮ ਨੂੰ ਕਰਨਲ ਜਸਮੇਰ ਸਿੰਘ ਬਾਲਾ, ਡਾ. ਪਿਆਰਾ ਲਾਲ ਗਰਗ, ਮਹਿੰਦਰ ਸਿੰਘ ਮੋਰਿੰਡਾ ਨੇ ਵੀ ਸੰਬੋਧਨ ਕੀਤਾ। ਸਟੇਜ ਸੰਚਾਲਨ ਡਾ. ਖੁਸ਼ਹਾਲ ਸਿੰਘ ਨੇ ਕੀਤਾ।

# ਭਾਰਤ ਕੋਈ ਫੁਟਬਾਲ ਨਹੀਂ ਹੈ ਜਿਸ ਨੂੰ ਤੁਸੀਂ ਇੱਧਰ-ਉੱਧਰ ਕਿੱਕਾਂ ਮਾਰਦੇ ਫਿਰਦੇ ਹੋ: ਰੂਬਿਨ

ਵਾਸ਼ਿੰਗਟਨ, 12 ਜੂਨ (ਚ.ਨ.ਸ.): ਪੈਂਟਾਗਨ ਦੇ ਸਾਬਕਾ ਅਧਿਕਾਰੀ ਤੇ ਅਮਰੀਕਨ ਐਂਟਰਪ੍ਰਾਈਜ਼ ਇੰਸਟੀਚਿਊਟ ਦੇ ਸੀਨੀਅਰ ਫੈਲੋ ਮਾਈਕਲ ਰੂਬਿਨ ਨੇ



ਖਾਲਿਸਤਾਨੀ ਅੰਦੋਲਨ ਅਤੇ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਦੇ ਮਾਮਲੇ ਨੂੰ ਵਧਾ-ਚੜ੍ਹਾ ਕੇ ਪੇਸ਼ ਕਰਨ ਲਈ ਕੈਨੇਡਾ ਦੇ ਸਾਬਕਾ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੀ ਤਿੱਖੀ ਆਲੋਚਨਾ ਕੀਤੀ ਹੈ। ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਰਣਨੀਤਕ ਕੂਟਨੀਤੀ ਦੀ ਸ਼ਲਾਘਾ ਕਰਦਿਆਂ ਖਾਲਿਸਤਾਨੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦਾ ਸੱਦਾ ਦਿੱਤਾ। ਰੂਬਿਨ ਨੇ ਮੌਜੂਦਾ ਪ੍ਰਧਾਨ ਮੰਤਰੀ ਮਾਰਕ ਕਾਰਨੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਭਾਰਤ-ਕੈਨੇਡਾ ਸਬੰਧਾਂ ਦੇ ਭਵਿੱਖ ਬਾਰੇ ਟਰੂਡੋ ਦੇ ਮੁਕਾਬਲੇ 'ਚ ਵਧੇਰੇ ਗੰਭੀਰ ਅਤੇ ਉਸਾਰੂ ਪਹੁੰਚ ਅਪਣਾ ਰਹੇ ਹਨ। ਰੂਬਿਨ ਨੇ ਟਿੱਪਣੀ ਕੀਤੀ ਕਿ ਭਾਰਤ ਕੋਈ ਫੁਟਬਾਲ ਨਹੀਂ ਹੈ ਜਿਸ ਨੂੰ ਤੁਸੀਂ ਇੱਧਰ-ਉਧਰ ਕਿੱਕਾਂ ਮਾਰਦੇ ਫਿਰਦੇ ਹੋ। ਉਹ ਇਕ ਅਜਿਹਾ ਸਹਿਯੋਗੀ ਹੈ ਜਿਸ ਨੂੰ ਗਲੇ ਨਾਲ ਲਗਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਕੈਨੇਡਾ ਨੂੰ ਭਾਰਤ ਨਾਲ ਸਬੰਧ ਸੁਧਾਰਨ 'ਤੇ ਜ਼ੋਰ ਦੇਣ ਦੀ ਵਕਾਲਤ ਕਰਦਿਆਂ ਕਿਹਾ ਕਿ ਕਾਰਨੀ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਕੈਨੇਡਾ 'ਚ ਜੀ-7 ਸਿਖਰ ਸੰਮੇਲਨ ਦਾ ਸੱਦਾ ਦੇ ਕੇ ਬਹੁਤ ਵਧੀਆ ਪਹੁੰਚ ਅਪਣਾਈ ਹੈ।

# ਗਲੇਸ਼ੀਅਰਾਂ ਦੇ ਪਿਘਲਣ ਦੇ ਨਾਲ ਗੋਬਿੰਦ ਸਾਗਰ ਝੀਲ 'ਚ ਪਾਣੀ ਦਾ ਪੱਧਰ ਵਧਿਆ

ਨੰਗਲ, 12 ਜੂਨ (ਚ.ਨ.ਸ.) : ਜ਼ਿਆਦਾ ਗਰਮੀ ਕਾਰਨ ਜਿੱਥੇ ਜਨਤਾ ਦਾ ਜਿਉਣਾ ਮੁਸ਼ਕਿਲ ਹੋਇਆ ਪਿਆ ਹੈ, ਉਥੇ ਇਸ ਦੌਰਾਨ ਚੰਗੀ ਖਬਰ ਇਹ ਹੈ ਕਿ ਵੱਡੇ ਗਲੇਸ਼ੀਅਰਾਂ ਦੇ ਪਿਘਲਣ ਕਾਰਨ ਭਾਖੜਾ ਡੈਮ ਵਿੱਚ ਪਾਣੀ ਦੀ ਆਮਦ ਵਧੀ ਹੈ ਜੋ ਕਿ ਪਿਛਲੇ ਸਾਲ ਨਾਲੋਂ



ਵੀ ਜ਼ਿਆਦਾ ਹੈ। ਪਾਣੀ ਦੀ ਆਮਦ ਵਧਣ ਨਾਲ ਨਹਿਰਾਂ ਵਿੱਚ ਪਾਣੀ ਵੀ ਵੱਧ ਛੱਡਿਆ ਜਾ ਰਿਹਾ ਹੈ। ਜਾਣਕਾਰੀ ਮੁਤਾਬਿਕ ਭਾਖੜਾ ਡੈਮ ਵਿੱਚ ਪਾਣੀ ਦੀ ਆਮਦ ਪਿਛਲੇ ਸਾਲ ਨਾਲੋਂ ਵੱਧ ਹੈ। ਬੁੱਧਵਾਰ ਨੂੰ ਪਾਣੀ ਦੀ ਆਮਦ 28015 ਕਿਊਸਿਕ ਰਹੀ ਜਦੋਂ ਕਿ ਅੱਜ ਦੇ ਦਿਨ ਹੀ ਪਿਛਲੇ ਸਾਲ ਇਹ ਆਮਦ 22326 ਕਿਊਸਿਕ ਸੀ। ਜੇਕਰ ਭਾਖੜਾ ਡੈਮ ਵਿੱਚ ਪਾਣੀ ਦੇ ਲੈਵਲ ਨੂੰ ਦੇਖਿਆ ਜਾਵੇ ਤਾਂ ਬੁੱਧਵਾਰ ਨੂੰ ਭਾਖੜਾ ਡੈਮ ਦੇ ਪਾਣੀ ਦਾ ਪੱਧਰ 1555.30 ਫੁੱਟ ਸੀ, ਜਦੋਂ ਕਿ ਅੱਜ ਦੇ ਦਿਨ ਹੀ ਪਿਛਲੇ ਸਾਲ ਇਹ ਲੈਵਲ 1584.38 ਫੁੱਟ ਸੀ। ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਜਦੋਂ ਗਰਮੀ ਦਾ ਪ੍ਰਕੋਪ ਵਧਦਾ ਹੈ ਤਾਂ ਭਾਖੜਾ ਡੈਮ ਵਿੱਚ ਗਲੇਸ਼ੀਅਰਾਂ ਦੇ ਪਿਘਲਣ ਦੇ ਨਾਲ ਪਾਣੀ ਦੀ ਆਮਦ ਗੋਬਿੰਦ ਸਾਗਰ ਝੀਲ ਵਿੱਚ ਵੱਧਦੀ ਹੈ ਤੇ ਬਰਸਾਤਾਂ ਦੇ ਦਿਨਾਂ ਵਿੱਚ 15 ਜੁਲਾਈ ਤੋਂ ਲੈ ਕੇ 15 ਅਗਸਤ ਤੱਕ ਗੋਬਿੰਦ ਸਾਗਰ ਝੀਲ ਵਿੱਚ ਪਾਣੀ ਨੂੰ ਸਟੋਰ ਕਰਨ ਲਈ ਵਿਸ਼ੇਸ਼ ਉਪਰਾਲਾ ਕੀਤਾ ਜਾਂਦਾ ਹੈ ਅਤੇ ਇਸੇ ਪ੍ਰਕਿਰਿਆ ਦੇ ਨਾਲ ਹੀ ਬਿਜਲੀ ਦੇ ਉਤਪਾਦਨ ਦਾ ਵੀ ਧਿਆਨ ਰੱਖਿਆ ਜਾਂਦਾ ਹੈ ਅਤੇ ਉਤਪਾਦਨ ਨੂੰ ਵਧਾਉਣ ਦੀ ਕੋਸ਼ਿਸ਼ ਵੀ ਕੀਤੀ ਜਾਂਦੀ ਹੈ। ਇਸ ਲਈ ਇਹ ਕਿਹਾ ਜਾ ਸਕਦਾ ਹੈ ਕਿ ਜਿੱਥੇ ਭਾਰੀ ਗਰਮੀ ਕਾਰਨ ਲੋਕ ਪ੍ਰੇਸ਼ਾਨ ਹਨ, ਉੱਥੇ ਹੀ ਵੱਡੇ-ਵੱਡੇ ਗਲੇਸ਼ੀਅਰਾਂ ਦੇ ਪਿਘਲਣ ਨਾਲ ਬਿਜਲੀ ਦੇ ਉਤਪਾਦਨ ਦੇ ਵਾਧੇ ਵਿੱਚ ਇਹ ਗਰਮੀ ਮਦਦਗਾਰ ਹੋਵੇਗੀ, ਉੱਥੇ ਹੀ ਸੂਬੇ ਨੂੰ ਪੀਣ ਵਾਲੇ ਪਾਣੀ ਅਤੇ ਸਿੰਚਾਈ ਲਈ ਪਾਣੀ ਦੀ ਵੀ ਕੋਈ ਕਮੀ ਨਹੀਂ ਆਵੇਗੀ।

# ਰੇਲਵੇ ਵਿਭਾਗ ਵੱਲੋਂ ਫਿਰੋਜ਼ਪੁਰ ਤੋਂ ਨਾਂਦੇੜ ਸਾਹਿਬ ਹਫ਼ਤਾਵਾਰੀ ਨਵੀਂ ਰੇਲ ਗੱਡੀ ਅੱਜ ਤੋਂ ਚੱਲੇਗੀ

ਮਾਨਸਾ, 12 ਜੂਨ (ਚ.ਨ.ਸ) : ਰੇਲਵੇ ਵਿਭਾਗ ਵੱਲੋਂ ਫਿਰੋਜ਼ਪੁਰ ਤੋਂ ਨਾਂਦੇੜ ਸਾਹਿਬ ਹਫ਼ਤਾਵਾਰੀ ਨਵੀਂ ਰੇਲ ਗੱਡੀ ਚਲਾਈ ਗਈ ਹੈ। ਇਹ ਗੱਡੀ 13 ਜੂਨ ਤੋਂ ਚੱਲੇਗੀ, ਜੋ ਮਾਨਸਾ, ਮਥੁਰਾ, ਆਗਰਾ ਕੈਂਟ, ਗਵਾਲੀਅਰ, ਝਾਂਸੀ ਵਿੱਚ ਹੁੰਦੇ ਹੋਏ ਦੋ ਦਿਨਾਂ ਬਾਅਦ ਮੁੜ ਫਿਰੋਜ਼ਪੁਰ ਲਈ ਰਵਾਨਾ ਹੋਵੇਗੀ। ਦੱਸਿਆ ਜਾ ਰਿਹਾ ਹੈ ਕਿ 18 ਜੂਨ ਤੋਂ ਆਰੰਭ ਹੋ ਰਹੀ ਇਹ ਨਵੀਂ ਰੇਲ ਗੱਡੀ ਫਿਰੋਜ਼ਪੁਰ ਤੋਂ ਚੱਲ ਕੇ ਸ਼ਾਮ 4 ਵਜੇ ਮਾਨਸਾ ਪਹੁੰਚੇਗੀ ਤੇ ਫਿਰ 15 ਜੂਨ ਨੂੰ ਨਾਂਦੇੜ ਸਾਹਿਬ ਤੋਂ ਫਿਰੋਜ਼ਪੁਰ ਲਈ ਐਤਵਾਰ ਦੀ ਰਾਤ 11.30 ਵਜੇ ਮਾਨਸਾ ਪਹੁੰਚੇਗੀ। ਮਾਨਸਾ ਵਿੱਚ ਇਹ ਗੱਡੀ ਨਾਂਦੇੜ ਸਾਹਿਬ ਲਈ ਹਰ ਸ਼ੁੱਕਰਵਾਰ ਨੂੰ ਸ਼ਾਮ 4 ਵਜੇ ਅਤੇ ਨਾਂਦੇੜ ਸਾਹਿਬ ਫਿਰੋਜ਼ਪੁਰ ਲਈ ਹਰ ਐਤਵਾਰ ਮਾਨਸਾ ਵਿਖੇ ਰਾਤ ਦੇ 11.30 ਵਜੇ ਪਹੁੰਚੇਗੀ। ਮਾਨਸਾ ਜ਼ਿਲ੍ਹੇ ਵਿੱਚੋਂ ਦੀ ਨਾਂਦੇੜ ਸਾਹਿਬ ਲਈ ਕੋਈ ਵੀ ਰੇਲ ਅੱਜ ਤੱਕ ਜਾਂਦੀ-ਆਉਂਦੀ ਨਹੀਂ ਸੀ, ਜਿਸ ਕਰਕੇ ਇਲਾਕੇ ਦੇ ਲੋਕ ਲੰਮੇ ਸਮੇਂ ਇਸ ਦੀ ਮੰਗ ਉਠਾਉਂਦੇ ਆ ਰਹੇ ਸਨ। ਭਾਜਪਾ ਆਗੂ ਜਗਦੀਪ ਸਿੰਘ ਨਕੱਈ ਤੇ ਰੇਲਵੇ ਸੰਘਰਸ਼ ਕਮੇਟੀ ਦੇ ਆਗੂ ਜਤਿੰਦਰ ਆਗਰਾ, ਰਾਮ ਕ੍ਰਿਸ਼ਨ ਚੁੱਘ ਅਤੇ ਦਵਿੰਦਰ ਸਿੰਘ ਟੈਕਸਲਾ ਨੇ ਇਸ ਨਵੀਂ ਰੇਲ ਗੱਡੀ ਚਲਾਉਣ 'ਤੇ ਕੇਂਦਰ ਸਰਕਾਰ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਸ ਲੰਬੀ ਦੂਰੀ ਦੀ ਗੱਡੀ ਚੱਲਣ ਨਾਲ ਇਸ ਖੇਤਰ ਦੇ ਲੋਕ ਨਾਂਦੇੜ ਸਾਹਿਬ ਦੀ ਧਾਰਮਿਕ ਯਾਤਰਾ ਕਰ ਸਕਣਗੇ ਤੇ ਲੋਕਾਂ ਦਾ ਮਥੁਰਾ, ਆਗਰਾ, ਗਵਾਲੀਅਰ, ਝਾਂਸੀ ਸਫ਼ਰ ਵੀ ਆਸਾਨ ਹੋ ਜਾਵੇਗਾ।

## ਕੇਂਦਰੀ ਮੰਤਰੀ ਰਵਨੀਤ ਬਿੱਟੂ ਦੋ ਨਵੀਆਂ ਰੇਲ ਗੱਡੀਆਂ ਨੂੰ ਦਿਖਾਉਣਗੇ ਝੰਡੀ

ਕੇਂਦਰ ਸਰਕਾਰ ਨੇ ਸਰਹੱਦੀ ਜ਼ਿਲ੍ਹੇ ਫਿਰੋਜ਼ਪੁਰ ਦੇ ਵਾਸੀਆਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਪੂਰਾ ਕਰਦਿਆਂ, ਰੇਲਵੇ ਵਿਭਾਗ ਵੱਲੋਂ ਮਹੱਤਵਪੂਰਨ ਵਾਧਾ ਕੀਤਾ ਹੈ। ਇਸ ਤਹਿਤ ਹਰਿਦੁਆਰ ਤੇ ਹਜ਼ੂਰ ਸਾਹਿਬ ਲਈ ਨਵੀਆਂ ਰੇਲਗੱਡੀਆਂ ਨੂੰ ਪ੍ਰਵਾਨਗੀ ਦਿੱਤੀ ਗਈ ਹੈ, ਜਿਸ ਦਾ ਪ੍ਰਗਟਾਵਾ ਭਾਜਪਾ ਦੇ ਕੌਮੀ ਕਾਰਜਕਾਰਨੀ ਮੈਂਬਰ ਰਾਣਾ ਗੁਰਮੀਤ ਸਿੰਘ ਸੋਢੀ ਨੇ ਕੀਤਾ। ਉਨ੍ਹਾਂ ਦੱਸਿਆ ਕਿ 13 ਜੂਨ ਨੂੰ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਫ਼ਿਰੋਜ਼ਪੁਰ ਪਹੁੰਚ ਰਹੇ ਹਨ। ਉਹ ਫ਼ਿਰੋਜ਼ਪੁਰ ਛਾਉਣੀ ਦੇ ਰੇਲਵੇ ਸਟੇਸ਼ਨ 'ਤੇ ਹਜ਼ੂਰ ਸਾਹਿਬ ਨਾਂਦੇੜ ਜਾਣ ਵਾਲੀ ਰੇਲਗੱਡੀ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਨਗੇ। ਫ਼ਿਰੋਜ਼ਪੁਰ-ਨਾਂਦੇੜ ਐਕਸਪ੍ਰੈਸ (ਟ੍ਰੇਨ ਨੰਬਰ 14622) ਰੇਲਗੱਡੀ ਹਰ ਸ਼ੁੱਕਰਵਾਰ ਨੂੰ ਦੁਪਹਿਰ 1.25 ਵਜੇ ਫ਼ਿਰੋਜ਼ਪੁਰ ਤੋਂ ਚੱਲੇਗੀ ਤੇ ਐਤਵਾਰ ਸਵੇਰੇ 3.30 ਵਜੇ ਨਾਂਦੇੜ ਪਹੁੰਚੇਗੀ।

# ਨਵਾਂਗਰਾਂ ਕੁੱਲਪਰ ਲੱਗੇ ਸਟੋਨ ਕਰੈਸ਼ਰ ਨੂੰ ਬੰਦ ਕਰਵਾਉਣ ਲਈ ਕੰਢੀ ਸੰਘਰਸ਼ ਕਮੇਟੀ ਨੇ ਲਗਾਇਆ ਕੰਢੀ ਨਹਿਰ 'ਤੇ ਧਰਨਾ



ਪੰਜੇਵਾਲ, 12 ਜੂਨ (ਅਜਮੇਰ ਸਿੰਘ ਭਨੋਟ): ਪਿੰਡ ਨਵਾਂਗਰਾਂ ਕੁੱਲਪੁਰ ਲੱਗੇ ਸਟੋਨ ਕਰੈਸ਼ਰ ਚਾਲਕਾਂ ਵੱਲੋਂ ਗੈਰ-ਕਾਨੂੰਨੀ ਮਾਈਨਿੰਗ ਤੇ ਜੰਗਲਾਤ ਰਕਬੇ ਦੇ ਉਜਾੜੇ ਤੇ ਰੋਕ ਲਈ ਕੰਢੀ ਸੰਘਰਸ਼ ਕਮੇਟੀ ਵੱਲੋਂ ਕੰਢੀ ਨਹਿਰ ਦੀ ਪੱਟੜੀ 'ਤੇ ਕਰੀਮਪੁਰ ਚਾਹਵਾਲਾ ਦੇ ਲੋਕਾਂ ਨੂੰ ਨਾਲ ਲੈ ਕੇ ਸਟੋਨ ਕਰੈਸ਼ਰ ਨੂੰ ਬੰਦ ਕਰਵਾਉਣ ਦੇ ਲਈ ਧਰਨਾ ਲਗਾਇਆ। ਇਸ ਧਰਨੇ ਵਿੱਚ ਕੰਢੀ ਸੰਘਰਸ਼ ਕਮੇਟੀ ਦੇ ਬੁਲਾਰੇ ਮਹਾ ਸਿੰਘ ਰੌੜੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਹ ਜੋ ਨਵਾਂਗਰਾਂ ਕੁੱਲਪੁਰ ਸਟੋਨ ਕਰੈਸ਼ਰ ਲੱਗਾ ਹੈ, ਜਿਨ੍ਹਾਂ ਵੱਲੋਂ ਪਿੰਡ ਦੀ ਜ਼ਮੀਨ ਤੇ ਨਹਿਰ ਦੀ ਪੱਟੜੀ ਉੱਤੇ ਓਵਰਲੋਡ ਟਿੱਪਰ ਤੇ ਟਰੈਕਟਰ-ਟਰਾਲੀਆਂ ਨੂੰ ਬਿਨਾਂ ਕਿਸੇ ਰਸਤੇ ਦੇ ਨਾਜਾਇਜ਼ ਤੌਰ 'ਤੇ ਲੰਘਾਇਆ ਜਾ ਰਿਹਾ ਹੈ, ਉਨ੍ਹਾਂ ਕਿਹਾ ਕਿ ਇਸ ਕਰੈਸ਼ਰ ਨੇ ਸਰਕ ਨੂੰ ਵੱਡੇ ਪੱਧਰ 'ਤੇ ਗੈਰ-ਕਾਨੂੰਨੀ ਮਾਈਨਿੰਗ ਕਰਕੇ ਉਜਾੜ ਪਾ ਦਿੱਤਾ ਹੈ, ਟਿੱਪਰਾਂ ਦੇ ਨਾਲ ਟੁੱਟ ਰਹੀ ਕੰਢੀ ਨਹਿਰ ਦੀ ਪੱਟੜੀ 'ਤੇ ਉੱਡਦੀ ਧੂੜ ਨਾਲ ਲੋਕਾਂ ਦੀਆਂ ਫ਼ਸਲਾਂ ਖਰਾਬ ਹੋ ਰਹੀਆਂ ਹਨ। ਇਹ ਜੋ ਸਟੋਨ ਕਰੈਸ਼ਰ ਹੈ, ਉਹ ਆਬਾਦੀ ਦੇ ਨਜ਼ਦੀਕ ਲੱਗਾ ਹੈ, ਜਦ ਕਿ ਆਬਾਦੀ ਵਾਲੇ ਖੇਤਰ ਦੇ ਨਜ਼ਦੀਕ ਕੋਈ ਵੀ ਸਟੋਨ ਕਰੈਸ਼ਰ ਨਹੀਂ ਲਗਾਇਆ ਜਾ ਸਕਦਾ। ਉਨ੍ਹਾਂ ਕਿਹਾ ਕਿ ਨਜ਼ਦੀਕੀ ਪਿੰਡਾਂ ਦੀਆਂ ਔਰਤਾਂ ਜੋ ਆਪਣੇ ਖੇਤਾਂ ਵਿੱਚ ਕੰਮ ਕਰਦੀਆਂ ਹਨ, ਓਵਰਲੋਡ ਟਿੱਪਰਾਂ ਦੇ ਕਾਰਨ ਖੇਤਾਂ ਵਿੱਚ ਨਹੀਂ ਜਾ ਸਕਦੀਆਂ, ਟਿੱਪਰਾਂ ਦੀ ਧੂੜ ਦੇ ਨਾਲ ਜਿੱਥੇ ਵੱਡੇ ਪੱਧਰ ਉੱਤੇ ਵਾਤਾਵਰਨ ਨੂੰ ਪ੍ਰਦੂਸ਼ਿਤ ਕੀਤਾ ਜਾ ਰਿਹਾ ਹੈ, ਉਥੇ ਪਸ਼ੂਆਂ ਲਈ ਬੀਜੇ ਪੱਠਿਆਂ ਦੀ ਵੀ ਬਰਬਾਦੀ ਹੋ ਰਹੀ ਹੈ। ਇਸ ਮੌਕੇ ਧਰਨੇ ਵਿੱਚ ਨਾਇਬ-ਤਹਿਸੀਲਦਾਰ ਬਲਾਚੌਰ ਅਰਵਿੰਦਰ ਕੌਰ ਵੀ ਪਹੁੰਚੇ ਜਿਨ੍ਹਾਂ ਨੇ ਧਰਨੇ 'ਚ ਬੈਠੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਉਨ੍ਹਾਂ ਨੂੰ ਹੱਲ ਕਰਨ ਦਾ ਭਰੋਸਾ ਵੀ ਦਿਵਾਇਆ। ਇਸ ਮੀਟਿੰਗ 'ਚ ਕੰਢੀ ਸੰਘਰਸ਼ ਕਮੇਟੀ ਕੈਪਟਨ ਤੀਰਥ ਰਾਮ ਖੇਪੜ ਸਾਬਕਾ ਸਰਪੰਚ ਬ੍ਰਹਮ ਕਾਲਾ ਹਰਬੰਸ ਪੰਚ, ਕਮਲਜੀਤ ਖੇਪੜ, ਰਾਜ ਕੁਮਾਰ ਭੁੰਮਲਾ, ਕਮਲਜੀਤ ਜਗਦੀਸ਼ ਕੁਮਾਰ, ਜਸਵੰਤ ਫੌਜੀ, ਮਾਸਟਰ ਰਤਨ ਚੰਦ, ਜੋਗੀ ਬਾਠ, ਮਾਸਟਰ ਮਹਿੰਦਰ ਪਾਲ ਕਾਲਾ ਖੇਪੜ, ਨੰਦ ਲਾਲ ਖੇਪੜ, ਸ਼ਾਮ ਲਾਲ ਪੰਚ ਸਮੇਤ ਹੋਰ ਵੀ ਪਿੰਡ ਵਾਸੀ ਮੌਜੂਦ ਸਨ।

# ਸੀ.ਬੀ.ਆਈ. ਨੇ ਫਰਾਂਸੀਸੀ ਵੀਜ਼ਾ ਧੋਖਾਧੜੀ ਮਾਮਲੇ 'ਚ 8 ਮੁਲਜ਼ਮਾਂ ਖ਼ਿਲਾਫ਼ ਚਾਰਜਸ਼ੀਟ ਕੀਤੀ ਦਾਇਰ

ਨਵੀਂ ਦਿੱਲੀ, 12 ਜੂਨ (ਚ.ਨ.ਸ.): ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਨੇ ਵੀਜ਼ਾ ਧੋਖਾਧੜੀ ਦੇ ਇੱਕ ਮਾਮਲੇ ਵਿੱਚ ਅੱਠ ਮੁਲਜ਼ਮਾਂ ਵਿਰੁੱਧ ਚਾਰਜਸ਼ੀਟ ਦਾਇਰ ਕੀਤੀ ਹੈ, ਜਿਨ੍ਹਾਂ ਵਿੱਚ ਨਵੀਂ ਦਿੱਲੀ ਵਿੱਚ ਫਰਾਂਸ ਦੇ ਦੂਤਾਵਾਸ ਦੇ ਵੀਜ਼ਾ ਵਿਭਾਗ ਦੇ ਤਤਕਾਲੀ ਸਥਾਨਕ ਕਾਨੂੰਨ ਅਧਿਕਾਰੀ, ਉਸਦਾ ਭਰਾ, ਪਿਤਾ ਤੇ ਪਤਨੀ ਸ਼ਾਮਲ ਹਨ। ਜਿਨ੍ਹਾਂ ਮੁਲਜ਼ਮਾਂ 'ਤੇ ਦੋਸ਼ ਲਗਾਇਆ ਗਿਆ ਹੈ ਕਿ ਉਨ੍ਹਾਂ ਵਿੱਚ ਤਤਕਾਲੀ ਸਥਾਨਕ ਕਾਨੂੰਨ ਅਧਿਕਾਰੀ ਸ਼ੁਭਮ ਸ਼ੌਕੀਨ, ਉਸਦਾ ਭਰਾ ਅਭਿਸ਼ੇਕ, ਪਿਤਾ ਸਮੁੰਦਰ ਸਿੰਘ ਤੇ ਪਤਨੀ ਆਰਤੀ ਚੌਧਰੀ, ਵੀਜ਼ਾ ਏਜੰਟ ਬਲਵਿੰਦਰ ਸਿੰਘ ਬਰਤੀਆ ਤੇ ਪ੍ਰਿਤਪਾਲ ਸਿੰਘ ਤੇ ਵਿਚੋਲੇ ਜਸ਼ਨਦੀਪ ਸਿੰਘ ਸਿੱਧੂ ਤੇ ਭਵਨ ਸ਼ੌਕੀਨ ਸ਼ਾਮਲ ਹਨ। ਫਰਾਂਸੀਸੀ ਦੂਤਾਵਾਸ ਤੋਂ ਪ੍ਰਾਪਤ ਜਾਣਕਾਰੀ ਦੇ ਆਧਾਰ 'ਤੇ




ਸੀ.ਬੀ.ਆਈ. ਦੇ ਅੰਤਰਰਾਸ਼ਟਰੀ ਸੰਚਾਲਨ ਵਿਭਾਗ ਨੇ ਕੇਸ ਦਰਜ ਕੀਤਾ। ਜਾਂਚ ਦੌਰਾਨ, ਇਹ ਪਾਇਆ ਗਿਆ ਕਿ ਜਨਵਰੀ 2021 ਤੋਂ ਮਈ 2022 ਤੱਕ, ਦੂਤਾਵਾਸ ਦੇ ਵੀਜ਼ਾ ਵਿਭਾਗ ਵਿੱਚ ਇੱਕ ਸਥਾਨਕ ਕਾਨੂੰਨ ਅਧਿਕਾਰੀ ਵਜੋਂ ਕੰਮ ਕਰਦੇ ਹੋਏ, ਸ੍ਰੀ ਸ਼ੌਕੀਨ ਨੇ ਵੀਜ਼ਾ ਏਜੰਟਾਂ ਦੇ ਇੱਕ ਨੈੱਟਵਰਕ ਰਾਹੀਂ ਸ਼ੈਂਗੇਨ ਵੀਜ਼ਾ ਮੰਗਣ ਵਾਲੇ ਪੰਜਾਬ ਦੇ ਬਿਨੈਕਾਰਾਂ ਨੂੰ ਨਿਸ਼ਾਨਾ ਬਣਾਇਆ।

# ਡੋਪ ਟੈਸਟ ਫੇਲ੍ਹ ਹੋ ਜਾਣ ਕਾਰਨ ਨੌਜਵਾਨ ਦੇ ਖ਼ਿਲਾਫ਼ ਐੱਨ.ਡੀ.ਪੀ.ਐੱਸ. ਐਕਟ ਤਹਿਤ ਮਾਮਲਾ ਦਰਜ

ਸ੍ਰੀ ਕੀਰਤਪੁਰ ਸਾਹਿਬ, 12 ਜੂਨ (ਬੀ.ਐੱਸ. ਰਾਣਾ): ਪੁਲਿਸ ਥਾਣਾ ਸ੍ਰੀ



ਕੀਰਤਪੁਰ ਸਾਹਿਬ ਵਿਖੇ ਇੱਕ ਨੌਜਵਾਨ ਦੇ ਖ਼ਿਲਾਫ਼ ਨਸ਼ੇ ਦੀ ਵਰਤੋਂ ਕਰਨ ਦੇ ਦੋਸ਼ ਹੇਠ ਐੱਨ.ਡੀ.ਪੀ.ਐੱਸ. ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਥਾਣਾ ਸ੍ਰੀ ਕੀਰਤਪੁਰ ਸਾਹਿਬ ਦੇ ਐੱਸ.ਐੱਚ.ਓ. ਇੰਸਪੈਕਟਰ ਜਤਿਨ ਕਪੂਰ ਨੇ ਦੱਸਿਆ ਕਿ ਪੁਲਿਸ ਨੂੰ ਮਨੀਸ਼ ਕੁਮਾਰ ਉਰਫ ਬਿੱਲਾ ਵਾਸੀ ਪਿੰਡ ਗਾਜੀਪੁਰ ਥਾਣਾ ਸ੍ਰੀ ਕੀਰਤਪੁਰ ਸਾਹਿਬ ਦੇ ਖ਼ਿਲਾਫ਼ ਨਸ਼ਾ ਕਰਨ ਤੇ ਵੇਚਣ ਸਬੰਧੀ ਇੱਕ ਆਨਲਾਈਨ ਸ਼ਿਕਾਇਤ ਪ੍ਰਾਪਤ ਹੋਈ ਸੀ। ਜਿਸ ਤੋਂ ਬਾਅਦ ਪੁਲਿਸ ਵੱਲੋਂ ਮਨੀਸ਼ ਕੁਮਾਰ ਦਾ ਸੀ.ਐੱਚ.ਸੀ. ਭਰਤਗੜ੍ਹ ਵਿਖੇ ਡੋਪ ਟੈਸਟ ਕਰਵਾਇਆ ਗਿਆ ਸੀ, ਜੋ ਕਿ ਪਾਜ਼ੀਟਿਵ ਆਇਆ ਸੀ, ਇਸ ਹਾਲਾਤ ਬਾਰੇ ਪੁਲਿਸ ਵੱਲੋਂ ਸਿਹਤ ਵਿਭਾਗ, ਮਨੀਸ਼ ਕੁਮਾਰ ਤੇ ਉਸ ਦੇ ਪਰਿਵਾਰਕ ਮੈਂਬਰਾਂ ਨਾਲ ਗੱਲਬਾਤ ਕੀਤੀ ਤਾਂ ਹਾਲਾਤ ਦਰੁਸਤ ਪਾਏ ਗਏ। ਉਕਤ ਨੌਜਵਾਨ ਵੱਲੋਂ ਨਸ਼ਾ ਕਰਕੇ 27-61-85 ਐੱਨ.ਡੀ.ਪੀ.ਐੱਸ. ਐਕਟ ਦਾ ਜੁਰਮ ਕੀਤਾ ਗਿਆ ਹੈ। ਜਿਸ ਤਹਿਤ ਉਕਤ ਨੌਜਵਾਨ ਦੇ ਖ਼ਿਲਾਫ਼ ਪੁਲਿਸ ਸਟੇਸ਼ਨ ਸ੍ਰੀ ਕੀਰਤਪੁਰ ਸਾਹਿਬ ਵਿਖੇ ਮਾਮਲਾ ਦਰਜ ਕਰਕੇ ਇਸ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਤੇ ਕੱਲ੍ਹ ਇਸ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

# ਸਰਕਾਰ ਵੱਲੋਂ ਲੋਕਾਂ ਦੇ ਘਰਾਂ ਤੱਕ ਪਹੁੰਚ ਕਰਕੇ ਮੁਸ਼ਕਿਲਾਂ ਹੱਲ ਕੀਤੀਆਂ ਜਾ ਰਹੀਆਂ: ਵਿਧਾਇਕ ਅਮਰਪਾਲ ਸਿੰਘ

## ☛'ਆਪ' ਦੀਆਂ ਲੋਕਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਰਵਾਇਤੀ ਪਾਰਟੀਆਂ ਦੇ ਆਗੂ 'ਆਪ' ਨਾਲ ਜੁੜੇ



ਸ੍ਰੀ ਹਰਗੋਬਿੰਦਪੁਰ ਸਾਹਿਬ, 12 ਜੂਨ (ਡਾ.ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਪੰਜਾਬ ਸਰਕਾਰ ਵੱਲੋਂ ਲੋਕਾਂ ਦੇ ਘਰਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਹੱਲ ਕੀਤੀਆਂ ਜਾ ਰਹੀਆਂ ਹਨ ਤੇ ਇਤਿਹਾਸਕ ਤੇ ਧਾਰਮਿਕ ਕਸਬੇ ਸ੍ਰੀ ਹਰਗੋਬਿੰਦਪੁਰ ਸਾਹਿਬ ਵਿਖੇ ਪਾਰਦਰਸ਼ੀ ਢੰਗ ਨਾਲ ਸਰਬਪੱਖੀ ਵਿਕਾਸ ਕਰਵਾਇਆ ਜਾ ਰਿਹਾ ਹੈ। ਇਹ ਪ੍ਰਗਟਾਵਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਨੇ ਰਵਾਇਤੀ ਪਾਰਟੀਆਂ ਦੇ ਆਗੂਆਂ ਤੇ ਵਰਕਰਾਂ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਨ ਉਪਰੰਤ ਕੀਤਾ। ਇਸ ਮੌਕੇ ਗੱਲ ਕਰਦਿਆਂ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਇਤਿਹਾਸਕ ਕਦਮ ਚੁੱਕੇ ਗਏ ਹਨ ਤੇ ਸਰਕਾਰ ਵੱਲੋਂ ਕਰਵਾਏ ਜਾ ਰਹੇ ਵਿਕਾਸ ਕੰਮਾਂ ਨੂੰ ਵੇਖਦਿਆਂ ਰਵਾਇਤੀ ਪਾਰਟੀਆਂ ਦੇ ਆਗੂ ਤੇ ਵਰਕਰ ਪੁਰਾਣੀਆਂ ਪਾਰਟੀਆਂ ਤੋਂ ਖਹਿੜਾ ਛੁਡਾ ਕੇ ਆਪ ਨਾਲ ਜੁੜ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਆਪ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੰਜਾਬ ਵਾਸੀਆਂ ਨੂੰ 600 ਯੂਨਿਟ ਬਿਜਲੀ ਮੁਫਤ ਨਿਰਵਿਘਨ ਦਿੱਤੀ ਜਾ ਰਹੀ ਹੈ ਤੇ ਝੋਨੇ ਦੀ ਸੀਜ਼ਨ ਦੌਰਾਨ ਵੀ ਬਿਜਲੀ ਦੀ ਉਪਲੱਬਧਤਾ ਯਕੀਨੀ ਬਣਾਈ ਗਈ ਹੈ। ਮੈਰਿਟ ਦੇ ਆਧਾਰ 'ਤੇ ਪਾਰਦਰਸ਼ੀ ਢੰਗ ਨਾਲ ਕਰੀਬ 52 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ। ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਹਲਕੇ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਕਿਹਾ ਕਿ ਹਲਕੇ ਦਾ ਸਰਬਪੱਖੀ ਵਿਕਾਸ ਕਰਵਾਉਣਾ, ਉਨ੍ਹਾਂ ਦੀ ਪਹਿਲੀ ਤਰਜੀਹ ਹੈ ਤੇ ਲੋਕਾਂ ਤੱਕ ਵੱਖ-ਵੱਖ ਭਲਾਈ ਸਕੀਮਾਂ ਪੁੱਜਦਾ ਕਰਨ ਨੂੰ ਯਕੀਨੀ ਬਣਾਇਆ ਗਿਆ ਹੈ। ਪਿੰਡਾਂ ਵਿੱਚ ਛੱਪੜਾਂ ਦੀ ਸਫਾਈ ਦਾ ਕੰਮ ਚੱਲ ਰਿਹਾ ਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਗਰਾਊਂਡਾਂ ਬਣਾਈਆਂ ਜਾ ਰਹੀਆਂ ਹਨ।

# ਮਾਮੂਲੀ ਤਕਰਾਰ ਨੂੰ ਲੈ ਕੇ 75 ਸਾਲਾ ਬਜ਼ੁਰਗ 'ਤੇ ਜਾਨ ਲੇਵਾ ਹਮਲਾ, ਹਾਲਤ ਗੰਭੀਰ

## ☛ਪੀੜਤ ਪਰਿਵਾਰ ਨੇ ਇਨਸਾਫ਼ ਦੀ ਗੁਹਾਰ ਲਗਾਈ

ਡੇਰਾ ਬਾਬਾ ਨਾਨਕ, 12 ਜੂਨ (ਹੈਪੀ ਕੋਟਲੀ): ਸਰਹੱਦੀ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਖੰਨਾ ਚਮਾਰਾਂ 'ਚ ਮਾਮੂਲੀ ਤਕਰਾਰ ਨੂੰ ਲੈ ਕੇ 75 ਸਾਲਾ ਬਜ਼ੁਰਗ 'ਤੇ ਪਿੰਡ ਦੇ ਨੌਜਵਾਨ ਵੱਲੋਂ ਅਣਪਛਾਤੇ ਸਾਥੀਆਂ ਸਮੇਤ ਜਾਨਲੇਵਾ ਹਮਲਾ ਕਰਕੇ ਗੰਭੀਰ ਰੂਪ ਜ਼ਖ਼ਮੀ ਕਰ ਦੇਣ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਦਿੰਦੇ ਹੋਏ ਪੀੜਤ ਬਜ਼ੁਰਗ ਦੀ ਨੂੰਹ ਤੇ ਹੋਰ ਪਿੰਡ ਵਾਸੀਆਂ ਨੇ ਦੱਸਿਆ ਕਿ ਬਜ਼ੁਰਗ ਹਰਭਜਨ ਸਿੰਘ ਬੀਤੀ ਦਿਨ ਤੜਕਸਾਰ ਆਪਣੇ ਖੇਤਾਂ 'ਚ ਕੰਮ ਕਰ ਰਿਹਾ ਸੀ ਤੇ ਖੇਤਾਂ ਵਿੱਚ ਹੀ ਪਿੰਡ ਦੇ ਇੱਕ ਨੌਜਵਾਨ ਵੱਲੋਂ ਆਪਣੇ ਅਣਪਛਾਤੇ ਸਾਥੀਆਂ ਸਮੇਤ 75 ਸਾਲਾ ਬਜ਼ੁਰਗ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਕੇ ਗੰਭੀਰ ਰੂਪ ਜ਼ਖ਼ਮੀ ਕਰਕੇ ਮੌਕੇ ਤੋਂ ਫਰਾਰ ਹੋ ਗਿਆ। ਉਨ੍ਹਾਂ ਦੱਸਿਆ ਕਿ ਜ਼ਖਮੀ ਹਾਲਤ 'ਚ 75 ਸਾਲਾ ਬਜ਼ੁਰਗ ਨੂੰ ਆਸ-ਪਾਸ ਖੇਤਾਂ 'ਚ ਕੰਮ ਰਹੇ ਮਜ਼ਦੂਰਾਂ ਤੇ ਪਿੰਡ ਵਾਸੀਆਂ ਵੱਲੋਂ ਡੇਰਾ ਬਾਬਾ ਨਾਨਕ ਹਸਪਤਾਲ 'ਚ ਲਿਜਾਇਆ ਗਿਆ। ਬਜ਼ੁਰਗ ਦੀ ਹਾਲਤ



ਜ਼ਿਆਦਾ ਗੰਭੀਰ ਹੋਣ ਕਰਕੇ ਡਾਕਟਰਾਂ ਵੱਲੋਂ ਉਨ੍ਹਾਂ ਨੂੰ ਰੈਫਰ ਕਰ ਦਿੱਤਾ ਗਿਆ। ਇਸ ਸਮੇਂ ਬਜ਼ੁਰਗ ਹਰਭਜਨ ਸਿੰਘ ਦਾ ਆਰਮੀ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ। ਜ਼ਿਕਰਯੋਗ ਹੈ ਕਿ ਪੀੜਤ ਬਜ਼ੁਰਗ ਦਾ ਪੁੱਤਰ ਇੰਡੀਅਨ ਆਰਮੀ 'ਚ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਇਸ ਮੌਕੇ ਪੀੜਤ ਪਰਿਵਾਰ ਤੇ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਪ੍ਰਸ਼ਾਸਨਿਕ ਅਧਿਕਾਰੀਆਂ ਤੋਂ ਇਨਸਾਫ ਦੀ ਗੁਹਾਰ ਲਗਾਈ ਜਾ ਰਹੀ ਹੈ। ਉੱਧਰ ਪੁਲਿਸ ਚੌਕੀ ਧਰਮਕੋਟ ਦੇ ਅਧਿਕਾਰੀਆਂ ਕਿਹਾ ਕਿ ਇਸ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਜੋ ਵੀ ਤੱਥ ਸਾਹਮਣੇ ਆਉਣਗੇ, ਉਸ ਤਹਿਤ ਹੀ ਬਣਦੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਹਰਜੀਤ ਕੌਰ, ਵਰਿੰਦਰ ਕੌਰ, ਹਰਵਿੰਦਰ ਸਿੰਘ ਸਰਪੰਚ, ਸਰਵਨ ਸਿੰਘ, ਅੰਮ੍ਰਿਤਪਾਲ ਸਿੰਘ, ਸਤਵਿੰਦਰ ਸਿੰਘ ਛੀਨਾ, ਜਗੀਰ ਸਿੰਘ, ਧੀਰ ਸਿੰਘ, ਰਣਜੀਤ ਮੈਂਬਰ ਪੰਚਾਇਤ, ਮਨਜੀਤ ਸਿੰਘ ਮੈਂਬਰ ਪੰਚਾਇਤ, ਸ਼ਮਸ਼ੇਰ ਸਿੰਘ, ਜਸਬੀਰ ਕੌਰ, ਸਲੋਨੀ, ਹਰਜਿੰਦਰ ਕੌਰ, ਲਖਵਿੰਦਰ ਕੌਰ, ਪਰਮਜੀਤ ਕੌਰ, ਹਰਜਿੰਦਰ ਕੌਰ, ਲਖਵਿੰਦਰ ਕੌਰ, ਕਵਲਜੀਤ ਕੌਰ, ਕੁਲਜੀਤ ਕੌਰ, ਹਰਜੀਤ ਕੌਰ, ਸੁਰਿੰਦਰ ਸਿੰਘ ਬਲਕਾਰ ਸਿੰਘ ਆਦਿ ਹਾਜ਼ਰ ਸਨ।

# ਨਗਰ ਨਿਗਮ ਨੇ ਸ਼ਹਿਰ ਅੰਦਰ ਸਾਫ਼-ਸਫਾਈ ਰੱਖਣ ਲਈ ਅਪਣਾਇਆ ਸਖ਼ਤ ਰੁਖ਼, 5 ਦੁਕਾਨਦਾਰਾਂ ਦੇ ਕੱਟੇ ਚਲਾਨ




ਬਟਾਲਾ/ਉਧਨਵਾਲ, 12 ਜੂਨ (ਡਾ. ਨਰਿੰਦਰ ਸਿੰਘ ਘੁਮਾਣ/ਸੁਖ ਅੰਮ੍ਰਿਤ ਸਿੰਘ ਘੁਮਾਣ): ਸ੍ਰੀ ਵਿਕਰਮਜੀਤ ਸਿੰਘ ਪਾਂਥੇ, ਐੱਸ.ਡੀ.ਐੱਮ-ਕਮ-ਕਮਿਸ਼ਨਰ, ਨਗਰ ਨਿਗਮ ਬਟਾਲਾ ਦੀ ਅਗਵਾਈ ਹੇਠ ਬਟਾਲਾ ਸ਼ਹਿਰ ਨੂੰ ਸਾਫ-ਸੁਥਰਾ ਬਣਾਉਣ ਲਈ ਨਗਰ ਨਿਗਮ, ਬਟਾਲਾ ਵੱਲੋਂ ਲਗਾਤਾਰ ਸਖ਼ਤ ਰੁਖ਼ ਅਪਣਾਇਆ ਜਾ ਰਿਹਾ ਹੈ, ਜਿਸ ਦੇ ਚੱਲਦਿਆਂ ਅੱਜ ਜਲੰਧਰ ਰੋਡ ਨੇੜੇ ਕਾਰਪੋਰੇਸ਼ਨ ਦਫਤਰ ਦੇ ਆਪਣੀਆਂ ਦੁਕਾਨਾਂ ਦੇ ਅੱਗੇ ਕੂੜੇ ਦੇ ਢੇਰ ਲਗਾਉਣ ਤੇ ਡਸਟਬੀਨ ਨਾ ਰੱਖਣ ਵਾਲੇ ਦੁਕਾਨਦਾਰਾਂ ਦੇ 5 ਚਲਾਨ ਕੱਟੇ ਗਏ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਭਜੋਤ ਕੌਰ, ਇਨਫਾਰਮੇਸ਼ਨ ਐਜੂਕੇਸ਼ਨ ਕਮਿਊਨੀਕੇਸ਼ਨ ਤੇ ਕੇਪੈਸੀਟੀ ਬਿਲਡਿੰਗ ਐਕਸਪਰਟ ਨੇ ਦੱਸਿਆ ਕਿ ਨਗਰ ਨਿਗਮ ਬਟਾਲਾ ਵੱਲੋਂ ਵਿਸ਼ੇਸ਼ ਟੀਮ ਗਠਿਤ ਕੀਤੀ ਗਈ ਹੈ। ਜਿਸ ਵਿੱਚ ਉਨ੍ਹਾਂ ਸਮੇਤ ਅਮਰੀਕ ਸਿੰਘ ਸੁਪਰਵਾਈਜ਼ਰ (ਮੋਨੀਟਰਿੰਗ), ਕੁਲਦੀਪ ਸਿੰਘ ਕਮਿਊਨਿਟੀ ਫੈਸੀਲੇਟਰ, ਜਸਵਿੰਦਰ ਕੌਰ ਮੋਟੀਵੇਟਰ, ਸਵਰੂਪ ਸਿੰਘ ਮੋਟੀਵੇਟਰ ਤੇ ਰੋਹਿਤ ਮੋਟੀਵੇਟਰ ਸ਼ਾਮਲ ਹਨ, ਜਿਨ੍ਹਾਂ ਵੱਲੋਂ ਰੋਜ਼ਾਨਾ ਸ਼ਹਿਰ ਵਿੱਚ ਸਾਫ਼-ਸਫਾਈ ਸਬੰਧੀ ਚੈਕਿੰਗ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਸ ਟੀਮ ਵੱਲੋਂ ਸ਼ਹਿਰ ਵਾਸੀਆਂ ਨੂੰ ਆਪਣੇ ਘਰਾਂ/ਦੁਕਾਨਾਂ ਦੇ ਬਾਹਰ ਕੂੜਾ ਨਾ ਸੁੱਟਣ ਤੇ ਡਸਟਬੀਨ ਰੱਖਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਦੁਕਾਨਾਂ ਦੇ ਬਾਹਰ ਕੂੜਾ ਨਾ ਸੁੱਟਣ, ਡਸਟਬੀਨ ਰੱਖੇ ਜਾਣ ਤੇ ਸ਼ਹਿਰ ਨੂੰ ਸਾਫ-ਸੁਥਰਾ ਰੱਖਣ ਵਿੱਚ ਟੀਮ ਦਾ ਸਹਿਯੋਗ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਅੱਜ ਟੀਮ ਵੱਲੋਂ ਕੀਤੀ ਚੈਕਿੰਗ ਦੌਰਾਨ ਪੰਜਾਬ ਮਿਊਂਸੀਪਲ ਕਾਰਪੋਰੇਸ਼ਨ ਐਕਟ 1976 ਦੀ ਧਾਰਾ 323 ਤਹਿਤ 5 ਚਲਾਨ ਕੱਟੇ ਗਏ ਹਨ।

# ਛੱਪੜ ਦੀ ਸਾਫ਼-ਸਫਾਈ ਲਈ ਵਿਕਾਸ ਕੰਮ ਸ਼ੁਰੂ, ਪਿੰਡ ਵਾਸੀਆਂ ਵੱਲੋਂ ਵਿਧਾਇਕ ਕਲਸੀ ਦਾ ਧੰਨਵਾਦ



ਨੌਸ਼ਹਿਰਾ ਮੱਝਾ ਸਿੰਘ (ਬਟਾਲਾ), 12 ਜੂਨ (ਡਾ.ਸਰਵਣ ਸਿੰਘ/ ਜਗਮੋਹਨ ਬਾਗੋਵਾਣੀ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਨੌਜਵਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਨੌਸ਼ਹਿਰਾ ਮੱਝਾ ਸਿੰਘ ਦੇ ਲੋਕਾਂ ਦੀ ਮੰਗ ਪੂਰੀ ਕਰਦਿਆਂ ਛੱਪੜ ਦੀ ਸਫਾਈ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ। ਇਸ ਸਬੰਧੀ ਗੱਲ ਕਰਦਿਆਂ ਮਨਦੀਪ ਸਿੰਘ ਗਿੱਲ, ਜ਼ਿਲ੍ਹਾ ਯੂਥ ਆਗੂ ਨੇ ਦੱਸਿਆ ਕਿ ਪਿੰਡ ਵਾਸੀਆਂ ਦੀ ਮੰਗ ਪੂਰੀ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਛੱਪੜ ਦੀ ਸਫਾਈ ਦਾ ਕੰਮ ਸ਼ੁਰੂ ਕਰਵਾਇਆ ਹੈ ਤੇ ਪਿਛਲੇ 3-4 ਦਿਨਾਂ ਤੋਂ ਲਗਾਤਾਰ ਛੱਪੜ ਦੀ ਸਫਾਈ ਚੱਲ ਰਹੀ ਹੈ। ਛੱਪੜ ਵਿਚੋਂ ਗਾਰ ਕੱਢੀ ਜਾ ਰਹੀ ਹੈ ਤੇ ਛੱਪੜ ਵਿੱਚ ਉੱਘੀ ਕਾਈ ਨੂੰ ਬਾਹਰ ਕੱਢ ਕੇ ਛੱਪੜ ਦੇ ਕਿਨਾਰੇ ਬਣਾਏ ਜਾਣਗੇ। ਉਨ੍ਹਾਂ ਦੱਸਿਆ ਕਿ ਪਿਛਲੇ ਲੰਬੇ ਸਮੇਂ ਤੋਂ ਇਸ ਛੱਪੜ ਦੀ ਸਫਾਈ ਨਹੀਂ ਕਰਵਾਈ ਗਈ ਸੀ ਪਰ ਵਿਧਾਇਕ ਸ਼ੈਰੀ ਕਲਸੀ ਦੇ ਯਤਨਾਂ ਸਦਕਾ ਇਸ ਛੱਪੜ ਦੀ ਸਫਾਈ ਦਾ ਕੰਮ ਸ਼ੁਰੂ ਹੋਇਆ ਹੈ। ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੇ ਅਗਵਾਈ ਹੇਠ ਹਲਕੇ ਅੰਦਰ ਜਿਥੇ ਗੰਦੇ ਪਾਣੀ ਦੀ ਨਿਕਾਸੀ ਲਈ ਛੱਪੜਾਂ ਦੀ ਸਾਫ਼-ਸਫਾਈ ਚੱਲ ਰਹੀ ਹੈ, ਉਸ ਦੇ ਨਾਲ ਪਿੰਡਾਂ ਅੰਦਰ ਨੌਜਵਾਨਾਂ ਦੇ ਖੇਡਣ ਲਈ ਖੇਡ ਸਟੇਡੀਅਮ, ਪਿੰਡਾਂ ਵਿੱਚ ਖੂਬਸੂਰਤ ਪਾਰਕਾਂ ਦੀ ਉਸਾਰੀ, ਗਲੀਆਂ ਤੇ ਸੜਕਾਂ ਦੀ ਬਣਾਉਣ ਸਮੇਤ ਵੱਖ-ਵੱਖ ਵਿਕਾਸ ਕੰਮ ਤੇਜ਼ਗਤੀ ਨਾਲ ਚੱਲ ਰਹੇ ਹਨ। ਉਨ੍ਹਾਂ ਗੁਰਦੀਪ ਸਿੰਘ, ਅਮਨ ਗਿੱਲ, ਲਾਡੀ ਤੇ ਸੰਧੂ ਭਰਾ ਅਮਨਵੀਰ ਸੰਧੂ ਤੇ ਕਾਕਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਬਹੁਤ ਜਲਦ ਛੱਪੜ ਦਾ ਨਵੀਨੀਕਰਨ ਹੋਣ ਨਾਲ ਪਿੰਡ ਵਾਸੀਆਂ ਦੀ ਸਮੱਸਿਆ ਹੱਲ ਹੋ ਜਾਵੇਗੀ।

# ਸ਼ਮਸ਼ੇਰ ਸਿੰਘ ਤੇ ਰਾਜੀਵ ਸ਼ਰਮਾ ਨੇ ਚੋਣ ਉਮੀਦਵਾਰ ਸੰਜੀਵ ਅਰੋੜਾ ਦੇ ਹੱਕ 'ਚ ਡੋਰ-ਟੂ-ਡੋਰ ਕੀਤਾ ਲੋਕਾਂ ਨੂੰ ਜਾਗਰੂਕ



ਗੁਰਦਾਸਪੁਰ, 12 ਜੂਨ (ਜਸਵਿੰਦਰ ਸਿੰਘ): ਸ਼ਮਸ਼ੇਰ ਸਿੰਘ ਹਲਕਾ ਇੰਚਾਰਜ ਦੀਨਾਨਗਰ ਰਾਜੀਵ ਸ਼ਰਮਾ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੀ ਅਗਵਾਈ ਵਿੱਚ ਲੁਧਿਆਣਾ ਦੇ ਵਾਰਡ ਵਿੱਚ ਹੋਣ ਵਾਲੀ ਜ਼ਿਮਨੀ ਚੋਣ ਲਈ ਡੋਰ-ਟੂ-ਡੋਰ ਲੋਕਾਂ ਨੂੰ ਜਾਗਰੂਕ ਕੀਤਾ। ਹਲਕਾ ਵਾਸੀਆਂ ਨੂੰ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਦੇ ਹੱਕ ਵਿੱਚ ਵੋਟ ਪਾਉਣ ਲਈ ਅਪੀਲ ਕੀਤੀ ਤੇ ਲੁਧਿਆਣਾ ਵਾਸੀਆਂ ਵੱਲੋਂ ਵੀ ਭਰਵਾਂ ਹੁੰਗਾਰਾ ਮਿਲਿਆ। ਇਸ ਮੌਕੇ ਹੋਰ ਮੋਹਤਬਰ ਸੱਜਣ ਵੀ ਹਾਜ਼ਰ ਸਨ।

# ਭਗਤ ਸਿੰਘ ਫੁੱਟਬਾਲ ਕਲੱਬ ਵੱਲੋਂ ਲਗਾਏ ਸਮਰ ਕੈਂਪ 'ਚ ਬੱਚੇ ਲੈ ਰਹੇ ਨੇ ਵੱਧ ਚੜ੍ਹ ਕੇ ਹਿੱਸਾ



ਗੜ੍ਹਸ਼ੰਕਰ, 12 ਜੂਨ (ਅਜਮੇਰ ਸਿੰਘ ਭਨੋਟ): ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੇ ਮਕਸਦ ਨਾਲ ਪਿਛਲੇ ਸਾਲਾ ਦੀ ਤਰ੍ਹਾਂ ਗਰਮੀਆਂ ਦੀਆਂ ਛੁੱਟੀਆਂ ਵਿੱਚ ਇਸ ਸਾਲ ਵੀ ਸ਼ਹੀਦ-ਏ-ਆਜ਼ਮ ਸ੍ਰ.ਭਗਤ ਸਿੰਘ ਫੁੱਟਬਾਲ ਕਲੱਬ ਵੱਲੋਂ ਗੜ੍ਹਸ਼ੰਕਰ ਵਿਖੇ ਤੀਸਰਾਂ ਸਮਰ ਫੁੱਟਬਾਲ ਕੋਚਿੰਗ ਕੈਂਪ ਚੱਲ ਰਿਹਾ ਹੈ। ਇਸ ਕੋਚਿੰਗ ਕੈਂਪ ਵਿੱਚ ਸ਼ਾਮ 5 ਵਜੇ ਗੜ੍ਹਸ਼ੰਕਰ ਇਲਾਕੇ ਦੇ ਆਲੇ-ਦੁਆਲੇ ਦੇ ਪਿੰਡਾਂ ਦੇ ਬੱਚੇ ਫੁੱਟਬਾਲ ਦੀ ਕੋਚਿੰਗ ਵਿੱਚ ਹਿੱਸਾ ਲੈ ਰਹੇ ਹਨ, ਜਿੱਥੇ ਅੱਜ ਬੱਚੇ ਮੋਬਾਇਲ ਦੀ ਦੁਨੀਆਂ ਵਿੱਚ ਫਸ ਰਹੇ ਹਨ, ਜਿਨ੍ਹਾਂ ਨੂੰ ਤੰਦਰੁਸਤ ਰੱਖਣ ਦੇ ਲਈ ਖੇਡ ਬਹੁਤ ਜ਼ਰੂਰੀ ਹੈ, ਜਿਸ ਦੇ ਲਈ ਇਹ ਸਮਰ ਕੈਂਪ ਲਗਾਇਆ ਜਾਂਦਾ ਹੈ, ਜਿਸ ਵਿੱਚ ਬੱਚੇ ਇੱਕ ਮਹੀਨਾ ਤਨ ਮਨ ਦੇ ਨਾਲ ਖੇਡਦੇ ਹਨ ਤੇ ਇਹ ਖੇਡ ਹੀ ਇਨ੍ਹਾਂ ਦਾ ਸ਼ੌਕ ਬਣ ਜਾਦਾ ਹੈ। ਇਸ ਮੌਕੇ ਕਲੱਬ ਦੇ ਪ੍ਰਧਾਨ ਐਡਵੋਕੇਟ ਜਸਵੀਰ ਸਿੰਘ ਰਾਏ ਨੇ ਕਿਹਾ ਕਿ ਸਾਡਾ ਮਕਸਦ ਇਹ ਹੈ ਕਿ ਬੱਚੇ ਖੇਡਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਤੇ ਸਾਡੇ ਇਲਾਕੇ ਦਾ ਤੇ ਆਪਣੇ ਮਾਂ ਬਾਪ ਦਾ ਨਾਮ ਰੌਸ਼ਨ ਕਰਨ। ਉਨ੍ਹਾਂ ਕਿਹਾ ਕਿ ਇਸ ਸਮਰ ਕੈਂਪ ਵਿੱਚ ਸੱਤ ਸਾਲ ਤੋਂ ਲੈ ਕੇ 17 ਸਾਲ ਤੱਕ ਦੇ ਬੱਚੇ ਭਾਗ ਲੈ ਰਹੇ ਹਨ। ਤਕਰੀਬਨ 100 ਦੇ ਕਰੀਬ ਬੱਚੇ ਇਸ ਸਮਰ ਕੈਂਪ ਵਿੱਚ ਭਾਗ ਰੋਜ਼ਾਨਾ ਲੈਂਦੇ ਹਨ, ਇਹ ਕੈਂਪ 2 ਤੋਂ 30 ਜੂਨ ਤੱਕ ਗੌਰਮਿੰਟ ਸੀਨੀਅਰ ਸੈਕੰਡਰੀ ਸਕੂਲ ਗੜ੍ਹਸ਼ੰਕਰ ਦੀ ਫੁੱਟਬਾਲ ਗਰਾਊਂਡ ਵਿਖੇ ਚੱਲੇਗਾ। ਬੱਚਿਆਂ ਨੂੰ ਫੁੱਟਬਾਲ ਕੋਚਾਂ ਵੱਲੋਂ ਰੋਜ਼ਾਨਾ ਸ਼ਾਮ ਸਾਢੇ ਪੰਜ ਵਜੇ ਤੋਂ ਸ਼ਾਮ ਸਾਢੇ 7 ਵਜੇ ਤੱਕ ਫੁੱਟਬਾਲ ਦੀ ਮੁਫਤ ਟ੍ਰੇਨਿੰਗ ਦਿੱਤੀ ਜਾਂ ਰਹੀ ਹੈ ਤੇ ਟ੍ਰੇਨਿੰਗ ਲੈਣ ਵਾਲੇ ਬੱਚਿਆਂ ਨੂੰ ਰੋਜ਼ਾਨਾ ਰਿਫਰੈਸ਼ਮੈਂਟ ਵੀ ਦਿੱਤੀ ਜਾਂਦੀ ਹੈ। ਇਸ ਮੌਕੇ ਉਨ੍ਹਾਂ ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਦੇ ਮਾਪਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਅਪਣੇ ਬੱਚਿਆਂ ਨੂੰ ਪਾਣੀ ਦੀ ਬੋਤਲ ਨਾਲ ਦੇ ਕੇ ਭੇਜਣ।

# ਪਿੰਡਾਂ ਦੇ ਛੱਪੜਾਂ 'ਚ ਗੰਬੂਜੀਆ ਮੱਛੀਆਂ ਪਾਈਆਂ ਗਈਆਂ

ਫਤਹਿਗੜ੍ਹ ਚੂੜੀਆਂ, 12 ਜੂਨ (ਰਾਜਨ ਸ਼ਰਮਾ): ਸਿਵਲ ਸਰਜਨ ਗੁਰਦਾਸਪੁਰ ਡਾ. ਜਸਵਿੰਦਰ ਸਿੰਘ ਤੇ




ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਗੁਰਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਡਾ. ਲਖਵਿੰਦਰ ਸਿੰਘ ਐੱਸ.ਐੱਮ.ਓ. ਫਤਹਿਗੜ੍ਹ ਚੂੜੀਆਂ ਦੀ ਅਗਵਾਈ ਹੇਠ ਬਲਾਕ ਫਤਹਿਗੜ੍ਹ ਚੂੜੀਆਂ ਅਧੀਨ ਆਉਂਦੇ ਪਿੰਡਾਂ ਦੇ ਛੱਪੜਾਂ ਵਿੱਚ ਮਲੇਰੀਆ, ਡੇਂਗੂ ਦੇ ਬਚਾਅ ਲਈ ਗੰਬੂਜੀਆ ਮੱਛੀਆਂ ਪਾਈਆਂ ਗਈਆਂ। ਇਸ ਮੌਕੇ 'ਤੇ ਜੋਗਾ ਸਿੰਘ ਬੀ.ਈ.ਈ. ਨੇ ਦੱਸਿਆ ਕਿ ਛੱਪੜਾਂ ਵਿਚ ਗੰਬੂਜੀਆ ਮੱਛੀਆਂ ਰਣਜੀਤ ਬਾਗ ਤੋਂ ਲਿਆ ਕੇ ਜਿੱਥੇ ਪਾਣੀ ਖੜ੍ਹਾ ਹੈ ਤੇ ਬੂਟੀ ਆਦਿ ਨਹੀਂ ਹੈ, ਵਿੱਚ ਪਾਈਆਂ ਗਈਆਂ ਹਨ ਤਾਂ ਜੋ ਉੱਥੇ ਮਲੇਰੀਆ, ਡੇਂਗੂ ਦੇ ਲਾਰਵੇ ਨੂੰ ਖਤਮ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਆਪਣੇ ਘਰਾਂ ਦੇ ਆਲੇ-ਦੁਆਲੇ ਵੀ ਪਾਣੀ ਜਮ੍ਹਾਂ ਨਾ ਹੋਣ ਦਿੱਤਾ ਜਾਵੇ, ਗਮਲਿਆਂ, ਕੂਲਰਾਂ, ਫਰਿੱਜਾਂ ਦੀਆਂ ਪਿਛੇ ਟਰੇਆਂ ਨੂੰ ਹਰ ਹਫ਼ਤੇ ਸਾਫ਼ ਕਰਕੇ ਸੁਕਾਓ ਤੇ ਘਰ ਵਿੱਚ ਪਏ ਕਬਾੜ ਆਦਿ ਟਾਇਰਾਂ ਨੂੰ ਢੱਕ ਕੇ ਰੱਖੋ ਤਾਂ ਜੋ ਬਰਸਾਤੀ ਪਾਣੀ ਇਨ੍ਹਾਂ ਵਿਚ ਇਕੱਠਾ ਨਾ ਹੋਵੇ। ਇਸ ਮੌਕੇ 'ਤੇ ਹਰਵਿੰਦਰ ਸਿੰਘ, ਦਲਜੀਤ ਸਿੰਘ ਹੈਲਥ ਇੰਸਪੈਕਟਰ, ਗੁਰਿੰਦਰਜੀਤ ਸਿੰਘ, ਹਰਜੀਤ ਸਿੰਘ ਹੈਲਥ ਵਰਕਰ ਆਦਿ ਹਾਜ਼ਰ ਸਨ।

# ਜਠੇਰਿਆਂ ਦਾ ਮੇਲਾ 14 ਤੇ 15 ਨੂੰ

ਕਲਾਨੌਰ, 12 ਜੂਨ (ਇਕਬਾਲ ਸਿੰਘ ਵਾਲੀਆ/ਕਮਲਜੀਤ ਸਿੰਘ): ਇਥੋਂ ਥੋੜੀ ਦੂਰ ਪਿੰਡ ਨਸਹਿਰਾ ਮਲਕ ਚੱਕ ਗਾਲੜੀ ਵਿਖੇ ਬੂਆ ਦਾਤੀ ਸ਼ੀਲਾ ਵੰਤੀ ਤੇ ਬਾਬਾ ਨਟਕੋ ਦੀ ਯਾਦ ਨੂੰ ਸਮਰਪਿਤ ਸਾਲਾਨਾ ਜੋੜ ਮੇਲਾ 14 ਤੇ 15 ਜੂਨ ਨੂੰ ਸ਼ਾਨੋ-ਸ਼ੌਕਤ ਨਾਲ ਮਨਾਇਆ ਜਾ ਰਿਹਾ ਹੈ,



ਜਿਸ ਦੀ ਜਾਣਕਾਰੀ ਮੁੱਖ ਸੇਵਾਦਾਰ ਬਾਬਾ ਸਰੇਸ਼ ਕੁਮਾਰ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਇਹ ਮੇਲਾ ਮੁੱਲਾ ਬਰਾਦਰੀ ਵੱਲੋਂ ਆਪਣੇ ਵਡੇਰਿਆਂ ਦੀ ਯਾਦ ਨੂੰ ਸਮਰਪਿਤ ਕਰਵਾਇਆ ਜਾਂਦਾ ਹੈ, ਜਿਸ ਵਿੱਚ 14 ਜੂਨ ਨੂੰ ਰਾਤ ਜਾਗਰਣ ਕਰਵਾਇਆ ਜਾਂਦਾ ਹੈ ਤੇ 15 ਜੂਨ ਨੂੰ ਵੀ ਜਾਗਰਣ ਤੇ ਵੱਡੀ ਪੱਧਰ 'ਤੇ ਮੇਲਾ ਕਰਵਾਇਆ ਜਾਂਦਾ ਹੈ, ਜਿਸ ਵਿੱਚ ਮੰਨੇ ਪਰ ਮੰਨੇ ਭਗਤਾਂ ਵੱਲੋਂ ਜਾਗਰਣ ਕੀਤਾ ਜਾਂਦਾ ਹੈ ਤੇ ਸੰਗਤਾਂ ਨੂੰ ਮਹਾਂਮਾਈ ਦਾ ਗੁਣਗਾਨ ਕਰਕੇ ਨਿਹਾਲ ਕੀਤਾ ਜਾਂਦਾ ਹੈ। ਇਸ ਮੌਕੇ ਸੰਗਤਾਂ ਲਈ ਵੱਖ-ਵੱਖ ਪਦਾਰਥਾਂ ਦੇ ਅਤੁੱਟ ਲੰਗਰ ਵਰਤਾਏ ਜਾਂਦੇ ਹਨ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਜਾਂਦੀ ਹੈ। ਇਸ ਮੌਕੇ ਅਮਰ ਸਿੰਘ, ਮਨਦੀਪ ਸਿੰਘ ਵਡਾਲਾ ਬਾਂਗਰ, ਸਤਪਾਲ ਸਿੰਘ, ਸੁਰਿੰਦਰ ਬੱਗਾ, ਸੋਨੂੰ ਮਕੇਰੀਆਂ, ਲਾਡੀ ਗੁਰਦਾਸਪੁਰ, ਨਿੰਦਾ ਗੁਰਦਾਸਪੁਰ, ਸਤਪਾਲ ਸਿੰਘ ਗੁਰਦਾਸਪੁਰ, ਸੱਤਾ ਮੁਕੇਰੀਆਂ, ਅਮਰ ਸਿੰਘ ਬਟਾਲਾ, ਨਿੰਦਾ ਬਟਾਲਾ, ਮੋਹਨ ਪੰਡੋਰੀ, ਰਜੇਸ਼ ਕੁਮਾਰ ਐਡ. ਗੁਰਦਾਸਪੁਰ, ਗੋਪੀ ਠੱਠੇ, ਬਲਵਿੰਦਰ ਸਿੰਘ ਵਡਾਲਾ ਬਾਂਗਰ, ਮਨਪ੍ਰੀਤ ਸਿੰਘ, ਗਗਨ ਵਡਾਲਾ ਬਾਂਗਰ, ਹਨੀ ਵਡਾਲਾ ਬਾਂਗਰ, ਰੂਬਲ ਵਡਾਲਾ ਬਾਂਗਰ ਤੋਂ ਇਲਾਵਾ ਸਾਰੇ ਸੇਵਾਦਾਰ ਹਾਜ਼ਰ ਸਨ।

# ਡੇਅਰੀ ਫਾਰਮਿੰਗ ਦਾ ਸਿਖਲਾਈ ਕੋਰਸ 16 ਤੋਂ ਸ਼ੁਰੂ

ਗੁਰਦਾਸਪੁਰ, 12 ਜੂਨ (ਜਗੀਰ ਸਿੰਘ ਮੰਡ): ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਤ ਪੇਂਡੂ ਬੇਰੁਜ਼ਗਾਰ ਨੌਜਵਾਨ ਲੜਕੇ ਲੜਕੀਆਂ, ਜੋ ਡੇਅਰੀ ਦਾ ਕਿੱਤਾ ਸ਼ੁਰੂ ਕਰਨਾ ਚਾਹੁੰਦੇ ਹਨ, ਡੇਅਰੀ ਸਿਖਲਾਈ ਕੋਰਸ ਵਾਸਤੇ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਚ 16 ਜੂਨ ਤੱਕ ਅਰਜ਼ੀਆਂ ਦੇ ਸਕਦੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਵਰਿਆਮ ਸਿੰਘ ਨੇ ਦੱਸਿਆ ਕਿ ਖੇਤੀ ਵਿੱਚ ਵਿਭਿੰਨਤਾ ਲਿਆਉਣ ਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵਜੋਂ ਅਪਨਾਉਣ ਲਈ 2 ਹਫਤੇ ਦੀ ਡੇਅਰੀ ਸਿਖਲਾਈ ਮਿਤੀ 16 ਜੂਨ ਤੋਂ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ, ਵੇਰਕਾ (ਜ਼ਿਲ੍ਹਾ ਅੰਮ੍ਰਿਤਸਰ) ਵਿਖੇ ਕਰਵਾਈ ਜਾਣੀ ਹੈ। ਇਸ ਸਿਖਲਾਈ ਕੋਰਸ ਵਿੱਚ ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਤ ਬੇਰੁਜ਼ਗਾਰ ਨੌਜਵਾਨ ਲੜਕੇ-ਲੜਕੀਆਂ ਸਿਖਲਾਈ ਲੈ ਸਕਦੇ ਹਨ।

# ਸਿਰਲੇਖਵਾਰ ਇਸ਼ਤਿਹਾਰ/Classified Advertisements

**(U/o 5 Rule 20 CPC)**
**In the Court of Ms. Megha Dhaliwal Addl. Civil Judge (Senior Division)-1,**
CNR No.PBSA02-001003-2022
Next Date:02.07.2025
CIS No. CS/756/2022
Union Bank of India
Versus
Amit Katoch
Mortgage suit Under Order 34 CPC For Recovery of Rs. 17,00,357/-
Notice to : Gopal Singh Son:- Dungar Singh H.No. 2118, Sector 24-C, Chandigarh
In above titled Petition the defendant(s)/respondent(s) could not be served. It is ordered that defendant(s)/respondent(s) should appear in person or through counsel on **02.**07.2025 at 10:00 A.M.
For details logon to https://highcourtchd.gov.in/?mod=district_notice&district=mohali
Dated, this day of 11-06-2025
**Sd/- Addl. Civil Judge (Senior Division)-1,**

---

**(U/o 5 Rule 20 CPC)**
**In the Court of Sh.Prabhjot Singh Sethi Civil Judge (Junior Division), Gurdaspur**
CNR No. PBGD02-000099-2025
Next Date:- 01-07-2025
Sunita Devi
Versus
General Public
Notice to: General Public:- General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **01.**07.2025 at 10:00 A.M.
For details logon to https://highcourtchd.gov.in/?mod=district_notice&district=Gurdaspur
Dated this day of 11-06-2025
**Sd/- Civil Judge (Junior Division), Gurdaspur**

---

**(U/o 5 Rule 20 CPC)**
**In the Court of Sh. Akbar Khan Additional Civil Judge (Senior Division), Guruharsahai**
CNR No. PBFZD0-000397-2023
Next Date: 05.07.2025
Cs/263/2023
Surjit Singh Son of Sharma Singh Son of Labh Singh R/o Village Megha Panj Grain Hithar Tehsil Guruharsahai District Ferozepur
Versus
Upkar Singh
Notice to: Upkar Singh Father:- Jaswant Singh Son of Fatta Singh Basti Maghar Singh Wali, Tehsil Guruharsahai, District Ferozepur
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **05.**07.2025 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 11-06-2025
**Sd/- Additional Civil Judge (Senior Division), Guruharsahai**

---

**(U/o 5 Rule 20 CPC)**
**In the Court of Sh. Akbar Khan Additional Civil Judge (Senior Division), Guruharsahai**
CNR No. PBFZD0-000056-2025
Next Date: 01.07.2025
CS/36/2025
1. Satish Singh Son of Baldev Singh R/o House NO. 118, GTB Avenue Jalandhar-1, Jalandhar 2. Baljit Kaur daughter of Makhan Singh and wife of Sarabjit singh R/o Street NO. 2 Baba Badri Dass Colony, Ferozepur City
Versus
General Public
Declaration of Giani Inder singh S/o Saudagar Singh as died
Notice to: General Public:- Tehsil Guruharsahai Distt. Ferozepur, Punjab
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **01.**07.2025 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 11-06-2 025
**Sd/- Additional Civil Judge (Senior Division), Guruharsahai**

---

**(U/o 5 Rule 20 CPC)**
**In the Court of Sh.Prabhjot Singh Sethi Civil Judge (Junior Division), Gurdaspur**
CNR No. PBGD02-002062-2024
Next Date: 04.07.2025
Tarlochan Singh
Versus
Navjot Kaur
Notice to: Navjot Kaur D/o Sukhwinder Singh, W/o Amarjit Singh r/o Vill. Nabi Pur Teh. and Distt. Gurdaspur
In above titled case the defendant(s)/respondent(s)could not be served. It is ordered that defendant(s)/respondent(s) should appear in person or through counsel on **04.**07.2025 at 10:00 A.M.
For details logon to https://highcourtchd.gov.in/?mod=district_notice&district=Gurdaspur
Dated, this day of 11-06-2025
**Sd/- Civil Judge (Junior Division), Gurdaspur**

---

**(U/o 5 Rule 20 CPC)**
**In the Court of Sh. Navbir Singh Civil Judge Junior Division-4, Faridkot**
CNR No. PBFD02-000072-2024
Next Date: 18.07.2025
CS/46/2024
State Bank of India
Versus
Manjeet Kaur through Lrs
The Plaintiff prays for recovery of amount of Rs. 274757/- from defendant along with interest
Notice to: Manjeet Kaur through wife of Gurdas Singh now dead through her legal heirs No.3 Veerpal NO. 4 Gurmit Singh NO.5 Amarjit Singh son of Gurdas Singh Resident of Village Kaler, P.O. Moranwali, District Faridkot
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **18.**07.2025 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 12-06-2025
**Sd/- Civil Judge Junior Division-4, Faridkot**

---

**ਆਮ ਸੂਚਨਾ**

ਮੈਂ, ਗੁਰਮੇਲ ਕੌਰ ਪਤਨੀ ਬਾਬੂ ਸਿੰਘ ਵਾਸੀ ਫਲੇੜਾ ਤਹਿਸੀਲ ਲਹਿਰਾ ਜ਼ਿਲ੍ਹਾ ਸੰਗਰੂਰ ਬਿਆਨ ਕਰਦੀ ਹਾਂ ਕਿ ਮੈਨੂੰ ਗੁਰਮੇਲ ਕੌਰ ਅਤੇ ਹਰਮੇਲ ਕੌਰ ਦੋਵਾਂ ਨਾਵਾਂ ਨਾਲ ਜਾਣਿਆ ਜਾਂਦਾ ਹੈ। ਮੈਂ ਦੋ ਨਾਵਾਂ ਦੀ ਇਕ ਹੀ ਔਰਤ ਹਾਂ, ਇਸ ਦੀ ਮੈਂ ਜ਼ਿੰਮੇਵਾਰ ਹਾਂ।

---

**(U/o 5 Rule 20 CPC)**
**In the Court of Sh. Amar jeet Singh Principal Judge Family court, Moga**
CNR No.PBMO01-004420-2024
Next Date: 15.07.2025
Sujata
Versus
Jasbir Singh
The Plaintiff prays for restitution of conjugal rights between
Notice to : Jasbir Singh Father:- Gurdial Singh Baba Sekhon Patti, Village Fatehgarh Korotana, Tehsil Dharamkot, Distt. Moga
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on **15.**07.2025 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 27-05-2025
**Sd/- Principal Judge Family court, Moga**

---

**(U/o 5 Rule 20 CPC)**
**In the Court of Sh. Amar Jeet Singh Principal Judge Family Court, Moga**
CNR No. PBMO01-004669-2023
Next Date: 19.08.2025
Jasveer Kaur
Versus
Gagandeep Singh
Notice to: Gagandeep Singh Father:- Ajit Singh son of Sardara Singh Village Karahewla Distt. Moga
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **19.**08.2025 at 10:00 A.M.
For details logon to https://highcourtchd.gov.in/?trs=district_notice&district=Moga
Dated, this day of 27-05-2025
**Sd/- Principal Judge Family Court, Moga**

---

**(U/o 5 Rule 20 CPC)**
**In the Court of Ms. Agyapal Kaur Civil Judge (Junior Division), Jagraon**
CNR No. PBLDB0-000411-2023
Next Date: 05.07.2025
State bank of India
Versus
Harbhajan Singh
Suit for Recovery
Notice to: Def. Harbhajan Singh S/o Sunder Singh r/o- Vill. Rachhin, Teh. Raikot, Distt. Ludhiana, Has been died and his legal heir Manjit Singh has been died so Represented by 1) Taranpreet Singh S/o Late manjit Singh S/o Late Harbhajan Singh 2) Poonampreet Kaur w/o Late Manjit Singh S/oLate Harbhajan Singh Both r/o- Vill. Rachhin, Teh. Raikot, Distt. Ludhiana Now residing vill. Jarag Near bus stand Near Bijja Distt. Ludhiana
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **05.**07.2025 at 10:00 A.M.
For details logon to https://highcourtchd.gov.in/?mod=district_notice&district=ludhianacourt
Dated, this day of 03-06-2025
**Sd/- Civil Judge (Junior Division), Jagraon**

---

**In the Court of Ms. Gulfam Judicial Magistrate - Ist Class. Jagraon**
CNR No. PBLDB1-003959-2024
Next Date: 03.07.2025
COMA/369/2024
Aemanpreet Singh
Versus
Pardeep Arora
Detail of offence:- 138 N.I Act
Notice to: Pardeep Arora S/o Manohar Lal R/o House No. 3803, Ward No. 14, Raikot, Tehsil Raikot, Distt. Ludhiana
In above titled case the accused could not be served. It is ordered that accused should appear in person or through counsel on **03.**07.2025 at 10:00 A.M.
For details logon to https://highcourtchd.gov.in/?mod=district_notice&district=ludhianacourt
Dated, this day of 11-06-2025
**Sd/- Judicial Magistrate - Ist Class. Jagraon**

---

**In the Court of Ms. Gulfam Judicial Magistrate - Ist Class. Jagraon**
CNR No. PBLDB1-003958-2024
Next Date: 03.07.2025
COMA/370/2024
Gurdeep Singh Tatla
Versus
Ranpreet Singh
Detail of offence:- 138 N.I Act
Notice to: Ranpreet Singh S/o Jarnail Singh R/o VPO Barhmi, Tehsil Raikot, Distt. Ludhiana Mob No. 95922-26150, 99153-19981
In above titled case the accused could not be served. It is ordered that accused should appear in person or through counsel on **03.**07.2025 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 11-06-2025
**Sd/- Judicial Magistrate - Ist Class. Jagraon**

---

**BEFORE THE COURT OF Hon'ble CHAIRMAN, PERMANENT LOK ADALAT FOR PUBLIC UTILITYSERVICES,CHANDIGARH.**
**PLA (Pus) 2025/218 Dt. 3/6/25**
**Petition No. 8525 of 2025**
Union Bank of India .......Applicant
Versus
M/s GS Carriage Contractors & Another ...........Respondents
Application under section 22(A) of Legal Services Authorities Act.
To 1. M/s GS Carriage Contractors Through Its Proprietor Sh. Gurinder Singh House No. 16, Vikash Nagar, Baltana, Zirakpur, S.A.S Nagar, Pin Code: 140507. Mobile No. 90238-40840++........... Borrower 2. Sh. Gurinder Singh Son of Sh. Rashpal Singh Bhatia, Proprietor of M/s GS Carriage Contractors, House No. 16, Vikash Nagar, Baltana, Zirakpur, S.A.S Nagar, Pin Code: 140507. Mobile No. 90238-40840. .........Respondents
Whereas the applicant mentioned above has filed an application for Recovery of amount which was used by way of cash credit limit by impleading the respondents mentioned above and it has been proved that all of you have not served in ordinary manner in the present application. hence by virtue of present proclamation, you are hereby informed to appear before this court on 16.06.2025 at 10:00 AM initiated against all of you in accordance with law.
Given under my hand and seal of this court on 03 day of ... 06/2025.
**Sol- Sh. S.K. Sachdeva Chairman Permanent Lok Adalat (Public Utility) Chandigarh**

---

**(U/o 5 Rule 20 CPC) (Succession Case)**
**In the Court of Sh. Sachin Yadav Addl. Civil Judge (Sr. Divn.), Chandigarh**
CNR No. CHCH02-001335-2025
Next Date: 17.07.2025
Sunita Gupta
Versus
General Public
Notice to: General Public
Petition U/s 372 of Indian Succession Act
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **17.**07.2025 at 10:00 A.M.
For details logon to https://highcourtchd.gov.in/?trs=district_notice&district=Chandigarh
Dated, this day of 23-05-2025
**Sd/- Addl. Civil Judge (Sr. Divn.), Chandigarh**

---

**(U/o 5 Rule 20 CPC)**
**In the Court of Ms. Chinu Sharma Civil Judge Jr. Div.,Chandigarh**
CNR No. CHCH02-001892-2025
Next Date: 29.07.2025
Manju Bala
Versus
General Public
Suit For Declaration
Notice to:General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **29.**07.2025 at 10:00 A.M.
For details logon to https://highcourtchd.gov.in/?trs=district_notice&district=Chandigarh
Dated, this day of 12-06-2025
**Sd/- Civil Judge Jr. Div., Chandigarh**

---

**ਬੇਦਖਲੀ ਸੂਚਨਾ**

ਮੈਂ, ਸ਼ੇਰ ਸਿੰਘ ਪੁੱਤਰ ਕਰਨੈਲ ਸਿੰਘ ਪਿੰਡ ਬਡਾਲੀ, ਤਹਿਸੀਲ ਅਮਲੋਹ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਆਪਣੇ ਭਾਣਜਿਆਂ ਲਵਲੀ ਮਕਬੂਲ ਸਿੰਘ, ਨੂੰ ਸੁਖਵਿੰਦਰ ਕੌਰ ਜੋ ਮੇਰੇ ਕਹਿਣੇ ਤੋਂ ਬਾਹਰ ਹਨ, ਸਮਝਾਉਣ ਤੇ ਨਹੀਂ ਸਮਝਦੇ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਇਨ੍ਹਾਂ ਨਾਲ ਕੋਈ ਸਬੰਧ ਨਹੀਂ ਰਿਹਾ।

**ਆਮ ਸੂਚਨਾ**

ਮੈਂ, ਕੇਰਜ ਪਾਲ ਪੁੱਤਰ ਰਣਜੀਤ ਸਿੰਘ ਵਾਸੀ 26, ਪ੍ਰੋਫੈਸਰ ਕਲੋਨੀ, ਨੇੜੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦਾ ਹਾਂ ਕਰਦੇ ਮੇਰਾ ਕਰਜ ਪਾਲ ਅਤੇ ਕੇਰਜਪਾਲ ਸਿੰਘ ਦੋਵੇਂ ਨਾਵਾਂ ਨਾਲ ਜਾਣਿਆ ਜਾਂਦਾ ਹੈ।

**ਆਮ ਸੂਚਨਾ**

ਮੈਂ, ਕੇਰਜ ਪਾਲ ਪੁੱਤਰ ਰਣਜੀਤ ਸਿੰਘ ਵਾਸੀ 26, ਪ੍ਰੋਫੈਸਰ ਕਲੋਨੀ, ਨੇੜੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦਾ ਹਾਂ ਕਰਦੇ ਮੇਰਾ ਕਰਜ ਪਾਲ ਅਤੇ ਕੇਰਜਪਾਲ ਸਿੰਘ ਦੋਵੇਂ ਨਾਵਾਂ ਨਾਲ ਜਾਣਿਆ ਜਾਂਦਾ ਹੈ।

ਚੜ੍ਹਦੀਕਲਾ ਪੜ੍ਹੋ, ਚੜ੍ਹਦੀਕਲਾ ਵਿੱਚ ਰਹੋ।

**ਜ਼ਰੂਰੀ ਸੂਚਨਾ**

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।
**-ਇਸ਼ਤਿਹਾਰ ਮੈਨੇਜਰ**

# ਖੇਤੀਬਾੜੀ ਅਧਿਕਾਰੀਆਂ ਨੂੰ ਕਿਸਾਨਾਂ ਨੂੰ ਵਿਭਾਗ ਦੀਆਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਪਹੁੰਚਾਉਣ ਦੀ ਹਦਾਇਤ

ਸ਼ਹੀਦ ਭਗਤ ਸਿੰਘ ਨਗਰ, 12 ਜੂਨ: (ਸੁਖਦੇਵ ਸਿੰਘ ਉੜਾਪੜ) ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਜ਼ਿਲ੍ਹੇ ਵਿੱਚ ਚੱਲ ਰਹੇ ਵੱਖ-ਵੱਖ ਵਿਕਾਸ ਕਾਰਜਾਂ, ਭਲਾਈ ਸਕੀਮਾਂ ਅਤੇ ਲੋਕ ਪੱਖੀ ਪ੍ਰੋਗਰਾਮਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਅੱਜ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਚੱਲ ਰਹੇ ਕੰਮਾਂ ਦੀ ਰਫ਼ਤਾਰ ਵਿੱਚ ਤੇਜੀ ਲਿਆਉਂਦਿਆਂ ਤੈਅ ਸਮੇਂ ਵਿੱਚ ਮੁਕੰਮਲ ਕਰਨ ਨੂੰ ਤਰਜੀਹ ਦਿੱਤੀ ਜਾਵੇ।

ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮਾਸਿਕ ਜਾਇਜ਼ਾ ਮੀਟਿੰਗਾਂ ਦੌਰਾਨ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਕਿਹਾ ਕਿ ਪਿੰਡਾਂ ਵਿੱਚ ਛੱਪੜਾਂ ਦੀ ਸਫ਼ਾਈ, ਖੇਡ ਮੈਦਾਨਾਂ ਦੀ ਉਸਾਰੀ, ਕਮਿਊਨਿਟੀ ਸੈਂਟਰ ਬਨਾਉਣ, ਆਂਗਨਵਾੜੀ ਸੈਂਟਰ ਬਨਾਉਣ, ਤਰਲ ਅਤੇ ਠੋਸ ਰਹਿੰਦ-ਖੂਹੰਦ ਪ੍ਰਬੰਧਨ, ਸੋਲਰ ਲਾਈਟਾਂ ਲਾਉਣ ਆਦਿ ਦੇ ਕੰਮਾਂ ਵਿੱਚ ਤੇਜ਼ੀ ਲਿਆਂਦੀ ਜਾਵੇ। ਉਨ੍ਹਾਂ ਨੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਨੂੰ ਹਦਾਇਤ ਕੀਤੀ ਕਿ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਰੈਗੂਲਰ ਸਮੀਖਿਆ ਕਰਦਿਆਂ ਨਿਰਧਾਰਤ ਸਮੇਂ ਵਿੱਚ ਕੰਮਾਂ ਦੀ ਪੂਰਤੀ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਨੇ ਜ਼ਿਲ੍ਹੇ ਦੀਆਂ ਸਬ ਡਿਵੀਜ਼ਨਾਂ ਵਿੱਚ ਜਾਰੀ ਹੋਏ ਕਬਜ਼ਾ ਵਰੰਟ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਨਿਰਦੇਸ਼ ਦਿੱਤੇ ਕਿ ਇਸ ਕੰਮ ਨੂੰ ਪੂਰੀ ਤਰਜੀਹ ਦਿੰਦਿਆਂ ਆਉਂਦੇ ਦਿਨਾਂ ਵਿੱਚ ਇਹ ਵਰੰਟ ਤਾਮੀਲ ਕਰਵਾਏ ਜਾਣ ਤਾਂ ਜੋ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਸਕੇ।

ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਨਵਾਂਸ਼ਹਿਰ ਅਤੇ ਇਸ ਦੇ ਆਲੇ-ਦੁਆਲੇ ਦੇ ਖੇਤਰਾਂ ਵਿੱਚ ਬਰਸਾਤੀ ਮੌਸਮ ਦੇ ਮੱਦੇਨਜ਼ਰ ਸਮੇਂ ਸਿਰ ਸੀਵਰੇਜ ਸਿਸਟਮ ਦੀ ਸਫ਼ਾਈ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਸ਼ਹਿਰ ਅੰਦਰ ਵੱਖ-ਵੱਖ ਵਿਕਾਸ ਕਾਰਜਾਂ ਦੀ ਰਫ਼ਤਾਰ ਤੇਜ ਕਰਨ ਦੇ ਨਾਲ-ਨਾਲ ਲਾਈਟਾਂ, ਸਫ਼ਾਈ ਅਤੇ ਪਾਣੀ ਦੇ ਨਿਕਾਸ ਦੇ ਢੁਕਵੇਂ ਇੰਤਜਾਮ ਕੀਤੇ ਜਾਣ। ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਅਧਿਕਾਰੀਆਂ ਤੋਂ ਕਿਸਾਨਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਦੀ ਮੌਜੂਦਾ ਸਥਿਤੀ ਬਾਰੇ ਜਾਣਕਾਰੀ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਤਾਕੀਦ ਕੀਤੀ ਕਿ ਕਿਸਾਨ ਭਲਾਈ ਸਕੀਮਾਂ ਦੀ ਵਿਸਥਾਰਤ ਜਾਣਕਾਰੀ ਜ਼ਮੀਨੀ ਪੱਧਰ ਤੱਕ ਪੁੱਜਦੀ ਕਰਕੇ ਕਿਸਾਨਾਂ ਨੂੰ ਵੱਧ ਤੋਂ ਵੱਧ ਲਾਭ ਪਹੁੰਚਾਇਆ ਜਾਵੇ। ਉਨ੍ਹਾਂ ਕਿਹਾ ਕਿ ਵਿਭਾਗ ਦੇ ਅਧਿਕਾਰੀ ਕਿਸਾਨਾਂ ਨੂੰ ਮਿਆਰੀ ਬੀਜ, ਦਵਾਈਆਂ ਅਤੇ ਖਾਦਾਂ ਦੀ ਉਪਲਬਧਤਾ 'ਤੇ ਵੀ ਵਿਸ਼ੇਸ਼ ਗੌਰ ਕਰਨ ਤਾਂ ਜੋ ਕਿਸਾਨਾਂ ਨੂੰ ਕੁਆਲਿਟੀ ਚੀਜ਼ਾਂ ਮਿਲ ਸਕਣ ਅਤੇ ਵਧੀਆ ਪੈਦਾਵਾਰ ਹੋ ਸਕੇ। ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਪਿੰਡਾਂ ਵਿੱਚ ਕੈਂਪਾਂ ਅਤੇ ਜਾਗਰੂਕਤਾ ਮੁਹਿੰਮ ਰਾਹੀਂ ਕਿਸਾਨਾਂ ਨੂੰ ਆਧੁਨਿਕ ਖੇਤੀ, ਮਸ਼ੀਨਾਂ ਅਤੇ ਸਮੇਂ-ਸਮੇਂ 'ਤੇ ਚੁੱਕੇ ਜਾਣ ਵਾਲੇ ਕਦਮਾਂ ਬਾਰੇ ਜਾਣੂ ਕਰਵਾਇਆ ਜਾਵੇ। ਉਨ੍ਹਾਂ ਕਿਹਾ ਕਿ ਧਰਤੀ ਹੇਠਲੇ ਪਾਣੀ ਦੀ ਸੰਭਾਲ ਲਈ ਝੋਨੇ ਅਤੇ ਕਣਕ ਤੋਂ ਬਿਨਾਂ ਹੋਰਨਾਂ ਫਸਲਾਂ ਦੀ ਬਿਜਾਈ ਬਾਰੇ ਕਿਸਾਨਾਂ ਨੂੰ ਉਤਸ਼ਾਹਿਤ ਕੀਤਾ ਜਾਵੇ।

## ਪੈਰੋਸ਼ਾਹ ਪਿੰਡ ਸਲਾਨਾ 45 ਟਨ ਕੂੜੇ ਤੋਂ 5 ਟਨ ਜੈਵਿਕ ਖਾਦ ਕਰਦਾ ਹੈ ਤਿਆਰ - ਸਰਪੰਚ ਸੁਖਰਾਜ ਸਿੰਘ ਕਾਹਲੋਂ

ਬਟਾਲਾ, 12 ਜੂਨ (ਡਾਕਟਰ ਨਰਿੰਦਰ ਸਿੰਘ ਘੁਮਾਣ /ਜਗੀਰ ਸਿੰਘ ਮੰਡ) ਅੱਜ ਪਿੰਡਾਂ ਅਤੇ ਸ਼ਹਿਰਾਂ ਵਿੱਚ



ਕੂੜੇ ਦੇ ਢੇਰ ਲੱਗੇ ਹੋਏ ਹਨ ਅਤੇ ਇਹ ਕੂੜੇ ਦੇ ਢੇਰ ਗੰਦਗੀ ਦਾ ਸਭ ਤੋਂ ਵੱਡਾ ਸਰੋਤ ਹਨ ਉੱਥੇ ਹੀ ਜਿਲਾ ਗੁਰਦਾਸਪੁਰ ਦੀ ਇੱਕ ਪੰਚਾਇਤ ਪੈਰੋਸ਼ਾਹ ਹੈ, ਜਿਸ ਨੇ ਪਿੰਡ ਦੇ ਕੂੜੇ ਨੂੰ ਆਮਦਨ ਦਾ ਸਾਧਨ ਬਣਾਇਆ ਹੈ।

ਪੰਚਾਇਤ ਦੇ ਸਹਿਯੋਗ ਨਾਲ ਪਿੰਡ ਵਿੱਚ ਸੋਲਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਲਗਾਇਆ ਹੈ, ਜਿਸ ਤਹਿਤ ਗਿੱਲੇ ਅਤੇ ਸੁੱਕੇ ਕੂੜੇ ਦਾ ਨਿਪਟਾਰਾ ਕੀਤਾ ਜਾਂਦਾ ਹੈ, ਗਿੱਲਾ ਕੂੜਾ ਜਿਸ ਵਿੱਚ ਫਲਾਂ ਅਤੇ ਸਬਜ਼ੀਆਂ ਦੇ ਛਿਲਕੇ ਅਤੇ ਰਸੋਈ ਦੇ ਵੇਸਟ ਨੂੰ ਇੱਕ ਪਿੱਟ ਵਿੱਚ ਵਿਧੀਵਤ ਪਾਇਆ ਜਾਂਦਾ ਹੈ ਅਤੇ ਡੀ ਕੰਪੋਜ਼ ਵਿਧੀ ਰਾਹੀਂ ਉਸ ਨੂੰ ਜੈਵਿਕ ਖਾਦ ਦੇ ਰੂਪ ਵਿੱਚ ਤਬਦੀਲ ਕੀਤਾ ਜਾਂਦਾ ਹੈ।

ਇਸ ਸਬੰਧੀ ਅਗਾਂਹਵਧੂ ਸਰਪੰਚ ਸੁਖਰਾਜ ਸਿੰਘ ਪੈਰੋਸ਼ਾਹ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੋਲਡ ਵੇਸਟ ਮੈਨੇਜਮੈਂਟ ਪ੍ਰੋਜੈਕਟ 2020 ਵਿੱਚ ਚਾਲੂ ਕੀਤਾ ਗਿਆ ਸੀ, ਜਿਸ ਰਾਹੀ ਪਿੰਡ ਵਿੱਚੋਂ ਹਰੇਕ ਸਾਲ 25 ਟਨ ਗਿੱਲਾ ਕੂੜਾ ਅਤੇ 20 ਟਨ ਸੁੱਕਾ ਕੂੜਾ ਇਕੱਤਰ ਕੀਤਾ ਜਾਂਦਾ ਹੈ ਅਤੇ ਗਿੱਲੇ ਕੂੜੇ ਤੋਂ ਪੰਜ ਟਨ ਹਰ ਸਾਲ ਜੈਵਿਕ ਖਾਦ ਤਿਆਰ ਕੀਤੀ ਜਾਂਦੀ ਹੈ ਅਤੇ ਸੁੱਕੇ ਕੂੜੇ ਨੂੰ ਵੇਚਿਆ ਜਾਂਦਾ ਹੈ ਜਿਸ ਤੋਂ ਪੰਚਾਇਤ ਨੂੰ ਆਮਦਨ ਹੁੰਦੀ ਹੈ ਜਿਸ ਨਾਲ ਇਹ ਸਾਰਾ ਪ੍ਰੋਜੈਕਟ ਚਲਦਾ ਹੈ।

ਇਸ ਮੌਕੇ ਸਰਪੰਚ ਕਾਹਲੋਂ ਨੇ ਦੱਸਿਆ ਕਿ ਔਰਗੈਨਿਕ ਖਾਦ ਖੇਤੀ ਅਤੇ ਪੌਦਿਆਂ ਲਈ ਬਹੁਤ ਹੀ ਲਾਹੇਵੰਦ ਹੈ,ਜੋ ਪੌਦੇ ਵਧ ਫੁੱਲ ਨਹੀਂ ਰਹੇ ਜਾਂ ਫਲ ਨਹੀਂ ਆ ਰਿਹਾ ਹੈ ਜਾਂ ਫਲ ਝੜ ਜਾਂਦਾ ਹੈ। ਉਨਾ ਪੌਦਿਆਂ ਲਈ ਵਰਦਾਨ ਹੈ, ਇਹ ਧਰਤੀ ਨੂੰ ਪੋਲਾ ਕਰਨ ਅਤੇ ਫਲਦਾਰ ਬੂਟਿਆਂ ਨੂੰ ਖੋਏ ਵਾਂਗ ਲੱਗਦੀ ਹੈ। ਇਹ 16 ਕਿਸਮ ਦੇ ਸੂਖਮ ਤੱਤਾਂ ਨਾਲ ਭਰਪੂਰ ਹੈ। ਜਿਵੇਂ ਮੈਗਨੀਸ਼ੀਅਮ, ਸੋਡੀਅਮ ਜ਼ਿੰਕ ਫਾਸਫੋਰਸ ਪੋਟਾਸ਼ੀਅਮ, ਕੈਲਸ਼ੀਅਮ ਤੇ ਕਾਪਰ ਆਦਿ ਤੱਤ ਸ਼ਾਮਲ ਹਨ।

ਉਨ੍ਹਾਂ ਦੱਸਿਆ ਕਿ ਇਹ ਘਰੇਲੂ ਬਗੀਚੀ ਲਈ ਵਰਦਾਨ ਹੈ। ਪਿੰਡ ਵਾਸੀ ਅਤੇ ਹੋਰ ਵਾਤਾਵਰਨ ਪ੍ਰੇਮੀ ਲਗਾਤਾਰ ਇਸ ਜੈਵਿਕ ਖਾਦ ਦੀ ਵਰਤੋਂ ਕਰਕੇ ਆਪਣੀਆਂ ਘਰੇਲੂ ਬਗੀਚੀਆਂ ਵਿੱਚ ਵਰਤ ਰਹੇ ਹਨ ਅਤੇ ਔਰਗੈਨਿਕ ਫਲ ਸਬਜ਼ੀਆਂ ਉਗਾ ਰਿਹਾ ਹਨ, ਇਹ ਫਲਾਂ, ਸਬਜ਼ੀਆਂ ਅਤੇ ਹੋਰ ਫਸਲਾਂ ਲਈ ਬੇਸਟ ਤੋਂ ਬੇਸਟ ਹੋਣ ਕਰਕੇ ਇਸ ਵਿੱਚ ਕੈਮੀਕਲ ਹੈਵੀ ਮੈਟਲ ਮਾਈਕਰੋ ਪਲਾਸਟਿਕ ਵਗੈਰਾ ਬਿਲਕੁਲ ਨਹੀਂ ਹੁੰਦਾ। ਉਹਨਾਂ ਕਿਹਾ ਕਿ ਇਸ ਦੀ ਵਰਤੋਂ ਕਰਕੇ ਤੁਸੀਂ ਇੱਕ ਤਰ੍ਹਾਂ ਕੁਦਰਤ ਦੀ ਸੇਵਾ ਨਿਭਾਉਗੇ ਅਤੇ ਕੈਮੀਕਲ ਖਾਦਾਂ ਤੋਂ ਵੀ ਰਾਹਤ ਪਾਓਗੇ। ਇਸ ਸੋਲਿਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਦਾ ਪਿੰਡ ਵਾਸੀਆਂ ਨੂੰ ਵੱਡਾ ਲਾਭ ਹੋ ਰਿਹਾ ਹੈ। ਜਿਸ ਨਾਲ ਗੰਦਗੀ ਤੋਂ ਪੂਰਨ ਰੂਪ ਵਿੱਚ ਨਿਜਾਤ ਪਾ ਲਈ ਹੈ ਅਤੇ ਪਿੰਡ ਦਾ ਆਲਾ ਦੁਆਲਾ ਹਰਿਆ ਭਰਿਆ ਤੇ ਸਾਫ ਸੁਥਰਾ ਹੋ ਗਿਆ ਹੈ।

---

**ਜਨਤਕ ਸੂਚਨਾ**

**ਸੀ.ਆਰ.ਐਮ. ਸਕੀਮ ਸਾਲ 2025-26 ਅਧੀਨ ਚੁਣੇ ਗਏ ਲਾਭ ਪਾਤਰੀਆਂ ਸੰਬੰਧੀ।**

ਇਸ ਨੋਟਿਸ ਰਾਹੀਂ ਆਪ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸੀ.ਆਰ.ਐਮ. ਸਕੀਮ ਸਾਲ 2025-26 ਅਧੀਨ ਰਾਜ ਦੇ ਸਮੂਹ ਜ਼ਿਲ੍ਹਿਆਂ ਵੱਲੋਂ ਯੋਗ ਬਿਨੈਕਾਰਾਂ ਦੀ ਚੋਣ ਕਰ ਲਈ ਗਈ ਹੈ। ਇਸ ਸੰਬੰਧੀ ਆਪ ਆਪਣੀ ਪ੍ਰਤੀ ਬੇਨਤੀ ਦਾ ਸਟੇਟਸ agrimachinerypb.com ਪੋਰਟਲ ਤੇ ਚੈੱਕ ਕਰ ਸਕਦੇ ਹੋ। ਚੁਣੇ ਗਏ ਲਾਭਪਾਤਰੀ ਪੋਰਟਲ ਤੋਂ ਸੈਂਕਸ਼ਨ ਲੈਟਰ ਡਾਊਨਲੋਡ ਕਰ ਸਕਦੇ ਹਨ। ਆਪ ਨੂੰ ਇਹ ਅਪੀਲ ਕੀਤੀ ਜਾਂਦੀ ਹੈ ਕਿ ਸੈਂਕਸ਼ਨ ਦੀ ਮਿਆਦ ਦੇ ਦੌਰਾਨ ਹੀ ਸੰਦਾਂ ਦੀ ਖ਼ਰੀਦ ਕੀਤੀ ਜਾਵੇ ਜੀ।

**ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ, ਐਸ.ਏ.ਐਸ. ਨਗਰ।**
Director Agriculture and Farmers Welfare, Punja
**Ro No. PR-Advt. No. 1772 / 12 / 2025-26 / 128 / Dated CHD : 12/6/2025**

---

**ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ**
(ਰਜਿ. ਦਫ਼ਤਰ ਪੰ.ਰਾ.ਬਿ.ਬੋ. ਹੈੱਡ ਆਫਿਸ, ਦੀ ਮਾਲ, ਪਟਿਆਲਾ)
ਕਾਰਪੋਰੇਟ ਇਡਟੀਫਿਕੇਸ਼ਨ ਨੰ. U40109PB2010SGC033813 ਵੈੱਬਸਾਈਟ : www.pspcl.in

**ਪਬਲਿਕ ਨੋਟਿਸ**

ਕਰਮਚਾਰੀ ਸੀ ਸ਼ਰਨਜੀਤ ਸਿੰਘ ਪੁੱਤਰ ਸ੍ਰੀ ਮੱਖਣ ਸਿੰਘ ਉਪ ਮੰਡਲ ਅਫ਼ਸਰ ਬਾਬਾ ਬਕਾਲਾ ਵਿਖੇ ਤੈਨਾਤ ਸੀ ਜਿਸ ਨੇ ਆਪਣੀ ਡਿਊਟੀ ਮਿਤੀ 8-6-2018 ਨੂੰ ਬਤੌਰ ਸ.ਲ.ਮ. ਜੁਆਇਨ ਕੀਤੀ ਸੀ। ਇਹ ਕਰਮਚਾਰੀ ਮੁੱਖ ਇੰਜੀ: ਬਾਰਡਰ ਜ਼ੋਨ ਜੀ ਦੇ ਦ/ਹ ਨੰ: 408 ਮਿਤੀ : 19-09-2022 ਨਾਲ ਮਿਤੀ 19-09-2022 ਤੋਂ 17-10-2022 ਤੱਕ ਵਿਦੇਸ਼ (ਆਸਟ੍ਰੇਲੀਆ) ਛੁੱਟੀ ਪਾਸ ਕਰਵਾਉਣ ਉਪਰੰਤ ਆਸਟ੍ਰੇਲੀਆ ਚਲਾ ਗਿਆ। ਇਸ ਕਰਮਚਾਰੀ ਦੁਆਰਾ ਮਿਤੀ : 18-10-2022 ਨੂੰ ਜੁਆਇਨ ਕੀਤਾ ਜਾਣਾ ਸੀ ਪਰੰਤੂ ਕਰਮਚਾਰੀ ਵੱਲੋਂ ਛੁੱਟੀ ਖ਼ਤਮ ਹੋਣ ਉਪਰੰਤ ਜੁਆਇਨ ਨਹੀਂ ਕੀਤਾ ਗਿਆ ਅਤੇ ਕਰਮਚਾਰੀ ਦੁਆਰਾ ਮਿਤੀ 17-10-2022 ਤੋਂ ਮਿਤੀ 17-12-2022 ਤੱਕ ਦਾ ਮੈਡੀਕਲ ਸਰਟੀਫ਼ਿਕੇਟ ਦੀ ਮੇਲ ਕਰ ਦਿੱਤਾ ਗਿਆ ਜੋ ਕਿ ਬਾਬਾ ਬਕਾਲਾ ਉਪ ਮੰਡਲ ਦੁਆਰਾ ਮੀਮੋ ਨੰ: 1106 ਮਿਤੀ 20-10-2022 ਰਾਹੀਂ ਇਸ ਦਫ਼ਤਰ ਨੂੰ ਭੇਜਿਆ ਗਿਆ। ਉਪ ਮੰਡਲ ਦਫ਼ਤਰ ਬਾਬਾ ਬਕਾਲਾ ਵੱਲੋਂ ਮੀਮੋ ਨੰ: 1151 ਮਿਤੀ : 04-11-2022 ਨਾਲ ਕਰਮਚਾਰੀ ਨੂੰ ਡਿਊਟੀ ਤੇ ਹਾਜ਼ਰ ਹੋਣ ਲਈ ਪੱਤਰ ਲਿਖਿਆ ਗਿਆ ਪਰ ਕਰਮਚਾਰੀ ਹਾਜ਼ਰ ਨਹੀਂ ਹੋਇਆ। ਉਪ ਮੰਡਲ ਦਫ਼ਤਰ ਬਾਬਾ ਬਕਾਲਾ ਦੁਆਰਾ ਕਰਮਚਾਰੀ ਨੂੰ ਉਸ ਦੇ ਈ-ਮੇਲ ਐਡਰੈਸ (sharanjit8@gmail.com) ਤੇ ਡਿਊਟੀ ਤੇ ਹਾਜ਼ਰ ਹੋਣ ਲਈ ਮਿਤੀ : 07-12-2022 ਨੂੰ ਮੇਲ ਵੀ ਕੀਤੀ ਗਈ ਅਤੇ ਇਸ ਸੰਬੰਧੀ ਪੱਤਰ ਨੰ: 1235 ਮਿਤੀ : 07-12-2022 ਨਾਲ ਸ੍ਰੀ ਸ਼ਰਨਜੀਤ ਸਿੰਘ ਸ.ਲ.ਮ. ਨੂੰ ਦੁਬਾਰਾ ਰਜਿਸਟਰਡ ਪੱਤਰ ਭੇਜਿਆ ਗਿਆ ਜਿਸ ਉੱਪਰ ਪੋਸਟਮੈਨ ਵੱਲੋਂ ਲਿਖ ਕੇ ਦਿੱਤਾ ਗਿਆ ਕਿ ਪ੍ਰਾਪਤ ਕਰਤਾ ਵਿਦੇਸ਼ ਚਲਾ ਗਿਆ ਹੈ ਜੋ ਕਿ ਪੋਸਟਮੈਨ ਵੱਲੋਂ ਮਿਤੀ 09-12-2022 ਨੂੰ ਉਪ ਮੰਡਲ ਦਫ਼ਤਰ ਬਾਬਾ ਬਕਾਲਾ ਵਿਖੇ ਪੱਤਰ ਵਾਪਸ ਦੇ ਦਿੱਤਾ ਗਿਆ। ਸ੍ਰੀ ਸ਼ਰਨਜੀਤ ਸਿੰਘ ਸ.ਲ.ਮ. ਨੂੰ ਅੰਤਿਮ ਨੋਟਿਸ ਪੱਤਰ ਨੰ: 1121 ਮਿਤੀ : 13-01-2023 ਨੂੰ ਭੇਜਿਆ ਗਿਆ। ਉਪ ਮੰਡਲ ਦਫ਼ਤਰ ਬਾਬਾ ਬਕਾਲਾ ਦੇ ਮੀਮੋ ਨੰ: 1511 ਮਿਤੀ : 21-02-2023 ਨਾਲ ਸ੍ਰੀ ਸ਼ਰਨਜੀਤ ਸਿੰਘ ਦੀ ਦੋਸ਼ ਸੂਚੀ ਦਾ ਖਰੜਾ ਤਿਆਰ ਕਰਕੇ ਰਈਆ ਮੰਡਲ ਬਿਆਸ ਨੂੰ ਭੇਜਿਆ ਗਿਆ ਜਿਸ ਸੰਬੰਧੀ ਇਸ ਦਫ਼ਤਰ ਵੱਲੋਂ ਦੋਸ਼ ਸੂਚੀ ਨੰ: 1260 ਮਿਤੀ : 20-06-2023 ਤਿਆਰ ਕੀਤੀ ਗਈ। ਉਪ ਮੰਡਲ ਦਫ਼ਤਰ ਬਾਬਾ ਬਕਾਲਾ ਵੱਲੋਂ ਦੋਸ਼ ਸੂਚੀ ਕਰਮਚਾਰੀ ਦੇ ਘਰ ਦੇ ਐਡਰੈਸ ਪੋਸਟ ਕੀਤੀ ਗਈ ਪਰ ਪੋਸਟਮੈਨ ਵੱਲੋਂ ਲਿਖਿਆ ਗਿਆ ਕਿ ਬਾਰ-ਬਾਰ ਘਰ ਜਾਣ ਤੇ ਵੀ ਘਰ ਬੰਦ ਪਾਇਆ ਗਿਆ ਹੈ ਅਤੇ ਦੋਸ਼ ਸੂਚੀ ਉਪ ਮੰਡਲ ਦਫ਼ਤਰ ਬਾਬਾ ਬਕਾਲਾ ਵਿਖੇ ਵਾਪਸ ਦੇ ਦਿੱਤੀ ਗਈ। ਉਪ ਮੰਡਲ ਦਫ਼ਤਰ ਬਾਬਾ ਬਕਾਲਾ ਵੱਲੋਂ ਮੀਮੋ ਨੰ: 188 ਮਿਤੀ : 27-06-2023 ਕਰਮਚਾਰੀ ਦੇ ਪੱਤਰ ਨਾ ਪ੍ਰਾਪਤ ਕਰਨ ਤੇ ਉਸ ਦੇ ਘਰ ਦੇ ਮੁੱਖ ਗੇਟ ਤੇ ਨੋਟਿਸ ਵੱਜੋਂ ਲਗਾ ਦਿੱਤੀ ਗਈ ਅਤੇ ਪਿੰਡ ਦੇ ਨੰਬਰਦਾਰ ਸ੍ਰੀ ਸੁਖਜਿੰਦਰ ਸਿੰਘ ਵੱਲੋਂ ਮਿਤੀ : 21-09-2023 ਨੂੰ ਤਸਦੀਕ ਕੀਤਾ ਗਿਆ ਕਿ ਸ੍ਰੀ ਸ਼ਰਨਜੀਤ ਸਿੰਘ ਪੁੱਤਰ ਸ੍ਰੀ ਮੱਖਣ ਸਿੰਘ ਜੋ ਸ/ਡ ਬਾਬਾ ਬਕਾਲਾ ਵਿਖੇ ਬਤੌਰ ਸ.ਲ.ਮ. ਕੰਮ ਕਰਦਾ ਸੀ ਉਹ ਪਰਿਵਾਰ ਸਮੇਤ ਆਸਟ੍ਰੇਲੀਆ ਚਲਾ ਗਿਆ ਅਤੇ ਮੁੜ ਵਾਪਸ ਨਹੀਂ ਆਇਆ। ਉਪ ਮੰਡਲ ਦਫ਼ਤਰ ਬਾਬਾ ਬਕਾਲਾ ਵੱਲੋਂ ਕਰਮਚਾਰੀ ਨੂੰ ਪੱਤਰ ਨੰ: 394 ਮਿਤੀ 28-08-2023 ਨਾਲ ਰਜਿਸਟਰਡ ਪੱਤਰ ਭੇਜਿਆ ਗਿਆ ਜੋ ਕਿ ਪੋਸਟਮੈਨ ਵੱਲੋਂ ਬਾਰ-ਬਾਰ ਘਰ ਜਾਣ ਤੇ ਘਰ ਨੂੰ ਤਾਲਾ ਲੱਗਾ ਕਹਿ ਕੇ ਪੱਤਰ ਵਾਪਸ ਉਪ ਮੰਡਲ ਦਫ਼ਤਰ ਬਾਬਾ ਬਕਾਲਾ ਵਿਖੇ ਦੇ ਦਿੱਤਾ ਗਿਆ। ਇਸ ਸੰਬੰਧੀ ਇਸ ਦਫ਼ਤਰ ਵੱਲੋਂ ਦ/ਹ ਨੰ: 3 ਮਿਤੀ 17-01-2025 ਰਾਹੀਂ ਸ੍ਰੀ ਗੁਰਜਿੰਦਰ ਸਿੰਘ, ਉਪ ਮੰਡਲ ਅਫ਼ਸਰ ਬਾਬਾ ਬਕਾਲਾ ਅਤੇ ਸ੍ਰੀ ਅਮਰਿੰਦਰ ਸਿੰਘ, ਉਪ ਮੰਡਲ ਅਫ਼ਸਰ ਬਿਆਸ ਦੀ ਜੁਆਇੰਟ ਕਮੇਟੀ ਗਠਿਤ ਕੀਤੀ ਗਈ ਜਿਸ ਦੁਆਰਾ ਇਸ ਦੀ ਪੜਤਾਲ ਕੀਤੀ ਗਈ ਅਤੇ ਨਿੱਜੀ ਤੌਰ ਤੇ ਕਰਮਚਾਰੀ ਦੇ ਘਰ ਮਿਤੀ : 08-02-2025 ਨੂੰ ਪਹੁੰਚ ਕੀਤੀ ਗਈ ਪਰੰਤੂ ਕਰਮਚਾਰੀ ਦਾ ਘਰ ਬੰਦ ਪਾਇਆ ਗਿਆ ਅਤੇ ਆਸ-ਪਾਸ ਦੇ ਲੋਕਾਂ ਤੋਂ ਪਤਾ ਕੀਤਾ ਤਾਂ ਉਨ੍ਹਾਂ ਦੇ ਦੱਸਣ ਮੁਤਾਬਕ ਇਹ ਕਰਮਚਾਰੀ ਸਮੇਤ ਪਰਿਵਾਰ ਆਸਟ੍ਰੇਲੀਆ ਵਿਖੇ ਚਲਾ ਗਿਆ ਹੈ। ਇਸ ਲਈ ਸਿਫ਼ਾਰਿਸ਼ ਕੀਤੀ ਜਾਂਦੀ ਹੈ ਕਿ ਇਸ ਕਰਮਚਾਰੀ ਦੀਆਂ ਸੇਵਾਵਾਂ ਖ਼ਤਮ ਕਰ ਦਿੱਤੀਆਂ ਜਾਣ ਜੀ। ਇਸ ਪ੍ਰੈੱਸ ਨੋਟ ਰਾਹੀਂ ਸੰਬੰਧਿਤ ਕਰਮਚਾਰੀ ਸ੍ਰੀ ਸ਼ਰਨਜੀਤ ਸਿੰਘ (ਸ.ਲ.ਮ.) ਨੂੰ ਉਸ ਦੇ ਵਿਰੁੱਧ ਜਾਰੀ ਕੀਤੀ ਗਈ ਦੋਸ਼ ਸੂਚੀ ਨੰ: 1260 ਮਿਤੀ 20-06-2023 ਦਾ ਜਵਾਬ ਦੇਣ ਦਾ ਆਖਰੀ ਮੌਕਾ ਦਿੰਦੇ ਹੋਏ 21 ਦਿਨਾਂ ਦਾ ਸਮਾਂ ਦਿੱਤਾ ਜਾਂਦਾ ਹੈ। ਗਠਿਤ ਕਮੇਟੀ ਅਨੁਸਾਰ ਵੀ ਉਹ ਆਪਣੇ ਘਰ ਵਿੱਚ ਨਹੀਂ ਰਹਿ ਰਿਹਾ ਅਤੇ ਉਸ ਦੇ ਘਰ ਨੂੰ ਤਾਲਾ ਲੱਗਾ ਹੋਇਆ ਹੈ। ਜੇਕਰ ਕਰਮਚਾਰੀ ਸ੍ਰੀ ਸ਼ਰਨਜੀਤ ਸਿੰਘ (ਸ.ਲ.ਮ.) ਆਪਣੇ ਜਵਾਬ ਵਿੱਚ ਕੁੱਝ ਕਹਿਣਾ ਚਾਹੁੰਦਾ ਹੈ ਤਾਂ ਆਪਣੇ ਉਪ ਮੰਡਲ ਦਫ਼ਤਰ ਬਾਬਾ ਬਕਾਲਾ (9646113091) ਨਾਲ ਸੰਪਰਕ ਕਰਕੇ ਆਪਣੇ ਵਿਰੁੱਧ ਜਾਰੀ ਦੋਸ਼ ਸੂਚੀ ਦਾ ਜਵਾਬ ਮਿੱਥੇ ਸਮੇਂ ਦੇ ਅੰਦਰ-ਅੰਦਰ ਆਪਣੇ ਉਪ ਮੰਡਲ ਦਫ਼ਤਰ ਨੂੰ ਭੇਜੇ। ਜੇਕਰ ਮਿੱਥੇ ਸਮੇਂ ਵਿੱਚ ਕਰਮਚਾਰੀ ਦਾ ਜਵਾਬ ਪ੍ਰਾਪਤ ਨਹੀਂ ਹੁੰਦਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਕਰਮਚਾਰੀ ਸ੍ਰੀ ਸ਼ਰਨਜੀਤ ਸਿੰਘ ਇਸ ਸੰਬੰਧੀ ਕੁੱਝ ਕਹਿਣਾ ਨਹੀਂ ਚਾਹੁੰਦੇ ਅਤੇ ਮਹਿਕਮੇ ਦੀਆਂ ਹਦਾਇਤਾਂ ਅਨੁਸਾਰ ਕਰਮਚਾਰੀ ਵਿਰੁੱਧ ਦਫ਼ਤਰ ਦੇ ਰਿਕਾਰਡ ਮੁਤਾਬਿਕ ਇਕ ਤਰਫਾ ਕਾਰਵਾਈ ਕਰ ਦਿੱਤੀ ਜਾਵੇਗੀ ਜਿਸ ਦਾ ਜ਼ਿੰਮੇਵਾਰ ਕਰਮਚਾਰੀ ਸ੍ਰੀ ਸ਼ਰਨਜੀਤ ਸਿੰਘ (ਸ.ਲ.ਮ.) ਖ਼ੁਦ ਹੋਵੇਗਾ।

**ਵਧੀਕ ਨਿਗਰਾਨ ਇੰਜੀ:/ਸੰਚਾ,**
**ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ:,**
**ਰਈਆ ਮੰਡਲ ਬਿਆਸ।**

C 416/25
**Ro No. PR-Advt. No. 1079 / 12 / 2025-26 / 105 / Dated CHD : 12/6/2025**

---

**ਅਦਿਤਯ ਬਿਰਲਾ ਕੈਪੀਟਲ ਲਿਮਟਿਡ**
ਪੰਜੀਕ੍ਰਿਤ ਦਫ਼ਤਰ : ਇੰਡੀਅਨ ਰੇਆਨ ਕੰਪਾਊਂਡ, ਵੇਰਾਵਲ, ਗੁਜਰਾਤ-362266
ਸ਼ਾਖਾ ਦਫ਼ਤਰ : 12ਵੀਂ ਮੰਜ਼ਿਲ, ਆਰ ਟੈਕ ਪਾਰਕ, ਨਿਰਲੋਨ ਕੰਪਲੈਕਸ, ਨੇੜੇ ਹੱਬ ਮਾਲ, ਗੋਰੇਗਾਓਂ (ਪੂਰਬ), ਮੁੰਬਈ-400 063, ਮਹਾਰਾਸ਼ਟਰਾ

**ਮੰਗ ਸੂਚਨਾ**

**ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 (''ਨਿਯਮਾਂਵਲੀ'') ਦੇ ਨਿਯਮ 3 ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 (''ਕਾਨੂੰਨ'') ਦੀ ਧਾਰਾ 13 (2) ਦੇ ਅਧੀਨ।**

24.03.2025 ਨੂੰ ਰਾਸ਼ਟਰੀ ਕੰਪਨੀ ਲਾਅ ਟ੍ਰਿਬਿਊਨਲ-ਅਹਿਮਦਾਬਾਦ ਵੱਲੋਂ ਪਾਸ ਕੀਤੇ ਗਏ ਆਦੇਸ਼ ਦੇ ਰਿਕਾਰਡ ਅਨੁਸਾਰ ਏਕੀਕਰਨ ਮਿਤੀ 11.03.2024 ਦੇ ਅਧੀਨ ਆਦਿਤਯ ਬਿਰਲਾ ਫਾਇਨਾਂਸ ਲਿਮਟਿਡ ਅਤੇ ਆਦਿਤਯ ਬਿਰਲਾ ਕੈਪੀਟਲ ਲਿਮਟਿਡ ਦੇ ਵਿਚਕਾਰ ਹੋਏ ਏਕੀਕਰਨ ਦੇ ਅਨੁਸਾਰ ਦਰਸਾਈ ਗਿਰਵੀ ਸੰਪੱਤੀ ਦੇ ਸਬੰਧ ਵਿਚ ਆਦਿਤਯ ਬਿਰਲਾ ਫਾਇਨਾਂਸ ਲਿਮਟਿਡ ਵੱਲੋਂ ਸ਼ੁਰੂ ਕੀਤੀ ਗਈ ਸਮੁੱਚੀ ਸਰਫਾਇਸੀ ਕਾਰਵਾਈ ਆਦਿਤਯ ਬਿਰਲਾ ਕੈਪੀਟਲ ਲਿਮਟਿਡ ਦੇ ਨਾਲ ਤਬਦੀਲ ਕੀਤੀ ਗਈ ਹੈ ਜੋ ਕਿ ਏਕੀਕਰਨ ਕੰਪਨੀ ਹੈ।

ਨਿਮਨ ਹਸਤਾਖ਼ਰੀ ਨੇ ਅਦਿਤਯ ਬਿਰਲਾ ਕੈਪੀਟਲ ਲਿਮਟਿਡ (**ਏਬੀਸੀਐਲ**) ਦੇ ਅਧਿਕਾਰਤ ਅਧਿਕਾਰੀ ਵਜੋਂ ਕਾਨੂੰਨ ਦੇ ਅਧੀਨ ਅਤੇ ਨਿਯਮ 3 ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ **60 ਦਿਨਾਂ ਦੇ ਅੰਦਰ** ਸਬੰਧਤ ਸੂਚਨਾ (ਵਾਂ) ਵਿਚ ਦਰਸਾਈ ਰਕਮ ਨੂੰ ਅਦਾ ਕਰਨ ਲਈ ਨਿਮਨਲਿਖਤ ਕਰਜ਼ਦਾਰ (ਾਂ) ਨੂੰ ਸੱਦਾ ਦਿੰਦੇ ਹੋਏ, ਕਾਨੂੰਨ ਦੀ ਧਾਰਾ 13 (2) ਅਧੀਨ ਮੰਗ ਸੂਚਨਾ (ਵਾਂ) ਜਾਰੀ ਕੀਤੀ ਸੀ। ਨਿਮਨ ਹਸਤਾਖ਼ਰੀ ਵਾਜਬ ਤੌਰ 'ਤੇ ਮੰਨਦੇ ਹਨ ਕਿ ਕਰਜ਼ਦਾਰ (ਾਂ) ਮੰਗ ਸੂਚਨਾ (ਵਾਂ) ਦੀ ਤਾਮੀਲ ਨੂੰ ਟਾਲ ਰਿਹਾ ਹੈ/ਰਹੇ ਹਨ, ਇਸ ਲਈ ਨਿਯਮਾਂਵਲੀ ਦੇ ਅਨੁਸਾਰ ਚਸਪਾ ਅਤੇ ਪ੍ਰਕਾਸ਼ਨ ਦੁਆਰਾ ਸੂਚਨਾ ਦੀ ਤਾਮੀਲ ਨੂੰ ਪ੍ਰਭਾਵ ਵਿਚ ਲਿਆਂਦਾ ਜਾ ਰਿਹਾ ਹੈ। ਮੰਗ ਸੂਚਨਾ (ਵਾਂ) ਦੇ ਤੱਤ ਨਿਮਨ ਦਰਸਾਏ ਅਨੁਸਾਰ ਹਨ :

ਉਕਤ ਦੇ ਸਬੰਧ ਵਿਚ, ਇਸ ਦੁਆਰਾ ਇੱਕ ਵਾਰ ਫਿਰ ਦਰਸਾਏ ਕਰਜ਼ਦਾਰ/ਕਾਨੂੰਨੀ ਵਾਰਸ (ਾਂ)/ਕਾਨੂੰਨੀ ਪ੍ਰਤੀਨਿਧੀ (ਾਂ) ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਦਰਸਾਏ ਕਰਜ਼ਦਾਰ ਦੇ ਕਾਰਜਰੂਪ ਕਰਜ਼ ਸਮਝੌਤੇ ਅਤੇ ਹੋਰ ਦਸਤਾਵੇਜ਼/ਲਿਖਤਾਂ, ਜੇਕਰ ਕੋਈ ਹਨ, ਨਾਲ ਪੜ੍ਹੇ ਜਾਣ ਵਾਲੇ, ਭੁਗਤਾਨ ਦੀ ਮਿਤੀ ਅਤੇ/ਜਾਂ ਭਰਪਾਈ ਤੱਕ ਕਾਲਮ (ਡੀ) ਵਿਚ ਨਿਮਨ ਦਰਸਾਈਆਂ ਸਬੰਧਤ ਮਿਤੀਆਂ ਤੋਂ ਨਿਮਨ ਵੇਰਵਿਆਂ ਅਨੁਸਾਰ ਅਗਲੇਰੇ ਵਿਆਜ ਸਮੇਤ ਇਕੱਠੀ ਸਬੰਧਤ ਨਾਵਾਂ ਅਧੀਨ ਦਰਸਾਈ ਰਕਮ ਨੂੰ ਸਬੰਧਤ ਸੂਚਨਾ/ਵਾਂ ਦੀ ਮਿਤੀ ਤੋਂ **60 ਦਿਨਾਂ ਦੇ ਅੰਦਰ ਏਬੀਸੀਐਲ** ਨੂੰ ਅਦਾ ਕਰ ਦੇਣ। ਕਰਜ਼ੇ ਦੇ ਬਕਾਇਆ ਭੁਗਤਾਨ ਦੇ ਲਈ ਸੁਰੱਖਿਆ ਵਜੋਂ ਨਿਮਨਲਿਖਤ ਸੁਰੱਖਿਅਤ ਸੰਪੱਤੀ (ਆਂ) ਨੂੰ ਦਰਸਾਏ ਸਬੰਧਤ ਕਰਜ਼ਦਾਰ ਵੱਲੋਂ **ਏਬੀਸੀਐਲ** ਕੋਲ ਗਿਰਵੀ ਰੱਖਿਆ ਗਿਆ ਹੈ।

| ਲ. ਨੰ. | ਕਰਜ਼ਦਾਰ (ਾਂ) ਦਾ ਨਾਮ ਅਤੇ ਪਤਾ | ਮੰਗ ਸੂਚਨਾ ਦੀ ਮਿਤੀ ਅਤੇ ਐਨਪੀਏ ਦੀ ਮਿਤੀ / ਕੁੱਲ ਬਕਾਇਆ ਰਕਮ | ਅਚੱਲ ਸੰਪੱਤੀ ਦਾ ਵੇਰਵਾ |
|---|---|---|---|
| 1. | 1. ਸ਼੍ਰੀ ਰਾਜਦੀਪ ਸਪੁੱਤਰ ਸ. ਆਨੰਦ, ਮਕਾਨ ਨੰ.-8490, ਗਲੀ ਨੰ.-2, ਨਿਊ ਸੁਭਾਸ਼ ਨਗਰ, ਬਸਤੀ ਜੋਧੇਵਾਲ, ਨਾਨਕਸਰ ਗੁਰੂਦੁਆਰਾ ਨੇੜੇ, ਲੁਧਿਆਣਾ-141007, ਪੰਜਾਬ। ਇਸ ਦੇ ਨਾਲ: ਸ਼੍ਰੀ ਰਾਜਦੀਪ ਪ੍ਰੋਪਰਾਈਟਰ, ਮੈਸ. ਰਾਜਦੀਪ ਕੁਲੈਕਸ਼ਨ, ਮਕਾਨ ਨੰਬਰ-10866, ਗਲੀ ਨੰ.-5/4, ਨਿਊ ਸੁਭਾਸ਼ ਨਗਰ, ਰਾਹੋਂ ਰੋਡ, ਦੁਕਾਨ ਨੰ.-1, ਲੁਧਿਆਣਾ-141007, ਪੰਜਾਬ। ਈਮੇਲ-rajdeep78660gmail.com M-8968644127. 2. ਸ਼੍ਰੀਮਤੀ ਆਸ਼ਾ ਰਾਣੀ ਸਪੁੱਤਰ ਰਾਜਦੀਪ, ਮਕਾਨ ਨੰ. -8490, ਗਲੀ ਨੰ.-2 ਨਿਊ ਸੁਭਾਸ਼ ਨਗਰ, ਬਸਤੀ ਜੋਧੇਵਾਲ ਨੇੜੇ ਨਾਨਕਸਰ ਗੁਰਦੁਆਰਾ ਲੁਧਿਆਣਾ-141007, ਪੰਜਾਬ ਕਰਜ਼ਾ ਨੰਬਰ ABLDHSTS000000771415 | 10.06.2025 & 05.04.2025 / ਕੁੱਲ ਬਕਾਇਆ ਰਕਮ: Rs. 20,00,936/- as on 09.06.2025 | ਪਲਾਟ ਬੇਅਰਿੰਗ 8. ਨੰ. 8490 'ਤੇ ਬਣਾਈ ਗਈ ਜਾਂ ਬਣਾਈ ਜਾਣ ਵਾਲੀ ਜਾਇਦਾਦ ਦਾ ਸਾਰਾ ਟੁਕੜਾ ਅਤੇ ਪਾਰਸਲ ਜਿਸ ਵਿੱਚ 100 ਵਰਗ ਗਜ਼ ਦਾ ਪਲਾਟ ਖੇਤਰਫਲ ਹੈ, ਜੋ ਕਿ ਸਾਲ 2007-08 ਦੀ ਜਮ ?ਾਂਬੰਦੀ ਦੇ ਅਨੁਸਾਰ ਖਸਰਾ ਨੰਬਰ 3391/422, ਖਾਤਾ ਨੰਬਰ 779/837 ਵਿੱਚ ਸ਼ਾਮਲ ਹੈ, ਗਲੀ ਨੰ.-2, ਪਿੰਡ-ਤਰਫ਼ ਸੈਦਾਨ, 8. 2. ਨੰ.-172, ਆਬਾਦੀ ਨਿਊ ਸੁਭਾਸ਼ ਨਗਰ, ਤਹਿਸੀਲ ਅਤੇ ਜ਼ਿਲ੍ਹਾ- ਲੁਧਿਆਣਾ ਵਿਖੇ ਸਥਿਤ ਹੈ ਅਤੇ ਇਸ ਤਰ੍ਹਾਂ ਘੇਰਿਆ ਹੋਇਆ ਹੈ: ਪੂਰਬ - ਗੁਆਂਢੀ; 18 ਫੁੱਟ, ਪੱਛਮ - ਸੜਕ 20 ਫੁੱਟ ਚੌੜੀ; 18 ਫੁੱਟ, ਉੱਤਰ - ਹਰੀ ਕ੍ਰਿਸ਼ਨ; 50 ਫੁੱਟ, ਦੱਖਣ - ਅਸ਼ੋਕ ਕੁਮਾਰ; 50 ਫੁੱਟ |

ਭੁਗਤਾਨ ਅਤੇ/ਜਾਂ ਪੂਰਤੀ ਦੀ ਮਿਤੀ ਤੱਕ ਅਚਨਚੇਤੀ ਖਰਚਿਆਂ, ਲਾਗਤਾਂ, ਫੀਸਾਂ ਆਦਿ ਸਮੇਤ ਉਕਤ ਦਰਸਾਈ ਮਿਤੀ ਨੂੰ ਸੰਬੰਧਤ ਮੰਗ ਸੂਚਨਾ ਵਿਚ ਵਧੇਰੇ ਵਿਸ਼ੇਸ਼ ਤੌਰ 'ਤੇ ਦਰਸਾਏ ਅਨੁਸਾਰ ਦਰ 'ਤੇ ਅਗਲੇਰੇ ਵਿਆਜ, ਵਧੀਕ ਵਿਆਜ ਸਮੇਤ। ਜੇਕਰ ਦਰਸਾਇਆ ਕਰਜ਼ਦਾਰ ਉਕਤ ਦਰਸਾਏ ਅਨੁਸਾਰ **ਏਬੀਸੀਐਲ** ਨੂੰ ਭੁਗਤਾਨ ਕਰਨ ਵਿਚ ਅਸਫਲ ਰਹਿੰਦਾ ਹੈ, ਤਾਂ **ਏਬੀਐਫਐਲ** ਲਾਗਤਾਂ ਅਤੇ ਨਤੀਜਿਆਂ ਵਜੋਂ ਦਰਸਾਏ ਕਰਜ਼ਦਾਰ/ਕਾਨੂੰਨੀ ਵਾਰਸ (ਾਂ)/ਕਾਨੂੰਨੀ ਪ੍ਰਤੀਨਿਧੀ (ਾਂ) ਦੇ ਪੂਰਨ ਜੋਖਮ 'ਤੇ ਦਰਸਾਏ ਕਾਨੂੰਨ ਅਤੇ ਲਾਗੂ ਨਿਯਮਾਂਵਲੀ ਦੀ ਧਾਰਾ 13 (4) ਅਧੀਨ ਉਕਤ ਸੁਰੱਖਿਅਤ ਅਸਾਸੇ/ਅਚੱਲ ਸੰਪੱਤੀ (ਆਂ) ਦੇ ਖਿਲਾਫ ਕਾਰਵਾਈ ਸ਼ੁਰੂ ਕਰੇਗਾ। ਦਰਸਾਏ ਕਰਜ਼ਦਾਰ(ਾਂ)/ਕਾਨੂੰਨੀ ਵਾਰਸ (ਾਂ)/ਕਾਨੂੰਨੀ ਪ੍ਰਤੀਨਿਧੀ (ਆਂ) 'ਤੇ **ਏਬੀਸੀਐਲ** ਦੀ ਅਗਾਊਂ ਲਿਖਤੀ ਪ੍ਰਵਾਨਗੀ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਹੋਰ ਮਾਧਿਅਮ ਦੁਆਰਾ ਉਕਤ ਦਰਸਾਏ ਸੁਰੱਖਿਅਤ ਅਸਾਸੇ/ਅਚੱਲ ਸੰਪੱਤੀ (ਆਂ) ਦੇ ਤਬਾਦਲੇ ਲਈ ਦਰਸਾਏ ਕਾਨੂੰਨ ਦੇ ਅਧੀਨ ਪਾਬੰਦੀ ਲਗਾਈ ਜਾਂਦੀ ਹੈ। ਕਿਰਪਾ ਕਰਕੇ ਨੋਟ ਕਰੋ ਕਿ ਇਹ ਵਿੱਤੀ ਸੰਪੱਤੀਆਂ ਦੇ ਸੁਰੱਖਿਅਤ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 (2002 ਦਾ 54) ਦੀ ਧਾਰਾ 13 (2) ਦੇ ਅਧੀਨ ਅੰਤਿਮ ਸੂਚਨਾ ਹੈ। ਇਹ ਕਹਿਣ ਦੀ ਲੋੜ ਨਹੀਂ ਕਿ **ਏਬੀਸੀਐਲ** ਕਰਜ਼ਦਾਰ (ਾਂ) ਦੇ ਖਿਲਾਫ ਉਨ੍ਹਾਂ ਦੇ ਪੂਰਨ ਜੋਖਮ, ਜਵਾਬਦੇਹੀ ਅਤੇ ਲਾਗਤਾਂ 'ਤੇ ਉਕਤ ਹਵਾਲੇ ਅਧੀਨ ਕਿਸੇ ਵੀ ਜਾਂ ਸਾਰੇ ਅਧਿਕਾਰਾਂ ਦੀ ਵਰਤੋਂ ਕਰਨ ਦਾ ਹੱਕ ਰੱਖਦਾ ਹੈ।

**ਸਥਾਨ** : ਲੁਧਿਆਣਾ, ਪੰਜਾਬ
**ਮਿਤੀ** : 13.06.2025
**ਸਹੀ/- ਅਧਿਕਾਰਤ ਅਧਿਕਾਰੀ ਅਦਿਤਯ ਬਿਰਲਾ ਕੈਪੀਟਲ ਲਿਮਟਿਡ**

---

**SBI ਬੈਂਕ ਆਫ ਇੰਡੀਆ**
ਸਟ੍ਰੈਸਡ ਅਸੈਟਸ ਰਿਕਵਰੀ ਸ਼ਾਖਾ
ਐਸਸੀਓ 15, ਪਹਿਲੀ ਮੰਜ਼ਿਲ, ਸੈਕਟਰ 7-ਸੀ, ਚੰਡੀਗੜ੍ਹ-160019, ਫੋਨ : 0172-4562015
E-mail: sbi.05179@sbi.co.in

**ਮੰਗ ਸੂਚਨਾ**

**ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੀ (ਸਰਫਾਇਸੀ) ਧਾਰਾ 13 (2) ਦੇ ਅਧੀਨ ਸੂਚਨਾ**

ਇਥੇ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨਲਿਖਤ ਕਰਜ਼ਦਾਰ (ਾਂ) ਨੇ ਬੈਂਕ ਤੋਂ ਉਨ੍ਹਾਂ ਨੂੰ ਪ੍ਰਾਪਤ ਕਰਜ਼ ਸਹੂਲਤਾਂ ਦੇ ਮੂਲ ਅਤੇ ਵਿਆਜ ਦੇ ਪੁਨਰ ਭੁਗਤਾਨ ਵਿਚ ਕੁਤਾਹੀ ਕੀਤੀ ਹੈ ਅਤੇ ਦਰਸਾਈਆਂ ਸਹੂਲਤਾਂ ਗੈਰ ਕਾਰਗੁਜ਼ਾਰੀ ਵਾਲੀਆਂ ਸੰਪੱਤੀਆਂ ਬਣ ਚੁੱਕੀਆਂ ਹਨ। ਕਰਜ਼ਦਾਰ (ਾਂ)/ ਜ਼ਾਮਨ (ਾਂ) ਨੂੰ ਉਨ੍ਹਾਂ ਦੇ ਆਖਰੀ ਜਾਣੂੰ ਪਤਿਆਂ 'ਤੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੀ ਧਾਰਾ 13(2) ਅਧੀਨ ਸੂਚਨਾ ਪੰਜੀਕ੍ਰਿਤ ਡਾਕ/ਸਪੀਡ ਪੋਸਟ ਦੁਆਰਾ ਭੇਜੀ ਗਈ ਸੀ। ਹਾਲਾਂਕਿ ਸੂਚਨਾਵਾਂ ਅਣਸੌਂਪੀਆਂ ਹੀ ਪਰਤ ਆਈਆਂ ਅਤੇ ਹੋਰ ਅਧਿਕਾਰਤ ਅਧਿਕਾਰੀ ਕੋਲ ਇਹ ਮੰਨ ਲੈਣ ਦੇ ਕਾਰਨ ਹਨ ਕਿ ਕਰਜ਼ਦਾਰ (ਾਂ)/ਜ਼ਾਮਨ (ਾਂ) ਸੂਚਨਾ ਦੀ ਤਾਮੀਲ ਨੂੰ ਟਾਲ ਰਹੇ ਹਨ, ਇਸ ਲਈ ਉਨ੍ਹਾਂ ਨੂੰ ਇਥੇ ਇਸ ਸਬੰਧੀ ਜਨਤਕ ਸੂਚਨਾ ਦੇ ਮਾਧਿਅਮ ਦੁਆਰਾ ਸੂਚਿਤ ਕੀਤਾ ਜਾਂਦਾ ਹੈ।

| ਕਰਜ਼ਦਾਰ (ਾਂ)/ਜ਼ਾਮਨ (ਾਂ) ਦਾ ਨਾਮ | ਸੰਪੱਤੀਆਂ ਦੇ ਵੇਰਵੇ/ ਕਬਜ਼ੇ 'ਚ ਲਏ ਜਾਣ ਵਾਲੇ ਸੁਰੱਖਿਅਤ ਅਸਾਸਿਆਂ ਦਾ ਪਤਾ | ਸੂਚਨਾ ਦੀ ਮਿਤੀ | ਐਨਪੀਏ ਦੀ ਮਿਤੀ | ਬਕਾਇਆ ਰਕਮ (ਸੂਚਨਾ ਦੀ ਮਿਤੀ ਅਨੁਸਾਰ) |
|---|---|---|---|---|
| ਕਰਜ਼ਦਾਰ:- (1) ਸ਼੍ਰੀਮਤੀ ਸਰਿਤਾ ਵੋਹਰਾ ਪਤਨੀ ਸ਼੍ਰੀ ਅਨੁਜ ਵੋਹਰਾ, ਪਤਾ 1:- ਮਕਾਨ ਨੰਬਰ 3035, ਐਸਬੀਆਈ ਸੋਸਾਇਟੀ, ਸੈਕਟਰ 49ਡੀ, ਚੰਡੀਗੜ੍ਹ 160047; ਪਤਾ 2:- ਮਾਊਂਟ ਕਾਰਮਲ ਸਕੂਲ, ਸੈਕਟਰ-47ਬੀ, ਚੰਡੀਗੜ੍ਹ 160047; ਪਤਾ 3:- ਫਲੈਟ ਨੰਬਰ 122, 7ਵੀਂ ਮੰਜ਼ਿਲ, ਬਲਾਕ-ਡੀ3, ਸੈਂਡਵੁੱਡ ਓਪੁਲੈਂਸੀਆ, ਸੈਕਟਰ-116, ਐਸਏਐਸ ਨਗਰ ਮੋਹਾਲੀ, ਪੰਜਾਬ-140501। (2) ਸ਼੍ਰੀਮਤੀ ਈਸ਼ਾ ਦੀਵਾਨ ਸੁਪਤਨੀ ਸ਼੍ਰੀ ਸੰਦੀਪ ਦੀਵਾਨ, ਪਤਾ 1:- ਫਲੈਟ ਨੰ. 705, ਦੀ ਵੈਸ਼ ਕੋ-ਆਪ੍ਰੇਟਿਵ ਸੁਸਾਇਟੀ, ਪਲਾਟ ਨੰ. 5, ਸੈਕਟਰ 45, ਫਰੀਦਾਬਾਦ, ਹਰਿਆਣਾ-121010, ਪਤਾ 2 : ਆਈਸ਼ਰ ਸਕੂਲ, #344, ਸੈਕਟਰ-46, ਫਰੀਦਾਬਾਦ, ਹਰਿਆਣਾ 121010, ਪਤਾ 3:- ਫਲੈਟ ਨੰਬਰ 122, 7ਵੀਂ ਮੰਜ਼ਿਲ, ਬਲਾਕ-ਡੀ3, ਸੈਂਡਵੁੱਡ ਓਪੁਲੈਂਸੀਆ, ਸੈਕਟਰ- 116, ਐਸਏਐਸ ਨਗਰ, ਮੋਹਾਲੀ, ਪੰਜਾਬ-140501 | ਫਲੈਟ ਨੰਬਰ 122, 7ਵੀਂ ਮੰਜ਼ਿਲ, ਟਾਵਰ-ਡੀ3, ਟਾਈਪ BBHK, ਸੈਂਡਵੁੱਡ ਓਪੁਲੈਂਸੀਆ, ਪਿੰਡ ਭਾਗੋ ਮਾਜਰਾ, ਸੈਕਟਰ-110, ਐਸਏਐਸ ਨਗਰ ਮੋਹਾਲੀ, ਪੰਜਾਬ- 160055 ਦਾ ਬਰਾਬਰੀ ਵਾਲਾ ਗਿਰਵੀਨਾਮਾ ਜਿਸ ਵਿੱਚ ਲਗਭਗ ਸੁਪਰ ਏਰੀਆ ਹੈ। ਅਲਾਟਮੈਂਟ ਪੱਤਰ ਮਿਤੀ 16.10.2014 ਅਨੁਸਾਰ 1325 ਵਰਗ ਫੁੱਟ। | 26.05.2025 | 02.09.2024 | 26.05.2025 ਨੂੰ 33,33,135/- ਰੁਪਏ ਹੋਰ ਵਿਆਜ ਅਤੇ ਇਤਫਾਕੀਆ ਖਰਚਿਆਂ, ਲਾਗਤਾਂ ਸਮੇਤ |
| ਕਰਜ਼ਦਾਰ- (1) ਮੈਸਰਜ਼ ਨੇਕਚਰ ਸੋਲਿਊਸ਼ਨਜ਼ ਪਲਾਟ ਨੰ. 133 ਏ, ਉਦਯੋਗਿਕ ਖੇਤਰ, ਈ.ਪੀ.ਆਈ.ਪੀ ਫੇਜ਼-2, ਥਾਣਾ ਬੱਦੀ, ਸੋਲਨ, HP-173205. (2) ਸ਼. ਕਰਨ ਸਾਹਨੀ ਪੁੱਤਰ ਸ. ਤਰੁਣ ਸਾਹਨੀ, ਫਲੈਟ ਨੰਬਰ 708, ਗ੍ਰੀਨ ਵੈਲੀ ਟਾਵਰਜ਼, ਓਰਵਿਸ ਗ੍ਰੈਂਡ, ਢਕੌਲੀ, ਤਹਿਸੀਲ ਡੇਰਾਬੱਸੀ, ਐਸ.ਏ.ਐਸ. ਨਗਰ ਮੋਹਾਲੀ, ਪੰਜਾਬ-140603 (3) ਸ਼. ਚੱਕਸ਼ੂ ਗਰਗ ਪੁੱਤਰ ਸ. ਸੁਰੇਸ਼ ਕੁਮਾਰ, ਮਕਾਨ ਨੰ. 1220, ਸੈਕਟਰ-7, ਅਰਬਨ ਅਸਟੇਟ, ਕਰਨਾਲ, ਹਰਿਆਣਾ- 132001. (4) ਸ਼੍ਰੀਮਤੀ ਮੋਨਿਕਾ ਗੁਲਾਟੀ ਸੁਪਤਨੀ ਸ਼੍ਰੀ ਪ੍ਰਦੀਪ ਗੁਲਾਟੀ, ਮਕਾਨ ਨੰ: 144, ਗੋਲਡਨ ਐਨਕਲੇਵ, ਸਨਾਤਨ ਧਰਮ ਮੰਦਰ ਨੇੜੇ, ਲੋਹਗੜ੍ਹ, ਤਹਿਸੀਲ ਡੇਰਾਬੱਸੀ, ਐਸ.ਏ.ਐਸ. ਨਗਰ ਮੋਹਾਲੀ, ਪੰਜਾਬ- 140603। | ਚੱਲ: ਬੈਂਕ ਵਿੱਤ ਤੋਂ ਬਣਾਏ ਗਏ ਪੂਰੇ ਸਟਾਕ ਅਤੇ ਪ੍ਰਾਪਤੀਆਂ (ਮੌਜੂਦਾ ਅਤੇ ਭਵਿੱਖ) ਦਾ ਗਿਰਵੀਨਾਮਾ। | 26.05.2025 | 29.12.2024 | 26.05.2025 ਨੂੰ 22,58,747/- ਰੁਪਏ ਹੋਰ ਵਿਆਜ ਅਤੇ ਇਤਫਾਕੀਆ ਖਰਚਿਆਂ, ਲਾਗਤਾਂ ਸਮੇਤ |

ਉਕਤ ਕਰਜ਼ਦਾਰ (ਾਂ)/ਜ਼ਾਮਨ (ਾਂ) ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਇਸ ਸੂਚਨਾ ਦੇ ਪ੍ਰਕਾਸ਼ਨ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸੂਚਨਾ ਵਿਚ ਦਰਸਾਈ ਰਕਮ ਨੂੰ ਅਦਾ ਕਰ ਦਿਓ, ਜਿਸ ਤੋਂ ਅਸਫਲ ਰਹਿਣ 'ਤੇ ਅਸੀਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੀ ਧਾਰਾ 13 (4) ਦੇ ਅਧੀਨ ਸਾਰੇ ਜਾਂ ਕਿਸੇ ਵੀ ਅਧਿਕਾਰਾਂ ਦੀ ਵਰਤੋਂ ਕਰਾਂਗੇ।

ਇਸ ਤੋਂ ਇਲਾਵਾ ਕਰਜ਼ਦਾਰ (ਾਂ)/ਜ਼ਾਮਨ (ਾਂ) ਨੂੰ ਇਥੇ ਇਸ ਰਾਹੀਂ ਬਿਨਾਂ ਸਾਡੀ ਅਗਾਊਂ ਪ੍ਰਵਾਨਗੀ ਤੋਂ ਕਿਸੇ ਵੀ ਰੂਪ ਵਿਚ, ਜੋ ਵੀ ਹੋਵੇ, ਉਕਤ ਦਰਸਾਈਆਂ ਸੁਰੱਖਿਅਤ ਸੰਪੱਤੀਆਂ ਵਿਚੋਂ ਕਿਸੇ ਦੀ ਵੀ ਸੌਦੇਬਾਜ਼ੀ ਕਰਨ ਤੋਂ ਰੋਕਿਆ ਜਾਂਦਾ ਹੈ। ਇਹ ਸਬੰਧਤ ਕਾਨੂੰਨ ਅਤੇ/ਜਾਂ ਕਿਸੇ ਵੀ ਹੋਰ ਲਾਗੂ ਕਾਨੂੰਨ ਦੇ ਅਧੀਨ ਸਾਨੂੰ ਉਪਲਬਧ ਕਿਸੇ ਵੀ ਹੋਰ ਅਧਿਕਾਰਾਂ ਦੇ ਉਲੰਘਣ ਤੋਂ ਬਿਨਾਂ ਹੈ। ਤੁਹਾਡਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸਬੰਧ ਵਿਚ ਸਰਫਾਇਸੀ ਐਕਟ ਦੀ ਧਾਰਾ 13 ਦੀ ਉਪ-ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ। ਤੁਹਾਨੂੰ ਇਹ ਵੀ ਸੂਚਨਾ ਦਿੱਤੀ ਜਾਂਦੀ ਹੈ ਕਿ ਧਾਰਾ 13 (13) ਦੇ ਸਬੰਧ ਵਿਚ ਕਰਜ਼ਦਾਰ/ਜ਼ਾਮਨ ਸੁਰੱਖਿਅਤ ਕਰਜ਼ਦਾਤਾ ਦੀ ਲਿਖਤੀ ਪ੍ਰਵਾਨਗੀ ਪ੍ਰਾਪਤ ਕੀਤੇ ਬਿਨਾਂ ਨਿਮਨ ਸੂਚੀ ਬੀ ਵਿਚ ਦਰਸਾਈਆਂ ਸੁਰੱਖਿਅਤ ਸੰਪੱਤੀਆਂ ਦੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੇਗਾ। ਇਹ ਅੱਗੇ ਤੁਹਾਡੇ ਧਿਆਨ ਵਿਚ ਲਿਆਂਦਾ ਜਾਂਦਾ ਹੈ ਕਿ ਦਰਸਾਏ ਕਾਨੂੰਨ ਦੇ ਤਹਿਤ ਵਿਵਸਥਿਤ ਅਨੁਸਾਰ ਵਿਧਾਨਕ ਰੋਕ/ਮਨਾਹੀ ਦੀ ਕੋਈ ਵੀ ਉਲੰਘਣਾ ਇੱਕ ਅਪਰਾਧ ਹੈ ਅਤੇ ਜੇਕਰ ਕਿਸੇ ਵੀ ਕਾਰਨ ਕਰਕੇ ਸੁਰੱਖਿਅਤ ਸੰਪੱਤੀਆਂ ਨੂੰ ਵਪਾਰ ਦੇ ਸਧਾਰਨ ਢੰਗ ਵਿਚ ਵੇਚਿਆ ਜਾਂ ਲੀਜ਼ 'ਤੇ ਦਿੱਤਾ ਜਾਂਦਾ ਹੈ ਤਾਂ ਵਿਕਰੀ ਆਮਦਨ ਜਾਂ ਵਸੂਲ ਹੋਈ ਆਮਦਨ ਸੁਰੱਖਿਅਤ ਕਰਜ਼ਦਾਤਾ ਕੋਲ ਜਮ੍ਹਾਂ ਕਰਵਾਈ ਜਾਵੇਗੀ। ਇਸ ਸਬੰਧ ਵਿਚ ਤੁਹਾਨੂੰ ਅਜਿਹੀ ਵਸੂਲੀ/ਆਮਦਨ ਢੁੱਕਵੇਂ ਖਾਤਿਆਂ ਵਿਚ ਜਮ੍ਹਾਂ ਕਰਨੀ ਹੋਵੇਗੀ।

**ਮਿਤੀ** : 12.06.2025 **ਸਥਾਨ** : ਚੰਡੀਗੜ੍ਹ **ਅਧਿਕਾਰਤ ਅਧਿਕਾਰੀ**

---

**ਜਨਤਕ ਸੂਚਨਾ**



**ਸ਼੍ਰੀ ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫ਼ਸਰ, ਯੂ.ਟੀ., ਚੰਡੀਗੜ੍ਹ ਤੋਂ ਪਹਿਲਾਂ।**

ਵਿਸ਼ਾ:- ਰਜਿਸਟਰਡ ਵਸੀਅਤ ਦੇ ਆਧਾਰ 'ਤੇ ਬੂਥ ਨੰਬਰ 333, ਸੈਕਟਰ 15-ਡੀ, ਯੂ.ਟੀ., ਚੰਡੀਗੜ੍ਹ (RBL-414) ਦੇ ਸੰਬੰਧ ਵਿੱਚ 100% ਹਿੱਸੇ ਦੀ ਹੱਦ ਤੱਕ ਲੀਜ਼ ਹੋਲਡ ਅਧਿਕਾਰਾਂ ਦਾ ਤਬਾਦਲਾ। (ਪਰਿਵਾਰ ਤੋਂ ਬਾਹਰ)

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਦੇ ਰਿਕਾਰਡ ਅਨੁਸਾਰ ਬੂਥ ਨੰਬਰ 333, ਸੈਕਟਰ 15-ਡੀ, ਯੂ.ਟੀ., ਚੰਡੀਗੜ੍ਹ ਵਜੋਂ ਜਾਣੀ ਜਾਂਦੀ ਜਾਇਦਾਦ ਵਿੱਚ 100% ਹਿੱਸਾ ਸ਼੍ਰੀ ਸ਼ਿਵ ਕੁਮਾਰ ਪੁੱਤਰ ਸ਼੍ਰੀ ਰਾਮ ਅਵਧ ਦੇ ਨਾਮ 'ਤੇ ਹੈ।

ਹੁਣ, ਸ਼੍ਰੀਮਤੀ ਨੀਨਾ ਮੋਹਨ ਪਤਨੀ ਸ਼੍ਰੀ ਗੋਪਾਲ ਕ੍ਰਿਸ਼ਨ ਮੋਹਨ ਦੁਆਰਾ ਸੂਚਿਤ ਕੀਤਾ ਗਿਆ ਹੈ ਕਿ ਸ਼ਿਵ ਕੁਮਾਰ ਦੀ ਮਿਆਦ 14.03.2022 ਨੂੰ ਖਤਮ ਹੋ ਗਈ ਹੈ, ਜੋ ਕਿ ਰਜਿਸਟਰਡ ਹੈ। ਉਕਤ ਜਾਇਦਾਦ ਦੇ ਲੀਜ਼ ਅਧਿਕਾਰਾਂ ਸੰਬੰਧੀ ਉਸਦੇ ਹੱਕ ਵਿੱਚ 23.11.1998 ਦੀ ਵਸੀਅਤ। ਸ਼੍ਰੀਮਤੀ ਨੀਨਾ ਮੋਹਨ ਨੇ 23.11.1998 ਦੀ ਰਜਿਸਟਰਡ ਵਸੀਅਤ ਦੇ ਆਧਾਰ 'ਤੇ ਬੂਥ ਨੰਬਰ 333, ਸੈਕਟਰ 15-ਡੀ, ਯੂ.ਟੀ., ਚੰਡੀਗੜ੍ਹ ਵਿੱਚ 100% ਹਿੱਸੇ ਦੇ ਲੀਜ਼ ਅਧਿਕਾਰਾਂ ਦੇ ਤਬਾਦਲੇ ਲਈ ਅਰਜ਼ੀ ਦਿੱਤੀ ਹੈ। ਮ੍ਰਿਤਕ ਨੇ ਹੇਠ ਲਿਖੇ ਕਾਨੂੰਨੀ ਵਾਰਸ ਛੱਡੇ ਹਨ: -

ਕਾਨੂੰਨੀ ਵਾਰਸਾਂ ਦੇ ਨਾਮ:-

| ਕਾਨੂੰਨੀ ਵਾਰਸਾਂ ਦਾ ਨਾਮ | ਰਿਸ਼ਤਾ |
|---|---|
| ਸ਼੍ਰੀਮਤੀ ਸੁਭਾਵਤੀ | ਪਤਨੀ, ਮਿਤੀ 10.10.2021 ਨੂੰ ਸਵਰਗਵਾਸ |

ਹਾਲਾਂਕਿ, ਜੇਕਰ ਕਿਸੇ ਕੋਲ ਮ੍ਰਿਤਕ ਮਾਲਕ ਦੇ ਉੱਪਰ ਦੱਸੇ ਗਏ ਤੋਂ ਇਲਾਵਾ ਕਿਸੇ ਹੋਰ ਕਾਨੂੰਨੀ ਵਾਰਸਾਂ ਬਾਰੇ ਕੋਈ ਜਾਣਕਾਰੀ ਹੈ, ਤਾਂ ਇਸਨੂੰ ਤੁਰੰਤ ਅਸਟੇਟ ਦਫ਼ਤਰ ਯੂ.ਟੀ., ਚੰਡੀਗੜ੍ਹ ਨੂੰ ਸੂਚਿਤ ਕੀਤਾ ਜਾ ਸਕਦਾ ਹੈ।

ਜੇਕਰ ਕਿਸੇ ਨੂੰ ਉਪਰੋਕਤ ਨਾਮਜ਼ਦ ਬਿਨੈਕਾਰ(ਆਂ) ਦੇ ਹੱਕ ਵਿੱਚ ਉਪਰੋਕਤ ਜਾਇਦਾਦ ਦੇ ਮਾਲਕੀ ਅਧਿਕਾਰਾਂ ਦੇ ਤਬਾਦਲੇ 'ਤੇ ਕੋਈ ਇਤਰਾਜ਼ ਹੈ, ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਹੇਠ ਹਸਤਾਖਰ ਕਰਨ ਵਾਲੇ ਦੇ ਦਫ਼ਤਰ ਵਿੱਚ ਲਿਖਤੀ ਰੂਪ ਵਿੱਚ ਪੇਸ਼ ਕਰ ਸਕਦਾ ਹੈ, ਅਜਿਹਾ ਨਾ ਕਰਨ 'ਤੇ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਨੂੰ ਉਸ ਅਨੁਸਾਰ ਬਦਲ ਦਿੱਤਾ ਜਾਵੇਗਾ ਅਤੇ ਬਾਅਦ ਵਿੱਚ ਕਿਸੇ ਵੀ ਹੋਰ ਦਾਅਵੇ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

**ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫ਼ਸਰ, ਯੂ.ਟੀ., ਚੰਡੀਗੜ੍ਹ ਦੇ ਅਸਟੇਟ ਅਫ਼ਸਰ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ।**

---

**SBI ਸਟੇਟ ਬੈਂਕ ਆਫ ਇੰਡੀਆ**
ਬੰਦੀ ਸੰਪੱਤੀਆਂ ਵਸੂਲੀ ਸ਼ਾਖਾ
ਐਸਸੀਓ 15, ਪਹਿਲੀ ਮੰਜ਼ਿਲ, ਸੈਕਟਰ 7-ਸੀ, ਚੰਡੀਗੜ੍ਹ, ਫੋਨ: 0172-4568244, 4568249
ਈਮੇਲ ; sbi.05179@sbi.co.in

**ਈ-ਨਿਲਾਮੀ ਵਿਕਰੀ ਸੂਚਨਾ**

**ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 6 (2) ਅਤੇ 8 (6) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਚੱਲ ਸੰਪੱਤੀਆਂ ਦੀ ਵਿਕਰੀ ਦੇ ਲਈ ਈ-ਨਿਲਾਮੀ ਵਿਕਰੀ ਸੂਚਨਾ।**

**ਜਨਤਾ ਨੂੰ ਆਮ ਕਰਕੇ ਅਤੇ ਕਰਜ਼ਦਾਰ (ਾਂ) ਅਤੇ ਜ਼ਾਮਨ (ਾਂ) ਨੂੰ ਵਿਸ਼ੇਸ਼ ਕਰਕੇ ਇਥੇ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ/ਬੰਦੀ ਨਿਮਨ ਦਰਸਾਈਆਂ ਅਚੱਲ ਸੰਪੱਤੀਆਂ**, ਜਿਨ੍ਹਾਂ ਦਾ **ਉਸਾਰੂ/ਸੰਕੇਤਕ/ਭੌਤਿਕ ਕਬਜ਼ਾ ਸਟੇਟ ਬੈਂਕ ਆਫ ਇੰਡੀਆ**, ਸੁਰੱਖਿਅਤ ਕਰਜ਼ਦਾਤਾ ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਸੀ, ਦੀ ਵਿਕਰੀ ਕਰਜ਼ਦਾਰ (ਾਂ) ਅਤੇ ਜ਼ਾਮਨ (ਾਂ) (ਨਿਮਨ ਦਰਸਾਏ) ਤੋਂ **ਸਟੇਟ ਬੈਂਕ ਆਫ ਇੰਡੀਆ, ਐਸਏਆਰਬੀ, ਚੰਡੀਗੜ੍ਹ** ਬੈਂਕ ਵੱਲ ਬਕਾਇਆ (ਨਿਮਨ ਦਰਸਾਏ) ਦੀ ਵਸੂਲੀ ਲਈ **ਲੜੀ ਨੰ. 1 ਤੋਂ 5 ਦੇ ਲਈ ਮਿਤੀ 25.04.2025 ਅਤੇ ਲੜੀ ਨੰ. 6 ਲਈ 28.04.2025 ਨੂੰ ''ਜਿਵੇਂ ਹੈ ਜਿਥੇ ਹੈ'', ''ਜਿਵੇਂ ਹੈ ਜੋ ਹੈ'' ਅਤੇ ''ਜੋ ਵੀ ਹੈ, ਉਥੇ ਹੈ''** ਆਧਾਰ 'ਤੇ ਕੀਤੀ ਜਾਵੇਗੀ। ਰਾਖਵੀਂ ਕੀਮਤ ਅਤੇ ਬਿਆਨਾ ਰਕਮ ਜਮ੍ਹਾਂ ਹਰੇਕ ਸੰਪੱਤੀ ਅਧੀਨ ਦਰਸਾਈ ਗਈ ਹੈ। ਵਿਕਰੀ ਦੇ ਵਿਸਥਾਰਤ ਨਿਯਮ ਅਤੇ ਸ਼ਰਤਾਂ ਦੇ ਲਈ ਕਿਰਪਾ ਕਰਕੇ **https://baanknet.com** ਵਿਚ ਵਿਵਸਥਿਤ ਲਿੰਕ ਦਾ ਹਵਾਲਾ ਲਓ।

| ਲ. ਨੰ. | ਸੰਪੱਤੀ ਦਾ ਸਥਾਨ | ਕਰਜ਼ਦਾਰ (ਾਂ)/ ਜ਼ਾਮਨ (ਾਂ) ਦਾ ਨਾਮ | ਸੰਪੱਤੀ (ਆਂ) ਦੇ ਵੇਰਵੇ | ਮੰਗ ਸੂਚਨਾ ਦੀ ਰਕਮ / ਮੰਗ ਸੂਚਨਾ ਦੀ ਮਿਤੀ / ਸੰਕੇਤਕ/ਭੌਤਿਕ ਕਬਜ਼ੇ ਦੀ ਮਿਤੀ | ਰਾਖਵੀਂ ਕੀਮਤ / ਬਿਆਨਾ ਰਕਮ / ਬੋਲੀ ਵਾਧਾ ਰਕਮ | ਸੰਪੱਤੀ ਦੀ ਜਾਂਚ ਦੀ ਮਿਤੀ ਅਤੇ ਸਮਾਂ / ਈ-ਨਿਲਾਮੀ ਦੀ ਮਿਤੀ/ਸਮਾਂ | ਸੰਪਰਕ ਵਿਅਕਤੀ |
|---|---|---|---|---|---|---|---|
| 1. | ਸੰਗਰੂਰ | **ਕਰਜ਼ਦਾਰ (ਾਂ) :-** (1) **ਜੱਗੀ ਖਾਨ** ਸਪੁੱਤਰ ਸ੍ਰੀ ਮੇਹਰ ਦੀਨ (ਹੁਣ ਮ੍ਰਿਤਕ),ਵਾਰਡ ਨੰ. 10, ਰਵੀਦਾਸ ਨਗਰ, ਨੇੜੇ ਛੋਟੀ ਈਦਗਾਹ, ਬਰਕਤਪੁਰਾ ਰੋਡ, ਮਲੇਰਕੋਟਲਾ (2) **ਸ਼੍ਰੀਮਤੀ ਸਲਮਾ** ਸੁਪਤਨੀ ਸਵ. ਜੱਗੀ ਖਾਨ ਵਾਰਡ ਨੰ. 10, ਰਵੀਦਾਸ ਨਗਰ, ਨੇੜੇ ਛੋਟੀ ਈਦਗਾਹ, ਬਰਕਤਪੁਰਾ ਰੋਡ, ਮਲੇਰਕੋਟਲਾ-148023, (3) **ਸ੍ਰੀ ਜੱਸਾ ਖਾਨ** ਸਪੁੱਤਰ ਸਵਰਗੀ ਸ੍ਰੀ ਜੱਗੀ ਖਾਨ, ਵਾਰਡ ਨੰ. 10, ਰਵੀਦਾਸ ਨਗਰ, ਨੇੜੇ ਛੋਟੀ ਈਦਗਾਹ, ਬਰਕਤਪੁਰਾ ਰੋਡ, ਮਲੇਰਕੋਟਲਾ-148023, (4) **ਸ੍ਰੀ ਇਕਬਾਲ ਖਾਨ** ਸਪੁੱਤਰ ਸਵ. ਜੱਗੀ ਖਾਨ, ਵਾਰਡ ਨੰ. 10, ਰਵੀਦਾਸ ਨਗਰ, ਨੇੜੇ ਛੋਟੀ ਈਦਗਾਹ, ਬਰਕਤਪੁਰਾ ਰੋਡ, ਮਲੇਰਕੋਟਲਾ (5) **ਸ੍ਰੀਮਤੀ ਪਿੰਕੀ** ਸਪੁੱਤਰੀ ਸਵ. ਜੱਗੀ ਖਾਨ, ਵਾਰਡ ਨੰ. 10, ਰਵੀਦਾਸ ਨਗਰ, ਨੇੜੇ ਛੋਟੀ ਈਦਗਾਹ, ਬਰਕਤਪੁਰਾ ਰੋਡ, ਮਲੇਰਕੋਟਲਾ -148023 | ਵਸੀਕਾ ਨੰ. 2317 ਮਿਤੀ 06.12.2007 ਦੇ ਅਧੀਨ ਸ੍ਰੀ ਜੱਗੀ ਖਾਨ ਸਪੁੱਤਰ ਸ੍ਰੀ ਮੇਹਰ ਦੀਨ ਦੇ ਨਾਮ 'ਤੇ ਮਲੇਰਕੋਟਲਾ ਦੀ ਸਾਲ 2013-14 ਦੇ ਲਈ ਜਮ੍ਹਾਂਬੰਦੀ ਅਨੁਸਾਰ ਬਾਹਰਲੀ ਮਾਜਰੀ ਰਵੀਦਾਸ ਨਗਰ, ਮਲੇਰਕੋਟਲਾ ਵਿਖੇ ਸਥਿਤ ਖੇਵਟ ਨੰ. 2606/5090 ਤੋਂ 5092 ਖਸਰਾ ਨੰ. 168//17/2/1-10, 16/3/1-17, 24/1/1-17, 25/1ਮਿਨ/4-4.1/3, 168//25/1 ਮਿਨ/0-5, 168//25/1 ਮਿਨ/0-6.2/3 ਦੇ ਅਧੀਨ 10 ਕਨਾਲ -0 ਮਰਲੇ ਮਾਪ ਵਾਲੀ ਜ਼ਮੀਨ ਵਿਚੋਂ 19/600 ਹਿੱਸੇ ਵਜੋਂ ਭਾਵ 0 ਕਨਾਲ-6.1/3 ਮਰਲੇ (189.2/9 ਵਰਗ ਗਜ਼) ਮਾਪ ਵਾਲਾ ਮਕਾਨ। | Rs. 29,24,156.09 / 19.09.2022 / 01.02.2024 / ਭੌਤਿਕ ਕਬਜ਼ਾ | Rs. 19,85,000/- / Rs. 1,98,500/- / Rs. 10,000/- | 20.06.2025 11:00 Hrs. to 15:00 Hrs. / 30.06.2025 11:00 Hrs. to 15:00 Hrs. | ਮਿਸ ਹਰਮਨਦੀਪ ਕੌਰ M.: 7087421800 ਸ੍ਰੀ ਮੌਸਮ ਪਾਲ M.: 9817280079 |

**ਇਹ ਪ੍ਰਕਾਸ਼ਨ ਉਕਤ ਕਰਜ਼ਦਾਰਾਂ ਅਤੇ ਜ਼ਾਮਨਾਂ ਦੇ ਲਈ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ 2002 ਦੇ ਨਿਯਮ 6 (2) ਅਤੇ 8 (6) ਦੇ ਅਧੀਨ ਇੱਕ ਸੂਚਨਾ ਵੀ ਹੈ।**

**ਉਕਤ ਸੰਪੱਤੀਆਂ ਦੀ ਮਿਣਤੀ, ਹਾਲਾਂਕਿ ਸਾਈਟ 'ਤੇ ਬੋਲੀਕਾਰਾਂ ਵੱਲੋਂ ਅਤੇ ਨਿਲਾਮੀ ਵਿਚ ਭਾਗ ਲੈਣ ਤੋਂ ਪਹਿਲਾਂ ਮਾਲ ਅਧਿਕਾਰੀਆਂ ਦੇ ਰਿਕਾਰਡਾਂ ਤੋਂ ਵੀ ਪੜਤਾਲੀ ਜਾਵੇਗੀ।**
| 6. | **ਕੋਟ ਗੰਗੂਰਾਏ ਸ਼ਾਖਾ ਮੋ ਨੰ.: 7009763550**<br>ਕਰਜ਼ਦਾਰ: ਸ੍ਰੀ ਕੁਲਵਿੰਦਰ ਕੁਮਾਰ ਮੱਟੂ ਪੁੱਤਰ ਰੁਲਦੂ ਰਾਮ ਮੱਟੂ, ਐਚ. ਨੰਬਰ 140, ਪਿੰਡ ਤੇ ਡਾਕਖਾਨਾਕਟਾਣੀ ਕਲਾਂ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ-141113 (ਪੰਜਾਬ), ਕਰਜ਼ਦਾਰ/ਗਿਰਵੀਕਾਰ: (ਏ) ਸ੍ਰੀ ਰੁਲਦੂ ਰਾਮ ਮੱਟੂ ਪੁੱਤਰ ਮੇਲਾ ਰਾਮ, ਮਕਾਨ ਨੰ. 140, ਪਿੰਡ ਤੇ ਡਾਕਖਾਨਾ 140, ਪਿੰਡ ਤੇ ਡਾਕਖਾਨਾ 140, ਜ਼ਿਲ੍ਹਾ ਲੁਧਿਆਣਾ-1413 ਕਾਟਾਨੀ ਕਲਾਂ। (ਪੰਜਾਬ), (ਅ) ਸ਼੍ਰੀਮਤੀ ਕਮਲੇਸ਼ ਕੁਮਾਰੀ ਪਤਨੀ ਰੁਲਦੂ ਰਾਮ ਮੱਟੂ, ਤਕਾਨ ਨੰ. 140, ਪਿੰਡ ਤੇ ਡਾਕਖਾਨਾ ਕਟਾਣੀ ਕਲਾਂ, ਤਹਿਸੀਲ ਅਤੇ ਜਿਲਾ ਲੁਧਿਆਣਾ-141113 (ਪੰਜਾਬ), ਸਹਿ-ਬਿਨੈਕਾਰ: ਸ਼੍ਰੀ ਫੂਲ ਚੰਦ ਪੁੱਤਰ ਸ਼੍ਰੀ ਸ਼ਿਵਾ ਨਨਦ, ਪਿੰਡ ਤੇ ਡਾਕਖਾਨਾ ਕਟਾਣੀ ਕਲਾਂ, ਤਹਿਸੀਲ ਅਤੇ ਜਿਲਾ-1414 (ਪੰਜਾਬ) | ਰੁ. 14,02,368.65 31.03.2025 ਦੇ **ਅਨੁਸਾਰ ਜਮ੍ਹਾਂ ਇਸ 'ਤੇ ਵਿਆਜ ਅਤੇ ਹੋਰ ਖਰਚੇ** | ਰਿਹਾਇਸ਼ੀ ਘਰ ਦਾ ਨਾਪ OK-12M ਯਾਨੀ 12/107 ਹਿੱਸਾ ਜ਼ਮੀਨ ਦਾ ਨਾਪ 5K-7M ਹੈ ਜਿਸ ਵਿੱਚ ਮਕਾਨ ਨੰਬਰ 140, ਖੇਵਟ ਨੰਬਰ 256/268, ਖਤੌਣੀ ਨੰਬਰ 305, 306, 306/1, 306/2, 306/3, 306/4, 306/5, 306/6. 306/7. ਕਿਲਾ ਨੰਬਰ 176 ਮਿਨ ਸਾਲ 2010-2011 ਲਈ ਜਮ੍ਹਾਂਬੰਦੀ ਦੀ ਕਾਪੀ ਦੇ ਅਨੁਸਾਰ, ਪਿੰਡ ਕਟਾਣੀ ਕਲਾਂ, ਐਚ.ਬੀ. ਨੰਬਰ 212, ਉਪ ਤਹਿਸੀਲ ਸਾਹਨੇਵਾਲ, ਤਹਿਸੀਲ ਅਤੇ ਜ਼ਿਲ੍ਹਾ ਲੁਧਾਣਾ ਵਿਖੇ ਸਥਿਤ ਹੈ, ਸ਼੍ਰੀਮਤੀ ਦੇ ਨਾਮ 'ਤੇ ਵਸਿਕਾ ਨੰਬਰ 1247 ਮਿਤੀ 20/04/1998 ਵਾਲੀ ਵਿਕਰੀ ਡੀਡ ਵੇਖੋ। ਕਮਲੇਸ਼ ਮੱਟੂ ਅਤੇ ਸ਼੍ਰੀ ਰੁਲਦੂ ਰਾਮ ਮੱਟੂ ਅਤੇ ਸ਼੍ਰੀਮਤੀ ਕਮਲੇਸ਼ ਕੁਮਾਰੀ ਦੇ ਨਾਂ 'ਤੇ ਵਸੀਕਾ ਨੰਬਰ 1354 ਮਿਤੀ 21/04/1998 ਦੀ ਵਿਕਰੀ ਡੀਡ। ਸੀਮਾਵਾਂ: ਪੂਰਬ: ਗਲੀ, ਪੱਛਮ: ਗਲੀ, ਉੱਤਰ: ਅਵਤਾਰ ਸਿੰਘ ਦਾ ਘਰ, ਦੱਖਣ: ਗਲੀ (ਕਬਜ਼ੇ ਦੀ ਕਿਸਮ: ਸੰਕੇਤਕ) | Rs. 25,50,000/-<br>Rs. 2,55,000/-<br>Rs. 25,000/- |
| 7. | **ਮੋਗਾ ਸ਼ਾਖਾ ਮੋ ਨੰ.: 9990177735**<br>ਕਰਜ਼ਦਾਰ: (1) ਸੇਵਕ ਸਿੰਘ ਪੁੱਤਰ ਪ੍ਰਕਾਸ਼ ਸਿੰਘ ਵਾਸੀ ਵਾਰਡ ਨੰ: 22, ਬਸਤੀ ਲਾਲ ਸਿੰਘ, ਬਹੋਨਾ ਰੋਡ, ਜ਼ਿਲ੍ਹਾ: ਮੋਗਾ, (2) ਕਮਲਜੀਤ ਕੌਰ ਪੁੱਤਰੀ ਸੇਵਕ ਸਿੰਘ ਵਾਸੀ ਵਾਰਡ ਨੰ: 22, ਬਸਤੀ ਲਾਲ ਸਿੰਘ, ਬਹੋਨਾ ਰੋਡ, ਜ਼ਿਲ੍ਹਾ: ਮੋਗਾ, ਜ਼ਾਮਨ: ਪ੍ਰਿਤਪਾਲ ਸਿੰਘ ਪੁੱਤਰ ਤੇਜ ਸਿੰਘ ਵਾਸੀ ਮਕਾਨ ਨੰ: 712, ਵਾਰਡ ਨੰ: 22, ਗਲੀ ਨੰ: 10, ਰਾਮਨਗਰ, ਜ਼ਿਲ੍ਹਾ ਮੋਗਾ। | ਰੁ. 19,07,410.83 31.03.2025 ਦੇ **ਅਨੁਸਾਰ ਜਮ੍ਹਾਂ ਇਸ 'ਤੇ ਵਿਆਜ ਅਤੇ ਹੋਰ ਖਰਚੇ** | 3 ਮਰਲਾ 3 ਸਰਸਾਹੀ ਦਾ ਰਿਹਾਇਸ਼ੀ ਘਰ ਜਿਸਦੀ 60/2340 ਹਿੱਸੇ ਵਾਲੀ ਜ਼ਮੀਨ 6 ਕਨਾਲ 10 ਮਰਲੇ ਹਨ, ਜਿਸਦੀ ਜਮ੍ਹਾਂਬੰਦੀ 2007-08 ਦੀ ਕਾਪੀ ਅਨੁਸਾਰ ਖਸਰਾ ਨੰਬਰ 148//10 (6-10), ਖੇਵਟ ਨੰਬਰ 42, ਖਤੌਨੀ ਨੰਬਰ 42 ਹੈ, ਵਾਰਡ ਨੰਬਰ 22, ਬਸਤੀ ਲਾਲ ਸਿੰਘ, ਬਹੋਨਾ ਰੋਡ ਤਹਿਸੀਲ ਅਤੇ ਜ਼ਿਲ੍ਹਾ: ਮੋਗਾ ਵਿਖੇ ਸ੍ਰੀ ਸੇਵਕ ਸਿੰਘ ਪੁੱਤਰ ਸ੍ਰੀ ਪ੍ਰਕਾਸ਼ ਸਿੰਘ ਦੇ ਨਾਮ 'ਤੇ ਸਥਿਤ ਹੈ। ਇਸਦੀ ਸੀਮਾ: ਪੂਰਬ: ਸ਼੍ਰੀਮਤੀ ਬਲਦੇਵ ਕੌਰ (42'-03"), ਪੱਛਮ: ਸ਼੍ਰੀ ਗੁਰਮੇਲ ਸਿੰਘ (53'-03"), ਉੱਤਰ: ਗਲੀ 11' ਚੌੜੀ (20'-00"), ਦੱਖਣ: ਸ਼੍ਰੀ ਓਮ ਪ੍ਰਕਾਸ਼ (18'-04") (ਕਬਜ਼ੇ ਦੀ ਕਿਸਮ: ਸੰਕੇਤਕ) | Rs. 18,00,000/-<br>Rs. 1,80,000/-<br>Rs. 20,000/- |
| 8. | **ਸੈਕਟਰ 32-ਏ ਲੁਧਿਆਣਾ ਸ਼ਾਖਾ ਮੋ ਨੰ.: 9836801038**<br>ਕਰਜ਼ਦਾਰ/ਸਹਿ ਬਿਨੈਕਾਰ/ਜ਼ਾਮਨ: (a) ਸ਼੍ਰੀ ਕੰਨਿਆ ਸਪੁੱਤਰ ਸੁਲਿੰਦਰ ਸਾਹੂ, ਹਾਊਸ ਨੰ. 27, ਲਹਿਰੀ ਨਗਰ ਬੈਕ ਸਾਈਡ, ਫੋਰਟਿਸ ਹਾਸਪਿਟਲ, ਮੁੰਡੀਆਂ ਖੁਰਦ, ਲੁਧਿਆਣਾ 141010, ਦੂਜਾ ਪਤਾ: ਹਾਊਸ ਨੰ 255, ਗਲੀ ਨੰ. 1, ਸ਼ੇਰਪੁਰ ਖੁਰਦ ਫੋਕਲ ਪੁਆਇੰਟ, ਲੁਧਿਆਣਾ-141010, (ਅ) ਸ਼੍ਰੀ ਕਿਸ਼ਨ ਸ਼ਾਹ ਪੁੱਤਰ ਸੁਰੇਂਦਰ ਸ਼ਾਹ, ਮਕਾਨ ਨੰ. 460, ਬੀ-ਹੈੱਡ ਬੈਕਸਾਈਡ ਬਾਲਮੀਕੀ ਮੰਦਰ, ਸ਼ੇਰਪੁਰ ਖੁਰਦ, ਫੋਕਲ ਪੁਆਇੰਟ, ਲੁਧਿਆਣਾ 141010 | ਰੁ. 10,62,712.00 31.03.2025 ਦੇ **ਅਨੁਸਾਰ ਜਮ੍ਹਾਂ ਇਸ 'ਤੇ ਵਿਆਜ ਅਤੇ ਹੋਰ ਖਰਚੇ** | ਇਹ ਜਾਇਦਾਦ ਪਿੰਡ ਮੁੰਡੀਆਂ ਖੁਰਦ, ਲੁਧਿਆਣਾ ਵਿੱਚ ਸਥਿਤ 70 ਵਰਗ ਗਜ਼ ਦੇ ਪਲਾਟ ਨੰਬਰ 36 ਮਿਨ 'ਤੇ ਬਣਾਈ ਗਈ ਹੈ ਅਤੇ ਇਸ ਵਿੱਚ ਖੱਟਾ ਨੰਬਰ 293/339-298/344-345, ਖਸਰਾ ਨੰਬਰ 12//2/2-12/2-13/1-18-22/2-23-19//2/2-3/1-9//3/2-4-7-8/1-14-15- 16/1-8//21-12//1-2/1 ਪਿੰਡ ਮੁੰਡੀਆਂ ਖੁਰਦ, ਤਹਿਸੀਲ ਸਾਹਨੇਵਾਲ, ਹੱਡਬਸਤ ਨੰਬਰ 240, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਦੀ 2011-12 ਦੀ ਜਮ੍ਹਾਂਬੰਦੀ ਵਿੱਚ ਦਰਜ ਹੈ, ਜੋ ਕਿ ਸ੍ਰੀ ਕੰਨੀਆ ਦੇ ਨਾਮ 'ਤੇ ਵਿਕਰੀ ਡੀਡ ਵਾਲੇ ਦਸਤਾਵੇਜ਼ ਨੰਬਰ 2018-19/102/1/1591 ਮਿਤੀ 06.12.2018 ਦੁਆਰਾ ਖੜ੍ਹੀ ਹੈ ਅਤੇ ਸੀਮਾਬੱਧ ਹੈ। ਹੇਠ ਲਿਖੇ ਅਨੁਸਾਰ: - ਪੂਰਬ: ਪਲਾਟ ਨੰ. 37 (45'-0÷ ਤੱਕ), ਪੱਛਮ: ਪਲਾਟ ਨੰ. 36 ਮਿੰਟ (45'-0" ਤੱਕ), ਉੱਤਰ: ਗਲੀ 20' ਚੌੜੀ (14'-0" ਤੱਕ), ਦੱਖਣ: ਗੁਆਂਢ (14'-0" ਤੱਕ) (ਕਬਜ਼ੇ ਦੀ ਕਿਸਮ: ਸੰਕੇਤਕ) | Rs. 9,00,000/-<br>Rs. 90,000/-<br>Rs. 10,000/- |
| 9. | **ਸੈਕਟਰ 32-ਏ ਲੁਧਿਆਣਾ ਸ਼ਾਖਾ ਮੋ ਨੰ.: 9836801038**<br>(ੳ) ਵਾਈਟ ਰੋਜ਼ ਐਂਟਰਪ੍ਰਾਈਜ਼ (ਪ੍ਰੋਪਰਾਈਟਰਸ਼ਿਪ ਫਰਮ) ਮਾਲਕ: ਸ਼੍ਰੀ ਪ੍ਰੇਮ ਸਿੰਘ ਪੁੱਤਰ ਸਵਰਗੀ। ਰਘੂਨਾਥ ਸਿੰਘ ਐਡ: ਗਲੀ ਨੰ. 1, ਮਾਤਾ ਭਾਗ ਕੌਰ ਕਲੋਨੀ, ਗੋਬਿੰਦ ਗੜ੍ਹ ਦੇ ਨੇੜੇ, ਲੁਧਿਆਣਾ-141017, (ਅ) ਸ਼੍ਰੀ ਪ੍ਰੇਮ ਸਿੰਘ ਪੁੱਤਰ ਸਵਰਗੀ। ਰਘੂਨਾਥ ਸਿੰਘ, ਐਡ: ਮਕਾਨ ਨੰਬਰ 474, ਗਲੀ ਨੰਬਰ 1, ਮਾਤਾ ਭਾਗ ਕੌਰ ਨਗਰ, (ਬੁਲੂਰਾ ਕਲੋਨੀ) ਭਗਤ ਗੈਸ ਅਗੇਨੀ ਨੇੜੇ, ਪਿੰਡ ਗੋਬਿੰਦ ਗੜ੍ਹ, ਲੁਧਿਆਣਾ-141017 | ਰੁ. 13,09,259.26 31.03.2025 ਦੇ **ਅਨੁਸਾਰ ਜਮ੍ਹਾਂ ਇਸ 'ਤੇ ਵਿਆਜ ਅਤੇ ਹੋਰ ਖਰਚੇ** | 206.66 ਵਰਗ ਗਜ਼ ਦੀ ਅਚੱਲ ਜਾਇਦਾਦ/ਪਲਾਟ ਜਿਸ ਵਿੱਚ ਖਸਰਾ ਨੰ. 15//8/3-14-13/1-9-2/2-12-17/2-17/1-18/1-15-16-8/2-13/2-18/2-19 ਸਾਲ 2004-05 ਲਈ ਜਮਾਂਬੰਦੀ ਅਨੁਸਾਰ ਖਾਤਾ ਨੰਬਰ 214/257-258-259-260 ਪਿੰਡ ਗੋਬਿੰਦਗੜ੍ਹ ਐਚਬੀ ਨੰ. 243, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਦੇ ਖੇਤਰ ਵਿੱਚ ਸਥਿਤ ਹੈ ਅਤੇ ਪ੍ਰੇਮ ਸਿੰਘ ਦੇ ਨਾਮ 'ਤੇ ਵਾਸਿਕਾ ਨੰਬਰ 13851 ਮਿਤੀ 17.12.2009 ਵਾਲੀ ਵਿਕਰੀ ਡੀਡ। ਹੇਠ ਲਿਖੇ ਅਨੁਸਾਰ ਸੀਮਾਬੱਧ: ਉੱਤਰ: ਗਲੀ 18 (30'), ਦੱਖਣ: ਗਲੀ 18` (30'), ਪੂਰਬ: ਪ੍ਰੇਮਾ ਦੇਵੀ (62'), ਪੱਛਮ: ਸਰਵਿਰ (62') (ਕਬਜ਼ਾ ਕਿਸਮ: ਸੰਕੇਤਕ) | Rs. 27,70,000/-<br>Rs. 2,77,000/-<br>Rs. 30,000/- |
| 10. | **ਦੁਗਰੀ ਰੋਡ ਸ਼ਾਖਾ ਮੋ ਨੰ.: 8667723344**<br>ਕਰਜ਼ਦਾਰ : ਮੈਸਰਜ਼ ਦ ਸਮੋਸਾ ਐਕਸਪ੍ਰੈਸ (ਪ੍ਰੋਪ. ਨੇਹਾ ਸ਼ਰਮਾ), a) ਵਪਾਰਕ ਪਤਾ 1: 185ਏ ਰਾਂਚੀ ਕਲੋਨੀ ਥਰੀਕੇ ਰੋਡ ਨੇੜੇ ਰਿਲਾਇੰਸ ਟਾਵਰ, ਲੁਧਿਆਣਾ (ਪੀ/ਐਸ ਟਿੱਬਾ 6,7, ਮੋਤੀ ਨਗਰ, ਜਮਾਲਪੁਰ, ਮੇਹਰਬਾਨ), ਪੰਜਾਬ-142021, b) ਵਪਾਰਕ ਪਤਾ 2: ਚੰਡੀਗੜ੍ਹ ਯੂਨੀਵਰਸਿਟੀ, NH-05, ਲੁਧਿਆਣਾ ਹਾਈਵੇਅ ਚੰਡੀਗੜ੍ਹ ਰਾਜ, ਪੰਜਾਬ-140413, ਗਾਰੰਟਰ: ਸ਼੍ਰੀਮਤੀ ਨੇਹਾ ਸ਼ਰਮਾ ਪਤਨੀ ਵੀਰ ਸਿੰਘ, a) ਪਤਾ 1: ਮਕਾਨ ਨੰ. 185ਏ, ਪਹਿਲੀ ਮੰਜ਼ਿਲ, ਰਾਂਚੀ ਕਲੋਨੀ, ਥਰੀਕੇ ਰੋਡ, ਲੁਧਿਆਣਾ-142021, ਪਤਾ 2: ਫਲੈਟ ਨੰਬਰ 131, ਪਹਿਲੀ ਮੰਜ਼ਿਲ, ਉਬਰ ਮਿਊਜ਼ ਗੇਟ ਖਰੜ, ਕੁਲਰੀ ਰੋਡ, ਖਰੜ, ਐਸ.ਏ.ਐਸ. ਨਗਰ (ਮੁਹਾਲੀ), ਪੰਜਾਬ 140301 | ਰੁ. 43,08,850.31 31.03.2025 ਦੇ **ਅਨੁਸਾਰ ਜਮ੍ਹਾਂ ਇਸ 'ਤੇ ਵਿਆਜ ਅਤੇ ਹੋਰ ਖਰਚੇ** | ਜਾਇਦਾਦ/ਮਕਾਨ ਵਾਲਾ ਐਮਸੀ ਨੰਬਰ ਬੀ-1-204, ਜਿਸਦਾ ਆਕਾਰ 119 ਵਰਗ ਗਜ਼ ਹੈ, ਖਸਰਾ ਨੰਬਰ 2702/857, ਖਾਤਾ 1814/2373 ਵਿੱਚ ਸ਼ਾਮਲ ਹੈ, ਸਾਲ 2014-15 ਦੀ ਜਮ੍ਹਾਂਬੰਦੀ ਦੇ ਅਨੁਸਾਰ, ਮਹਿਲ ਬਾਗਤ, ਹਦਬਸਤ ਨੰਬਰ 164, ਆਬਾਦੀ ਜਿਸਨੂੰ ਗੁਰੂ ਨਾਨਕ ਪੁਰਾ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਜੋਂ ਜਾਣਿਆ ਜਾਂਦਾ ਹੈ, ਵਿਖੇ ਸਥਿਤ ਹੈ, ਵਿਕਰੀ ਡੀਡ ਦੇ ਅਨੁਸਾਰ ਵਸਿਕਾ ਨੰਬਰ 2021-2022/106/1/12380 ਮਿਤੀ 18.11.2021 ਅਤੇ ਪੂਰਬ ਦੇ ਹੇਠਾਂ ਸੀਮਾਬੱਧ ਹੈ: ਭੀਮ ਸੈਨ 20'-6", ਪੱਛਮ: ਸੜਕ 21'-0", ਉੱਤਰ: ਧਰਮਵੀਰ ਚੌਹਾਨ 51'-0", ਦੱਖਣ: ਅਜੀਤ ਸਿੰਘ 51'-0" (ਕਬਜ਼ੇ ਦੀ ਕਿਸਮ: ਸੰਕੇਤਕ) | Rs. 49,20,000/-<br>Rs. 4,92,000/-<br>Rs. 50,000/- |

**ਨਿਯਮ ਅਤੇ ਸ਼ਰਤਾਂ :- ਵਿਕਰੀ ਸਰਫਾਇਸੀ ਐਕਟ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ 2002 ਵਿਚ ਪ੍ਰਸਤਾਵਿਤ ਨਿਯਮ ਅਤੇ ਸ਼ਰਤਾਂ ਅਤੇ ਨਿਮਨਲਿਖਤ ਹੋਰ ਸ਼ਰਤਾਂ ਨਾਲ ਸੰਬੰਧਤ ਹੋਵੇਗੀ :** 1. ਉਕਤ ਦਰਸਾਈ ਸੂਚੀ ਵਿਚ ਦਰਸਾਈਆਂ ਸੁਰੱਖਿਅਤ ਸੰਪੱਤੀਆਂ ਦੇ ਵੇਰਵੇ ਅਧਿਕਾਰਤ ਅਧਿਕਾਰੀ ਦੀ ਸਰਵੋਤਮ ਜਾਣਕਾਰੀ ਲਈ ਦਰਸਾਏ ਗਏ ਹਨ, ਪ੍ਰੰਤੂ ਅਧਿਕਾਰਤ ਅਧਿਕਾਰੀ ਇਸ ਐਲਾਨਨਾਮੇ ਵਿਚ ਕਿਸੇ ਵੀ ਤਰੁੱਟੀ, ਗਲਤ ਬਿਆਨੀ ਜਾਂ ਕਟੌਤੀ ਲਈ ਜੁਆਬਦੇਹ ਨਹੀਂ ਹੋਵੇਗਾ।
2. ਵਿਕਰੀ ਵੈਬਸਾਈਟ **https://baanknet.com** 'ਤੇ ਵਿਵਸਥਿਤ ਈ-ਨਿਲਾਮੀ ਪਲੇਟਫਾਰਮ ਰਾਹੀਂ 15.07.2025 ਨੂੰ ਦੁਪਹਿਰ 12.00 ਵਜੇ ਤੋਂ ਸ਼ਾਮ 05.00 ਵਜੇ ਤੱਕ ਨਿਮਨ ਹਸਤਾਖ਼ਰੀ ਵੱਲੋਂ ਕੀਤੀ ਜਾਵੇਗੀ। ਉਕਤ ਦਰਸਾਈਆਂ ਸੰਪੱਤੀਆਂ ਸੰਬੰਧੀ ਕਿਸੇ ਵੀ ਜਾਣਕਾਰੀ ਦੇ ਲਈ, ਕਿਰਪਾ ਕਰਕੇ ਸੰਬੰਧਤ ਮੈਨੇਜਰ ਨੂੰ ਸੰਪਰਕ ਕਰੋ।
3. ਵਿਕਰੀ ਦੇ ਵਿਸਥਾਰਤ ਨਿਯਮ ਅਤੇ ਸ਼ਰਤਾਂ ਦੇ ਲਈ ਕਿਰਪਾ ਕਰਕੇ **https://baanknet.com, https://www.unionbankofindia.co.in** ਦਾ ਹਵਾਲਾ ਲਓ।
4. ਪੰਜੀਕਰਨ ਅਤੇ ਲਾਗਇਨ ਅਤੇ ਬੋਲੀ ਨਿਯਮਾਂ ਦੇ ਲਈ **"Buyer Guide for Login and Registration"** ਵਿਚ **https://baanknet.com** ਦੇਖੋ।
5. ਬੈਂਕ, ਸੁਰੱਖਿਅਤ ਕਰਜ਼ਦਾਤਾ ਕੋਲ ਬਿਨਾਂ ਕੋਈ ਵੀ ਕਾਰਨ ਦੱਸੇ ਸਭ ਤੋਂ ਉੱਚੀ ਬੋਲੀ ਨੂੰ ਪ੍ਰਵਾਨ ਜਾਂ ਰੱਦ ਕਰਨ ਜਾਂ ਵਿਕਰੀ ਨੂੰ ਬਰਖਾਸਤ ਕਰਨ ਦਾ ਹੱਕ ਰਾਖਵਾਂ ਹੈ।

ਸੰਪੱਤੀਆਂ ਦੇ ਵੇਰਵਿਆਂ ਲਈ ਇਛੁੱਕ ਬੋਲੀਕਾਰਾਂ ਨੂੰ ਕਿਊਆਰ ਕੋਡ ਸਕੈਨ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ

**ਇਸ ਨੂੰ ਉਕਤ ਦਰਸਾਈ ਮਿਤੀ ਨੂੰ ਈ-ਨਿਲਾਮੀ ਵਿਕਰੀ ਨੂੰ ਰੋਕਣ ਸੰਬੰਧੀ ਉਕਤ ਦਰਸਾਏ ਕਰਜ਼ੇ ਦੇ ਕਰਜ਼ਦਾਰ/ਾਂ/ਜ਼ਾਮਨ/ਾਂ ਅਤੇ ਗਿਰਵੀਕਾਰ/ਾਂ ਦੇ ਲਈ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (6), ਨਿਯਮ 9 (1) ਦੇ ਅਧੀਨ 30 ਰੋਜ਼ਾ ਸੂਚਨਾ ਵਜੋਂ ਵੀ ਮੰਨਿਆ ਜਾਵੇ।**

ਮਿਤੀ : 13.06.2025 — ਸਥਾਨ : ਲੁਧਿਆਣਾ — (ਅਧਿਕਾਰਤ ਅਧਿਕਾਰੀ), ਯੂਨੀਅਨ ਬੈਂਕ ਆਫ ਇੰਡੀਆ

ਰੋਜ਼ਾਨਾ ਚੜ੍ਹਦੀਕਲਾ
# ਸਿਹਤ ਖ਼ਬਰਨਾਮਾ

## ਗਰਮੀਆਂ 'ਚ ਲੂ ਤੋਂ ਬਚਣ ਲਈ ਪੀਓ ਇਹ ਠੰਡੀਆਂ ਚੀਜ਼ਾਂ



ਜਿਵੇਂ-ਜਿਵੇਂ ਗਰਮੀਆਂ ਦੀ ਗਤੀ ਵਧਦੀ ਹੈ, ਸਰੀਰ ਨੂੰ ਠੰਡਾ ਰੱਖਣ ਅਤੇ ਤਾਜ਼ਗੀ ਬਣਾਈ ਰੱਖਣ ਦੀ ਲੋੜ ਵੀ ਵੱਧ ਜਾਂਦੀ ਹੈ। ਇਸ ਮੌਸਮ ਵਿਚ ਸਰੀਰ ਵਿਚ ਪਸੀਨੇ ਰਾਹੀਂ ਪਾਣੀ ਅਤੇ ਲੂਣ ਦੀ ਘਾਟ ਹੋਣ ਦਾ ਖਤਰਾ ਰਹਿੰਦਾ ਹੈ, ਜੋ ਥਕਾਵਟ, ਡਿਹਾਈਡਰੇਸ਼ਨ ਅਤੇ ਲੂ ਵਰਗੀਆਂ ਸਮੱਸਿਆਵਾਂ ਦਾ ਕਾਰਣ ਬਣ ਸਕਦਾ ਹੈ। ਅਜਿਹੇ ਵਿਚ ਆਪਣੀ ਖੁਰਾਕ ਵਿਚ ਠੰਡਕ ਪਹੁੰਚਾਉਣ ਵਾਲੀਆਂ ਚੀਜ਼ਾਂ ਸ਼ਾਮਲ ਕਰਨਾ ਬਹੁਤ ਲਾਭਕਾਰੀ ਸਾਬਤ ਹੁੰਦਾ ਹੈ। ਆਓ ਜਾਣੀਏ ਕਿ ਗਰਮੀਆਂ ਵਿੱਚ ਕਿਹੜੀਆਂ ਚੀਜ਼ਾਂ ਖਾਣੀਆਂ ਚਾਹੀਦੀਆਂ ਹਨ, ਜੋ ਸਿਰਫ਼ ਸਰੀਰ ਨੂੰ ਠੰਡਕ ਹੀ ਨਹੀਂ ਦਿੰਦੀਆਂ, ਸਗੋਂ ਸਿਹਤਮੰਦ ਵੀ ਬਣਾਈ ਰੱਖਦੀਆਂ ਹਨ।

**ਨਾਰੀਅਲ ਪਾਣੀ:** ਨਾਰੀਅਲ ਪਾਣੀ ਸਰੀਰ ਨੂੰ ਫੌਰੀ ਠੰਡਕ ਦਿੰਦਾ ਹੈ ਅਤੇ ਇਲੈਕਟਰੋਲਾਈਟਸ ਨਾਲ ਭਰਪੂਰ ਹੁੰਦਾ ਹੈ। ਇਹ ਡਿਹਾਈਡਰੇਸ਼ਨ ਤੋਂ ਬਚਾਉਂਦਾ ਹੈ।

**ਤਰਬੂਜ਼ :** ਤਰਬੂਜ਼ 90% ਪਾਣੀ ਵਾਲਾ ਫਲ ਹੈ, ਜੋ ਸਰੀਰ ਨੂੰ ਠੰਡਾ ਅਤੇ ਹਾਈਡਰੇਟ ਰੱਖਦਾ ਹੈ। ਇਹ ਪੇਟ ਨੂੰ ਵੀ ਹਲਕਾ ਰੱਖਦਾ ਹੈ।

**ਖੀਰਾ:** ਖੀਰਾ ਗਰਮੀ ਵਿਚ ਤਾਜ਼ਗੀ ਦੇਣ ਵਾਲੀ ਸਬਜ਼ੀ ਹੈ। ਇਸਨੂੰ ਸਲਾਦ ਵਿਚ, ਰਾਇਤੇ ਵਿਚ ਜਾਂ ਰਸ ਬਣਾ ਕੇ ਵਰਤਿਆ ਜਾ ਸਕਦਾ ਹੈ।

**ਲੱਸੀ ਜਾਂ ਦਹੀਂ :** ਛਾਛ, ਲੱਸੀ ਜਾਂ ਦਹੀਂ ਪਚਣਯੋਗ, ਠੰਡੀ ਅਤੇ ਪ੍ਰੋਬਾਇਓਟਿਕ ਗੁਣਾਂ ਵਾਲੀਆਂ ਚੀਜ਼ਾਂ ਹਨ। ਇਹ ਪੇਟ ਨੂੰ ਠੰਡਾ ਰੱਖਣ ਵਿਚ ਮਦਦ ਕਰਦੀਆਂ ਹਨ।

**ਨਿੰਬੂ ਪਾਣੀ ;** ਨਿੰਬੂ ਪਾਣੀ ਗਰਮੀ ਵਿਚ ਬਿਹਤਰ ਠੰਡਾ ਪੀਣ ਵਾਲਾ ਪਦਾਰਥ ਹੈ। ਇਸ ਵਿਚ ਨਮਕ ਜਾਂ ਗੁੜ ਮਿਲਾ ਕੇ ਪੀਣ ਨਾਲ ਊਰਜਾ ਮਿਲਦੀ ਹੈ।

**ਕੱਚੇ ਅੰਬ ਦਾ ਸ਼ਰਬਤ;** ਕੱਚੇ ਆਮ ਦੀ ਠੰਡੀ ਸ਼ਰਬਤ (ਪੰਨਾ) ਲੂ ਤੋਂ ਬਚਾਉਂਦਾ ਹੈ ਅਤੇ ਤਾਜ਼ਗੀ ਦਿੰਦਾ ਹੈ। ਇਹ ਪੁਰਾਣਾ ਦੇਸੀ ਇਲਾਜ ਵੀ ਹੈ।

**ਫਲਾਂ ਦੀ ਚਾਟ ਜਾਂ ਆਇਸਕ੍ਰੀਮ :** ਫਲਾਂ ਦੀ ਚਾਟ ਜਾਂ ਘਰੇਲੂ ਆਇਸਕ੍ਰੀਮ ਵੀ ਠੰਡਕ ਦੇ ਸਕਦੀ ਹੈ ਪਰ ਜ਼ਿਆਦਾ ਮਿਠਾਸ ਤੋਂ ਬਚੋ।

**ਸਾਬਤ ਧਨੀਆ:** ਗੁਲਕੰਡ, ਰੋਜ਼ ਵਾਟਰ ਵਾਲੀਆਂ ਚੀਜ਼ਾਂ ; ਇਹ ਆਯੁਰਵੇਦਿਕ ਢੰਗ ਨਾਲ ਸਰੀਰ ਨੂੰ ਠੰਡਾ ਕਰਦੀਆਂ ਹਨ। ਰੋਜ਼ ਵਾਟਰ ਵਾਲੀ ਸ਼ਰਬਤ ਜਾਂ ਗੁਲਕੰਡ ਵਾਲਾ ਦੁੱਧ ਫਾਇਦੇਮੰਦ ਹੁੰਦਾ ਹੈ।

# ਯੂ ਐਨ ਐਚ ਸੀ ਆਰ : ਦੁਨੀਆਂ ਭਰ 'ਚ ਜ਼ਬਰਦਸਤੀ ਉਜਾੜੇ ਲੋਕਾਂ ਦੀ ਗਿਣਤੀ 12.2 ਕਰੋੜ ਤੋਂ ਟੱਪੀ

### *ਹਿੰਸਾ ਤੇ ਅਤਿਆਚਾਰ ਪੀੜਤਾਂ ਦੀ ਗਿਣਤੀ ਪਿਛਲੇ ਦਹਾਕੇ ਦੇ ਮੁਕਾਬਲੇ ਦੁੱਗਣੀ ਹੋਈ*
### *ਸੂਡਾਨ ਤੋਂ 14 ਲੱਖ, ਸੀਰੀਆ ਤੋਂ 13 5 ਲੱਖ, ਅਫ਼ਗਾਨਿਸਤਾਨ ਤੋਂ 10 ਲੱਖ ਤੇ ਯੂਕਰੇਨ ਤੋਂ 8 .8 ਲੱਖ ਲੋਕ ਹੋਏ ਬੇਘਰ*

ਜਨੇਵਾ, 12 ਜੂਨ (ਚ.ਨ.ਸ.) : ਸੰਯੁਕਤ ਰਾਸ਼ਟਰ ਦੀ ਸ਼ਰਨਾਰਥੀ ਏਜੰਸੀ ਦਾ ਕਹਿਣਾ ਹੈ ਕਿ ਦੁਨੀਆ ਭਰ ਵਿੱਚ ਹਿੰਸਾ ਅਤੇ ਅਤਿਆਚਾਰ ਕਾਰਨ ਜ਼ਬਰਦਸਤੀ ਉਜਾੜੇ ਗਏ ਲੋਕਾਂ ਦੀ ਗਿਣਤੀ 12.2 ਕਰੋੜ ਤੋਂ ਵੱਧ ਹੋ ਗਈ ਹੈ, ਜੋ ਕਿ ਪਿਛਲੇ ਸਾਲ ਨਾਲੋਂ ਲਗਭਗ 20 ਲੱਖ ਵੱਧ ਹੈ ਅਤੇ ਪਿਛਲੇ ਦਹਾਕੇ ਦੇ ਮੁਕਾਬਲੇ ਲਗਭਗ ਦੁੱਗਣੀ ਹੈ। ਯੂਐਨਐਚਸੀਆਰ ਦੇ ਮੁਖੀ ਫ਼ਿਲਿਪੋ ਗ੍ਰਾਂਡੀ ਨੇ ਫਿਰ ਵੀ ਪਿਛਲੇ ਛੇ ਮਹੀਨਿਆਂ ਵਿੱਚ ਕੁਝ 'ਉਮੀਦ ਦੀਆਂ ਕਿਰਨਾਂ' ਦੇਖੀਆਂ ਹਨ ਜਿਸ ਵਿੱਚ ਲਗਭਗ 20 ਲੱਖ ਸੀਰੀਆਈ ਲੋਕਾਂ ਦੀ ਘਰ ਵਾਪਸੀ ਵੀ ਸ਼ਾਮਲ ਹੈ ਕਿਉਂਕਿ ਉਨ੍ਹਾਂ ਦਾ ਦੇਸ਼ ਇੱਕ ਦਹਾਕੇ ਤੋਂ ਵੱਧ ਸਮੇਂ ਦੇ ਘਰੇਲੂ ਯੁੱਧ ਤੋਂ ਉਭਰਨ ਦੀ ਕੋਸ਼ਿਸ਼ ਕਰ ਰਿਹਾ ਹੈ।ਇਹ ਨਤੀਜੇ ਸ਼ਰਨਾਰਥੀ ਏਜੰਸੀ ਵੱਲੋਂ ਵੀਰਵਾਰ ਨੂੰ ਆਪਣੀ ਗਲੋਬਲ ਰੁਝਾਨ ਰਿਪੋਰਟ ਜਾਰੀ ਕਰਨ ਤੋਂ ਬਾਅਦ ਸਾਹਮਣੇ ਆਏ ਹਨ, ਜਿਸ ਵਿੱਚ ਕਿਹਾ ਗਿਆ ਹੈ ਕਿ ਅਪ੍ਰੈਲ ਤੱਕ ਯੁੱਧ, ਹਿੰਸਾ ਅਤੇ ਅਤਿਆਚਾਰ ਕਾਰਨ ਵਿਦੇਸ਼ ਗਏ ਜਾਂ ਆਪਣੇ ਦੇਸ਼ ਦੇ ਅੰਦਰ ਉਜਾੜੇ ਗਏ ਲੋਕਾਂ ਦੀ ਗਿਣਤੀ 12.21 ਕਰੋੜ ਹੋ ਗਈ ਜੋ




ਇੱਕ ਸਾਲ ਪਹਿਲਾਂ 12 ਕਰੋੜ ਸੀ। ਇਨ੍ਹਾਂ ਵਿੱਚੋਂ, ਪਿਛਲੇ ਸਾਲ ਦੇ ਅੰਤ ਵਿੱਚ ਅੰਦਰੂਨੀ ਤੌਰ 'ਤੇ ਉਜਾੜੇ ਲੋਕਾਂ ਦੀ ਗਿਣਤੀ 9 ਪ੍ਰਤੀਸ਼ਤ ਤੋਂ ਵਧ ਕੇ 73.5 ਮਿਲੀਅਨ ਹੋ ਗਈ। ਇਹ ਅੰਕੜੇ ਸਾਲਾਂ ਦੇ ਸੰਘਰਸ਼, ਹਿੰਸਾ ਅਤੇ ਅਤਿਆਚਾਰ ਨਾਲ ਜੁੜੇ ਅੰਕੜਿਆਂ ਨੂੰ ਦਰਸਾਉਂਦੇ ਹਨ ਅਤੇ ਕੁਝ ਬੇਘਰ ਲੋਕ ਪਿਛਲੇ ਸਾਲ ਘਰ ਵਾਪਸ ਪਰਤੇ, ਜਦੋਂ ਕਿ ਕੁਝ ਭੱਜ ਗਏ। ਇਹ ਰਿਪੋਰਟ ਅਜਿਹੇ ਸਮੇਂ ਆਈ ਹੈ ਜਦੋਂ ਮਾਨਵਤਾਵਾਦੀ ਸਮੂਹਾਂ ਨੂੰ ਸੰਯੁਕਤ ਰਾਜ ਅਮਰੀਕਾ ਅਤੇ ਹੋਰ ਰਵਾਇਤੀ ਪੱਛਮੀ ਦਾਨੀਆਂ ਤੋਂ ਬਜਟ ਵਿੱਚ ਕਟੌਤੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਯੂਐਨਐਚਸੀਆਰ ਨੇ ਕਿਹਾ ਕਿ ਭੱਜਣ ਲਈ ਰਾਸ਼ਟਰੀ ਸਰਹੱਦਾਂ ਪਾਰ ਕਰਨ ਵਾਲੇ ਲਗਭਗ ਦੋ-ਤਿਹਾਈ ਲੋਕ ਗੁਆਂਢੀ ਦੇਸ਼ਾਂ ਵਿੱਚ ਹੀ ਰਹਿ ਗਏ, ਜੋ ''ਅਮੀਰ ਖੇਤਰਾਂ ਵਿੱਚ ਵਿਆਪਕ ਧਾਰਨਾ'' ਦਾ ਖੰਡਨ ਕਰਦਾ ਹੈ ਕਿ ਜ਼ਿਆਦਾਤਰ ਲੋਕ ਯੂਰਪ ਜਾਂ ਸੰਯੁਕਤ ਰਾਜ ਅਮਰੀਕਾ ਵਰਗੇ ਸਥਾਨਾਂ ਤੱਕ ਪਹੁੰਚਣ ਲਈ ਭੱਜ ਰਹੇ ਸਨ।ਏਜੰਸੀ ਨੇ ਕਿਹਾ ਕਿ ਘਰੇਲੂ ਯੁੱਧ ਪ੍ਰਭਾਵਿਤ ਸੁਡਾਨ ਦੁਨੀਆ ਦੇ ਸਭ ਤੋਂ ਵੱਡੇ ਵਿਸਥਾਪਨ ਸੰਕਟ ਦਾ ਘਰ ਬਣ ਗਿਆ ਹੈ, ਜਿਸ ਵਿੱਚ 14 ਲੱਖ ਤੋਂ ਵੱਧ ਲੋਕ ਸੰਘਰਸ਼ ਕਾਰਨ ਬੇਘਰ ਹੋ ਗਏ ਹਨ - ਜੋ ਸੀਰੀਆ ਤੋਂ 13.5 ਲੱਖ ਤੋਂ ਕਿਤੇ ਵੱਧ ਹੈ। ਯੂਐਨਐਚਸੀਆਰ ਨੇ ਕਿਹਾ ਕਿ ਅਫ਼ਗਾਨਿਸਤਾਨ ਵਿੱਚ 10 ਲੱਖ ਤੋਂ ਵੱਧ ਲੋਕਾਂ ਨੂੰ ਜ਼ਬਰਦਸਤੀ ਉਜਾੜਿਆ ਗਿਆ ਹੈ ਅਤੇ ਲਗਭਗ 8.8 ਲੱਖ ਲੋਕ ਯੂਕਰੇਨ ਦੇ ਅੰਦਰ ਜਾਂ ਬਾਹਰ ਭੇਜੇ ਗਏ ਹਨ।

## ਸਰੀ ਵਿੱਚ ਪੰਜਾਬੀ ਕਾਰੋਬਾਰੀ ਦੀ ਗੋਲੀਆਂ ਮਾਰ ਕੇ ਹੱਤਿਆ

ਵੈਨਕੂਵਰ, 12 ਜੂਨ (ਚ.ਨ.ਸ.) : ਸਰੀ ਦੇ ਭੀੜ ਭੜੱਕੇ ਵਾਲੇ ਇਲਾਕੇ ਵਿੱਚ ਪੰਜਾਬੀ ਕਾਰੋਬਾਰੀ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ ਹੈ। ਬੇਸ਼ੱਕ ਪੁਲੀਸ ਨੇ ਮਰਨ ਵਾਲੇ ਦੀ ਪਛਾਣ ਜਾਰੀ ਨਹੀਂ ਕੀਤੀ, ਪਰ ਉਸ ਦੇ ਨੇੜਲੇ ਜਾਣਕਾਰਾਂ ਅਨੁਸਾਰ ਉਹ ਐਬਸਫੋਰਡ ਦਾ ਵਸਨੀਕ ਸਤਵਿੰਦਰ ਸ਼ਰਮਾ ਹੈ, ਜੋ ਲੇਬਰ ਠੇਕੇਦਾਰੀ ਦੇ ਨਾਲ ਨਾਲ ਘਰਾਂ ਦੀ ਉਸਾਰੀ ਦਾ ਕਾਰੋਬਾਰ ਕਰਦਾ ਸੀ।ਸਰੀ ਪੁਲੀਸ ਅਨੁਸਾਰ ਬਾਅਦ ਦੁਪਹਿਰ 84 ਐਵੇਨਿਊ ਅਤੇ 160 ਸਟਰੀਟ ਸਥਿਤ ਕਾਰੋਬਾਰੀ ਸਥਾਨ 'ਤੇ ਗੋਲੀਆਂ ਚੱਲਣ ਦਾ ਪਤਾ ਲੱਗਦੇ ਹੀ ਪੁਲੀਸ ਤੇ ਐਂਬੂਲੈਂਸ ਮੌਕੇ 'ਤੇ ਪਹੁੰਚੀ ਤਾਂ ਉਹ ਤੜਪ ਰਿਹਾ ਸੀ। ਬਚਾਉਣ ਦੇ ਯਤਨਾਂ ਦੌਰਾਨ ਉਸ ਨੇ ਦਮ ਤੋੜ ਦਿੱਤਾ। ਪੁਲੀਸ ਅਨੁਸਾਰ ਮਾਮਲਾ ਕਤਲ ਦੀ ਜਾਂਚ ਦਾ ਹੈ, ਜੋ ਅੱਗੇ ਵਿਸ਼ੇਸ਼ ਟੀਮ ਨੂੰ ਸੌਂਪ ਦਿੱਤਾ ਗਿਆ ਹੈ। ਮੌਜੂਦਾ ਸਾਲ ਦੌਰਾਨ ਸਰੀ 'ਚ ਇਹ ਤੀਜਾ ਕਤਲ ਹੈ।ਬੇਸ਼ੱਕ ਪੁਲੀਸ ਹੋਰ ਜਾਣਕਾਰੀ ਦੇਣ ਤੋਂ ਅਸਮਰਥ ਹੈ, ਪਰ ਮ੍ਰਿਤਕ ਦੇ ਜਾਣਕਾਰਾਂ ਦਾ ਮੰਨਣਾ ਹੈ ਕਿ ਉਸ ਦਾ ਕਿਸੇ ਨਾਲ ਕੋਈ ਵੈਰ ਵਿਰੋਧ ਨਹੀਂ ਸੀ, ਪਰ ਫਿਰੌਤੀ ਦੇ ਫੋਨ ਆਏ ਸੀ।



## ਪਹਿਲੀ ਰਗਬੀ ਪ੍ਰੀਮੀਅਰ ਲੀਗ 15 ਜੂਨ ਤੋਂ ਮੁੰਬਈ ਵਿੱਚ ਹੋਵੇਗੀ, ਛੇ ਫ੍ਰੈਂਚਾਇਜ਼ੀ ਟੀਮਾਂ ਹਿੱਸਾ ਲੈਣਗੀਆਂ

ਨਵੀਂ ਦਿੱਲੀ, 12 ਜੂਨ (ਚ.ਨ.ਸ.) : ਪਹਿਲੀ ਰਗਬੀ ਪ੍ਰੀਮੀਅਰ ਲੀਗ 15 ਜੂਨ ਤੋਂ ਮੁੰਬਈ ਵਿੱਚ ਆਯੋਜਿਤ ਕੀਤੀ ਜਾਵੇਗੀ ਜਿਸ ਵਿੱਚ ਛੇ ਫ੍ਰੈਂਚਾਇਜ਼ੀ ਟੀਮਾਂ ਹਿੱਸਾ ਲੈਣਗੀਆਂ। ਇਸ ਲੀਗ ਦੇ ਪ੍ਰਬੰਧਕਾਂ ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੱਤੀ। GMR ਸਪੋਰਟਸ ਦੇ ਸੀਈਓ ਅਤੇ ਇਸ ਮੁਕਾਬਲੇ ਦੇ ਪ੍ਰਮੋਟਰ ਸਤਯਮ ਤ੍ਰਿਵੇਦੀ ਨੇ ਕਿਹਾ ਕਿ ਇਹ ਲੀਗ 15 ਤੋਂ 29 ਜੂਨ ਤੱਕ ਮੁੰਬਈ ਦੇ ਅੰਧੇਰੀ ਵਿੱਚ ਮੁੰਬਈ ਫੁੱਟਬਾਲ ਅਰੇਨਾ ਵਿੱਚ ਆਯੋਜਿਤ ਕੀਤੀ ਜਾਵੇਗੀ। ਭਾਰਤ ਵਿੱਚ ਪਹਿਲੀ ਵਾਰ ਆਯੋਜਿਤ ਕੀਤੀ ਜਾ ਰਹੀ ਇਸ ਲੀਗ ਵਿੱਚ ਛੇ ਫ੍ਰੈਂਚਾਇਜ਼ੀ ਦਿੱਲੀ ਰੈੱਡਜ਼, ਹੈਦਰਾਬਾਦ ਹੀਰੋਜ਼, ਕਲਿੰਗਾ ਬਲੈਕ ਟਾਈਗਰਜ਼, ਚੇਨਈ ਬੁੱਲਜ਼, ਮੁੰਬਈ ਡ੍ਰੀਮਰਸ ਅਤੇ ਬੈਂਗਲੁਰੂ ਬ੍ਰੇਵਹਾਰਟਸ ਹਿੱਸਾ ਲੈਣਗੇ।ਇਸ ਲੀਗ ਦਾ ਫਾਰਮੈਟ ਰਗਬੀ 7 ਹੋਵੇਗਾ, ਜਿਸਨੂੰ ਓਲੰਪਿਕ ਖੇਡ ਵਜੋਂ ਮਾਨਤਾ ਪ੍ਰਾਪਤ ਹੈ। ਰਵਾਇਤੀ ਰਗਬੀ ਯੂਨੀਅਨ ਫਾਰਮੈਟ ਦੇ ਉਲਟ, ਰਗਬੀ 7 ਫਾਰਮੈਟ ਵਿੱਚ, ਹਰੇਕ ਟੀਮ ਦੇ ਮੈਦਾਨ ਵਿੱਚ ਸੱਤ ਖਿਡਾਰੀ ਹੁੰਦੇ ਹਨ ਅਤੇ ਸੱਤ ਮਿੰਟਾਂ ਦੇ ਦੋ ਅੱਧ ਹੁੰਦੇ ਹਨ। ਰਵਾਇਤੀ ਫਾਰਮੈਟ ਵਿੱਚ, ਇੱਕ ਟੀਮ ਵਿੱਚ 15 ਖਿਡਾਰੀ ਹੁੰਦੇ ਹਨ ਅਤੇ 20-20 ਮਿੰਟਾਂ ਦੇ ਦੋ ਅੱਧ ਖੇਡੇ ਜਾਂਦੇ ਹਨ। ਹਾਲਾਂਕਿ, ਆਰ.ਪੀ.ਐਲ. ਵਿੱਚ, ਟੀਵੀ ਦਰਸ਼ਕਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਇਸਨੂੰ ਚਾਰ ਮਿੰਟਾਂ ਦੇ ਚਾਰ ਕੁਆਰਟਰਾਂ ਵਿੱਚ ਬਣਾਇਆ ਗਿਆ ਹੈ ਅਤੇ ਹਰੇਕ ਕੁਆਰਟਰ ਦੇ ਵਿਚਕਾਰ ਦੋ ਮਿੰਟ ਦਾ ਬ੍ਰੇਕ ਹੋਵੇਗਾ। ਤ੍ਰਿਵੇਦੀ ਨੇ ਕਿਹਾ, ਇਹ ਇੱਕ ਛੋਟਾ ਫਾਰਮੈਟ ਹੈ ਅਤੇ ਸਾਨੂੰ ਲੱਗਦਾ ਹੈ ਕਿ ਇਹ ਬਹੁਤ ਵਧੀਆ ਕੰਮ ਕਰਦਾ ਹੈ ਕਿਉਂਕਿ ਦਰਸ਼ਕ ਛੋਟਾ ਫਾਰਮੈਟ ਦੇਖਣਾ ਪਸੰਦ ਕਰਦੇ ਹਨ।



## ਦੱਖਣੀ ਅਫ਼ਰੀਕਾ ਦੇ ਪੂਰਬੀ ਕੇਪ ਸੂਬੇ ਵਿੱਚ ਹੜ੍ਹ ਨੇ ਮਚਾਈ ਤਬਾਹੀ, 49 ਮੌਤਾਂ

ਪੂਰਬੀ ਕੇਪ, 12 ਜੂਨ (ਚ.ਨ.ਸ.) : ਦੱਖਣੀ ਅਫਰੀਕਾ ਦੇ ਪੂਰਬੀ ਕੇਪ ਸੂਬੇ ਵਿਚ ਹੜ੍ਹ ਕਾਰਨ ਹੁਣ ਤੱਕ 49 ਲੋਕਾਂ ਦੀ ਮੌਤ ਹੋ ਗਈ ਹੈ। ਅਧਿਕਾਰੀਆਂ ਨੇ ਕਿਹਾ ਕਿ ਮਰਨ ਵਾਲਿਆਂ ਦੀ ਗਿਣਤੀ ਹੋਰ ਵੱਧ ਸਕਦੀ ਹੈ ਕਿਉਂਕਿ ਬਹੁਤ ਸਾਰੇ ਲੋਕ ਅਜੇ ਵੀ ਲਾਪਤਾ ਹਨ ਅਤੇ ਭਾਲ ਜਾਰੀ ਹੈ।ਇਹ ਆਫ਼ਤ ਸਵੇਰੇ ਸ਼ੁਰੂ ਹੋਈ ਜਦੋਂ ਇੱਕ ਤੇਜ਼ ਤੂਫ਼ਾਨ ਕਾਰਨ ਭਾਰੀ ਮੀਂਹ, ਤੇਜ਼ ਹਵਾਵਾਂ ਅਤੇ ਕੁਝ ਖੇਤਰਾਂ ਵਿੱਚ ਬਰਫ਼ਬਾਰੀ ਹੋਈ। ਦੇਸ਼ ਦੇ ਸਭ ਤੋਂ ਗਰੀਬ ਖੇਤਰਾਂ ਵਿੱਚੋਂ ਇੱਕ, ਪੂਰਬੀ ਕੇਪ ਪ੍ਰਾਂਤ, ਇਸ ਆਫ਼ਤ ਨਾਲ ਸਭ ਤੋਂ ਵੱਧ ਪ੍ਰਭਾਵਿਤ ਹੋਇਆ ਹੈ।

## ਪੰਜਾਬੀ ਨਾਟਕ 'ਪੂਅਰ ਕੁਨੈਕਸ਼ਨ ਦਾ ਮੰਚਨ 5 ਜੁਲਾਈ ਨੂੰ

ਸਰੀ, 12 ਜੂਨ (ਚ.ਨ.ਸ.) : ਇੱਕ Thought provoking Play ਹੈ। ਬੇਸ਼ੱਕ ਇਹ ਨਾਟਕ ਇੰਡੋ-ਕੈਨੇਡੀਅਨ ਭਾਈਚਾਰੇ ਦੇ ਪਾਤਰਾਂ ਨੂੰ ਸਿਰਜ ਕੇ ਲਿਖਿਆ ਗਿਆ ਹੈ, ਪਰ ਇਸ ਦਾ ਕੈਨਵਸ ਬਹੁਤ ਵੱਡਾ ਹੈ। ਇਨਸਾਨ ਦਾ ਆਪਣੇ ਆਪ ਨਾਲ, ਆਪਣਿਆਂ ਨਾਲ, ਆਪਣੇ ਆਲੇ-ਦੁਆਲੇ ਨਾਲ, ਕੁਦਰਤ ਤੇ ਕਾਦਰ ਨਾਲ ਰਿਸ਼ਤਾ ਕੁਝ ਅਜਿਹੇ ਸਵਾਲ ਪੈਦਾ ਕਰਦਾ ਹੈ, ਜਿਨ੍ਹਾਂ ਤੋਂ ਅਸੀਂ ਅਕਸਰ ਬਚਣ ਦੀ ਕੋਸ਼ਿਸ਼ ਕਰਦੇ ਹਾਂ ਜਾਂ ਟਾਲਦੇ ਰਹਿੰਦੇ ਹਾਂ। ਮੌਜੂਦਾ ਦੌਰ 'ਚ ਅਸੀਂ ਭਾਵੇਂ ਇੰਟਰਨੈਟ ਰਾਹੀਂ ਪੂਰੀ ਦੁਨੀਆਂ ਦੇ ਹਾਲ ਦੀ ਪਲ ਪਲ ਖ਼ਬਰ ਰੱਖਦੇ ਹਾਂ, ਪਰ ਅਕਸਰ ਆਪਣੇ, ਆਪਣੇ ਪਰਿਵਾਰਕ ਮੈਂਬਰਾਂ ਜਾਂ ਸਭ ਤੋਂ ਵੱਧ ਨਜ਼ਦੀਕੀ ਲੋਕਾਂ ਦੇ ਦੁੱਖ ਦਰਦ ਤੋਂ ਵੀ ਬੇਖ਼ਬਰ ਰਹਿੰਦੇ ਹਾਂ। ਦੂਜੇ ਇਨਸਾਨਾਂ ਦੀ ਗੱਲ ਛੱਡ ਵੀ ਦੇਈਏ, ਸਾਨੂੰ ਤਾਂ ਆਪਣੇ ਬਾਰੇ ਵੀ ਸੋਝੀ ਨਹੀਂ ਆਉਂਦੀ ਕਿ ਸਾਨੂੰ ਕੀ ਚਾਹੀਦਾ ਹੈ, ਸਾਡੀ ਕੀ ਤਾਕਤ ਹੈ ਜਾਂ ਕਮਜ਼ੋਰੀ ਹੈ। ਏਥੋਂ ਤੱਕ ਕਿ ਅਸੀਂ ਤਾਂ ਨਫ਼ਰਤਾਂ/ ਭੇਦਭਾਵ/ ਵਿਤਕਰੇ/ ਗੁੱਸਾ/ ਹਿੰਸਾ ਨੂੰ ਵੀ ਰੱਬ ਦੇ ਨਾਂ ਤੇ ਬਣੇ ਧਰਮਾਂ ਦੀ ਆੜ 'ਚ ਇਨਸਾਫ ਕਰਦੇ ਹਾਂ। ਕੁਝ ਪਲਾਂ ਲਈ ਜੇ ਇੰਟਰਨੈਟ ਜਾਂ ਮੋਬਾਇਲ ਦਾ ਮਾੜਾ ਕੁਨੈਕਸ਼ਨ ਹੋ ਜਾਵੇ ਤਾਂ ਅਸੀਂ ਬੇਚੈਨ ਹੋ ਜਾਂਦੇ ਹਾਂ, ਪਰ ਅਸੀਂ ਖ਼ੁਦ ਨਾਲ, ਆਪਣਿਆਂ ਨਾਲ ਤੇ ਉਸ ਸਿਰਜਣਹਾਰ ਨਾਲ ਅਕਸਰਮਾੜਾ ਕੁਨੈਕਸ਼ਨ ਜ਼ੋਨ 'ਚ ਰਹਿੰਦੇ ਹਾਂ, ਇਸ Highly connected world ਵਿੱਚ ਇਹ Disconnection ਸਾਡੀ ਖ਼ੁਦ ਤੋਂ ਅਤੇ ਆਪਣਿਆਂ ਤੋਂ ਦੂਰੀ, ਇਕੱਲਤਾ ਅਤੇ mental- emotional-physical illness 'ਚ ਵਾਧਾ ਕਰ ਰਿਹਾ ਹੈ।



## ਸ਼ਹੀਦੀ ਜੋੜ ਮੇਲਾ ਕੁਵੈਂਟਰੀ ਯੂ ਕੇ ਵਿਖੇ 15 ਜੂਨ ਨੂੰ ਮਨਾਇਆ ਜਾਵੇਗਾ

### *ਬਾਬਾ ਕੁਲਵਿੰਦਰ ਸਿੰਘ ਜੀ ਯੂ .ਕੇ . ਵਾਲਿਆਂ ਵਲੋਂ ਸੰਗਤਾਂ ਨੂੰ ਪਹੁੰਚਣ ਦੀ ਅਪੀਲ*

ਕੁਵੈਂਟਰੀ ,ਯੂ ਕੇ 12 ਜੂਨ (ਸੁਖਦੇਵ ਸਿੰਘ ਉੜਾਪੜ) : ਇੰਗਲੈਂਡ ਦੇ ਸ਼ਹਿਰ ਕੁਵੈਂਟਰੀ ਵਿਖੇ ਸਥਾਪਿਤ ਬਾਬਾ ਵਡਭਾਗ ਸਿੰਘ ਜੀ ਦੇ ਅਸਥਾਨ ਗੁਰਦਵਾਰਾ ਬਾਬਾ ਵਡਭਾਗ ਸਿੰਘ ਜੀ ਵਿਖੇ 15 ਜੂਨ ਨੂੰ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ,1984 ਦੇ ਘੱਲੂਘਾਰੇ ਅਤੇ ਦੇਸ਼ ਕੌਮ ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਸ਼ਹੀਦੀ ਜੋੜ ਮੇਲਾ ਕਰਵਾਇਆ ਜਾ ਰਿਹਾ ਹੈ ! ਇਸ ਵਾਰੇ ਅਸਥਾਨ ਦੇ ਮੁਖ ਸੇਵਾਦਾਰ ਬਾਬਾ ਕੁਲਵਿੰਦਰ ਸਿੰਘ ਯੂ ਕੇ ਵਾਲਿਆਂ ਨੇ ਚੜ੍ਹਦੀਕਲਾ ਨੂੰ ਇਸ ਵਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਸ਼ਹੀਦੀ ਜੋੜਮੇਲਾ ਹਰ ਸਾਲ ਇੰਗਲੈਂਡ ਦੇ ਸ਼ਹਿਰ ਕੁਵੈਂਟਰੀ ਵਿਖੇ ਬਹੁਤ ਹੀ ਵੱਡੇ ਪੱਧਰ 'ਤੇ ਮਨਾਇਆ ਜਾਂਦਾ ਹੈ । ਜਿਸ ਵਿੱਚ ਦੇਸ਼ਾਂ ਵਿਦੇਸ਼ਾਂ ਤੋਂ ਰਾਗੀ ,ਢਾਡੀ ,ਕਥਾਵਾਚਕ ਅਤੇ ਸੰਤ ਮਹਾਂਪੁਰਸ਼ ਵਿਸ਼ੇਸ਼ ਤੌਰ ਤੇ ਹਾਜਰੀ ਭਰਦੇ ਹਨ ਇਸ ਪ੍ਰੋਗਰਾਮ ਵਿੱਚ ਲੰਗਰ ਦੇ ਸਾਰੇ ਤਰਾਂ ਦੇ ਸਟਾਲ ਲਗਾਏ ਜਾਂਦੇ ਹਨ ਬਚਿਆ ਵਾਸਤੇ ਵਿਸ਼ੇਸ਼ ਤੌਰ 'ਤੇ ਝੂਲਿਆਂ ਅਤੇ ਰਾਈਡਾਂ ਦਾ ਪ੍ਰਬੰਧ ਕੀਤਾ ਜਾਂਦਾ ਹੈ !ਇਸ ਮੌਕੇ ਤੇ ਪੰਜਾਬ ਦੇ ਪ੍ਰਸਿੱਧ ਗਾਇਕ ਵੀ ਧਾਰਮਿਕ ਗੀਤਾਂ ਰਾਹੀਂਆਪਣੀ ਹਾਜਰੀ ਲਗਵਾਉਂਦੇ ਹਨ !ਸ਼ਹੀਦ ਸਿੰਘਾਂ ਨੂੰ ਸਮਰਪਿਤ ਇਸ ਸਮਾਗਮ ਦੌਰਾਨ ਨਗਰ ਕੀਰਤਨ ਵੀ ਕੱਢਿਆ ਜਾਂਦਾ ਹੈ ਜਿਸ ਵਿੱਚ ਹੈਲੀਕਾਪਟਰ ਰਾਹੀਂ ਫੁੱਲਾਂ ਦੀ ਵਰਖਾ ਵੀ ਕੀਤੀ ਜਾਂਦੀ ਹੈ ! ਇਸ ਸਮਾਗਮ ਵਿੱਚ ਪੰਜਾਬ ਤੋਂ ਵੀ ਸੰਗਤਾਂ ਦਾ ਜਥਾ ਇਸ ਪ੍ਰੋਗਰਾਮ ਵਿਚ ਸ਼ਾਮਲ ਹੋਣ ਵਾਸਤੇ ਪਹੁੰਚ ਰਿਹਾ ਹੈ ਬਾਬਾ ਜੀ ਵਲੋਂ ਸਾਰੀਆਂ ਸੰਗਤਾਂ ਨੂੰ ਇਸ ਸਮਾਗਮ ਵਿਚ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ। 13 ਜੂਨ ਨੂੰ ਸ੍ਰੀ ਅਖੰਡਪਾਠ ਸਾਹਿਬ ਆਰੰਭ ਕੀਤੇ ਜਾਣਗੇ ਜਿਸ ਦੇ ਭੋਗ 15 ਜੂਨ ਨੂੰ ਪਾਏ ਜਾਣਗੇ ਤੇ ਸ਼ਾਨਦਾਰ ਸਮਾਗਮ ਦਾ ਆਯੋਜਨ ਕੀਤਾ ਜਾਵੇਗਾ ! ਇਸ ਸਮਾਗਮ ਵਿਚ ਵਿਸ਼ੇਸ਼ ਤੌਰ 'ਤੇ ਦੇਸ਼ਾ-ਪਦਰੇਸਾਂ ਤੋਂ ਸੰਗਤਾਂ ਹੁਮ-ਹੁਮਾ ਕੇ ਪਹੁੰਚ ਰਹੀਆਂ ਹਨ।



## ਵੋਲੋਦੀਮੀਰ ਜ਼ੈਲੇਸਕੀ ਨੇ ਭਾਰਤ 'ਚ ਜਹਾਜ਼ ਹਾਦਸੇ 'ਤੇ ਪੀਐਮ ਮੋਦੀ ਨਾਲ ਪ੍ਰਗਟਾਇਆ ਦੁੱਖ

ਅਹਿਮਦਾਬਾਦ, 12 ਜੂਨ (ਚ.ਨ.ਸ.) : ਅੱਜ ਅਹਿਮਦਾਬਾਦ ਤੋਂ ਗੈਟਵਿਕ (ਯੂਕੇ) ਜਾ ਰਹੀ ਫਲਾਈਟ ਨੰਬਰ ਏਆਈ 171 ਦਾ ਬੋਇੰਗ 787 ਜਹਾਜ਼ ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ ਹੀ ਹਾਦਸਾਗ੍ਰਸਤ ਹੋ ਗਿਆ। ਜਹਾਜ਼ ਵਿੱਚ 242 ਲੋਕ ਸਵਾਰ ਸਨ, ਜਿਨ੍ਹਾਂ ਵਿੱਚ 12 ਚਾਲਕ ਦਲ ਦੇ ਮੈਂਬਰ ਵੀ ਸ਼ਾਮਲ ਸਨ।ਇਸ ਮੌਕੇ ਵੋਲੋਦੀਮੀਰ ਜ਼ੈਲੇਸਕੀ ਨੇ ਭਾਰਤ 'ਚ ਜਹਾਜ਼ ਹਾਦਸੇ 'ਤੇ ਪੀਐਮ ਮੋਦੀ ਨਾਲ ਦੁੱਖ ਪ੍ਰਗਟਾਇਆ ਹੈ। ਉਨ੍ਹਾਂ ਨੇ ਟਵੀਟ ਕਰਕੇ ਲਿਖਿਆ ਹੈ ਕਿ ''ਇਹ ਬਹੁਤ ਦੁਖਦਾਈ ਖ਼ਬਰ ਹੈ। ਇਸ ਦੁਖਦਾਈ ਦਿਨ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਭਾਰਤ ਦੇ ਸਾਰੇ ਲੋਕਾਂ ਪ੍ਰਤੀ ਮੇਰੀਆਂ ਡੂੰਘੀਆਂ ਸੰਵੇਦਨਾਵਾਂ ਹਨ। ਸਾਡੀਆਂ ਭਾਵਨਾਵਾਂ ਭਾਰਤ, ਯੂਕੇ, ਪੁਰਤਗਾਲ ਅਤੇ ਕੈਨੇਡਾ ਵਿੱਚ ਸਾਰੇ ਪੀੜਤਾਂ ਦੇ ਰਿਸ਼ਤੇਦਾਰਾਂ ਅਤੇ ਨਜ਼ਦੀਕੀਆਂ ਨਾਲ ਹਨ। ਅਸੀਂ ਇਸ ਦੁਖਦਾਈ ਦਿਨ ਤੇ ਤੁਹਾਡੇ ਨਾਲ ਦੁੱਖ ਨੂੰ ਸਾਂਝਾ ਕਰਦੇ ਹਾਂ। ਅਸੀਂ ਸਾਰੇ ਵੱਧ ਤੋਂ ਵੱਧ ਜਾਨਾਂ ਬਚਾਉਣ ਲਈ ਪ੍ਰਾਰਥਨਾ ਕਰਦੇ ਹਾਂ ਅਤੇ ਜ਼ਖਮੀਆਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕਰਦੇ ਹਾਂ।



## ਲੋਕਾਂ ਦੇ ਜੀਵਨ 'ਚ ਸਕਰਾਤਮਕ ਬਦਲਾਅ ਲਿਆਉਣਾ ਜ਼ਰੂਰੀ: ਬਿਰਲਾ

ਮਸੂਰੀ/ਨਵੀਂ ਦਿੱਲੀ, 12 ਜੂਨ (ਅੰਮ੍ਰਿਤਪਾਲ ਸਿੰਘ) : ਲੋਕ ਸਭਾ ਸਪੀਕਰ ਸ੍ਰੀ ਓਮ ਬਿਰਲਾ ਨੇ ਅੱਜ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਲੋਕਾਂ ਦੇ ਜੀਵਨ ਵਿੱਚ ਸਕਾਰਾਤਮਕ ਬਦਲਾਅ ਲਿਆਉਣਾ ਸਿਵਲ ਸੇਵਕਾਂ ਦਾ ਉਦੇਸ਼ ਹੋਣਾ ਚਾਹੀਦਾ ਹੈ। ਉਨ੍ਹਾਂ ਨੇ ਅਧਿਕਾਰੀ ਸਿਖਿਆਰਥੀਆਂ ਨੂੰ ਸਮਾਜ ਦੀ ਬਿਹਤਰੀ ਦੇ ਨਾਲ-ਨਾਲ ਲੋਕਾਂ ਦੀਆਂ ਉਮੀਦਾਂ ਅਤੇ ਇੱਛਾਵਾਂ ਨੂੰ ਪੂਰਾ ਕਰਨ ਲਈ ਸ਼ਾਸਨ ਦੇ ਸਾਧਨ ਵਜੋਂ ਨਵੀਨਤਾ ਅਤੇ ਪਾਰਦਰਸ਼ਤਾ ਨੂੰ ਅਪਣਾਉਣ ਦੀ ਅਪੀਲ ਕੀਤੀ। ਆਪਣੇ ਨਿੱਜੀ ਅਨੁਭਵਾਂ ਦਾ ਹਵਾਲਾ ਦਿੰਦੇ ਹੋਏ, ਸ਼੍ਰੀ ਬਿਰਲਾ ਨੇ ਕਿਹਾ ਕਿ ਪਛੜੇ ਵਰਗ ਦੇ ਲੋਕ ਸਿਵਲ ਸੇਵਕਾਂ ਵੱਲ ਦੇਖਦੇ ਹਨ। ਅਜਿਹੀ ਸਥਿਤੀ ਵਿੱਚ, ਅਧਿਕਾਰੀਆਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਇਨ੍ਹਾਂ ਉਮੀਦਾਂ ਨੂੰ ਪੂਰਾ ਕਰਨ ਲਈ ਹਮਦਰਦੀ, ਨਿਰਪੱਖਤਾ ਅਤੇ ਫਰਜ਼ ਦੀ ਭਾਵਨਾ ਨਾਲ ਕੰਮ ਕਰਨ ਅਤੇ ਸਮਾਜ ਦੇ ਸਾਰੇ ਵਰਗਾਂ ਦੀ ਭਲਾਈ ਲਈ ਅਰਥਪੂਰਨ ਯੋਗਦਾਨ ਪਾਉਣ। ਸ਼੍ਰੀ ਬਿਰਲਾ ਨੇ ਇਹ ਟਿੱਪਣੀਆਂ ਲਾਲ ਬਹਾਦਰ ਸ਼ਾਸਤਰੀ ਨੈਸ਼ਨਲ ਅਕੈਡਮੀ ਆਫ਼ ਐਡਮਿਨਿਸਟ੍ਰੇਸ਼ਨ ਮਸੂਰੀ ਦੁਆਰਾ ਆਯੋਜਿਤ 127ਵੇਂ ਇੰਡਕਸ਼ਨ ਸਿਖਲਾਈ ਪ੍ਰੋਗਰਾਮ ਵਿੱਚ ਅਧਿਕਾਰੀ ਸਿਖਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕੀਤੀਆਂ।



## ਰਜਿਸਟਰਡ ਲਾਭਪਾਤਰੀਆਂ ਅਤੇ ਪਰਿਵਾਰਕ ਮੈਂਬਰਾਂ ਦੀ ਬਾਇਓ-ਮੈਟ੍ਰਿਕ ਪ੍ਰਮਾਣਿਕਤਾ ਦੀ ਪ੍ਰਕਿਰਿਆ ਲਾਜ਼ਮੀ

ਚੰਡੀਗੜ੍ਹ, 12 ਜੂਨ (ਅੰਮ੍ਰਿਤਪਾਲ ਸਿੰਘ) : ਖੁਰਾਕ ਅਤੇ ਸਪਲਾਈ ਅਤੇ ਖਪਤਕਾਰ ਮਾਮਲੇ ਅਤੇ ਕਾਨੂੰਨੀ ਮੈਟਰੋਲੋਜੀ ਵਿਭਾਗ, ਚੰਡੀਗੜ੍ਹ, ਆਧਾਰ (ਵਿੱਤੀ ਅਤੇ ਹੋਰ ਸਬਸਿਡੀਆਂ ਅਤੇ ਸੇਵਾਵਾਂ ਦੀ ਨਿਸ਼ਾਨਾ ਡਿਲੀਵਰੀ) ਐਕਟ, 2016 ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬਾਇਓ-ਮੈਟ੍ਰਿਕ ਪ੍ਰਮਾਣਿਕਤਾ ਦੁਆਰਾ ਸਾਰੇ ਰਜਿਸਟਰਡ ਲਾਭਪਾਤਰੀਆਂ/ਪਰਿਵਾਰਕ ਮੈਂਬਰਾਂ ਦਾ ਪੀ.ਓ.ਐਸ. ਡਿਵਾਈਸ ਰਾਹੀਂ ਕੇ.ਵਾਈ.ਐਸ. ਕਰ ਰਿਹਾ ਹੈ। ਇਹ ਅਭਿਆਸ ਚੰਡੀਗੜ੍ਹ ਦੇ ਵੱਖ-ਵੱਖ ਖੇਤਰਾਂ ਵਿੱਚ ਕਮਿਊਨਿਟੀ ਸੈਂਟਰਾਂ ਵਰਗੀਆਂ ਸਾਂਝੀਆਂ ਥਾਵਾਂ 'ਤੇ ਚੱਲ ਰਿਹਾ ਹੈ।ਸਾਰੇ ਰਜਿਸਟਰਡ ਲਾਭਪਾਤਰੀਆਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀ ਬਾਇਓ-ਮੈਟ੍ਰਿਕ ਪ੍ਰਮਾਣਿਕਤਾ ਦੀ ਪ੍ਰਕਿਰਿਆ ਲਾਜ਼ਮੀ ਹੈ ਅਤੇ ਰਜਿਸਟਰਡ ਐਨ.ਐਫ.ਐਸ.ਏ., 2013 ਲਾਭਪਾਤਰੀਆਂ ਦੀ ਕੇ.ਵਾਈ.ਐਸ. ਦੀ ਪ੍ਰਕਿਰਿਆ ਨੂੰ ਪੂਰਾ ਕਰਨ ਲਈ 30 ਜੂਨ 2025 ਤੱਕ ਅੰਤਿਮ ਵਾਧਾ ਦਿੱਤਾ ਗਿਆ ਹੈ। ਜੋ ਕੋਈ ਵੀ ਆਪਣਾ ਕੇ.ਵਾਈ.ਐਸ. ਜਾਂ ਬਾਇਓ-ਮੈਟ੍ਰਿਕ ਪ੍ਰਮਾਣਿਕਤਾ ਨਹੀਂ ਕਰਵਾਉਂਦਾ, ਉਸਦਾ ਭੋਜਨ ਸਬਸਿਡੀ ਲਾਭ ਕੇ.ਵਾਈ.ਐਸ. ਪੂਰਾ ਹੋਣ ਤੱਕ ਮੁਅੱਤਲ ਕੀਤਾ ਜਾ ਸਕਦਾ ਹੈ।

## ਐਨਸੀਸੀ ਕੈਡਿਟਾਂ ਲਈ ਮਿਲਟਰੀ ਅਤੇ ਨੇਵਲ ਓਰੀਐਂਟੇਸ਼ਨ ਕੈਂਪ

ਚੰਡੀਗੜ੍ਹ, 12 ਜੂਨ (ਅੰਮ੍ਰਿਤਪਾਲ ਸਿੰਘ) : ਐਨਸੀਸੀ ਕੈਡਿਟਾਂ ਲਈ ਇੱਕ ਦਸ ਦਿਨਾਂ ਮਿਲਟਰੀ ਅਤੇ ਨੇਵਲ ਓਰੀਐਂਟੇਸ਼ਨ ਕੈਂਪ ਇਸ ਸਮੇਂ ਪੰਜਾਬ ਇੰਜੀਨੀਅਰਿੰਗ ਕਾਲਜ, ਚੰਡੀਗੜ੍ਹ ਵਿਖੇ ਚਲਾਇਆ ਜਾ ਰਿਹਾ ਹੈ। ਬ੍ਰਿਗੇਡੀਅਰ ਵੀਐਸ ਚੌਹਾਨ, ਗਰੁੱਪ ਕਮਾਂਡਰ ਐਨਸੀਸੀ ਗਰੁੱਪ ਹੈੱਡਕੁਆਰਟਰ ਚੰਡੀਗੜ੍ਹ ਨੇ ਸੀਨੀਅਰ ਡਿਵੀਜ਼ਨ/ਵਿੰਗ ਸੰਯੁਕਤ ਸਾਲਾਨਾ ਟ੍ਰੇਨਿੰਗ ਕੈਂਪ (ਸੀਏਟੀਸੀ) ਦਾ ਮੁਆਇਨਾ ਕੀਤਾ।ਕੈਂਪ ਕਮਾਂਡੈਂਟ ਕੈਪਟਨ ਤੇਜਿੰਦਰ ਸਿੰਘ ਦੀ ਅਗਵਾਈ ਹੇਠ ਚੱਲਣ ਵਾਲੇ ਇਸ ਕੈਂਪ ਦਾ ਉਦੇਸ਼ ਐਨਸੀਸੀ ਕੈਡਿਟਾਂ ਨੂੰ ਵਿਆਪਕ ਫੌਜੀ ਸਿਖਲਾਈ ਦੇਣਾ ਹੈ, ਜਿਸ ਵਿੱਚ ਡ੍ਰਿਲ, ਹਥਿਆਰ ਸਿਖਲਾਈ ਅਤੇ ਨੇਵੀ ਨਾਲ ਸਬੰਧਤ ਓਰੀਐਂਟੇਸ਼ਨ 'ਤੇ ਧਿਆਨ ਕੇਂਦਰਿਤ ਕੀਤਾ ਗਿਆ ਹੈ।ਇਸ ਮੌਕੇ 'ਤੇ, ਬ੍ਰਿਗੇਡੀਅਰ ਚੌਹਾਨ ਨੇ ਕੈਡਿਟਾਂ ਵਿੱਚ ਚਰਿੱਤਰ, ਅਨੁਸ਼ਾਸਨ, ਲੀਡਰਸ਼ਿਪ ਅਤੇ ਨਿਰਸਵਾਰਥ ਸੇਵਾ ਦੇ ਵਿਕਾਸ ਵਿੱਚ ਐਸੋਸੀਏਟ ਐਨਸੀਸੀ ਅਫਸਰਾਂ (ਏਐਨਓ) ਦੀ ਭੂਮਿਕਾ ਨੂੰ ਉਜਾਗਰ ਕਰਦੇ ਹੋਏ, ਗੁਣਵੱਤਾ ਸਿਖਲਾਈ ਦੀ ਮਹੱਤਤਾ ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਕੈਡਿਟਾਂ ਨਾਲ ਗੱਲਬਾਤ ਕੀਤੀ, ਉਨ੍ਹਾਂ ਨੂੰ ਧਿਆਨ ਕੇਂਦਰਿਤ ਰੱਖਣ ਅਤੇ ਆਪਣੇ ਟੀਚਿਆਂ ਦੀ ਪ੍ਰਾਪਤੀ ਲਈ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।ਬ੍ਰਿਗੇਡੀਅਰ ਚੌਹਾਨ ਨੇ ਕੈਡਿਟਾਂ ਦੀ ਸਮੁੱਚੀ ਭਲਾਈ ਨੂੰ ਯਕੀਨੀ ਬਣਾਉਣ ਲਈ ਕੈਡਿਟਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ, ਟ੍ਰੇਨਿੰਗ ਖੇਤਰ ਅਤੇ ਮੈਸ ਦਾ ਵੀ ਨਿਰੀਖਣ ਕੀਤਾ।



## ਚੰਡੀਗੜ੍ਹ ਦਾ ਹਰ ਬੱਚਾ ਮਜ਼ਦੂਰੀ ਤੋਂ ਮੁਕਤ ਬਚਪਨ ਦਾ ਆਨੰਦ ਮਾਣੇ

ਚੰਡੀਗੜ੍ਹ, 12 ਜੂਨ (ਅੰਮ੍ਰਿਤਪਾਲ ਸਿੰਘ) : ਸਮਾਜ ਭਲਾਈ, ਮਹਿਲਾ ਅਤੇ ਬਾਲ ਵਿਕਾਸ ਵਿਭਾਗ, ਯੂਟੀ ਚੰਡੀਗੜ੍ਹ ਜੂਨ 2025 ਦੇ ਮਹੀਨੇ ਵਿੱਚ ਬਾਲ ਮਜ਼ਦੂਰੀ ਦਾ ਮੁਕਾਬਲਾ ਕਰਨ ਅਤੇ ਬੱਚਿਆਂ ਦੇ ਅਧਿਕਾਰਾਂ ਦੀ ਰੱਖਿਆ ਕਰਨ ਦੇ ਉਦੇਸ਼ ਨਾਲ ਕਈ ਪ੍ਰਭਾਵਸ਼ਾਲੀ ਗਤੀਵਿਧੀਆਂ ਕਰਕੇ ਵਿਸ਼ਵ ਬਾਲ ਮਜ਼ਦੂਰੀ ਵਿਰੁੱਧ ਦਿਵਸ ਮਨਾ ਰਿਹਾ ਹੈ।ਇਸ ਮੌਕੇ ਦੀ ਮਹੱਤਤਾ ਨੂੰ ਧਿਆਨ ਵਿੱਚ ਰੱਖਦੇ ਹੋਏ, ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਇੱਕ ਆਡੀਓ-ਵਿਜ਼ੂਅਲ ਸੰਦੇਸ਼ ਰਾਹੀਂ ਚੰਡੀਗੜ੍ਹ ਦੇ ਵਸਨੀਕਾਂ ਨੂੰ ਬਾਲ ਮਜ਼ਦੂਰੀ ਨੂੰ ਖਤਮ ਕਰਨ ਅਤੇ ਹਰੇਕ ਬੱਚੇ ਲਈ ਇੱਕ ਸੁਰੱਖਿਅਤ ਅਤੇ ਪਾਲਣ-ਪੋਸ਼ਣ ਵਾਲਾ ਵਾਤਾਵਰਣ ਯਕੀਨੀ ਬਣਾਉਣ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ।ਇਸ ਮਹੱਤਵਪੂਰਨ ਉਦੇਸ਼ ਦੇ ਸਮਰਥਨ ਵਿੱਚ, ਯੂਟੀ ਸਕੱਤਰੇਤ ਵਿਖੇ ਚੰਡੀਗੜ੍ਹ ਪ੍ਰਸ਼ਾਸਨ ਦੇ ਮੁੱਖ ਸਕੱਤਰ ਸ਼੍ਰੀ ਰਾਜੀਵ ਵਰਮਾ ਦੀ ਪ੍ਰਧਾਨਗੀ ਹੇਠ ਚੰਡੀਗੜ੍ਹ ਪ੍ਰਸ਼ਾਸਨ ਦੇ ਸਕੱਤਰਾਂ, ਡਾਇਰੈਕਟਰਾਂ ਅਤੇ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਇੱਕ ਸਹੁੰ ਚੁੱਕ ਸਮਾਰੋਹ ਦਾ ਆਯੋਜਨ ਕੀਤਾ ਗਿਆ।ਬਾਲ ਮਜ਼ਦੂਰੀ ਮੁਹਿੰਮ ਵਿੱਚ ਜਾਗਰੂਕਤਾ ਪਹਿਲਕਦਮੀਆਂ ਦੀ ਇੱਕ ਵਿਸ਼ਾਲ ਸ਼੍ਰੇਣੀ ਸ਼ਾਮਲ ਹੈ ਜਿਵੇਂ ਕਿ ਰੇਡੀਓ ਮੁਹਿੰਮਾਂ, ਡਿਜੀਟਲ ਆਊਟਰੀਚ, ਨੁੱਕੜ ਨਾਟਕ ਅਤੇ ਬਾਲ ਮਜ਼ਦੂਰੀ ਵਿਰੋਧੀ ਬਚਾਅ ਮੁਹਿੰਮਾਂ। ਇਹ ਉਪਾਅ ਸਮਾਜ ਭਲਾਈ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੇ ਸਕੱਤਰ ਸ਼੍ਰੀਮਤੀ ਅਨੁਰਾਧਾ ਦੀ ਯੋਗ ਅਗਵਾਈ ਹੇਠ ਯੋਜਨਾਬੱਧ ਕੀਤੇ ਗਏ ਹਨ, ਜੋ ਬਾਲ ਮਜ਼ਦੂਰੀ ਦੇ ਮਾਮਲਿਆਂ ਦੀ ਪਛਾਣ ਕਰਨ ਅਤੇ ਰਿਪੋਰਟ ਕਰਨ, ਨਾਗਰਿਕਾਂ ਨੂੰ ਗਿਆਨ ਨਾਲ ਸਸ਼ਕਤ ਬਣਾਉਣ ਅਤੇ ਸਮੂਹਿਕ ਕਾਰਵਾਈ ਨੂੰ ਉਤਸ਼ਾਹਿਤ ਕਰਨ ਦੇ ਮਹੱਤਵ ਬਾਰੇ ਜਨਤਾ ਨੂੰ ਸੰਵੇਦਨਸ਼ੀਲ ਬਣਾਉਣ ਵੱਲ ਇੱਕ ਕੇਂਦ੍ਰਿਤ ਪਹੁੰਚ ਨੂੰ ਦਰਸਾਉਂਦੇ ਹਨ।ਸਮਾਜ ਭਲਾਈ ਵਿਭਾਗ ਇਹ ਯਕੀਨੀ ਬਣਾਉਣ ਲਈ ਸਮਰਪਿਤ ਹੈ ਕਿ ਚੰਡੀਗੜ੍ਹ ਦਾ ਹਰ ਬੱਚਾ ਮਜ਼ਦੂਰੀ ਤੋਂ ਮੁਕਤ ਬਚਪਨ ਦਾ ਆਨੰਦ ਮਾਣੇ, ਸਿੱਖਿਆ, ਸੁਰੱਖਿਆ ਅਤੇ ਸੰਪੂਰਨ ਵਿਕਾਸ ਤੱਕ ਪਹੁੰਚ ਪ੍ਰਾਪਤ ਕਰੇ।



## ਇੰਡੀਅਨ ਰੈਡ ਕਰਾਸ ਸੋਸਾਇਟੀ, ਯੂਟੀ ਬ੍ਰਾਂਚ, ਚੰਡੀਗੜ੍ਹ ਵੱਲੋਂ ਖ਼ੂਨਦਾਨ ਕੈਂਪ ਦਾ ਆਯੋਜਨ

ਚੰਡੀਗੜ੍ਹ, 12 ਜੂਨ (ਅੰਮ੍ਰਿਤਪਾਲ ਸਿੰਘ) : ਇੰਡੀਅਨ ਰੈੱਡ ਕਰਾਸ ਸੋਸਾਇਟੀ, ਯੂਟੀ ਬ੍ਰਾਂਚ ਚੰਡੀਗੜ੍ਹ ਨੇ ਜੀਐਮਸੀਐਚ-32 ਦੇ ਟ੍ਰਾਂਸਫਿਊਜ਼ਨ ਮੈਡੀਸਨ ਵਿਭਾਗ ਦੇ ਸਹਿਯੋਗ ਨਾਲ ਅੱਜ ਬ੍ਰਿਜ ਮਾਰਕੀਟ ਸੈਕਟਰ 17 ਚੰਡੀਗੜ੍ਹ ਵਿਖੇ ਖ਼ੂਨਦਾਨ ਕੈਂਪ ਦਾ ਸਫਲਤਾਪੂਰਵਕ ਆਯੋਜਨ ਕੀਤਾ।ਕੈਂਪ ਦਾ ਉਦਘਾਟਨ ਸ਼੍ਰੀ ਨਿਸ਼ਾਂਤ ਕੁਮਾਰ ਯਾਦਵ, ਆਈਏਐਸ, ਡਿਪਟੀ ਕਮਿਸ਼ਨਰ-ਕਮ-ਚੇਅਰਮੈਨ, ਯੂਟੀ ਰੈੱਡ ਕਰਾਸ ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਕੀਤਾ ਗਿਆ।ਸ਼੍ਰੀਮਤੀ ਪੂਨਮ ਮਲਿਕ, ਨੋਡਲ ਅਫਸਰ, ਰੈੱਡ ਕਰਾਸ ਸੋਸਾਇਟੀ, ਯੂਟੀ ਚੰਡੀਗੜ੍ਹ ਨੇ ਯੂਟੀ ਰੈੱਡ ਕਰਾਸ ਦੁਆਰਾ ਆਯੋਜਿਤ ਵੱਖ-ਵੱਖ ਖ਼ੂਨਦਾਨ ਮੁਹਿੰਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਅੱਜ ਦੇ ਕੈਂਪ ਨੂੰ ਉਤਸ਼ਾਹਜਨਕ ਹੁੰਗਾਰਾ ਮਿਲਿਆ, ਜਿਸ ਵਿੱਚ 200 ਤੋਂ ਵੱਧ ਯੂਨਿਟ ਖ਼ੂਨਦਾਨ ਕੀਤਾ ਗਿਆ।ਸ਼੍ਰੀ ਸੰਜੀਵ ਚੱਢਾ, ਪ੍ਰਧਾਨ, ਚੰਡੀਗੜ੍ਹ ਵਪਾਰ ਮੰਡਲ; ਸ਼੍ਰੀ ਬੀਐਨ ਸ਼ਰਮਾ, ਪ੍ਰਧਾਨ, ਸ਼ਿਵ ਸ਼ਕਤੀ ਮੰਡਲ, ਬਡਾਲਾ; ਸ਼੍ਰੀ ਸੰਜੇ ਮਿੱਤਲ, ਪ੍ਰਧਾਨ, ਓਡੀ ਮਿੱਤਲ ਚੈਰੀਟੇਬਲ ਟਰੱਸਟ; ਸ਼੍ਰੀ ਅਮਿਤ ਜੈਨ, ਪ੍ਰਧਾਨ, ਮਹਾਮਾਈ ਮਨਸਾ ਦੇਵੀ ਚੈਰੀਟੇਬਲ ਭੰਡਾਰਾ ਸਮਿਤੀ ਨੇ ਇਸ ਮਨੁੱਖੀ ਕਾਰਜ ਪ੍ਰਤੀ ਆਪਣੀ ਵਚਨਬੱਧਤਾ ਦਾ ਪ੍ਰਦਰਸ਼ਨ ਕਰਦੇ ਹੋਏ ਕੈਂਪ ਵਿੱਚ ਸਰਗਰਮੀ ਨਾਲ ਹਿੱਸਾ ਲਿਆ।ਇੰਡੀਅਨ ਰੈੱਡ ਕਰਾਸ ਸੋਸਾਇਟੀ, ਯੂਟੀ ਬ੍ਰਾਂਚ ਚੰਡੀਗੜ੍ਹ ਸਾਰੇ ਦਾਨੀਆਂ ਅਤੇ ਪਤਵੰਤਿਆਂ ਦਾ ਦਿਲੋਂ ਧੰਨਵਾਦ ਕਰਦੀ ਹੈ।



# ਮਾਮਲਾ ਧਨੌਲਾ ਖੁਰਦ ਵਿਖੇ ਮਿਲੀ ਲਾਸ਼ ਦਾ : ਪੁਲਿਸ ਨੇ ਚਾਰ ਦੋਸ਼ੀ ਕੀਤੇ ਗ੍ਰਿਫ਼ਤਾਰ, ਦੋ ਦੀ ਗ੍ਰਿਫ਼ਤਾਰੀ ਲਈ ਕੀਤੀ ਜਾ ਰਹੀ ਹੈ ਛਾਪੇਮਾਰੀ



ਬਰਨਾਲਾ, 12 ਜੂਨ (ਹਿਮਾਂਸ਼ੂ ਗਰਗ): ਸਤਵੀਰ ਸਿੰਘ ਉਪ ਕਪਤਾਨ ਪੁਲਿਸ, ਸਬ-ਡਵੀਜ਼ਨ ਬਰਨਾਲਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਿਤੀ 08.06.2025 ਨੂੰ ਜੋ ਡੈਡ ਬਾਡੀ ਧਨੌਲਾ ਖੁਰਦ ਬਰਨਾਲਾ- ਮਾਨਸਾ ਰੋਡ 'ਤੇ ਮਿਲੀ ਸੀ, ਜਿਸਦੀ ਪਹਿਚਾਣ ਬਲਜਿੰਦਰ ਸਿੰਘ ਉਰਫ ਗਾਂਧੀ ਪੁੱਤਰ ਸਤਪਾਲ ਸਿੰਘ ਵਾਸੀ ਧਨੌਲਾ ਖੁਰਦ ਵਜੋਂ ਹੋਈ ਹੈ,ਜਿਸਤੇ ਮ੍ਰਿਤਕ ਦੇ ਪਿਤਾ ਸਤਪਾਲ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਮੁਕੱਦਮਾ ਨੰਬਰ 82 ਮਿਤੀ 10.06.2025 ਅ/ਧ 105,115(2),3(5) 2 ਥਾਣਾ ਬਰਨਾਲਾ ਬਰਖਿਲਾਫ ਬਲਜਿੰਦਰ ਸਿੰਘ ਉਰਫ ਗੋਦਾ ਪੁੱਤਰ ਕੁਲਵਿੰਦਰ ਸਿੰਘ ਵਾਸੀ ਧਨੌਲਾ ਖੁਰਦ, ਗੁਰਦੀਪ ਸਿੰਘ ਉਰਫ ਲੱਡੂ ਪੁੱਤਰ ਬਲਵਿੰਦਰ ਸਿੰਘ ਵਾਸੀ ਹੰਡਿਆਇਆ, ਅਜੇ ਸ਼ਰਮਾ ਪੁੱਤਰ ਸੁਖਜੀਵਨ ਸ਼ਰਮਾ ਵਾਸੀ ਸੇਖਾ ਰੋਡ ਬਰਨਾਲਾ, ਜੈਲ ਕੌਰ ਪਤਨੀ ਹੰਸਾ ਸਿੰਘ ਵਾਸੀ ਰਾਮ ਬਾਗ ਦੀ ਬੈਕ ਸਾਈਡ ਬਰਨਾਲਾ, ਗੁਰਦੀਪ ਸਿੰਘ ਕੋਠੇ ਭੁੱਲਟ ਅਤੇ ਪ੍ਰੀਤ ਸਿੰਘ ਉਰਫ ਭੂੰਡੀ ਵਾਸੀ ਬਰਨਾਲਾ ਦੇ ਦਰਜ ਰਜਿਸਟਰ ਹੋਇਆ ਸੀ,ਜਿਸ ਵਿੱਚ ਪਰਿਵਾਰ ਵੱਲੋ ਦੱਸਿਆ ਗਿਆ ਸੀ ਅਤੇ ਤਫਤੀਸ਼ ਵਿੱਚ ਵੀ ਸਾਹਮਣੇ ਆਇਆ ਹੈ ਕਿ ਬਲਜਿੰਦਰ ਸਿੰਘ ਉਰਫ ਗਾਂਧੀ ਜਿਸਦੇ ਸਾਥੀ ਬਲਜਿੰਦਰ ਸਿੰਘ ਉਰਫ ਗੇਂਦਾ ਅਤੇ ਗੁਰਦੀਪ ਸਿੰਘ ਉਰਫ ਲੱਡੂ ਉਕਤਾਨ ਨੇ ਅਜੇ ਸ਼ਰਮਾ ਪੁੱਤਰ ਸੁਖਜੀਵਨ ਸ਼ਰਮਾ ਵਾਸੀ ਸੇਖਾ ਰੋਡ ਬਰਨਾਲਾ ਅਤੇ ਜੈਲੋ ਕੌਰ ਪਤਨੀ ਹੰਸਾ ਸਿੰਘ ਵਾਸੀ ਰਾਮ ਬਾਗ ਦੀ ਬੈਕ ਸਾਈਡ ਬਰਨਾਲਾ ਤੋਂ ਨਸ਼ਾ ਲਿਆ ਕੇ ਬਲਜਿੰਦਰ ਸਿੰਘ ਉਰਫ ਗਾਧੀ ਨੂੰ ਜ਼ਿਆਦਾ ਮਾਤਰਾ ਵਿੱਚ ਨਸ਼ਾ ਖਵਾਇਆ ਹੈ, ਜਿਸ ਨਾਲ ਉਸਦੀ ਮੌਤ ਹੋਈ ਹੈ। ਪੋਸਟਮਾਰਟਮ ਰਿਪੋਰਟ ਤੋਂ ਪਤਾ ਲੱਗਾ ਹੈ ਕਿ ਜੋ ਉਸਦੇ ਸੱਟਾਂ ਲੱਗੀਆਂ ਸਨ ਅਤੇ ਪਰਿਵਾਰਕ ਮੈਂਬਰਾਂ ਨੇ ਵੀ ਇਹ ਜਾਹਰ ਕੀਤਾ ਸੀ ਕਿ ਇਹ ਸੱਟਾਂ ਗੁਰਦੀਪ ਸਿੰਘ ਕੋਠੇ ਭੁੱਲਟ ਅਤੇ ਪ੍ਰੀਤ ਸਿੰਘ ਉਰਫ ਭੂੰਡੀ ਵਾਸੀ ਬਰਨਾਲਾ ਨੇ ਪਹਿਲਾਂ ਵੀ ਬਲਜਿੰਦਰ ਸਿੰਘ ਉਰਫ ਗਾਂਧੀ ਦੀ ਕੁੱਟਮਾਰ ਕੀਤੀ ਸੀ ਤੇ ਹੁਣ ਵੀ ਉਨ੍ਹਾਂ ਵੱਲੋ ਕੁੱਟਮਾਰ ਕੀਤੀ ਹੋ ਸਕਦੀ ਹੈ। ਮੁਕੱਦਮਾ ਦੀ ਡੂੰਘਾਈ ਨਾਲ ਤਫਤੀਸ਼ ਕੀਤੀ ਜਾ ਰਹੀ ਹੈ।

ਦੌਰਾਨੇ ਤਫਤੀਸ਼ ਮਿਤੀ 10.06.2025 ਨੂੰ ਮੁਕੱਦਮਾ ਉਕਤ ਦੇ ਦੋਸੀਆਨ ਬਲਜਿੰਦਰ ਸਿੰਘ ਉਰਫ ਗੋਂਦਾ, ਗੁਰਦੀਪ ਸਿੰਘ ਉਰਫ ਲੱਡੂ ਅਤੇ ਅਜੇ ਸ਼ਰਮਾ ਉਕਤਾਨ ਨੂੰ ਹਸਬ ਜਾਬਤਾ ਅਨੁਸਾਰ ਗ੍ਰਿਫਤਾਰ ਕੀਤਾ ਗਿਆ ਜਿੰਨਾ ਨੂੰ ਮਿਤੀ 11.06.2025 ਨੂੰ ਪੇਸ਼ ਅਦਾਲਤ ਕਰਕੇ 2 ਦਿਨ ਦਾ ਪੁਲਿਸ ਰਿਮਾਂਡ ਹਾਸਲ ਕਰਕੇ ਪੁੱਛਗਿਛ ਕੀਤੀ ਜਾ ਰਹੀ ਹੈ। ਮਿਤੀ 11.06.2025 ਨੂੰ ਹੀ ਮੁਕੱਦਮਾ ਹਜਾ ਦੀ ਦੋਸ਼ਣ ਜੈਲੋ ਕੌਰ ਉਕਤ ਨੂੰ ਮੁਕੱਦਮਾ ਹਜਾ ਵਿੱਚ ਹਸਬ ਜਾਬਤਾ ਗ੍ਰਿਫਤਾਰ ਕਰਕੇ ਅੱਜ ਮਿਤੀ 12.06.2025 ਨੂੰ ਪੇਸ਼ ਅਦਾਲਤ ਕੀਤਾ ਜਾ ਰਿਹਾ ਹੈ ਅਤੇ ਮੁਕੱਦਮਾ ਹਜਾ ਦੇ ਬਾਕੀ ਰਹਿੰਦੇ ਦੋਸ਼ੀਆਨ ਗੁਰਦੀਪ ਸਿੰਘ ਕੋਠੇ ਭੁੱਲਟ ਅਤੇ ਪ੍ਰੀਤ ਸਿੰਘ ਉਰਫ ਭੂੰਡੀ ਵਾਸੀ ਬਰਨਾਲਾ ਦੀ ਗ੍ਰਿਫਤਾਰੀ ਲਈ ਰੇਡਾ ਕੀਤੀਆ ਜਾ ਰਹੀਆ ਹਨ ਅਤੇ ਪੁਲਿਸ ਰਿਮਾਂਡ ਪਰ ਮੁਕੱਦਮਾ ਹਜਾ ਦੇ ਦੋਸ਼ੀਆਨ ਪਾਸੋ ਡੂੰਘਾਈ ਨਾਲ ਪੁੱਛਗਿਛ ਕੀਤੀ ਜਾ ਰਹੀ ਹੈ।

# ਕਬੂਤਰਬਾਜ਼ੀ ਦੇ ਸ਼ੌਕੀਨਾਂ ਨੂੰ ਜਾਣਾ ਪਵੇਗਾ ਜੇਲ੍ਹ, ਪੰਜਾਬ 'ਚ ਕਬੂਤਰ ਮੁਕਾਬਲਿਆਂ 'ਤੇ ਲੱਗੀ ਮੁਕੰਮਲ ਰੋਕ

ਭਦੌੜ, 12 ਜੂਨ (ਸੁਖਵਿੰਦਰ ਧਾਲੀਵਾਲ): ਕਬੂਤਰਬਾਜ਼ੀ ਦੇ ਸ਼ੌਕੀਨਾਂ ਲਈ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ। ਪੰਜਾਬ ਦੇ ਵੱਖ-ਵੱਖ ਪਿੰਡਾਂ ਸ਼ਹਿਰਾਂ ਵਿੱਚ ਕਬੂਤਰਬਾਜ਼ੀ ਦੇ ਖ਼ਿਲਾਫ਼ ਸਖ਼ਤ ਹੁਕਮ ਜਾਰੀ ਕੀਤੇ ਗਏ ਹਨ। ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ ਵਾਲਿਆਂ ਨੂੰ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ ਅਤੇ ਜੇਲ੍ਹ ਵੀ ਜਾਣਾ ਪੈ ਸਕਦਾ ਹੈ। ਪੰਛੀਆਂ/ਜਾਨਵਰਾਂ ਦੀ ਆਜ਼ਾਦੀ ਲਈ ਕੰਮ ਕਰਨ ਵਾਲੀ ਸੰਸਥਾ ਪੀਪਲ ਫਾਰ ਦਿ ਐਥੀਕਲ ਟਰੀਟਮੈਂਟ ਆਫ਼ ਐਨੀਮਲਜ਼ (PETA) ਇੰਡੀਆ ਨੇ ਪਿਛਲੇ ਦੋ ਮਹੀਨਿਆਂ ਵਿੱਚ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ 20 ਜ਼ਿਲ੍ਹਿਆਂ ਵਿੱਚ ਆਯੋਜਿਤ 33 ਗੈਰ - ਕਾਨੂੰਨੀ ਕਬੂਤਰਬਾਜ਼ੀ (ਕਬੂਤਰ ਦੌੜ/ਉਡਾਨ) ਸਮਾਗਮਾਂ ਨੂੰ ਰੋਕਣ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ। ਉਕਤ ਜਥੇਬੰਦੀ ਨੇ ਕਬੂਤਰਾਂ ਦੇ ਮੁਕਾਬਲਿਆਂ ਨੂੰ ਰੋਕਣ ਲਈ ਪੰਜਾਬ ਪੁਲਿਸ ਦੀ ਮਦਦ ਵੀ ਲਈ ਹੈ। PETA ਨੇ ਭਵਿੱਖ ਵਿੱਚ ਕਬੂਤਰ ਦੌੜ ਮੁਕਾਬਲੇ ਕਰਵਾਉਣ ਵਾਲਿਆਂ ਅਤੇ ਕਬੂਤਰਾਂ ਨੂੰ ਬੰਦੀ ਬਣਾ ਕੇ ਰੱਖਣ ਵਾਲਿਆਂ ਨੂੰ ਚਿਤਾਵਨੀ ਦਿੱਤੀ ਹੈ ਕਿ ਜੇਕਰ ਉਨ੍ਹਾਂ ਨੂੰ ਕੋਈ ਜਾਣਕਾਰੀ ਮਿਲਦੀ ਹੈ ਕਿ ਕਬੂਤਰਾਂ ਨੂੰ ਗੈਰ-ਕਾਨੂੰਨੀ ਢੰਗ ਨਾਲ ਰੱਖਿਆ ਜਾ ਰਿਹਾ ਹੈ, ਤਾਂ ਕਾਰਵਾਈ ਕੀਤੀ ਜਾਵੇਗੀ। ਉਕਤ ਸੰਸਥਾ ਵੱਲੋਂ ਪੰਜਾਬ ਪੁਲਿਸ ਦੇ ਸਹਿਯੋਗ ਨਾਲ ਕਬੂਤਰਬਾਜ਼ੀ ਦੇ ਮੁਕਾਬਲੇ ਕਰਵਾਉਣ ਵਾਲੇ ਅਜਿਹੇ ਪ੍ਰਬੰਧਕਾਂ ਦੀ ਪਛਾਣ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਵਿਰੁੱਧ ਸਜ਼ਾਯੋਗ ਕਾਰਵਾਈ ਕੀਤੀ ਜਾ ਰਹੀ ਹੈ।

# ਵਾਈ.ਐੱਸ. ਪਬਲਿਕ ਸਕੂਲ 'ਚ ਬਣ ਰਹੇ ਨੇ ਭਵਿੱਖ ਦੇ ਡਿਪਲੋਮੇਟ

ਬਰਨਾਲਾ, 12 ਜੂਨ (ਕਪਿਲ): ਦੁਨੀਆਵੀਂ ਸੋਚ ਵਾਲੇ ਨੌਜਵਾਨ ਤਿਆਰ ਕਰਨ ਲਈ, ਵਾਈ.ਐੱਸ. ਪਬਲਿਕ ਸਕੂਲ ਨੇ ਐਮਯੂਐਨ (ਮਾਡਲ ਸੰਯੁਕਤ ਰਾਸ਼ਟਰ) ਦੀ ਤਿਆਰੀ ਲਈ ਆਨਲਾਈਨ ਟ੍ਰੇਨਿੰਗ ਸ਼ੁਰੂ ਕੀਤੀ ਹੈ, ਤਾਂ ਜੋ ਵਿਦਿਆਰਥੀ ਛੁੱਟੀਆਂ ਦੌਰਾਨ ਵੀ ਸਰਗਰਮ ਅਤੇ ਅੱਗੇ ਵਧਣ। ਜਦੋਂ ਜ਼ਿਆਦਾਤਰ ਬੱਚੇ ਘਰਾਂ ਵਿੱਚ ਆਰਾਮ ਕਰ ਰਹੇ ਹਨ, ਵਾਈ.ਐੱਸ. ਦੇ ਬੱਚੇ ਕਮੇਟੀ ਦੇ ਕੰਮਕਾਜ, ਵਿਸ਼ਵ ਪੱਧਰੀ ਮਸਲੇ, ਰਾਜਨੀਤਕ ਸੰਵਾਦ ਅਤੇ ਪਬਲਿਕ ਸਪੀਕਿੰਗ ਦੀ ਟ੍ਰੇਨਿੰਗ ਲੈ ਰਹੇ ਹਨ। ਇਹ ਸੈਸ਼ਨ ਵਿਦਿਆਰਥੀਆਂ ਵਿੱਚ ਆਤਮ ਵਿਸ਼ਵਾਸ, ਲੀਡਰਸ਼ਿਪ ਅਤੇ ਗਲੋਬਲ ਸੋਚ ਵਿਕਸਤ ਕਰਨ ਦੇ ਉਦੇਸ਼ ਨਾਲ ਚਲਾਏ ਜਾ ਰਹੇ ਹਨ। ਪ੍ਰਿੰਸੀਪਲ ਸ੍ਰੀ ਮੋਹਿਤ ਜਿੰਦਲ ਨੇ ਕਿਹਾ, ਅਸੀਂ ਉਹ ਨੇਤਾ ਤਿਆਰ ਕਰਨਾ ਚਾਹੁੰਦੇ ਹਾਂ, ਜੋ ਦੁਨੀਆ ਨੂੰ ਸਮਝਣ ਅਤੇ ਉਦੇਸ਼ਪੂਰਨ ਗੱਲ ਕਰਨ ਦੀ ਸਮਰੱਥਾ ਰੱਖਣ। ਇਹ ਐਮਯੂਐਨ ਸੈਸ਼ਨ ਜ਼ਿੰਮੇਵਾਰ ਗਲੋਬਲ ਨਾਗਰਿਕ ਬਣਾਉਣ ਵੱਲ ਇਕ ਕਦਮ ਹਨ। ਵਾਈਸ ਪ੍ਰਿੰਸੀਪਲ ਸ੍ਰੀ ਸਚਿਨ ਗੁਪਤਾ ਨੇ ਕਿਹਾ, ਇਹ ਸਿਰਫ਼ ਪਾਠਕ੍ਰਮਕ ਪਹਿਲ ਨਹੀਂ ਹੈ-ਇਹ ਬੱਚਿਆਂ ਨੂੰ ਆਪਣੇ ਆਪ ਨੂੰ ਪ੍ਰਗਟ ਕਰਨ, ਸਿੱਖਣ ਅਤੇ ਲੀਡ ਕਰਨ ਦਾ ਮੰਚ ਦੇਣਾ ਹੈ। ਜਦੋਂ ਹੋਰ ਬੱਚੇ ਘਰ ਵਿੱਚ ਆਲਸੀ ਪਏ ਹਨ, ਵਾਈ.ਐੱਸ. ਪਬਲਿਕ ਸਕੂਲ ਸਕ੍ਰੀਨ ਨੂੰ ਮੌਕਿਆਂ ਦੀ ਖਿੜਕੀ ਵਾਂਗ ਬਦਲ ਰਿਹਾ ਹੈ।

# ਪ੍ਰੋਗਰੈਸਿਵ ਸੀਨੀਅਰ ਸਿਟੀਜ਼ਨ ਸੁਸਾਇਟੀ ਨੇ ਮਨਾਇਆ ਵਿਸ਼ਵ ਬਾਲ ਮਜ਼ਦੂਰੀ ਵਿਰੋਧੀ ਦਿਵਸ



ਬਰਨਾਲਾ, 12 ਜੂਨ (ਸੁਖਵਿੰਦਰ ਸਿੰਘ ਭੰਡਾਰੀ): ਵਿਸ਼ਵ ਬਾਲ ਮਜ਼ਦੂਰੀ ਵਿਰੋਧੀ ਦਿਵਸ, ਬਾਲ ਮਜ਼ਦੂਰੀ ਨੂੰ ਖਤਮ ਕਰਨ ਅਤੇ ਬੱਚਿਆਂ ਦੇ ਅਧਿਕਾਰਾਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਦੇ ਮੰਤਵ ਨਾਲ ਹਰ ਸਾਲ 12 ਜੂਨ ਨੂੰ ਮਨਾਇਆ ਜਾਂਦਾ ਹੈ। ਪ੍ਰੋਗਰੈਸਿਵ ਸੀਨੀਅਰ ਸਿਟੀਜ਼ਨ ਸੋਸਾਇਟੀ ਵੱਲੋਂ ਮਨਾਏ ਗਏ ਵਿਸ਼ਵ ਬਾਲ ਮਜ਼ਦੂਰੀ ਵਿਰੋਧੀ ਦਿਵਸ ਮੌਕੇ ਬੋਲਦਿਆਂ ਮੁੱਖ ਸਰਪ੍ਰਸਤ ਨੀਰਜ ਬਾਲਾ ਦਾਨੀਆ ਅਤੇ ਮੁੱਖ ਪਿਆਰਾ ਲਾਲ ਰਾਏਸਰ ਵਾਲੇ ਨੇ ਕਿਹਾ ਕਿ ਲੋਕਾਂ ਵਿਸ਼ੇਸ਼ ਤੌਰ ਤੇ ਮਾਪਿਆਂ ਨੂੰ ਆਪਣੇ ਬੱਚਿਆਂ ਦਾ ਭਵਿੱਖ ਉੱਜਵਲ ਬਣਾਉਣ ਲਈ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ 14 ਸਾਲ ਦੀ ਉਮਰ ਤੱਕ ਸਕੂਲ ਭੇਜਣਾ ਮਾਂ ਬਾਪ ਦੀ ਸੰਵਿਧਾਨਕ ਜ਼ਿੰਮੇਵਾਰੀ ਹੈ। ਇਸ ਦੌਰਾਨ ਬੋਲਦਿਆਂ ਸਮਾਜ ਸੇਵੀ ਸੋਮਾ ਭੰਡਾਰੀ ਅਤੇ ਗੁਰਮੀਤ ਸਿੰਘ ਮੀਮਸਾ ਨੇ ਕਿਹਾ ਕਿ ਬਾਲ ਮਜ਼ਦੂਰੀ ਇੱਕ ਗੰਭੀਰ ਸਮੱਸਿਆ ਹੈ। ਬਾਲ ਮਜ਼ਦੂਰੀ ਚ ਫ਼ਸੇ ਬੱਚੇ ਆਪਣੇ ਬਚਪਨ ਤੋਂ ਵਾਂਝੇ ਰਹਿ ਜਾਂਦੇ ਹਨ ਅਤੇ ਬਾਲ ਮਜ਼ਦੂਰੀ ਕਰਵਾ ਕੇ ਬੱਚਿਆਂ ਦਾ ਸ਼ੋਸ਼ਣ ਕੀਤਾ ਜਾਂਦਾ ਹੈ। ਬਾਲ ਮਜ਼ਦੂਰੀ ਬੱਚਿਆਂ ਦੇ ਮਾਨਸਿਕ ਅਤੇ ਸਰੀਰ ਸਿਹਤ ਲਈ ਖ਼ਤਰਨਾਕ ਹੈ। ਇਸ ਮੌਕੇ ਵਾਤਾਵਰਨ ਪ੍ਰੇਮੀ ਡਾਕਟਰ ਰਾਹੁਲ ਰੁਪਾਲ ਅਤੇ ਲੈਕਚਰਰ ਬਿੰਦੂ ਅਗਰਵਾਲ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ 14 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਸਕੂਲ ਭੇਜਣ ਦੀ ਬਜਾਏ ਢਾਬਿਆਂ, ਫੈਕਟਰੀਆਂ, ਦੁਕਾਨਾਂ ਅਤੇ ਹੋਟਲਾਂ ਆਦਿ ਨੇ ਥਾਵਾਂ ਤੇ ਭੇਜਣਾ ਹੀ ਬਾਲ ਮਜ਼ਦੂਰੀ ਹੈ। ਭਾਵੇਂ ਸਾਡੇ ਸੰਵਿਧਾਨ 'ਚ ਬਾਲ ਮਜ਼ਦੂਰੀ ਨੂੰ ਗ਼ੈਰ ਕਾਨੂੰਨੀ ਐਲਾਨਿਆ ਗਿਆ ਹੈ ਪਰੰਤੂ ਗ਼ਰੀਬੀ ਅਤੇ ਜਾਗਰੂਕਤਾ ਦੀ ਘਾਟ ਕਾਰਨ ਅਜੇ ਵੀ ਬਾਲ ਮਜ਼ਦੂਰੀ ਕਰਵਾਈ ਜਾ ਰਹੀ ਹੈ। ਉਹਨਾਂ ਕਿਹਾ ਕਿ ਬੱਚੇ ਖੇਡਣ ਕੁੱਦਣ ਦੀ ਉਮਰ ਚ ਹੀ ਘਰ ਦੇ ਖਰਚਿਆਂ ਚ ਦਬ ਕੇ ਰਹਿ ਜਾਂਦੇ ਹਨ। ਬਾਲ ਮਜ਼ਦੂਰੀ ਕਾਰਨ ਬੱਚੇ ਅਨਪੜ੍ਹ ਰਹਿ ਜਾਂਦੇ ਹਨ ਅਤੇ ਉਹ ਆਪਣੇ ਜ਼ਰੂਰੀ ਅਤੇ ਮੁਫ਼ਤ ਸਿੱਖਿਆ ਦੇ ਅਧਿਕਾਰ ਤੋਂ ਵੰਚਿਤ ਹੋ ਜਾਂਦੇ ਹਨ। ਭਾਵੇਂ ਸਰਕਾਰ ਬਾਲ ਮਜ਼ਦੂਰੀ ਨੂੰ ਰੋਕਣ ਦੇ ਲਈ ਯਤਨ ਕਰ ਰਹੀ ਹੈ, ਫਿਰ ਵੀ ਲੋਕਾਂ ਨੂੰ ਸਰਕਾਰ ਦਾ ਸਾਥ ਦੇਣਾ ਚਾਹੀਦਾ ਹੈ, ਤਾਂ ਜੋ ਇਸ ਸਮਾਜਿਕ ਬੁਰਾਈ ਦਾ ਖਾਤਮਾ ਹੋ ਸਕੇ।

# ਪੌਦੇ ਲਾਉਣ ਦੀ ਮੁਹਿੰਮ ਤਹਿਤ ਚਿੰਟੂ ਪਾਰਕ ਵਿੱਚ ਲਗਾਏ ਪੌਦੇ




ਬਰਨਾਲਾ, 12 ਜੂਨ (ਹਿਮਾਂਸ਼ੂ ਗਰਗ):ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਬੀ.ਬੀ.ਐਸ. ਤੇਜੀ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ —ਸਹਿਤ— ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਦੀ ਅਗਵਾਈ ਹੇਠ ਅੱਜ ਸ੍ਰੀ ਮਦਨ ਲਾਲ, ਮਾਨਯੋਗ ਸਕੱਤਰ, ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਬਰਨਾਲਾ ਵੱਲੋਂ ਪੌਦੇ ਲਗਾਉਣ ਦੀ ਮੁਹਿੰਮ ਤਹਿਤ ਜੰਗਲਾਤ ਵਿਭਾਗ ਬਰਨਾਲਾ ਦੇ ਸਹਿਯੋਗ ਨਾਲ ਸੀਨੀਅਰ ਸਿਟੀਜ਼ਨ ਸੁਸਾਇਟੀ, ਚਿੰਟੂ ਪਾਰਕ ਬਰਨਾਲਾ ਵਿਖੇ ਪੌਦੇ ਲਗਾਏ ਗਏ। ਇਸ ਮੌਕੇ ਮਾਨਯੋਗ ਸਕੱਤਰ ਨੇ ਅਪੀਲ ਕਰਦਿਆਂ ਕਿਹਾ ਕਿ ਹਰ ਵਿਅਕਤੀ ਨੂੰ ਆਪਣੇ ਆਲੇ ਦੁਆਲੇ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹਿਦੇ ਹਨ ਤਾਂ ਜੋ ਵਾਤਾਵਰਣ ਨੂੰ ਹਰਾ ਭਰਿਆ ਅਤੇ ਪ੍ਰਦੂਸ਼ਨ ਮੁਕਤ ਬਣਾਇਆ ਜਾ ਸਕੇ। ਓਨਾਂ ਦੱਸਿਆ ਕਿ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਬਰਨਾਲਾ ਵੱਲੋਂ ਸਮੁੱਚੇ ਪੰਜਾਬ ਵਿੱਚ 5 ਜੁਲਾਈ 2025 ਤੱਕ ਟ੍ਰੀ ਪਲਾਂਟੇਸ਼ਨ ਮੁਹਿੰਮ ਚਲਾਈ ਜਾ ਰਹੀ ਹੈ। ਓਨ੍ਹਾਂ ਕਿਹਾ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਰਨਾਲਾ ਦਾ ਟੀਚਾ ਲਗਭਗ 8000 ਪੌਦੇ ਲਗਾਉਣ ਦਾ ਹੈ।

ਇਸ ਮੌਕੇ ਸੀਨੀਅਰ ਸਿਟੀਜ਼ਨ ਸੁਸਾਇਟੀ, ਬਰਨਾਲਾ ਦੇ ਪ੍ਰਧਾਨ ਜੀ.ਸੀ. ਗੋਇਲ, ਵਾਇਸ ਪ੍ਰਧਾਨ ਰਜਿਦਰ ਪ੍ਰਸ਼ਾਦ ਸਿੰਗਲਾ, ਸੀਨੀਅਰ ਵਾਇਸ ਪ੍ਰਧਾਨ ਅਮਰਜੀਤ ਸਿੰਘ ਭੁਲਰ ਅਤੇ ਸਕੱਤਰ ਅੰਮ੍ਰਿਤ ਲਾਲ ਸਿੰਗਲਾ ਵੀ ਹਾਜ਼ਰ ਰਹੇ।

# ਗੀਤਾ ਭਵਨ 'ਚ ਸ੍ਰੀ ਅਖੰਡ ਰਮਾਇਣ ਪਾਠ 22 ਜੂਨ ਨੂੰ ਹੋਵੇਗਾ ਸ਼ੁਰੂ, 23 ਜੂਨ ਨੂੰ ਭੋਗ ਪਾਏ ਜਾਣਗੇ



ਤਪਾ ਮੰਡੀ, 12 ਜੂਨ (ਭੂਸ਼ਨ ਘੜੈਲਾ):ਸਥਾਨਕ ਸ਼ਹਿਰ ਦੀ ਸਮਾਜਸੇਵੀ ਤੇ ਧਾਰਮਿਕ ਸੰਸਥਾ ਬਾਬਾ ਬੰਸੀ ਵਾਲਾ ਸੇਵਾ ਸੰਮਤੀ ਵੱਲੋਂ ਬਾਬਾ ਬੰਸੀ ਵਾਲੇ ਦੀ ਚੋਥੀ ਬਰਸੀ ਦੇ ਸਬੰਧ ਵਿੱਚ ਸ਼ਹਿਰ ਨਿਵਾਸੀਆਂ ਦੇ ਸਹਿਯੋਗ ਨਾਲ ਚੌਥੀ ਵਾਰ ਸ੍ਰੀ ਅਖੰਡ ਰਾਮਾਇਣ ਜੀ ਦਾ ਪਾਠ ਗੀਤਾ ਭਵਨ ਵਿਖੇ ਪ੍ਰਕਾਸ਼ ਕਰਵਾਇਆ ਜਾ ਰਿਹਾ ਹੈ। ਜਿਸ ਨੂੰ ਲੈਕੇ ਅੱਜ ਗੀਤਾ ਭਵਨ ਮੰਦਿਰ ਦੇ ਪੁਜਾਰੀ ਪੰਡਿਤ ਕਾਲਾ ਵੇਦ ਪਾਠੀ ਦੀ ਅਗਵਾਈ ਵਿੱਚ ਸੀਨੀਅਰ ਸਿਟੀਜਨ ਕਮੇਟੀ ਵੱਲੋਂ ਕਾਰਡ ਰਲੀਜ਼ ਕੀਤਾ ਗਿਆ। ਇਸ ਮੌਕੇ ਬਾਬਾ ਬੰਸੀ ਵਾਲਾ ਸੇਵਾ ਸੰਮਤੀ ਦੇ ਆਗੂ ਕੇਵਲ ਕ੍ਰਿਸ਼ਨ ਮਿੱਤਲ, ਭਗਵਾਨ ਦਾਸ ਭੋਲਾ ਢਿੱਲਵਾਂ ਵਾਲਾ ਨੇ ਸਾਂਝੇ ਤੌਰ 'ਤੇਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ 22 ਜੂਨ ਦਿਨ ਐਤਵਾਰ ਨੂੰ ਸਵੇਰੇ 10:15 ਵਜੇ ਸ੍ਰੀ ਅਖੰਡ ਰਾਮਾਇਣ ਪਾਠ ਆਰੰਭ ਹੋਣਗੇ 'ਤੇ ਉਸ ਤੋਂ ਪਹਿਲਾ ਸਵੇਰੇ 9:30 ਪੂਜਨ ਹੋਵੇਗਾ। 23 ਜੂਨ ਦਿਨ ਸੋਮਵਾਰ ਨੂੰ ਸ੍ਰੀ ਅਖੰਡ ਰਾਮਾਇਣ ਪਾਠ ਦੇ ਭੋਗ 11: 15 ਵਜੇ ਸਵੇਰੇ ਪਾਏ ਜਾਣਗੇ 'ਤੇ ਸਵੇਰੇ 9:15 ਸੰਕੀਰਤਨ ਹੋਵੇਗਾ। ਇਸ ਮੌਕੇ ਸੰਕੀਰਤਨ ਸੁਆਮੀ ਰਾਮ ਤੀਰਥ ਜੀ (ਡੇਰਾ ਚੀਮਾ ਪਿੰਡ) ਹਰਿਦੁਆਰ ਵਾਲੇ ਕਰਨਗੇ। ਉਨ੍ਹਾਂ ਦੱਸਿਆ ਕਿ 22 ਤੇ 23 ਜੂਨ ਨੂੰ ਦੋਵੇਂ ਦਿਨ ਭੰਡਾਰਾ ਅਤੁੱਟ ਵਰਤਿਆ ਜਾਵੇਗਾ। ਇਸ ਮੌਕੇ ਮਾਸਟਰ ਪਰਸ਼ੋਤਮ ਲਾਲ, ਦਰਸ਼ਨ ਲਾਲ ਪਟਵਾਰੀ, ਅਨਿਲ ਕੁਮਾਰ ਕਾਲਾ, ਰਿੰਕੂ ਮੋਬਾਇਲਾ ਵਾਲਾ, ਸੁਨੀਲ ਕੁਮਾਰ ਤਾਜੋ,ਪਵਨ ਕੁਮਾਰ ਢਿੱਲਵਾਂ, ਮੋਹਿਤ ਕੁਮਾਰ (ਮੋਨੂੰ)ਮਲੋਟ ਵਾਲਾ, ਚਰਨਜੀਤ ਸਿੰਘ ਚਰਨੀ ਛਾਬੜਾ,ਕੇਵਲ ਕ੍ਰਿਸ਼ਨ ਮਿੱਤਲ, ਭਗਵਾਨ ਦਾਸ ਭੋਲਾ ਆਦਿ ਮੈਂਬਰ ਹਾਜ਼ਰ ਸਨ।

# ਬਾਊਂਸ ਚੈੱਕ ਦੇ ਦੋਸ਼ੀ ਨੂੰ ਅਦਾਲਤ ਵੱਲੋਂ ਦੋ ਸਾਲ ਦੀ ਸਜ਼ਾ ਅਤੇ ਜੁਰਮਾਨਾ

ਬਰਨਾਲਾ, 12 ਜੂਨ (ਸੁਖਵਿੰਦਰ ਸਿੰਘ ਭੰਡਾਰੀ)- ਮਾਣਯੋਗ ਅਦਾਲਤ ਸ਼੍ਰੀਮਤੀ ਤਨਵੀ ਗੁਪਤਾ ਜੁਡੀਸ਼ੀਅਲ ਮੈਜਿਸਟਰੇਟ ਫਸਟ ਕਲਾਸ ਸੁਨਾਮ ਵੱਲੋਂ ਚੈੱਕ ਬਾਉਂਸ ਦੇ ਕੇਸ ਦਾ ਫ਼ੈਸਲਾ ਸੁਣਾਉਂਦਿਆਂ ਦੋਸ਼ੀ ਬਾਗੀਰਥ ਜੈਨ ਪੁੱਤਰ ਓਮ ਪ੍ਰਕਾਸ਼ ਪ੍ਰੋਪਰਾਇਟਰ ਮੈ/ਸ ਅਰਿਹੰਤ ਪੈਸਟੀਸਾਈਡਜ਼ ਐਂਡ ਸੀਡਜ਼, ਸਾਹਮਣੇ ਮਾਰਕਿਟ ਕਮੇਟੀ ਟੋਹਾਣਾ ਜ਼ਿਲਾ ਫਤਿਹਾਬਾਦ (ਹਰਿਆਣਾ) ਨੂੰ 520260/- ਰੁਪੈ ਦਾ ਚੈੱਕ ਬਾਊਂਸ ਹੋਣ ਦੇ ਕੇਸ ਵਿੱਚ ਸੀਨੀਅਰ ਐਡਵੋਕੇਟ ਅਨਿਲ ਕੁਮਾਰ ਸਿੰਗਲਾ ਅਤੇ ਵਿਵੇਕ ਸਿੰਗਲਾ ਦੀਆ ਦਲੀਲਾਂ ਨਾਲ ਸਹਿਮਤ ਹੁੰਦੇ ਹੋਏ ਦੋ ਸਾਲ ਦੀ ਸਜ਼ਾ ਅਤੇ ਮੂਲ ਰਕਮ ਨਾਲ ਚੈਕ ਤਰੀਕ ਤੋਂ 9% ਸਾਲਾਨਾ ਵਿਆਜ ਨਾਲ ਬਤੌਰ ਮੁਆਵਜ਼ਾ ਮੁੱਦਈ ਕਰੋਪ ਆਰਗੈਨਿਕਸ ਪ੍ਰਾਈਵੇਟ ਲਿਮਿਟਿਡ (ਕੋਪਲ) ਸੂਲਰ ਘਰਾਟ ਨੂੰ ਅਦਾ ਕਰਨ ਦਾ ਹੁਕਮ ਦਿੱਤਾ ਹੈ । ਇਸ ਸੰਬੰਧੀ ਸੁਨਾਮ ਬਾਰ ਐਸੋਸੀਏਸਨ ਦੇ ਸਾਬਕਾ ਵਾਈਸ ਪ੍ਰਧਾਨ ਵਕੀਲ ਵਿਵੇਕ ਸਿੰਗਲਾ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਅਰਿਹੰਤ ਪੈਸਟੀਸਾਈਡਜ਼ ਐਂਡ ਸੀਡ ਟੋਹਾਣਾ ਨੂੰ ਕੋਪਲ ਕੰਪਨੀ ਵੱਲੋਂ ਕੀੜੇ ਮਾਰ ਦਵਾਈਆਂ ਸਪਲਾਈ ਕੀਤੀਆਂ ਗਈਆਂ ਸਨ ਜਿਸ ਬਦਲੇ ਫਰਮ ਦੇ ਮਾਲਿਕ ਬਾਗੀਰਥ ਜੈਨ ਨੇ ਕੰਪਨੀ ਨੂੰ ਮਿਤੀ 30/11/19 ਨੂੰ ਚੈੱਕ ਦਿੱਤਾ ਸੀ। ਜਦੋ ਇਹ ਚੈੱਕ ਬੈਂਕ ਵਿੱਚ ਪੇਸ਼ ਕੀਤਾ ਗਿਆ ਤਾਂ ਫਰਮ ਦੇ ਖਾਤੇ ਵਿੱਚ ਪੈਸੇ ਨਾ ਹੋਣ ਕਰਕੇ ਇਹ ਚੈੱਕ ਬਾਊਂਸ ਹੋ ਗਿਆ। ਉਸ ਤੋਂ ਬਾਅਦ ਕੰਪਨੀ ਵੱਲੋਂ ਇਹ ਮਾਮਲਾ ਸੀਨੀਅਰ ਵਕੀਲ ਅਨਿਲ ਕੁਮਾਰ ਸਿੰਗਲਾ ਰਾਹੀ ਮਾਣਯੋਗ ਅਦਾਲਤ ਦੇ ਧਿਆਨ ਵਿੱਚ ਲਿਆਂਦਾ ਗਿਆ। ਮਾਣਯੋਗ ਅਦਾਲਤ ਨੇ ਵਕੀਲ ਸਿੰਗਲਾ ਦੀਆਂ ਦਲੀਲਾਂ ਤੋ ਬਾਅਦ ਦੋਸ਼ੀ ਧਿਰ ਨੂੰ ਦੋ ਸਾਲ ਦੀ ਸਜ਼ਾ ਅਤੇ ਮੂਲ ਰਕਮ ਸਮੇਤ 9% ਸਾਲਾਨਾ ਵਿਆਜ ਬਤੌਰ ਮੁਆਵਜ਼ਾ ਕੋਪਲ ਕੰਪਨੀ ਨੂੰ ਅਦਾ ਕਰਨ ਦਾ ਹੁਕਮ ਕੀਤਾ ਹੈ ।

# ਖੇਤ ਕੰਮ ਕਰਦੇ ਨੌਜਵਾਨ ਦੀ ਕਰੰਟ ਲੱਗਣ ਕਾਰਨ ਮੌਤ

ਧਨੌਲਾ, 12 ਜੂਨ (ਚਮਕੌਰ ਸਿੰਘ ਗੱਗੀ): ਥਾਣਾ ਧਨੌਲਾ ਅਧੀਨ ਮਾਨਾ ਪਿੰਡੀ ਦੇ ਇੱਕ ਨੌਜਵਾਨ ਕਿਸਾਨ ਦੀ ਆਪਣੇ ਖੇਤ ਵਿੱਚ ਕੰਮ ਕਰਦੇ ਹੋਏ ਕਰੰਟ ਲੱਗਣ ਕਾਰਨ ਮੌਤ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ, ਮਿਲੀ ਜਾਣਕਾਰੀ ਅਨੁਸਾਰ ਕਰਮਜੀਤ ਸਿੰਘ ਪੁੱਤਰ ਬੂਟਾ ਸਿੰਘ, ਜੋ ਆਪਣੇ ਖੇਤ ਵਿੱਚ ਕੰਮ ਕਰ ਰਿਹਾ ਸੀ, ਇਸ ਦੌਰਾਨ ਜਦੋਂ ਪਾਣੀ ਵਾਲੀ ਮੋਟਰ ਚਲਾਉਣ ਲਈ ਸਟਾਰਟਰ ਦਾ ਬਟਨ ਦਬਾਉਣ ਲੱਗਾ ਤਾਂ ਸਟਾਰਟਰ ਵਿੱਚ ਕਰੰਟ ਆ ਗਿਆ, ਤੇ ਜੋਰਦਾਰ ਕਰੰਟ ਲੱਗਾ, ਜਿਸ ਨੂੰ ਤੁਰੰਤ ਧਨੌਲਾ ਦੇ ਸਰਕਾਰੀ ਹਸਪਤਾਲ ਵਿੱਚ ਲਿਆਂਦਾ ਜਿੱਥੇ ਹਾਜਰ ਡਾਕਟਰਾਂ ਵਲੋਂ ਨੌਜਵਾਨ ਨੂੰ ਮਿਰਤਕ ਕਰਾਰ ਦਿੱਤਾ ਗਿਆ, ਜਿਵੇਂ ਹੀ ਕਰਮਜੀਤ ਦੀ ਮੌਤ ਦੀ ਖ਼ਬਰ ਪਿੰਡੀ ਵਿੱਚ ਪਹੁੰਚੀ ਤਾਂ ਸਾਰੇ ਪਾਸੇ ਸੋਗ ਦੀ ਲਹਿਰ ਦੌੜ ਗਈ, ਦਸਣਯੋਗ ਹੈ ਕਿ ਮ੍ਰਿਤਕ ਨੌਜਵਾਨ ਚਾਰ ਭੈਣਾਂ ਦਾ ਇਕਲੌਤਾ ਭਰਾ ਸੀ, ਅਤੇ ਪੰਜ ਸਾਲ ਪਹਿਲਾਂ ਕਰੋਨਾ ਕਾਲ ਦੌਰਾਨ ਕਰਮਜੀਤ ਦੇ ਪਿਤਾ ਅਤੇ ਚਾਚੇ ਦੀ ਮੌਤ ਹੋ ਚੁੱਕੀ ਹੈ, ਮਿਰਤਕ ਕਰਮਜੀਤ ਸਿੰਘ ਆਪਣੇ ਪਿੱਛੇ ਆਪਣੀ ਵਿਧਵਾ ਮਾਂ ਪਤਨੀ ਅਤੇ ਰੋਂਦੇ ਕੁਰਲਾਉਂਦੇ ਦੋ ਛੋਟੇ ਬੱਚਿਆਂ ਨੂੰ ਛੱਡ ਗਿਆ, ਇਸ ਬੇਵਕਤੀ ਮੌਤ 'ਤੇ ਨਗਰ ਨਿਵਾਸੀਆਂ ਵੱਲੋਂ ਸਰਕਾਰ ਕੋਲੋਂ ਮੁਆਵਜੇ ਦੀ ਮੰਗ ਕੀਤੀ ਹੈ।



# ਵਧ ਰਹੇ ਤਾਪਮਾਨ ਵਿੱਚ ਤਾਜ਼ੇ ਫ਼ਲਾਂ ਅਤੇ ਤਾਜ਼ੀਆਂ ਸਬਜ਼ੀਆਂ ਦੀ ਵਰਤੋਂ ਕਰਨੀ ਚਾਹੀਦੀ ਹੈ : ਡਾ ਕੰਵਲਜੀਤ ਸਿੰਘ ਬਾਜਵਾ



ਤਪਾ ਮੰਡੀ, 12 ਜੂਨ (ਭੂਸ਼ਨ ਘੜੈਲਾ): ਦਿਨ ਪ੍ਰਤੀ ਦਿਨ ਵਧ ਰਹੇ ਤਾਪਮਾਨ ਦੇ ਮੱਦੇਨਜ਼ਰ ਸਰੀਰ ਦੀ ਤਾਪਮਾਨ ਪ੍ਰਣਾਲੀ ਨੂੰ ਵਿਗਾੜ ਰਿਹਾ ਹੈ ਅਤੇ ਗਰਮੀ ਨਾਲ ਸਬੰਧਿਤ ਬਹੁਤ ਸਾਰੀਆਂ ਬਿਮਾਰੀਆਂ ਦਾ ਖਤਰਾ ਬਣਿਆ ਰਹਿੰਦਾ ਹੈ, ਜਿਸ ਕਰਕੇ ਸਾਰਿਆਂ ਨੂੰ ਵਧ ਰਹੇ ਤਾਪਮਾਨ ਸਬੰਧੀ ਜਾਗਰੂਕ ਹੋਣਾ ਚਾਹੀਦਾ ਹੈ। ਇਸ ਸਬੰਧੀ ਸਰਕਾਰੀ ਹਸਪਤਾਲ ਦੇ ਸੀਨੀਅਰ ਅਤੇ ਮਾਹਿਰ ਡਾਕਟਰ ਕੰਵਲਜੀਤ ਸਿੰਘ ਬਾਜਵਾ ਨੇ ਦੱਸਿਆ ਕਿ ਜੇਕਰ ਕਿਸੇ ਨੂੰ ਕੋਈ ਵੀ ਸਿਹਤ ਸਬੰਧੀ ਸਮੱਸਿਆ ਹੋਵੇ ਤਾਂ ਤੁਰੰਤ ਡਾਕਟਰੀ ਸਲਾਹ ਲੈਕੇ ਆਪਣਾ ਇਲਾਜ ਕਰਵਾਉਣਾ ਚਾਹੀਦਾ ਹੈ।

ਉਨਾਂ ਦੱਸਿਆ ਕਿ ਵਧ ਰਹੇ ਤਾਪਮਾਨ ਦੇ ਕਾਰਨ ਫੂਡ ਪੁਆਇਜ਼ਨਿੰਗ ਦੀ ਸਮੱਸਿਆ ਬਹੁਤ ਜ਼ਿਆਦਾ ਹੁੰਦੀ ਹੈ ਇਸ ਲਈ ਸਾਨੂੰ ਇਸ ਮੌਸਮ ਦੌਰਾਨ ਵੱਧ ਤੋਂ ਵੱਧ ਤਾਜ਼ੇ ਫਲ ਅਤੇ ਤਾਜ਼ੀਆਂ ਸਬਜ਼ੀਆਂ ਦੀ ਵਰਤੋਂ ਕਰਨੀ ਚਾਹੀਦੀ ਹੈ, ਕਿਉਂਕਿ ਬਾਜ਼ਾਰ ਵਿੱਚ ਖੁੱਲ੍ਹੇ ਭੋਜਨ, ਤਲੀਆਂ ਚੀਜ਼ਾਂ ਅਤੇ ਮਸਾਲੇਦਾਰ ਭੋਜਨ ਖਾਣ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਡਾ ਬਾਜਵਾ ਨੇ ਕਿਹਾ ਕਿ ਅਜਿਹੇ ਫ਼ਲ ਅਤੇ ਸਬਜ਼ੀਆਂ ਜਿਵੇਂ ਖੀਰਾ, ਤਰਬੂਜ਼, ਅੰਬ, ਲੀਚੀ ਅਤੇ ਲੌਕੀ ਇਹ ਸਾਰੀਆਂ ਚੀਜ਼ਾਂ ਵਿੱਚ ਪਾਣੀ ਦੀ ਮਾਤਰਾ ਜ਼ਿਆਦਾ ਹੋਣ ਕਾਰਨ ਸਰੀਰ ਵਿਚ ਪਾਣੀ ਦੀ ਕਮੀ ਨਹੀਂ ਹੁੰਦੀ। ਇਸ ਲਈ ਥੋੜੇ ਸਮੇਂ ਬਾਅਦ ਪਾਣੀ ਜਰੂਰ ਪੀਣਾ ਚਾਹੀਦਾ ਹੈ

ਉਨਾਂ ਦੱਸਿਆ ਕਿ ਬਿਨਾਂ ਕੰਮ ਤੋਂ ਘਰੋਂ ਬਾਹਰ ਨਹੀਂ ਜਾਣਾ ਚਾਹੀਦਾ ਅਗਰ ਕਿਸੇ ਕੰਮ ਧੰਦੇ ਬਾਹਰ ਜਾਣਾ ਪਵੇ ਤਾਂ ਸਿਰ ਤੇ ਗਿੱਲਾ ਤੌਲੀਆ ਅਤੇ ਪਾਣੀ ਦੀ ਬੋਤਲ ਹਮੇਸ਼ਾ ਆਪਣੇ ਨਾਲ ਰੱਖੋ ਅਤੇ ਅਜਿਹੇ ਮੌਸਮ ਵਿੱਚ ਸਿਰਫ਼ ਸੂਤੀ ਕੱਪੜੇ ਹੀ ਪਾਉਣੇ ਚਾਹੀਦੇ ਹਨ ਜਿਸ ਕਰਕੇ ਗਰਮੀ ਤੋਂ ਕੁਝ ਬਚਾਅ ਹੋ ਸਕੇ।

# ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ ਬੋਰਡ ਆਊਟਸੋਰਸ ਵਰਕਰਜ਼ ਯੂਨੀਅਨ ਨੇ ਕੀਤਾ ਰੋਸ ਮਾਰਚ



ਬਰਨਾਲਾ, 12 ਜੂਨ (ਬਘੇਲ ਸਿੰਘ ਧਾਲੀਵਾਲ)-ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ ਬੋਰਡ ਆਊਟਸੋਰਸ ਵਰਕਰਜ਼ ਯੂਨੀਅਨ ਪੰਜਾਬ ਦੇ ਉਲੀਕੇ ਪ੍ਰੋਗਰਾਮ ਤਹਿਤ ਅੱਜ ਜਿਲਾ ਬਰਨਾਲਾ ਦੇ ਵਿੱਚ ਸਮੂਹ ਆਊਟਸੋਰਸ ਵਰਕਰਾਂ ਵੱਲੋਂ ਝੰਡਾ ਮਾਰਚ ਕੀਤਾ ਗਿਆ ਨਾਲ ਹੀ ਅਣਮਿਥੇ ਸਮੇਂ ਲਈ ਹੜਤਾਲ ਵੀ ਸ਼ੁਰੂ ਕੀਤੀ ਹੋਈ ਹੈ ਇਸ ਮੌਕੇ ਯੂਨੀਅਨ ਦੇ ਸੂਬਾ ਪ੍ਰਧਾਨ ਗੁਰਦੇਵ ਸਿੰਘ ਨਿਹੰਗ ਨੇ ਦੱਸਿਆ ਕਿ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਅੰਦਰ ਨਗੁਣੀਆ ਤਨਖਾਹਾਂ ਤੇ ਲਗਾਤਾਰ ਬੜੇ ਲੰਮੇ ਸਮੇਂ ਤੋਂ ਕੰਮ ਕਰ ਰਹੇ ਹਨ ਜਿੰਨਾ ਦੇ ਪਰਿਵਾਰਾਂ ਦੀ ਹਾਲਤ ਨਿੱਘਰਦੀ ਜਾ ਰਹੀ ਹੈ ਹੁਣ ਅਸੀਂ ਇਸ ਸੰਘਰਸ਼ ਦੇ ਦੌਰਾਨ ਆਪਣੀਆਂ ਮੁੱਖ ਮੰਗਾਂ ਨੂੰ ਪੂਰਾ ਕਰਾਉਣ ਲਈ ਅਣਮਿਥੇ ਸਮੇਂ ਲਈ ਧਰਨੇ ਉੱਪਰ ਡਟੇ ਹੋਏ ਹਾਂ ਤੇ ਆਪਣੀਆ ਮੰਗਾਂ ਪ੍ਰਤੀ ਦਸਿਆ ਕਿ 1.ਸਮੂਹ ਆਊਟਸੋਰਸ ਮੁਲਾਜ਼ਮਾਂ ਨੂੰ ਮਹਿਕਮੇ ਵਿੱਚ ਮਰਜ਼ ਕਰਕੇ ਰੈਗੂਲਰ ਕੀਤਾ ਜਾਵੇ । 2.ਆਲ ਇੰਡੀਆ 15ਵੀਂ ਕਿਰਤ ਲੇਬਰ ਕਾਨਫਰੰਸ ਦੇ ਮੁਤਾਬਕ ਵਰਕਰਾਂ ਦੀ ਤਨਖਾਹ 35000 ਤੋਂ 40000ਕੀਤੀ ਜਾਵੇ। 3. ਜਿਹੜੇ ਮੁਲਾਜ਼ਮਾਂ ਦੀ ਉਮਰ ਰਿਟਾਇਰਮੈਂਟ ਦੇ ਨੇੜੇ ਹੈ ਉਹਨਾਂ ਦੀ ਉਮਰ ਦੀ ਹੱਦ 65 ਸਾਲ ਤੱਕ ਕੀਤੀ ਜਾਵੇ। ਉਪਰੋਕਤ ਮੰਗਾਂ ਨੂੰ ਹੱਲ ਕਰਵਾਉਣ ਲਈ ਆਲ ਪੰਜਾਬ ਵਿੱਚ ਹੜਤਾਲ ਕੀਤੀ ਗਈ ਹੈ ਇਸ ਤਰਾਂ ਹੀ ਜਥੇਬੰਦੀ ਵੱਲੋਂ 16 ਜੂਨ ਨੂੰ ਪਟਿਆਲਾ ਵਿਖੇ ਝੰਡਾ ਮਾਰਚ ਕੀਤਾ ਜਾਵੇਗਾ। ਜੇਕਰ ਉਪਰੋਕਤ ਮੰਗਾਂ ਨੂੰ ਸੂਬਾ ਸਰਕਾਰ ਨੇ ਹੱਲ ਨਾ ਕੀਤਾ ਤਾਂ ਸਾਰੇ ਹੀ ਪੰਜਾਬ ਦੇ ਵਰਕਰਾਂ ਵੱਲੋਂ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਸੂਬਾ ਪ੍ਰਧਾਨ ਗੁਰਦੇਵ ਸਿੰਘ ਨਿਹੰਗ ਸੀਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਮੰਡੇਰ, ਜਨਰਲ ਸਕੱਤਰ ਜਗਵੀਰ ਸਿੰਘ, ਵਾਇਸ ਜਨਰਲ ਸਕੱਤਰ ਮਿਲਖਾ ਸਿੰਘ ਬਰਨਾਲਾ ਅਮਰੀਕ ਸਿੰਘ ਬਰਨਾਲਾ ਜ਼ਿਲਾ ਪ੍ਰਧਾਨ ਅਸ਼ੋਕ ਕੁਮਾਰ, ਸੱਤਪਾਲ ਸਿੰਘ ਬੀਰਾ ਸਿੰਘ ਬਰੇਟਾ ਕਲਵਿੰਦਰ ਸਿੰਘ ਗਾਂਧੀ ਸਰਦੂਲਗੜ੍ਹ ਜਗਤਾਰ ਸਿੰਘ ਬਠਿੰਡਾ ਅਵਤਾਰ ਸਿੰਘ ਸੰਦੀਪ ਸਿੰਘ ਕੁਲਦੀਪ ਸਿੰਘ ਗੋਗੀ ਭੀਖੀ ਜਗਦੇਵ ਸਿੰਘ ਸੰਜੀਵ ਕੁਮਾਰ ਸੰਜੂ ਕੁਮਾਰ ਹਰਪ੍ਰੀਤ ਸਿੰਘ ਵਿਜੇ ਕੁਮਾਰ ਗੁਰਪ੍ਰੀਤ ਸਿੰਘ ਬਲਜਿੰਦਰ ਸਿੰਘ ਹੰਡਿਆਇਆ ਗੁਰਦੀਪ ਭਦੌੜ ਆਦਿ ਹਾਜ਼ਰ ਸਨ

# ਨਸ਼ੇ ਦਾ ਸੇਵਨ ਕਰਨ ਵਾਲੇ ਦੋ ਦੋਸ਼ੀ ਕਾਬੂ

ਤਪਾ ਮੰਡੀ 12 ਜੂਨ (ਭੂਸ਼ਨ ਘੜੈਲਾ):ਤਪਾ ਪੁਲਿਸ ਨੇ ਨਸ਼ੇ ਦਾ ਸੇਵਨ ਕਰਨ ਵਾਲੇ ਦੋ ਕਾਬੂ ਕਰਕੇ ਉਸ ਪਾਸੋਂ ਇੱਕ ਟੁਕੜਾ ਸਿਲਵਰ ਪੰਨੀ,ਲਾਇਟਰ ਅਤੇ ਭਾਰਤੀ ਕਰੰਸੀ ਦਾ 10 ਦਾ ਨੋਟ ਬਰਾਮਦ ਹੋਣ ਬਾਰੇ ਸੂਚਨਾ ਮਿਲੀ ਹੈ। ਇਸ ਸੰਬੰਧੀ ਚੌਂਕੀ ਇੰਚਾਰਜ ਬਲਜੀਤ ਸਿੰਘ ਢਿੱਲੋਂ ਨੂੰ ਕਿਸੇ ਮੁਖਬਰ ਨੇ ਸੂਚਨਾ ਦਿੱਤੀ ਕਿ ਦੋਸ਼ੀਆਨ ਅਰਮਾਨ ਸਿੰਘ ਉਰਫ ਮਾਨ ਪੁੱਤਰ ਮਹਿੰਦਰ ਕਪੂਰ ਸਿੰਘ ਵਾਸੀ ਪਿੰਡ ਬੁੱਗਰਾ ਜ਼ਿਲ੍ਹਾ ਬਠਿੰਡਾ ਹਾਲ ਨੇੜੇ ਜਾਮਾ ਮਸਜਿਦ ਆਵਾ ਬਸਤੀ ਤਪਾ ,ਮਨਪ੍ਰੀਤ ਸਿੰਘ ਉਰਫ ਮਨੀ ਪੁੱਤਰ ਬਿੰਦਰ ਸਿੰਘ ਵਾਸੀ ਅੰਮ੍ਰਿਤਸਰ ਬਸਤੀ ਤਪਾ ਜੋ ਨਸ਼ੇ ਦਾ ਸੇਵਨ ਕਰਨ ਦੇ ਆਦੀ ਹਨ, ਜੋ ਅੱਜ ਵੀ ਬਾਹਰਲੀ ਦਾਣਾ ਮੰਡੀ ਤਾਜੋ ਰੋਡ ਤਪਾ ਵਿਖੇ ਇਕੱਠੇ ਹੋ ਕੇ ਨਸ਼ਾ ਕਰ ਰਹੇ ਹਨ ਨੇ ਪੁਲਿਸ ਨੇ ਕਾਬੂ ਕਰਕੇ ਉਨ੍ਹਾਂ 'ਤੇ ਮਾਮਲਾ ਦਰਜ ਕਰਕੇ ਦੋਸ਼ੀਆਨ ਪਾਸੋਂ ਇੱਕ ਟੁਕੜਾ ਸਿਲਵਰ ਪੰਨੀ, ਲਾਇਟਰ ਅਤੇ ਇੱਕ ਭਾਰਤੀ ਕਾਰੰਸੀ ਦਾ 10 ਦਾ ਨੋਟ ਬ੍ਰਾਮਦ ਹੋਇਆ।

# ਅਰਵਿੰਦ ਖੰਨਾ ਦੀ ਮੌਜੂਦਗੀ 'ਚ ਸੇਵਾ ਮੁਕਤ ਡੀ.ਐਸ.ਪੀ. ਲਾਲਕਾ ਭਾਜਪਾ ਵਿੱਚ ਹੋਏ ਸ਼ਾਮਿਲ



ਭਵਾਨੀਗੜ੍ਹ, 12 ਜੂਨ (ਅਮਨਦੀਪ ਸਿੰਘ ਮਾਝਾ ): ਸੇਵਾ ਮੁਕਤ ਡੀਐਸਪੀ ਅਮਰਜੀਤ ਲਾਲਕਾ ਵੱਲੋਂ ਅੱਜ ਇਥੇ ਗਾਂਧੀ ਨਗਰ ਵਿਖੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਵਿਧਾਇਕ ਸ੍ਰੀ ਅਰਵਿੰਦ ਖੰਨਾ ਦੀ ਹਾਜ਼ਰੀ ਵਿੱਚ ਭਾਜਪਾ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ ਗਿਆ।

ਇਸ ਮੌਕੇ ਸ੍ਰੀ ਅਰਵਿੰਦ ਖੰਨਾ ਨੇ ਅਮਰਜੀਤ ਲਾਲਕਾ ਦਾ ਪਾਰਟੀ ਵਿਚ ਸ਼ਾਮਲ ਹੋਣ 'ਤੇ ਸਵਾਗਤ ਕਰਦਿਆਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਜਪਾ ਸਰਕਾਰ ਦੀ ਸ਼ਾਨਦਾਰ ਕਾਰਗੁਜ਼ਾਰੀ ਸਦਕਾ ਹੁਣ ਪਾਰਟੀ ਪੰਜਾਬ ਵਿੱਚ ਵੀ ਜੱਥੇਬੰਦਕ ਤੌਰ 'ਤੇ ਮਜਬੂਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਲੁਧਿਆਣਾ ਜ਼ਿਮਨੀ ਚੋਣ ਦੌਰਾਨ ਆਪ ਸਰਕਾਰ ਦੀ ਧੱਕੇਸ਼ਾਹੀ ਦੇ ਬਾਵਜੂਦ ਭਾਜਪਾ ਸ਼ਾਨਦਾਰ ਪ੍ਰਦਰਸ਼ਨ ਕਰੇਗੀ। ਉਨ੍ਹਾਂ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੂੰ ਹਰ ਫਰੰਟ 'ਤੇ ਫੇਲ੍ਹ ਕਰਾਰ ਦਿੰਦਿਆਂ ਦਾਅਵਾ ਕੀਤਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਪੰਜਾਬ ਵਿੱਚ ਆਪਣੇ ਬਲਬੂਤੇ ਤੇ ਸਰਕਾਰ ਬਣਾਵੇਗੀ। ਇਸ ਮੌਕੇ ਹਰੀ ਸਿੰਘ ਫੱਗੂਵਾਲਾ, ਰਾਮ ਸਿੰਘ ਮੱਟਰਾਂ, ਗੁਰਦੇਵ ਗਰਗ, ਪ੍ਰਿਤਪਾਲ ਸਿੰਘ, ਨਰਿੰਦਰ ਸ਼ੈਲੀ ਮਿੱਤਲ ਮੰਡਲ ਪ੍ਰਧਾਨ, ਰੋਵਿਸ ਗੋਇਲ, ਰਿੰਕੂ ਗੋਇਲ, ਸੁਦਰਸ਼ਨ ਸਲਦੀ ਐਮਸੀ ਅਤੇ ਜਸਦੀਪ ਸਿੰਘ, ਗੁਰਪ੍ਰੀਤ ਸਿੰਘ ਭੱਟੀਵਾਲ ਆਦਿ ਹਾਜ਼ਰ ਸਨ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਸਾਰਥਕ ਨਤੀਜੇ ਆ ਰਹੇ ਨੇ : ਡੀਐਸਪੀ

ਸੁਨਾਮ ਊਧਮ ਸਿੰਘ ਵਾਲਾ, 12 ਜੂਨ (ਮੋਹਣ ਸ਼ਰਮਾ/ ਰਾਉਵਰਿੰਦਰ ਸਿੰਘ ਮਠਾੜੂ): ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ । ਇਸ ਸਬੰਧੀ ਪ੍ਰੈਸ ਕਾਨਫਰੰਸ ਕਰਦੇ ਹੋਏ ਡੀ ਐਸ ਪੀ ਸੁਨਾਮ ਹਰਵਿੰਦਰ ਸਿੰਘ ਖਹਿਰਾ ਅਤੇ ਐਸਐਚਓ ਪ੍ਰਤੀਕ ਜਿੰਦਲ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਲਗਾਤਾਰ ਸੈਮੀਨਾਰ ਕਰਵਾਏ ਜਾ ਰਹੇ ਹਨ। ਇਸ ਕਾਰਨ ਛੋਟੇ ਅਤੇ ਵੱਡੇ ਨਸ਼ਾ ਤਸਕਰਾਂ ਵਿਰੁੱਧ ਸੂਚੀ ਤਿਆਰ ਕੀਤੀ ਗਈ ਹੈ। ਇਨ੍ਹਾਂ ਨਸ਼ਾ ਤਸਕਰਾਂ ਵਿਰੁੱਧ ਐਨਡੀਪੀਐਸ ਐਕਟ ਤਹਿਤ 59 ਮਾਮਲੇ ਦਰਜ ਕੀਤੇ ਗਏ ਹਨ ਅਤੇ 101 ਦੇ ਕਰੀਬ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਨ੍ਹਾਂ ਤੋਂ 550 ਗ੍ਰਾਮ ਹੈਰੋਇਨ, 48 ਕਿਲੋ 500 ਗ੍ਰਾਮ ਭੁੱਕੀ, 8650 ਨਸ਼ੀਲੀਆਂ ਗੋਲੀਆਂ, 6600 ਸਿਗਨੇਚਰ ਕੈਪਸੂਲ, 250 ਗ੍ਰਾਮ ਸੁਲਫਾ, 75 ਗ੍ਰਾਮ ਨਸ਼ੀਲਾ ਪਾਊਡਰ ਅਤੇ 6,34500 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਹੁਣ ਤੱਕ, ਇਸ ਮੁਹਿੰਮ ਤਹਿਤ, ਸਮਾਜ ਭਲਾਈ ਸੰਸਥਾਵਾਂ ਦੇ ਸਹਿਯੋਗ ਸਦਕਾ, 50 ਲੋਕਾਂ ਨੂੰ ਸਰਕਾਰੀ ਸੰਚਾਲਿਤ ਕੇਂਦਰ ਵਿੱਚ ਦਾਖਲ ਕਰਵਾਇਆ ਗਿਆ ਹੈ ਅਤੇ ਉਨ੍ਹਾਂ ਨੂੰ ਦਵਾਈਆਂ ਦਿੱਤੀਆਂ ਜਾ ਰਹੀਆਂ ਹਨ। ਇਸ ਕਾਰਨ ਨਸ਼ਾ ਕਰਨ ਵਾਲਿਆਂ ਵਿਰੁੱਧ ਕੇਸ ਦਰਜ ਕੀਤੇ ਗਏ ਅਤੇ 33 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਸਬ ਡਿਵੀਜ਼ਨ ਸੁਨਾਮ ਦੇ ਖੇਤਰ ਵਿੱਚ ਨਸ਼ਾ ਵੇਚਣ ਵਿੱਚ ਸ਼ਾਮਲ ਦੋ ਤਸਕਰਾਂ, ਲੱਖੀ ਸਿੰਘ ਪੁੱਤਰ ਹਰਬੰਸ ਸਿੰਘ, ਬੰਸ਼ਾ ਪੁੱਤਰ ਤਾਰੀ ਸਿੰਘ, ਦੀ ਗੈਰ-ਕਾਨੂੰਨੀ ਜਾਇਦਾਦ,ਅਟੈਚ ਕੀਤੀ ਗਈ ਹੈ ਸਿੰਦਰ ਕੌਰ, ਪਤਨੀ ਕੇਸ਼ਰ ਸਿੰਘ, ਵਾਸੀ ਜਵੰਧਾ ਰੋਡ, ਸੁਨਾਮ, ਜ਼ਿਲ੍ਹਾ ਸੰਗਰੂਰ ਦੀ ਜਾਇਦਾਦ, ਜਿਸਦੀ ਕੀਮਤ 25.15000 ਰੁਪਏ ਹੈ, ਅਤੇ ਲਖਵਿੰਦਰ ਸਿੰਘ ਪਤਨੀ ਜੱਗਾ ਸਿੰਘ ਇੰਦਰਾ ਬਸਤੀ 45.15000 ਦੀ ਪ੍ਰੋਪਰਟੀ ਅਟੈਚ ਕੀਤੀ ਗਈ ਹੈ।

# ਸਾਹਿਤਕ ਮੰਚ ਭਗਤਾ ਭਾਈ ਦੀ ਮੀਟਿੰਗ



ਭਗਤਾ ਭਾਈ ਕਾ, 12 ਜੂਨ (ਸਵਰਨ ਸਿੰਘ ਭਗਤਾ):ਸਾਹਿਤਕ ਮੰਚ ਭਗਤਾ ਭਾਈ ਇਲਾਕੇ ਦੀ ਇੱਕ ਨਾਮਵਰ ਸਾਹਿਤਕ ਸਭਾ ਹੈ। ਥੋੜ੍ਹਾ ਅਰਸਾ ਪਹਿਲਾਂ ਜਨਮੀਂ ਇਸ ਸਾਹਿਤ ਸਭਾ ਨੇ ਸਾਹਿਤ ਦੇ ਖੇਤਰ ਵਿੱਚ ਆਪਣੀ ਵੱਖਰੀ ਪਹਿਚਾਣ ਬਣਾ ਲਈ ਹੈ। ਪਿਛਲੇ ਦੋ ਤਿੰਨ ਸਾਲਾਂ 'ਚ ਇਸ ਨੇ ਉੱਚਪਾਏ ਦੇ ਸਾਹਿਤਕ ਸਮਾਗਮ ਕਰਵਾਏ ਹਨ। ਇਹ ਸ਼ਬਦ ਸਾਹਿਤਕ ਮੰਚ ਭਗਤਾ ਭਾਈ ਦੀ ਅੱਜ ਹੋਈ ਮੀਟਿੰਗ 'ਚ ਮੰਚ ਦੇ ਪ੍ਰਧਾਨ ਸੁਖਮੰਦਰ ਸਿੰਘ ਬਰਾੜ ਗੁੰਮਟੀ ਅਤੇ ਮੀਤ ਪ੍ਰਧਾਨ ਪ੍ਰਿੰਸੀਪਲ ਹੰਸ ਸਿੰਘ ਸੋਹੀ ਨੇ ਸਾਂਝੇ ਤੌਰ 'ਤੇ ਕਹੇ। ਮੰਚ ਦੇ ਮੁੱਖ ਸਲਾਹਕਾਰ ਨਛੱਤਰ ਸਿੰਘ ਸਿੱਧੂ ਨੇ ਸਾਹਿਤ ਦੇ ਪਸਾਰੇ ਦੀ ਗੱਲ ਕਰਦਿਆਂ ਤੁਰੰਨਮ 'ਚ ਗੀਤ ਪੇਸ਼ ਕੀਤਾ। ਮਾਸਟਰ ਸੁਰਜੀਤ ਸਿੰਘ ਨੇ ਮੰਚ ਨਾਲ ਹੋਰ ਮੈਂਬਰ ਜੋੜਨ 'ਤੇ ਜ਼ੋਰ ਦਿੱਤਾ। ਹੰਸ ਸਿੰਘ ਸੋਹੀ ਨੇ ਮੰਚ ਦੀ ਅਗਲੀ ਮੀਟਿੰਗ 21 ਜੂਨ ਨੂੰ ਰੱਖਣ ਦੀ ਤਜ਼ਵੀਜ਼ ਰੱਖੀ ਤੇ ਤੁਰੰਨਮ ਵਿੱਚ ਗੀਤ ਪੇਸ਼ ਕੀਤਾ।

# ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਦਾ ਬੀ. ਕਾਮ. ਦੇ ਸਮੈਸਟਰ ਪੰਜਵੇਂ ਦਾ ਨਤੀਜਾ ਰਿਹਾ ਸ਼ਾਨਦਾਰ



ਭਗਤਾ ਭਾਈ ਕਾ, 12 ਜੂਨ (ਸਵਰਨ ਸਿੰਘ ਭਗਤਾ):ਇਲਾਕੇ ਦੀ ਸਿਰਮੌਰ ਸੰਸਥਾ, ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਭਗਤਾ ਭਾਈ ਜੋ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼੍ਰੀ ਅੰਮ੍ਰਿਤਸਰ ਸਾਹਿਬ ਅਧੀਨ ਕਾਰਜ ਕਰ ਰਹੀ ਹੈ। ਇਹ ਸੰਸਥਾ ਜਿੱਥੇ ਵਿਦਿਆਰਥੀਆਂ ਲਈ ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਅਤੇ ਧਾਰਮਿਕ ਖੇਤਰ ਵਿੱਚ ਅਹਿਮ ਭੂਮਿਕਾ ਨਿਭਾ ਰਹੀ ਹੈ, ਉੱਥੇ ਹੀ ਵਿੱਦਿਆ ਦੇ ਖੇਤਰ ਵਿੱਚ ਵੀ ਆਪਣਾ ਵਿਸ਼ੇਸ਼ ਯੋਗਦਾਨ ਪਾ ਰਹੀ ਹੈ। ਕਾਲਜ ਵਿੱਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਮਾਨਤਾ ਅਧੀਨ, ਬੀ.ਕਾਮ ਕੋਰਸ ਚਲਾਇਆ ਜਾ ਰਿਹਾ ਹੈ। ਪਿਛਲੇ ਦਿਨੀਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਗਏ ਬੀ.ਕਾਮ. ਦੇ ਨਤੀਜਿਆਂ ਵਿੱਚ ਸੰਸਥਾ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਕਾਮਰਸ ਵਿਭਾਗ ਦੇ ਮੁਖੀ ਪ੍ਰੋ. ਲਖਵੀਰ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਪ੍ਰੀਖਿਆ ਨਤੀਜੇ ਵਿੱਚ ਕਿਰਨਵੀਰ ਕੌਰ ਨੇ ਪਹਿਲਾ ਸਥਾਨ, ਰਾਜਨਦੀਪ ਸਿੰਘ ਨੇ ਦੂਜਾ ਸਥਾਨ ਅਤੇ ਮਨਦੀਪ ਕੌਰ ਨੇ ਚੰਗੇ ਨੰਬਰ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ ਹੈ। ਕਾਲਜ ਪ੍ਰਿੰਸੀਪਲ ਡਾ. ਸਤਿੰਦਰ ਕੌਰ ਮਾਨ ਨੇ ਇਨ੍ਹਾਂ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਨਾਲ ਹੀ ਭਵਿੱਖ ਵਿੱਚ ਅਜਿਹੀਆਂ ਹੋਰ ਪ੍ਰਾਪਤੀਆਂ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਕਾਲਜ ਵਿੱਚ ਦਾਖ਼ਲੇ ਨਿਰੰਤਰ ਚੱਲ ਰਹੇ ਹਨ।

# ਭਗਵੰਤ ਮਾਨ ਸਰਕਾਰ ਦੀਆਂ ਕੋਸ਼ਿਸ਼ਾਂ ਸਦਕਾ ਜ਼ਮੀਨ ਹੇਠਲੇ ਪਾਣੀ ਦਾ ਪੱਧਰ ਉੱਚਾ ਹੋਇਆ : ਚੱਠਾ



ਧੂਰੀ, 12 ਜੂਨ (ਰਾਜੇਸ਼ਵਰ ਪਿੰਟੂ, ਅਮਨ ਗਰਗ): ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪਿਛਲੇ ਕਈ ਦਹਾਕਿਆਂ ਤੋਂ ਬੰਦ ਪਈਆਂ ਨਹਿਰਾਂ ਤੇ ਖਾਲਿਆਂ ਨੂੰ ਬਹਾਲ ਕਰਨ ਨਾਲ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਣ ਲੱਗ ਪਿਆ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਪਹਿਲਾਂ ਖੇਤਾਂ ਲਈ ਨਹਿਰੀ ਪਾਣੀ 21 ਫੀਸਦੀ ਵਰਤਿਆ ਜਾਂਦਾ ਸੀ ਜੋ ਹੁਣ 84 ਫੀਸਦੀ ਵਰਤਿਆ ਜਾਣ ਲੱਗਿਆ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੂਬਾਈ ਆਗੂ ਸਤਿੰਦਰ ਸਿੰਘ ਚੱਠਾ ਨੇ ਕੀਤਾ ਉਨ੍ਹਾਂ ਕਿਹਾ ਕਿ ਸਿੰਚਾਈ ਵਿਭਾਗ ਦੇ ਮਾਹਿਰਾਂ ਨੂੰ ਚੱਲ ਰਹੇ ਝੋਨੇ ਦੀ ਬਿਜਾਈ ਦੇ ਸੀਜ਼ਨ ਲਈ ਨਹਿਰੀ ਪਾਣੀ ਦੀ ਸਪਲਾਈ ਵਿੱਚ ਮਹੱਤਵਪੂਰਨ ਵਾਧੇ ਦੀ ਉਮੀਦ ਹੈ, ਜਿਸ ਨਾਲ ਇਸ ਸਾਲ ਔਸਤਨ ਰੋਜ਼ਾਨਾ ਪ੍ਰਵਾਹ 26,000 ਕਿਊਸਿਕ ਤੋਂ ਵੱਧ ਕੇ 36,000 ਕਿਊਸਿਕ ਹੋ ਜਾਵੇਗਾ। ਇਸ ਵਧੀ ਹੋਈ ਸਪਲਾਈ ਨਾਲ ਜ਼ਮੀਨ ਹੇਠਲੇ ਪਾਣੀ 'ਤੇ ਨਿਰਭਰਤਾ ਘਟੇਗੀ ਜਿਸ ਸਦਕਾ ਜ਼ਮੀਨ ਹੇਠਲੇ ਪਾਣੀ ਦਾ ਪੱਧਰ ਉੱਚਾ ਹੋਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਨਹਿਰੀ ਪਾਣੀ ਦੀ ਸਪਲਾਈ ਲਈ ਜੋ ਉਪਰਾਲੇ ਕੀਤੇ ਗਏ ਹਨ ਉਹ ਲਾਮਿਸਾਲ ਹਨ। ਸ. ਮਾਨ ਨੇ ਨਹਿਰੀ ਪਾਣੀ ਨੂੰ ਟੇਲਾਂ ਤੱਕ ਪਹੁੰਚ ਕੇ ਕਿਸਾਨੀ ਨੂੰ ਬਹੁਤ ਵੱਡਾ ਲਾਭ ਪਹੁੰਚਾਇਆ ਹੈ। ਉਨ੍ਹਾਂ ਕਿਹਾ ਕਿ ਚਾਹੇ ਸੂਬੇ ਵਿੱਚ ਨਹਿਰੀ ਪਾਣੀ ਦੀ ਸੁਚੱਜੀ ਵਰਤੋਂ ਦੀ ਗੱਲ ਹੋਵੇ ਜਾਂ ਹਰਿਆਣਾ ਨੂੰ ਪੰਜਾਬ ਦਾ ਵਾਧੂ ਪਾਣੀ ਜਾਣ ਤੋਂ ਰੋਕਣ ਦਾ ਮਸਲਾ ਹੋਵੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਪਾਣੀਆਂ ਦੇ ਅਸਲ ਰਾਖੇ ਦੀ ਭੂਮਿਕਾ ਨਿਭਾਈ ਹੈ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਗੁਰਦਾਸਪੁਰ ਦੇ ਕਿਸਾਨਾਂ ਨੂੰ ਵੀ ਵੱਡੀ ਰਾਹਤ ਦਿੱਤੀ ਹੈ।

# ਮਿੰਨੀ ਬੱਸ ਅਪ੍ਰੇਟਰਾਂ ਦੀ ਪੰਜਾਬ ਪੱਧਰੀ ਮੀਟਿੰਗ ਰਾਮਪੁਰਾ ਫੂਲ 'ਚ ਹੋਈ



ਰਾਮਪੁਰਾ ਫੂਲ 12ਜੂਨ (ਮਨਪ੍ਰੀਤ ਮਿੰਟੂ) :ਪੰਜਾਬ ਦੇ ਸਮੂਹ ਮਿੰਨੀ ਬੱਸ ਅਪਰੇਟਰਾਂ ਦੀ ਪੰਜਾਬ ਪੱਧਰੀ ਮੀਟਿੰਗ ਰਾਮਪੁਰਾ ਫੂਲ ਦੇ ਡਰੀਮਲੈਂਡ ਰਿਜ਼ੋਰਟ ਵਿਖੇ ਹੋਈ ;ਜਿਸ ਵਿੱਚ 'ਪੰਜਾਬ ਸਮਾਲ ਬੱਸ ਅਪਰੇਟਰ ਯੂਨੀਅਨ' ਦੇ ਨਵੇਂ ਅਹੁਦੇਦਾਰ ਚੁਣੇ ਗਏ। ਨਵੀਂ ਚੋਣ ਵਿਚ ਚੇਅਰਮੈਨ ਗੋਪਾਲ ਸਿੰਘ ਖਨੌੜਾ, ਪ੍ਰਧਾਨ ਬਲਤੇਜ ਸਿੰਘ (ਵਾਂਦਰ) ਬਠਿੰਡਾ ,ਮੀਤ ਪ੍ਰਧਾਨ ਤੀਰਥ ਸਿੰਘ ਸਿੱਧੂ ,ਮੀਤ ਪ੍ਰਧਾਨ ਰਜਿੰਦਰ ਸਿੰਘ ਮਾਨਸਾ, ਮੀਤ ਪ੍ਰਧਾਨ ਜਰਨੈਲ ਸਿੰਘ ਬਰਾੜ ਜਗਰਾਉਂ ,ਕਮੇਟੀ ਮੈਂਬਰ ਸਤਨਾਮ ਸਿੰਘ,ਜਸਵੀਰ ਸਿੰਘ ਭੁੱਲਰ ਰਾਮਪੁਰਾ ,ਲੀਗਲ ਐਡਵਾਈਜ਼ਰ ਸਤਿੰਦਰਪਾਲ ਸਿੰਘ, ਖਜ਼ਾਨਚੀ ਪਰਮਜੀਤ ਸਿੰਘ ਮਾਨ, ਸਕੱਤਰ ਭੀਮ ਸਿੰਘ ਚੌਂਕੀ ,ਜਨਰਲ ਸਕੱਤਰ ਦੀਪਾ ਮਾਹਲਾ ਅਤੇ ਸੁਖਦੀਪ ਸਿੰਘ ਹੀਰੋ ,ਕਮੇਟੀ ਮੈਂਬਰ ਚੂਹੜ ਸਿੰਘ ਸੰਗਰੂਰ,ਸ਼ਿੰਦਰਪਾਲ ਸਿੰਘ ਸ਼ਾਮਲ ਹਨ। ਬੁਲਾਰਿਆਂ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਟਰਾਂਸਪੋਰਟ ਦੇ ਕੰਮਾਂ ਅਤੇ ਮੰਗਾਂ ਨੂੰ ਰਿਜਨਲ ਟਰਾਂਸਪੋਰਟ ਅਥਾਰਟੀ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ ਅਤੇ ਜਲਦੀ ਹੀ ਸਟੇਟ ਟਰਾਂਸਪੋਰਟ ਕਮਿਸ਼ਨ ਚੰਡੀਗੜ੍ਹ ਨੂੰ ਮਿਲ ਕੇ ਮੁਸ਼ਕਿਲਾਂ ਤੋਂ ਜਾਣੂ ਕਰਵਾਇਆ ਜਾਵੇਗਾ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਮੀਤ ਪ੍ਰਧਾਨ ਪੰਜਾਬ ਯੂਨੀਅਨ ਤੀਰਥ ਸਿੰਘ ਸਿੱਧੂ, ਮਿੰਨੀ ਬੱਸ ਉਪਰੇਟਰਜ਼ ਯੂਨੀਅਨ ਰਾਮਪੁਰਾ ਫੂਲ ਦੇ ਪ੍ਰਧਾਨ ਪਰਮਜੀਤ ਸਿੰਘ ਮਾਨ ਅਤੇ ਸਮੂਹ ਅਪਰੇਟਰ ਆਪਰੇਟਰਜ਼ ਰੂਪ ਸਿੰਘ,ਰਾਜਪਾਲ ਸਿੰਘ,ਰੁਪਿੰਦਰ ਸਿੰਘ, ਕਮਲਦੀਪ ਸਿੰਘ,ਦਿਲਬਾਗ ਸਿੰਘ,ਹਰਿੰਦਰ ਸਿੰਘ ਜਟਾਣਾ,ਬਲਤੇਜ ਹੈਪੀ,ਮਾਸਟਰ ਸੇਵਕ ਸਿੰਘ ਪੱਖੋਂ,ਹਰਦੇਵ ਸਿੰਘ ਅਕਲੀਆ,ਖੁਸ਼ਕਰਨ ਸਿੰਘ ਬਠਿੰਡਾ,ਅਵਤਾਰ ਸਿੰਘ ਬਠਿੰਡਾ,ਕਿੰਦਾ ਸਿੰਘ,ਲੱਖੀ ਸਿੰਘ,ਹਰਦੀਪ ਸਿੰਘ,ਗੁਰਦੇਵ ਸਿੰਘ ਦੇਬੀ,ਫ਼ਤਿਹਜੀਤ ਸਿੰਘ,ਜਸਵੀਰ ਸਿੰਘ ਬਰਾੜ,ਹਰਜਾਪ ਸਿੰਘ ਜਾਫੀ,ਰਜਿੰਦਰ ਬਰਨਾਲਾ,ਹਰਮਿੰਦਰ ਸਿੰਘ ਭੀਖੀ,ਮਹਿੰਦਰ ਸਿੰਘ ਗਿੱਲ ਬੱਸ ,ਗੁਰਦਾਸ ਸਿੰਘ ਬਠਿੰਡਾ ਅਤੇ ਪੰਜਾਬ ਮਿੰਨੀ ਬੱਸ ਯੂਨੀਅਨ ਦੇ ਸਮੂਹ ਉਪਰੇਟਰਜ ਹਾਜ਼ਰ ਸਨ।

# ਲੂਅ ਦੀ ਮਾਰ ਤੋਂ ਬਚਣ ਲਈ ਆਮ ਆਦਮੀ ਕਲੀਨਿਕ ਪਿੰਡ ਚੂੜਲ ਖੁਰਦ ਵੱਲੋਂ ਐਡਵਾਈਜ਼ਰੀ ਜਾਰੀ



ਮੂਨਕ, 12 ਜੂਨ (ਸ਼ਮਸ਼ੇਰ ਸਿੰਘ ਡੂਡੀਆਂ): ਮਾਲਵਾ ਖੇਤਰ ਵਿੱਚ ਗਰਮੀ ਦਾ ਪ੍ਰਕੋਪ ਦਿਨੋਂ ਦਿਨ ਵੱਧ ਰਿਹਾ ਹੈ। ਇਹ ਮਨੁੱਖੀ ਸਿਹਤ ਲਈ ਨੁਕਸਾਨਦੇਹ ਹੋ ਸਕਦੀ ਹੈ। ਲੂਅ ਤੋਂ ਬਚਣ ਲਈ ਆਮ ਆਦਮੀ ਕਲੀਨਿਕ ਪਿੰਡ ਚੂੜਲ ਖੁਰਦ ਵਿਖੇ ਸੀਨੀਅਰ ਮੈਡੀਕਲ ਅਫ਼ਸਰ ਮੂਨਕ ਡਾ ਲਵਰਾਜ ਪਵਾਰ ਦੀ ਯੋਗ ਅਗਵਾਈ ਹੇਠ ਆਮ ਆਦਮੀ ਕਲੀਨਿਕ ਪਿੰਡ ਚੂੜਲ ਖੁਰਦ ਦੇ ਮੈਡੀਕਲ ਅਫ਼ਸਰ ਡਾ. ਗੁਰਵਿੰਦਰ ਸਿੰਘ ਨੇ ਗਰਮੀ ਤੋਂ ਬਚਣ ਲਈ ਵਿਸ਼ੇਸ਼ ਹਦਾਇਤਾਂ ਜਾਰੀ ਕੀਤੀਆਂ ਹਨ। ਇਸ ਸਬੰਧੀ ਡਾ. ਗੁਰਵਿੰਦਰ ਸਿੰਘ ਨੇ ਮਮਤਾ ਦਿਵਸ ਮੌਕੇ ਆਮ ਆਦਮੀ ਕਲੀਨਿਕ ਪਿੰਡ ਚੂੜਲ ਖੁਰਦ ਵਿਖੇ ਗਰਭਵਤੀ ਔਰਤਾਂ ਬਜ਼ੁਰਗਾਂ ਅਤੇ ਬੱਚਿਆਂ ਨੂੰ ਲੂਅ ਤੋਂ ਬਚਾ ਕੇ ਰੱਖਣ ਲਈ ਸੱਦਾ ਦਿੱਤਾ ਹੈ। ਉਹਨਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਗਰਮੀ ਵਿੱਚ ਹੋਰ ਵਾਧਾ ਹੋ ਸਕਦਾ ਹੈ। ਇਸ ਲਈ ਆਪਣੇ ਆਪ ਨੂੰ ਦਿਨੇ 11 ਵਜੇ ਤੋਂ 6 ਵਜੇ ਤੱਕ ਘਰ ਵਿੱਚ ਹੀ ਰਹਿਣ। ਉਨ੍ਹਾਂ ਲੂਅ ਲੱਗਣ ਦੇ ਲੱਛਣਾਂ ਦੀਆਂ ਨਿਸ਼ਾਨੀਆਂ ਸਬੰਧੀ ਦੱਸਦਿਆਂ ਕਿਹਾ ਕਿ ਸਰੀਰ ਗਰਮ ਹੋ ਜਾਣਾ, ਅੱਖਾਂ ਸਾਹਮਣੇ ਹਨੇਰਾ ਆ ਜਾਣਾ, ਚੱਕਰ ਖਾ ਕੇ ਡਿੱਗ ਪੈਣਾ,ਗੱਲ ਸਮਝਣ ਵਿੱਚ ਮੁਸ਼ਿਕਲ ਸਮੇਂ ਲਟਕ ਲਾਉਣਾ ਗਰਮੀ ਕਾਰਨ ਹੀਟ ਸਟਰੋਕ ਆਦਿ ਹਨ। ਉਨ੍ਹਾਂ ਅਨੁਸਾਰ ਅਜਿਹਾ ਹੋਣ ਦੀ ਸੂਰਤ ਵਿੱਚ ਵਿਅਕਤੀ ਨੂੰ ਠੰਡੇ ਖੇਤਰ ਵਿੱਚ ਲੈ ਜਾਉ। ਸਰੀਰ ਦੇ ਤਾਪਮਾਨ ਨੂੰ ਕੰਟਰੋਲ ਘੱਟ ਕਰਨ ਲਈ ਕੱਪੜੇ ਨੂੰ ਪਾਣੀ ਨਾਲ ਭਿਉਂ ਕੇ ਪੱਟੀਆਂ ਰੱਖੋ ਪੀਣ ਲਈ ਪਾਣੀ ਸ਼ਿਕੰਜਵੀ ਦਿਓ। ਜੇਕਰ ਫਿਰ ਵੀ ਹਾਲਤ ਵਿੱਚ ਵਿੱਚ ਸੁਧਾਰ ਨਹੀਂ ਹੁੰਦਾ ਤਾਂ ਪੀੜਤ ਨੂੰ ਨਜ਼ਦੀਕੀ ਸਰਕਾਰੀ ਹਸਪਤਾਲ ਵਿੱਚ ਲੈ ਕੇ ਜਾਓ। ਇਸ ਮੌਕੇ ਸਿਹਤ ਕਰਮਚਾਰੀ ਸਿਹਤ ਸਬ ਸੈਂਟਰ ਚੂੜਲ ਕਲਾਂ ਨੇ ਸੁਝਾਅ ਦਿੱਤਾ ਕਿ ਲੂਅ ਤੋਂ ਬਚਣ ਲਈ ਲੱਸੀ, ਠੰਡਾ ਪਾਣੀ,ਓ ਆਰ ਐਸ ਦਾ ਘੋਲ ਪੀਣ ਲਈ ਵੱਧ ਤੋਂ ਵੱਧ ਵਰਤੋਂ ਕਰੋ। ਉਹਨਾਂ ਬਿਨਾਂ ਕੰਮ ਤੋਂ ਬਾਹਰ ਨਾ ਜਾਣ ਦਾ ਸੁਝਾ ਦਿੰਦੇ ਹੋਏ ਕਿਹਾ ਕਿ ਜ਼ਰੂਰੀ ਕੰਮ ਸਵੇਰੇ 11 ਵਜੇ ਤੋਂ ਪਹਿਲਾਂ ਪਹਿਲਾਂ ਹੀ ਨਿਬੇੜ ਲਵੋ। ਗਰਮੀ ਦੇ ਪ੍ਰਕੋਪ ਸਮੇਂ ਆਪਣੇ ਆਪ ਨੂੰ ਪੱਖੇ ਕੂਲਰ ਦੇ ਸੀ ਵਾਲੀ ਥਾਂ ਤੇ ਰਹੋ। ਉਹਨਾਂ ਕਿਹਾ ਕਿ ਮਸਾਲੇਦਾਰ ਖਾਣੇ ਚਟਪਟੇ ਖਾਣੇ ਵੀ ਸਾਡੀ ਸਿਹਤ ਲਈ ਨੁਕਸਾਨਦੇਹ ਹੋ ਸਕਦੇ ਹਨ। ਇਸ ਮੌਕੇ ਨਿਤੀਸ਼ ਜਿੰਦਲ ਫਾਰਮੇਸੀ ਅਫ਼ਸਰ,ਮੰਗਲ ਸਿੰਘ ਸਾਬਕਾ ਸੁਪਰਡੈਂਟ ਆਈ ਟੀ ਆਈ ਬੁਢਲਾਡਾ,ਸ਼ਿੰਦਰਪਾਲ ਕੌਰ ਮਲਟੀਪਰਪਜ਼ ਹੈਲਥ ਵਰਕਰ (ਫੀਮੇਲ) ਸੰਦੀਪ ਕੌਰ ਕਲੀਨੀਕਲ ਐਸੀਸਟੈਂਟ, ਅਮਨਦੀਪ ਕੌਰ ਆਸ਼ਾ ਫੈਸੀਲੇਟਰ, ਕਿਰਨਜੀਤ ਕੌਰ ਆਸ਼ਾ ਵਰਕਰ, ਗਗਨਦੀਪ ਕੌਰ,ਸੋਨਾ ਕੌਰ, ਕਮਲਜੀਤ ਕੌਰ ਅਤੇ ਹੋਰ ਪਿੰਡ ਵਾਸੀ ਹਾਜ਼ਰ ਸਨ।

# ਪਰਦੀਪ ਗਰਗ ਨੇ ਲੁਧਿਆਣਾ ਜ਼ਿਮਨੀ ਚੋਣ 'ਚ ਪ੍ਰਚਾਰ ਕੀਤਾ



ਧੂਰੀ, 12 ਜੂਨ (ਰਾਜੇਸ਼ਵਰ ਪਿੰਟੂ, ਅਮਨ ਗਰਗ): ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਜਨਰਲ ਸਕੱਤਰ ਪ੍ਰਦੀਪ ਗਰਗ ਨੇ ਲੁਧਿਆਣਾ ਜ਼ਿਮਨੀ ਚੋਣ ਵਿੱਚ ਪਾਰਟੀ ਉਮੀਦਵਾਰ ਜੀਵਨ ਗੁਪਤਾ ਦੇ ਹੱਕ ਵਿੱਚ ਡੋਰ ਟੂ ਡੋਰ ਪ੍ਰਚਾਰ ਕਰਦਿਆਂ ਲੋਕਾਂ ਨੂੰ ਭਾਜਪਾ ਉਮੀਦਵਾਰ ਨੂੰ ਜੇਤੂ ਬਣਾਉਣ ਦੀ ਅਪੀਲ ਕੀਤੀ। ਇਸ ਮੌਕੇ, ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਦੁੱਲਟ, ਸੂਬਾਈ ਆਗੂ ਬਰਜੇਸ਼ਵਰ ਗੋਇਲ, ਜ਼ਿਲ੍ਹਾ ਸਕੱਤਰ ਨਰਿੰਦਰ ਕੁਮਾਰ ਆਦਿ ਵੀ ਹਾਜ਼ਰ ਸਨ। ਸ੍ਰੀ ਪ੍ਰਦੀਪ ਗਰਗ ਨੇ ਲੋਕਾਂ ਨੂੰ ਭਾਜਪਾ ਦੀਆਂ ਨੀਤੀਆਂ ਤੋਂ ਜਾਣੂ ਕਰਵਾਉਂਦਿਆਂ ਕਿਹਾ ਕਿ ਸੂਬਾ ਸਰਕਾਰ ਦੀਆਂ ਮਾੜੀਆਂ ਨੀਤੀਆਂ ਕਾਰਨ ਕੇਂਦਰ ਸਰਕਾਰ ਦੀਆਂ ਨੀਤੀਆਂ ਦਾ ਪੂਰਾ ਲਾਭ ਸੂਬਾ ਵਾਸੀਆਂ ਤੱਕ ਨਹੀਂ ਪਹੁੰਚ ਰਿਹਾ, ਜਦਕਿ ਸੂਬੇ ਵਿੱਚ ਬਹੁਤੀਆਂ ਸਕੀਮਾਂ ਕੇਂਦਰ ਸਰਕਾਰ ਦੀ ਦੇਣ ਹਨ। ਉਨ੍ਹਾਂ ਕਿਹਾ ਕਿ ਪਹਿਲਾਂ ਲੋਕਾਂ ਨੇ ਆਮ ਆਦਮੀ ਪਾਰਟੀ ਅਤੇ ਕਾਂਗਰਸ ਨੂੰ ਪਰਖਕੇ ਵੇਖ ਲਿਆ ਹੈ ਅਤੇ ਹੁਣ ਲੋਕ ਭਾਜਪਾ ਦੇ ਹੱਕ ਵਿੱਚ ਫ਼ਤਵਾ ਦੇਣ ਲਈ ਤਿਆਰ ਬੈਠੇ ਹਨ।

## ਬਲਦੇਵ ਸਿੰਘ ਆਕਲੀਆ ਨੇ ਬਲਵਿੰਦਰ ਸਿੰਘ ਬਰਕੰਦੀ ਦੇ ਪਰਿਵਾਰ ਨਾਲ ਕੀਤਾ ਦੁੱਖ ਸਾਂਝਾ



ਭੁੱਚੋ ਮੰਡੀ ਨਥਾਣਾ, 12 ਜੂਨ (ਹਰਬੰਸ ਸਿੰਘ ਭੋਲਾ): ਹਲਕਾ ਭੁੱਚੋ ਪਿੰਡ ਬਰਕੰਦੀ ਦੇ ਬਲਵਿੰਦਰ ਸਿੰਘ ਸਾਬਕਾ ਸੰਮਤੀ ਮੈਂਬਰ ਦੀ ਮਾਤਾ 15 ਸਾਲ ਦੀ ਆਯੂ ਭੋਗ ਕੇ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ। ਇਸ ਦੁੱਖ ਦੀ ਘੜੀ ਵਿੱਚ ਸ਼ਰੀਕ ਹੁੰਦਿਆਂ ਭਾਰਤੀ ਜਨਤਾ ਪਾਰਟੀ ਦੇ ਹਲਕਾ ਭੁੱਚੋ ਦੇ ਇੰਚਾਰਜ ਅਤੇ ਜ਼ਿਲ੍ਹਾ ਬਠਿੰਡਾ ਐਸ ਸੀ ਮੋਰਚਾ ਦੇ ਪ੍ਰਧਾਨ ਬਲਦੇਵ ਸਿੰਘ ਆਕਲੀਆ ਦੇ ਨਾਲ ਬਲਜੀਤ ਸਿੰਘ ਬਰਕੰਦੀ ਅਤੇ ਗੁਰਪ੍ਰੀਤ ਸਿੰਘ ਬਰਕੰਦੀ ਨੇ ਵੀ ਬਲਵਿੰਦਰ ਸਿੰਘ ਬਰਕੰਦੀ ਦੇ ਪਰਿਵਾਰ ਨਾਲ ਗਹਿਰਾ ਦੁੱਖ ਪ੍ਰਗਟ ਕਰਦਿਆਂ ਹੋਇਆਂ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਤੇ ਕਿਹਾ ਕਿ ਬਲਵਿੰਦਰ ਸਿੰਘ ਦੀ ਸਤਿਕਾਰਯੋਗ ਮਾਤਾ ਜੀ ਪ੍ਰਮਾਤਮਾ ਵੱਲੋਂ ਬਖਸ਼ੀ ਸੁਆਸਾਂ ਰੂਪੀ ਪੂੰਜੀ ਨੂੰ ਪੂਰਾ ਕਰਦੇ ਹੋਏ 105 ਸਾਲ ਦੀ ਲੰਮੀ ਆਯੂ ਭੋਗ ਕੇ ਇਸ ਫਾਨੀ ਸੰਸਾਰ ਤੋਂ ਰੁਖਸਤ ਹੋਏ ਹਨ। ਉਹਨਾਂ ਅੱਗੇ ਦੱਸਿਆ ਕਿ ਜਿਨ੍ਹਾਂ ਦੇ ਭੋਗ ਤੇ ਅੰਤਿਮ ਅਰਦਾਸ ਦਿਨ ਸ਼ੁੱਕਰਵਾਰ ਪਿੰਡ ਬਰਕੰਦੀ ਦੇ ਹਗੁਰਦੁਆਰਾ ਸਾਹਿਬ ਵਿਖੇ ਪਾਏ ਜਾਣਗੇ ।

# ਕਰਮਜੀਤ ਸਿੰਘ ਨੇ ਐਸ.ਐਚ.ਓ ਦਾ ਅਹੁਦਾ ਸੰਭਾਲਿਆ



ਲਹਿਰਾਗਾਗਾ, 12 ਜੂਨ (ਰਾਮੇਸ਼ਵਰ ਸ਼ਰਮਾ/ ਖੁਸ਼ਵਿੰਦਰ ਸ਼ਰਮਾ): ਸਰਦਾਰ ਕਰਮਜੀਤ ਸਿੰਘ ਨੇ ਐਸ.ਐਚ.ਓ.ਥਾਣਾ ਲਹਿਰਾ ਦਾ ਚਾਰਜ ਸੰਭਾਲ ਲਿਆ ਹੈ। ਸਰਦਾਰ ਕਰਮਜੀਤ ਸਿੰਘ ਜੀ ਇੰਚਾਰਜ ਅਹੁਦਾ ਸੰਭਾਲਣ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੇ ਸਖਤ ਆਦੇਸ਼ਾਂ ਅਨੁਸਾਰ ਇਲਾਕੇ ਅੰਦਰ ਕਾਨੂੰਨ ਦੀ ਸਖਤੀ ਨਾਲ ਪਾਲਣਾ ਕੀਤੀ ਜਾਏਗੀ ਅਤੇ ਕਿਸੇ ਕਿਸਮ ਦੀ ਨਸ਼ੇ ਦੀ ਸਮੱਗਲਿੰਗ ਅਤੇ ਗੁੰਡਾਗਰਦੀ ਨਹੀਂ ਹੋਣ ਦਿੱਤੀ ਜਾਏਗੀ। ਗੈਰ-ਕਾਨੂੰਨੀ ਮਾਈਨਿੰਗ ਅਤੇ ਕਰਾਈਮ ਕਰਨ ਵਾਲੇ ਵਿਅਕਤੀਆਂ ਖਿਲਾਫ ਤੁਰੰਤ ਬਣਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਪਬਲਿਕ ਨੂੰ ਕਿਹਾ ਕਿ ਟਰੈਫਿਕ ਨਿਯਮਾਂ ਦੀ ਪੂਰਨ ਤੌਰ 'ਤੇ ਪਾਲਣਾ ਕੀਤੀ ਜਾਵੇ,ਉਹਨਾਂ ਕਿਹਾ ਕਿ ਅਗਰ ਕੋਈ ਟ੍ਰੈਫਿਕ ਨਿਯਮਾਂ ਦੀ ਪਾਲਣਾ ਨਹੀ ਕਰੇਗਾ ਤਾ ਉਸ ਦੇ ਖਿਲਾਫ ਸਖਤ ਐਕਸ਼ਨ ਲਿਆ ਜਾਵੇਗਾ। ਉਹਨਾਂ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਸਮਾਜ ਵਿੱਚੋ ਨਸ਼ਾ ਖਤਮ ਕਰਨ ਲਈ ਪੁਲਸ ਨਾਲ ਪੂਰਨ ਸਹਿਯੋਗ ਕੀਤਾ ਜਾਵੇ ਤਾਕਿ ਪੰਜਾਬ ਦੀ ਨੌਜਵਾਨੀ ਨੂੰ ਬਚਾਇਆ ਜਾ ਸਕੇ। ਉਹਨਾਂ ਕਿਹਾ ਕਿ ਜੇਕਰ ਜਨਤਾ ਪੂਰਾ ਸਾਥ ਦੇਵੇ ਤਾਂ ਨਸ਼ੇ ਰੂਪੀ ਕੋਹੜ ਨੂੰ ਇਸ ਸਮਾਜ ਵਿੱਚੋ ਪੂਰੀ ਤਰ੍ਹਾ ਨਾਲ ਖਤਮ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਬੱਚਿਆਂ ਦੇ ਮਾਪਿਆ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਤੇ ਪੂਰੀ ਤਰ੍ਹਾ ਨਾਲ ਨਜ਼ਰ ਰੱਖੋ ਤਾਕਿ ਤੁਹਾਡੇ ਬੱਚੇ ਚਿੱਟੇ ਦੇ ਕੋਹੜ ਤੋ ਬਚੇ ਰਹਿਣ। ਉਨ੍ਹਾਂ ਨੇ ਨਾਲ ਹੀ ਸ਼ੱਕੀ ਵਿਅਕਤੀਆਂ ਦੀ ਜਾਣਕਾਰੀ ਪੁਲਸ ਨੂੰ ਤੁਰੰਤ ਦੇਣ ਦੀ ਵੀ ਅਪੀਲ ਕੀਤੀ ਤਾਂ ਕਿ ਕੋਈ ਵੀ ਮਾੜੀ ਘਟਨਾ ਨਾ ਵਾਪਰ ਸਕੇ। ਉਹਨਾਂ ਕਿਹਾ ਕਿ ਪੁਲਸ ਤੇ ਸਮਾਜ ਦੇ ਲੋਕ ਮਿਲ ਕੇ ਕੰਮ ਕਰਨ ਤਾ ਨਸ਼ੇ ਦੇ ਸੁਦਾਗਰਾ ਅਤੇ ਮੋਟਰ ਸਾਈਕਲਾ ਦੇ ਪਟਾਕੇ ਮਾਰਨ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ!

# ਸੋਮਵਾਰ ਅਤੇ ਬੁੱਧਵਾਰ ਨੂੰ ਕੀਤਾ ਜਾਵੇਗਾ ਇੰਤਕਾਲਾਂ ਦਾ ਨਿਪਟਾਰਾ: ਤਹਿਸੀਲਦਾਰ ਰਮਨਦੀਪ ਕੌਰ



ਰਾਮਪੁਰਾ ਫੂਲ, 12 ਜੂਨ,(ਮਨਪ੍ਰੀਤ ਮਿੰਟੂ):ਤਹਿਸੀਲ ਰਾਮਪੁਰਾ ਫੂਲ ਵਿਖੇ ਕੁਝ ਵਿਸ਼ੇਸ਼ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਤਹਿਸੀਲਦਾਰ ਰਮਨਦੀਪ ਕੌਰ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਹੈ ਕਿ ਤਹਿਸੀਲ ਵਿੱਚ ਆਉਣ ਵਾਲੀਆਂ ਜਾਇਦਾਦੀ ਅਤੇ ਦਫ਼ਤਰੀ ਸਮੱਸਿਆਵਾਂ ਨੂੰ ਤੁਰੰਤ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਹੁਣ ਤਹਿਸੀਲ ਵਿੱਚ ਕਿਸੇ ਵੀ ਕੰਮ ਲਈ ਚਿੰਤਾ ਕਰਨ ਦੀ ਲੋੜ ਨਹੀਂ ਰਹੇਗੀ।ਇੱਕ ਵਿਸ਼ੇਸ਼ ਸੂਚਨਾ ਦਿੰਦਿਆਂ ਤਹਿਸੀਲਦਾਰ ਨੇ ਕਿਹਾ ਕਿ ਹਰ ਸੋਮਵਾਰ ਅਤੇ ਬੁੱਧਵਾਰ ਨੂੰ ਸਵੇਰੇ 9 ਵਜੇ ਤੋਂ ਦੁਪਿਹਰ 12 ਵਜੇ ਤੱਕ ਇੰਤਕਾਲਾਂ ਦੇ ਨੇ ਨਿਪਟਾਰੇ ਕੀਤੇ ਜਾਣਗੇ, ਤਾਂ ਜੋ ਲੋਕ ਆਪਣੇ ਜਾਇਦਾਦੀ ਕਾਗਜ਼ਾਤ ਸਬੰਧੀ ਕਾਰਵਾਈ ਸਹੀ ਢੰਗ ਤਰੀਕੇ ਨਾਲ ਅਤੇ ਸਹੀ ਟਾਈਮ ਵਿਚ ਕਰਵਾ ਸਕਣ।ਉਨ੍ਹਾਂ ਕਿਹਾ ਕਿ ਇਹ ਨਿਯਮਤ ਪ੍ਰਕਿਰਿਆ ਇਸ ਲਈ ਲਾਗੂ ਕੀਤੀ ਗਈ ਹੈ ਕਿ ਇੰਤਕਾਲ ਦੇ ਕੰਮ ਵਿਚ ਕੋਈ ਦੇਰੀ ਨਾ ਹੋਵੇ ਅਤੇ ਹਰ ਵਿਅਕਤੀ ਨੂੰ ਨਿਰਧਾਰਤ ਸਮੇਂ ਵਿੱਚ ਨਤੀਜਾ ਮਿਲ ਸਕੇ।ਰਮਨਦੀਪ ਕੌਰ ਨੇ ਇਹ ਵੀ ਕਿਹਾ, "ਸਾਡੀ ਕੋਸ਼ਿਸ਼ ਹੈ ਕਿ ਤਹਿਸੀਲ ਦਫ਼ਤਰ ਵਿੱਚ ਆਉਣ ਵਾਲੇ ਹਰ ਨਾਗਰਿਕ ਨੂੰ ਸਮੇਂ ਸਿਰ ਤੇ ਵਧੀਆ ਸੇਵਾ ਦਿੱਤੀ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਜੇ ਕਿਸੇ ਦਫ਼ਤਰੀ ਕਰਮਚਾਰੀ ਵੱਲੋਂ ਆਮ ਲੋਕਾਂ ਨਾਲ ਰੁੱਖਾਪਣ ਜਾਂ ਢਿੱਲਾਈ ਬਰਤੀ ਜਾਂਦੀ ਹੈ ਤਾਂ ਉਸ ਉੱਤੇ ਕੜੀ ਕਾਰਵਾਈ ਕੀਤੀ ਜਾਵੇਗੀ ਅਤੇ ਇਸ ਸਬੰਧੀ ਉਨ੍ਹਾਂ ਵੱਲੋਂ ਸਮੂਹ ਦਫਤਰੀ ਕਰਮਚਾਰੀਆਂ ਨੂੰ ਆਮ ਲੋਕਾਂ ਨਾਲ ਵਧੀਆ ਢੰਗ ਨਾਲ ਪੇਸ਼ ਆਉਣ ਸਬੰਧੀ ਹਦਾਇਤਾਂ ਵੀ ਜਾਰੀ ਕਰ ਦਿੱਤੀਆਂ ਗਈਆਂ ਹਨ। ਜ਼ਿਕਰਯੋਗ ਹੈ ਕਿ ਤਹਿਸੀਲਦਾਰ ਰਮਨਦੀਪ ਕੌਰ ਦੀ ਕਾਰਜਸ਼ੈਲੀ, ਸਮਰਪਣ ਅਤੇ ਇਮਾਨਦਾਰੀ ਦੀ ਚੁਫੇਰੇ ਸ਼ਲਾਘਾ ਹੋ ਰਹੀ ਹੈ। ਸ਼ਮੁੱਚੀ ਤਹਿਸੀਲ ਰਿਸ਼ਵਤ ਤੋਂ ਮੁਕਤ ਹੇ ਅਤੇ ਹਰ ਕੰਮ ਪਾਇਦਾਰ, ਸਲੀਕੇ ਅਤੇ ਆਲ੍ਹਾ ਦਰਜੇ ਦੇ ਤਰੀਕੇ ਨਾਲ ਹੋ ਰਿਹਾ ਹੈ। ਉਹ ਜਿੱਥੇ ਆਪਣੇ ਸੀਨੀਅਰ ਅਫਸਰਾਂ ਵਿਚ ਵਿਸ਼ੇਸ਼ ਸਤਿਕਾਰੇ ਜਾਂਦੇ ਹਨ ਉਥੇ ਉਨ੍ਹਾਂ ਨੂੰ ਆਪਣੇ ਅਧੀਨ ਮੁਲਾਜ਼ਮਾਂ ਤੋਂ ਕੰਮ ਕਰਵਾਉਣ ਦਾ ਉਤਮ ਦਰਜੇ ਦਾ ਤਜ਼ਰਬਾ ਹੈ।

## ਦਵੇਸਰ-ਮੌਦਗਿੱਲ ਬਰਾਦਰੀ ਦਾ ਸਾਲਾਨਾ ਮੇਲ 15 ਨੂੰ

ਧਾਰੀਵਾਲ/ਗੁਰਦਾਸਪੁਰ, 12 ਜੂਨ (ਚ.ਨ.ਸ.) : ਬ੍ਰਾਹਮਣ ਦਵੇਸਰ-ਮੌਦਗਿੱਲ ਬਰਾਦਰੀ ਦਾ ਸਾਲਾਨਾ ਮੇਲਾ 15 ਜੂਨ ਦਿਨ ਐਤਵਾਰ ਨੂੰ ਕੁਲ ਦੇਵਤਾ ਮੰਦਰ ਪਿੰਡ ਅਸਰਪੁਰ (ਧਾਰੀਵਾਲ) ਵਿਚ ਹੋਵੇਗਾ। ਸੇਵਕ ਅਸ਼ੋਕ ਕੁਮਾਰ ਦਵੇਸਰ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੁੱਲ ਦੇਵਤਾ ਦੇ ਮੰਦਰ ਵਿਖੇ ਸਵੇਰੇ 7 ਵਜੇ ਤੋਂ 9 ਵਜੇ ਤਕ ਹਵਨ ਯੱਗ ਹੋਵੇਗਾ। ਸਤਿਸੰਗ ਉਪਰੰਤ ਅਤੁੱਟ ਭੰਡਾਰਾ ਵਰਤਾਇਆ ਜਾਵੇਕਾ। ਉਨ੍ਹਾਂ ਸਮੂਹ ਦਵੇਸਰ ਮੋਦਗਿੱਲ ਬਰਾਦਰੀ ਨੂੰ ਇਸ ਮੌਕੇ ਪਹੁੰਚਣ ਦੀ ਅਪੀਲ ਵੀ ਕੀਤੀ। ਜ਼ਿਕਰਯੋਗ ਹੈ ਕਿ ਇਹ ਜੋੜ ਮੇਲ ਪੂਰੇ ਇਲਾਕੇ ਵਿਚ ਸ਼ਰਧਾ ਤੇ ਸਤਿਕਾਰ ਦਾ ਪ੍ਰਤੀਕ ਹੈ ਅਤੇ ਸੰਗਤਾਂ ਇਸ ਵਿਚ ਪੂਰੇ ਉਤਸ਼ਾਹ ਅਤੇ ਸ਼ਰਧਾ ਨਾਲ ਸ਼ਾਮਲ ਹੁੰਦੀਆਂ ਹਨ।

# ਕਾਂਗਰਸੀ ਆਗੂ ਭੁਪਿੰਦਰ ਸਿੰਘ ਗੋਰਾ ਨੇ ਬਲਾਕ ਰਾਮਪੁਰਾ ਵਿਖੇ ਦਫ਼ਤਰ ਖੋਲ੍ਹਿਆ

ਰਾਮਪੁਰਾ ਫੂਲ,12 ਜੂਨ(ਮਨਪ੍ਰੀਤ ਮਿੰਟੂ): ਹਲਕਾ ਮੌੜ ਦੇ ਸੀਨੀਅਰ ਕਾਂਗਰਸੀ ਆਗੂ ਭੁਪਿੰਦਰ ਸਿੰਘ ਗੋਰਾ ਨੇ ਬਲਾਕ ਰਾਮਪੁਰਾ ਵਿਖੇ ਬਠਿੰਡਾ ਚੰਡੀਗੜ੍ਹ ਮੁੱਖ ਮਾਰਗ 'ਤੇ ਥਾਣਾ ਸਦਰ ਰਾਮਪੁਰਾ ਦੇ ਸਾਹਮਣੇ ਆਪਣਾ ਦਫ਼ਤਰ ਖੋਲ੍ਹ ਲਿਆ ਹੈ। ਉਦਘਾਟਨੀ ਰਸਮ ਉਪਰੰਤ ਉਨ੍ਹਾਂ ਆਪਣੇ ਸੰਬੋਧਨ ਵਿਚ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਨੀ ਤੈਅ ਹੈ; ਜਿਸ ਕਰਕੇ ਕਾਂਗਰਸ ਪਾਰਟੀ ਦੇ ਵਰਕਰਾਂ ਨੂੰ ਹੁਣ ਤੋਂ ਹੀ ਬੂਥ ਪੱਧਰ 'ਤੇ ਮਿਹਨਤ ਕਰ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਉਹ 2008 ਤੋਂ ਹਲਕਾ ਮੌੜ ਦੇ ਲੋਕਾਂ ਦੇ ਦੁੱਖਾਂ ਸੁੱਖਾਂ ਵਿੱਚ ਸ਼ਾਮਲ ਹੁੰਦੇ ਆ ਰਹੇ ਹਨ, ਜਿਸ ਕਰਕੇ ਉਹ ਹਲਕਾ ਮੌੜ ਤੋਂ 2027 ਵਿੱਚ ਕਾਂਗਰਸ ਪਾਰਟੀ ਵੱਲੋਂ ਟਿਕਟ ਦੀ ਦਾਅਵੇਦਾਰੀ ਪੇਸ਼ ਕਰਨਗੇ। ਉਨ੍ਹਾਂ ਦੱਸਿਆ ਕਿ ਬਲਾਕ ਮੌੜ ਵਿਖੇ ਵੀ ਦਫ਼ਤਰ ਪਹਿਲਾਂ ਹੀ ਖੋਲ ਦਿੱਤਾ ਸੀ, ਜਦ ਕਿ ਬਲਾਕ ਰਾਮਪੁਰਾ ਵਿਖੇ ਵੀ ਦਫ਼ਤਰ ਖੋਲਣ ਦਾ ਮਕਸਦ ਇਹੀ ਹੈ ਕਿ ਉਹ ਇੱਕ ਦਿਨ ਦਫ਼ਤਰ ਬਲਾਕ ਰਾਮਪੁਰਾ ਅਤੇ ਇੱਕ ਦਿਨ ਬਲਾਕ ਮੌੜ ਵਿਖੇ ਬੈਠਿਆ ਕਰਨਗੇ। ਜਿੱਥੇ ਉਹ ਹਲਕੇ ਦੇ ਕਾਂਗਰਸੀ ਵਰਕਰਾਂ ਦੀਆਂ ਸਮੱਸਿਆਵਾਂ ਸੁਣਿਆਂ ਕਰਨਗੇ ;ਜਦ ਕਿ ਬਾਕੀ ਦਿਨ ਹਲਕੇ ਵਿੱਚ ਕਾਂਗਰਸ ਪਾਰਟੀ ਨੂੰ ਹਲਕੇ ਵਿਚ ਮਜ਼ਬੂਤ ਕਰਨ ਲਈ ਲੋਕਾਂ ਨਾਲ ਰਾਬਤਾ ਕਾਇਮ ਕਰਨਗੇ।ਉਨ੍ਹਾਂ ਕਿਹਾ ਕਿ ਉਹ ਹਲਕੇ ਦੇ ਉਨ੍ਹਾਂ ਵਰਕਰਾਂ ਨਾਲ ਵੀ ਰਾਬਤਾ ਕਰਨਗੇ ਜਿਹੜੇ ਵਰਕਰ ਪਿਛਲੀਆਂ ਚੋਣਾਂ ਦੌਰਾਨ ਗੁੰਮਰਾਹ ਹੋ ਕੇ ਆਮ ਆਦਮੀ ਪਾਰਟੀ ਦੀਆਂ ਗੱਲਾਂ ਵਿੱਚ ਆ ਕੇ ਕਾਂਗਰਸ ਤੋਂ ਵੱਖ ਹੋ ਗਏ ਸਨ। ਇਸ ਮੌਕੇ ਸੈਂਬਰ ਸਿੰਘ ਗਾਹਲੇ, ਸੁਰਜੀਤ ਸਿੰਘ ਸਿੱਧੂ, ਲਸ਼ਮਣ ਸਿੰਘ ਸਾਬਕਾ ਸਰਪੰਚ ਕੁੱਤੀਵਾਲ,ਇਕਬਾਲ ਸਿੰਘ ਗਹਿਰੀ, ਭੁਪਿੰਦਰ ਸਿੰਘ ਡਾਕਟਰ,ਸਾਬਕਾ ਸਰਪੰਚ ਗੁਰਪ੍ਰੀਤ ਸਿੰਘ ਬਦਿਆਲਾ, ਰਾਜਵੀਰ ਸਿੰਘ ਚਾਉਕੇ, ਗੁਰਪ੍ਰੀਤ ਸਿੰਘ ਕੁੱਬੇ, ਮਲਕੀਅਤ ਸਿੰਘ ਬਾਲਿਆਂਵਾਲੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਉਨ੍ਹਾਂ ਦੇ ਸਮਰਥਕ ਹਾਜ਼ਰ ਸਨ।

# ਸਿਹਤ ਸੇਵਾਵਾਂ ਆਮ ਲੋਕਾਂ ਤੱਕ ਪਹੁੰਚਾਉਣੀਆਂ ਲਾਜ਼ਮੀ ਬਣਾਉਣ ਅਧਿਕਾਰੀ : ਸਿਵਲ ਸਰਜਨ



ਮਾਨਸਾ, 12 ਜੂਨ (ਵਿਰੇਂਦਰਪਾਲ ਮੰਤਰੋ) :ਵਿਭਾਗ ਵੱਲੋਂ ਚਲਾਏ ਜਾ ਰਹੇ ਸਿਹਤ ਪ੍ਰੋਗਰਾਮਾਂ ਦੀ ਸਮੀਖਿਆ ਕਰਨ ਲਈ ਸਿਵਲ ਸਰਜਨ ਡਾ. ਅਰਵਿੰਦ ਪਾਲ ਸਿੰਘ ਨੇ ਜ਼ਿਲ੍ਹੇ ਦੇ ਸਮੂਹ ਸੀਨੀਅਰ ਮੈਡੀਕਲ ਅਫ਼ਸਰਾਂ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰਾਂ ਨਾਲ ਮੀਟਿੰਗ ਕੀਤੀ ।ਇਸ ਮੌਕੇ ਸਿਵਲ ਸਰਜਨ ਨੇ ਕਿਹਾ ਕਿ ਜ਼ਿਲ੍ਹੇ ਦੀਆਂ ਸਮੂਹ ਸਿਹਤ ਸੰਸਥਾਵਾਂ ਵਿਖੇ ਦਵਾਈਆਂ, ਲੈਬ ਟੈਸਟ, ਐਕਸਰੇ, ਈ.ਸੀ.ਜ਼ੀ.ਅਤੇ ਮਰੀਜ਼ਾਂ ਲਈ ਪੀਣ ਵਾਲੇ ਪਾਣੀ, ਬਿਜਲੀ, ਪੱਖੇ, ਕੂਲਰਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ।ਉਨ੍ਹਾਂ ਹਸਪਤਾਲ ਦੇ ਅੰਦਰ ਕੋਈ ਵੀ ਮਸ਼ੀਨ ਜਾਂ ਕੋਈ ਹੋਰ ਜ਼ਰੂਰੀ ਇਲੈਕਟਰੋਨਿਕ ਚੀਜ਼ ਖਰਾਬ ਹੁੰਦੀ ਹੈ, ਤਾਂ ਉਸ ਨੂੰ ਤੁਰੰਤ ਠੀਕ ਕਰਵਾਉਣ ਦੀ ਹਦਾਇਤ ਕੀਤੀ ।ਸਿਵਲ ਸਰਜਨ ਨੇ ਕਿਹਾ ਕਿ ਜੇਕਰ ਕੋਈ ਵੀ ਜ਼ਰੂਰੀ ਉਪਰਕਰਨ ਠੀਕ ਹੋਣ ਦੇ ਯੋਗ ਨਹੀਂ ਤਾਂ ਉਹ ਹਰ ਹਸਪਤਾਲ ਵਿਖੇ ਬਣਾਈ ਗਈ ਕਮੇਟੀ ਵਿੱਚ ਵਿਚਾਰ ਚਰਚਾ ਕਰਕੇ ਉਸ ਨੂੰ ਨਵਾਂ ਖਰੀਦਣ ਸਬੰਧੀ ਲੋੜੀਂਦੀ ਪ੍ਰਕਿਰਿਆ ਅਮਲ ਵਿਚ ਲਿਆਂਦੀ ਜਾਵੇ ਅਤੇ ਉਚ ਅਧਿਕਾਰੀਆਂ ਦੇ ਤੁਰੰਤ ਧਿਆਨ ਵਿੱਚ ਲਿਆਂਦਾ ਜਾਵੇ ਤਾਂ ਜੋ ਸਿਹਤ ਸੰਸਥਾਵਾਂ ਵਿਖੇ ਆਉਣ ਵਾਲੇ ਮਰੀਜ਼ਾਂ ਅਤੇ ਉਨ੍ਹਾਂ ਦੇ ਨਾਲ ਆਉਣ ਵਾਲੇ ਵਾਰਸਾਂ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ ।ਇਸ ਦੌਰਾਨ ਸਿਵਲ ਸਰਜਨ ਨੇ ਜਨਨੀ ਸੁਰੱਖਿਆ ਯੋਜਨਾ, ਜਨਨੀ ਸ਼ਿਸ਼ੂ ਸੁਰੱਖਿਆ ਕਾਰਿਕਰਮ, ਮੁੱਖ ਮੰਤਰੀ ਪੰਜਾਬ ਕੈਸਰ ਰਾਹਤ ਕੋਸ਼, ਨੈਸ਼ਨਲ ਵੈਕਟਰ ਬੋਰਨ ਕੰਟਰੋਲ ਪ੍ਰੋਗਰਾਮ, ਨੈਸ਼ਨਲ ਤਪਦਿਕ ਲੈਮੀਨੇਸ਼ਨ ਪ੍ਰੋਗਰਾਮ, ਪ੍ਰਧਾਨ ਮੰਤਰੀ ਮਾਤਰੀਤਵ ਸੁਰੱਖਿਅਤ ਅਭਿਆਨ, ਪੰਜਾਬ ਨਸ਼ਾ ਮੁਕਤ ਅਭਿਆਨ, ਨੈਸ਼ਨਲ ਬਲਾਇੰਡਨੈਸ ਕੰਟਰੋਲ ਪ੍ਰੋਗਰਾਮ, ਆਯੁਸ਼ਮਾਨ ਭਾਰਤ ਆਦਿ ਬਾਰੇ ਵਿਸਥਾਰ ਸਹਿਤ ਸਮੀਖਿਆ ਕੀਤੀ। ਇਸ ਦੇ ਨਾਲ ਹੀ ਗਰਮੀ ਅਤੇ ਬਰਸਾਤੀ ਮੌਸਮ ਨੂੰ ਮੁੱਖ ਰੱਖਦੇ ਹੋਏ ਪਾਣੀ ਨਾਲ ਫੈਲਣ ਵਾਲੀਆਂ ਬਿਮਾਰੀਆਂ ਡੇਂਗੂ, ਮਲੇਰੀਆ ਅਤੇ ਕੋਰੋਨਾ 'ਤੇ ਵੀ ਵਿਸ਼ੇਸ਼ ਚਰਚਾ ਕੀਤੀ। ਸਿਵਲ ਸਰਜਨ ਨੇ ਸਮੂਹ ਸੀਨੀਅਰ ਮੈਡੀਕਲ ਅਫਸਰਾਂ ਨੂੰ ਆਪਣੀ ਅਤੇ ਆਪਣੇ ਅਧੀਨ ਆਉਂਦੀਆਂ ਸਿਹਤ ਸੰਸਥਾਵਾਂ ਵਿਖੇ ਬਰਸਾਤੀ ਮੌਸਮ ਨੂੰ ਮੁੱਖ ਰੱਖਦੇ ਹੋਏ ਸਮੇਂ ਸਮੇਂ 'ਤੇ ਅਗਾਊਂ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਕਿਹਾ ਅਤੇ ਨਾਲ ਹੀ ਹਦਾਇਤ ਕੀਤੀ ਕਿ ਕੋਈ ਵੀ ਗਰਭਵਤੀ ਮਾਂ ਤੇ ਬੱਚਾ ਟੀਕਾਕਰਨ ਤੋਂ ਵਾਂਝਾ ਨਾ ਰਹੇ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਕੇ ਸਿਹਤ ਪ੍ਰੋਗਰਾਮਾਂ ਲੋਕਾਂ ਤੱਕ ਪਹੁੰਚਾਏ ਜਾਣ। ਉਨ੍ਹਾਂ ਆਪੋ ਆਪਣੀ ਸਿਹਤ ਸੰਸਥਾ ਦੀ ਸਫ਼ਾਈ ਵੱਲ ਖ਼ਾਸ ਧਿਆਨ ਦੇਣ, ਜੱਚਾ ਬੱਚਾ ਦੀ ਸਿਹਤ ਸੰਭਾਲ ਲਈ ਸੰਸਥਾਗਤ ਜਣੇਪਿਆਂ ਵਿਚ ਵਾਧਾ ਕਰਨ, ਹਾਈ ਰਿਸਕ ਗਰਭਵਤੀ ਔਰਤਾਂ ਦੀ ਫੌਲੋਅੱਪ ਐਮ.ਡੀ. ਮੈਡੀਸਨ ਅਤੇ ਔਰਤ ਰੋਗਾਂ ਦੇ ਮਾਹਿਰ ਡਾਕਟਰ ਤੋਂ ਸਮੇਂ ਸਿਰ ਕਰਨਾ ਯਕੀਨੀ ਬਣਾਉਣ ਦੇ ਨਾਲ ਹੀ ਹਾਈ ਰਿਸਕ ਮਾਂ ਨੂੰ ਏ.ਐਨ.ਐਮ. ਐਲ.ਐਚ.ਵੀ.ਅਤੇ ਗਇਨਾਕੋਲੋਜਿਸਟ ਦੁਆਰਾ ਫੋਨ ਕਰਕੇ ਸਮੇਂ ਸਮੇਂ 'ਤੇ ਉਸ ਨੂੰ ਉਸ ਦੀ ਸਿਹਤ ਪ੍ਰਤੀ ਜਾਇਜ਼ਾ ਲੈਣਾ ਯਕੀਨੀ ਬਣਾਇਆ ਜਾਵੇ।

# ਸੜਕ ਹਾਦਸਿਆਂ ਵਿਚ ਦੋ ਦੀ ਮੌਤ, ਇਕ ਜ਼ਖ਼ਮੀ।

ਬਠਿੰਡਾ, 12 ਜੂਨ (ਦੀਪਕ ਸ਼ਰਮਾ ) ਜ਼ਿਲ੍ਹੇ ਅੰਦਰ ਹੋਏ ਦੋ ਵੱਖ-ਵੱਖ ਸੜਕ ਹਾਦਸਿਆਂ ਵਿਚ ਦੋ ਵਿਅਕਤੀਆਂ ਦੀ ਮੌਤ ਹੋ ਗਈ ਜਦੋਂ ਕਿ ਇਕ ਜ਼ਖਮੀ ਹੋ ਗਿਆ। ਪੁਲਿਸ ਨੇ ਇਸ ਮਾਮਲੇ ਵਿਚ ਲਾਪ੍ਰਵਾਹੀ ਨਾਲ ਗੱਡੀਆਂ ਚਲਾਉਣ ਵਾਲੇ ਦੋ ਚਾਲਕਾਂ ਨੂੰ ਨਾਮਜ਼ਦ ਕੀਤਾ ਹੈ ਜਦੋਂ ਕਿ ਇਕ ਅਣਪਛਾਤੇ ਵਿਅਕਤੀ ਖਿਲਾਫ ਕੇਸ ਦਰਜ ਕੀਤਾ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਗੋਨਿਆਣਾ ਰੋਡ ਤੇ ਸਥਿਤ ਪਿੰਡ ਗਿੱਲ ਪੱਤੀ ਦੇ ਕੋਲ ਤੇਜ਼ ਰਫਤਾਰ ਕੈਂਟਰ ਅਤੇ ਕਾਲ ਦਰਮਿਆਨ ਹੋਈ ਟੱਕਰ ਵਿੱਚ ਕਾਰ ਸਵਾਰ ਇੱਕ ਨੌਜਵਾਨ ਦੀ ਮੌਤ ਹੋ ਗਈ। ਜਦ ਕਿ ਉਸ ਦੀ ਮਾਂ ਜਖਮੀ ਹੋ ਗਈ। ਥਾਣਾ ਥਰਮਲ ਦੀ ਪੁਲਿਸ ਕੋਲ ਦਰਜ ਕਰਵਾਏ ਬਿਆਨਾਂ ਵਿਚ ਰਵੀ ਕੁਮਾਰ ਵਾਸੀ ਕੋਟਕਪੂਰਾ ਜ਼ਿਲ੍ਹਾ ਫਰੀਦਕੋਟ ਨੇ ਦੱਸਿਆ ਕਿ ਉਹ ਅਤੇ ਉਸਦਾ ਭਾਈ ਸਮੇਤ ਆਪਣੀ ਮਾਂ ਦੇ ਨਾਲ ਕਾਰ ਨੰਬਰ ਪੀਬੀ 79 ਏ 6922 'ਤੇ ਸਵਾਰ ਹੋ ਕੇ ਆ ਰਹੇ ਸਨ ਕਿ ਜਦੋਂ ਉਹ ਪਿੰਡ ਗਿੱਲਪੱਤੀ ਕੋਲ ਪੁੱਜੇ ਤਾਂ ਪਿੱਛੋਂ ਤੋਂ ਇਕ ਕੈਂਟਰ ਨੰਬਰ ਪੀਬੀ03 ਬੀਐਫ 5769 ਨੇ ਕਾਰ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ ਅਤੇ ਉਸਦੇ ਭਰਾ ਗੌਰਵ ਕੁਮਾਰ ਦੀ ਮੌਤ ਹੋ ਗਈ। ਥਾਣਾ ਥਰਮਲ ਦੀ ਪੁਲਿਸ ਨੇ ਇਸ ਮਾਮਲੇ ਵਿਚ ਕੈਂਟਰ ਚਾਲਕ ਲਵਦੀਪ ਸਿੰਘ ਵਾਸੀ ਪਿੰਡ ਸੰਗਵਾ ਜਿਲਾ ਤਰਨਤਾਰਨ ਨੂੰ ਗ੍ਰਿਫਤਾਰ ਕਰਕੇ ਉਸ ਖਿਲਾਫ ਕੇਸ ਦਰਜ ਕਰ ਲਿਆ ਹੈ। ਇਸ ਤਰ੍ਹਾਂ ਹੀ ਥਾਣਾ ਨਥਾਣਾ ਦੀ ਪੁਲਿਸ ਨੂੰ ਦਰਜ ਕਰਵਾਏ ਬਿਆਨਾਂ ਵਿਚ ਭੁਪਿੰਦਰ ਸਿੰਘ ਵਾਸੀ ਚੱਕ ਬਖਤੂ ਨੇ ਦੱਸਿਆ ਕਿ ਉਹ ਅਤੇ ਉਸਦੇ ਚਾਚੇ ਦਾ ਲੜਕਾ ਆਪਣੇ ਮੋਟਰਸਾਈਕਲਾਂ 'ਤੇ ਸਵਾਰ ਹੋ ਕੇ ਰਾਮਪੁਰਾ ਜਾ ਰਹੇ ਸਨ ਕਿ ਜਦੋਂ ਉਹ ਪਿੰਡ ਲਹਿਰਾ ਸੋਧਾ ਕੋਲ ਪੁੱਜੇ ਤਾਂ ਉਸਦੇ ਚਾਚੇ ਦੇ ਲੜਕੇ ਗੁਰਪ੍ਰੀਤ ਸਿੰਘ ਆਪਣੇ ਮੋਟਰਸਾਈਕਲ ਨਾਲ ਇਕ ਟਰੈਕਟਰ ਟਰਾਲਾ , ਜੋ ਕਿ ਮਿੱਟੀ ਨਾਲ ਲੋਡ ਸੀ ਨੂੰ ਕਰਾਸ ਕਰਨ ਲਗਾ ਤਾਂ ਟਰੈਕਟਰ ਡਰਾਈਵਰ ਨੇ ਕੱਟ ਮਾਰਿਆ, ਜਿਸ ਕਾਰਨ ਉਸਦੇ ਚਾਚੇ ਦੇ ਲੜਕੇ ਦੇ ਕਾਫੀ ਸੱਟਾਂ ਲੱਗੀਆਂ। ਉਨ੍ਹਾਂ ਦੱਸਿਆ ਕਿ ਗੁਰਪ੍ਰੀਤ ਸਿੰਘ ਨੂੰ ਇਲਾਜ ਲਈ ਹਸਪਤਾਲ ਲੈ ਕੇ ਜਾਇਆ ਜਾ ਰਿਹਾ ਸੀ ਕਿ ਰਾਹ ਵਿਚ ਹੀ ਉਸਦੀ ਮੌਤ ਹੋ ਗਈ। ਥਾਣਾ ਨਥਾਣਾ ਦੀ ਪੁਲਿਸ ਨੇ ਅਰਜਨ ਟਰੈਕਟਰ ਟਰਾਲੇ ਦੇ ਅਣਪਛਾਤੇ ਚਾਲਕ ਖਿਲਾਫ ਕੇਸ ਦਰਜ ਕਰਕੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਇਸ ਤਰ੍ਹਾਂ ਹੀ ਥਾਣਾ ਨੇਹੀਆਂਵਾਲਾ ਦੀ ਪੁਲਿਸ ਨੂੰ ਦਰਜ ਕਰਵਾਏ ਬਿਆਨਾਂ ਵਿਚ ਗੁਰਪ੍ਰੀਤ ਕੌਰ ਵਾਸੀ ਭੋਖੜਾ ਨੇ ਦੱਸਿਆ ਕਿ ਉਹ ਆਪਣੀ ਗੱਡੀ ਬਰੀਜਾ ਨੰਬਰ ਪੀਬੀ03 ਏਆਰ 6999 'ਤੇ ਸਵਾਰ ਹੋ ਕੇ ਬਠਿੰਡਾ ਸ਼ਹਿਰ ਗਈ ਸੀ ਜਦੋਂ ਉਹ ਪਿੰਡ ਭੋਖੜਾ ਦੇ ਵਾਟਰ ਵਰਕਸ ਤੂੰ ਥੋੜ੍ਹਾ ਪਿੱਛੇ ਪੁੱਜੀ ਤਾਂ ਸਾਹਮਣੇ ਤੋਂ ਇਕ ਗੱਡੀ ਨੰਬਰ ਡੀਐਲ 1 ਸੀਏਜੀ 0392 ਨੇ ਉਸ ਦੀ ਗੱਡੀ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਉਹ ਜ਼ਖਮੀ ਹੋ ਗਈ। ਥਾਣਾ ਨੇਹੀਆਵਾਲਾ ਦੀ ਪੁਲਿਸ ਨੇ ਗੱਡੀ ਚਾਲਕ ਯਾਦਵਿੰਦਰ ਸਿੰਘ ਵਾਸੀ ਜੈਤੋ ਜ਼ਿਲ੍ਹਾ ਫਰੀਦਕੋਟ ਖਿਲਾਫ ਕੇਸ ਦਰਜ ਕਰ ਲਿਆ ਹੈ ਪਰ ਅਜੇ ਤਕ ਉਸ ਦੀ ਗ੍ਰਿਫਤਾਰੀ ਨਹੀਂ ਹੋਈ।

# ਰਾਜੋਮਾਜਰਾ ਸਕੂਲ ਨੂੰ ਪੱਖੇ ਦਾਨ ਦਿੱਤੇ



ਧੂਰੀ, 12 ਜੂਨ (ਰਾਜੇਸ਼ਵਰ ਪਿੰਟੂ, ਅਮਨ ਗਰਗ): ਸਰਕਾਰੀ ਹਾਈ ਸਕੂਲ ਰਾਜੋਮਾਜਰਾ ਵਿਖੇ ਵਿਦਿਆਰਥੀਆਂ ਨੂੰ ਦੁਪਿਹਰ ਦਾ ਖਾਣਾ ਖਾਣ ਸਮੇਂ ਗਰਮੀ ਤੋਂ ਬਚਾਉਣ ਲਈ ਸਕੂਲ ਦੇ ਹੈਡਮਾਸਟਰ ਵਿਪਨ ਕੁਮਾਰ ਗਰਗ ਨੇ ਆਈ.ਡੀ.ਬੀ.ਆਈ ਬੈਂਕ ਧੂਰੀ ਨਾਲ ਰਾਬਤਾ ਕਾਇਮ ਕਰਕੇ ਬੈਂਕ ਮੈਨੇਜਰ ਹਰਪ੍ਰੀਤ ਰੰਧਾਵਾ ਦੇ ਸਹਿਯੋਗ ਨਾਲ ਵਿਦਿਆਥੀਆਂ ਲਈ ਛੇ ਪੱਖੇ ਪੋਸ਼ਣ ਮਾਹ ਅਧੀਨ ਸਕੂਲ ਵਿੱਚ ਲਗਵਾਏ ਅਤੇ ਹੈਡਮਾਸਟਰ ਵਿਪਨ ਕੁਮਾਰ ਵੱਲੋਂ ਦੋ ਪੱਖੇ ਸਕੂਲ ਨੂੰ ਦਾਨ ਕੀਤੇ ਗਏ ਤਾਂ ਜੋ ਕੋਈ ਵੀ ਵਿਦਿਆਰਥੀ ਗਰਮੀ ਵਿਚ ਖਾਣਾ ਨਾ ਖਾਵੇ। ਇਸ ਸਮੇਂ ਮਨਪ੍ਰੀਤ ਸਿੰਘ ਨੀਟਾ ਅਤੇ ਹੋਰ ਪੰਚਾਇਤ ਮੈਂਬਰ ਅਤੇ ਸਟਾਫ ਮੈਂਬਰ ਵੀ ਹਾਜ਼ਰ ਸਨ।

# ਜੋਧਪੁਰ ਪਾਖਰ ਵਿਖੇ ਐਂਟੀ ਮਲੇਰੀਆ ਦਿਵਸ ਮਨਾਇਆ ਗਿਆ



ਮੌੜ ਮੰਡੀ, 12 ਜੂਨ (ਭੋਲਾ ਸਿੰਘ ਮਾਨ): ਸਿਵਲ ਸਰਜਨ ਬਠਿੰਡਾ ਡਾ. ਰਮਨਦੀਪ ਸਿੰਗਲਾ, ਏ ਐਮ ਓ ਹਰਵਿੰਦਰ ਸਿੰਘ ਐਸਐਮਓ ਤਲਵੰਡੀ ਸਾਬੋ ਡਾਕਟਰ ਰਵੀ ਕਾਂਤ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੀਐਚਸੀ ਜੋਧਪੁਰ ਪਾਖਰ ਵਿਖੇ ਐਂਟੀ ਮਲੇਰੀਆ ਦਿਵਸ ਮਨਾਇਆ ਗਿਆ, ਜਿਸ ਦੌਰਾਨ ਲੋਕਾਂ ਨੂੰ ਮਲੇਰੀਏ ਪ੍ਰਤੀ ਜਾਗਰੂਕ ਕੀਤਾ ਗਿਆ । ਐਸਆਈ ਬੰਤ ਸਿੰਘ ਨੇ ਦੱਸਿਆ ਕਿ ਕੋਈ ਵੀ ਬੁਖਾਰ ਮਲੇਰੀਆ ਬੁਖਾਰ ਹੋ ਸਕਦਾ ਹੈ। ਮਲੇਰੀਏ ਬੁਖਾਰ ਦੇ ਲੱਛਣ ਠੰਡ ਅਤੇ ਕਾਂਬੇ ਨਾਲ ਬੁਖਾਰ ਤੇਜ਼ ਬੁਖਾਰ ਅਤੇ ਸਿਰ ਦਰਦ ਹੋਣਾ, ਬੁਖਾਰ ਉਤਰਨ ਤੋਂ ਬਾਅਦ ਥਕਾਵਟ ਕਮਜ਼ੋਰੀ ਸਰੀਰ ਨੂੰ ਪਸੀਨਾ ਆਉਣਾ ਹੈ। ਮਲੇਰੀਆ ਬੁਖਾਰ ਤੋਂ ਬਚਣ ਦੇ ਤਰੀਕੇ ਜਿਵੇਂ ਕਿ ਘਰਾਂ ਦੇ ਦੁਆਲੇ ਛੋਟੇ ਟੋਇਆਂ ਵਿੱਚ ਪਾਣੀ ਇਕੱਠਾ ਨਾ ਹੋਣ ਦੇਣਾ ,ਟੋਇਆਂ ਨੂੰ ਮਿੱਟੀ ਨਾਲ ਭਰ ਦੇਣਾ , ਛੱਪੜਾਂ ਵਿੱਚ ਖੜੇ ਪਾਣੀ ਤੇ ਕਾਲੇ ਤੇਲ ਦਾ ਛੜਕਾ ਕਰਨਾ, ਕੱਪੜੇ ਉਹ ਪਾਉਣਾ ਜਿਸ ਦੇ ਨਾਲ ਸਾਰੇ ਸਰੀਰ ਨੂੰ ਢਕਿਆ ਜਾ ਸਕੇ ਅਤੇ ਸੌਣ ਵੇਲੇ ਮੱਛਰਦਾਨੀ ਜਾਂ ਮੱਛਰ ਭਜਾਉਣ ਵਾਲੀਆਂ ਕਰੀਮਾਂ ਦੀ ਵਰਤੋਂ ਕਰਨੀ ਹੈ ਇਸ ਸਮੇਂ ਸਿਹਤ ਵਰਕਰ ਬਲਵੀਰ ਸਿੰਘ ਅਤੇ ਜਸਕਰਨ ਸਿੰਘ ਵੱਲੋਂ ਲੋਕਾਂ ਨੂੰ ਦੱਸਿਆ ਗਿਆ ਕਿ ਮਲੇਰੀਆ ਬੁਖਾਰ ਤੋਂ ਬਚਣ ਲਈ ਛੱਤਾਂ ਦੇ ਉੱਪਰ ਜਿਸ ਦੇ ਵਿੱਚ ਪਾਣੀ ਖੜਦਾ ਹੋਵੇ ਕੋਈ ਵੀ ਬਰਤਨ ਜਾਂ ਟਾਇਰ ਕਵਾੜ ਆਦਿ ਨਾ ਰੱਖਿਆ ਜਾਵੇ ,ਫਰਿਜਾਂ ਦੇ ਵਾਧੂ ਪਾਣੀ ਵਾਲੀ ਟੈਂਕੀ ਨੂੰ ਹਫਤੇ ਵਿੱਚ ਇੱਕ ਵਾਰ ਸਾਫ ਕੀਤਾ ਜਾਵੇ ਅਤੇ ਉਸਦੇ ਵਿੱਚੋ ਪਾਣੀ ਕੱਢ ਦਿੱਤਾ ਜਾਵੇ, ਕੂਲਰਾਂ ਨੂੰ ਹਰ ਹਫਤੇ ਦੇ ਸਰਕਾਰ ਦੇ ਦਿਸ਼ਾ ਅਨੁਸਾਰ ਸ਼ੁਕਰਵਾਰ ਨੂੰ ਪੂਰਾ ਪਾਣੀ ਕੱਢ ਕੇ ਸਾਫ ਕੀਤਾ ਜਾਵੇ । ਇਸ ਸਮੇਂ ਪੀ ਐਸ ਸੀ ਜੋਧਪੁਰ ਪਾਖਰ ਦਾ ਸਾਰਾ ਸਟਾਫ ਮੌਜੂਦ ਸੀ।

# ਘਰ 'ਚ ਦਾਖ਼ਲ ਹੋ ਕੇ ਕੀਤੀ ਭੰਨਤੋੜ ਤੇ ਲਾਈ ਅੱਗ, ਚਾਰ ਗ੍ਰਿਫ਼ਤਾਰ

ਬਠਿੰਡਾ, 12 ਜੂਨ (ਦੀਪਕ ਸ਼ਰਮਾ) : ਕੁਝ ਮਹੀਨੇ ਪਹਿਲਾਂ ਪਿੰਡ ਦਾਨ ਸਿੰਘ ਵਾਲਾ ਵਿਖੇ ਨਸ਼ਾ ਤਸਕਰਾਂ ਵੱਲੋਂ ਘਰਾਂ ਨੂੰ ਅੱਗ ਲਾਉਣ ਦੇ ਮਾਮਲੇ ਦੇ ਜਖਮ ਅਜੇ ਭਰੇ ਨਹੀਂ ਸਨ ਕੀ, ਹੁਣ ਇਸ ਤਰ੍ਹਾਂ ਦਾ ਇੱਕ ਹੋਰ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਅੱਧੀ ਦਰਜਨ ਤੋਂ ਵੱਧ ਵਿਅਕਤੀਆਂ ਨੇ ਇੱਕ ਘਰ ਵਿੱਚ ਦਾਖਲ ਹੋ ਕੇ ਗੁੰਡਾਗਰਦੀ ਦਾ ਨੰਗਾ ਨਾਚ ਕੀਤਾ।ਪ੍ਰਾਪਤ ਜਾਣਕਾਰੀ ਅਨੁਸਾਰ ਨੌ ਦੇ ਕਰੀਬ ਵਿਅਕਤੀਆਂ ਨੇ ਪੁਰਾਣੀ ਰੰਜਿਸ਼ ਦੇ ਚਲਦਿਆਂ ਇੱਕ ਘਰ ਵਿੱਚ ਦਾਖਲ ਹੋ ਕੇ ਭੰਨ ਤੋੜ ਕੀਤੀ ਅਤੇ ਘਰ ਦੇ ਸਮਾਨ ਨੂੰ ਅੱਗ ਲਗਾ ਦਿੱਤੀ। ਸ਼ਰੇਆਮ ਕੀਤੀ ਗਈ ਇਸ ਗੁੰਡਾਗਰਦੀ ਕਾਰਨ ਪਿੰਡ ਚ ਦਹਿਸ਼ਤ ਦਾ ਮਾਹੌਲ ਪੈਦਾ ਹੋ ਗਿਆ। ਦੂਜੇ ਪਾਸੇ ਪੁਲਿਸ ਨੇ ਤੁਰੰਤ ਹਰਕਤ ਵਿੱਚ ਆਉਂਦਿਆਂ ਹੋਇਆਂ ਪੀੜਤ ਪਰਿਵਾਰ ਦੇ ਬਿਆਨ ਤੇ ਨੌ ਲੋਕਾਂ ਵੱਖ-ਵੱਖ ਧਾਰਾਵਾਂ ਅਧੀਨ ਕੇਸ ਦਰਜ ਕਰਕੇ ਚਾਰ ਜਣਿਆਂ ਨੂੰ ਗ੍ਰਿਫਤਾਰ ਕਰ ਲਿਆ ਹੈ। ਜਦ ਕਿ ਪੰਜ ਵਿਅਕਤੀਆਂ ਦੀ ਭਾਲ ਕੀਤੀ ਜਾ ਰਹੀ ਹੈ।ਬਠਿੰਡਾ ਜ਼ਿਲ੍ਹੇ ਦੇ ਥਾਣਾ ਨਹੀਆਵਾਲਾ ਅਧੀਨ ਪੈਂਦੇ ਪਿੰਡ ਦਾਨ ਸਿੰਘ ਵਾਲਾ ਵਿੱਚ ਹੁੱਲੜਬਾਜ਼ੀ ਦਾ ਇਹ ਪਹਿਲਾ ਮਾਮਲਾ ਨਹੀਂ ਹੈ। ਇਸ ਤੋਂ ਪਹਿਲਾਂ ਵੀ ਅੱਧੀ ਦਰਜਨ ਦੇ ਕਰੀਬ ਘਰਾਂ ਨੂੰ ਅੱਗ ਲਗਾ ਦਿੱਤੀ ਗਈ ਸੀ।ਤਾਜ਼ਾ ਮਾਮਲੇ ਵਿੱਚ ਇੱਕ ਘਰ ਵਿੱਚ ਜਬਰੀ ਦਾਖਲ ਹੋ ਕੇ ਹੁੱਲੜਬਾਜ਼ੀ ਕਰਨ ਅਤੇ ਸਾਮਾਨ ਨੂੰ ਅੱਗ ਲਾਉਣ ਵਾਲੇ ਮੁਲਜ਼ਮਾਂ ਦੇ ਖਿਲਾਫ ਪੁਲਿਸ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਹੋਇਆਂ ਚਾਰ ਜਣਿਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।ਦੱਸਣਾ ਬਣਦਾ ਹੈ ਕਿ ਇਸ ਮਾਮਲੇ ਵਿੱਚ ਸ਼ਿਕਾਇਤਕਰਤਾ ਨੇ ਖੁਲਾਸਾ ਕੀਤਾ ਹੈ ਕਿ ਉਸਦੇ ਲੜਕੇ ਦਾ ਹਮਲਾ ਕਰਨ ਵਾਲੇ ਲੋਕਾਂ ਨਾਲ ਕੁਝ ਦਿਨ ਪਹਿਲਾਂ ਝਗੜਾ ਹੋਇਆ ਸੀ। ਇਸੇ ਰੰਜਿਸ਼ ਤਹਿਤ ਉਕਤ ਲੋਕਾਂ ਨੇ ਘਰ ਵਿੱਚ ਦਾਖਲ ਹੋ ਕੇ ਗੇਟ ਤੋੜਿਆ ਅਤੇ ਘਰ ਦੇ ਸਾਮਾਨ ਨੂੰ ਅੱਗ ਲਾ ਦਿੱਤੀ।ਦੱਸ ਦਈਏ ਕਿ ਇਸ ਤੋਂ ਪਹਿਲਾਂ ਕਿਹਾ ਜਾ ਰਿਹਾ ਸੀ ਕਿ ਉਕਤ ਮਾਮਲਾ ਨਸ਼ਾ ਤਸਕਰੀ ਨਾਲ ਜੁੜਿਆ ਹੋਇਆ ਹੈ, ਜਿਸ ਵਿੱਚ ਕੁਝ ਤਸਕਰਾਂ ਨੇ ਘਰ ਵਿੱਚ ਦਾਖਲ ਹੋ ਕੇ ਹਮਲਾ ਕੀਤਾ ਸੀ, ਜਦੋਂ ਕਿ ਪੁਲਿਸ ਦੀ ਜਾਂਚ ਵਿੱਚ ਉਕਤ ਗੱਲ ਅਫਵਾਹ ਨਿਕਲੀ। ਪੁਲਿਸ ਨੇ ਇਸ ਮਾਮਲੇ ਵਿੱਚ ਕਰੀਬ ਨੌਂ ਲੋਕਾਂ ਨੂੰ ਨਾਮਜ਼ਦ ਕੀਤਾ ਹੈ। ਇਸ ਵਿੱਚ ਪੰਜ ਜਾਣੇ-ਪਛਾਣੇ ਅਤੇ ਚਾਰ ਅਣਪਛਾਤੇ ਲੋਕ ਸ਼ਾਮਲ ਹਨ।ਥਾਣਾ ਨਹੀਆਵਾਲਾ ਪੁਲਿਸ ਕੋਲ ਪਿੰਡ ਦਾਨ ਸਿੰਘ ਵਾਲਾ ਦੀ ਵਸਨੀਕ ਔਰਤ ਨਿਰਮਲ ਕੌਰ ਪਤਨੀ ਇਕਬਾਲ ਸਿੰਘ ਨੇ ਸ਼ਿਕਾਇਤ ਦਰਜ ਕਰਵਾਈ ਕਿ ਉਸਦੀ ਉਮਰ ਕਰੀਬ 65 ਸਾਲ ਹੈ। ਉਸਦੇ ਦੋ ਬੱਚੇ ਹਨ। ਸਭ ਤੋਂ ਵੱਡਾ ਲੜਕਾ ਹਰਜਿੰਦਰ ਸਿੰਘ ਅਤੇ ਛੋਟਾ ਹਰਵਿੰਦਰ ਸਿੰਘ ਹੈ ਅਤੇ ਦੋਵੇਂ ਲੜਕੇ ਦਿਹਾੜੀ ਮਜ਼ਦੂਰੀ ਦਾ ਕੰਮ ਕਰਦੇ ਹਨ। ਬੀਤੇ ਦਿਨ ਉਸਦੇ ਪਤੀ ਅਤੇ ਦੋਵੇਂ ਲੜਕੇ ਆਪਣੇ ਘਰੇਲੂ ਕੰਮ ਲਈ ਬਾਹਰ ਗਏ ਹੋਏ ਸਨ। ਇਸੇ ਦੌਰਾਨ ਸ਼ਾਮ 8:30 ਵਜੇ ਦੇ ਕਰੀਬ ਹੈਪੀ ਸਿੰਘ ਉਰਫ ਘੁੱਗਾ, ਰੇਸ਼ਮ ਸਿੰਘ, ਹਨੀ ਸਿੰਘ, ਘੁੱਗੀ ਸਿੰਘ, ਪਿੰਕਾ ਸਿੰਘ ਅਤੇ ਕਰੀਬ 4 ਤੋਂ 5 ਅਣਪਛਾਤੇ ਵਿਅਕਤੀ, ਸਾਰੇ ਪਿੰਡ ਦਾਨ ਸਿੰਘ ਵਾਲਾ ਦੇ ਵਸਨੀਕ, ਲਾਠੀ, ਡੰਡੇ ਅਤੇ ਕ੍ਰਿਪਾਨਾਂ ਲੈ ਕੇ ਉਨ੍ਹਾਂ ਦੇ ਘਰ ਵਿੱਚ ਦਾਖਲ ਹੋ ਗਏ। ਉਨ੍ਹਾਂ ਨੇ ਘਰ ਦਾ ਮੁੱਖ ਗੇਟ ਧੱਕਾ ਦੇ ਕੇ ਤੋੜ ਦਿੱਤਾ। ਘਰ ਵਿੱਚ ਵੜਦੇ ਹੀ ਕਹਿਣ ਲੱਗੇ ਕਿ ਆਪਣੇ ਬੇਟੇ ਨੂੰ ਬਾਹਰ ਕੱਢੋ। ਉਨ੍ਹਾਂ ਨੂੰ ਦੇਖ ਕੇ ਨਿਰਮਲ ਕੌਰ, ਉਸਦੀ ਨੂੰਹ ਗੁਲਾਬਜੀਤ, ਰਾਜਿੰਦਰ ਕੌਰ ਅਤੇ ਛਿੰਦਰਪਾਲ ਕੌਰ, ਜੋ ਘਰ ਵਿੱਚ ਬੈਠੀਆਂ ਸਨ, ਅਚਾਨਕ ਹਮਲਾ ਹੁੰਦਾ ਦੇਖ ਘਬਰਾ ਗਈਆਂ। ਹਮਲਾਵਰਾਂ ਨੇ ਆਉਂਦੇ ਹੀ ਘਰ ਵਿੱਚ ਭੰਨਤੋੜ ਕਰਨ ਦੇ ਨਾਲ ਅੰਦਰ ਰੱਖੇ ਸੋਫਾ ਰੂਮ ਨੂੰ ਅੱਗ ਲਾ ਦਿੱਤੀ। ਘਰ ਦੀਆਂ ਔਰਤਾਂ ਦੇ ਚੀਕਣ ਦੀ ਆਵਾਜ਼ ਸੁਣ ਕੇ ਆਸਪਾਸ ਦੇ ਲੋਕ ਇਕੱਠੇ ਹੋਣੇ ਸ਼ੁਰੂ ਹੋ ਗਏ ਤਾਂ ਸਾਰੇ ਹਮਲਾਵਰ ਆਪਣੇ ਹਥਿਆਰਾਂ ਸਮੇਤ ਮੌਕੇ ਤੋਂ ਭੱਜ ਗਏ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਨ੍ਹਾਂ ਦੇ ਬੇਟੇ ਹਰਵਿੰਦਰ ਸਿੰਘ ਨਾਲ ਹਮਲਾਵਰਾਂ ਦਾ ਕੁਝ ਸਮਾਂ ਪਹਿਲਾਂ ਝਗੜਾ ਹੋਇਆ ਸੀ। ਇਸੇ ਕਾਰਨ ਉਕਤ ਲੋਕਾਂ ਨੇ ਘਰ ਵਿੱਚ ਵੜ ਕੇ ਭੰਨਤੋੜ ਕੀਤੀ ਹੈਇਸ ਸਬੰਧੀ ਐਸਪੀ ਇਨਵੈਸਟੀਗੇਸ਼ਨ ਜਸਮੀਤ ਸਿੰਘ ਨੇ ਦੱਸਿਆ ਹੈ ਕਿ ਪੀੜਤ ਔਰਤ ਗੁਰਮੇਲ ਕੌਰ ਦੇ ਬਿਆਨਾਂ'ਤੇ ਪੰਜ ਵਿਅਕਤੀਆਂ ਅਤੇ ਚਾਰ ਅਣਪਛਾਤੇ ਵਿਅਕਤੀਆਂ ਨੂੰ ਨਾਮਜ਼ਦ ਕੀਤਾ ਗਿਆ ਹੈ। ਇਸ ਦੌਰਾਨ ਪੁਲਿਸ ਨੇ ਚਾਰ ਜਣਿਆਂ ਨੂੰ ਗ੍ਰਿਫਤਾਰ ਵੀ ਕਰ ਲਿਆ ਹੈ।

# ਮਾਈ ਭਾਗੋ ਡਿਗਰੀ ਕਾਲਜ ਰੱਲਾ ਦਾ ਪੀ.ਜੀ.ਡੀ.ਸੀ.ਏ. ਦਾ ਨਤੀਜਾ ਰਿਹਾ ਸ਼ਾਨਦਾਰ





ਜੋਗਾ, 12 ਜੂਨ (ਵਿਰੇਂਦਰਪਾਲ ਮੰਤਰੋ)ਮਾਈ ਭਾਗੋ ਡਿਗਰੀ ਰੱਲਾ ਸੰਸਥਾ ਨੂੰ ਅਕਾਦਮਿਕ ਖੇਤਰ ਵਿੱਚ ਇਲਾਕੇ ਦੀ ਨਾਮਵਰ ਸੰਸਥਾ ਵਜੋਂ ਜਾਣਿਆ ਜਾਂਦਾ ਹੈ। ਪ੍ਰਿੰਸੀਪਲ ਡਾ.ਪਰਮਿੰਦਰ ਕੁਮਾਰੀ ਦੀ ਰਹਿਨੁਮਾਈ ਹੇਠ ਸੰਸਥਾ ਦੇ ਵਿਦਿਆਰਥੀਆਂ ਨੇ ਅਕਾਦਮਿਕ ਖੇਤਰ ਹਮੇਸ਼ਾ ਚੰਗੇ ਨਤੀਜੇ ਹਾਸਿਲ ਕੀਤੇ ਹਨ।ਇਸੇ ਲੜੀ ਵਿੱਚ ਬੀਤੇ ਦਿਨੀਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਪੀ.ਜੀ.ਡੀ.ਸੀ.ਏ. ਸਮੈਸਟਰ ਪਹਿਲਾ ਦੇ ਨਤੀਜੇ ਵਿੱਚੋਂ ਸੰਸਥਾ ਦੇ ਵਿਦਿਆਰਥੀਆਂ ਨੇ ਚੰਗੀਆਂ ਪੁਜੀਸਨਾਂ ਹਾਸਿਲ ਕੀਤੀਆਂ ਹਨ। ਇਸ ਮੌਕੇ ਤੇ ਡਿਗਰੀ ਕਾਲਜ ਦੇ ਕੋਆਰਡੀਨੇਟਰ ਸ੍. ਹਰਪ੍ਰੀਤ ਸਿੰਘ ਨੇ ਖੁਸ਼ੀ ਜਾਹਿਰ ਕਰਦਿਆਂ ਦੱਸਿਆ ਕਿ ਵਿਦਿਆਰਥੀਆਂ ਕੋਮਲਪ੍ਰੀਤ ਕੌਰ ਪੁੱਤਰੀ ਰਘਵੀਰ ਸਿੰਘ ਨੇ ਪਹਿਲਾ, ਰਵਿੰਦਰ ਸਿੰਘ ਪੁੱਤਰ ਅਮਰਜੀਤ ਸਿੰਘ ਨੇ ਦੂਸਰਾ ਅਤੇ ਸੌਰਵ ਸ਼ਰਮਾਂ ਪੁੱਤਰ ਭਗਵੰਤ ਰਾਜ ਨੇ ਤੀਸਰਾ ਸਥਾਨ ਹਾਸਲ ਕੀਤਾ। ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ ਤੇ ਸੰਸਥਾ ਦੀ ਸਮੂਹ ਮੈਨੇਜ਼ਮੈਂਟ ਨੇ ਇਨ੍ਹਾਂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਇਸ ਸ਼ਾਨਦਾਰ ਨਤੀਜੇ ਲਈ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਅਣਥੱਕ ਮਿਹਨਤ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੇ ਚੰਗੇ ਨੰਬਰ ਲੈ ਕੇ ਆਪਣੇ ਮਾਪਿਆਂ ਤੇ ਸੰਸਥਾ ਦਾ ਵੀ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਸੰਸਥਾ ਦੇ ਚੇਅਰਮੈਨ ਡਾ. ਬਲਵਿੰਦਰ ਸਿੰਘ ਬਰਾੜ, ਮੈਨੇਜਿੰਗ ਡਾਇਰੈਕਟਰ ਸ੍. ਕੁਲਦੀਪ ਸਿੰਘ ਖਿਆਲਾ, ਸਕੱਤਰ ਮਨਜੀਤ ਸਿੰਘ ਖਿਆਲਾ ਅਤੇ ਆਫਿਸ ਐਡਮਨਿਸਟ$ਰੇਟਰ ਮੈਡਮ ਲਵਪ੍ਰੀਤ ਕੌਰ ਨੇ ਵਿਦਿਆਰਥੀਆਂ ਅਤੇ ਸਟਾਫ ਨੂੰ ਵਧਾਈ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਨੇ ਆਪਣੀ ਕਾਬਲੀਅਤ ਤੇ ਲਗਨ ਸਦਕਾ ਸੰਸਥਾ ਅਤੇ ਅਧਿਆਪਕਾਂ ਦਾ ਮਾਣ ਵਧਾਇਆ ਹੈ ਉਨ੍ਹਾਂ ਕਿਹਾ ਅਜੋਕੇ ਸਮੇਂ ਵਿੱਚ ਕੰਪਿਊਟਰ ਸਿੱਖਿਆ ਦੀ ਵਧ ਰਹੀ ਮੰਗ ਨੂੰ ਦੇਖਦੇ ਹੋਏ ਵਿਦਿਆਰਥੀਆਂ ਨੂੰ ਇਹਨਾਂ ਕੋਰਸਾਂ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨਾ ਚਾਹੀਦਾ ਹੈ। ਇਸ ਮੌਕੇ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।



# ਪਟਿਆਲਾ-ਆਸ/ਪਾਸ



## ਭਾਰਤੀ ਕਿਸਾਨ ਯੂਨੀਅਨ ਕਾਦੀਆਂ ਵੱਲੋਂ ਪਾਵਰਕਾਮ ਚੇਅਰਮੈਨ ਨਾਲ ਮੁਲਾਕਾਤ, ਦਿੱਤਾ ਮੰਗ ਪੱਤਰ

ਨਾਭਾ, 12 ਜੂਨ (ਬਲਜਿੰਦਰ ਮਾਨ) : ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਕੌਮੀ ਪ੍ਰਧਾਨ ਹਰਮੀਤ ਸਿੰਘ ਕਾਦੀਆਂ ਦੀ ਅਗਵਾਈ 'ਚ ਵੱਖ ਵੱਖ ਜ਼ਿਲ੍ਹਾ ਪ੍ਰਧਾਨਾਂ ਨੇ ਅਜੇ ਕੁਮਾਰ ਸਿਨ੍ਹਾ ਚੇਅਰਮੈਨ-ਕਮ-ਮੈਨੇਜਿੰਗ ਡਾਇਰੈਕਟਰ ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਲਿਮਿਟਡ ਪਟਿਆਲਾ ਨਾਲ ਮੁਲਾਕਾਤ ਕਰਕੇ ਕਿਸਾਨਾਂ ਨੂੰ ਆਉਣ ਵਾਲੀਆਂ ਝੋਨੇ ਦੇ ਸੀਜ਼ਨ ਦੀ ਸਮੱਸਿਆ ਬਾਬਤ ਮੰਗ ਮੰਗ ਪੱਤਰ ਦਿੱਤਾ। ਕੌਮੀ ਪ੍ਰਧਾਨ ਹਰਮੀਤ ਸਿੰਘ ਕਾਦੀਆਂ ਨੇ ਮੰਗ ਕੀਤੀ ਕਿ ਗਰਿੱਡਾਂ ਵਿੱਚ ਮੁਲਾਜਮਾਂ ਦੀ ਘਾਟ ਪੂਰੀ ਕੀਤੀ ਜਾਵੇ ਬੇਸ਼ੱਕ ਆਰਜ਼ੀ ਤੌਰ 'ਤੇ ਸੀਜ਼ਨ ਲਈ ਪ੍ਰਾਈਵੇਟ ਮੁਲਾਜ਼ਮ ਰੱਖੇ ਜਾਣ, ਬਿਜਲੀ ਸਪਲਾਈ ਸਬੰਧੀ ਸਹੀ ਜਾਣਕਾਰੀ ਦਿੱਤੀ ਜਾਵੇ, ਵੀ.ਡੀ.ਐਸ. ਸਕੀਮ ਲਾਗੂ ਕਰਨਾ ਜਿਨ੍ਹਾਂ ਕਿਸਾਨਾਂ ਨੇ ਲੰਮੇ ਸਮੇਂ ਤੋਂ ਸਕਿਊਰਟੀ ਜਮ੍ਹਾਂ ਕਰਵਾਈ ਹੈ, ਉਨਾਂ ਨੂੰ ਕੁਨੈਕਸ਼ਨ ਜਾਰੀ ਕਰਨ ਬਾਰੇ, ਘਰਾਂ ਵਿੱਚ ਮੀਟਰ ਨਵਾਂ ਲਗਾਉਣ ਲਈ ਨਵੇਂ ਕੁਨੈਕਸ਼ਨ ਲਈ ਘਰ ਦੀ ਰਜਿਸਟਰੀ ਦੀ ਸ਼ਰਤ ਖਤਮ ਕੀਤੀ ਜਾਵੇ, ਢਿੱਲੀਆਂ ਤਾਰਾਂ ਅਤੇ ਟੁੱਟੇ ਖੰਬੇ ਸੜੇ ਟਰਾਂਸਫਾਰਮਰ ਬਿਜਲੀ ਮਹਿਕਮੇ ਵੱਲੋ ਆਪਣੇ ਆਪ ਦਰੁੱਸਤ ਕੀਤੇ ਜਾਣ। ਉਨ੍ਹਾਂ ਕਿਹਾ ਕਿ ਇੱਕੇ ਖੇਵਟ ਵਿੱਚ ਕੁਨੈਕਸ਼ਨ ਸਿਫਟ ਕਰਨ ਦੀ ਕਿਸਾਨ ਨੂੰ ਖੁੱਲ੍ਹ ਹੋਣੀ ਚਾਹੀਦੀ ਹੈ, ਕਿਉਂਕਿ ਧਰਤੀ ਹੇਠਲਾ ਪਾਣੀ ਬਹੁਤ ਜਲਦੀ ਬਦਲ ਜਾਂਦਾ ਹੈ ਜਾਂ ਬੋਰ ਖਰਾਬ ਹੋ ਜਾਣ ਤਾਂ ਦੂਸਰੇ ਬੋਰ ਉਪਰ ਕਿਸਾਨ ਆਪਣੀ ਮੋਟਰ ਚਲਾਉਣ ਦੀ ਖੁੱਲ੍ਹ ਹੋਣੀ ਚਾਹੀਦੀ ਹੈ। ਉਨ੍ਹਾਂ ਮੰਗ ਕਰਦਿਆਂ ਕਿਹਾ ਕਿ ਫੀਡਰ ਫਾਲਟ ਹੋਣ 'ਤੇ ਅਗਲੀ ਸਪਲਾਈ ਦੇ ਨਾਲ ਮਿਸ ਹੋਈ ਸਪਲਾਈ ਦਿੱਤੀ ਜਾਵੇ। ਚੋਰੀ ਹੋਈ ਟਰਾਂਸਫਾਰਮਰਾਂ ਦੀ ਐਫ.ਆਈ.ਆਰ. 24 ਘੰਟਿਆਂ ਵਿੱਚ ਦਰਜ ਕੀਤੀ ਜਾਵੇ ਅਤੇ ਐਫ.ਆਈ.ਆਰ. ਬਿਜਲੀ ਮਹਿਕਮੇ ਵੱਲੋਂ ਆਪਣੇ ਤੌਰ 'ਤੇ ਕਰਵਾਈ ਜਾਵੇ। ਅਖੀਰ 'ਚ ਕੌਮੀ ਪ੍ਰਧਾਨ ਹਰਮੀਤ ਸਿੰਘ ਕਾਦੀਆਂ ਨੇ ਮੰਗ ਕੀਤੀ ਕਿ ਚੋਰੀ ਹੋਏ ਟਰਾਂਸਫਾਰਮਰਾਂ ਅਤੇ ਸੜੇ ਟਰਾਂਸਫਾਰਮਰਾਂ ਨੂੰ ਜਲਦੀ ਤੋਂ ਜਲਦੀ ਬਦਲੇ ਜਾਣ ਲਈ ਐਸ.ਡੀ.ਓ. ਪੱਧਰ 'ਤੇ ਪੰਜ-ਪੰਜ ਟਰਾਂਸਫਾਰਮਰਾਂ ਸਪੇਅਰ ਰੱਖੇ ਜਾਣ ਤਾਂ ਜੋ ਸੀਜ਼ਨ ਵੇਲੇ ਕਿਸਾਨ ਦੀ ਫਸਲ ਖਰਾਬ ਹੋਣ ਤੋ ਬਚਾਈ ਜਾਵੇ। ਇਸ ਮੌਕੇ ਭੁਪਿੰਦਰ ਸਿੰਘ ਸੰਗਰੂਰ, ਕੁਲਦੀਪ ਸਿੰਘ ਮਾਨਸਾ, ਗੁਰਮੀਤ ਸਿੰਘ ਫਰੀਦਕੋਟ, ਮਨਪ੍ਰੀਤ ਸਿੰਘ ਫਾਜ਼ਿਲਕਾ, ਵੀਰਪਾਲ ਸਿੰਘ ਲੁਧਿਆਣਾ, ਗੁਰਸਾਹਿਬ ਸਿੰਘ ਤਰਨਤਾਰਨ, ਪਵਿੱਤਰ ਸਿੰਘ ਹੁਸ਼ਿਆਰਪੁਰ, ਸਰਬਜੀਤ ਸਿੰਘ ਫਤਿਹਗੜ੍ਹ, ਗੁਰਵਿੰਦਰ ਸਿੰਘ ਫਿਰੋਜ਼ਪੁਰ, ਰਜਿੰਦਰ ਸਿੰਘ ਮੋਹਾਲੀ, ਕਮਿਕਰ ਸਿੰਘ ਮਲੇਰਕੋਟਲਾ, ਗੁਰਦਰਸ਼ਨ ਸਿੰਘ ਮੁਕਤਸਰ ਸਾਹਿਬ ਤੇ ਜ਼ਿਲ੍ਹਾ ਪਟਿਆਲਾ ਪ੍ਰਧਾਨ ਅਬਜਿੰਦਰ ਸਿੰਘ ਜੋਗੀ ਗਰੇਵਾਲ ਨਾਨੋਕੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

## ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ

ਪਟਿਆਲਾ, 12 ਜੂਨ (ਰੁਪਾਣਾ/ ਵਿਨੋਦ ਸ਼ਰਮਾ/ਅਮਰਜੀਤ) :ਨੌਵੇਂ



ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਸੰਗਤਾਂ ਵੱਲੋਂ ਗੁਰੂ ਘਰ ਵਿਖੇ ਮੱਥਾ ਟੇਕ ਕੇ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ। ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਗੁਰੂ ਸਾਹਿਬ ਦੇ ਗੁਰਪੁਰਬ ਸਬੰਧੀ ਸੰਗਤਾਂ ਨੂੰ ਵਧਾਈ ਦਿੱਤੀ ਅਤੇ ਮਾਨਵਤਾ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਹਜ਼ੂਰੀ ਰਾਗੀ ਕੀਰਤਨੀ ਜਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕੀਤਾ ਅਤੇ ਗੁਰਦੁਆਰਾ ਸਾਹਿਬ ਦੇ ਦੀਵਾਨ ਵਿਖੇ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸੰਗਤਾਂ ਨੂੰ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਵਧਾਈ ਦਿੱਤੀ ਅਤੇ ਦੱਸਿਆ ਕਿ ਮਾਤਾ ਗੰਗਾ ਜੀ ਨੇ ਬਾਬਾ ਬੁੱਢਾ ਜੀ ਪਾਸੋਂ ਪੁੱਤਰ ਦੀ ਦਾਤ ਛੇਵੇਂ ਪਾਤਸ਼ਾਹ ਦੇ ਰੂਪ ਵਿਚ ਪ੍ਰਾਪਤ ਕੀਤੀ। ਉਨ੍ਹਾਂ ਦੱਸਿਆ ਕਿ ਗੁਰੂ ਸਾਹਿਬ ਨੇ ਆਪਣੇ ਜੀਵਨ ਦੌਰਾਨ ਚਾਰ ਦੇ ਕਰੀਬ ਅਜਿਹੀਆਂ ਜੰਗਾਂ ਵੀ ਲੜੀਆਂ, ਜੋ ਜਬਰ ਤੇ ਜ਼ੁਲਮ ਦੇ ਖਿਲਾਫ਼ ਜਿੱਤ ਦਾ ਪ੍ਰਤੀਕ ਵੀ ਹਨ। ਉਨ੍ਹਾਂ ਕਿਹਾ ਕਿ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਨੇ ਸਮੁੱਚੀ ਮਾਨਵਤਾ ਨੂੰ ਮੀਰੀ ਪੀਰੀ ਦਾ ਵਿਲੱਖਣ ਸਿਧਾਂਤ ਦੇ ਕੇ ਉਨ੍ਹਾਂ ਸਾਰੀਆਂ ਪਾਬੰਦੀਆਂ ਨੂੰ ਵੀ ਤੋੜਿਆ, ਜਿਸ ਕਰਕੇ ਗੁਰੂ ਸਾਹਿਬ ਨੂੰ ਬੰਦੀ ਛੋੜ ਦਾਤਾ ਵੀ ਆਖਿਆ ਜਾਂਦਾ ਹੈ। ਪ੍ਰੋ. ਬਡੂੰਗਰ ਨੇ ਭਗਤ ਕਬੀਰ ਜੀ ਦੇ ਜੀਵਨ ਬਾਬਤ ਵੀ ਇਤਿਹਾਸ ਦੀ ਰੋਸ਼ਨੀ ਵਿਚ ਜਾਣੂੰ ਕਰਵਾਇਆ ਕਿ ਉਸ ਸਮੇਂ ਦੇ ਕਾਲ ਦੌਰਾਨ ਵਿਵਸਥਾ ਪਰਿਵਰਤਨ 'ਤੇ ਵੱਡੀ ਚੋਟ ਕੀਤੀ ਸੀ। ਅੱਜ ਬਹੁਤ ਸਾਰੇ ਰਾਮਾ ਭਗਤ ਕਬੀਰ ਦੇ ਜੀਵਨ ਇਤਿਹਾਸ ਨੂੰ ਤੋੜ ਮਰੋੜ ਕੇ ਪੇਸ਼ ਕਰ ਰਹੇ ਹਨ, ਜਦਕਿ ਭਗਤ ਕਬੀਰ ਜੀ ਨੇ ਸਮਾਜਕ ਬਰਾਬਰੀ, ਜਾਤ ਪਾਤ ਊਚ ਨੀਚ ਵਰਗੀ ਬੁਰਾਈ ਅਤੇ ਅਜਿਹੀ ਚੋਟ ਕੀਤੀ ਸੀ, ਜਿਸ ਨਾਲ ਮਨੁੱਖਤਾ ਨੂੰ ਜੀਵਨ ਜਾਚ ਵਿਚ ਬਰਾਬਰੀ ਦਾ ਹੱਕ ਮਿਲਿਆ ਅਤੇ ਸਮਾਜ ਨੂੰ ਅਜਿਹੇ ਬੰਧਨਾਂ ਤੋਂ ਮੁਕਤ ਕੀਤਾ, ਜਿਸ ਨਾਲ ਨਰੋਏ ਸਮਾਜ ਦੀ ਸਿਰਜਣਾ ਦਾ ਸਿਧਾਂਤ ਪ੍ਰਗਟ ਹੋਇਆ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਮੈਨੇਜਰ ਭਾਗ ਸਿੰਘ ਵੱਲੋਂ ਪੁੱਜੀਆਂ ਸੰਗਤਾਂ ਦਾ ਜਿੱਥੇ ਧੰਨਵਾਦ ਕੀਤਾ ਗਿਆ, ਉੱਥੇ ਹੀ ਵੱਖ ਵੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਵੀ ਭੇਟ ਕੀਤਾ ਗਿਆ। ਗੁਰਮਤਿ ਸਮਾਗਮ ਦੌਰਾਨ ਹੋਰਨਾਂ ਤੋਂ ਇਲਾਵਾ ਐਡੀਸ਼ਨਲ ਮੈਨੇਜਰ ਜਸਵਿੰਦਰ ਸਿੰਘ, ਮੀਤ ਮੈਨੇਜਰ ਮਨਦੀਪ ਸਿੰਘ ਭਲਵਾਨ, ਸਾਬਕਾ ਹੈੱਡ ਗ੍ਰੰਥੀ ਭਾਈ ਸੁਖਦੇਵ ਸਿੰਘ, ਭਾਈ ਸਰਬਜੀਤ ਸਿੰਘ, ਭਾਈ ਹਰਜੀ ਸਿੰਘ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦਾ ਸਮੁੱਚਾ ਸਟਾਫ਼, ਅਧਿਕਾਰੀ ਤੇ ਸੰਗਤਾਂ ਆਦਿ ਹਾਜ਼ਰ ਸਨ।

## ਗੁਰਦੁਆਰਾ ਸਿੱਧਸਰ ਅਲੌਹਰਾਂ ਸਾਹਿਬ ਵਿਖੇ ਪੂਰਨਮਾਸ਼ੀ ਦਾ ਪਵਿੱਤਰ ਦਿਹਾੜਾ ਮਨਾਇਆ



ਨਾਭਾ, 12 ਜੂਨ (ਗੁਰਚਰਨ ਸਿੰਘ ਚੌਧਰੀ ਮਾਜਰਾ) : ਇਥੋਂ ਦੇ ਨਜ਼ਦੀਕ ਇਤਿਹਾਸਿਕ ਗੁਰਦੁਆਰਾ ਸਿੱਧਸਰ ਅਲੌਹਰਾਂ ਸਾਹਿਬ ਵਿਖੇ ਪੂਰਨਮਾਸ਼ੀ ਪਵਿੱਤਰ ਦਿਹਾੜਾ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ, ਜਿੱਥੇ ਵਿਸ਼ਾਲ ਸੰਗਤਾਂ ਦੀ ਤਾਦਾਦ ਵਿੱਚ ਗੁਰੂ ਘਰ ਸੰਗਤਾਂ ਨਤਮਸਤਕ ਹੋਈਆਂ ਅਤੇ ਅੰਮ੍ਰਿਤ ਸੰਚਾਰ ਵੀ ਕਰਵਾਇਆ ਗਿਆ। ਇਸ ਮੌਕੇ 'ਤੇ ਬਾਬਾ ਹਰਦੇਵ ਸਿੰਘ ਸਿੰਘ ਜੀ ਬਾਬਾ ਜੀ ਨੇ ਧਾਰਮਿਕ ਦਿਵਾਨ ਸਜਾਏ। ਉਹਨਾਂ ਕਿਹਾ ਕਿ ਗੁਰਦੁਆਰਾ ਸਿੱਧਸਰ ਅਲੌਹਰਾਂ ਸਾਹਿਬ ਵਿਖੇ ਵੀ ਸੈਂਕੜਿਆਂ ਦੀ ਤਾਦਾਦ ਵਿੱਚ ਸੰਗਤਾਂ ਨੂੰ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਇਸ ਮੌਕੇ 'ਤੇ ਗੁਰੂ ਦੇ ਅਤੁੱਟ ਲੰਗਰ ਵਰਤਾਏ ਗਏ। ਇਸ ਮੌਕੇ 'ਤੇ ਬਾਬਾ ਬਲਦੇਵ ਸਿੰਘ, ਬਾਬਾ ਤਰਲੋਚਨ ਸਿੰਘ ਜੀ ਹੈੱਡ ਗ੍ਰੰਥੀ, ਸਾਬਕਾ ਚੇਅਰਮੈਨ ਪਰਮਜੀਤ ਸਿੰਘ ਖੱਟੜਾ, ਸਾਬਕਾ ਚੇਅਰਮੈਨ ਇੱਛਿਆ ਮਾਨ ਸਿੰਘ, ਪ੍ਰਧਾਨ ਸੁਰਜੀਤ ਸਿੰਘ, ਗਮਦੂਰ ਸਿੰਘ, ਸਰਦਾਰਾ ਸਿੰਘ, ਗੁਰਵਿੰਦਰ ਸਿੰਘ, ਦਰਸ਼ਨ ਸਿੰਘ, ਰਾਜਿੰਦਰ ਸਿੰਘ, ਗੁਰਚਰਨ ਸਿੰਘ, ਗੁਰਦੇਵ ਸਿੰਘ ਖੋਖ,ਰੌਸ਼ਨ ਸਿੰਘ,ਦਰਬਾਰਾ ਸਿੰਘ, ਜਗਤਾਰ ਸਿੰਘ, ਹਰਪਾਲ ਸਿੰਘ, ਬਲਵੰਤ ਸਿੰਘ, ਕਰਮਜੀਤ ਸਿੰਘ, ਹਰਪਾਲ ਸਿੰਘ, ਮੁਸਤਾਕ ਕਿੰਗ ਸਰਪੰਚ ਅਲੌਹਰਾਂ ਤੋਂ ਇਲਾਵਾ ਆਦਿ ਸੰਗਤ ਹਾਜ਼ਰ ਸੀ।

## ਥਾਣਾ ਸਪੈਸ਼ਲ ਸੈੱਲ ਦੇ ਇੰਚਾਰਜ ਪਵਨ ਕੁਮਾਰ ਸ਼ਰਮਾ ਦਾ ਸਨਮਾਨ



ਪਟਿਆਲਾ, 12 ਜੂਨ (ਚ.ਨ.ਸ.) : ਪੰਜਾਬ ਸਟੇਟ ਹਿਊਮਨ ਸਰਵਿਸ ਸੁਸਾਇਟੀ ਵੱਲੋਂ ਥਾਣਾ ਸਪੈਸ਼ਲ ਸੈਲ ਦੇ ਇੰਚਾਰਜ ਪਵਨ ਕੁਮਾਰ ਸ਼ਰਮਾ ਨੂੰ ਸਨਮਾਨਿਤ ਕੀਤਾ। ਸਟੇਟ ਪ੍ਰਧਾਨ ਜਤਿੰਦਰ ਸ਼ਰਮਾ ਨੇ ਦੱਸਿਆ ਕਿ ਪਵਨ ਕੁਮਾਰ ਬਹੁਤ ਹੀ ਇਮਾਨਦਾਰ ਤੇ ਮਿਹਨਤੀ ਪੁਲਿਸ ਅਫਸਰ ਹਨ। ਇਸ ਮੌਕੇ ਸਟੇਟ ਹਿਊਮਨ ਸਰਵਿਸ ਵੱਲੋਂ ਉਨ੍ਹਾਂ ਨਾਲ ਮੀਟਿੰਗ ਕੀਤੀ ਗਈ। ਜਿਸ ਵਿੱਚ ਇਲਾਕਿਆ ਵਿੱਚ ਹੋ ਰਹੇ ਨਸ਼ੇ ਤੇ ਚੌਰੀਆ ਦੇ ਖਿਲਾਫ ਸਖਤ ਕਦਮ ਚੁੱਕਣ, ਲਈ ਕਿਹਾ। ਉਹਨਾਂ ਦੇ ਸਪੈਸ਼ਲ ਸੈਲ ਇੰਚਾਰਜ ਲੱਗਣ ਤੇ ਚੌਰਾ ਵਿੱਚ ਡਰ ਤੇ ਲੋਕਾਂ ਦੀ ਖੁਸ਼ੀ ਦਾ ਮਹੌਲ ਹੈ। ਇਸ ਮੌਕੇ ਤੇ ਸਟੇਟ ਪ੍ਰਧਾਨ ਜਤਿੰਦਰ ਸ਼ਰਮਾ, ਪ੍ਰਧਾਨ ਰਤਨ ਮੱਟੂ, ਰਾਮ ਪਾਲ, ਵਰਸ਼ਾ ਗੋਇਲ, ਲਵਲੀ ਅਰੌੜਾ, ਕਿਰਨ ਠਾਕੁਰ ਆਦਿ ਪਤਵੰਤੇ ਸੱਜਣ ਹਾਜ਼ਰ ਰਹੇ।

*ਪਟਿਆਲਾ ਰੇਂਜ ਪੁਲਿਸ ਦੀ ਚੇਤਾਵਨੀ*

## ਨਸ਼ਾ ਤਸਕਰ ਨਸ਼ਿਆਂ ਦਾ ਕਾਰੋਬਾਰ ਛੱਡ ਕੇ ਕੋਈ ਹੋਰ ਕੰਮ ਕਰਨ: ਡਾ. ਨਾਨਕ ਸਿੰਘ

ਪਟਿਆਲਾ, 12 ਜੂਨ (ਚ.ਨ.ਸ.) : ਨਸ਼ਿਆਂ ਵਿਰੁੱਧ ਲੰਮੇ ਸਮੇਂ ਤੋਂ ਕੰਮ ਕਰ ਰਹੀਆਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵਲੋਂ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਦੇ ਸਹਿਯੋਗ ਨਾਲ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਕਾਰ ਸਰਦਾਰ ਭਗਵੰਤ ਸਿੰਘ ਮਾਨ ਦੀ ਸਰਪ੍ਰਸਤੀ ਅਤੇ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਪਟਿਆਲਾ ਵਿਖੇ ਪਬਲਿਕ ਅਤੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਪ੍ਰੋਗਰਾਮ ਕਰਵਾਇਆ ਗਿਆ,ਜਿਸ ਵਿਚ ਮੁੱਖ



ਮਹਿਮਾਨ ਡੀ.ਆਈ.ਜੀ. ਪਟਿਆਲਾ ਰੇਂਜ ਡਾ. ਨਾਨਕ ਸਿੰਘ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਬਲਜਿੰਦਰ ਸ਼ਰਮਾ ਪੰਜੋਲਾ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੌਂਸਲਿੰਗ ਸੈਲ ਨੇ ਕੀਤੀ , ਵਿਸ਼ੇਸ਼ ਤੌਰ 'ਤੇ ਸੁਖਜਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਸਤਪਾਲ ਪਰਾਸ਼ਰ, ਵਿਨੇ ਸ਼ਰਮਾ ਰਿਟਾਇਰ ਐਸ.ਡੀ.ਓ. ਬਿਜਲੀ ਬੋਰਡ, ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਲੱਕੀ ਹਰਦਾਸਪੁਰ ਹਰਮਨਜੀਤ ਸਿੰਘ ਰੰਧਾਵਾ ਨੇ ਸ਼ਿਰਕਤ ਕੀਤੀ। ਇਸ ਮੌਕੇ ਡੀ ਆਈ ਜੀ ਪਟਿਆਲਾ ਰੇਂਜ ਡਾ. ਨਾਨਕ ਸਿੰਘ ਨੇ ਕਿਹਾ ਕਿ ਉੱਚ ਅਧਿਕਾਰੀਆਂ ਦੀਆਂ ਹਦਾਇਤਾਂ ਹਨ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਨਾ ਬਖਸ਼ਿਆ ਜਾਵੇ । ਪਟਿਆਲਾ ਰੇਂਜ ਪੁਲਿਸ ਵੱਲੋਂ ਅਚਨਚੇਤ ਨਸ਼ਾ ਤਸਕਰਾਂ ਨੂੰ ਫੜਨ ਲਈ ਚੈਕਿੰਗ ਕੀਤੀ ਜਾ ਰਹੀ ਹੈ। ਉਹਨਾਂ ਨਸ਼ਾ ਤਸਕਰਾਂ ਨੂੰ ਸਖ਼ਤ ਚੇਤਾਵਨੀ ਦਿੱਤੀ ਕਿ ਉਹ ਨਸ਼ਿਆਂ ਦੇ ਕਾਰੋਬਾਰ ਛੱਡ ਕੇ ਕੋਈ ਕੰਮ ਕਰਨਾ ਸ਼ੁਰੂ ਕਰਨ ਨਹੀਂ ਤਾਂ ਉਹਨਾਂ ਨੂੰ ਕਿਸੇ ਵੀ ਕੀਮਤ 'ਤੇ ਨਹੀਂ ਬਖਸ਼ਿਆ ਜਾਵੇਗਾ,ਉਹਨ੍ਹਾਂ ਪਬਲਿਕ ਨੂੰ ਵੀ ਅਪੀਲ ਕੀਤੀ ਕਿ ਉਹ ਨਸ਼ਿਆਂ ਵਿਰੁੱਧ ਪੁਲਿਸ ਪ੍ਰਸ਼ਾਸਨ ਨੂੰ ਸਹਿਯੋਗ ਕਰਨ ਲਈ ਅੱਗੇ ਆਉਣ।

## ਸ਼ੇਰ ਮਾਜਰਾ ਵਿਖੇ ਲੱਗੇ ਜਨ ਸੁਵਿਧਾ ਕੈਂਪ 'ਚ ਪੁੱਜੇ ਏ.ਡੀ.ਸੀ (ਜ) ਤੇ ਏ.ਡੀ.ਸੀ. ਦਿਹਾਤੀ ਵਿਕਾਸ

### ਲੋਕਾਂ ਨੂੰ ਵੱਖ-ਵੱਖ ਪਿੰਡਾਂ 'ਚ ਲੱਗ ਰਹੇ ਜਨ ਸੁਵਿਧਾ ਕੈਂਪਾਂ ਦਾ ਲਾਭ ਲੈਣ ਦਾ ਸੱਦਾ



ਸਨੌਰ, 12 ਜੂਨ (ਗੁਰਜੀਤ ਸਿੰਘ ਢੋਟ) : ਜ਼ਿਲ੍ਹੇ ਦੇ ਹਰ ਪਿੰਡ ਵਿਖੇ ਜਨ ਸੁਵਿਧਾ ਕੈਂਪ ਲਗਾਏ ਜਾ ਰਹੇ ਹਨ, ਇਸ ਲਈ ਜ਼ਿਲ੍ਹਾ ਨਿਵਾਸੀ ਆਪਣੇ ਘਰਾਂ ਦੇ ਨੇੜੇ ਲੱਗਣ ਵਾਲੇ ਇਨ੍ਹਾਂ ਕੈਂਪਾਂ ਦਾ ਲਾਜ਼ਮੀ ਲਾਭ ਲੈਣ। ਇਹ ਪ੍ਰਗਟਾਵਾ ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ (ਜ) ਇਸ਼ਾ ਸਿੰਗਲ ਅਤੇ ਏ.ਡੀ.ਸੀ. ਦਿਹਾਤੀ ਵਿਕਾਸ ਅਮਰਿੰਦਰ ਸਿੰਘ ਟਿਵਾਣਾ ਨੇ ਇੱਥੇ ਨੇੜਲੇ ਪਿੰਡ ਸ਼ੇਰ ਮਾਜਰਾ ਵਿਖੇ ਲਗਾਏ ਗਏ ਜਨ ਸੁਵਿਧਾ ਕੈਂਪ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਕੈਂਪ 'ਚ ਸ਼ੇਰਮਾਜਰਾ, ਕਰਤਾਰਪੁਰ, ਬੀੜ ਖੇੜੀ, ਹਾਜੀਮਾਜਰਾ, ਗਰੀਨ ਪਾਰਕ ਕਲੋਨੀ, ਪਸਿਆਣਾ, ਨਿਊ ਖੇੜੀ, ਖੁਸਰੋਪੁਰ ਤੇ ਖੇੜੀ ਗੁੱਜਰਾਂ ਦੇ ਵਸਨੀਕਾਂ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਪ੍ਰਦਾਨ ਕੀਤਾ ਗਿਆ। ਇਸ ਮੌਕੇ ਲੋਕਾਂ ਨੂੰ ਦਰਪੇਸ਼ ਬਹੁਤ ਸਾਰੀਆਂ ਮੁਸ਼ਕਿਲਾਂ ਦਾ ਮੌਕੇ 'ਤੇ ਨਿਪਟਾਰਾ ਕਰਨ ਸਮੇਤ ਕਈ ਸੇਵਾਵਾਂ ਦੇ ਲਾਭ ਦੇਣ ਦੇ ਮੌਕੇ 'ਤੇ ਹੀ ਸਰਟੀਫਿਕੇਟ ਵੀ ਪ੍ਰਦਾਨ ਕੀਤੇ ਗਏ। ਏ.ਡੀ.ਸੀ (ਜ) ਇਸ਼ਾ ਸਿੰਗਲ ਅਤੇ ਏ.ਡੀ.ਸੀ ਦਿਹਾਤੀ ਵਿਕਾਸ ਅਮਰਿੰਦਰ ਸਿੰਘ ਟਿਵਾਣਾ ਅੱਜ ਦੇ ਇਸ ਕੈਂਪ 'ਚ ਲੋਕਾਂ ਨੂੰ ਪ੍ਰਦਾਨ ਕੀਤੀਆਂ ਜਾ ਰਹੀਆਂ ਸੇਵਾਵਾਂ 'ਤੇ ਸੰਤੁਸ਼ਟੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਇਨ੍ਹਾਂ ਕੈਂਪਾਂ ਦਾ ਲੋਕਾਂ ਨੂੰ ਬਹੁਤ ਵੱਡਾ ਲਾਭ ਪਹੁੰਚ ਰਿਹਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਦੀ ਅਗਵਾਈ ਹੇਠ ਲੋਕਾਂ ਦੀ ਸੇਵਾ 'ਚ ਹਮੇਸ਼ਾ ਹੀ ਹਾਜ਼ਰ ਹੈ। ਉਨ੍ਹਾਂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਉਨ੍ਹਾਂ ਦੇ ਘਰਾਂ ਦੇ ਨੇੜੇ ਜਾ ਕੇ ਹੀ ਦੂਰ ਕਰਨ ਲਈ ਜ਼ਿਲ੍ਹੇ ਅੰਦਰ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਦੀ ਅਗਵਾਈ ਹੇਠ ਲਗਾਤਾਰ ਲਗਾਏ ਜਾ ਰਹੇ ਅਜਿਹੇ ਕੈਂਪ ਲੋਕਾਂ ਲਈ ਵਰਦਾਨ ਸਾਬਤ ਹੋ ਰਹੇ ਹਨ। ਇਸ ਦੌਰਾਨ ਬੀ.ਡੀ.ਪੀ.ਓ ਸੁਖਵਿੰਦਰ ਸਿੰਘ ਟਿਵਾਣਾ ਤੋਂ ਇਲਾਵਾ ਸਿਹਤ ਵਿਭਾਗ, ਪੇਂਡੂ ਵਿਕਾਸ ਤੇ ਪੰਚਾਇਤ, ਮਾਲ, ਖੁਰਾਕ ਤੇ ਸਿਵਲ ਸਪਲਾਈਜ਼, ਰੋਜ਼ਗਾਰ ਵਿਭਾਗ, ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ, ਸਿਹਤ, ਕਿਰਤ, ਖੇਤੀਬਾੜੀ ਵਿਭਾਗਾਂ ਤੇ ਸੇਵਾ ਕੇਂਦਰ ਦੇ ਕਰਮਚਾਰੀ ਅਤੇ ਅਧਿਕਾਰੀ ਮੌਜੂਦ ਸਨ।

## ਤੇਜ਼ ਰ.ਫਤਾਰ ਗੱਡੀ ਦੀ ਟੱਕਰ ਨਾਲ ਮੌਤ

ਪਟਿਆਲਾ, 12 ਜੂਨ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਪੁਲਿਸ ਕੋਲ ਹਰਜੀਤ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀ ਪਿੰਡ ਸਲੇਮਪੁਰ ਜੱਟਾ ਨੇ ਕਥਿਤ ਦੋਸ਼ੀ ਗੱਡੀ ਦੇ ਅਣਪਛਾਤੇ ਡਰਾਈਵਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦਾ ਭਤੀਜਾ ਬਲਵਿਦਰ ਸਿੰਘ ਸਕੂਟਰੀ 'ਤੇ ਸਵਾਰ ਹੋ ਕੇ ਨੂਰਖੇੜੀਆ ਬੰਦ ਪਏ ਭੱਠਾ ਪਾਸ ਜਾ ਰਿਹਾ ਸੀ, ਜੋ ਅਣਪਛਾਤੇ ਡਰਾਇਵਰ ਨੇ ਆਪਣੀ ਗੱਡੀ ਤੇਜ਼ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਉਸ ਦੇ ਭਤੀਜੇ ਵਿੱਚ ਮਾਰੀ, ਜਿਸ ਕਾਰਨ ਉਸ ਦੀ ਮੌਤ ਹੋ ਗਈ। ਪੁਲਿਸ ਨੇ ਧਾਰਾ 281,106(1) ਬੀ.ਐਨ.ਐਸ. ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਕੱਚੀਆਂ ਖੂਹੀਆਂ, ਬੋਰਵੈਲ ਤੇ ਟਿਊਬਵੈਲਾਂ ਦੀ ਖੁਦਾਈ ਤੇ ਮੁਰੰਮਤ ਸਬੰਧੀ ਦਿਸ਼ਾ ਨਿਰਦੇਸ਼ ਜਾਰੀ

ਪਟਿਆਲਾ, 12 ਜੂਨ (ਚ.ਨ.ਸ.) : ਵਧੀਕ ਜ਼ਿਲ੍ਹਾ ਮੈਜਿਸਟਰੇਟ ਇਸ਼ਾ ਸਿੰਗਲ ਨੇ ਹੁਕਮ ਜਾਰੀ ਕੀਤੇ ਹਨ ਕਿ ਜ਼ਿਲ੍ਹਾ ਪਟਿਆਲਾ ਦੀ ਹੱਦ ਅੰਦਰ ਪੇਂਡੂ ਅਤੇ ਸ਼ਹਿਰੀ ਇਲਾਕਿਆਂ ਵਿੱਚ ਬੋਰਵੈਲ/ਟਿਊਬਵੈਲ ਦੀ ਖੁਦਾਈ/ ਮੁਰੰਮਤ ਕਰਨ ਤੋਂ ਪਹਿਲਾਂ ਜ਼ਮੀਨ ਮਾਲਕ ਜ਼ਿਲ੍ਹਾ ਕੁਲੈਕਟਰ, ਸਬੰਧਤ ਸਰਪੰਚ ਗ੍ਰਾਮ ਪੰਚਾਇਤ, ਮਿਊਂਸਪਲ ਕਾਰਪੋਰੇਸ਼ਨ, ਨਗਰ ਕੌਂਸਲ, ਜਨ ਸਿਹਤ ਵਿਭਾਗ ਜਾਂ ਭੂਮੀ ਰੱਖਿਆ ਵਿਭਾਗ ਨੂੰ 15 ਦਿਨ ਪਹਿਲਾਂ ਸੂਚਿਤ ਕਰੇਗਾ ਅਤੇ ਖੂਹ/ਬੋਰਵੈਲ ਪੁੱਟਣ ਜਾਂ ਮੁਰੰਮਤ ਕਰਨ ਵਾਲੀਆਂ ਸਾਰੀਆਂ ਸਰਕਾਰੀ/ਅਰਧ ਸਰਕਾਰੀ/ਪ੍ਰਾਈਵੇਟ ਏਜੰਸੀਆਂ ਦੀ ਰਜਿਸਟ੍ਰੇਸ਼ਨ ਹੋਣਾ ਲਾਜ਼ਮੀ ਹੋਵੇਗਾ। ਹੁਕਮ ਜ਼ਿਲ੍ਹੇ ਵਿੱਚ 5 ਅਗਸਤ 2025 ਤੱਕ ਲਾਗੂ ਰਹਿਣਗੇ।

## ਵਿੱਕੀ ਘਨੌਰ ਦੀ ਟੀਮ ਸੰਜੀਵ ਅਰੋੜਾ ਦੀ ਚੋਣ ਮੁਹਿੰਮ ਲਈ ਰਵਾਨਾ

ਘਨੌਰ, 12 ਜੂਨ ( ਮਦਨ ਲਾਲ) : ਪੰਜਾਬ ਦੇ ਵਿੱਚ ਲੁਧਿਆਣਾ ਜ਼ਿਮਨੀ ਚੋਣਾਂ ਦੇ ਐਲਾਨ ਤੋਂ ਬਾਅਦ ਸਾਰੀ ਸਿਆਸੀ ਪਾਰਟੀਆਂ ਦੇ ਵੱਲੋਂ ਆਪਣੇ ਆਪਣੇ ਉਮੀਦਵਾਰ ਚੋਣ ਮੈਦਾਨ ਦੇ ਵਿੱਚ ਉਤਾਰ ਦਿੱਤੇ ਹਨ। ਇਸੇ ਤਹਿਤ ਆਮ ਆਦਮੀ ਪਾਰਟੀ ਦੇ ਵੱਲੋਂ ਲੁਧਿਆਣਾ ਪੱਛਮੀ ਤੋਂ ਸੰਜੀਵ ਅਰੋੜਾ ਨੂੰ ਆਪਣਾ ਉਮੀਦਵਾਰ ਐਲਾਨਿਆ ਗਿਆ ਹੈ। ਜਿਨ੍ਹਾਂ ਦੀ ਚੋਣ ਪ੍ਰਚਾਰ ਦੇ ਲਈ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਤੇ ਉਪ ਚੇਅਰਮੈਨ ਅਤੇ ਪੰਜਾਬ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਦੇ ਪ੍ਰਧਾਨ ਮਨਿੰਦਰਜੀਤ ਸਿੰਘ ਵਿੱਕੀ ਘਨੌਰ ਦੀ ਅਗਵਾਈ ਹੇਠ ਲੁਧਿਆਣਾ ਵੇਸਟ ਵਿੱਚ ਹੋ ਰਹੇ ਚੋਣ ਪ੍ਰਚਾਰ ਦੇ ਲਈ ਵਿਧਾਨ ਸਭਾ ਘਨੌਰ ਤੋਂ ਇੱਕ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਸਮਰੱਥਕ ਲੁਧਿਆਣਾ ਪੱਛਮੀ ਦੀ ਚੋਣ ਲਈ ਰਵਾਨਾ ਹੋਏ। ਉਹਨ੍ਹਾਂ ਕਿਹਾ ਕਿ ਪੰਜਾਬ ਦੇ ਵਿੱਚ ਆਮ ਆਦਮੀ ਪਾਰਟੀ ਦੇ ਵੱਲੋਂ



ਪੰਜਾਬ ਦੇ ਵਿਕਾਸ ਅਤੇ ਹਰੇਕ ਪਰਿਵਾਰ ਦੇ ਲਈ ਬਿਜਲੀ ਦਾ ਬਿਲ ਜੀਰੋ, ਮਹਿਲਾਵਾਂ ਲਈ ਮੁਫਤ ਬੱਸ ਸਫਰ ਸਮੇਤ ਯੁੱਧ ਨਸ਼ਿਆਂ ਵਿਰੁੱਧ ਮੁਹਿੰਮਾਂ ਤਹਿਤ ਪੰਜਾਬ ਨੂੰ ਨੰਬਰ ਵਨ ਬਣਾਇਆ ਜਾ ਰਿਹਾ ਹੈ ਅਤੇ ਉਹਨਾਂ ਕਿਹਾ ਕਿ ਸਾਨੂੰ ਪੂਰਨ ਉਮੀਦ ਹੈ ਕਿ ਲੁਧਿਆਣਾ ਪੱਛਮੀ ਦੇ ਲੋਕ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਨੂੰ ਬਹੁਮਤ ਹਾਸਿਲ ਕਰਵਾਉਣਗੇ। ਉਹਨਾਂ ਕਿਹਾ ਕਿ ਜਿਸ ਤਰ੍ਹਾਂ ਸਾਡੇ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਵੱਲੋਂ ਕਿਹਾ ਗਿਆ ਹੈ ਕਿ ਪੰਜਾਬ ਨੂੰ ਨੰਬਰ ਵਨ ਬਣਾਵਾਂਗੇ ਅਤੇ ਜਿੱਤ ਤੋਂ ਬਾਅਦ ਲੁਧਿਆਣਾ ਪੱਛਮੀ ਦਾ ਵਿਕਾਸ ਹੋਰ ਤੇਜ਼ੀ ਦੇ ਨਾਲ ਹੋਵੇਗਾ । ਇਸ ਮੌਕੇ ਉਹਨਾਂ ਨਾਲ ਬੜੇ ਸ਼ੰਭੂ ਤੋ ਅਮਨਦੀਪ ਸਿੰਘ, ਰਣਧੀਰ ਸਿੰਘ ਰਾਣਾ, ਅਮਰਜੀਤ ਸਿੰਘ, ਅਲੀ ਮਾਜਰਾ ਤੋਂ ਛਿੰਦਾ, ਸੈਠੀ , ਹਰਮਨ ਸਿੰਘ, ਹਰਪਾਲਪੁਰ ਤੋਂ ਜੱਗੀ ਭੰਗੂ, ਸਤਨਾਮ ਸਿੰਘ ਢੀਂਡਸਾ, ਸਤਨਾਮ ਸਿੰਘ ਖੜੌਲੀ ਤੇਜ਼ੀ ਘਨੌਰ, ਖੁਸ਼ਦੀਪ ਸਿੰਘ ਆਦਿ ਹੋਰ ਵੀ ਹਾਜ਼ਰ ਸਨ।

## 'ਹਰ ਮਨੁੱਖ ਲਾਵੇ ਦੋ ਰੁੱਖ' ਲਹਿਰ ਤਹਿਤ ਬਜਿੰਦਰ ਠਾਕੁਰ ਦੇ ਜਨਮ ਦਿਨ ਮੌਕੇ ਪੌਦੇ ਲਗਾਏ

ਪਟਿਆਲਾ, 12 ਜੂਨ (ਚ.ਨ.ਸ.) : ਵਾਤਾਵਰਨ, ਪਲਾਸਟਿਕ, ਨਸ਼ਾ



ਵਿਰੋਧ ਕਵਿਤਾ ਗਾ ਕੇ ਪ੍ਰਸਿੱਧ ਹਾਸ ਰੱਸ ਕਵੀ ਬਜਿੰਦਰ ਠਾਕੁਰ ਨੇ ਆਪਣੇ ਜਨਮ ਦਿਨ 'ਤੇ ਗਿਆਨ ਜਯੋਤੀ ਐਜੂਕੇਸ਼ਨ ਸੁਸਿਈਟੀ ਦੇ ਪ੍ਰਧਾਨ ਉਪਕਾਰ ਸਿੰਘ ਦੀ ਅਗਵਾਈ ਵਿੱਚ ਨਹਿਰੂ ਪਾਰਕ ਵਿੱਚ ਪੌਦੇ ਲਗਾ ਕੇ ਜਨਮ ਦਿਨ ਮਨਾਇਆ ਤੇ ਲੋਕਾਂ ਨੂੰ ਅਪੀਲ ਕੀਤੀ 'ਹਰ ਮਨੁੱਖ ਲਾਵੇ ਦੋ ਰੱਖ' ਨਾਲ ਜੁੜੋ ਵੱਧ ਤੋਂ ਵੱਧ ਪੌਦੇ ਲਗਾਉ ਤੇ ਆਪਣਾ ਵਾਤਾਵਰਨ ਸਾਫ ਸੁਥਰਾ ਰੱਖੋ। ਪੌਦੇ ਲਗਾਉਣ ਲਈ ਲੱਖਾ, ਰਾਜ ਕੁਮਾਰ ਰਿੰਕੂ,ਅਨਿਲ ਸ਼ਰਮਾ ਲਾਇਬ੍ਰੇਰੀਅਨ, ਗੁਰਮੀਤ ਕੌਰ, ਮਨਜੀਤ ਕੌਰ ਸੋਸ਼ਲ ਵਰਕਰ ਠਾਕੁਰ ਫੈਮਲੀ ਜਨਮ ਦਿਨ ਮਨਾਉਣ ਲਈ ਹਾਜ਼ਰ ਸਨ। ਅਖੀਰ ਤੇ ਸੁਸਾਇਟੀ ਵੱਲੋਂ ਮੋਹਨ ਲਾਲ ਖੰਨਾ ਨੇ ਵਧਾਈ ਦਿੱਤੀ।

## *ਪਰਿਵਾਰਕ ਮੈਂਬਰਾਂ ਦੀ ਕੀਤੀ ਕੁੱਟਮਾਰ, ਮਾਮਲਾ ਦਰਜ*

ਘਨੌਰ, 12 ਜੂਨ (ਮਦਨ ਲਾਲ) : ਥਾਣਾ ਖੇੜੀ ਗੰਡਿਆ ਪੁਲਿਸ ਕੋਲ ਕਰਮ ਸਿੰਘ ਪੁੱਤਰ ਰਾਮ ਆਸਰਾ ਵਾਸੀ ਪਿੰਡ ਸੇਹਰਾ ਨੇ ਕਥਿਤ ਦੋਸ਼ੀਆਂ ਬੱਗਾ ਸਿੰਘ, ਗੁਰਸੇਵਕ ਸਿੰਘ, ਗੁਰਸੰਗਤ ਸਿੰਘ, ਰਿੰਕੂ ਸਿੰਘ, ਗੁਰਸੇਵਕ ਸਿੰਘ, ਨਵਤੇਜ ਸਿੰਘ, ਮਨਜੀਤ ਸਿੰਘ, ਦੀਆ ਸੁਮੀ, ਕਮਲ ਸਿੰਘ ਵਾਸੀ ਪਿੰਡ ਸੇਹਰਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਕਥਿਤ ਦੋਸ਼ੀਆਂ ਨੇ ਉਸ ਦੇ ਘਰ ਅੰਦਰ ਦਾਖਲ ਹੋ ਕੇ ਉਸ ਦੇ ਲੜਕੇ ਅਮਨਪ੍ਰੀਤ ਸਿੰਘ ਅਤੇ ਉਸਦੀ ਪਤਨੀ ਮਨਪ੍ਰੀਤ ਕੌਰ ਤੇ ਬਾਕੀ ਪਰਿਵਾਰਕ ਮੈਂਬਰਾਂ ਦੀ ਕੁੱਟਮਾਰ ਕੀਤੀ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ। ਪੁਲਿਸ ਨੇ ਧਾਰਾ 333, 351(3), 115(2),191(3),190 ਬੀ.ਐਨ.ਐਸ. ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਬਾਬਾ ਸ਼ੰਕਰ ਗਿਰ ਔਲੀਆ ਦੀ ਬਰਸੀ ਸ਼ਰਧਾ ਨਾਲ ਮਨਾਈ

### ਥਾਣਾ ਮੁਖੀ ਗੁਰਪ੍ਰੀਤ ਸਿੰਘ ਭਿੰਡਰ ਵੱਲੋਂ ਆਏ ਮਹਿਮਾਨਾਂ ਦਾ ਸਨਮਾਨ



ਪਟਿਆਲਾ, 12 ਜੂਨ (ਚ.ਨ.ਸ.) : ਥਾਣਾ ਜੁਲਕਾਂ ਵਿੱਚ ਇਸ ਸਾਲ ਵੀ ਬਾਬਾ ਸ਼ੰਕਰ ਗਿਰ ਔਲੀਆ ਦੀ ਸਾਲਾਨਾ ਬਰਸੀ ਸ਼ਰਧਾ ਨਾਲ ਮਨਾਈ ਗਈ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਰਾਗੀ ਸਿੰਘਾਂ ਵੱਲੋਂ ਕਥਾ ਕੀਰਤਨ ਕੀਤਾ ਗਿਆ। ਇਸ ਤੋਂ ਇਲਾਵਾ ਬਾਬਾ ਸ਼ੰਕਰ ਗਿਰ ਔਲੀਆ ਜੀ ਦੇ ਧੂਣੇ ਉੱਤੇ ਹਵਨ ਵੀ ਕਰਵਾਇਆ ਗਿਆ। ਇਸ ਮੌਕੇ ਥਾਣਾ ਮੁਖੀ ਜੁਲਕਾਂ ਦੇ ਇੰਸਪੈਕਟਰ ਗੁਰਪ੍ਰੀਤ ਸਿੰਘ ਭਿੰਡਰ ਨੇ ਦੱਸਿਆ ਕਿ ਬਾਬਾ ਸ਼ੰਕਰ ਗਿਰ ਔਲੀਆ ਪੁਰਾਤਨ ਸਮੇਂ 'ਚ ਇੱਥੇ ਆਉਂਦੇ ਸਨ ਅਤੇ ਇੱਥੇ ਧੂਣਾ ਲਾ ਕੇ ਭਗਤੀ ਕਰਦੇ ਸਨ। ਉਦੋਂ ਤੋਂ ਹੀ ਇੱਥੇ ਇਹ ਪਰੰਪਰਾ ਚੱਲ ਰਹੀ ਹੈ ਅਤੇ ਹਰ ਸਾਲ ਉਨ੍ਹਾਂ ਦੀ ਯਾਦ ਵਿੱਚ ਸਾਲਾਨਾ ਬਰਸੀ ਮਨਾਈ ਜਾਂਦੀ ਹੈ। ਇਸ ਮੌਕੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਦੀ ਪਤਨੀ ਬੀਬੀ ਸਿਮਰਜੀਤ ਕੌਰ ਪਠਾਣਮਾਜਰਾ, ਬੀਬੀ ਭੋਲੂ ਸ਼ਾਹ ਮੀਰਾਂ ਜੀ ਘੜਾਮ, ਭੈਣ ਗਰੜ ਦੱਤ, ਹਰਿੰਦਰਪਾਲ ਸਿੰਘ ਚੰਦੂਮਾਜਰਾ ਸਾਬਕਾ ਵਿਧਾਇਕ, ਜੋਗਿੰਦਰ ਸਿੰਘ ਕਾਕੜਾ ਸੀਨੀਅਰ ਕਾਂਗਰਸੀ ਆਗੂ, ਐੱਸ.ਪੀ. (ਸਿਟੀ) ਪਲਵਿੰਦਰ ਸਿੰਘ ਚੀਮਾ, ਡੀ.ਐੱਸ.ਪੀ. ਦਿਹਾਤੀ ਗੁਰਪ੍ਰਤਾਪ ਸਿੰਘ, ਡੀ.ਐੱਸ.ਪੀ. ਘਨੌਰ ਹਰਮਨਪ੍ਰੀਤ ਸਿੰਘ ਚੀਮਾ, ਤਹਿਸੀਲਦਾਰ ਕਰਮਜੀਤ ਸਿੰਘ, ਥਾਣਾ ਮੁਖੀ ਘਨੌਰ ਸਾਹਿਬ ਸਿੰਘ, ਥਾਣਾ ਮੁਖੀ ਬਨੂੜ ਗੁਰਸੇਵਕ ਸਿੰਘ, ਥਾਣਾ ਮੁਖੀ ਸਨੌਰ ਕੁਲਵਿੰਦਰ ਸਿੰਘ, ਥਾਣਾ ਮੁਖੀ ਸ਼ੰਭੂ ਹਰਪ੍ਰੀਤ ਸਿੰਘ, ਰੀਡਰ ਜਸਵਿੰਦਰ ਸਿੰਘ, ਗੁਰਬਖਸ਼ ਸਿੰਘ ਭਿੰਡਰ ਪਿਤਾ ਥਾਣਾ ਮੁਖੀ ਜੁਲਕਾਂ ਗੁਰਪ੍ਰੀਤ ਸਿੰਘ ਭਿੰਡਰ, ਸਵਿੰਦਰ ਕੌਰ ਧੰਜੂ ਪ੍ਰਧਾਨ ਨਗਰ ਪੰਚਾਇਤ ਦੇਵੀਗੜ੍ਹ, ਲਖਵੀਰ ਸਿੰਘ ਕਪੂਰੀ ਮੀਤ ਪ੍ਰਧਾਨ, ਬਾਬਾ ਰਾਮ ਦੱਤ ਗਿਰ ਟਿਊਕਰ ਵਾਲੇ, ਹਰਦੇਵ ਸਿੰਘ ਘੜਾਮ ਪ੍ਰਧਾਨ, ਗੁਰਵਿੰਦਰ ਸਿੰਘ ਚੌਕੀ ਇੰਚਾਰਜ ਰੋਹੜ, ਸਿਮਰਜੀਤ ਸਿੰਘ ਸੋਹਲ ਪ੍ਰਧਾਨ, ਗੁਰਜੀਤ ਸਿੰਘ ਨਿਜ਼ਾਮਪੁਰ ਸਰਪੰਚ ਆਦਿ ਤੋਂ ਇਲਾਵਾ ਇਲਾਕਾ ਵਾਸੀ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਅਹੁਦੇਦਾਰ ਮੌਜੂਦ ਸਨ। ਇਸ ਮੌਕੇ ਥਾਣਾ ਮੁਖੀ ਜੁਲਕਾਂ ਇੰਸ. ਗੁਰਪ੍ਰੀਤ ਸਿੰਘ ਭਿੰਡਰ ਵੱਲੋਂ ਆਏ ਮਹਿਮਾਨਾਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ।

## ਬਰਸਾਤਾਂ ਦੇ ਮੱਦੇਨਜ਼ਰ ਸਰਕਾਰ ਤੇ ਪ੍ਰਸ਼ਾਸਨ ਭੋੜੇ ਸਾਇਫਨ ਤੇ ਚੋਏ ਦੀ ਸਫਾਈ ਵੱਲ ਤੁਰੰਤ ਧਿਆਨ ਦੇਵੇ : ਯੂਥ ਆਗੂ

ਨਾਭਾ, 12 ਜੂਨ (ਬਲਜਿੰਦਰ ਮਾਨ) : ਬਰਸਾਤ ਦਾ ਮੌਸਮ ਸ਼ੁਰੂ ਹੋਣ ਵਾਲਾ ਹੈ ਪਰ ਹੁਣ ਤੱਕ ਨਾਭਾ ਪ੍ਰਸ਼ਾਸਨ ਵੱਲੋਂ ਭੋੜੇ ਸਾਇਫਨ ਤੇ ਚੋਏ ਦੀ ਸਫਾਈ ਦਾ ਕੰਮ ਸ਼ੁਰੂ ਨਹੀਂ ਹੋਇਆ। ਪੰਜਾਬ ਸਰਕਾਰ ਇਸ ਪਾਸੇ ਤੁਰੰਤ ਧਿਆਨ ਦੇਵੇ ਤਾਂ ਜੋ ਆਉਣ ਵਾਲੇ ਦਿਨਾਂ ਵਿੱਚ ਬਰਸਾਤਾਂ ਦੇ ਪਾਣੀ ਨਾਲ ਕਿਸਾਨਾਂ ਦੀਆਂ ਫਸਲਾਂ ਦੀ ਤਬਾਹੀ ਹੋਣ ਤੋਂ ਬਚ ਜਾਵੇ ਇਨ੍ਹਾਂ ਸਬੰਧੀ ਨਾਭਾ ਪ੍ਰਸ਼ਾਸਨ ਤੇ ਮੌਜੂਦਾ ਵਿਧਾਇਕ ਦੇਵ ਮਾਨ 'ਤੇ ਸਵਾਲ ਚੁੱਕਦਿਆਂ ਯੂਥ ਅਕਾਲੀ ਦਲ ਦੇ ਬੁਲਾਰੇ ਜੱਸਾ ਖੋਖ ਨੇ ਕਿਹਾ ਕਿ ਇਲਾਕੇ ਦੇ ਕਿਸਾਨਾਂ ਵੱਲੋਂ ਕਈ ਵਾਰ ਇਸ ਚੋਏ ਦੀ ਸਫਾਈ ਨੂੰ ਲੈਕੇ ਰੋਸ ਜ਼ਾਹਰ ਕਰਦਿਆਂ ਵਿਧਾਇਕ ਦੇਵ ਮਾਨ ਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਜਾ ਚੁੱਕੀ ਪਰ ਪਰਨਾਲਾ ਉੱਥੇ ਦਾ ਉੱਥੇ ਹੀ ਹੈ ਇਸ ਚੋਏ ਦੀ ਪ੍ਰੋਪਰ ਸਫਾਈ ਨਾ ਹੋਣ ਕਾਰਨ ਹਰ ਸਾਲ ਹਜ਼ਾਰਾਂ ਕਿਸਾਨ ਪ੍ਰਭਾਵਤ ਹੁੰਦੇ ਹਨ, ਜਿਨ੍ਹਾਂ ਦੀਆਂ ਫ਼ਸਲਾਂ ਪਾਣੀ ਦੀ ਮਾਰ 'ਚ ਆ ਕੇ ਤਬਾਹ ਹੋ ਜਾਂਦੀਆਂ ਹਨ ਤੇ ਸਫ਼ਾਈ ਨਾ ਹੋਣ ਕਾਰਨ ਕਿਸਾਨਾਂ ਨੂੰ ਚਿੰਤਾ ਸਤਾ ਰਹੀ ਹੈ ਅਤੇ ਸਰਕਾਰਾਂ ਵੱਲੋਂ ਕੋਈ ਮੁਆਵਜ਼ਾ ਵੀ ਨਹੀਂ ਦਿੱਤਾ ਜਾਂਦਾ। ਜੱਸਾ ਖੋਖ ਨੇ ਚੇਤਾਵਨੀ ਦਿੰਦਿਆਂ ਕਿਹਾ ਜੇਕਰ ਰਹਿੰਦੇ ਸਮੇਂ ਪ੍ਰਸ਼ਾਸਨ ਵੱਲੋਂ ਇਸ ਪਾਸੇ ਧਿਆਨ ਨਾ ਦਿੱਤਾ ਗਿਆ ਤਾਂ ਇਲਾਕੇ ਦੇ ਕਿਸਾਨਾਂ ਨੂੰ ਨਾਲ ਲੈ ਕੇ ਅਕਾਲੀ ਦਲ ਵੱਲੋਂ ਵੱਡਾ ਸੰਘਰਸ਼ ਵਿੱਢਿਆ ਜਾਵੇਗਾ ਜਿਸ ਦੀ ਜ਼ਿੰਮੇਵਾਰੀ ਸਰਕਾਰ ਲੋਕਲ ਪ੍ਰਸ਼ਾਸਨ ਦੀ ਹੋਵੇਗੀ।

## ਪੁਲਿਸ ਵੱਲੋਂ 18 ਬੋਤਲਾਂ ਸ਼ਰਾਬ ਬ੍ਰਾਮਦ

ਪਟਿਆਲਾ, 12 ਜੂਨ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਦੀਦਾਰ ਸਿੰਘ ਵਾਸੀ ਪਿੰਡ ਚਮਾਰਹੇੜੀ ਵਿਰੁੱਧ ਮਾਮਲਾ ਦਰਜ ਕੀਤਾ ਹੈ। ਏ.ਐਸ.ਆਈ. ਗਵਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਦੌਣ ਕਲਾਂ ਮੋੜ ਰਾਜਪੁਰਾ ਪਟਿਆਲਾ ਰੋਡ ਮੌਜੂਦ ਸੀ, ਜੋ ਮੁਖਬਰ ਦੀ ਇਤਲਾਹ ਪਰ ਦੋਸ਼ੀ ਦੇ ਘਰ ਰੇਡ ਕਰਨ ਪਰ 18 ਬੋਤਲਾਂ ਸ਼ਰਾਬ ਕਲੱਬ ਮਾਲਟਾ ਹਰਿਆਣਾ ਦੀਆਂ ਬ੍ਰਾਮਦ ਕੀਤੀਆਂ।




ਭਗਤ ਰਵਿਦਾਸ ਕਮੇਟੀ ਦੇ ਪ੍ਰਧਾਨ ਲਖਵਿੰਦਰ ਸਿੰਘ ਅਤੇ ਤੇਜਿੰਦਰ ਕੌਰ ਐਮ.ਸੀ. ਵਾਰਡ ਨੰਬਰ 15 ਵੱਲੋਂ ਸਿਲਾਈ ਸੈਂਟਰ ਦਾ ਕੋਰਸ ਕਰਵਾਇਆ ਗਿਆ। ਕੋਰਸ ਪੂਰਾ ਹੋਣ 'ਤੇ ਲੜਕੀਆਂ ਨੂੰ ਸਰਟੀਫਿਕੇਟ ਦਿੰਦੇ ਹੋਏ। (ਫੋਟੋ ਤੇ ਵੇਰਵਾ : ਚੜ੍ਹਦੀਕਲਾ ਬਿਊਰੋ)

## ਖ਼ੂਨਦਾਨ ਸਬੰਧੀ ਜਾਗਰੂਕਤਾ ਲਈ ਪੇਂਟਿੰਗ ਮੁਕਾਬਲਾ ਕਰਵਾਇਆ

ਨਾਭਾ, 12 ਜੂਨ (ਗੁਰਚਰਨ ਸਿੰਘ ਚੌਧਰੀਮਾਜਰਾ ) : ਸਿਵਲ ਸਰਜਨ ਡਾ. ਜਗਪਾਲ ਇੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਸੀਨੀਅਰ ਮੈਡੀਕਲ ਅਫ਼ਸਰ ਡਾ ਵੀਨੂੰ ਗੋਇਲ ਦੀ ਅਗਵਾਈ ਹੇਠ ਸਿਵਲ ਹਸਪਤਾਲ ਨਾਭਾ ਵਿਖੇ ਵਿਸ਼ਵ ਖੂਨਦਾਨ ਦਿਵਸ ਸਬੰਧੀ 7 ਜੂਨ ਤੋਂ 21 ਜੂਨ ਤੱਕ ਚੱਲ ਰਹੇ 2 ਹਫਤਿਆਂ ਦੇ ਵਿਸ਼ੇਸ਼ ਕੰਪੈਨ ਦੌਰਾਨ ਆਮ ਲੋਕਾਂ ਨੂੰ ਖੂਨਦਾਨ ਸਬੰਧੀ ਜਾਗਰੂਕ ਕਰਨ ਦੇ ਮੰਤਵ ਨਾਲ ਜਾਗਰਕਤਾ ਪ੍ਰੋਗਰਾਮ ਕੀਤਾ ਗਿਆ ਤੇ ਪੇਂਟਿੰਗ ਮੁਕਾਬਲਾ ਕਰਵਾਇਆ ਗਿਆ। ਇਸ ਮੌਕੇ ਸੰਬੋਧਨ ਕਰਦੇ ਡਾ. ਵੀਨੂੰ ਗੋਇਲ ਨੇ ਕਿਹਾ ਕਿ



ਸਿਹਤ ਵਿਭਾਗ ਵੱਲੋਂ ਖੂਨਦਾਨ ਸਬੰਧੀ ਜਾਗਰੂਕਾਤ ਪੋਗਰਾਮਾਂ ਦਾ ਆਯੋਜਨ ਕਰਕੇ ਲੋਕਾਂ ਨੂੰ ਖੂਨਦਾਨ ਦੀ ਮੱਹਤਤਾ ਅਤੇ ਇਸ ਸਬੰਧੀ ਪਾਈਆਂ ਜਾਂਦੀਆਂ ਗਲਤ ਧਾਰਨਾ 'ਤੇ ਵਿਸ਼ਵਾਸ ਨਾ ਕਰਨ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ ਉਹਨਾਂ ਕਿਹਾ ਕਿ ਲੋਕਾਂ ਨੂੰ ਨਿਯਮਿਤ ਰੂਪ ਵਿੱਚ ਸਵੈ—ਇੱਛਕ ਅਤੇ ਬਿਨਾ ਕਿਸੇ ਮਾਲੀ ਲਾਭ ਤੋ ਖੂਨਦਾਨ ਕਰਨਾ ਚਾਹੀਦਾ ਹੈ ਕਿਉਂਕਿ ਖੂਨਦਾਨ ਦਾ ਕੋਈ ਬਦਲ ਨਹੀ ਹੈ। ਉਹਨਾਂ ਕਿਹਾ ਕਿ ਸਾਡੇ ਦੇਸ਼ ਵਿਚ ਅਣਗਿਣਤ ਲੋਕ ਸੜਕ ਹਾਦਸਿਆਂ ਅਤੇ ਹੋਰ ਦੁਰਘਟਨਾਵਾਂ ਵਿਚ ਆਪਣੀ ਜਾਨ ਗੁਆ ਬੈਠਦੇ ਹਨ ਅਤੇ ਕੁਝ ਭਿਆਨਕ ਬਿਮਾਰੀਆਂ ਦਾ ਸ਼ਿਕਾਰ ਹੋ ਜਾਂਦੇ ਹਨ ਇਹਨਾਂ ਵਿਚੋ ਬਹੁਤ ਸਾਰਿਆਂ ਦੀ ਮੌਤ ਸ਼ਰੀਰ ਵਿਚ ਖੂਨ ਦੀ ਕਮੀ ਹੋਣ ਕਾਰਨ ਹੋ ਜਾਂਦੀ ਹੈ। ਜਿਹਨਾਂ ਵਿੱਚੋ ਕੁਝ ਨੂੰ ਸਮੇਂ ਸਿਰ ਖੂਨ ਦੇ ਕੇ ਬਚਾਇਆ ਜਾ ਸਕਦਾ ਹੈ ਪ੍ਰੰਤੂ ਇਹ ਤਾਂ ਹੀ ਸੰਭਵ ਹੈ ਜੇਕਰ ਲੋਕ ਬੇਝਿੱਜਕ ਹੋ ਕੇ ਸਵੈਇੱਛਕ ਤੌਰ 'ਤੇ ਆਪਣਾ ਖੂਨਦਾਨ ਕਰਨ। ਇਸ ਮੌਕੇ ਡਾ. ਹੀਨਾ ਸਿੰਗਲਾ ਨੇ ਕਿਹਾ ਕਿ ਖੂਨਦਾਨ ਕਰਕੇ ਅਸੀਂ ਸਹੀ ਅਰਥਾਂ ਵਿੱਚ ਮਾਨਵਤਾ ਦੀ ਸੇਵਾ ਕਰ ਸਕਦੇ ਹਾਂ। ਕੋਈ ਵੀ ਵਿਅਕਤੀ, ਜਿਸਦੀ ਉਮਰ 18 ਤੋਂ 65 ਸਾਲ, ਹਿਓਮੋਗਲੋਬਿਨ ਸਾਢੇ ਬਾਰਾਂ ਗ੍ਰਾਮ ਅਤੇ ਭਾਰ 45 ਕਿੱਲੋ ਤੋਂ ਵੱਧ ਹੈ ਉਹ ਖੂਨ ਦਾਨ ਕਰ ਸਕਦਾ ਹੈ। ਇੱਕ ਤੰਦਰੁਸਤ ਵਿਅਕਤੀ ਹਰ ਤਿੰਨ ਮਹੀਨੇ ਬਾਅਦ ਖੂਨ ਦਾਨ ਕਰ ਸਕਦਾ ਹੈ। ਇਸ ਮੌਕੇ ਸੰਤ ਇੰਦਰਦਾਸ ਨਰਸਿੰਗ ਕਾਲਜ ਦੇ ਵਿਦਿਆਰਥੀ ਵਲੋਂ ਖੂਨ ਦਾਨ ਲਈ ਉਤਸ਼ਾਹਿਤ ਕਰਨ ਵਾਲੀਆਂ ਪੇਂਟਿੰਗਾਂ ਬਣਾਇਆ ਤੇ ਸੀਨੀਅਰ ਮੈਡੀਕਲ ਅਫ਼ਸਰ ਡਾ ਵੀਨੂੰ ਗੋਇਲ ਵੱਲੋਂ ਵਿਦਿਆਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਕਾਸ ਮਿੱਤਲ ਐਮ ਐਲ ਟੀ, ਸੰਤ ਇੰਦਰ ਦਾਸ ਕਾਲਜ ਦੇ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ।



# ਪਟਿਆਲਾ-ਆਸ/ਪਾਸ



## ਸਰਕਾਰੀ ਭਰੋਸੇ ਉਪਰੰਤ ਟਾਵਰ ਮੋਰਚੇ ਦਾ ਪਟਿਆਲਾ-ਪਾਤੜਾਂ ਸੜਕ ਤੋਂ ਧਰਨਾ ਖ਼ਤਮ

### 16 ਨੂੰ ਹੋਵੇਗੀ ਬੈਠਕ



ਸਮਾਣਾ, 12 ਜੂਨ (ਵਿਜੇ ਕੁਮਾਰ) : ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਸਮਾਣਾ ਵਿਖੇ ਲੱਗੇ ਟਾਵਰ ਮੋਰਚੇ ਵੱਲੋਂ ਪਟਿਆਲਾ-ਪਾਤੜਾਂ ਸੜਕ 'ਤੇ ਲਗਾਏ ਧਰਨੇ ਨੂੰ ਸਰਕਾਰੀ ਭਰੋਸੇ ਉਪਰੰਤ ਉਠਾ ਦਿੱਤਾ ਗਿਆ ਹੈ ਪਰ ਟਾਵਰ ਮੋਰਚਾ ਮੰਗ ਪੂਰੀ ਹੋਣ ਤੱਕ ਜਾਰੀ ਰਹੇਗਾ। ਜ਼ਿਕਰਯੋਗ ਹੈ ਕਿ ਬੀਤੇ ਬੁੱਧਵਾਰ ਨੂੰ ਮੰਗ ਪ੍ਰਤੀ ਸਰਕਾਰ ਦੇ ਅਵੇਸਲੇਪਣ ਕਾਰਨ ਮੋਰਚੇ ਦੇ ਸੰਚਾਲਕਾਂ ਨੇ ਸਖ਼ਤ ਕਦਮ ਉਠਾਉਂਦਿਆਂ ਪਟਿਆਲਾ-ਪਾਤੜਾਂ ਸੜਕ 'ਤੇ ਧਰਨਾ ਲਗਾ ਕੇ ਸੜਕ ਜਾਮ ਕਰ ਦਿੱਤੀ ਸੀ। ਇਹ ਧਰਨਾ ਸਾਰੀ ਰਾਤ ਵੀ ਜਾਰੀ ਰਿਹਾ। ਦੁਪਹਿਰ ਸਮੇਂ ਵਧੀਕ ਡਿਪਟੀ ਕਮਿਸ਼ਨਰ ਪਟਿਆਲਾ ਈਸ਼ਾ ਸਿੰਘਲ, ਐਸ.ਡੀ.ਐਮ ਰਿਚਾ ਗੋਇਲ, ਪੁਲਿਸ ਕਪਤਾਨ (ਵਿਸ਼ੇਸ਼) ਪਟਿਆਲਾ ਜਸਵਿੰਦਰ ਸਿੰਘ ਟਿਵਾਣਾ, ਪੁਲਿਸ ਕਪਤਾਨ ਪਟਿਆਲਾ ਵੈਭਵ ਚੌਧਰੀ ਅਤੇ ਉਪ-ਪੁਲਿਸ ਕਪਤਾਨ ਸਮਾਣਾ ਫ਼ਤਹਿ ਸਿੰਘ ਬਰਾੜ ਨੇ ਮੋਰਚੇ ਦੇ ਸੰਯੋਜਕ ਭਾਈ ਗੁਰਪ੍ਰੀਤ ਸਿੰਘ ਨੂੰ ਦੱਸਿਆ ਕਿ ਬੇਅਦਬੀ ਸਬੰਧੀ ਸਖ਼ਤ ਕਾਨੂੰਨ ਬਣਾਉਣ ਦਾ ਮਾਮਲਾ ਸਰਕਾਰ ਦੇ ਵਿਚਾਰ ਅਧੀਨ ਹੈ। ਉਨ੍ਹਾਂ ਦੀ ਗੱਲਬਾਤ ਲਈ ਬੈਠਕ ਵਧੀਕ ਮੁੱਖ ਸਕੱਤਰ ਪੰਜਾਬ ਨਾਲ ਗੱਲਬਾਤ 16 ਜੂਨ ਨੂੰ ਚੰਡੀਗੜ੍ਹ ਵਿਖੇ ਨਿਸ਼ਚਿਤ ਕੀਤੀ ਗਈ ਹੈ। ਉਨ੍ਹਾਂ ਸੜਕ ਤੋਂ ਧਰਨਾ ਚੁੱਕਣ ਦੀ ਅਪੀਲ ਕੀਤੀ। ਮੋਰਚੇ ਦੇ ਆਗੂਆਂ ਨੇ ਗੱਲਬਾਤ ਲਈ ਲਿਖਤੀ ਭਰੋਸੇ ਦੀ ਮੰਗ ਕੀਤੀ। ਕੁਝ ਸਮੇਂ ਬਾਅਦ ਡਿਊਟੀ ਮੈਜਿਸਟ੍ਰੇਟ-ਕਮ-ਐਕਸੀਅਨ ਕੰਵਰਦੀਪ ਸਿੰਘ ਅਤੇ ਪੁਲਿਸ ਕਪਤਾਨ ਜਸਵਿੰਦਰ ਸਿੰਘ ਟਿਵਾਣਾ ਨੇ ਸਰਕਾਰ ਵੱਲੋਂ ਗੱਲਬਾਤ ਦਾ ਲਿਖਤੀ ਸੱਦਾ ਪੱਤਰ ਮੋਰਚੇ ਦੇ ਆਗੂਆਂ ਨੂੰ ਦਿੱਤਾ। ਇਸ ਉਪਰੰਤ ਸੰਗਤਾਂ ਨੇ ਸਲਾਹ ਮਸ਼ਵਰਾ ਕਰਕੇ ਸੜਕ ਤੋਂ ਧਰਨਾ ਉਠਾ ਦਿੱਤਾ। ਭਾਈ ਗੁਰਪ੍ਰੀਤ ਸਿੰਘ ਅਤੇ ਤਲਵਿੰਦਰ ਸਿੰਘ ਔਲਖ ਨੇ ਦੱਸਿਆ ਕਿ ਟਾਵਰ ਮੋਰਚਾ ਮੰਗ ਮੰਨੇ ਜਾਣ ਤੱਕ ਜਾਰੀ ਰਹੇਗਾ।

## ਦੇਵ ਮਾਨ ਨੇ ਦੀਵਾਨ ਟੋਡਰ ਮੱਲ ਦੀ ਹਵੇਲੀ ਲਈ 11 ਲੱਖ ਦਾ ਚੈੱਕ ਆਪਣੀ ਤਨਖ਼ਾਹ 'ਚੋਂ ਟਰੱਸਟ ਨੂੰ ਭੇਟ ਕੀਤਾ



ਨਾਭਾ, 12 ਜੂਨ (ਬਲਜਿੰਦਰ ਮਾਨ) : ਦੀਵਾਨ ਟੋਡਰ ਮੱਲ ਜੀ ਦੀ ਜੱਦੀ ਹਵੇਲੀ ਜਿਸ ਨੂੰ ਜਹਾਜ਼ ਹਵੇਲੀ ਵੀ ਕਿਹਾ ਜਾਂਦਾ ਦੀ ਯਾਦ ਫਤਿਹਗੜ੍ਹ ਸਾਹਿਬ ਸਥਿਤ ਹੈ। ਹਵੇਲੀ ਹਾਲਤ ਤਰਸਯੋਗ ਸੀ, ਪਰ ਦੀਵਾਨ ਟੋਡਰ ਮੱਲ ਟਰੱਟ ਵੱਲੋਂ ਚੁੱਕੇ ਗਏ ਹਵੇਲੀ ਦੀ ਮੁੜ ਉਸਾਰੀ ਕਦਮ ਨਾਲ ਆਸ ਨੂੰ ਬੂਰ ਪਿਆ ਹੈ। ਹਵੇਲੀ ਦੀ ਮੁੜ ਉਸਾਰੀ ਦੀ ਸੇਵਾ ਵਿੱਚ ਦਾਸ ਨੇ ਆਪਣੀ ਤਨਖਾਹ ਵਿੱਚੋਂ 11 ਲੱਖ ਦਾ ਚੈੱਕ ਟਰੱਸਟ ਨੂੰ ਭੇਟ ਕੀਤਾ ਗਿਆ। ਮੈਂ ਆਪਣੇ ਆਪ ਨੂੰ ਭਾਗਾਂ ਵਾਲਾ ਸਮਝਦਾ ਹਾਂ ਕੀ ਗੁਰੂ ਮਹਾਰਾਜ ਨੇ ਮੈਨੂੰ ਇਸ ਸੇਵਾ ਵਿੱਚ ਹਿੱਸਾ ਪਾਉਣ ਦਾ ਸੁਭਾਗ ਬਖ਼ਸ਼ਿਆ ਹੈ। ਮੇਰੇ ਪਿਤਾ ਬਾਪੂ ਲਾਲ ਸਿੰਘ ਆਪਣੀ ਸੰਸਾਰਿਕ ਯਾਤਰਾ ਤੋਂ ਪਹਿਲਾਂ 1 ਜਨਵਰੀ 2023 ਵਿੱਚ ਛੋਟੇ ਭਰਾ ਗੁਲਾਬ ਦੇਵ ਨਾਲ ਦੀਵਾਨ ਟੋਡਰ ਮੱਲ ਹਵੇਲੀ ਆਏ ਸੀ, ਬਾਪੂ ਜੀ ਨੇ ਮੇਰੇ ਨਾਲ ਗੱਲ ਬਾਤ ਦਰਮਿਆਨ ਜ਼ਿਕਰ ਕੀਤਾ ਸੀ ਮੇਰੇ ਗੁਰੂ ਦੇ ਸਾਹਿਬਜ਼ਾਦਿਆਂ ਦਾ ਜਿਸ ਮਹਾਪੁਰਸ਼ ਦੀਵਾਨ ਟੋਡਰ ਮੱਲ ਨੇ ਇੰਨਾ ਸਤਿਕਾਰ ਕੀਤਾ ਹੋਵੇ ਉਹ ਦੀਵਾਨ ਟੋਡਰ ਮੱਲ ਦੀ ਯਾਦ ਨੂੰ ਸਤਿਕਾਰ ਦੇਣਾ ਸਾਡਾ ਸਭ ਦਾ ਫਰਜ਼ ਬਣਦਾ ਹੈ। ਪ੍ਰਮਾਤਮਾ ਮਿਹਰ ਕਰੇ ਤੂੰ ਇਸ ਹਵੇਲੀ ਦੀ ਸਾਂਭ ਸੰਭਾਲ ਦੀ ਸੇਵਾ ਵਿੱਚ ਤਿੱਲ ਫੁੱਲ ਸੇਵਾ ਜ਼ਰੂਰ ਪਾਈ।

## ਛੇਵੇਂ ਪਾਤਸ਼ਾਹ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ



ਸਮਾਣਾ, 12 ਜੂਨ (ਵਿਜੇ ਕੁਮਾਰ) : ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਜੀ ਦਾ ਪ੍ਰਕਾਸ਼ ਗੁਰਪੁਰਬ ਗੁਰਦੁਆਰਾ ਪਾਤਸ਼ਾਹੀ ਛੇਵੀਂ ਸਾਹਿਬ ਮਲਕਾਨਾ ਪੱਤੀ ਗੁਰੂ ਨਾਨਕ ਨਗਰ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਆਖੰਡ ਪਾਠ ਦੇ ਭੋਗ ਉਪਰੰਤ ਬੀਬੀ ਬਿਮਲ ਕੌਰ ਖ਼ਾਲਸਾ ਤੇ ਗੁਰਦੁਆਰਾ ਸਾਹਿਬ ਦੇ ਮੁੱਖ ਗ੍ਰੰਥੀ ਬਾਬਾ ਗੁਰਚਰਨ ਸਿੰਘ ਦੇ ਜੱਥਿਆਂ ਨੇ ਗੁਰਬਾਣੀ ਦਾ ਰਸ ਭਿੰਨਾਂ ਕੀਰਤਨ ਕੀਤਾ। ਗੁਰਦੁਆਰਾ ਕਰਹਾਲੀ ਸਾਹਿਬ ਦੇ ਕਥਾਵਾਚਕ ਭਾਈ ਸਤਪਾਲ ਸਿੰਘ ਨੇ ਗੁਰੂ ਸਾਹਿਬ ਦੇ ਜੀਵਨ ਅਤੇ ਪਰਉਪਕਾਰੀ ਸੁਭਾਅ ਦੀ ਵਿਆਖਿਆ ਕੀਤੀ ਅਤੇ ਸੰਗਤਾਂ ਨੂੰ ਵਿਆਹ ਸ਼ਾਦੀਆਂ ਤੇ ਭੋਗਾਂ 'ਤੇ ਫਜ਼ੂਲ ਖ਼ਰਚੀ ਬੰਦ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਪੈਸੇ ਦੀ ਬਚਤ ਕਰਕੇ ਗਰੀਬਾਂ ਦੀ ਮੱਦਦ ਕੀਤੀ ਜਾਵੇ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਭਾਈ ਜਸਵਿੰਦਰ ਸਿੰਘ ਲੁਥਰਾ ਨੇ ਗੁਰੂ ਸਾਹਿਬ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੰਦਿਆਂ ਸੰਗਤਾਂ ਨੂੰ ਪਰਜ਼ੋਰ ਅਪੀਲ ਕੀਤੀ ਕਿ ਉਹ ਟਾਵਰ ਮੋਰਚੇ ਵਿਚ ਵੱਧ ਚੜ੍ਹ ਕੇ ਹਿੱਸਾ ਲੈਣ ਤਾਂ ਜੋ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਲਈ ਸਰਕਾਰ 'ਤੇ ਦਬਾਅ ਬਣਾਇਆ ਜਾ ਸਕੇ। ਇਸ ਮੌਕੇ ਖਜ਼ਾਨਚੀ ਦਲਬਾਰਾ ਸਿੰਘ, ਅਜੀਤ ਸਿੰਘ ਕੋਟਲੀ, ਗੁਰਚਰਨ ਸਿੰਘ ਟੋਹੜਾ, ਰਾਜ ਸਿੰਘ ਲਹੌਰੀਆ, ਕੁਲਵੰਤ ਸਿੰਘ ਅਤਾਲਾਂ, ਵਰਿੰਦਰਪਾਲ ਸਿੰਘ ਵੜੈਚ, ਬਲਦੇਵ ਕ੍ਰਿਸ਼ਨ ਸਾਬਕਾ ਐਮ. ਸੀ., ਕ੍ਰਿਸ਼ਨ ਦੇਵ ਭਿੱਲਾ, ਲਖਵਿੰਦਰ ਸਿੰਘ, ਬਾਬਾ ਬਲਕਾਰ ਸਿੰਘ, ਅਮਰੀਕ ਸਿੰਘ ਚੀਮਾ, ਬੀਬੀ ਸੁਖਦੇਵ ਕੌਰ, ਬੀਬੀ ਅਮਨ ਕੌਰ, ਬੀਬੀ ਜਸਵਿੰਦਰ ਕੌਰ ਅਤੇ ਬੀਬੀ ਰਮਨਜੀਤ ਕੌਰ ਆਦਿ ਵੀ ਹਾਜ਼ਰ ਸਨ। ਸੇਵਾਦਾਰਾਂ ਦਾ ਸਨਮਾਨ ਕੀਤਾ ਗਿਆ ਅਤੇ ਗੁਰੂ ਕਾ ਲੰਗਰ ਅਤੁਟ ਵਰਤਾਇਆ ਗਿਆ।

## ਬਿਜਲੀ ਕਾਮੇ ਤੇ ਪੈਨਸ਼ਨਰ 15 ਨੂੰ ਲੁਧਿਆਣੇ ਵਿਖੇ ਕਰਨਗੇ ਰੋਸ ਰੈਲੀ

ਪਟਿਆਲਾ, 12 ਜੂਨ (ਚ.ਨ.ਸ.) : ਬਿਜਲੀ ਕਾਮਿਆਂ ਦੀਆਂ ਇਕ ਦਰਜਨ ਤੋਂ ਵੱਧ ਮੁਲਾਜ਼ਮ ਜਥੇਬੰਦੀਆਂ ਦੇ ਅਧਾਰਿਤ ਬਣੇ ਪੀ ਐਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ (ਰਜਿ. ਨੰ 24) ਅਤੇ ਪੈਨਸ਼ਨਰ ਜਥੇਬੰਦੀਆ ਪਾਵਰਕਾਮ ਅਤੇ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਏਟਕ, ਪੈਨਸ਼ਨਰ ਵੈਲਫੇਅਰ ਫੈਡਰੇਸ਼ਨ ਪਾਵਰਕਾਮ ਅਤੇ ਟ੍ਰਾਂਸਕੋ ਦੇ ਆਗੂਆਂ ਦੀ ਹੰਗਾਮੀ ਵਰਚੂਅਲ ਮੀਟਿੰਗ ਸਾਥੀ ਰਤਨ ਸਿੰਘ ਮਜਾਰੀ ਅਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਦੀ ਪ੍ਰਧਾਨਗੀ ਹੇਠ ਹੋਈ। ਆਗੂਆਂ ਨੇ ਦੱਸਿਆ ਕਿ ਬੇਸ਼ੱਕ 2 ਜੂਨ ਨੂੰ ਮਾਣਯੋਗ ਬਿਜਲੀ ਮੰਤਰੀ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਜਲਦੀ ਹੱਲ ਕਰਨ ਦਾ ਜਥੇਬੰਦੀਆਂ ਨੂੰ ਭਰੋਸਾ ਦਿੱਤਾ ਗਿਆ ਸੀ ਪ੍ਰੰਤੂ ਹਾਲੇ ਤੱਕ ਇਸ ਸੰਬੰਧੀ ਕੋਈ ਵੀ ਕਾਰਵਾਈ ਬਿਜਲੀ ਨਿਗਮ ਦੀ ਮੈਨੇਜਮੈਂਟ ਵੱਲੋਂ ਸ਼ੁਰੂ ਨਹੀਂ ਕੀਤੀ ਗਈ। ਇਸ ਲਈ ਜਥੇਬੰਦੀਆਂ ਨੇ ਫੈਸਲਾ ਕੀਤਾ ਹੈ ਕਿ 12 ਜੂਨ ਨੂੰ ਬਿਜਲੀ ਨਿਗਮ ਦੀ ਮੈਨੇਜਮੈਂਟ ਨੂੰ ਮਿਲ ਕੇ ਨੋਟਿਸ ਦਿੱਤਾ ਜਾਵੇਗਾ ਅਤੇ 2 ਜੂਨ ਦੀ ਮੀਟਿੰਗ ਉਪਰੰਤ ਮੁਲਤਵੀ ਕੀਤਾ ਵਰਕ-ਟੂ-ਰੂਲ ਦਾ ਪ੍ਰੋਗਰਾਮ ਮਿਤੀ 13 ਜੂਨ 2025 ਤੋਂ ਮੁੜ ਸ਼ੁਰੂ ਕਰਕੇ 15 ਜੂਨ ਨੂੰ ਲੁਧਿਆਣਾ ਪੱਛਮੀ ਹਲਕੇ ਵਿੱਚ ਸੂਬਾ ਸਰਕਾਰ ਖਿਲਾਫ ਵਿਸ਼ਾਲ ਸੂਬਾ ਪੱਧਰੀ ਰੈਲੀ ਕਰਕੇ ਰੋਸ ਮਾਰਚ ਕੀਤਾ ਜਾਵੇਗਾ। ਮੀਟਿੰਗ ਵਿੱਚ ਮੁਹਾਲੀ ਸਰਕਲ ਅੰਦਰ ਬਿਨਾਂ ਕਾਰਨ ਤੋਂ ਨਜਾਇਜ਼ ਤੌਰ 'ਤੇ ਮੁਅੱਤਲ ਕੀਤੇ ਜੇ ਈ ਹਰਦੀਪ ਸਿੰਘ ਦੀ ਮੁਅੱਤਲੀ ਰੱਦ ਕਰਵਾਉਣ ਦਾ ਵੀ ਫੈਸਲਾ ਕੀਤਾ ਗਿਆ। ਮੀਟਿੰਗ ਦੌਰਾਨ ਇਹ ਫੈਸਲਾ ਵੀ ਕੀਤਾ ਗਿਆ ਕਿ ਜੇਕਰ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਵੱਲੋਂ ਜਲਦੀ ਇਹਨਾਂ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ ਤਾਂ 15 ਜੂਨ ਨੂੰ ਰੋਸ ਰੈਲੀ ਵਿੱਚ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ, ਜਿਸਦੀ ਸਾਰੀ ਜਿੰਮੇਵਾਰੀ ਪੰਜਾਬ ਸਰਕਾਰ ਅਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਦੀ ਹੋਵੇਗੀ। ਮੀਟਿੰਗ ਵਿੱਚ ਮੁਲਾਜ਼ਮ ਆਗੂ ਹਰਪਾਲ ਸਿੰਘ, ਗੁਰਵੇਲ ਸਿੰਘ ਬੱਲਪੁਰੀਆ, ਬਲਦੇਵ ਸਿੰਘ ਮੰਢਾਲੀ, ਰਣਜੀਤ ਸਿੰਘ ਢਿੱਲੋਂ, ਜਸਵੀਰ ਸਿੰਘ, ਸੁਰਿੰਦਰਪਾਲ ਲਾਹੌਰੀਆ, ਰਵੇਲ ਸਿੰਘ ਸਹਾਏਪੁਰ, ਦੇਵਿੰਦਰ ਸਿੰਘ ਪਿਸ਼ੌਰ, ਪਵਨਪ੍ਰੀਤ ਸਿੰਘ, ਕੁਲਵਿੰਦਰ ਸਿੰਘ, ਦਲੀਪ ਕੁਮਾਰ, ਇੰਜੀ : ਹਰਮਨਦੀਪ, ਰਘਬੀਰ ਸਿੰਘ, ਜਸਵਿੰਦਰ ਸਿੰਘ, ਰਛਪਾਲ ਸਿੰਘ ਪਾਲੀ, ਕੌਰ ਸਿੰਘ ਸੋਹੀ, ਬਲਜੀਤ ਸਿੰਘ ਮੋਦਲਾ, ਅਮਰੀਕ ਸਿੰਘ ਮਸੀਤਾਂ, ਬੀ.ਐਸ.ਸੇਖੋਂ ਆਦਿ ਆਗੂਆਂ ਨੇ ਹਿੱਸਾ ਲਿਆ।

## ਗੁਰਦੁਆਰਾ ਸ੍ਰੀ ਰੀਠਾ ਸਾਹਿਬ ਦੇ ਸਮਾਗਮ 'ਚ ਵੱਡੀ ਗਿਣਤੀ ਵਿੱਚ ਸੰਗਤਾਂ ਹੋਈਆਂ ਨਤਮਸਤਕ : ਜਥੇਦਾਰ ਬਘੌਰਾ

ਪਟਿਆਲਾ, 12 ਜੂਨ (ਚ.ਨ.ਸ.) : ਗੁਰਦੁਆਰਾ ਸ੍ਰੀ ਰੀਠਾ ਸਾਹਿਬ ਹਰ ਸਾਲ ਗੁਰੂ ਨਾਨਕ ਦੇਵ ਜੀ ਦੀ ਇਸ ਮਿਠਾਸ ਭਰੀ ਯਾਦ ਨੂੰ ਮੁੱਖ ਰੱਖਦਿਆਂ ਵੱਖ-ਵੱਖ ਜਥੇਬੰਦੀਆਂ ਵੱਲੋਂ ਹਾਜ਼ਰੀ ਲਵਾਈ ਜਾਂਦੀ ਹੈ ਤੋਂ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਪਹੁੰਚਦੀਆਂ ਹਨ। ਤਰਾਈ ਦੀਆਂ ਸਾਰੀਆਂ ਸਿੱਖ ਸੰਗਤਾਂ ਪਹੁੰਚਦੀਆਂ ਹਨ ਅਤੇ ਇੰਟਰਨੈਸ਼ਨਲ ਪੱਧਰ ਦੇ ਕੀਰਤਨੀ ਜੱਥੇ ਤੇ ਪ੍ਰਚਾਰਕਾਂ ਨੂੰ ਸੱਦਾ ਪਤਰ ਭੇਜਿਆ ਜਾਂਦਾ ਹੈ। ਇਸ ਦੀ ਜਾਣਕਾਰੀ ਸਾਂਝੀ ਕਰਦਿਆਂ ਜਥੇਦਾਰ ਸੁਖਜੀਤ ਸਿੰਘ ਬਘੌਰਾ ਪ੍ਰਚਾਰ ਸਕੱਤਰ ਪਟਿਆਲਾ ਨੇ ਕਿਹਾ। ਇਸ ਸਮਾਗਮ ਵਿੱਚ ਗਿਆਨੀ ਗੁਰਬਚਨ ਸਿੰਘ ਜੀ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਗਿਆਨੀ ਰਣਜੀਤ ਸਿੰਘ ਗੌਹਰ, ਜਥੇਦਾਰ ਤਖ਼ਤ ਹਰਿਮੰਦਰ ਜੀ ਪਟਨਾ ਸਾਹਿਬ ਨੂੰ ਵੀ ਉਚੇਚੇ ਤੌਰ 'ਤੇ ਪ੍ਰਬੰਧਕਾਂ ਵੱਲੋਂ ਸੱਦਾ ਪੱਤਰ ਭੇਜਿਆ। ਸਮਾਗਮਾਂ ਦੀ ਸੁਚੱਜੀ ਕਵਰੇਜ ਵੀ ਕੀਤੀ। ਸਾਰੀਆਂ ਸੰਗਤਾਂ ਇਸ ਸਮਾਗਮ ਵਿੱਚ ਹੁੰਮ ਹੁਮਾ ਕੇ ਗੁਰੂ ਨਾਨਕ ਦੇ ਦਰੋਂ ਮਿਲਣ ਵਾਲੀ ਪਾਵਨ ਪਵਿੱਤਰ ਨਿਰਮਲ ਤੇ ਮਹਾਨ ਸ਼ੀਤਲ ਮਿਠਾਸ ਨੂੰ ਹਰ ਸਾਲ ਇੱਥੇ ਪਹੁੰਚ ਕੇ ਪ੍ਰਾਪਤ ਕਰਦੀਆਂ ਨੇ ਤੇ ਆਪਣੇ ਹਿਰਦੇ ਨੂੰ ਅੰਮ੍ਰਿਤਮਈ ਮਿਠਾਸ ਨਾਲ ਭਰਦੀਆਂ ਹਨ। ਅਖੀਰ ਵਿੱਚ ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਕਿ ਇਸ ਸਮਾਗਮ ਦਾ ਸਾਰਾ ਪ੍ਰਬੰਧ ਕਾਰ ਸੇਵਾ ਸੰਪਰਦਾਇ ਬਾਬਾ ਹਰਬੰਸ ਸਿੰਘ ਦਿੱਲੀ ਵਾਲਿਆਂ ਵੱਲੋਂ ਸੰਗਤਾਂ ਲਈ ਲੰਗਰ ਰਿਹਾਇਸ਼ੀ ਪ੍ਰਬੰਧ ਕੀਤੇ ਜਾਂਦੇ। ਬਾਬਾ ਸੁਰਿੰਦਰ ਸਿੰਘ ਜੀ ਦਿੱਲੀ ਬਾਬਾ ਰਵੀਇੰਦਰ ਸਿੰਘ ਜੀ ਬਾਬਾ ਗੁਰਜੰਟ ਸਿੰਘ ਨਾਨਕ ਪੁਰੀ ਟਾਂਡਾ ਬਾਬਾ ਸ਼ਾਮ ਸਿੰਘ ਮੁੱਖ ਸੇਵਾਦਾਰ ਰੀਠਾ ਸਾਹਿਬ ਮੁਖੀ ਡੇਰਾ ਕਾਰ ਸੇਵਾ ਨਾਨਕ ਮਤਾ ਸਾਹਿਬ ਬਾਬਾ ਦਾਰਾ ਸਿੰਘ ਬਾਬਾ ਦਿਲਬਾਗ ਸਿੰਘ ਵੱਲੋਂ ਸੰਗਤਾਂ ਨੂੰ ਗੁਰਦੁਆਰਾ ਸ੍ਰੀ ਨਾਨਕ ਮਤਾ ਸਾਹਿਬ ਤੋਂ ਰੀਠਾ ਸਾਹਿਬ ਲਈ ਬਸਾਂ ਅਤੇ ਕਾਰਾਂ ਰਾਹੀਂ ਸੰਗਤਾਂ ਨੂੰ ਦਰਸ਼ਨ ਕਰਵਾਉਣ ਲਈ ਭੇਜਿਆ ਜਾਂਦਾ ਹੈ ਕਿਹਾ ਗੁਰਦੁਆਰਾ ਸ੍ਰੀ ਰੀਠਾ ਸਾਹਿਬ ਵਿਖੇ ਨਤਮਸਤਕ ਹੋਣ ਲਈ ਆਉਂਦੀਆਂ ਹਨ ਇਸ ਮੌਕੇ ਹੋਰਨਾਂ ਤੋਂ ਇਲਾਵਾ ਜੋਗਿੰਦਰ ਸਿੰਘ ਪ੍ਰਧਾਨ ਸਕੱਤਰ ਅਮਰਜੀਤ ਸਿੰਘ ਬੌਂਪਾਰਾਏ ਮੈਂਬਰ ਗੁਰਵੰਤ ਸਿੰਘ ਸੋਨੀ ਪ੍ਰਤਾਪ ਸਿੰਘ ਦਵਿੰਦਰ ਸਿੰਘ ਮੈਂਬਰ ਅਤੇ ਮੈਨੇਜਰ ਨਾਨਕ ਮਤਾ ਰਣਜੀਤ ਸਿੰਘ ਸੁਖਵੰਤ ਸਿੰਘ ਭੁੱਲਰ ਰਣਜੀਤ ਸਿੰਘ ਬਲਦੇਵ ਸਿੰਘ ਖਜ਼ਾਨਚੀ ਸੰਤ ਬਾਬਾ ਜਸਬੀਰ ਸਿੰਘ ਅਨਵਰੀਆ ਪੰਥ ਪ੍ਰਚਾਰਕਾਂ ਵੱਲੋਂ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕੀਤਾ।



## ਮੋਦੀ ਸਰਕਾਰ ਦੇ '11 ਸਾਲ ਬੇਮਿਸਾਲ' ਉੱਤੇ ਭਾਜਪਾ ਦੀ ਜ਼ਿਲਾ ਪੱਧਰੀ ਪ੍ਰੈਸ ਕਾਨਫ਼ਰੰਸ

ਪਟਿਆਲਾ, 12 ਜੂਨ (ਰੁਪਾਣਾ) : ਭਾਜਪਾ ਦੇ ਪ੍ਰੋਗਰਾਮ ਤਹਿਤ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਵਿਜੇ ਕੁਮਾਰ ਕੂਕਾ, ਭਾਜਪਾ ਸੀਨੀਅਰ ਯੁਵਾ ਨੇਤਾ ਡਾ. ਗੁਰਵਿੰਦਰ ਕਾਂਸਲ ਅਤੇ ਭਾਜਪਾ ਜ਼ਿਲਾ ਮਹਾਂ ਮੰਤਰੀ ਹਰਦੇਵ ਬੱਲੀ ਵੱਲੋਂ ਮੋਦੀ ਸਰਕਾਰ ਦੇ 11 ਸਾਲ ਬੇਮਿਸਾਲ ਉੱਤੇ ਜ਼ਿਲਾ ਪੱਧਰ ਤੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕੀਤਾ ਗਿਆ, ਜਿਸ ਵਿੱਚ ਵਿਜੇ ਕੁਮਾਰ ਕੂਕਾ ਵੱਲੋਂ ਪੱਤਰਕਾਰਾਂ ਨਾਲ ਗੱਲ ਕਰਦੇ ਕਿਹਾ ਕਿ ਮੋਦੀ ਸਰਕਾਰ ਦੀ ਨੀਤੀਆ ਹਰ ਵਰਗ ਲਈ ਲਾਭਕਾਰੀ ਸਾਬਤ ਹੋਈਆਂ ਹਨ ਤੇ ਇਸ ਦੌਰਾਨ ਕਿਸਾਨਾਂ ਦੇ ਹਿਤਾਂ ਦਾ ਖਾਸ ਧਿਆਨ ਰਖਿਆ ਗਿਆ ਹੈ ਜਿਵੇਂ ਪ੍ਰਧਾਨ ਮੰਤਰੀ ਫ਼ਸਲ ਬੀਮਾ ਯੋਜਨਾ ਤਹਿਤ 1.75 ਲੱਖ ਕਰੋੜ ਤੋਂ ਵੱਧ ਦੇ ਦਾਅਵੇ ਨਿਪਟਾਏ ਗਏ ਹਨ ਅਤੇ ਮੈਗਾ ਫੂਡ ਪਾਰਕ ਦੀ ਗਿਣਤੀ 2014 ਵਿੱਚ 3 ਤੋਂ ਵੱਧ ਕੇ 2024 ਵਿੱਚ 24 ਹੋ ਗਈ। ਭਾਜਪਾ ਸੀਨੀਅਰ ਯੁਵਾ ਨੇਤਾ ਡਾ. ਗੁਰਵਿੰਦਰ ਕਾਂਸਲ ਨੇ ਮੋਦੀ ਸਰਕਾਰ ਦੇ 11 ਸਾਲ ਬੇਮਿਸਾਲ 'ਤੇ ਕਿਹਾ ਕਿ 140 ਕਰੋੜ ਦੇਸ਼ਵਾਸੀਆਂ ਦੇ ਵਿਸ਼ਵਾਸ ਅਤੇ ਗ਼ਰੀਬਾਂ ਦੀ ਸੇਵਾ, ਕਿਸਾਨਾਂ ਦੀ ਭਲਾਈ, ਨਾਰੀ ਸ਼ਕਤੀ ਲਈ ਨਵੀਂ ਗਤੀ, ਮੱਧ ਵਰਗ ਅਤੇ ਸਸਤੀ ਸਿਹਤ ਸੇਵਾ ਦੇ 11 ਸਾਲ ਨੇ। ਇਸ ਦੌਰਾਨ ਵਿਰਾਸਤ ਅਤੇ ਵਿਕਾਸ ਵਿੱਚ ਪ੍ਰਸ਼ਾਦ ਯੋਜਨਾ ਤਹਿਤ ਸਭਿਆਚਾਰਕ ਸਥਾਨਾਂ ਦੇ ਵਿਕਾਸ ਵਿੱਚ ਲਗਭਗ 1900 ਕਰੋੜ ਦਾ ਯੋਗਦਾਨ ਦਿੱਤਾ ਗਿਆ ਅਤੇ ਨਾਲ ਹੀ ਅਤੇ ਨਾਲ ਹੀ ਕਾਰੋਬਾਰ ਦੀ ਸੋਖ ਲਈ ਕਾਰੋਬਾਰ ਨੂੰ ਆਸਾਨ ਬਣਾਉਣ ਲਈ 1500 ਤੋਂ ਵੱਧ ਪੁਰਾਣੇ ਕਾਨੂੰਨ ਰੱਦ ਕੀਤੇ ਗਏ ਅਤੇ 2022 – 23 ਵਿੱਚ 1.80 ਲੱਖ ਤੋਂ ਵੱਧ ਨਵੀਂ ਕੰਪਨੀਆਂ ਦੀ ਰਜਿਸਟ੍ਰੇਸ਼ਨ ਹੋਈ।



## ਨਗਰ ਨਿਗਮ ਵੱਲੋਂ ਸ਼ੇਰਾਂ ਵਾਲਾ ਗੇਟ ਵਿਖੇ ਵੱਡੀ ਕਾਰਵਾਈ, ਕੀਤਾ ਸਮਾਨ ਜ਼ਬਤ

### ਨਿਗਮ ਦੀ ਕਾਰਵਾਈ ਤੋਂ ਲੋਕ ਖੁਸ਼, ਮੇਅਰ ਨੇ ਵੀ ਇੰਸਪੈਕਟਰ ਦੀ ਪਿੱਠ ਥਾਪੜੀ



ਪਟਿਆਲਾ, 12 ਜੂਨ (ਰੁਪਾਣਾ) : ਨਗਰ ਨਿਗਮ ਵੱਲੋਂ ਮੇਅਰ ਕੁੰਦਨ ਗੋਗੀਆਂ ਅਤੇ ਕਮਿਸ਼ਨਰ ਪਰਮਵੀਰ ਸਿੰਘ ਦੇ ਦਿਸ਼ਾਂ ਨਿਰਦੇਸ਼ ਅਨੁਸਾਰ ਨਜ਼ਾਇਜ ਕਬਜਾ ਧਾਰਕਾਂ ਖਿਲਾਫ ਵੱਡੀ ਮੁਹਿੰਮ ਵਿੱਢੀ ਗਈ ਹੈ, ਜਿਸ ਤਹਿਤ ਨਿਗਮ ਇੰਸਪੈਕਟਰ ਵਿਸ਼ਾਲ ਵਰਮਾ ਵੱਲੋਂ ਸ਼ੇਰਾ ਵਾਲਾ ਗੇਟ ਵਿਖੇ ਕਈ ਦੁਕਾਨਦਾਰਾਂ ਦੇ ਕਾਰਵਾਈ ਕਰਦਿਆ ਸੜਕਾਂ ਤੱਕ ਰੱਖਿਆ ਸਾਮਾਨ ਅੰਦਰ ਕਰਵਾਇਆ ਗਿਆ ਅਤੇ ਕਈ ਦੁਕਾਨਦਾਰਾਂ ਤੇ ਸਖਤ ਕਾਰਵਾਈ ਕਰਦਿਆ ਸਾਮਾਨ ਜਬਤ ਕਰ ਲਿਆ ਗਿਆ। ਸ਼ਹਿਰ ਦੇ ਲੋਕਾਂ ਵੱਲੋਂ ਵੀ ਨਗਰ ਨਿਗਮ ਦੀ ਇਸ ਕਾਰਵਾਈ ਦੀ ਕਾਫੀ ਸਰਹਾਣਾ ਕੀਤੀ ਜਾ ਰਹੀ ਹੈ। ਜਿਸ ਲਈ ਮੇਅਰ ਕੁੰਦਨ ਗੋਗੀਆ ਨੇ ਇੰਸਪੈਕਟਰ ਦੀ ਪਿੱਠ ਵੀ ਥਾਪੜੀ।ਕਾਰਵਾਈ ਕਰਨ ਮੌਕੇ ਤੇ ਪੁੱਜੇ ਇੰਸਪੈਕਟਰ ਵਿਸ਼ਾਲ ਵਰਮਾ ਨੇ ਕਿਹਾ ਸ਼ੇਰਾ ਵਾਲਾ ਗੇਟ ਵਿਖੇ ਕਈ ਦੁਕਾਨਦਾਰਾਂ ਵੱਲੋਂ ਸੜਕਾਂ ਤੱਕ ਰੱਖਿਆ ਨਜ਼ਾਇਜ ਸਮਾਨ ਵਾਰਨਿੰਗ ਦੇ ਕੇ ਅੰਦਰ ਕਰਵਾਇਆ ਗਿਆ ਅਤੇ ਇਸ ਦੇ ਨਾਲ ਵਾਰ ਵਾਰ ਕਹਿਣਾ ਨਾ ਮੰਨਣ ਵਾਲੇ ਦੋ ਦੁਕਾਨਦਾਰ ਮਦਰਾਸੀ ਡੋਸਾ ਵਾਲਿਆ ਤੇ ਸਖਤ ਕਾਰਵਾਈ ਕੀਤੀ ਗਈ। ਉਹਨਾਂ ਕਿਹਾ ਕਿ ਇਹ ਦੋ ਦੁਕਾਨਦਾਰਾਂ ਨੇ ਸੜਕ ਤੱਕ ਸਾਮਾਨ ਰੱਖ ਕੇ ਲੋਕਾਂ ਦੀ ਪਾਰਕਿੰਗ ਤੱਕ ਨੂੰ ਖਤਮ ਕੀਤਾ ਹੋਇਆ ਸੀ। ਮੇਅਰ ਸਾਹਿਬ ਅਤੇ ਕਮਿਸ਼ਨਰ ਸਾਹਿਬ ਕੋਲ ਲੋਕਾਂ ਵੱਲੋਂ ਵਾਰ ਵਾਰ ਸ਼ਿਕਾਇਤ ਕਰਨ ਅਤੇ ਇਨਾਂ ਦੋਹਾਂ ਦੁਕਾਨਦਾਰਾਂ ਨੂੰ ਵਾਰ ਵਾਰ ਸਮਝਾਉਣ ਮਗਰੋਂ ਅੱਜ ਇਨਾਂ ਦੋਵੇਂ ਦੁਕਾਨਦਾਰਾਂ ਦਾ ਬਾਹਰ ਪਿਆ ਸਮਾਨ ਜਬਤ ਕਰ ਲਿਆ ਗਿਆ ਹੈ।ਇੰਸਪੈਕਟਰ ਵਿਸ਼ਾਲ ਵਰਮਾ ਨੇ ਹੋਰਨਾਂ ਦੁਕਾਨਦਾਰਾਂ ਨੂੰ ਅਪੀਲ ਕਰਦਿਆ ਕਿਹਾ ਕਿ ਪਟਿਆਲਾ ਦੇ ਲੋਕਾਂ ਦੀ ਸਹੂਲਤ ਲਈ ਅਤੇ ਲੋਕਾਂ ਵਲੋਂ ਰੋਜ਼ ਮਰਾਂ ਦੀਆਂ ਲੋੜਾਂ ਵਾਸਤੇ ਬਜਾਰਾਂ ਵਿੱਚ ਆਣਾ ਜਾਣਾ ਸੁਖਾਲਾ ਕਰਨ ਲਈ ਆਪਣੀ ਦੁਕਾਨ ਦਾ ਸਮਾਨ ਬਣਦੀ ਹੱਦ ਤੱਕ ਹੀ ਰੱਖਿਆ ਜਾਵੇ। ਉਨਾਂ ਕਿਹਾ ਕਿ ਕਹਿਣਾ ਨਾ ਮੰਨਣ ਦੀ ਸੂਰਤ ਵਿੱਚ ਨਗਰ ਨਿਗਮ ਵੱਲੋਂ ਸਮਾਨ ਜਬਤ ਕਰ ਕੇ ਮੋਟਾ ਜੁਰਮਾਨਾ ਵਸੂਲਿਆ ਜਾਵੇਗਾ।

## 28 ਬੋਤਲਾਂ ਸ਼ਰਾਬ ਬ੍ਰਾਮਦ

ਪਟਿਆਲਾ, 12 ਜੂਨ (ਵਿਨੋਦ ਸ਼ਰਮਾ) : ਥਾਣਾ ਅਨਾਜ ਮੰਡੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਬਿੰਦਰ ਯਾਦਵ ਵਾਸੀ ਏਕਤਾ ਨਗਰ ਨੇੜੇ 16 ਨੰਬਰ ਫਾਟਕ ਪਟਿਆਲਾ ਵਿਰੁੱਧ ਮਾਮਲਾ ਦਰਜ ਕੀਤਾ ਹੈ। ਏ.ਐਸ.ਆਈ. ਮਨਜਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਬੱਸ ਅੱਡਾ ਫੱਗਣ ਮਾਜਰਾ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਦੋਸ਼ੀ ਸ਼ਰਾਬ ਵੇਚਣ ਲਈ ਜੋਤੀ ਸਿਟੀ ਸਰਹੰਦ ਰੋਡ ਪਟਿਆਲਾ ਵਿਖੇ ਖੜ੍ਹਾ ਹੈ, ਜੋ ਦੋਸ਼ੀ ਪਰ ਰੇਡ ਕਰਕੇ 28 ਬੋਤਲਾਂ ਸ਼ਰਾਬ ਠੇਕਾ ਦੇਸੀ ਦਮਦਾਰ ਸੋਫੀ ਚੰਡੀਗੜ੍ਹ ਦੀਆ ਬ੍ਰਾਮਦ ਹੋਈਆਂ।

## ਸੀਨੀਅਰ ਸਿਟੀਜ਼ਨ ਸਮਾਜਿਕ ਕਦਰਾਂ ਕੀਮਤਾਂ ਦਾ ਖ਼ਜ਼ਾਨਾ ਹੁੰਦੇ ਨੇ : ਅਮਰਜੀਤ ਸਿੰਘ ਵੜੈਚ



ਪਟਿਆਲਾ, 12 ਜੂਨ (ਚ.ਨ.ਸ.) : ਸੀਨੀਅਰ ਸਿਟੀਜਨਜ਼ ਸਮਾਜਿਕ ਅਤੇ ਨੈਤਿਕ ਕਦਰਾਂ ਕੀਮਤਾਂ ਦਾ ਖ਼ਜ਼ਾਨਾ ਹੁੰਦੇ ਹਨ। ਉਨ੍ਹਾਂ ਦੇ ਇਸ ਖ਼ਜ਼ਾਨੇ ਦਾ ਨੌਜਵਾਨ ਪੀੜ੍ਹੀ ਨੂੰ ਸਦਉਪਯੋਗ ਕਰਨਾ ਚਾਹੀਦਾ ਹੈ। ਬਜ਼ੁਰਗਾਂ ਨੂੰ ਮਾਰਗ ਦਰਸ਼ਕ ਬਣਾਕੇ ਸਮਾਜ ਨੂੰ ਪ੍ਰੇਰਨਾ ਲੈਣੀ ਚਾਹੀਦੀ ਹੈ, ਕਿਉਂਕਿ ਉਨ੍ਹਾਂ ਦਾ ਜ਼ਿੰਦਗੀ ਦਾ ਵਿਸ਼ਾਲ ਤਜ਼ਰਬਾ ਹੁੰਦਾ ਹੈ। ਬਜ਼ੁਰਗਾਂ ਦੀ ਅਣਗਹਿਲੀ ਸਮਾਜ ਦੇ ਭਵਿੱਖ ਲਈ ਖ਼ਤਰਨਾਕ ਸਾਬਤ ਹੋ ਸਕਦੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਲੋਕ ਸੰਪਰਕ ਵਿਭਾਗ ਪਟਿਆਲਾ ਦੇ ਸੇਵਾ ਮੁਕਤ ਮੁਲਾਜ਼ਮਾਂ ਦੀ ਵੈਲਫੇਅਰ ਐਸੋਸੀਏਸ਼ਨ ਵੱਲੋਂ ਆਯੋਜਿਤ ਮਹੀਨਾਵਰ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਅਮਰਜੀਤ ਸਿੰਘ ਵੜੈਚ ਨੇ ਕੀਤਾ। ਇਸ ਮੀਟਿੰਗ ਵਿੱਚ ਨਰਾਤਾ ਸਿੰਘ ਸਿੱਧੂ, ਸ਼ਾਮ ਸੁੰਦਰ, ਵਜ਼ੀਰ ਸਿੰਘ ਅਤੇ ਉਜਾਗਰ ਸਿੰਘ ਨੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਬਜ਼ੁਰਗਾਂ ਨੂੰ ਗਰਮੀ ਅਤੇ ਲੂਅ ਤੋਂ ਬਚਣ ਲਈ ਦੁਪਹਿਰ ਦੇ ਸਮੇਂ ਘਰੋਂ ਬਾਹਰ ਨਿਕਲਣ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ। ਇਸ ਤੋਂ ਇਲਾਵਾ ਖਾਣ ਪੀਣ ਦਾ ਧਿਆਨ ਰੱਖਣਾ ਜ਼ਰੂਰੀ ਹੈ। ਉਨ੍ਹਾਂ ਨੂੰ ਹਰ ਰੋਜ਼ ਸੈਰ ਵੀ ਸਵੇਰੇ 7 ਵਜੇ ਤੋਂ ਪਹਿਲਾਂ ਅਤੇ ਸ਼ਾਮ ਨੂੰ 7 ਵਜੇ ਤੋਂ ਬਾਅਦ ਹੀ ਕਰਨੀ ਚਾਹੀਦੀ ਹੈ। ਨਿੰਬੂ ਪਾਣੀ ਦੀ ਵਰਤੋਂ ਵਧੇਰੇ ਕਰਨੀ ਚਾਹੀਦੀ ਹੈ। ਮੀਟਿੰਗ ਵਿੱਚ ਸੁਰਜੀਤ ਸਿੰਘ ਸੈਣੀ ਪ੍ਰਧਾਨ ਐਸੋਸੀਏਸ਼ਨ, ਕੁਲਜੀਤ ਸਿੰਘ, ਅਸ਼ੋਕ ਕੁਮਾਰ ਸ਼ਰਮਾ, ਪਰਮਜੀਤ ਕੌਰ ਸੋਢੀ, ਸ਼ਾਮ ਸੁੰਦਰ, ਨਰਾਤਾ ਸਿੰਘ ਸਿੱਧੂ, ਨਵਲ ਕਿਸ਼ੋਰ, ਪਰਮਜੀਤ ਸਿੰਘ ਸੇਠੀ, ਗੁਰਪ੍ਰਤਾਪ ਸਿੰਘ ਜੀ.ਪੀ., ਬਿਮਲ ਕੁਮਾਰ ਚਕੋਤਰਾ, ਵਜ਼ੀਰ ਸਿੰਘ ਅਤੇ ਜੀ.ਆਰ.ਕੁਮਰਾ ਸ਼ਾਮਲ ਹੋਏ। ਇਸ ਮੌਕੇ 'ਤੇ ਵਜ਼ੀਰ ਸਿੰਘ ਅਤੇ ਉਜਾਗਰ ਸਿੰਘ ਦੇ ਜਨਮ ਦਿਨ ਕੇਕ ਕੱਟਕੇ ਮਨਾਏ ਗਏ।

### ਮਾਮਲਾ ਟਿੱਪਰ-ਇਨੋਵਾ ਹਾਦਸੇ ਦਾ

## ਟਿੱਪਰ ਮਾਲਕ ਦੇ ਰਿਮਾਂਡ 'ਚ ਤਿੰਨ ਦਿਨਾਂ ਦਾ ਵਾਧਾ

ਸਮਾਣਾ, 12 ਜੂਨ (ਵਿਜੇ ਕੁਮਾਰ) : ਟਿੱਪਰ-ਇਨੋਵਾ ਹਾਦਸੇ 'ਚ ਚਾਲਕ ਅਤੇ ਸੱਤ ਸਕੂਲੀ ਬੱਚਿਆਂ ਦੇ ਮਾਰੇ ਜਾਣ ਦੀ ਘਟਨਾ ਦੇ ਮਾਮਲੇ 'ਚ ਇੱਕ ਮਹੀਨੇ ਦੀ ਜਦੋ-ਜਾਹਿਦ ਉਪਰਾਂਤ ਕਾਬੂ ਕੀਤੇ ਗਏ ਟਿੱਪਰ ਮਾਲਕ ਰਣਧੀਰ ਸਿੰਘ ਨਿਵਾਸੀ ਕਕਰਾਲਾ ਤੋਂ ਪੁੱਛਗਿਛ ਲਈ ਸਦਰ ਪੁਲਸ ਵੱਲੋਂ ਹਾਸਲ ਕੀਤੇ ਗਏ ਪੁਲਸ ਰਿਮਾਂਡ ਦੀ ਮਿਆਦ ਦੋ ਦਿਨ ਪੂਰੀ ਹੋਣ ਉਪਰਾਂਤ ਮੁਲਜ਼ਮ ਨੂੰ ਮਾਨਯੋਗ ਅਦਾਲਤ 'ਚ ਵੀਰਵਾਰ ਨੂੰ ਪੇਸ਼ ਕੀਤਾ ਗਿਆ। ਜਾਂਚ ਅਧਿਕਾਰੀਆਂ ਗੁਰਦੇਵ ਸਿੰਘ ਅਨੁਸਾਰ ਪੁੱਛਗਿੱਛ ਦੌਰਾਨ ਕੋਈ ਤਸੱਲੀ ਬਖਸ਼ ਜਵਾਬ ਨਾਂ ਮਿਲਣ ਤੇ ਮੁਲਜ਼ਮ ਨੂੰ ਮਾਨਯੋਗ ਅਦਾਲਤ ਨੇ ਹੋਰ ਪੁੱਛਗਿੱਛ ਲਈ ਇੱਕ ਵਾਰ ਫਿਰ ਤਿੰਨ ਦਿਨ ਦੇ ਪੁਲਸ ਰਿਮਾਂਡ ਤੇ ਭੇਜ ਦਿੱਤਾ।

## ਨਸ਼ੀਲੀਆਂ ਗੋਲ਼ੀਆਂ ਬ੍ਰਾਮਦ

ਪਟਿਆਲਾ, 12 ਜੂਨ (ਵਿਨੋਦ ਸ਼ਰਮਾ) : ਥਾਣਾ ਅਨਾਜ ਮੰਡੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਰਣਜੀਤ ਸਿੰਘ ਵਾਸੀ ਪਿੰਡ ਰਸੂਲਪੁਰ ਜੋੜਾ ਵਿਰੁੱਧ ਧਾਰਾ 22, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ ਜਾਨਪਾਲ ਸਿੰਘ ਸਮੇਤ ਪੁਲਿਸ ਪਾਰਟੀ ਬੈਕ ਸਾਈਡ ਵੇਰਕਾ ਮਿਲਕ ਪਲਾਂਟ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 470 ਨਸ਼ੀਲੀਆ ਗੋਲੀਆਂ ਬ੍ਰਾਮਦ ਹੋਈਆ।

## ਸੰਗਤਪੁਰਾ ਭੌਂਕੀ ਵਿਖੇ ਵਾਟਰ ਸਪਲਾਈ ਟੈਂਕੀ ਦਾ ਟਰਾਂਸਫਾਰਮਰ ਚੋਰੀ



ਨਾਭਾ, 12 ਜੂਨ (ਬਲਜਿੰਦਰ ਮਾਨ) : ਚੋਰ ਇੰਨੇ ਬੇਖੌਫ ਹੋ ਚੁੱਕੇ ਹਨ ਕਿ ਬਿਜਲੀ ਦੀ ਸਪਲਾਈ ਵਾਲੇ ਟਰਾਂਸਫਾਰਮਰ ਵੀ ਚੋਰੀ ਹੋ ਰਹੇ ਹਨ। ਤਾਜ਼ਾ ਮਾਮਲਾ ਨਾਭਾ ਬਲਾਕ ਦੇ ਪਿੰਡ ਸੰਗਤਪੁਰ ਭੌਂਕੀ ਦਾ ਹੈ, ਜਿੱਥੇ ਕਿ ਵਾਟਰ ਸਪਲਾਈ ਦੀ ਟੈਂਕੀ ਨੂੰ ਜੋ ਟਰਾਂਸਫਾਰਮਰ ਲੱਗਿਆ ਹੋਇਆ ਸੀ ਉਹ ਚੋਰਾਂ ਵੱਲੋਂ ਚੋਰੀ ਕੀਤਾ ਗਿਆ ਹੈ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਅੰਤ ਦੀ ਗਰਮੀ ਪੈ ਰਹੀ ਹੈ ਕਿ ਪਾਣੀ ਦੀ ਬਹੁਤ ਵੱਡੀ ਲੋੜ ਹੈ ਚੋਰਾਂ ਵੱਲੋਂ ਵੱਡਾ ਕਾਰਾ ਕਰ ਦਿੱਤਾ ਹੈ। ਪਾਣੀ ਦੀ ਸਪਲਾਈ ਵਾਲੇ ਟਰਾਂਫਾਰਮਰ ਨੂੰ ਹੀ ਚੋਰੀ ਕਰਕੇ ਲੈ ਗਏ। ਜਾਣਕਾਰੀ ਮੁਤਾਬਿਕ ਇਸ ਟਰਾਂਫਾਰਮਰ ਦੇ ਵਿੱਚ ਮਹਿੰਗਾ ਤਾਂਬਾ ਹੁੰਦਾ ਹੈ, ਜਿਸ ਕਰਕੇ ਚੋਰ ਉਸ ਨੂੰ ਤੋੜ ਭੰਨ ਕਰਕੇ ਵੇਚਦੇ ਹਨ। ਪੁਲਿਸ ਨੂੰ ਇਸ ਵੱਲ ਖਾਸ ਧਿਆਨ ਦੇਣ ਦੀ ਲੋੜ ਹੈ ਕਿ ਇਹ ਸਮਾਨ ਕਿੱਥੇ ਵਿਕਦਾ ਹੈ ਤੇ ਉਨ੍ਹਾਂ ਖਿਲਾਫ ਬਣਦੀ ਕਾਰਵਾਈ ਕਰਨੀ ਚਾਹੀਦੀ ਹੈ। ਇਸ ਮੌਕੇ ਨਗਰ ਨਿਵਾਸੀਆਂ ਨੇ ਮੰਗ ਕੀਤੀ ਕਿ ਚੋਰਾਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇ।

## ਨਸ਼ੇ ਦਾ ਸੇਵਨ ਕਰਨ 'ਤੇ ਮਾਮਲਾ ਦਰਜ

ਪਟਿਆਲਾ, 12 ਜੂਨ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਯੁਗੇਸ਼ ਵਾਸੀ ਸਰਵਾਲ ਸਟਰੀਟ ਤ੍ਰਿਵੈਣੀ ਚੌਂਕ ਪਟਿਆਲਾ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ. ਦਵਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਡਕਾਲਾ ਚੁੰਗੀ ਪਟਿਆਲਾ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਦੋਸ਼ੀ ਚਿੱਟਾ/ਹੈਰੋਇਨ ਪੀਣ ਦਾ ਆਦੀ ਹੈ, ਜੋ ਹੋਟਲ ਗਰੇਸ ਤੋ ਥੋੜਾ ਅੱਗੇ ਛੋਟੀ ਨਦੀ ਦੇ ਕਿਨਾਰੇ ਝਾੜੀਆਂ ਵਿੱਚ ਬੈਠਾ ਨਸ਼ੇ ਦਾ ਸੇਵਨ ਕਰ ਰਿਹਾ ਹੈ।

## ਪੀ.ਯੂ. ਨੇ ਕਾਲਜਾਂ 'ਚ ਕਿਸੇ ਵੀ ਸੰਭਾਵਿਤ ਬੇਨਿਯਮੀ ਨੂੰ ਰੋਕਣ ਲਈ ਚੁੱਕ ਕਦਮ

### ☛ਇੱਕ ਕਾਲਜ ਬਾਰੇ ਖ਼ਬਰ ਸਾਹਮਣੇ ਆਉਣ 'ਤੇ ਕੀਤੀ ਫੌਰੀ ਕਾਰਵਾਈ; ਜਾਂਚ ਕਮੇਟੀ ਦਾ ਗਠਨ

ਪਟਿਆਲਾ, 12 ਜੂਨ (ਰੁਪਾਣਾ) : ਪੰਜਾਬੀ ਯੂਨੀਵਰਸਿਟੀ ਅਧੀਨ ਆਉਂਦੇ ਇੱਕ ਕਾਲਜ ਵਿੱਚ ਡੰਮ੍ਹੀ ਦਾਖ਼ਲੇ ਹੋਣ ਦਾ ਮਾਮਲਾ ਸਾਹਮਣੇ ਆਇਆ ਸੀ। ਡੀਨ ਕਾਲਜ ਵਿਕਾਸ ਕੌਂਸਲ ਵੱਲੋਂ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਾਈਸ ਚਾਂਸਲਰ ਸਾਹਿਬ ਵੱਲੋਂ ਜਾਰੀ ਆਦੇਸ਼ਾਂ ਅਨੁਸਾਰ ਇਸ ਮਾਮਲੇ ਵਿੱਚ ਫੌਰੀ ਕਾਰਵਾਈ ਕਰਦਿਆਂ ਸਬੰਧਤ ਕਾਲਜ ਨੂੰ ਦੋ ਦਿਨਾਂ ਦੇ ਅੰਦਰ ਸਪੱਸ਼ਟੀਕਰਨ ਦੇਣ ਹਿਤ ਪੱਤਰ ਜਾਰੀ ਕਰ ਦਿੱਤਾ ਗਿਆ ਹੈ। ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਲਈ ਤਿੰਨ ਮੈਂਬਰੀ ਕਮੇਟੀ ਦਾ ਗਠਨ ਵੀ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਵਾਈਸ ਚਾਂਸਲਰ ਸਾਹਿਬ ਦੇ ਆਦੇਸ਼ਾਂ ਅਨੁਸਾਰ ਇਹ ਵੀ ਫ਼ੈਸਲਾ ਲਿਆ ਗਿਆ ਹੈ ਕਿ ਭਵਿੱਖ ਵਿੱਚ ਕਿਸੇ ਵੀ ਸੰਭਾਵਿਤ ਬੇਨਿਯਮੀ ਵਾਲ਼ੇ ਅਮਲ ਨੂੰ ਰੋਕਣ ਲਈ ਵੱਖ-ਵੱਖ ਸਮਿਆਂ ਉੱਤੇ ਵੱਖ-ਵੱਖ ਕਾਲਜਾਂ ਦੀ ਅਚਨਚੇਤ ਚੈਕਿੰਗ ਕੀਤੀ ਜਾਇਆ ਕਰੇਗੀ।

## ਇੰਸਪੈਕਟਰ ਜਨਰਲ ਪੁਲਿਸ ਜੀ.ਆਰ.ਪੀ. ਪਟਿਆਲਾ ਵੱਲੋਂ ਸਬ-ਜੇਲ੍ਹ ਮਲੇਰਕੋਟਲਾ ਦੀ ਅਚਨਚੇਤ ਚੈਕਿੰਗ



ਮਲੇਰਕੋਟਲਾ, 12 ਜੂਨ (ਚ.ਨ.ਸ.) : ਮੁੱਖ ਮੰਤਰੀ ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਅੱਜ ਡਾਇਰੈਕਟਰ ਜਨਰਲ ਪੁਲਿਸ, ਪੰਜਾਬ (ਚੰਡੀਗੜ੍ਹ) ਦੀਆਂ ਹਦਾਇਤਾਂ ਅਨੁਸਾਰ ਇੰਸਪੈਕਟਰ ਜਨਰਲ ਪੁਲਿਸ ਜੀ.ਆਰ.ਪੀ ਪਟਿਆਲਾ ਬਲਜੋਤ ਸਿੰਘ ਰਾਠੌਰ ਆਈ.ਪੀ.ਐਸ ਦੀ ਨਿਗਰਾਨੀ ਹੇਠ ਸੀਨੀਅਰ ਕਪਤਾਨ ਪੁਲਿਸ ਮਾਲੇਰਕੋਟਲਾ ਗਗਨ ਅਜੀਤ ਸਿੰਘ ਵਲੋਂ ਐਸ.ਪੀ ਸਤਪਾਲ ਸਰਮਾ, ਡੀ.ਐਸ.ਪੀ ਸਤੀਸ਼ ਕੁਮਾਰ, ਡੀ.ਐਸ.ਪੀ.ਰਣਜੀਤ ਸਿੰਘ ਤੋ ਇਲਾਵਾ ਹੋਰ ਅਧਿਕਾਰੀਆਂ ਵਲੋਂ ਸਬ-ਜੇਲ੍ਹ ਮਾਲੇਰਕੋਟਲਾ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਚੈਕਿੰਗ ਮੁਹਿੰਮ ਵਿੱਚ ਕਰੀਬ 70 ਪੁਲਿਸ ਮੁਲਾਜ਼ਮ ਸ਼ਾਮਲ ਸਨ। ਇੰਸਪੈਕਟਰ ਜਨਰਲ ਪੁਲਿਸ ਜੀ.ਆਰ.ਪੀ ਪਟਿਆਲਾ ਬਲਜੋਤ ਸਿੰਘ ਰਾਠੌਰ ਨੇ ਵਿਸ਼ੇਸ਼ ਚੈਕਿੰਗ ਮੁਹਿੰਮ ਦੌਰਾਨ ਸਬ-ਜੇਲ੍ਹ ਮਾਲੇਰਕੋਟਲਾ ਦੀ ਬਿਲਡਿੰਗ ਦੇ ਸੁਰੱਖਿਆ ਪ੍ਰਬੰਧਾਂ ਬਾਰੇ ਸਮੀਖਿਆ ਕੀਤੀ। ਇਸ ਮੌਕੇ ਪੁਲਿਸ ਫੋਰਸ ਵੱਲੋਂ ਸਬ-ਜੇਲ੍ਹ ਮਾਲੇਰਕੋਟਲਾ 307 ਹਵਾਲਾਤੀਆਂ/ਕੈਦੀਆਂ ਦੀ ਫਿਜ਼ੀਕਲ ਤੌਰ 'ਤੇ ਸਰਚ ਕੀਤੀ ਗਈ। ਇਹਨਾਂ ਹਵਾਲਤੀਆਂ/ਕੈਦੀਆਂ ਦੀਆਂ ਬੈਰਕਾਂ ਦੀ ਵੀ ਤਲਾਸ਼ੀ ਲਈ ਗਈ, ਪ੍ਰੰਤੂ ਤਲਾਸ਼ੀ ਦੌਰਾਨ ਕਿਸੇ ਵੀ ਹਵਾਲਾਤੀ/ਕੈਦੀ ਪਾਸੋਂ ਕੋਈ ਵੀ ਮੋਬਾਈਲ ਜਾਂ ਗ਼ੈਰਕਾਨੂੰਨੀ ਵਸਤੂ ਪ੍ਰਾਪਤ ਨਹੀਂ ਹੋਈ। ਇੰਸਪੈਕਟਰ ਜਨਰਲ ਪੁਲਿਸ ਜੀ.ਆਰ.ਪੀ ਪਟਿਆਲਾ ਬਲਜੋਤ ਸਿੰਘ ਰਾਠੌਰ ਨੇ ਦੱਸਿਆ ਕਿ ਸਬ-ਜੇਲ੍ਹ ਮਾਲੇਰਕੋਟਲਾ ਦੀਆਂ ਬੈਰਕਾਂ ਤੋਂ ਇਲਾਵਾ ਬਿਲਡਿੰਗ ਵਿੱਚ ਬਣੀ ਮੈਸ ਅਤੇ ਸਟੋਰ ਆਦਿ ਵਗ਼ੈਰਾ ਦੀ ਵੀ ਚੰਗੀ ਤਰ੍ਹਾਂ ਨਾਲ ਚੈਕਿੰਗ ਕੀਤੀ ਗਈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਇਹ ਵਿਸ਼ੇਸ਼ ਅਭਿਆਨ ਚਲਾਇਆ ਗਿਆ ਹੈ, ਜਿਨ੍ਹਾਂ ਵੱਲੋਂ ਆਮ ਪਬਲਿਕ ਨੂੰ ਵਿਸ਼ਵਾਸ ਦਿਵਾਉਂਦੇ ਹੋਏ ਨਸ਼ਾ ਤਸਕਰਾਂ ਖ਼ਿਲਾਫ ਕਾਰਵਾਈ ਦਾ ਭਰੋਸਾ ਦਵਾਇਆ ਗਿਆ ਅਤੇ ਆਮ ਲੋਕਾਂ ਨੂੰ ਪੰਜਾਬ ਪੁਲਿਸ ਦਾ ਸਾਥ ਦੇਣ ਦੀ ਅਪੀਲ ਕੀਤੀ ਗਈ, ਇਸ ਤੋਂ ਇਲਾਵਾ ਸਬ-ਜੇਲ੍ਹ ਮਾਲੇਰਕੋਟਲਾ ਦੇ ਜੇਲ੍ਹ ਸੁਪਰਡੈਂਟ ਨੂੰ ਜੇਲ੍ਹ ਮਾਲੇਰਕੋਟਲਾ ਦੀ ਸੁਰੱਖਿਆ ਸਬੰਧੀ ਅਤੇ ਹਵਾਲਾਤੀਆਂ/ਕੈਦੀਆਂ ਨੂੰ ਚੰਗਾ ਮਾਹੌਲ ਪ੍ਰਦਾਨ ਕਰਨ ਲਈ ਉਚਿੱਤ ਹਦਾਇਤਾਂ ਦਿੱਤੀਆਂ ਗਈਆਂ।

## ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਿਖੇ ਪਲੇਸਮੈਂਟ ਕੈਂਪ ਅੱਜ

ਪਟਿਆਲਾ, 12 ਜੂਨ (ਚ.ਨ.ਸ.) : ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ ਮਿਤੀ 13 ਜੂਨ ਨੂੰ ਵੱਖ ਵੱਖ ਅਸਾਮੀਆਂ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਸ ਬਾਰੇ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਪਟਿਆਲਾ ਮੇਜਰ ਹਰਪ੍ਰੀਤ ਸਿੰਘ ਮਾਨਸ਼ਾਹੀਆ ਵੱਲੋਂ ਦੱਸਿਆ ਕਿ ਐਵੀਏਟਰ ਹੱਬ ਵੱਲੋਂ ਫੀਮੇਲ ਕੈਬਿਨ ਕਰੀਊ/ ਏਅਰ ਹੋਸਟੇਸ, ਗਰਾਊਂਡ ਸਟਾਫ਼ ਫੀਮੇਲ ਐਚ.ਆਰ-ਕਮ-ਕੈਰੀਅਰ ਕਾਊਂਸਲਰ ਤੇ ਟੈਲੀਕਾਲਰਜ਼ ਲਈ 100 ਅਸਾਮੀਆਂ ਲਈ ਮੇਲ, ਫੀਮੇਲ (ਪੋਸਟ ਅਨੁਸਾਰ) ਉਮੀਦਵਾਰਾਂ ਦੀ ਮੰਗ ਕੀਤੀ ਗਈ ਹੈ। ਜਿਸ ਲਈ ਵਿੱਦਿਅਕ ਯੋਗਤਾ ਗ੍ਰੈਜੂਏਸ਼ਨ, ਐਮ.ਬੀ.ਏ., ਉਮਰ 18-26 ਸਾਲ ਤੱਕ ਲੜਕੇ ਅਤੇ ਲੜਕੀਆਂ ਦੋਵੇਂ ਉਮੀਦਵਾਰ ਲੋੜੀਂਦੇ ਹਨ। ਉਨ੍ਹਾਂ ਦੱਸਿਆ ਕਿ ਨੌਕਰੀ ਦੇ ਚਾਹਵਾਨ ਉਮੀਦਵਾਰ ਇਸ ਪਲੇਸਮੈਂਟ ਕੈਂਪ ਵਿਚ ਭਾਗ ਲੈਣ ਲਈ ਆਪਣੀ ਯੋਗਤਾ ਦੇ ਸਾਰੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਫੋਟੋਕਾਪੀਆਂ ਅਤੇ ਰਜ਼ਿਊਮੇ ਨਾਲ ਲੈ ਕੇ ਮਿਤੀ 13 ਜੂਨ ਨੂੰ ਸਵੇਰੇ 10:00 ਵਜੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਪਟਿਆਲਾ, ਬਲਾਕ ਡੀ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਨੇੜੇ ਸੇਵਾ ਕੇਂਦਰ ਪਟਿਆਲਾ ਵਿਖੇ ਪਹੁੰਚ ਕੇ ਇਸ ਕੈਂਪ ਵਿਚ ਹਿੱਸਾ ਲੈ ਸਕਦੇ ਹਨ। ਇਸ ਸਬੰਧੀ ਵਧੇਰੇ ਜਾਣਕਾਰੀ ਲਈ ਦਫ਼ਤਰ ਦੇ ਸੰਪਰਕ ਨੰਬਰ 98776-10877 'ਤੇ ਰਾਬਤਾ ਕੀਤਾ ਜਾ ਸਕਦਾ ਹੈ।

## ਆਪ੍ਰੇਸ਼ਨ ਸ਼ੀਲਡ ਭਾਵ ਸੇਫ਼ਟੀ ਸਹਾਇਤਾ ਲਈ ਨਿਰੰਤਰ ਸਿਵਲ ਡਿਫੈਂਸ ਟ੍ਰੇਨਿੰਗ : ਵਰਮਾ



ਪਟਿਆਲਾ, 12 ਜੂਨ (ਚ.ਨ.ਸ.) : ਡਿਪਟੀ ਕਮਿਸ਼ਨਰ ਅਤੇ ਜ਼ਿਲ੍ਹਾ ਕਮਾਂਡਰ ਪੰਜਾਬ ਹੋਮ ਗਾਰਡ ਸਿਵਲ ਡਿਫੈਂਸ ਪਟਿਆਲਾ ਨੂੰ ਦਿਲੋਂ ਵਧਾਈਆਂ, ਜਿਨ੍ਹਾਂ ਵਲੋਂ ਜ਼ਿਲੇ ਅੰਦਰ, ਵਿਦਿਆਰਥੀਆਂ, ਅਧਿਆਪਕਾਂ, ਕਰਮਚਾਰੀਆਂ, ਐਨ ਐਸ ਐਸ ਵੰਲਟੀਅਰਾਂ, ਐਨ ਸੀ ਸੀ ਕੇਡਿਟਜ ਨੂੰ ਭਾਰਤ ਸਰਕਾਰ ਦੇ ਗ੍ਰਿਹ ਅਤੇ ਰੱਖਿਆ ਮੰਤਰਾਲੇ ਵੱਲੋਂ ਸ਼ੁਰੂ ਕੀਤੀ ਆਪ੍ਰੇਸ਼ਨ ਸੰਧੂਰ ਅਤੇ ਅਪ੍ਰੇਸ਼ਨ ਸ਼ੀਲਡ ਦੀ ਸਫਲਤਾ ਲਈ ਥਾਂ-ਥਾਂ ਮੌਕ ਡਰਿੱਲਾਂ ਕਰਵਾਕੇ, ਪਬਲਿਕ ਅਤੇ ਵਿਦਿਆਰਥੀਆਂ ਨੂੰ ਸਿਵਲ ਡਿਫੈਂਸ ਦੇ ਮੈਂਬਰ ਬਣਾਕੇ ਭਵਿੱਖ ਵਿੱਚ ਪੀੜਤਾਂ ਅਤੇ ਪ੍ਰਾਪਰਟੀਆਂ ਨੂੰ ਬਚਾਉਣ ਲਈ ਵੰਲਟੀਅਰ ਤਿਆਰ ਕੀਤੇ ਜਾ ਰਹੇ ਹਨ। ਇਹ ਵਿਚਾਰ ਭਾਰਤ ਸਰਕਾਰ ਦੇ ਆਫ਼ਤ ਪ੍ਰਬੰਧਨ, ਸਿਵਲ ਡਿਫੈਂਸ ਫਸਟ ਏਡ, ਫਾਇਰ ਸੇਫਟੀ ਟ੍ਰੇਨਰ ਸ਼੍ਰੀ ਕਾਕਾ ਰਾਮ ਵਰਮਾ ਨੇ ਪੀ ਐਮ ਸ੍ਰੀ ਸਰਕਾਰੀ ਮਲਟੀਪਰਪਜ ਸੀਨੀਅਰ ਸੈਕੰਡਰੀ ਸਕੂਲ ਵਿਖੇ ਭਵਿੱਖ ਵਿੱਚ ਆਉਣ ਵਾਲੀਆਂ ਕੁਦਰਤੀ ਅਤੇ ਮਨੁੱਖੀ ਆਪਤਾਵਾਂ, ਜੰਗਾਂ ਅਤੇ ਦੁਰਘਟਨਾਵਾਂ ਸਮੇਂ ਕੀਮਤੀ ਜਾਨਾਂ ਅਤੇ ਪ੍ਰਾਪਰਟੀਆਂ ਨੂੰ ਬਚਾਉਣ ਵਾਲੀ ਅਪ੍ਰੇਸ਼ਨ ਸ਼ੀਲਡ ਤਹਿਤ ਫਸਟ ਏਡ, ਸੀ ਪੀ ਆਰ, ਫਾਇਰ ਸੇਫਟੀ ਅਤੇ ਜੰਗਾਂ ਦੌਰਾਨ ਆਪਣੇ ਬਚਾਅ ਦੀ ਜਾਣਕਾਰੀ ਦਿੰਦੇ ਹੋਏ ਪ੍ਰਗਟ ਕੀਤੇ। ਪ੍ਰਿੰਸੀਪਲ ਵਿਜੈ ਕਪੂਰ ਵੱਲੋਂ ਕਾਕਾ ਰਾਮ ਦਾ ਧੰਨਵਾਦ ਕੀਤਾ। ਕਾਕਾ ਰਾਮ ਵਰਮਾ ਚੀਫ ਟ੍ਰੇਨਰ ਫਸਟ ਏਡ ਸੇਫਟੀ ਸਿਹਤ ਜਾਗਰੂਕਤਾ ਮਿਸ਼ਨ ਨੇ ਭਵਿੱਖ ਦੀਆਂ ਚਨੌਤੀਆ, ਜੰਗਾਂ, ਮਹਾਂਮਾਰੀਆਂ ਆਪਦਾਵਾਂ ਅਤੇ ਸੰਕਟ ਸਮੇਂ ਆਪਣੀ ਸੁਰੱਖਿਆ ਅਤੇ ਪੀੜਤਾਂ ਦੀ ਸਹਾਇਤਾ ਕਰਨ ਲਈ ਆਫ਼ਤ ਪ੍ਰਬੰਧਨ, ਸਿਵਲ ਡਿਫੈਂਸ, ਫਸਟ ਏਡ, ਫਾਇਰ ਸੇਫਟੀ, ਹੋਮ ਨਰਸਿੰਗ ਦੀ ਟ੍ਰੇਨਿੰਗਾਂ ਜ਼ਰੂਰ ਲੈਣੀਆਂ ਚਾਹੀਦੀਆਂ ਹਨ।